ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

DAILY CHARDHDIKALA, PATIALA

ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 68
ਫ਼ੋਨ: +91- 92168-07500
E-mail: news@charhdikala.com
www.charhdikala.com

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Wednesday, 11 March, 2026) ਬੁੱਧਵਾਰ, 11 ਮਾਰਚ, 2026, 28 ਫੱਗਣ, ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082/ PRGI (RNI) Regd. No. 22972/1972/ ਮੁੱਲ: 2 ਰੁਪਏ

## ਚਾਰਧਾਮ ਯਾਤਰਾ-2026 ਲਈ ਰਜਿਸਟ੍ਰੇਸ਼ਨ ਸ਼ੁਰੂ

ਦੇਹਰਾਦੂਨ/ਰਿਸ਼ੀਕੇਸ਼, 10 ਮਾਰਚ (ਚ.ਨ.ਸ.): ਉੱਤਰਾਖੰਡ ਵਿੱਚ ਹੋਣ ਵਾਲੀ ਪਵਿੱਤਰ ਚਾਰਧਾਮ ਯਾਤਰਾ 2026 ਲਈ ਰਜਿਸਟ੍ਰੇਸ਼ਨ ਪ੍ਰਕਿਰਿਆ ਸ਼ੁਰੂ ਹੋ ਗਈ ਹੈ। ਹਰ ਸਾਲ ਲੱਖਾਂ ਦੀ ਗਿਣਤੀ ਵਿੱਚ ਸ਼ਰਧਾਲੂ ਗੰਗੋਤਰੀ, ਯਮੁਨੋਤਰੀ, ਕੇਦਾਰਨਾਥ ਅਤੇ ਬਦਰੀਨਾਥ ਧਾਮ ਦੇ ਦਰਸ਼ਨਾਂ ਲਈ ਪਹੁੰਚਦੇ ਹਨ, ਜਿਸ ਨੂੰ ਧਿਆਨ ਵਿੱਚ ਰੱਖਦੇ ਹੋਏ ਉੱਤਰਾਖੰਡ ਸਰਕਾਰ ਨੇ ਇਸ ਵਾਰ ਸਾਰੇ ਸ਼ਰਧਾਲੂਆਂ ਲਈ ਪੰਜੀਕਰਨ (ਰਜਿਸਟ੍ਰੇਸ਼ਨ) ਲਾਜ਼ਮੀ ਕਰ ਦਿੱਤਾ ਹੈ।ਸ਼ਰਧਾਲੂਆਂ ਦੀ ਸਹੂਲਤ ਲਈ ਸਰਕਾਰ ਨੇ 6 ਮਾਰਚ ਸਵੇਰੇ 7 ਵਜੇ ਤੋਂ ਆਨਲਾਈਨ ਰਜਿਸਟ੍ਰੇਸ਼ਨ ਸ਼ੁਰੂ ਕਰ ਦਿੱਤੀ ਹੈ।

ਤੁਹਾਨੂੰ ਇਸ 'ਤੇ ਯਕੀਨ ਨਹੀਂ ਹੋਵੇਗਾ!
ਹਾਂ, ਇਹ ਅਸੰਭਵ ਲੱਗਦਾ ਹੈ - ਪਰ ਇਹ ਸੱਚ ਹੈ

ਭਾਰਤ ਵਿੱਚ ਪਹਿਲੀ ਵਾਰ
97% ਔਰਤਾਂ ਨੂੰ ਸਨਮਾਨ,
ਪੰਜਾਬ ਸਰਕਾਰ ਦਾ ਇਤਿਹਾਸਕ ਕਦਮ

ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ

ਹੁਣ ਪੰਜਾਬ ਦੀ ਹਰ ਔਰਤ ਨੂੰ ₹1,000 ਪ੍ਰਤੀ ਮਹੀਨਾ

ਐਸ.ਸੀ. ਵਰਗ ਦੀਆਂ ਔਰਤਾਂ ਨੂੰ ₹1,500 ਪ੍ਰਤੀ ਮਹੀਨਾ

"ਪੰਜਾਬ ਨੇ ਪੂਰੇ ਦੇਸ਼ ਦੇ ਸਾਹਮਣੇ ਮਹਿਲਾ ਸਸ਼ਕਤੀਕਰਨ ਦੀ ਇੱਕ ਨਵੀਂ ਮਿਸਾਲ ਪੇਸ਼ ਕੀਤੀ ਹੈ। "ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ" ਇਹ ਸਾਬਤ ਕਰਦੀ ਹੈ ਕਿ ਜੇਕਰ ਸਰਕਾਰ ਦੀ ਨੀਅਤ ਸਾਫ਼ ਹੋਵੇ ਤਾਂ ਹਰ ਗਰੰਟੀ ਪੂਰੀ ਕੀਤੀ ਜਾ ਸਕਦੀ ਹੈ। ਜਦੋਂ ਦੇਸ਼ ਦੀ ਅੱਧੀ ਆਬਾਦੀ ਆਰਥਿਕ ਤੌਰ 'ਤੇ ਆਜ਼ਾਦ ਹੋਵੇਗੀ ਤਾਂ ਹੀ ਇੱਕ ਮਜ਼ਬੂਤ ਰਾਸ਼ਟਰ ਦਾ ਨਿਰਮਾਣ ਹੋਵੇਗਾ।"

ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ



ਸ਼ਾਨਦਾਰ ਚਾਰ ਸਾਲ, ਭਗਵੰਤ ਮਾਨ ਦੇ ਨਾਲ
ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

ਮਾਝਾ-ਦੁਆਬਾ
ਆਸ ਪਾਸ

# ਪੰਜਾਬ ਸਰਕਾਰ ਵੱਲੋਂ ਯੁਵਕਾਂ ਲਈ ਪੁਲਿਸ ਭਰਤੀ ਦੀ ਮੁਫ਼ਤ ਤਿਆਰੀ ਲਈ ਕੈਂਪ ਸ਼ੁਰੂ

ਚੋਹਲਾ ਸਾਹਿਬ , 10 ਮਾਰਚ ( ਭਗਤ ਸਿੰਘ ਸੰਧੂ ): ਸੀ-ਪਾਈਟ ਕੈਂਪ,ਪੱਟੀ ਤਰਨ ਤਾਰਨ ਦੇ ਕੈਂਪ ਟ੍ਰੇਨਿੰਗ ਅਫ਼ਸਰ ਕੈਪਟਨ ਗੁਰਦਰਸ਼ਨ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪੰਜਾਬ ਪੁਲਿਸ ਦੀਆਂ ਅਸਾਮੀਆਂ ਲਈ ਮਿਤੀ 10 ਮਾਰਚ 2026 ਤੋਂ ਆਨਲਾਈਨ ਰਜਿਸਟਰੇਸ਼ਨ ਸ਼ੁਰੂ ਕਰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਤਰਨ ਤਾਰਨ ਜ਼ਿਲ੍ਹੇ ਦੇ ਨੌਜਵਾਨਾਂ ਲਈ ਪੁਲਿਸ ਵਿਚ ਭਰਤੀ ਹੋਣ ਲਈ ਲਿਖਤੀ ਪੇਪਰ ਅਤੇ ਫਿਜ਼ੀਕਲ ਦੀ ਤਿਆਰੀ ਸੀ-ਪਾਈਟ ਕੈਂਪ, ਪੱਟੀ ਵਿਖੇ ਮਿਤੀ 16 ਮਾਰਚ 2026 ਤੋਂ ਸ਼ੁਰੂ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਚਾਹਵਾਨ ਨੌਜਵਾਨ ਜਲਦੀ ਤੋਂ ਜਲਦੀ ਆਨ ਲਾਈਨ ਰਜਿਸਟਰੇਸ਼ਨ ਕਰਵਾ ਕੇ ਸੀ-ਪਾਈਟ ਕੈਂਪ, ਪੱਟੀ ਵਿਖੇ ਰਿਪੋਰਟ ਕਰਨ ਅਤੇ ਪੰਜਾਬ ਸਰਕਾਰ ਦੁਆਰਾ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਲਾਭ ਉਠਾਉਣ। ਉਨ੍ਹਾਂ ਕਿਹਾ ਕਿ ਕੈਂਪ ਵਿਚ ਆਉਣ ਸਮੇਂ ਆਨਲਾਈਨ ਅਪਲਾਈ ਦੀ ਇਕ ਕਾਪੀ, ਦਸਵੀਂ ਦਾ ਅਸਲ ਸਰਟੀਫਿਕੇਟ , 10+2 ਪਾਸ ਅਤੇ ਇਸ ਤੋਂ ਵੱਧ ਪੜ੍ਹਾਈ ਦੇ ਸਰਟੀਫਿਕੇਟ ਦੀ ਫੋਟੋ ਸਟੇਟ ਕਾਪੀ, ਪੰਜਾਬ ਰੈਜਡੈਂਸ ਦੀ ਫੋਟੋ ਸਟੇਟ ਕਾਪੀ, ਜਾਤੀ ਦੇ ਸਰਟੀਫਿਕੇਟ ਦੀ ਫੋਟੋ ਸਟੇਟ ਕਾਪੀ, ਆਧਾਰ ਕਾਰਡ ਦੀ ਫੋਟੋ ਸਟੇਟ ਕਾਪੀ , ਬੈਂਕ ਖਾਤੇ ਦੀ ਫੋਟੋ ਸਟੇਟ ਕਾਪੀ ਤੇ ਖ਼ਾਤਾ ਚਾਲੂ ਹਾਲਤ ਵਿਚ ਹੋਵੇ ਅਤੇ ਦੋ ਪਾਸਪੋਰਟ ਸਾਈਜ਼ ਦੀਆਂ ਫੋਟੋ, ਇਕ ਕਾਪੀ, ਇਕ ਪੈੱਨ, ਖਾਣੇ ਲਈ ਬਰਤਨ , ਰਹਿਣ ਲਈ ਬਿਸਤਰਾ ਆਦਿ ਨਾਲ ਲੈ ਕੇ ਆਉਣ। ਉਨ੍ਹਾਂ ਕਿਹਾ ਕਿ ਕੈਂਪ ਵਿਚ ਆਉਣ ਦਾ ਸਮਾਂ ਸਵੇਰੇ 9:00 ਵਜੇ ਦਾ ਹੈ। ਉਨ੍ਹਾਂ ਕਿਹਾ ਕਿ ਕੈਂਪ ਵਿਚ ਰਹਿਣ ਸਮੇਂ ਖਾਣਾ ਅਤੇ ਰਿਹਾਇਸ਼ ਬਿਲਕੁਲ ਮੁਫਤ ਦਿੱਤੀ ਜਾਵੇਗੀ ਅਤੇ ਫਿਜ਼ੀਕਲ ਤੇ ਲਿਖਤੀ ਪੇਪਰ ਦੀ ਤਿਆਰੀ ਦੀ ਕੋਈ ਵੀ ਫ਼ੀਸ ਨਹੀਂ ਲਈ ਜਾਵੇਗੀ। ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ 97818-91928 ਅਤੇ 98760-30372 ਨੰਬਰਾਂ ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਖੇ ਵਿਦੂਸ਼ੀ ਸ਼ਾਲਮਲੀ ਜੋਸ਼ੀ ਦਾ ਵਿਸ਼ੇਸ਼ ਭਾਸ਼ਣ ਅਤੇ ਪੇਸ਼ਕਾਰੀ ਦਾ ਆਯੋਜਨ



ਅੰਮ੍ਰਿਤਸਰ, 10 ਮਾਰਚ, 2026 (ਗੁਰਦਿਆਲ ਸਿੰਘ): ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਿਜ਼ੂਅਲ ਐਂਡ ਪਰਫਾਰਮਿੰਗ ਆਰਟਸ ਵਿਭਾਗ ਵਿੱਚ ਯੂਨੀਵਰਸਿਟੀ ਦੇ ਉਪ ਕੁਲਪਤੀ ਦੀ ਅਗਵਾਈ ਹੇਠ ਭਾਰਤੀ ਸ਼ਾਸਤਰੀ ਸੰਗੀਤ ਦੀ ਪ੍ਰਸਿੱਧ ਹਸਤੀ ਵਿਦੂਸ਼ੀ ਸ਼ਾਲਮਲੀ ਜੋਸ਼ੀ, ਜਿਨ੍ਹਾਂ ਦਾ ਸਬੰਧ ਜੈਪੁਰ-ਅਤ੍ਰੌਲੀ ਘਰਾਨੇ ਨਾਲ ਹੈ, ਦਾ ਇੱਕ ਲੈਕਚਰ-ਕਮ-ਡੈਮੋਨਸਟ੍ਰੇਸ਼ਨ ਵਿਭਾਗ ਮੁਖੀ ਡਾ. ਰਾਜੇਸ਼ ਸ਼ਰਮਾ ਦੇ ਨਿਰਦੇਸ਼ਨ ਹੇਠ ਆਯੋਜਿਤ ਕੀਤਾ ਗਿਆ।ਇਸ ਪ੍ਰੋਗਰਾਮ ਵਿੱਚ ਡੀਨ ਕਾਲਜ ਡਿਵੈਲਪਮੈਂਟ ਕੌਂਸਲ ਡਾ. ਸਰੋਜ ਅਰੋੜਾ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ। ਪ੍ਰੋਗਰਾਮ ਦੀ ਸ਼ੁਰੂਆਤ ਵਿਭਾਗ ਮੁਖੀ, ਮੁੱਖ ਵਕਤਾ ਅਤੇ ਆਏ ਹੋਏ ਮਹਿਮਾਨਾਂ ਦੁਆਰਾ ਦੀਪ ਜਗਾ ਕੇ ਕੀਤੀ ਗਈ।ਇਸ ਤੋਂ ਉਪਰੰਤ ਵਿਦੂਸ਼ੀ ਸ਼ਾਲਮਲੀ ਜੋਸ਼ੀ ਵੱਲੋਂ ਜੋੜ ਰਾਗਾਂ ਦੀ ਸੰਰਚਨਾ ਅਤੇ ਉਸਦੇ ਸੌਂਦਰਯ ਵਿਸ਼ੇ 'ਤੇ ਲੈਕਚਰ-ਕਮ-ਡੈਮੋਨਸਟ੍ਰੇਸ਼ਨ ਵਿਦਿਆਰਥੀਆਂ ਦੇ ਸਮੁੱਖ ਪੇਸ਼ ਕੀਤਾ ਗਿਆ। ਆਪਣੇ ਲੈਕਚਰ ਦੌਰਾਨ ਉਨ੍ਹਾਂ ਨੇ ਜੋੜ ਰਾਗਾਂ ਦੀ ਸੰਰਚਨਾ, ਭਾਰਤੀ ਸ਼ਾਸਤਰੀ ਸੰਗੀਤ ਵਿੱਚ ਉਨ੍ਹਾਂ ਦਾ ਮਹੱਤਵ, ਸਵਰ ਵਿਸਥਾਰ ਦੀ ਵਿਧੀ ਅਤੇ ਵੱਖ-ਵੱਖ ਬੰਦਿਸ਼ਾਂ ਦੇ ਗਾਇਨ ਰਾਹੀਂ ਵਿਦਿਆਰਥੀਆਂ ਨੂੰ ਇਸ ਵਿਸ਼ੇ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ। ਇਸ ਦੌਰਾਨ ਉਨ੍ਹਾਂ ਨੇ ਜੋੜ ਰਾਗਾਂ ਵਿੱਚ ਬੰਦਿਸ਼ਾਂ ਦਾ ਸੁੰਦਰ ਗਾਇਨ ਵੀ ਪੇਸ਼ ਕੀਤਾ ਅਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਪ੍ਰਸਤੁਤੀ ਦੀ ਵਿਧੀ ਵੀ ਸਮਝਾਈ ਅਤੇ ਅੰਤ ਵਿੱਚ ਰਾਜਸਥਾਨੀ ਲੋਕ ਗੀਤ ਕੇਸਰੀਆ ਬਾਲਮ ਦਾ ਗਾਇਨ ਵੀ ਪੇਸ਼ ਕੀਤਾ। ਓਹਨਾ ਦੇ ਨਾਲ ਵਿਭਾਗ ਦੇ ਅਧਿਆਪਕ ਸ.ਗੁਨਵੀਰ ਸਿੰਘ ਨੇ ਤਬਲਾ, ਖੋਜਾਰਥੀ ਹਰਸਿਮਰਨ ਸਿੰਘ ਨੇ ਹਾਰਮੋਨੀਅਮ ਅਤੇ ਵਿਦਿਆਰਥੀ ਸੰਗਮ ਨੇ ਤਾਨਪੁਰੇ ਨਾਲ ਸੰਗਤ ਕੀਤੀ।ਇਸ ਲੈਕਚਰ-ਕਮ-ਡੈਮੋਨਸਟ੍ਰੇਸ਼ਨ ਰਾਹੀਂ ਵਿਭਾਗ ਵਿੱਚ ਮੌਜੂਦ ਸਾਰੇ ਵਿਦਿਆਰਥੀਆਂ, ਰਿਸਰਚ ਸਕਾਲਰਾਂ ਅਤੇ ਅਧਿਆਪਕਾਂ ਨੂੰ ਬਹੁਤ ਕੁਝ ਸਿੱਖਣ ਨੂੰ ਮਿਲਿਆ ।ਅੰਤ ਵਿੱਚ ਵਿਭਾਗ ਮੁਖੀ ਡਾ. ਰਾਜੇਸ਼ ਸ਼ਰਮਾ ਵੱਲੋਂ ਆਏ ਹੋਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ ਅਤੇ ਮੁੱਖ ਵਕਤਾ ਨੂੰ ਸਮਰਿਤੀ-ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਉਨ੍ਹਾਂ ਨੇ ਭਵਿੱਖ ਵਿੱਚ ਵੀ ਅਜਿਹੇ ਲੈਕਚਰ-ਡੈਮੋਨਸਟ੍ਰੇਸ਼ਨ ਅਤੇ ਵਰਕਸ਼ਾਪਾਂ ਆਯੋਜਿਤ ਕਰਨ ਲਈ ਆਪਣਾ ਵਿਸ਼ਵਾਸ ਪ੍ਰਗਟਾਇਆ।ਇਸ ਮੌਕੇ ਵਿਸ਼ੇਸ਼ ਮਹਿਮਾਨਾ ਦੇ ਤੌਰ ਤੇ ਪੰਜਾਬੀ ਵਿਭਾਗ ਦੇ ਡਾ ਮੇਘਾ ਸਲਵਾਨ, ਉਰਦੂ ਵਿਭਾਗ ਦੇ ਮੁਖੀ ਡਾ ਰਿਹਾਨ ਹੱਸਨ ਅਤੇ ਵਿਭਾਗ ਦੇ ਅਧਿਆਪਕ ਡਾ ਸ਼ੁਪ੍ਰੀਤ ਸਿੰਘ, ਡਾ ਪ੍ਰਿਅੰਕਾ ਅਰੋੜਾ, ਡਾ ਰਮਨਦੀਪ ਕੌਰ, ਡਾ ਹਰਮੀਤ ਸਿੰਘ, ਸ਼੍ਰੀ ਸਿੱਧਾਰਥ ਚੱਟਰਜੀ, ਸ਼੍ਰੀ ਗੌਰਵ ਕੋਹਲ਼ੀ,ਡਾ ਗੀਤੂ ਬਾਲਾ,ਮਿਸ ਪੂਜਾ,ਅਤੇ ਵਿਭਾਗ ਦੇ ਐਮ.ਏ.,ਐਮ.ਪੀ.ਏ. ਦੇ ਵਿਦਿਆਰਥੀ ਅਤੇ ਪੀ.ਐਚ.ਡੀ. ਦੇ ਖੋਜਾਰਥੀ ਆਦਿ ਵੀ ਮੌਜੂਦ ਸਨ।

# ਡਾਲਾ ਤੀਜੀ ਵਾਰ ਦੀਨਾਨਗਰ ਪ੍ਰੈਸ ਕਲੱਬ ਦੇ ਪ੍ਰਧਾਨ ਚੁਣੇ ਗਏ



ਦੀਨਾਨਗਰ, 10 ਮਾਰਚ (ਡਾ.ਰਮੇਸ਼ ਸਰੰਗਲ ): ਗੁਰਪ੍ਰੀਤ ਸਿੰਘ ਡਾਲਾ ਨੂੰ ਸਰਬਸੰਮਤੀ ਨਾਲ ਦੀਨਾਨਗਰ ਪ੍ਰੈਸ ਕਲੱਬ ਦਾ ਲਗਾਤਾਰ ਤੀਸਰੀ ਵਾਰ ਪ੍ਰਧਾਨ ਚੁਣਨ ਤੇ ਦੀਨਾਨਗਰ ਦੇ ਪ੍ਰਸਿੱਧ ਸਮਾਜ ਸੇਵਕ ਅਤੇ ਬ੍ਰਾਹਮਣ ਸਭਾ ਪੰਜਾਬ ਦੇ ਪ੍ਰਧਾਨ ਅਤੇ ਲੋਕ ਸੇਵਾ ਸਮਿਤੀ ਰਜਿ:ਦੀਨਾਨਗਰ ਦੇ ਪ੍ਰਧਾਨ ਡਾ. ਸੋਨੂੰ ਸ਼ਰਮਾ ਵੱਲੋਂ ਵਿਸ਼ੇਸ਼ ਸਨਮਾਨ ਦਿੱਤਾ ਗਿਆ । ਇਸ ਮੌਕੇ ਤੇ ਡਾ. ਸੋਨੂੰ ਸ਼ਰਮਾ ਨੇ ਕਿਹਾ ਕਿ ਗੁਰਪ੍ਰੀਤ ਸਿੰਘ ਡਾਲਾ ਨੇ ਬੀਤੇ 2 ਸਾਲਾਂ 'ਚ ਪੱਤਰਕਾਰੀ ਦੇ ਖੇਤਰ ਵਿੱਚ ਵਧੀਆ ਭੂਮਿਕਾ ਨਿਭਾਈ ਹੈ ਅਤੇ ਲੋਕ ਹਿੱਤ ਦੇ ਕੰਮਾਂ ਨੂੰ ਸਰਕਾਰ ਤੱਕ ਪਹੁੰਚਾਉਣ ਲਈ ਅਹਿਮ ਰੋਲ ਅਦਾ ਕੀਤਾ ਹੈ, ਜਿਸ ਕਰਕੇ ਦੀਨਾਨਗਰ ਦੇ ਪੱਤਰਕਾਰਾਂ ਵੱਲੋਂ ਉਨ੍ਹਾਂ ਨੂੰ ਤੀਸਰੀ ਵਾਰ ਸਰਬਸੰਮਤੀ ਨਾਲ ਪ੍ਰਧਾਨ ਚੁਣਿਆ ਗਿਆ ਹੈ। ਉਨ੍ਹਾਂ ਕਿਹਾ ਕਿ ਬਹੁਤ ਘੱਟ ਸਮੇਂ 'ਚ ਪ੍ਰਧਾਨ ਗੁਰਪ੍ਰੀਤ ਸਿੰਘ ਡਾਲਾ ਨੇ ਸਮਾਜ ਵਿੱਚ ਆਪਣੀ ਅਲੱਗ ਪਹਿਚਾਣ ਬਣਾਈ ਹੈ ਜਿਸ ਕਰਕੇ ਉਨ੍ਹਾਂ ਦਾ ਸਾਡੀ ਲੋਕ ਸੇਵਾ ਸਮਿਤੀ ਵੱਲੋਂ ਸਨਮਾਨ ਕੀਤਾ ਗਿਆ ਹੈ ਉਨ੍ਹਾਂ ਕਿਹਾ ਕਿ ਸਾਨੂੰ ਪੂਰੀ ਉਮੀਦ ਹੈ ਕਿ ਉਹ ਆਉਣ ਵਾਲੇ ਸਮੇਂ ਵਿੱਚ ਵੀ ਆਪਣੀ ਪੱਤਰਕਾਰਤਾ ਨਿਰਪੱਖ ਅਤੇ ਸੁਚੱਜੇ ਢੰਗ ਨਾਲ ਨਿਭਾਉਂਦੇ ਰਹਿਣਗੇ। ਇਸ ਮੌਕੇ ਤੇ ਪ੍ਰਧਾਨ ਗੁਰਪ੍ਰੀਤ ਸਿੰਘ ਡਾਲਾ ਨੇ ਸਮਾਜ ਸੇਵੀ ਡਾ. ਸੋਨੂੰ ਸ਼ਰਮਾ ਦਾ ਧੰਨਵਾਦ ਵੀ ਕੀਤਾ ।

# ਅੰਤਰ ਕਾਲਜ ਪ੍ਰਤੀਯੋਗਿਤਾ ਵਿੱਚ ਐੱਸ.ਐੱਸ.ਐਮ. ਕਾਲਜ ਦੇ ਵਿਦਿਆਰਥੀਆਂ ਦਾ ਵਧੀਆ ਪ੍ਰਦਰਸ਼ਨ



ਦੀਨਾਨਗਰ, 10 ਮਾਰਚ (ਡਾ.ਰਮੇਸ਼ ਸਰੰਗਲ ): ਪੰਡਿਤ ਮੋਹਨ ਲਾਲ ਐੱਸ ਡੀ ਕਾਲਜ਼ ਫਾਰ ਵੋਮੈਨ, ਗੁਰਦਾਸਪੁਰ 'ਚ ਆਯੋਜਿਤ ਅੰਤਰ ਕਾਲਜ ਟੈਕਨੋ ਫਨ ਚ ਐੱਸ.ਐੱਸ ਐਮ. ਕਾਲਜ ਦੇ ਸਨਾਤਕੋਤਰ ਕੰਪਿਊਟਰ ਸਾਇੰਸ ਅਤੇ ਆਈ. ਟੀ. ਵਿਭਾਗ ਦੇ ਵਿਦਿਆਰਥੀਆਂ ਦਾ ਵਧੀਆ ਪ੍ਰਦਰਸ਼ਨ ਰਿਹਾ। ਵੱਖ-ਵੱਖ ਪ੍ਰਤੀਯੋਗਿਤਾ 'ਚ ਫਾਸਟ ਮੈਸੇਜ ਟਾਈਪਿੰਗ ਚ ਹਰਸ਼ਪ੍ਰੀਤ ਨੇ ਪਹਿਲਾ ਸਥਾਨ, ਟੇਕਨਿਕਲ ਕਵਿਜ ਚ ਅਰਮਾਨ, ਵਾਨਿਕਾ ਅਤੇ ਸੋਹਿਤ ਨੇ ਤੀਸਰਾ ਸਥਾਨ, ਪੀ. ਪੀ. ਟੀ. ਪ੍ਰਤੀਯੋਗਿਤਾ ਵਿੱਚ ਜੰਨਤ ਮਹਾਜਨ ਨੇ ਦੂਸਰਾ ਸਥਾਨ, ਪੋਸਟਰ ਮੇਕਿੰਗ ਪ੍ਰਤੀਯੋਗਤਾ ਵਿੱਚ ਸੋਹਿਤ ਨੇ ਪਹਿਲਾ ਸਥਾਨ, ਓਪਨ ਮਾਈਕ ਪ੍ਰਤੀਯੋਗਿਤਾ ਵਿੱਚ ਨੰਦਿਨੀ ਸੈਣੀ ਨੇ ਤੀਸਰਾ ਸਥਾਨ ਪ੍ਰਾਪਤ ਕਰਕੇ ਉਵਰਆਲ ਟਰਾਫੀ ਹਾਸਿਲ ਕੀਤੀ। ਪ੍ਰਿੰਸੀਪਲ ਡਾ. ਆਰ ਕੇ ਤੁਲੀ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਉਹਨਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਇਸ ਮੌਕੇ ਤੇ ਡਾ. ਗੁਰਵਿੰਦਰ ਸਿੰਘ, ਡਾ. ਪ੍ਰਿਥੀ ਪਾਲ ਸਿੰਘ, ਪ੍ਰੋਫੈਸਰ ਪ੍ਰਬੋਧ ਗਰੋਵਰ, ਪ੍ਰੋਫੈਸਰ ਮੋਨਿਕਾ, ਪ੍ਰੋਫੈਸਰ ਵੰਦਨਾ, ਪ੍ਰੋਫੈਸਰ ਸੁਸ਼ਮਾ ਹਾਜ਼ਰ ਸਨ।

# ਭਗਵਾਨਪੁਰ 'ਚ ਕਰਵਾਏ 101 ਸਮੂਹਿਕ ਵਿਆਹ



ਡੇਰਾ ਬਾਬਾ ਨਾਨਕ,10:ਮਾਰਚ(ਹੈਪੀ ਕੋਟਲੀ)ਸਰਹੱਦੀ ਜ਼ਿਲ੍ਹੇ ਗੁਰਦਾਸਪੁਰ ਦੇ ਹਲਕਾ ਡੇਰਾ ਬਾਬਾ ਨਾਨਕ ਅਧੀਨ ਆਉਂਦੇ ਪਿੰਡ ਭਗਵਾਨਪੁਰ ਜੋਂ ਜੱਗੂ ਭਗਵਾਨਪੁਰੀਆ ਦੇ ਨਾਂ ਕਾਰਨ ਹਮੇਸ਼ਾ ਤੇ ਸੁਰਖੀਆਂ ਚ ਰਿਹਾ ਹੈ ਉਥੇ ਅੱਜ ਮੰਗਲਵਾਰ ਨੂੰ ਜਗਦੀਪ ਸਿੰਘ ਜੱਗੂ ਭਗਵਾਨਪੁਰੀਆ ਤੇ ਓ ਉਸਦੇ ਭਰਾ ਮਨਦੀਪ ਸਿੰਘ ਮੰਨੂੰ ਆਸਟ੍ਰੇਲੀਆ ਨੇ ਆਪਣੇ ਪਿਤਾ ਸਵ: ਭਾਈ ਸਵਿੰਦਰ ਸਿੰਘ ਤੇ ਬੀਬੀ ਹਰਜੀਤ ਕੌਰ ਜੀ ਦੀ ਨਿੱਘੀ ਯਾਦ ਚ ਪਿੰਡ ਭਗਵਾਨਪੁਰ ਚ 101 ਸਮੂੰਹਿਕ ਵਿਆਹ ਕਰਵਾਏ ਗਏ ਇਹਨਾਂ ਵਿਆਹਾਂ ਨੇ ਇਲਾਕੇ ਅੰਦਰ ਇੱਕ ਨਵੀਂ ਚਰਚਾ ਛੇੜਕੇ ਰੱਖ ਦਿੱਤੀ ਹੈ ਚਾਰੇ ਇਹ ਚਰਚਾ ਦਾ ਵਿਸ਼ਾ ਬਣੇ ਹੋਏ ਹਨ ਇਹਨਾਂ ਸਮੂੰਹਿਕ ਵਿਆਹਾਂ ਚ 25 ਦੇ ਕਰੀਬ ਮਸੀਹ ਭਾਈਚਾਰੇ ਦੀਆਂ ਲੜਕੀਆਂ ਦੇ ਨਿਕਾਹ ਕਰਵਾਏ ਗਏ ਤੇ ਬਾਕੀ ਜੋੜਿਆ ਦੇ ਸਮਾਜਿਕ ਰੀਤੀ ਰਿਵਾਜਾਂ ਅਨੁਸਾਰ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਨੰਦ ਕਾਰਜ ਕਰਵਾਏ ਗਏ।ਇਸ ਮੌਕੇ ਇਹਨਾਂ ਵਿਆਹੇ ਜੋੜਿਆਂ ਨੂੰ ਫਰਨੀਚਰ ਅਤੇ ਹੋਰ ਘਰ ਦੀ ਜਰੂਰਤ ਵਾਲਾ ਸਮਾਨ ਵੀ ਦਿੱਤਾ ਗਿਆ।ਇਸ ਮੌਕੇ ਪਹੁੰਚੇ ਵੱਖ-ਵੱਖ ਸੰਪਰਦਾਵਾਂ ਦੇ ਮੁਖੀ ਬਾਬਾ ਬੁੱਧ ਸਿੰਘ ਜੀ ਨਿੱਕੇ ਘੁੰਮਣਾ ਵਾਲੇ ,ਭਾਈ ਸੁਖਵਿੰਦਰ ਸਿੰਘ ਜੀ ਅਗਵਾਨ,ਸੋ$ਮਣੀ ਗੁਰੂਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਅਮਰੀਕ ਸਿੰਘ ਸ਼ਾਹਪੁਰ ਗੁਰਾਇਆ ਵੱਖ ਵੱਖ ਨਿਹੰਗ ਸਿੰਘ ਜਥੇਬੰਦੀਆਂ ਪਿੰਡਾਂ ਦੇ ਸਰਪੰਚਾਂ ਨੰਬਰਦਾਰਾਂ ਅਤੇ ਹੋਰ ਮੋਹਤਬਰ ਆਗੂਆਂ ਵੱਲੋਂ ਜੋੜਿਆ ਨੂੰ ਅਸ਼ੀਰਵਾਦ ਦਿੱਤਾ ਗਿਆ।ਇਸ ਮੌਕੇ ਗੱਲਬਾਤ ਕਰਦਿਆਂ ਵੱਖ ਵੱਖ ਆਗੂਆਂ ਵੱਲੋਂ ਇਸ ਕਾਰਜ ਲਈ ਭਗਵਾਨਪੁਰੀਆ ਪਰਿਵਾਰ ਦੀ ਜੰਮਕੇ ਸ਼ਲਾਘਾ ਕੀਤੀ ਗਈ, ਉਹਨਾਂ ਨੇ ਦੱਸਿਆ ਕਿ ਇਤਿਹਾਸ ਵਿੱਚ ਪਹਿਲੀ ਕਿਹੋ ਜਿਹਾ ਉਪਰਾਲਾ ਹੋਇਆ ਹੈ ਕਿ ਮਾਝੇ ਦੀ ਧਰਤੀ ਸਰਹੱਦੀ ਹਲਕਾ ਡੇਰਾ ਬਾਬਾ ਨਾਨਕ ਚ 101 ਬੇਸਹਾਰਾ ਅਤੇ ਗਰੀਬ ਲੜਕੀਆਂ ਦੇ ਸਮੂਹਿਕ ਵਿਆਹ ਕੀਤੇ ਗਏ ਹਨ।ਉਹਨਾਂ ਕਿਹਾ ਕਿ ਜਾਣਕਾਰੀ ਅਨੁਸਾਰ ਹਰ ਸਾਲ ਜੱਗੂ ਭਗਵਾਨਪੁਰੀਆ ਦੇ ਪਰਿਵਾਰ ਵੱਲੋਂ ਇਹੋ ਜਿਹੇ ਧਾਰਮਿਕ ਸਮਾਗਮ ਤੇ ਗਰੀਬ ਬੇਸਹਾਰਾ ਕੁੜੀਆਂ ਦੇ ਵਿਆਹ ਕੀਤੇ ਜਾਣਗੇ।

# ਪੁਲਿਸ ਵੱਲੋਂ 400 ਗੁੰਮ ਹੋਏ ਮੋਬਾਈਲ ਫੋਨ ਲੱਭੇ ਅਤੇ ਮਾਲਕਾਂ ਨੂੰ ਦਿੱਤੇ

ਅੰਮ੍ਰਿਤਸਰ, 10 ਮਾਰਚ (ਬਬਲੂ (ਮਹਾਜਨ) : ਇੱਕ ਹੋਰ ਜਨਤਕ-ਪੱਖੀ ਪਹਿਲਕਦਮੀ ਕਰਦੇ ਹੋਏ, ਕਮਿਸ਼ਨਰੇਟ ਪੁਲਿਸ ਅੰਮ੍ਰਿਤਸਰ ਨੇ ਨਾਗਰਿਕਾਂ ਦੇ ਗੁੰਮ ਹੋਏ 400 ਮੋਬਾਈਲ ਫੋਨਾਂ ਦਾ ਸਫਲਤਾਪੂਰਵਕ ਪਤਾ ਲਗਾਇਆ ਹੈ। ਇਹ ਫੋਨ ਰਾਜਸਥਾਨ, ਉੱਤਰ ਪ੍ਰਦੇਸ਼, ਉਤਰਾਖੰਡ ਅਤੇ ਪੰਜਾਬ ਦੇ ਜ਼ਿਲ੍ਹਿਆਂ ਜਿਵੇਂ ਕਿ ਲੁਧਿਆਣਾ, ਜਲੰਧਰ ਅਤੇ ਅੰਮ੍ਰਿਤਸਰ ਦਿਹਾਤੀ ਤੋਂ ਬਰਾਮਦ ਕੀਤੇ ਗਏ ਸਨ, ਅਤੇ ਹੁਣ ਉਨ੍ਹਾਂ ਦੇ ਮਾਲਕਾਂ ਨੂੰ ਵਾਪਸ ਕਰ ਦਿੱਤੇ ਗਏ ਹਨ।ਇਹ ਤੀਜੀ ਵੱਡੀ ਪਹਿਲ ਹੈ ਜਿਸ ਵਿੱਚ ਗੁੰਮ ਹੋਏ ਮੋਬਾਈਲ ਫੋਨਾਂ ਦਾ ਪਤਾ ਲਗਾਇਆ ਗਿਆ ਹੈ ਅਤੇ ਨਾਗਰਿਕਾਂ ਨੂੰ ਵਾਪਸ ਸੌਂਪੇ ਗਏ ਹਨ। *ਇਸ ਤੋਂ ਪਹਿਲਾਂ, ਪਹਿਲੇ ਪੜਾਅ ਵਿੱਚ 100 ਮੋਬਾਈਲ ਫੋਨ ਅਤੇ ਦੂਜੇ ਪੜਾਅ ਵਿੱਚ 200 ਮੋਬਾਈਲ ਫੋਨ ਵਾਪਸ ਕੀਤੇ ਗਏ ਸਨ, ਜਦੋਂ ਕਿ ਹੁਣ 400 ਮੋਬਾਈਲ ਫੋਨ ਸਫਲਤਾਪੂਰਵਕ ਲੱਭੇ ਗਏ ਹਨ ਅਤੇ ਤੀਜੇ ਪੜਾਅ ਵਿੱਚ ਵਾਪਸ ਕੀਤੇ* ਗਏ ਹਨ।ਸ਼੍ਰੀ ਗੁਰਪ੍ਰੀਤ ਸਿੰਘ ਭੁੱਲਰ, ਆਈਪੀਐਸ, ਪੁਲਿਸ ਕਮਿਸ਼ਨਰ, ਅੰਮ੍ਰਿਤਸਰ ਦੇ ਨਿਰਦੇਸ਼ਾਂ ਅਨੁਸਾਰ, ਕਮਿਸ਼ਨਰੇਟ ਪੁਲਿਸ ਅੰਮ੍ਰਿਤਸਰ ਦੀਆਂ ਪੁਲਿਸ ਟੀਮਾਂ ਨੇ ਗੁੰਮ ਹੋਏ ਡਿਵਾਈਸਾਂ ਦਾ ਪਤਾ ਲਗਾਉਣ ਲਈ ਨਿਰੰਤਰ ਤਕਨੀਕੀ ਯਤਨ ਕੀਤੇ।

# ਦਿੱਲੀ ਦੇ ਰਾਜੌਰੀ ਗਾਰਡਨ ਕਮੇਟੀ ਨੇ ਅੰਮ੍ਰਿਤਸਰ ਵਿੱਚ ਚਾਰ ਸਾਹਿਬਜ਼ਾਦੇ ਸਰਾਂ ਦਾ ਨੀਂਹ ਪੱਥਰ



ਅੰਮ੍ਰਿਤਸਰ, 10 ਮਾਰਚ (ਬਬਲੂ ਮਹਾਜਨ ): ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਰਾਜੌਰੀ ਗਾਰਡਨ ਵੱਲੋਂ ਚਾਰ ਸਾਹਿਬਜ਼ਾਦਿਆਂ ਦੇ ਨਾਮ 'ਤੇ ਅੰਮ੍ਰਿਤਸਰ ਵਿੱਚ ਸਰਾਇ ਬਣਾਈ ਜਾਵੇਗੀ।ਅੰਮ੍ਰਿਤਸਰ, 9 ਮਾਰਚ: ਪੱਛਮੀ ਦਿੱਲੀ ਦੇ ਰਾਜੌਰੀ ਗਾਰਡਨ ਗੁਰਦੁਆਰਾ ਕਮੇਟੀ ਨੇ ਕੁਝ ਦਿਨ ਪਹਿਲਾਂ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਨੇੜੇ ਸਰਾਇ ਬਣਾਉਣ ਲਈ ਜ਼ਮੀਨ ਖਰੀਦੀ ਸੀ, ਤਾਂ ਜੋ ਸੰਗਤ ਦੀ ਸੁਵਿਧਾ ਲਈ ਉੱਥੇ ਸਰਾਇ ਬਣਾਈ ਜਾ ਸਕੇ। ਇਸ ਸਰਾਇ ਦਾ ਨੀਂਹ ਪੱਥਰ ਅੱਜ ਸ੍ਰੀ ਦਰਬਾਰ ਸਾਹਿਬ ਦੇ ਹੈੱਡ ਗ੍ਰੰਥੀ ਗੁਰਮੁੱਖ ਸਿੰਘ ਵੱਲੋਂ ਰੱਖਿਆ ਗਿਆ। ਇਸ ਮੌਕੇ 'ਤੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਹਰਮਨਜੀਤ ਸਿੰਘ ਸਮੇਤ ਕਮੇਟੀ ਦੇ ਹੋਰ ਮੈਂਬਰ ਅਤੇ ਰਾਜੌਰੀ ਦੀ ਸੰਗਤ ਮੌਜੂਦ ਰਹੀ।ਸਰਦਾਰ ਹਰਮਨਜੀਤ ਸਿੰਘ ਨੇ ਦੱਸਿਆ ਕਿ ਰਾਜੌਰੀ ਤੋਂ ਜਦੋਂ ਵੀ ਸੰਗਤ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦਰਸ਼ਨਾਂ ਲਈ ਆਉਂਦੀ ਹੈ ਤਾਂ ਉਨ੍ਹਾਂ ਨੂੰ ਰਹਿਣ ਦੀ ਦਿਕ<ਤ ਆਉਂਦੀ ਸੀ। ਇਸ ਨੂੰ ਦੇਖਦੇ ਹੋਏ ਕਮੇਟੀ ਨੇ ਆਪਣੀ ਸਰਾਇ ਬਣਾਉਣ ਦਾ ਫੈਸਲਾ ਕੀਤਾ। ਇਸ ਲਈ ਕੁਝ ਮਹੀਨੇ ਪਹਿਲਾਂ ਜ਼ਮੀਨ ਖਰੀਦੀ ਗਈ ਸੀ ਅਤੇ ਅੱਜ ਉਸਦਾ ਨੀਂਹ ਪੱਥਰ ਰੱਖਿਆ ਗਿਆ ਹੈ।ਉਨ੍ਹਾਂ ਦੱਸਿਆ ਕਿ ਸਰਾਇ ਵਿੱਚ ਲਗਭਗ 38 ਕਮਰੇ ਬਣਾਏ ਜਾਣਗੇ ਅਤੇ ਸਾਰੇ ਕਮਰੇ ਆਧੁਨਿਕ ਸੁਵਿਧਾਵਾਂ ਨਾਲ ਲੈਸ ਹੋਣਗੇ ਤਾਂ ਜੋ ਸੰਗਤ ਨੂੰ ਕਿਸੇ ਤਰ੍ਹਾਂ ਦੀ ਦਿਕ<ਤ ਨਾ ਆਵੇ। ਉਨ੍ਹਾਂ ਕਿਹਾ ਕਿ ਕਮੇਟੀ ਦੀ ਪੂਰੀ ਕੋਸ਼ਿਸ਼ ਰਹੇਗੀ ਕਿ ਡੇਢ ਸਾਲ ਦੇ ਅੰਦਰ ਇਹ ਸਰਾਇ ਤਿਆਰ ਹੋ ਜਾਵੇ। ਉਨ੍ਹਾਂ ਇਹ ਵੀ ਦੱਸਿਆ ਕਿ ਹਾਲਾਂਕਿ ਸਰਾਇ ਵਿੱਚ ਕੋਈ ਵੀ ਸੰਗਤ ਰਹਿ ਸਕੇਗੀ, ਪਰ ਪਹਿਲ ਰਾਜੌਰੀ ਦੀ ਸੰਗਤ ਨੂੰ ਦਿੱਤੀ ਜਾਵੇਗੀ।ਇਸ ਮੌਕੇ 'ਤੇ ਗੁਰਦੁਆਰਾ ਸਾਹਿਬ ਦੇ ਕੈਸ਼ੀਅਰ ਪ੍ਰੀਤ ਪ੍ਰਤਾਪ ਸਿੰਘ, ਹਰਜੀਤ ਸਿੰਘ ਰਾਜਾ ਬਖ਼ਸ਼ੀ, ਸੁੰਦਰ ਸਿੰਘ ਨਾਰੰਗ, ਪੁਨੀਤ ਸਿੰਘ, ਮੰਜੀਤ ਸਿੰਘ ਕੋਚਰ ਸਮੇਤ ਕਈ ਹੋਰ ਗਣਮਾਨਯ ਵਿਅਕਤੀ ਮੌਜੂਦ ਰਹੇ।

# ਸ਼੍ਰੋਮਣੀ ਕਮੇਟੀ ਨੇ ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੁਸਾਇਟੀ ਨੂੰ ਦਿੱਤੀ 15 ਲੱਖ ਰੁਪਏ ਦੀ ਸਹਾਇਤਾ



ਅੰਮ੍ਰਿਤਸਰ, 10 ਮਾਰਚ(ਗੁਰਦਿਆਲ ਸਿੰਘ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਨੂੰ 15 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦਾ ਚੈੱਕ ਅੱਜ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੁਸਾਇਟੀ ਦੇ ਨੁਮਾਇੰਦਿਆਂ ਨੂੰ ਸੌਂਪਿਆ। ਜ਼ਿਕਰਯੋਗ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ਹਰ ਸਾਲ ਪਿੰਗਲਵਾੜਾ ਚੈਰੀਟੇਬਲ ਸੁਸਾਇਟੀ ਨੂੰ ਮਾਲੀ ਸਹਿਯੋਗ ਕੀਤਾ ਜਾਂਦਾ ਹੈ। ਐਡਵੋਕੇਟ ਧਾਮੀ ਨੇ ਦੱਸਿਆ ਕਿ ਭਗਤ ਪੂਰਨ ਸਿੰਘ ਨੇ ਮਨੁੱਖਤਾ ਦੀ ਭਲਾਈ ਲਈ ਲਾਮਿਸਾਲ ਸੇਵਾ ਕੀਤੀ ਹੈ, ਜਿਨ੍ਹਾਂ ਦੀ ਸੋਚ ਨੂੰ ਪਿੰਗਲਵਾੜਾ ਸੁਸਾਇਟੀ ਵੱਲੋਂ ਅੱਗੇ ਵਧਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਮਨੁੱਖਤਾ ਦੀ ਭਲਾਈ ਲਈ ਕੀਤੇ ਜਾਂਦੇ ਕਾਰਜਾਂ ਲਈ ਹਮੇਸ਼ਾ ਮੋਹਰੀ ਭੂਮਿਕਾ ਨਿਭਾਉਂਦੀ ਹੈ। ਉਨ੍ਹਾਂ ਕਿਹਾ ਕਿ ਅੰਤ੍ਰਿੰਗ ਕਮੇਟੀ ਵੱਲੋਂ ਕੀਤੇ ਫੈਸਲੇ ਅਨੁਸਾਰ ਸ਼੍ਰੋਮਣੀ ਕਮੇਟੀ ਵੱਲੋਂ ਪਿੰਗਲਵਾੜਾ ਚੈਰੀਟੇਬਲ ਸੁਸਾਇਟੀ ਵੱਲੋਂ ਕੀਤੇ ਜਾ ਰਹੇ ਸੇਵਾ ਕਾਰਜਾਂ ਲਈ ਹਰ ਸਾਲ 15 ਲੱਖ ਰੁਪਏ ਸਹਾਇਤਾ ਦਿੱਤੀ ਜਾਂਦੀ ਹੈ। ਇਸੇ ਤਹਿਤ ਹੀ ਅੱਜ ਇਹ ਰਾਸ਼ੀ ਪ੍ਰਬੰਧਕਾਂ ਨੂੰ ਸੌਂਪੀ ਗਈ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਸੁਰਜੀਤ ਸਿੰਘ ਰਾਏਪੁਰ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਸਮੇਤ ਹੋਰ ਹਾਜ਼ਰ ਸਨ।

# ਖ਼ਾਲਸਾ ਮਾਰਚ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਤੋਂ ਅਗਲੇ ਪੜਾਅ ਪਹੂਵਿੰਡ ਲਈ ਰਵਾਨਾ



ਅੰਮ੍ਰਿਤਸਰ, 10 ਮਾਰਚ(ਗੁਰਦਿਆਲ ਸਿੰਘ) : ਸ਼ਹੀਦ ਭਾਈ ਤਾਰਾ ਸਿੰਘ ਜੀ ਦੀ 300 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ 'ਗੁਰਸਿਖਾ ਇਕੋ ਪਿਆਰ ਗੁਰਮਿਤਾ ਪੁਤਾ ਭਾਈਆ' ਨਾਮ ਹੇਠ ਆਰੰਭ ਹੋਇਆ ਖ਼ਾਲਸਾ ਮਾਰਚ ਅੱਜ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਤੋਂ ਅਗਲੇ ਪੜਾਅ ਪਹੂਵਿੰਡ ਲਈ ਰਵਾਨਾ ਹੋਇਆ। ਨਗਰ ਕੀਰਤਨ ਦੀ ਰਵਾਨਗੀ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ। ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਵਿਖੇ ਸਜਾਏ ਗਏ ਧਾਰਮਿਕ ਦੀਵਾਨ ਮੌਕੇ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ ਅਤੇ ਮੁੱਖ ਗ੍ਰੰਥੀ ਗਿਆਨੀ ਨਿਸ਼ਾਨ ਸਿੰਘ ਗੰਡੀਵਿੰਡ ਨੇ ਸੰਗਤ ਨੂੰ ਗੁਰ-ਇਤਿਹਾਸ ਨਾਲ ਜੋੜਿਆ। ਇਸ ਦੌਰਾਨ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਸਿੰਘਾਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਿਰੋਪਾਓ ਦੇ ਸਨਮਾਨਿਤ ਕੀਤਾ। ਇਹ ਖ਼ਾਲਸਾ ਮਾਰਚ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਤੋਂ ਚੱਲ ਕੇ ਬਘਿਆੜੀ ਮੋੜ, ਝਬਾਲ ਅੱਡਾ, ਪੰਜਵੜ, ਗੱਗੋਬੂਆ, ਮੂਸੇ, ਛਿਛਰੇਵਾਲ, ਸੁਰਸਿੰਘ, ਸਿੰਘਪੁਰਾ, ਭਿੱਖੀਵਿੰਡ ਤੋਂ ਹੁੰਦਾ ਹੋਇਆ ਪਿੰਡ ਪਹੂਵਿੰਡ ਵਿਖੇ ਰਾਤ ਦਾ ਵਿਸ਼ਰਾਮ ਕਰੇਗਾ। ਰਸਤੇ ਵਿਚ ਵੱਖ-ਵੱਖ ਪੜਾਵਾਂ 'ਤੇ ਖਾਲਸਾ ਮਾਰਚ ਦਾ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਨਗਰ ਕੀਰਤਨ ਦੀ ਰਵਾਨਗੀ ਮੌਕੇ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਬਿਜੈ ਸਿੰਘ, ਹੈੱਡ ਗ੍ਰੰਥੀ ਭਾਈ ਨਿਸ਼ਾਨ ਸਿੰਘ ਗੰਡੀਵਿੰਡ, ਬੀੜ ਬਾਬਾ ਬੁੱਢਾ ਸਾਹਿਬ ਦੇ ਮੈਨੇਜਰ ਸ. ਧਰਮਿੰਦਰ ਸਿੰਘ, ਸਾਬਕਾ ਮੀਤ ਸਕੱਤਰ ਸ. ਪਰਮਜੀਤ ਸਿੰਘ ਮੁੰਡਾਪਿੰਡ, ਪ੍ਰਿੰਸੀਪਲ ਬੀਬੀ ਮਨਜੀਤ ਕੌਰ, ਅਕਾਲੀ ਆਗੂ ਬੀਬੀ ਕੰਚਨਪ੍ਰੀਤ ਕੌਰ, ਸ. ਦਿਲਬਾਗ ਸਿੰਘ, ਸ. ਅਮਰਬੀਰ ਸਿੰਘ, ਸ. ਹਰਵੰਤ ਸਿੰਘ ਝਬਾਲ, ਸ. ਗੁਰਬੀਰ ਸਿੰਘ, ਸ. ਕਸ਼ਮੀਰ ਸਿੰਘ, ਸ. ਬਲਕਾਰ ਸਿੰਘ, ਸ. ਬਲਵਿੰਦਰ ਸਿੰਘ ਸਮੇਤ ਸੰਗਤਾਂ ਮੌਜੂਦ ਸਨ।

# ਬੇਅਦਬੀਆਂ ਸਬੰਧੀ ਕਾਨੂੰਨ ਬਣਾਉਣ ਤੋਂ ਭੱਜ ਰਹੀ ਹੈ ਪੰਜਾਬ ਸਰਕਾਰ : ਬਾਪੂ ਤਰਸੇਮ ਸਿੰਘ



ਅੰਮ੍ਰਿਤਸਰ, 10 ਮਾਰਚ (ਬਬਲੂ ਮਹਾਜਨ) : ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਲਗਾਤਾਰ ਹੋ ਰਹੀਆਂ ਬੇਅਦਬੀਆਂ ਨੂੰ ਰੋਕਣ ਲਈ ਸਖ਼ਤ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਸਮਾਣਾ ਵਿਖੇ ਚੱਲ ਰਹੇ ਟਾਵਰ ਮੋਰਚੇ ਵਿੱਚ ਸ਼ਮੂਲੀਅਤ ਕਰਨ ਦਾ ਐਲਾਨ ਕੀਤਾ ਹੈ। ਪਾਰਟੀ ਦੇ ਪ੍ਰੈਸ ਸਕੱਤਰ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਜਾਰੀ ਪ੍ਰੈਸ ਨੋਟ ਰਾਹੀਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਪਿਤਾ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਸਰਪ੍ਰਸਤ ਬਾਪੂ ਤਰਸੇਮ ਸਿੰਘ ਨੇ ਕਿਹਾ ਕਿ 12 ਮਾਰਚ ਨੂੰ ਪਾਰਟੀ ਵਰਕਰਾਂ ਦਾ ਵੱਡਾ ਜੱਥਾ ਸਮਾਣਾ ਪਹੁੰਚ ਕੇ ਟਾਵਰ ਮੋਰਚੇ ਵਿੱਚ ਹਾਜ਼ਰੀ ਭਰੇਗਾ ਅਤੇ ਪੰਜਾਬ ਸਰਕਾਰ ਤੋਂ ਮੰਗ ਕਰੇਗਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੀਆਂ ਬੇਅਦਬੀਆਂ ਰੋਕਣ ਅਤੇ ਅਜਿਹੀਆਂ ਘਿਨੌਣੀਆਂ ਹਰਕਤਾਂ ਕਰਨ ਵਾਲੇ ਅਨਸਰਾਂ ਖ਼ਿਲਾਫ਼ ਸਖ਼ਤ ਕਾਰਵਾਈ ਯਕੀਨੀ ਬਣਾਉਣ ਲਈ ਤੁਰੰਤ ਪ੍ਰਭਾਵ ਨਾਲ ਮਜ਼ਬੂਤ ਅਤੇ ਸਪੱਸ਼ਟ ਕਾਨੂੰਨ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਸਮਾਣਾ ਵਿਖੇ ਚੱਲ ਰਹੇ ਮੋਰਚੇ ਵਿੱਚ ਸੰਗਤਾਂ ਵੱਲੋਂ ਉਠਾਈ ਜਾ ਰਹੀ ਮੰਗ ਪੂਰੀ ਤਰ੍ਹਾਂ ਜਾਇਜ਼ ਅਤੇ ਸਮੇਂ ਦੀ ਲੋੜ ਹੈ, ਪਰ ਇਸਦੇ ਬਾਵਜੂਦ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਇਸ ਗੰਭੀਰ ਮਾਮਲੇ ਤੇ ਆਪਣੀ ਜ਼ਿੰਮੇਵਾਰੀ ਤੋਂ ਕਦਮ ਪਿੱਛੇ ਖਿੱਚਦੀ ਨਜ਼ਰ ਆ ਰਹੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਨੇ ਚੋਣਾਂ ਦੌਰਾਨ ਬੇਅਦਬੀ ਦੇ ਮਾਮਲਿਆਂ ਸਬੰਧੀ ਸਖ਼ਤ ਕਾਨੂੰਨ ਬਣਾਉਣ ਦੇ ਵਾਅਦੇ ਕੀਤੇ ਸਨ, ਪਰ ਹੁਣ ਸੱਤਾ ਵਿੱਚ ਆਉਣ ਤੋਂ ਬਾਅਦ ਉਹਨਾਂ ਵਾਅਦਿਆਂ ਤੋਂ ਮੁਕਰਿਆ ਜਾ ਰਿਹਾ ਹੈ। ਬਾਪੂ ਤਰਸੇਮ ਸਿੰਘ ਨੇ ਕਿਹਾ ਕਿ ਪਿੰਡ ਸਠਿਆਲਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹੋਈ ਘੋਰ ਬੇਅਦਬੀ ਨੇ ਸਮੂਹ ਸਿੱਖ ਜਗਤ ਦੇ ਮਨ ਨੂੰ ਗਹਿਰਾ ਝਟਕਾ ਦਿੱਤਾ ਹੈ। ਅਜਿਹੀਆਂ ਦੁਖਦਾਈ ਘਟਨਾਵਾਂ ਨੂੰ ਰੋਕਣ ਲਈ ਸਰਕਾਰ ਦੀ ਢਿੱਲੀ ਕਾਰਗੁਜ਼ਾਰੀ ਬਿਲਕੁਲ ਕਬੂਲਯੋਗ ਨਹੀਂ ਹੈ। ਉਨ੍ਹਾਂ ਕਿਹਾ ਕਿ ਸਿੱਖ ਸੰਗਤਾਂ ਆਪਣੀ ਆਤਮਿਕ ਮਰਿਆਦਾ ਅਤੇ ਗੁਰੂ ਸਾਹਿਬ ਦੇ ਸਤਿਕਾਰ ਦੀ ਰੱਖਿਆ ਲਈ ਹਮੇਸ਼ਾਂ ਡਟ ਕੇ ਖੜੀਆਂ ਰਹੀਆਂ ਹਨ ਅਤੇ ਅਗਾਂਹ ਵੀ ਇਹ ਸੰਘਰਸ਼ ਪੂਰੀ ਦ੍ਰਿੜਤਾ ਨਾਲ ਜਾਰੀ ਰਹੇਗਾ। ਉਨ੍ਹਾਂ ਅੰਤ ਵਿੱਚ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਪੰਥਕ ਮਸਲਿਆਂ ਪ੍ਰਤੀ ਆਪਣੀ ਜ਼ਿੰਮੇਵਾਰੀ ਨੂੰ ਸਮਝਦਿਆਂ ਸਮਾਣਾ ਮੋਰਚੇ ਵਿੱਚ ਭਰਪੂਰ ਹਿੱਸਾ ਲੈ ਰਿਹਾ ਹੈ ਅਤੇ ਜਦ ਤੱਕ ਕਨੂੰਨ ਨਹੀਂ ਬਣਦਾ ਇਹ ਇਸੇ ਤਰ੍ਹਾਂ ਵੀ ਜਾਰੀ ਰਹੇਗਾ ਅਤੇ ਸਰਕਾਰ ਨੂੰ ਇਹ ਸੁਨੇਹਾ ਦੇਵੇਗਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਸਬੰਧੀ ਸਖ਼ਤ ਕਾਨੂੰਨ ਬਣਾਉਣ ਤੋਂ ਬਿਨਾਂ ਸੰਗਤਾਂ ਚੁੱਪ ਨਹੀਂ ਬੈਠਣਗੀਆਂ।

# ਤ੍ਰੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਵਿਖੇ ਡਾਟਾ ਸਾਇੰਸ ਵਿਸ਼ੇ 'ਤੇ ਸੈਮੀਨਾਰ

ਅੰਮ੍ਰਿਤਸਰ 10 ਮਾਰਚ (ਬਬਲੂ ਮਹਾਜਨ) :ਸਥਾਨਕ ਤ੍ਰੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ, ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਪੋਸਟ ਗ੍ਰੈਜੂਏਟ ਕੰਪਿਊਟਰ ਸਾਇੰਸ ਵਿਭਾਗ ਵੱਲੋਂ ਇੱਕ ਰੋਜ਼ਾ ਵਿਸ਼ੇਸ਼ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਹ ਸੈਮੀਨਾਰ ਸ. ਸੁਖਮਿੰਦਰ ਸਿੰਘ, ਸਕੱਤਰ ਵਿੱਦਿਆ ਦੇ ਆਦੇਸ਼ਾਂ ਅਨੁਸਾਰ ਅਤੇ ਕਾਲਜ ਪ੍ਰਿੰਸੀਪਲ ਡਾ. ਕੁਲਵਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਕਰਵਾਇਆ ਗਿਆ। ਇਸ ਸੈਮੀਨਾਰ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਅਜੋਕੇ ਸਮੇਂ ਦੀ ਸਭ ਤੋਂ ਮਹੱਤਵਪੂਰਨ ਤਕਨੀਕ ਆਰਟੀਫੀਸ਼ੀਅਲ ਇੰਟੈਲੀਜੈਂਸ (19) ਅਤੇ ਡਾਟਾ ਸਾਇੰਸ ਬਾਰੇ ਜਾਣਕਾਰੀ ਦੇਣਾ ਸੀ।ਸੈਮੀਨਾਰ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਕੰਪਿਊਟਰ ਸਾਇੰਸ ਵਿਭਾਗ ਤੋਂ ਡਾ. ਪਰਮਿੰਦਰ ਕੌਰ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ।

# ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਡਿਪਟੀ ਕਮਿਸ਼ਨਰ ਵੱਲੋਂ 33 ਮਹਿਲਾ ਬੀ.ਐਲ.ਓਜ਼ ਦਾ ਸਨਮਾਨ




ਅੰਮ੍ਰਿਤਸਰ,10 ਮਾਰਚ( ਬਬਲੂ ਮਹਾਜਨ) : ਅੰਤਰ-ਰਾਸ਼ਟਰੀ ਮਹਿਲਾ ਦਿਵਸ ਮੌਕੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ ਵੱਲੋਂ ਜ਼ਿਲ੍ਹਾ ਅੰਮ੍ਰਿਤਸਰ ਦੇ 11 ਵਿਧਾਨ ਸਭਾ ਹਲਕਿਆਂ ਵਿੱਚ ਆਪਣੀ ਡਿਊਟੀ ਨੂੰ ਇਮਾਨਦਾਰੀ, ਲਗਨ ਅਤੇ ਸਮਰਪਣ ਭਾਵਨਾ ਨਾਲ ਨਿਭਾਉਣ ਵਾਲੀਆਂ 33 ਮਹਿਲਾ ਬੂਥ ਲੈਵਲ ਅਫਸਰਾਂ (ਬੀ.ਐਲ.ਓ.) ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਬੀ.ਐੱਲ.ਓਜ਼. ਨੂੰ ਪ੍ਰਸ਼ੰਸਾ ਪੱਤਰ ਦੇ ਕੇ ਚੋਣ ਪ੍ਰਕਿਰਿਆ ਵਿੱਚ ਨਿਭਾਈਆਂ ਗਈਆਂ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ ਦੀ ਸਰਾਹਨਾ ਕੀਤੀ ਗਈ।ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਕਿਹਾ ਕਿ ਲੋਕਤੰਤਰ ਦੀ ਮਜ਼ਬੂਤੀ ਲਈ ਸਹੀ ਅਤੇ ਅਪਡੇਟ ਵੋਟਰ ਸੂਚੀ ਬਹੁਤ ਮਹੱਤਵਪੂਰਨ ਹੁੰਦੀ ਹੈ, ਜਿਸ ਵਿੱਚ ਬੀ.ਐਲ.ਓ. ਦੀ ਭੂਮਿਕਾ ਕੇਂਦਰੀ ਮਹੱਤਵ ਰੱਖਦੀ ਹੈ। ਉਨ੍ਹਾਂ ਬੀ.ਐਲ.ਓਜ ਨੂੰ ਚੋਣ ਪ੍ਰਕਿਰਿਆ ਦਾ ਅਹਿਮ ਧੁਰਾ ਆਖਦਿਆਂ ਕਿਹਾ ਕਿ ਮਹਿਲਾ ਬੀ.ਐਲ.ਓ. ਘਰ-ਘਰ ਜਾ ਕੇ ਯੋਗ ਵੋਟਰਾਂ ਦੀ ਸਨਾਖਤ ਕਰਦੀਆਂ ਹਨ ਅਤੇ ਨਵੇਂ ਵੋਟਰਾਂ ਦੀ ਰਜਿਸਟ੍ਰੇਸ਼ਨ ਅਤੇ ਸੋਧ ਕਰਕੇ ਚੋਣ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਸੁਚਾਰੂ ਬਣਾਉਣ ਵਿੱਚ ਅਹਿਮ ਯੋਗਦਾਨ ਪਾ ਰਹੀਆਂ ਹਨ।ਡਿਪਟੀ ਕਮਿਸ਼ਨਰ ਨੇ ਮਹਿਲਾ ਬੀ.ਐਲ.ਓ. ਵੱਲੋਂ ਨਿਭਾਈਆਂ ਜਾ ਰਹੀਆਂ ਸੇਵਾਵਾਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਸਮਰਪਿਤ ਕਾਰਗੁਜ਼ਾਰੀ ਹੋਰ ਕਰਮਚਾਰੀਆਂ ਲਈ ਵੀ ਪ੍ਰੇਰਣਾ ਦਾ ਸਰੋਤ ਹੈ। ਡਿਪਟੀ ਕਮਿਸ਼ਨਰ ਨੇ ਸਨਮਾਨਿਤ ਕੀਤੀਆਂ ਮਹਿਲਾ ਬੀ.ਐਲ.ਓ. ਨਾਲ ਗੱਲਬਾਤ ਵੀ ਕੀਤੀ ਅਤੇ ਉਨ੍ਹਾਂ ਤੋਂ ਡਿਊਟੀ ਦੌਰਾਨ ਆ ਰਹੀਆਂ ਮੁਸ਼ਕਲਾਂ ਬਾਰੇ ਜਾਣਕਾਰੀ ਲੈਂਦਿਆਂ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਜੇਕਰ ਡਿਊਟੀ ਨਿਭਾਉਂਦੇ ਸਮੇਂ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਆਉਂਦੀ ਹੈ ਤਾਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉਸਦਾ ਤੁਰੰਤ ਹੱਲ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਨੇ ਸਨਮਾਨਿਤ ਕੀਤੀਆਂ ਮਹਿਲਾ ਬੀ.ਐਲ.ਓ. ਨੂੰ ਵਧਾਈ ਦਿੰਦਿਆਂ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਨਿਸ਼ਠਾ ਅਤੇ ਸਮਰਪਣ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ-ਕਮ-ਜ਼ਿਲ੍ਹਾ ਸਵੀਪ ਨੋਡਲ ਅਫਸਰ ਸ਼੍ਰੀ ਰਾਜੇਸ਼ ਸ਼ਰਮਾ, ਚੋਣ ਤਹਿਸੀਲਦਾਰ ਸ਼੍ਰੀ ਇੰਦਰਜੀਤ ਸਿੰਘ, ਚੋਣ ਕਾਨੂੰਨਗੋ ਸ਼੍ਰੀ ਰਜਿੰਦਰ ਸਿੰਘ, ਸਵੀਪ ਇੰਚਾਰਜ ਸੌਰਵ ਖੋਸਲਾ, ਸ਼੍ਰੀ ਰਾਜ ਕੁਮਾਰ ਅਤੇ ਪੰਕਜ ਕੁਮਾਰ ਵੀ ਹਾਜਰ ਸਨ।

# ਸਿਹਤ ਯੋਜਨਾ ਦੇ ਕਾਰਡ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਨੇ ਵਿਸ਼ੇਸ਼ ਮੁਹਿੰਮ ਚਲਾਈ

ਅੰਮ੍ਰਿਤਸਰ, 10 ਮਾਰਚ ( ਬਬਲੂ ਮਹਾਜਨ) : ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਬਣਾਉਣ ਲਈ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਿੰਡਾਂ ਅਤੇ ਸ਼ਹਿਰਾਂ ਵਿੱਚ 58 ਸੁਵਿਧਾ ਕੈਂਪ ਲਗਾਏ ਗਏ ਹਨ। ਇਸ ਤੋਂ ਇਲਾਵਾ ਜ਼ਿਲ੍ਹੇ ਵਿੱਚ 544 ਕਾਮਨ ਸੈਂਟਰਾਂ ਵਿੱਚ ਵੀ ਇਹ ਕਾਰਡ ਬਣਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਸਾਰੇ ਡਵੀਜ਼ਨਲ ਅਤੇ ਸਬ ਡਵੀਜ਼ਨਲ ਹਸਪਤਾਲਾਂ ਵਿੱਚ ਵੀ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਬਣਾਏ ਜਾ ਰਹੇ ਹਨ ਅਤੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਅੰਮ੍ਰਿਤਸਰ ਵਿਖੇ ਸਥਿਤ ਸੇਵਾ ਕੇਂਦਰ ਵਿੱਚ ਵੀ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਬਣਾਉਣ ਦੀ ਸਹੂਲਤ ਦਿੱਤੀ ਗਈ ਹੈ।ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਸੂਬੇ ਦੇ ਹਰ ਪਰਿਵਾਰ ਨੂੰ ਸਲਾਨਾ 10 ਲੱਖ ਰੁਪਏ ਦੇ ਮੁਫ਼ਤ ਇਲਾਜ ਦੀ ਸਹੂਲਤ ਮਿਲੇਗੀ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਲਾਭਪਾਤਰੀ ਸਰਕਾਰੀ ਹਸਪਤਾਲਾਂ ਦੇ ਨਾਲ ਨਾਮੀ ਪ੍ਰਾਈਵੇਟ ਹਸਪਤਾਲਾਂ ਵਿੱਚ ਵੀ ਆਪਣਾ ਮੁਫ਼ਤ ਇਲਾਜ ਕਰਵਾ ਸਕਣਗੇ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ 89 ਨਾਮੀਗ੍ਰਾਮੀ ਹਸਪਤਾਲ ਮੁਫ਼ਤ ਇਲਾਜ ਲਈ ਸੂਚੀਬੱਧ ਕੀਤੇ ਗਏ ਹਨ। ਇਨਾਂ ਸੂਚੀਬੱਧ ਸੰਸਥਾਵਾਂ ਵਿਚੋਂ ਕਿਸੇ ਵੀ ਸੰਸਥਾਨ ਵਿਚੋਂ ਲਾਭਪਾਤਰੀ ਆਪਣਾ ਮੁਫ਼ਤ ਇਲਾਜ ਕਰਵਾ ਸਕਦੇ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਦਾ ਕਾਰਡ ਬਣਾਉਣ ਲਈ ਪਰਿਵਾਰ ਦੇ ਘੱਟੋ-ਘੱਟ ਦੋ ਮੈਂਬਰਾਂ ਦਾ ਇਕੱਠੇ ਜਾਣਾ ਜ਼ਰੂਰੀ ਹੈ, ਜਿਹੜਾ ਮੈਂਬਰ 18 ਸਾਲ ਤੋਂ ਘੱਟ ਹੈ, ਉਸ ਨੂੰ ਆਪਣਾ ਜਨਮ ਸਰਟੀਫਿਕੇਟ, ਆਧਾਰ ਕਾਰਡ ਨਾਲ ਲੈ ਕੇ ਜਾਣਾ ਜ਼ਰੂਰੀ ਹੈ ਅਤੇ ਜਿਹੜਾ ਮੈਂਬਰ 18 ਸਾਲ ਤੋਂ ਉੱਤੇ ਹੈ ਉਸ ਨੂੰ ਆਪਣਾ ਵੋਟਰ ਕਾਰਡ ਅਤੇ ਆਧਾਰ ਕਾਰਡ ਲੈ ਕੇ ਜਾਣਾ ਜ਼ਰੂਰੀ ਹੈ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸਿਹਤ ਬੀਮਾ ਯੋਜਨਾ ਦਾ ਕਾਰਡ ਜਰੂਰ ਬਣਾਉਣ ਤਾਂ ਜੋ ਕਿਸੇ ਮੁਸ਼ਕਿਲ ਵੇਲੇ ਉਹਨਾਂ ਦੇ ਕੰਮ ਆ ਸਕੇ। ਉਨ੍ਹਾਂ ਕਾਰਡ ਬਣਾਉਣ ਦੇ ਕੰਮ ਵਿੱਚ ਲੱਗੇ ਸਾਰੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਖੁਦ ਇਸ ਕੰਮ ਦੀ ਨਿਗਰਾਨੀ ਕਰਨ ਅਤੇ ਲੋਕਾਂ ਨੂੰ ਸਿਹਤ ਬੀਮਾ ਯੋਜਨਾ ਕਾਰਡ ਬਣਾਉਣ ਵਿੱਚ ਕਿਸੇ ਕਿਸਮ ਦੀ ਮੁਸ਼ਕਿਲ ਪੇਸ਼ ਨਾ ਆਉਣ ਦਿੱਤੀ ਜਾਵੇ।

ਚੜ੍ਹਦੀਕਲਾ
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ।
ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

# ਲੋਕ ਸਭਾ 'ਚ ਸਪੀਕਰ ਓਮ ਬਿਰਲਾ ਵਿਰੁੱਧ ਬੇਭਰੋਸਗੀ ਮਤਾ ਪੇਸ਼



ਨਵੀਂ ਦਿੱਲੀ, 10 ਮਾਰਚ (ਚ.ਨ.ਸ.):ਲੋਕ ਸਭਾ ਵਿੱਚ ਸਪੀਕਰ ਓਮ ਬਿਰਲਾ ਵਿਰੁੱਧ ਬੇਭਰੋਸਗੀ ਮਤਾ ਪੇਸ਼ ਕੀਤਾ ਗਿਆ। 50 ਤੋਂ ਵੱਧ ਸੰਸਦ ਮੈਂਬਰਾਂ ਨੇ ਉਨ੍ਹਾਂ ਨੂੰ ਅਹੁਦੇ ਤੋਂ ਹਟਾਉਣ ਦੇ ਮਤੇ ਦੇ ਹੱਕ ਵਿੱਚ ਵੋਟ ਦਿੱਤੀ। ਫਿਰ ਪ੍ਰਧਾਨ ਅਧਿਕਾਰੀ ਨੇ ਮਤਾ ਪੇਸ਼ ਕਰਨ ਦੀ ਇਜਾਜ਼ਤ ਦੇ ਦਿੱਤੀ।

ਪ੍ਰਸਤਾਵ 'ਤੇ ਹੁਣ 10 ਘੰਟੇ ਚਰਚਾ ਕੀਤੀ ਜਾਵੇਗੀ। ਵਿਰੋਧੀ ਧਿਰ ਨੇ ਓਮ ਬਿਰਲਾ 'ਤੇ ਸਦਨ ਦੀ ਕਾਰਵਾਈ ਵਿੱਚ ਪੱਖਪਾਤ ਕਰਨ ਦਾ ਦੋਸ਼ ਲਗਾਇਆ ਹੈ। ਇਹ ਮਤਾ ਬਿਹਾਰ ਦੇ ਕਿਸ਼ਨਗੰਜ ਤੋਂ ਕਾਂਗਰਸ ਸੰਸਦ ਮੈਂਬਰ ਮੁਹੰਮਦ ਜਾਵੇਦ ਦੁਆਰਾ ਪੇਸ਼ ਕੀਤਾ ਗਿਆ ਸੀ। 118 ਤੋਂ ਵੱਧ ਵਿਰੋਧੀ ਸੰਸਦ ਮੈਂਬਰਾਂ ਨੇ ਮਤੇ ਦਾ ਸਮਰਥਨ ਕੀਤਾ। 50 ਤੋਂ ਵੱਧ ਸੰਸਦ ਮੈਂਬਰਾਂ ਨੇ ਸਪੀਕਰ ਦੇ ਹੱਕ ਵਿੱਚ ਵੋਟ ਪਾਈ। ਸਦਨ ਵਿੱਚ ਬੇਭਰੋਸਗੀ ਮਤੇ 'ਤੇ ਚਰਚਾ ਦੌਰਾਨ, ਭਾਜਪਾ ਸੰਸਦ ਮੈਂਬਰ ਜਗਦੰਬਿਕਾ ਪਾਲ ਨੇ ਓਮ ਬਿਰਲਾ ਦੀ ਥਾਂ ਸਪੀਕਰ ਦੀ ਭੂਮਿਕਾ ਨਿਭਾਈ।

ਕਾਂਗਰਸ ਸੰਸਦ ਮੈਂਬਰ ਗੌਰਵ ਗੋਗੋਈ ਨੇ ਵਿਰੋਧੀ ਧਿਰ ਵੱਲੋਂ ਬਹਿਸ ਸ਼ੁਰੂ ਕੀਤੀ। ਉਨ੍ਹਾਂ ਲੋਕ ਸਭਾ ਸਪੀਕਰ 'ਤੇ ਭੇਦਭਾਵ ਦਾ ਦੋਸ਼ ਲਗਾਇਆ। ਉਨ੍ਹਾਂ ਜ਼ਿਕਰ ਕੀਤਾ ਕਿ ਬਜਟ ਸੈਸ਼ਨ ਦੌਰਾਨ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੂੰ 20 ਤੋਂ ਵੱਧ ਵਾਰ ਰੋਕਿਆ ਗਿਆ। ਗੋਗੋਈ ਨੇ ਕਿਹਾ, 'ਰਾਹੁਲ ਗਾਂਧੀ ਨੂੰ ਵਾਰ-ਵਾਰ ਰੋਕਿਆ ਗਿਆ।'

ਸੱਤਾਧਾਰੀ ਕਿਤਾਬ ਦਿਖਾਈ ਗਈ, ਪਰ ਜਦੋਂ ਸੱਤਾਧਾਰੀ ਪਾਰਟੀ ਦੇ ਸੰਸਦ ਮੈਂਬਰਾਂ ਨੂੰ ਪਾਬੰਦੀਸ਼ੁਦਾ ਕਿਤਾਬਾਂ ਦਿਖਾਈਆਂ ਗਈਆਂ ਤਾਂ ਕੁਝ ਨਹੀਂ ਕਿਹਾ ਗਿਆ। ਉਨ੍ਹਾਂ ਅੱਗੇ ਕਿਹਾ ਕਿ 2 ਫਰਵਰੀ ਨੂੰ ਰਾਹੁਲ ਗਾਂਧੀ ਦੇ ਭਾਸ਼ਣ ਦੌਰਾਨ, ਉਨ੍ਹਾਂ ਨੂੰ ਸਬੂਤਾਂ ਦੀ ਮੰਗ ਕਰਕੇ ਰੋਕਿਆ ਗਿਆ ਸੀ।

ਸਦਨ ਦੀ ਕਾਰਵਾਈ ਦੌਰਾਨ ਵਿਰੋਧੀ ਧਿਰ ਨੂੰ ਚੁੱਪ ਕਰਾਉਣ ਲਈ ਮਾਈਕ੍ਰੋਫੋਨ ਨੂੰ ਇੱਕ ਹਥਿਆਰ ਵਜੋਂ ਵਰਤਿਆ ਜਾ ਰਿਹਾ ਹੈ। ਇਹ ਅਵਿਸ਼ਵਾਸ ਪ੍ਰਸਤਾਵ ਸਪੀਕਰ ਨੂੰ ਨਿੱਜੀ ਤੌਰ 'ਤੇ ਨਿਸ਼ਾਨਾ ਬਣਾਉਣ ਲਈ ਨਹੀਂ ਹੈ, ਸਗੋਂ ਸੰਸਦ ਅਤੇ ਸੰਵਿਧਾਨ ਦੀ ਮਰਿਆਦਾ ਦੀ ਰੱਖਿਆ ਲਈ ਹੈ।

# ਸੂਬੇ ਦੇ ਲੋਕਾਂ ਨਾਲ ਕੀਤਾ ਹਰ ਵਾਅਦਾ ਨਿਭਾਇਆ ਅਤੇ ਭਵਿੱਖ 'ਚ ਵੀ ਨਿਭਾਵਾਂਗੇ: ਭਗਵੰਤ ਸਿੰਘ ਮਾਨ

ਜਲੰਧਰ, 10 ਮਾਰਚ (ਚ.ਨ.ਸ.): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਐਲਾਨ ਕੀਤਾ ਕਿ 'ਆਪ' ਦੀ ਪੰਜਾਬ ਸਰਕਾਰ ਨੇ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕੀਤਾ ਹੈ ਅਤੇ ਆਉਣ ਵਾਲੇ ਸਾਲਾਂ ਵਿੱਚ ਹਰ ਵਾਅਦੇ ਦਾ ਸਨਮਾਨ ਕਰਦੇ ਰਹਿਣਾ ਇਸੇ ਤਰ੍ਹਾਂ ਜਾਰੀ ਰਹੇਗਾ ਜੋ ਕਿ 'ਆਪ' ਸਰਕਾਰ ਦਾ ਇੱਕੋ- ਇੱਕ ਏਜੰਡਾ ਹੈ ਤਾਂ ਜੋ ਸੂਬੇ ਦੇ ਲੋਕਾਂ ਲਈ ਤਰੱਕੀ ਅਤੇ ਖੁਸ਼ਹਾਲੀ ਵਾਲਾ ਰੰਗਲਾ ਪੰਜਾਬ ਬਣਾਇਆ ਜਾ ਸਕੇ।

ਜਲੰਧਰ ਵਿੱਚ ਹੁਸ਼ਿਆਰਪੁਰ ਦੇ ਲੋਕਾਂ ਨਾਲ 'ਲੋਕ ਮਿਲਣੀ' ਦੌਰਾਨ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਜਨਤਕ ਗੱਲਬਾਤ ਲੋਕਾਂ ਦੀਆਂ ਸ਼ਿਕਾਇਤਾਂ ਨੂੰ ਸਿੱਧੇ ਤੌਰ 'ਤੇ ਹੱਲ ਕਰਨ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਬਿਨਾਂ ਦੇਰੀ ਦੇ ਨਿਪਟਾਉਣ ਲਈ ਪ੍ਰਭਾਵਸ਼ਾਲੀ ਢੰਗ ਵਜੋਂ ਉੱਭਰ ਰਹੀ ਹੈ।

ਪੰਜਾਬ ਸਰਕਾਰ ਵੱਲੋਂ ਲਏ ਗਏ ਲੋਕ-ਪੱਖੀ ਫੈਸਲਿਆਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਵਰਗੀਆਂ ਪਹਿਲਕਦਮੀਆਂ 'ਤੇ ਚਾਨਣਾ ਪਾਇਆ ਜਿਸ ਤਹਿਤ ਔਰਤਾਂ ਨੂੰ 1000 ਤੋਂ 1500 ਰੁਪਏ ਪ੍ਰਤੀ ਮਹੀਨਾ ਸਹਾਇਤਾ ਪ੍ਰਦਾਨ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੀ ਮੇਰੀ ਰਸੋਈ ਯੋਜਨਾ ਤਹਿਤ 40 ਲੱਖ ਪਰਿਵਾਰਾਂ ਨੂੰ ਰਾਸ਼ਟਰੀ ਖੁਰਾਕ




ਸੁਰੱਖਿਆ ਐਕਟ ਅਧੀਨ ਕਣਕ ਤੋਂ ਇਲਾਵਾ ਮੁਫ਼ਤ ਰਸਦ ਕਿੱਟਾਂ ਪ੍ਰਾਪਤ ਹੋਣਗੀਆਂ। ਮੁੱਖ ਮੰਤਰੀ ਨੇ ਕਿਹਾ ਕਿ ਬੇਰੁਜ਼ਗਾਰੀ ਨਾਲ ਨਜਿੱਠਣ ਲਈ ਯੋਜਨਾਬੱਧ ਯਤਨਾਂ ਦੇ ਹਿੱਸੇ ਵਜੋਂ ਨੌਜਵਾਨਾਂ ਨੂੰ 63000 ਤੋਂ ਵੱਧ ਸਰਕਾਰੀ ਨੌਕਰੀਆਂ ਦੀ ਪਾਰਦਰਸ਼ੀ ਵਿਵਸਥਾ ਕੀਤੀ ਗਈ ਹੈ। ਲੋਕ ਮਿਲਣੀ ਦੌਰਾਨ ਹੁਸ਼ਿਆਰਪੁਰ ਜ਼ਿਲ੍ਹੇ ਦੇ ਵਸਨੀਕਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਲੋਕ ਮਿਲਣੀ ਇਕ ਵਿਲੱਖਣ ਪਹਿਲ ਹੈ ਜੋ ਸਰਕਾਰ ਨੂੰ ਲੋਕਾਂ ਨਾਲ ਸਿੱਧੇ ਤੌਰ 'ਤੇ ਗੱਲਬਾਤ ਕਰਨ ਅਤੇ ਉਨ੍ਹਾਂ ਦੇ ਮੁੱਦਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨਿਪਟਾਉਣ ਦੀ ਸਹੂਲਤ ਦਿੰਦੀ ਹੈ। ਮੁੱਖ ਮੰਤਰੀ ਨੇ ਕਿਹਾ," ਪੁਲਿਸ ਅਤੇ ਸਿਵਲ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀਆਂ ਦੀ ਮੌਜੂਦਗੀ ਨੂੰ ਇਹ ਯਕੀਨੀ ਬਣਾਇਆ ਜਾਂਦਾ ਹੈ ਕਿ ਲੋਕਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕੀਤਾ ਜਾਵੇ"।

ਮੁੱਖ ਮੰਤਰੀ ਨੇ ਕਿਹਾ," ਇਸ ਕਵਾਇਦ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਲੋਕਾਂ ਦੀਆਂ ਸ਼ਿਕਾਇਤਾਂ ਦਾ ਜਲਦ ਨਿਪਟਾਰਾ ਕੀਤਾ ਜਾਵੇ ਅਤੇ ਨਾਗਰਿਕ ਸੇਵਾਵਾਂ ਉਨ੍ਹਾਂ ਦੇ ਦਰ 'ਤੇ ਪਹੁੰਚਣ। ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਸੁਪਰਡੈਂਟਾਂ ਨੂੰ ਇਹ ਯਕੀਨੀ (ਬਾਕੀ ਸਫਾ 11 'ਤੇ)

## 'ਪੰਜਾਬ 'ਚੋਂ ਅਨਪੜ੍ਹਤਾ, ਨਸ਼ੇ ਤੇ ਬੇਰੁਜ਼ਗਾਰੀ ਦਾ ਸਫ਼ਾਇਆ 'ਆਪ' ਸਰਕਾਰ ਦੀ ਪ੍ਰਮੁੱਖ ਤਰਜੀਹ'

ਆਦਮਪੁਰ, 10 ਮਾਰਚ (ਚ.ਨ.ਸ.):ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਦੀ ਸਰਕਾਰ ਸੂਬੇ ਵਿੱਚ ਸਿੱਖਿਆ, ਰੁਜ਼ਗਾਰ ਅਤੇ ਨਸ਼ਿਆਂ ਵਿਰੁੱਧ ਲੜਾਈ ਨੂੰ ਤਰਜੀਹ ਦਿੰਦਿਆਂ ਆਮ ਲੋਕਾਂ ਲਈ ਭਲਾਈ ਸਬੰਧੀ ਨੀਤੀਆਂ 'ਤੇ ਧਿਆਨ ਕੇਂਦਰਿਤ ਕਰ ਰਹੀ ਹੈ। ਆਦਮਪੁਰ ਦੇ ਗਾਜ਼ੀਪੁਰ ਮੁਹੱਲਾ ਵਿਖੇ ਲੋਕਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਸੂਬਾ ਸਰਕਾਰ ਦੀਆਂ ਮੁਫ਼ਤ ਬਿਜਲੀ ਅਤੇ ਸਿਹਤ ਸੰਭਾਲ ਯੋਜਨਾਵਾਂ ਤੋਂ ਲੈ ਕੇ ਰੁਜ਼ਗਾਰ ਉਤਪਤੀ ਅਤੇ ਨਸ਼ਾ ਵਿਰੋਧੀ ਮੁਹਿੰਮ ਤੱਕ ਦੀਆਂ ਪਹਿਲਕਦਮੀਆਂ ਬਾਰੇ ਜਾਣਕਾਰੀ ਦਿੱਤੀ। ਨਾਲ ਹੀ ਪਿਛਲੀਆਂ ਸਰਕਾਰਾਂ ਵੱਲੋਂ ਲੋਕ ਭਲਾਈ ਅਤੇ ਪੰਜਾਬ ਦੇ ਨੌਜਵਾਨਾਂ ਦੇ ਭਵਿੱਖ ਨੂੰ ਨਜ਼ਰਅੰਦਾਜ਼ ਕਰਨ ਦੀ ਤਿੱਖੀ ਆਲੋਚਨਾ ਵੀ ਕੀਤੀ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਆਮ ਆਦਮੀ ਕਦੇ ਵੀ ਇਨ੍ਹਾਂ ਪਾਰਟੀਆਂ ਦੇ ਏਜੰਡੇ 'ਤੇ ਨਹੀਂ ਸੀ ਕਿਉਂਕਿ ਉਨ੍ਹਾਂ ਨੇ ਸਿਰਫ਼ ਅਮੀਰਾਂ ਦੇ ਹਿੱਤਾਂ ਦੀ ਰਾਖੀ ਕੀਤੀ। ਉਨ੍ਹਾਂ ਕਿਹਾ ਕਿ ਆਮ ਆਦਮੀ ਨੂੰ ਰਾਸ਼ਟਰੀ ਰਾਜਨੀਤੀ ਦੇ ਕੇਂਦਰ ਵਿੱਚ ਲਿਆਉਣ ਦਾ ਸਿਹਰਾ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੂੰ ਜਾਂਦਾ ਹੈ ਅਤੇ ਹੁਣ ਪੰਜਾਬ ਸਰਕਾਰ ਆਮ ਆਦਮੀ ਦੀ ਭਲਾਈ ਲਈ ਕਈ ਨਵੀਆਂ ਪਹਿਲਕਦਮੀਆਂ ਕਰ ਰਹੀ ਹੈ।

ਸ਼ਾਸਨ ਸਬੰਧੀ ਮੁੱਖ ਪਹਿਲਕਦਮੀਆਂ ਦਾ ਜ਼ਿਕਰ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਆਪ ਸਰਕਾਰ ਜਾਣਦੀ ਹੈ ਕਿ ਫੰਡ ਕਿਵੇਂ ਪੈਦਾ ਕਰਨੇ ਹਨ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਵਰਤਣੇ ਕਿਵੇਂ ਹਨ।ਅੱਜ ਥਰਮਲ ਪਲਾਂਟ ਖਰੀਦੇ ਜਾ ਰਹੇ ਹਨ, ਬਿਜਲੀ ਮੁਫ਼ਤ ਦਿੱਤੀ ਜਾ ਰਹੀ ਹੈ, ਨਹਿਰਾਂ ਦੇ ਟੇਲਾਂ ਤੱਕ ਪਾਣੀ ਪਹੁੰਚਾਇਆ ਜਾ ਰਿਹਾ ਹੈ, ਕਿਸਾਨਾਂ ਨੂੰ ਬਿਜਲੀ ਸਪਲਾਈ ਮਿਲ ਰਹੀ ਹੈ ਅਤੇ ਆਮ ਆਦਮੀ ਦੀ ਭਲਾਈ ਲਈ ਬਿਜਲੀ ਦੇ ਟੈਰਿਫ ਘਟਾਏ ਜਾ ਰਹੇ ਹਨ। (ਬਾਕੀ ਸਫਾ 11 'ਤੇ)

## ਮੱਧ ਪੂਰਬ ਤਣਾਅ ਵਿਚਾਲੇ ਵੱਡਾ ਫ਼ੈਸਲਾ
# ਕੇਂਦਰ ਵੱਲੋਂ ਦੇਸ਼ 'ਚ 'ਈਸਮਾ' ਲਾਗੂ




ਨਵੀਂ ਦਿੱਲੀ, 10 ਮਾਰਚ (ਚ.ਨ.ਸ.): ਮੱਧ ਪੂਰਬ ਯੁੱਧ ਕਾਰਨ ਦੇਸ਼ ਵਿੱਚ ਤੇਲ ਅਤੇ ਗੈਸ ਸੰਕਟ ਦੇ ਡੂੰਘੇ ਹੁੰਦੇ ਜਾਣ ਦੇ ਵਿਚਕਾਰ, ਕੇਂਦਰ ਸਰਕਾਰ ਨੇ ਇੱਕ ਵੱਡਾ ਫੈਸਲਾ ਲਿਆ ਹੈ। ਕੇਂਦਰ ਸਰਕਾਰ ਨੇ ਜ਼ਰੂਰੀ ਸੇਵਾਵਾਂ ਰੱਖ-ਰਖਾਅ ਐਕਟ (ਈਸਮਾ) ਲਾਗੂ ਕੀਤਾ ਹੈ। 28 ਫਰਵਰੀ ਤੋਂ, ਇਜ਼ਰਾਈਲ, ਅਮਰੀਕਾ ਅਤੇ ਈਰਾਨ ਵਿਚਕਾਰ ਜੰਗ ਕਾਰਨ ਹੋਰਮੁਜ਼ ਜਲਡਮਰੂ ਰਾਹੀਂ ਤੇਲ ਦੀ ਸਪਲਾਈ ਵਿੱਚ ਵਿਘਨ ਪਿਆ ਹੈ। ਇਸ ਨਾਲ ਦੇਸ਼ ਵਿੱਚ ਰਸੋਈ ਗੈਸ ਸੰਕਟ ਹੋਰ ਡੂੰਘਾ ਹੋ ਗਿਆ ਹੈ, ਅਤੇ ਅਜਿਹੀਆਂ ਅਟਕਲਾਂ ਹਨ ਕਿ ਆਉਣ ਵਾਲੇ ਦਿਨਾਂ ਵਿੱਚ ਪੈਟਰੋਲ ਅਤੇ ਡੀਜ਼ਲ ਸੰਕਟ ਵੀ ਵਿਗੜ ਜਾਵੇਗਾ। ਇਸ ਲਈ, ਈ.ਐਸ.ਐਮ.ਏ. ਨੂੰ ਸਾਵਧਾਨੀ ਵਜੋਂ ਲਾਗੂ ਕੀਤਾ ਗਿਆ ਹੈ। ਜ਼ਰੂਰੀ ਸੇਵਾਵਾਂ ਰੱਖ-ਰਖਾਅ ਐਕਟ (ਈਸਮਾ) 1968 ਵਿੱਚ ਬਣਾਇਆ ਗਿਆ ਇੱਕ ਕਾਨੂੰਨ ਹੈ। (ਬਾਕੀ ਸਫਾ 11 'ਤੇ)

## ਰਾਜੌਰੀ 'ਚ ਘੁਸਪੈਠ ਦੀ ਕੋਸ਼ਿਸ਼ ਨਾਕਾਮ, ਅੱਤਵਾਦੀ ਢੇਰ

ਰਾਜੌਰੀ/ਜੰਮੂ , 10 ਮਾਰਚ (ਚ.ਨ.ਸ.): ਫੌਜ ਦੇ ਜਵਾਨਾਂ ਨੇ ਮੰਗਲਵਾਰ ਨੂੰ ਜੰਮੂ-ਕਸ਼ਮੀਰ ਦੇ ਰਾਜੌਰੀ ਜ਼ਿਲ੍ਹੇ ਵਿੱਚ ਕੰਟਰੋਲ ਰੇਖਾ (ਐਲ.ਓ.ਸੀ.) 'ਤੇ ਘੁਸਪੈਠ ਦੀ ਕੋਸ਼ਿਸ਼ ਨੂੰ ਨਾਕਾਮ ਕੀਤਾ, ਅਧਿਕਾਰੀਆਂ ਨੇ ਦੱਸਿਆ ਕਿ ਇੱਕ ਮੁਕਾਬਲੇ ਦੌਰਾਨ ਇੱਕ ਅੱਤਵਾਦੀ ਮਾਰਿਆ ਗਿਆ। ਖੁਫੀਆ ਜਾਣਕਾਰੀ 'ਤੇ ਕਾਰਵਾਈ ਕਰਦੇ ਹੋਏ, ਸੁਰੱਖਿਆ ਬਲਾਂ ਨੇ ਦੁਪਹਿਰ 3 ਵਜੇ ਦੇ ਕਰੀਬ ਕੰਟਰੋਲ ਰੇਖਾ ਦੇ ਨਾਲ ਨੌਸ਼ੈਰਾ ਸੈਕਟਰ ਦੇ ਝੰਗਰ ਦੇ ਜਨਰਲ ਖੇਤਰ ਵਿੱਚ ਦੋ ਅੱਤਵਾਦੀਆਂ ਦੀ ਗਤੀਵਿਧੀ ਦਾ ਪਤਾ ਲਗਾਇਆ, ਐਕਸ 'ਤੇ ਕਿਹਾ ਗਿਆ। ਗੋਲੀਬਾਰੀ ਦੇ ਬਾਅਦ ਹੋਏ ਮੁਕਾਬਲੇ ਵਿੱਚ, ਇੱਕ ਪਾਕਿਸਤਾਨ ਸਪਾਂਸਰਡ ਅੱਤਵਾਦੀ ਨੂੰ ਮਾਰ ਦਿੱਤਾ ਗਿਆ, ਜਿਸ ਨਾਲ ਕੰਟਰੋਲ ਰੇਖਾ ਦੀ ਕਿਸੇ ਵੀ ਉਲੰਘਣਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਰੋਕਿਆ ਗਿਆ, ਇਸ ਵਿੱਚ ਕਿਹਾ ਗਿਆ ਹੈ। ਦੂਜੇ ਅੱਤਵਾਦੀ ਦਾ ਪਤਾ ਲਗਾਉਣ ਲਈ ਇੱਕ ਖੋਜ ਮੁਹਿੰਮ ਸ਼ੁਰੂ ਕੀਤੀ ਗਈ ਹੈ, ਜਿਸ ਬਾਰੇ ਮੰਨਿਆ ਜਾ ਰਿਹਾ ਹੈ ਕਿ (ਬਾਕੀ ਸਫਾ 11 'ਤੇ)

# ਵਿਧਾਨ ਸਭਾ ਵੱਲੋਂ ਔਰਤਾਂ ਬਾਰੇ ਅਪਮਾਨਜਨਕ ਟਿੱਪਣੀਆਂ ਕਰਨ 'ਤੇ ਵਿਧਾਇਕ ਖਹਿਰਾ ਖ਼ਿਲਾਫ਼ ਨਿੰਦਾ ਪ੍ਰਸਤਾਵ ਪਾਸ

ਚੰਡੀਗੜ੍ਹ, 10 ਮਾਰਚ (ਚ.ਨ.ਸ.): ਕਾਂਗਰਸ ਪਾਰਟੀ ਦੇ ਮੈਂਬਰ ਸੁਖਪਾਲ ਸਿੰਘ ਖਹਿਰਾ ਵੱਲੋਂ ਸੋਸ਼ਲ ਮੀਡੀਆ 'ਤੇ ਪੋਸਟ ਪਾਈ ਗਈ ਕਿ ਇੱਕ ਹਜ਼ਾਰ ਰੁਪਏ ਪਿੱਛੇ ਗਿੱਧਾ ਪਾਉਣ ਵਾਲੀਆਂ ਬੀਬੀਆਂ ਕਿੱਥੋਂ ਜੰਮ ਲੈਣਗੀਆਂ ਸੂਰਮੇ।ਅੱਜ ਪੰਜਾਬ ਵਿਧਾਨ ਸਭਾ 'ਚ ਇਸ ਪੋਸਟ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ ਜਿਸ ਲਈ ਮਹਿਲਾ ਵਿਧਾਇਕ ਸਰਬਜੀਤ ਕੌਰ ਮਾਣੂੰਕੇ ਵੱਲੋਂ ਨਿੰਦਾ ਪ੍ਰਸਤਾਵ ਵੀ ਪੇਸ਼ ਕੀਤਾ ਗਿਆ।

ਇਸ ਪ੍ਰਸਤਾਵ ਵਿੱਚ ਕਿਹਾ ਗਿਆ ਕਿ ਇਹ ਪੋਸਟ ਸਿੱਧੇ ਤੌਰ 'ਤੇ ਔਰਤਾਂ ਅਤੇ ਖਾਸ ਕਰਕੇ ਦਲਿਤ ਔਰਤਾਂ ਦਾ ਅਪਮਾਨ ਹੈ। ਇਸ ਤੋਂ ਇਲਾਵਾ ਇਹ ਪਵਿੱਤਰ ਸਦਨ ਦਾ ਵੀ ਅਪਮਾਨ ਹੈ।ਇਸ ਕਰਕੇ ਇਹ ਸਦਨ ਸ. ਸੁਖਪਾਲ ਸਿੰਘ ਖਹਿਰਾ ਵੱਲੋਂ ਔਰਤਾਂ ਅਤੇ ਖਾਸ ਕਰਕੇ ਦਲਿਤ ਔਰਤਾਂ ਅਤੇ ਇਸ ਪਵਿੱਤਰ ਸਦਨ ਦੇ ਕੀਤੇ ਗਏ ਅਪਮਾਨ ਦੀ ਘੋਰ ਨਿੰਦਾ ਕਰਦਾ ਹੈ।



ਸਭ ਤੋਂ ਪਹਿਲਾਂ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਇਸ ਸੰਵੇਦਨਸ਼ੀਲ ਮਾਮਲੇ ਨੂੰ ਸਪੀਕਰ ਦੇ ਧਿਆਨ ਵਿੱਚ ਲਿਆਂਦਾ ਅਤੇ ਸੁਖਪਾਲ ਸਿੰਘ ਖਹਿਰਾ ਨੂੰ ਮਰਿਆਦਾ ਕਾਇਮ ਰੱਖਣ ਦੀ ਨਸੀਹਤ ਦਿੱਤੀ ਗਈ।

ਸਭਾ ਵੱਲੋਂ ਪਾਸ ਕੀਤੇ ਗਏ ਇਸ ਪ੍ਰਸਤਾਵ ਨੂੰ ਕੈਬਨਿਟ ਮੰਤਰੀ ਅਮਨ ਅਰੋੜਾ, (ਬਾਕੀ ਸਫਾ 11 'ਤੇ)

## ਮਹਿਲਾ ਕਮਿਸ਼ਨ ਵੱਲੋਂ ਖਹਿਰਾ ਨੂੰ ਨੋਟਿਸ, ਵੜਿੰਗ ਭਲਕੇ ਤਲਬ

ਚੰਡੀਗੜ੍ਹ, 10 ਮਾਰਚ (ਚ.ਨ.ਸ.): ਕਾਂਗਰਸੀ ਵਿਧਾਇਕ ਸੁਖਪਾਲ ਸਿੰਘ ਖਹਿਰਾ ਇੱਕ ਵਾਰ ਫਿਰ ਵਿਵਾਦਾਂ ਵਿੱਚ ਘਿਰ ਗਏ ਹਨ। ਮਹਿਲਾਵਾਂ ਨੂੰ ਦਿੱਤੀ ਜਾਣ ਵਾਲੀ 1000-1000 ਰੁਪਏ ਦੀ ਵਿੱਤੀ ਸਹਾਇਤਾ ਬਾਰੇ ਦਿੱਤੇ ਗਏ ਇੱਕ ਬਿਆਨ ਨੇ ਸਿਆਸੀ ਭੂਚਾਲ ਲਿਆ ਦਿੱਤਾ ਹੈ। ਜਿਸ ਤੋਂ ਬਾਅਦ ਪੰਜਾਬ ਰਾਜ ਮਹਿਲਾ ਕਮਿਸ਼ਨ ਨੇ ਮਾਮਲੇ 'ਚ ਐਕਸ਼ਨ ਲੈਂਦਿਆਂ ਸੁਖਪਾਲ ਖਹਿਰਾ ਖ਼ਿਲਾਫ਼ ਸੋ-ਮੋਟੋ ਨੋਟਿਸ ਲਿਆ ਹੈ। ਇਸ ਦੇ ਨਾਲ ਹੀ ਪੰਜਾਬ ਕਾਂਗਰਸ ਦੇ ਪ੍ਰਧਾਨ (ਬਾਕੀ ਸਫਾ 11 'ਤੇ)

# ਕੇਂਦਰ ਕੋਵਿਡ ਵੈਕਸੀਨ ਕਾਰਨ ਹੋਏ ਨੁਕਸਾਨ ਦਾ ਮੁਆਵਜ਼ਾ ਦੇਵੇ: ਸੁਪਰੀਮ ਕੋਰਟ

ਨਵੀਂ ਦਿੱਲੀ, 10 ਮਾਰਚ (ਚ.ਨ.ਸ.):ਸੁਪਰੀਮ ਕੋਰਟ ਨੇ ਕੋਵਿਡ ਟੀਕਾਕਰਨ ਨਾਲ ਜੁੜੇ ਮਾਮਲਿਆਂ 'ਤੇ ਇੱਕ ਮਹੱਤਵਪੂਰਨ ਫ਼ੈਸਲਾ ਸੁਣਾਇਆ ਹੈ। ਕੋਰਟ ਨੇ ਕਿਹਾ ਹੈ ਕਿ ਜੇਕਰ ਟੀਕੇ ਦੇ ਬੁਰੇ ਅਸਰ ਕਾਰਨ ਕਿਸੇ ਦੀ ਮੌਤ ਜਾਂ ਗੰਭੀਰ ਨੁਕਸਾਨ ਹੁੰਦਾ ਹੈ ਤਾਂ ਪੀੜਤ ਪਰਿਵਾਰ ਨੂੰ ਮੁਆਵਜ਼ਾ ਮਿਲੇਗਾ। ਪਰ ਇਹ ਮੁਆਵਜ਼ਾ ਸਰਕਾਰ ਦੀ ਗਲਤੀ ਮੰਨ ਕੇ ਨਹੀਂ ਦਿੱਤਾ ਜਾਵੇਗਾ।



ਜਸਟਿਸ ਵਿਕਰਮ ਨਾਥ ਅਤੇ ਜਸਟਿਸ ਸੰਦੀਪ ਮਹਿਤਾ ਦੀ ਬੈਂਚ ਨੇ ਸਪਸ਼ਟ ਕੀਤਾ ਕਿ ਇਹ ਨੀਤੀ 'ਨੋ-ਫਾਲਟ' ਅਧਾਰ 'ਤੇ ਹੋਵੇਗੀ। ਇਸ ਦਾ ਮਤਲਬ ਹੈ ਕਿ ਕਿਸੇ ਦੀ ਗਲਤੀ ਸਾਬਤ ਕਰਨ ਦੀ ਲੋੜ ਨਹੀਂ ਹੋਵੇਗੀ, ਪਰਿਵਾਰ ਨੂੰ ਰਾਹਤ ਮਿਲੇਗੀ। ਅਦਾਲਤ ਨੇ ਕਿਹਾ,"ਇਹ ਨੀਤੀ ਸਿਰਫ਼ ਪੀੜਤਾਂ ਨੂੰ ਸਹਾਇਤਾ ਦੇਣ ਲਈ ਹੈ, ਨਾ ਕਿ ਸਰਕਾਰ ਦੀ ਜ਼ਿੰਮੇਵਾਰੀ ਸਵੀਕਾਰ ਕਰਨ ਲਈ।" ਇਹ ਫ਼ੈਸਲਾ ਉਹਨਾਂ ਮਾਪਿਆਂ ਦੀ ਅਰਜ਼ੀ 'ਤੇ ਆਇਆ ਜਿਨ੍ਹਾਂ ਨੇ ਦਾਅਵਾ ਕੀਤਾ ਸੀ ਕਿ ਉਨ੍ਹਾਂ ਦੀਆਂ ਦੋ ਧੀਆਂ ਦੀ ਮੌਤ ਟੀਕੇ ਦੇ ਬੁਰੇ ਅਸਰ ਕਾਰਨ ਹੋਈ। ਅਪੀਲਕਰਤਾਵਾਂ ਨੇ ਸੁਤੰਤਰ ਜਾਂਚ ਕਮੇਟੀ ਬਣਾਉਣ ਦੀ ਮੰਗ ਕੀਤੀ ਸੀ ਪਰ ਅਦਾਲਤ ਨੇ ਕਿਹਾ ਕਿ ਸਰਕਾਰ ਪਹਿਲਾਂ ਹੀ ਨਿਗਰਾਨੀ ਪ੍ਰਣਾਲੀ ਚਲਾ ਰਹੀ ਹੈ।

ਅਦਾਲਤ ਨੇ ਇਹ ਵੀ ਹੁਕਮ ਦਿੱਤਾ ਕਿ ਮੌਜੂਦਾ ਨਿਗਰਾਨੀ ਪ੍ਰਣਾਲੀ ਜਾਰੀ ਰਹੇ ਅਤੇ ਉਸਦੇ ਅੰਕੜੇ ਸਮੇਂ-ਸਮੇਂ 'ਤੇ ਜਨਤਾ ਨਾਲ ਸਾਂਝੇ ਕੀਤੇ ਜਾਣ। ਇਸ ਨਾਲ ਪਾਰਦਰਸ਼ਤਾ ਬਣੀ ਰਹੇਗੀ ਅਤੇ ਲੋਕਾਂ ਨੂੰ ਸਹੀ ਜਾਣਕਾਰੀ ਮਿਲੇਗੀ। ਇਸ ਫ਼ੈਸਲੇ ਨਾਲ ਉਹਨਾਂ ਪਰਿਵਾਰਾਂ ਨੂੰ ਉਮੀਦ ਜਗੀ ਹੈ ਜੋ ਟੀਕਾਕਰਨ ਤੋਂ ਬਾਅਦ ਗੰਭੀਰ ਨੁਕਸਾਨ ਦਾ ਸਾਹਮਣਾ ਕਰ ਰਹੇ ਹਨ।

## ਟੀਮ ਇੰਡੀਆ ਨੂੰ ਬੀ.ਸੀ.ਸੀ.ਆਈ. ਦੇਵੇਗੀ 131 ਕਰੋੜ ਦਾ ਇਨਾਮ

ਨਵੀਂ ਦਿੱਲੀ, 10 ਮਾਰਚ (ਚ.ਨ.ਸ.): ਭਾਰਤੀ ਕ੍ਰਿਕਟ ਕੰਟਰੋਲ ਬੋਰਡ ਨੇ ਟੀ-20 ਵਿਸ਼ਵ ਕੱਪ ਜਿੱਤਣ 'ਤੇ ਭਾਰਤੀ ਕ੍ਰਿਕਟ ਟੀਮ ਨੂੰ 131 ਕਰੋੜ ਰੁਪਏ ਦੇ ਇਨਾਮ ਦਾ ਐਲਾਨ ਕੀਤਾ ਹੈ । ਇਹ ਪੈਸਾ ਖਿਡਾਰੀਆਂ ਅਤੇ ਸਪੋਰਟਸ ਸਟਾਫ਼ 'ਚ ਵੰਡਿਆ ਜਾਵੇਗਾ। ਜ਼ਿਕਰਯੋਗ ਹੈ ਕਿ ਭਾਰਤ ਨੇ ਲੰਘੇ ਐਤਵਾਰ ਨੂੰ ਫਾਈਨਲ ਮੁਕਾਬਲੇ 'ਚ ਨਿਊਜ਼ੀਲੈਂਡ ਨੂੰ ਹਰਾ ਕੇ ਖ਼ਿਤਾਬ ਆਪਣੇ ਨਾਂਅ ਕੀਤਾ ਸੀ। ਅਹਿਮਦਾਬਾਦ ਦੇ ਨਰਿੰਦਰ ਮੋਦੀ ਸਟੇਡੀਅਮ ਵਿਚ ਖੇਡੇ ਗਏ ਫਾਈਨਲ ਮੈਚ ਵਿਚ ਭਾਰਤ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਤੇ ਨਿਊਜ਼ੀਲੈਂਡ ਨੂੰ ਹਰਾ ਕੇ ਟਰਾਫੀ ਜਿੱਤੀ।

ਇਸ ਦੇ ਨਾਲ ਟੀਮ ਇੰਡੀਆ ਨੇ ਆਪਣਾ ਖਿਤਾਬ ਬਰਕਰਾਰ ਰੱਖਿਆ ਅਤੇ ਟੀ-20 ਵਿਸ਼ਵ ਕੱਪ ਦੇ ਇਤਿਹਾਸ ਵਿਚ ਲਗਾਤਾਰ ਦੋ ਵਾਰ ਟਰਾਫੀ ਜਿੱਤਣ ਵਾਲੀ ਪਹਿਲੀ ਟੀਮ ਬਣ ਗਈ।

ਭਾਰਤੀ ਕ੍ਰਿਕਟ ਕੰਟਰੋਲ ਬੋਰਡ ਨੇ ਇਸ ਇਤਿਹਾਸਕ ਪ੍ਰਾਪਤੀ ਲਈ ਖਿਡਾਰੀਆਂ, ਸਹਾਇਕ ਸਟਾਫ ਅਤੇ ਚੋਣਕਾਰਾਂ ਨੂੰ ਵਧਾਈ ਦਿੱਤੀ।

## ਟਰੰਪ ਦੀ ਈਰਾਨ 'ਤੇ ਵੱਡੇ ਹਮਲੇ ਦੀ ਧਮਕੀ
# 'ਹੋਰਮੁਜ਼ ਜਲਡਮਰੂ 'ਚ ਤੇਲ ਦੀ ਸਪਲਾਈ ਰੋਕੀ ਤਾਂ 20 ਗੁਣਾ ਤਾਕਤ ਨਾਲ ਕਰਾਂਗੇ ਹਮਲਾ'

ਵਾਸ਼ਿੰਗਟਨ, 10 ਮਾਰਚ (ਚ.ਨ.ਸ.): ਅਮਰੀਕਾ-ਇਜ਼ਰਾਈਲ-ਈਰਾਨ ਜੰਗ ਆਪਣੇ 11ਵੇਂ ਦਿਨ ਵਿੱਚ ਦਾਖਲ ਹੋ ਰਹੀ ਹੈ। ਰਾਸ਼ਟਰਪਤੀ ਟਰੰਪ ਨੇ ਸੋਮਵਾਰ ਰਾਤ ਨੂੰ ਈਰਾਨ 'ਤੇ ਵੱਡੇ ਹਮਲੇ ਦੀ ਧਮਕੀ ਦਿੱਤੀ। ਉਨ੍ਹਾਂ ਕਿਹਾ ਕਿ ਜੇਕਰ ਈਰਾਨ ਹੋਰਮੁਜ਼ ਜਲਡਮਰੂ ਰਾਹੀਂ ਤੇਲ ਸਪਲਾਈ ਨੂੰ ਰੋਕਣ ਦੀ ਕੋਸ਼ਿਸ਼ ਕਰਦਾ ਹੈ, ਤਾਂ ਅਮਰੀਕਾ 20 ਗੁਣਾ ਜ਼ਿਆਦਾ ਤਾਕਤ ਨਾਲ ਹਮਲਾ ਕਰੇਗਾ।

ਇਹ ਜੰਗ ਉਦੋਂ ਤੱਕ ਜਾਰੀ ਰਹੇਗੀ ਜਦੋਂ ਤੱਕ ਦੁਸ਼ਮਣ ਪੂਰੀ ਤਰ੍ਹਾਂ ਤਬਾਹ ਨਹੀਂ ਹੋ ਜਾਂਦਾ। ਟਰੰਪ ਨੇ ਇਹ ਵੀ ਕਿਹਾ ਕਿ ਯੁੱਧ ਸ਼ੁਰੂ ਹੋਣ ਤੋਂ ਬਾਅਦ, ਅਮਰੀਕਾ ਅਤੇ ਇਜ਼ਰਾਈਲ ਨੇ ਸਾਂਝੇ ਤੌਰ 'ਤੇ ਈਰਾਨ ਵਿੱਚ 5,000 ਤੋਂ ਵੱਧ ਟਿਕਾਣਿਆਂ 'ਤੇ ਹਮਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਕੁਝ ਮਹੱਤਵਪੂਰਨ ਟਿਕਾਣਿਆਂ ਨੂੰ ਜਾਣਬੁੱਝ ਕੇ ਨਿਸ਼ਾਨਾ ਬਣਾਏ ਬਿਨਾਂ ਛੱਡ ਦਿੱਤਾ ਗਿਆ ਹੈ



ਤਾਂ ਜੋ ਲੋੜ ਪੈਣ 'ਤੇ ਬਾਅਦ ਵਿੱਚ ਕਾਰਵਾਈ ਕੀਤੀ ਜਾ ਸਕੇ। ਫਲੋਰੀਡਾ ਦੇ ਡੋਰਲ ਵਿੱਚ ਇੱਕ ਪ੍ਰੈਸ ਕਾਨਫਰੰਸ ਦੌਰਾਨ, ਟਰੰਪ ਨੇ ਕਿਹਾ ਕਿ ਅਮਰੀਕਾ ਅਤੇ ਇਜ਼ਰਾਈਲ ਨੂੰ ਇਸ ਜੰਗ ਵਿੱਚ ਇੱਕ ਮਹੱਤਵਪੂਰਨ ਫਾਇਦਾ ਹੋਇਆ ਹੈ ਅਤੇ ਲੜਾਈ ਜਲਦੀ ਹੀ ਖਤਮ ਹੋ ਸਕਦੀ ਹੈ ਪਰ ਫਿਲਹਾਲ ਫੌਜੀ ਕਾਰਵਾਈਆਂ ਜਾਰੀ ਰਹਿਣਗੀਆਂ।

## ਖ਼ੁਦ ਖ਼ਤਮ ਨਾ ਹੋ ਜਾਣਾ: ਈਰਾਨੀ ਸੁਰੱਖਿਆ ਅਧਿਕਾਰੀ ਵੱਲੋਂ ਟਰੰਪ ਨੂੰ ਧਮਕੀ

ਤਹਿਰਾਨ, 10 ਮਾਰਚ (ਚ.ਨ.ਸ.): ਇੱਕ ਚੋਟੀ ਦੇ ਈਰਾਨੀ ਸੁਰੱਖਿਆ ਅਧਿਕਾਰੀ ਨੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੂੰ ਇੱਕ ਆਨਲਾਈਨ ਸੰਦੇਸ਼ ਰਾਹੀਂ ਸਿੱਧੀ ਧਮਕੀ ਦਿੱਤੀ ਹੈ। ਅਲੀ ਲਾਰੀਜਾਨੀ ਨੇ ਮੰਗਲਵਾਰ ਨੂੰ 'ਐਕਸ' 'ਤੇ ਇਹ ਸੰਦੇਸ਼ ਉਸ ਵੇਲੇ ਲਿਖਿਆ ਜਦੋਂ ਟਰੰਪ ਨੇ ਚੇਤਾਵਨੀ ਦਿੱਤੀ ਸੀ ਕਿ ਜੇਕਰ ਤਹਿਰਾਨ ਨੇ ਹੋਰਮੁਜ਼ ਦੇ ਜਲਡਮਰੂ ਰਾਹੀਂ ਤੇਲ ਦੀ ਸਪਲਾਈ ਪ੍ਰਭਾਵਿਤ ਕੀਤੀ, ਤਾਂ ਉਹ ਈਰਾਨ 'ਤੇ '20 ਗੁਣਾ ਜ਼ਿਆਦਾ ਜ਼ੋਰਦਾਰ' ਹਮਲਾ ਕਰਨਗੇ। ਲਾਰੀਜਾਨੀ ਨੇ ਆਪਣੇ ਜਵਾਬ ਵਿੱਚ ਲਿਖਿਆ ਕਿ (ਬਾਕੀ ਸਫਾ 11 'ਤੇ)

## ਸੋਨਾ-ਚਾਂਦੀ ਦੀਆਂ ਕੀਮਤਾਂ 'ਚ ਭਾਰੀ ਉਛਾਲ

ਨਵੀਂ ਦਿੱਲੀ, 10 ਮਾਰਚ (ਚ.ਨ.ਸ.): ਕੌਮਾਂਤਰੀ ਬਾਜ਼ਾਰਾਂ ਵਿੱਚ ਮਜ਼ਬੂਤ ਰੁਝਾਨਾਂ ਅਤੇ ਡਾਲਰ ਦੀ ਕਮਜ਼ੋਰੀ ਕਾਰਨ ਅੱਜ ਭਾਰਤੀ ਸਰਾਫਾ ਬਾਜ਼ਾਰ ਵਿੱਚ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਵਿੱਚ ਵੱਡਾ ਵਾਧਾ ਦੇਖਣ ਨੂੰ ਮਿਲਿਆ ਹੈ। ਦਿੱਲੀ ਦੇ ਸਰਾਫਾ ਬਾਜ਼ਾਰ ਵਿੱਚ ਮੰਗਲਵਾਰ ਨੂੰ ਚਾਂਦੀ ਦੀ ਕੀਮਤ ਵਿੱਚ 10,975 ਰੁਪਏ ਦਾ ਭਾਰੀ ਉਛਾਲ ਆਇਆ, ਜਿਸ ਨਾਲ ਇਹ 2.79 ਲੱਖ ਰੁਪਏ ਪ੍ਰਤੀ ਕਿਲੋਗ੍ਰਾਮ ਦੇ ਇਤਿਹਾਸਕ ਪੱਧਰ 'ਤੇ ਪਹੁੰਚ ਗਈ ਹੈ। ਇਸ ਦੇ ਨਾਲ ਹੀ ਸੋਨੇ ਦੀਆਂ ਕੀਮਤਾਂ ਵਿੱਚ ਵੀ ਤੇਜ਼ੀ ਦਰਜ ਕੀਤੀ ਗਈ ਹੈ।

ਅਖਿਲ ਭਾਰਤੀ ਸਰਾਫਾ ਸੰਘ ਦੇ ਅਨੁਸਾਰ, ਲਗਾਤਾਰ ਤਿੰਨ ਦਿਨਾਂ ਦੀ ਗਿਰਾਵਟ ਤੋਂ ਬਾਅਦ ਚਾਂਦੀ ਦੀ ਕੀਮਤ 4.09 ਪ੍ਰਤੀਸ਼ਤ ਵਧ ਕੇ 2,79,275 ਰੁਪਏ ਪ੍ਰਤੀ ਕਿਲੋਗ੍ਰਾਮ ਹੋ ਗਈ ਹੈ। ਸੋਨੇ ਦੀ ਗੱਲ ਕਰੀਏ ਤਾਂ 99.9 ਪ੍ਰਤੀਸ਼ਤ ਸ਼ੁੱਧਤਾ ਵਾਲੇ ਸੋਨੇ ਦੀ ਕੀਮਤ 400 ਰੁਪਏ ਵਧ ਕੇ 1,64,700 ਰੁਪਏ ਪ੍ਰਤੀ 10 ਗ੍ਰਾਮ 'ਤੇ ਪਹੁੰਚ ਗਈ ਹੈ। ਪਿਛਲੇ ਕਾਰੋਬਾਰੀ ਸੈਸ਼ਨ ਵਿੱਚ ਸੋਨਾ 1,64,300 ਰੁਪਏ 'ਤੇ ਬੰਦ ਹੋਇਆ ਸੀ।

# ਭਾਰਤੀ ਅਖ਼ਬਾਰ ਉਦਯੋਗ ਦੀ ਹੋਂਦ ਨੂੰ ਖ਼ਤਰਾ

## ਆਈ.ਐਨ.ਐਸ. ਵੱਲੋਂ ਦੇਸੀ ਨਿਊਜ਼ਪ੍ਰਿੰਟ ਦੇ ਦਾਅਵਿਆਂ ਦੀ ਅਸਲ ਹਕੀਕਤ ਬੇਨਕਾਬ

ਨਵੀਂ ਦਿੱਲੀ, 10 ਮਾਰਚ (ਚ.ਨ.ਸ.):ਭਾਰਤੀ ਪ੍ਰਿੰਟ ਮੀਡੀਆ ਉਦਯੋਗ ਇਸ ਸਮੇਂ ਇੱਕ ਅਜਿਹੇ ਗੰਭੀਰ ਸੰਕਟ ਵਿੱਚੋਂ ਗੁਜ਼ਰ ਰਿਹਾ ਹੈ ਜਿੱਥੇ ਇੱਕ ਪਾਸੇ ਡਿਜੀਟਲ ਮੀਡੀਆ ਦੀ ਚੁਣੌਤੀ ਹੈ ਅਤੇ ਦੂਜੇ ਪਾਸੇ ਕੱਚੇ ਮਾਲ, ਖਾਸ ਕਰਕੇ ਨਿਊਜ਼ਪ੍ਰਿੰਟ (ਅਖ਼ਬਾਰੀ ਕਾਗਜ਼) ਦੀ ਵਧਦੀ ਲਾਗਤ ਅਤੇ ਮਾੜੀ ਗੁਣਵੱਤਾ ਨੇ ਇਸ ਦੇ ਵਜੂਦ 'ਤੇ ਸਵਾਲੀਆ ਨਿਸ਼ਾਨ ਖੜ੍ਹੇ ਕਰ ਦਿੱਤੇ ਹਨ। ਇਸ ਸੰਦਰਭ ਵਿੱਚ, ਇੰਡੀਅਨ ਨਿਊਜ਼ਪੇਪਰ ਸੋਸਾਇਟੀ (ਆਈ.ਐਨ.ਐਸ.) ਨੇ ਇੱਕ ਬਹੁਤ ਹੀ ਮਹੱਤਵਪੂਰਨ ਮੁਹਿੰਮ ਵਿੱਢੀ ਹੈ, ਜਿਸ ਦਾ ਮੁੱਖ ਮਕਸਦ ਦੇਸੀ ਨਿਊਜ਼ਪ੍ਰਿੰਟ ਮਿੱਲਾਂ ਵੱਲੋਂ ਕੀਤੇ ਜਾ ਰਹੇ ਸਮਰੱਥਾ ਦੇ ਵੱਡੇ-ਵੱਡੇ ਦਾਅਵਿਆਂ ਅਤੇ ਬਾਜ਼ਾਰ ਵਿੱਚ ਉਪਲਬਧ ਕਾਗਜ਼ ਦੀ ਅਸਲ ਗੁਣਵੱਤਾ ਵਿਚਕਾਰਲੇ ਪਾੜੇ ਨੂੰ ਜਨਤਕ ਕਰਨਾ ਹੈ। ਇਹ ਮੁਹਿੰਮ ਸਿਰਫ਼ ਉਦਯੋਗਿਕ ਅੰਕੜਿਆਂ ਦੀ ਖੇਡ ਨਹੀਂ ਹੈ, ਸਗੋਂ ਇਹ ਭਾਰਤ ਦੇ ਲੋਕਤੰਤਰ ਦੇ ਚੌਥੇ ਸਤੰਭ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਰੱਖਣ ਦੀ ਇੱਕ ਜੱਦੋਜਹਿਦ ਹੈ। ਸਰਕਾਰੀ ਅੰਕੜਿਆਂ ਅਤੇ ਉਦਯੋਗ ਤੇ ਅੰਦਰੂਨੀ ਵਪਾਰ ਪ੍ਰੋਤਸਾਹਨ ਵਿਭਾਗ (ਡੀਪੀਆਈਆਈਟੀ) ਦੀਆਂ ਰਿਪੋਰਟਾਂ 'ਤੇ ਨਜ਼ਰ ਮਾਰੀਏ ਤਾਂ ਤਸਵੀਰ ਬਹੁਤ ਸੁਖਾਵੀਂ ਨਜ਼ਰ ਆਉਂਦੀ ਹੈ, ਜਿੱਥੇ ਦੇਸ਼ ਵਿੱਚ 120 ਤੋਂ ਵੱਧ ਮਿੱਲਾਂ ਅਤੇ ਲੱਖਾਂ ਟਨ ਸਾਲਾਨਾ ਉਤਪਾਦਨ ਸਮਰੱਥਾ ਦਾ ਜ਼ਿਕਰ ਕੀਤਾ ਗਿਆ ਹੈ। ਪਰ ਆਈ.ਐਨ.ਐਸ.ਨੇ ਇਨ੍ਹਾਂ ਅੰਕੜਿਆਂ ਨੂੰ ਚੁਣੌਤੀ ਦਿੰਦਿਆਂ ਸਪੱਸ਼ਟ ਕੀਤਾ ਹੈ ਕਿ ਇਹ 'ਸਮਰੱਥਾ ਦੇ ਦਾਅਵੇ' ਅਸਲ ਵਿੱਚ ਭਾਰਤੀ ਅਖ਼ਬਾਰਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਵਿੱਚ ਪੂਰੀ ਤਰ੍ਹਾਂ ਨਾਕਾਮ ਸਾਬਤ ਹੋ ਰਹੇ ਹਨ। ਅਸਲੀਅਤ ਇਹ ਹੈ ਕਿ ਇਨ੍ਹਾਂ ਵਿੱਚੋਂ (ਬਾਕੀ ਸਫਾ 11 'ਤੇ)

## ਗਰਮੀ ਕਾਰਨ ਬਿਜਲੀ ਦੀ ਮੰਗ ਵਧੀ
## ਕਈ ਸਰਕਾਰੀ ਅਤੇ ਨਿੱਜੀ ਤਾਪ ਬਿਜਲੀ ਘਰਾਂ ਦੇ ਯੂਨਿਟ ਬੰਦ

ਚੰਡੀਗੜ੍ਹ, 10 ਮਾਰਚ (ਚ.ਨ.ਸ.):ਪੰਜਾਬ ਵਿਚ ਮਾਰਚ ਮਹੀਨੇ ਵਿਚ ਹੀ ਗਰਮੀ ਬਹੁਤ ਵਧ ਗਈ ਹੈ ਜਿਸ ਕਾਰਨ ਅੱਜ ਸੂਬੇ ਵਿਚ ਬਿਜਲੀ ਦੀ ਮੰਗ 9422 ਮੈਗਾਵਾਟ ਤੱਕ ਪੁੱਜ ਗਈ ਜਿਸ ਕਾਰਨ ਪਾਵਰਕੌਮ ਨੇ 6351 ਮੈਗਾਵਾਟ ਬਾਹਰੀ ਸਰੋਤਾਂ ਤੋਂ ਬਿਜਲੀ ਪ੍ਰਾਪਤ ਕੀਤੀ ਹੈ। ਪਾਵਰਕੌਮ ਦੇ ਆਪਣੇ ਸਰਕਾਰੀ ਖੇਤਰ ਦੇ ਗੁਰੂ ਹਰਿਗੋਬਿੰਦ ਤਾਪ ਬਿਜਲੀ ਘਰ ਲਹਿਰਾ ਮੁਹੱਬਤ ਦੇ 920 ਮੈਗਾਵਾਟ ਉਤਪਾਦਨ ਦੇ 4 ਯੂਨਿਟਾਂ ਵਿਚੋਂ 3 ਯੂਨਿਟਾਂ ਤੋਂ 420 ਮੈਗਾਵਾਟ ਸਪਲਾਈ ਹੋ ਰਹੀ ਹੈ ਤੇ ਇਕ ਯੂਨਿਟ ਮੁਰੰਮਤ ਕਾਰਨ ਬੰਦ ਪਿਆ ਹੈ। ਗੁਰੂ ਗੋਬਿੰਦ ਸਿੰਘ ਸੁਪਰ ਤਾਪ ਬਿਜਲੀ ਘਰ ਰੂਪਨਗਰ ਦੇ 4 ਯੂਨਿਟਾਂ ਵਿਚੋਂ 508 ਮੈਗਾਵਾਟ ਤੇ ਗੁਰੂ ਅੰਗਦ ਦੇਵ ਤਾਪ ਘਰ ਗੋਇੰਦਵਾਲ ਦਾ ਇਕ ਯੂਨਿਟ 142 ਮੈਗਾਵਾਟ ਬਿਜਲੀ ਪੈਦਾ ਕਰ ਰਿਹਾ ਹੈ ਤੇ ਦੂਜਾ ਬੰਦ ਪਿਆ ਹੈ। ਇਸ ਵਾਰ ਗਰਮੀ ਦੀ ਸ਼ੁਰੂਆਤ ਤੋਂ ਅੰਦਾਜ਼ਾ (ਬਾਕੀ ਸਫਾ 11 'ਤੇ)

# ਭਾਰਤ ਵਿੱਚ ਐਲ.ਪੀ.ਜੀ. ਅਤੇ ਐਲ.ਐਨ.ਜੀ. ਦੀ ਕੋਈ ਕਮੀ ਨਹੀਂ, ਘਬਰਾਓ ਨਾ: ਸਰਕਾਰ

ਨਵੀਂ ਦਿੱਲੀ, 10 ਮਾਰਚ (ਚ.ਨ.ਸ.): ਭਾਰਤ ਵਿੱਚ ਐਲ.ਪੀ.ਜੀ. ਅਤੇ ਐਲ.ਐਨ.ਜੀ. ਦੀ ਕਿੱਲਤ ਦੀਆਂ ਖਬਰਾਂ ਵਿਚਾਲੇ ਕੇਂਦਰ ਸਰਕਾਰ ਨੇ ਦੇਸ਼ ਵਾਸੀਆਂ ਨੂੰ ਨਾ ਘਬਰਾਉਣ ਦੀ ਅਪੀਲ ਕੀਤੀ ਹੈ। ਸਰਕਾਰ ਨੇ ਸਪੱਸ਼ਟ ਕੀਤਾ ਹੈ ਕਿ ਦੇਸ਼ ਵਿੱਚ ਐੱਲਪੀਜੀ ਅਤੇ ਐੱਲਐੱਨਜੀ ਦੀ ਕੋਈ ਘਾਟ ਨਹੀਂ ਹੈ ਅਤੇ ਹੋਰ ਦੇਸ਼ਾਂ ਤੋਂ ਲਗਾਤਾਰ ਸਪਲਾਈ ਆ ਰਹੀ ਹੈ। ਪੱਛਮੀ ਏਸ਼ੀਆ ਸੰਘਰਸ਼ ਕਾਰਨ ਬੰਦ ਹੋਏ 'ਹੋਰਮੁਜ਼ ਦੇ ਜਲਡਮਰੂ' ਦੇ ਰਸਤੇ ਦੀ ਬਜਾਏ ਹੁਣ 70 ਫੀਸਦੀ ਕੱਚਾ ਤੇਲ ਹੋਰਨਾਂ ਮਾਰਗਾਂ ਰਾਹੀਂ ਆ ਰਿਹਾ ਹੈ, ਜੋ ਕਿ ਦਸ ਦਿਨ ਪਹਿਲਾਂ ਤੱਕ ਸਿਰਫ਼ 45 ਫੀਸਦੀ ਸੀ।

ਸਰਕਾਰੀ ਸੂਤਰਾਂ ਅਨੁਸਾਰ ਕੱਚੇ ਤੇਲ ਦੀਆਂ ਕੀਮਤਾਂ 100 ਡਾਲਰ ਤੋਂ ਘੱਟ ਕੇ 87 ਡਾਲਰ ਪ੍ਰਤੀ ਬੈਰਲ 'ਤੇ ਆ ਗਈਆਂ ਹਨ, ਇਸ ਲਈ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਕੋਈ ਵਾਧਾ ਨਹੀਂ ਹੋਵੇਗਾ। ਘਰੇਲੂ ਗੈਸ ਦੀ ਸਪਲਾਈ ਨੂੰ ਯਕੀਨੀ ਬਣਾਉਣ ਲਈ ਸਰਕਾਰ ਨੇ 'ਜ਼ਰੂਰੀ ਵਸਤਾਂ ਐਕਟ 1955' ਤਹਿਤ ਆਦੇਸ਼ ਜਾਰੀ ਕੀਤੇ



ਹਨ, ਜਿਸ ਵਿੱਚ ਘਰੇਲੂ ਖਪਤਕਾਰਾਂ, ਖਾਦ ਉਦਯੋਗ ਅਤੇ ਚਾਹ ਉਦਯੋਗ ਨੂੰ ਪਹਿਲ ਦਿੱਤੀ ਜਾਵੇਗੀ।

ਸਰਕਾਰ ਨੇ ਭਰੋਸਾ ਦਿੱਤਾ ਹੈ ਕਿ ਕੋਈ ਵੀ ਗੈਸ ਡਿਸਟ੍ਰੀਬਿਊਟਰ ਸਟਾਕ ਤੋਂ ਖਾਲੀ ਨਹੀਂ ਹੈ ਅਤੇ ਨਵੇਂ ਨਿਯਮਾਂ ਅਨੁਸਾਰ ਬੁੱਕ ਕੀਤਾ ਗਿਆ ਸਿਲੰਡਰ ਢਾਈ ਦਿਨਾਂ ਦੇ ਅੰਦਰ ਉਪਲੱਬਧ ਹੋਵੇਗਾ। ਵਪਾਰਕ ਅਦਾਰਿਆਂ ਦੀਆਂ ਚਿੰਤਾਵਾਂ ਦੇ ਹੱਲ ਲਈ ਆਈਓਸੀ, ਬੀਪੀਸੀਐਲ ਅਤੇ ਐਚਪੀਸੀਐਲ ਦੇ ਕਾਰਜਕਾਰੀ ਨਿਰਦੇਸ਼ਕਾਂ ਦੀ ਇੱਕ ਕਮੇਟੀ ਵੀ ਬਣਾਈ ਗਈ ਹੈ। ਸਰਕਾਰ ਦਾ ਕਹਿਣਾ ਹੈ ਕਿ ਹੁਣ ਕੋਈ ਸੰਕਟ ਨਹੀਂ ਹੈ ਅਤੇ ਭਾਰਤ ਕਿਸੇ ਵੀ ਵਿਸ਼ਵ ਊਰਜਾ ਸੰਕਟ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਹੈ।

## ਪੰਜਾਬ ਦੀ ਉਦਯੋਗਿਕ ਨੀਤੀ-2026
# ਦੋ ਦਿਨਾਂ 'ਚ 2,000 ਕਰੋੜ ਦਾ ਨਿਵੇਸ਼ ਕੀਤਾ ਆਕਰਸ਼ਿਤ: ਅਰੋੜਾ

ਚੰਡੀਗੜ੍ਹ, 10 ਮਾਰਚ (ਚ.ਨ.ਸ.):ਪੰਜਾਬ ਦੀ ਨਵੀਂ ਉਦਯੋਗਿਕ ਅਤੇ ਵਪਾਰ ਵਿਕਾਸ ਨੀਤੀ 2026 ਸਦਕਾ ਸੂਬੇ ਨੇ ਤੇਜ਼ੀ ਨਾਲ ਮਹੱਤਵਪੂਰਨ ਨਿਵੇਸ਼ਾਂ ਨੂੰ ਆਕਰਸ਼ਿਤ ਕਰਨਾ ਸ਼ੁਰੂ ਕਰ ਦਿੱਤਾ ਹੈ, ਜਿਸ ਵਿੱਚ ਪ੍ਰਮੁੱਖ ਉਦਯੋਗਿਕ ਦਿੱਗਜਾਂ ਕ੍ਰੀਮਿਕਾ ਅਤੇ ਜੇਐਲ ਓਸਵਾਲ ਗਰੁੱਪ ਨੇ ਸਿਰਫ਼ ਦੋ ਦਿਨਾਂ ਵਿੱਚ 2,000 ਕਰੋੜ ਰੁਪਏ ਦੇ ਵਾਅਦੇ ਦਾ ਐਲਾਨ ਕੀਤਾ ਹੈ।

ਪੰਜਾਬ ਦੇ ਉਦਯੋਗ, ਵਣਜ ਅਤੇ ਨਿਵੇਸ਼ ਪ੍ਰੋਤਸਾਹਨ, ਬਿਜਲੀ ਅਤੇ ਸਥਾਨਕ ਸਰਕਾਰਾਂ ਬਾਰੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਮਿਸਿਜ਼ ਬੈਕਟਰਸ ਫੂਡ ਸਪੈਸ਼ਲਿਟੀਜ਼ ਲਿਮਟਿਡ ਦੇ ਮੈਨੇਜਿੰਗ ਡਾਇਰੈਕਟਰ ਅਨੂਪ ਬੈਕਟਰ ਅਤੇ ਇਨਵੈਸਟ ਪੰਜਾਬ ਦੇ ਸੀਈਓ ਅਮਿਤ ਢਾਕਾ ਦੇ ਨਾਲ ਐਲਾਨ ਕੀਤਾ ਕਿ ਮਿਸਿਜ਼ ਬੈਕਟਰਸ ਫੂਡ ਸਪੈਸ਼ਲਿਟੀਜ਼ ਆਪਣੀ ਮੌਜੂਦਾ ਰਾਜਪੁਰਾ ਸਹੂਲਤ 'ਤੇ ਇੱਕ ਅਤਿ-ਆਧੁਨਿਕ ਫੂਡ ਪ੍ਰੋਸੈਸਿੰਗ ਯੂਨਿਟ



ਸਥਾਪਤ ਕਰਨ ਲਈ 400 ਕਰੋੜ ਰੁਪਏ ਦਾ ਨਿਵੇਸ਼ ਕਰੇਗੀ। ਇਸ ਨਵੀਂ ਯੂਨਿਟ ਤੋਂ ਲਗਭਗ 1,000 ਵਿਅਕਤੀਆਂ ਲਈ ਸਿੱਧਾ ਰੁਜ਼ਗਾਰ ਪੈਦਾ ਹੋਣ ਦੀ ਉਮੀਦ ਹੈ।

ਸਾਲ 2026 ਵਿੱਚ ਲਗਭਗ 2,100 ਕਰੋੜ ਰੁਪਏ ਦੀ ਵਿਕਰੀ ਕਰਨ ਵਾਲੀ ਪ੍ਰਮੁੱਖ ਫੂਡ ਪ੍ਰੋਸੈਸਿੰਗ ਕੰਪਨੀ ਮਿਸਿਜ਼ ਬੈਕਟਰਸ ਫੂਡ ਸਪੈਸ਼ਲਿਟੀਜ਼ ਭਾਰਤ ਦੇ ਨੌਂ ਪਲਾਂਟਾਂ ਵਿੱਚ ਬਿਸਕੁਟ, ਬਰੈੱਡ, ਬੇਕਰੀ ਉਤਪਾਦ ਅਤੇ ਫਰੋਜ਼ਨ ਫੂਡ ਤਿਆਰ ਕਰਦੀ ਹੈ।ਕੰਪਨੀ ਨੇ ਦੇਸ਼ ਭਰ ਵਿੱਚ ਉੱਨਤ ਸਹੂਲਤਾਂ ਵਿੱਚ ਲਗਭਗ 1,500 ਕਰੋੜ ਰੁਪਏ ਦਾ ਨਿਵੇਸ਼ ਕੀਤਾ ਹੈ ਅਤੇ 70 ਤੋਂ ਵੱਧ ਦੇਸ਼ਾਂ ਨੂੰ ਬਿਸਕੁਟ ਦਾ ਨਿਰਯਾਤ ਕੀਤਾ ਹੈ।550,000 ਆਉਟਲੈਟਾਂ ਵਿੱਚ ਇੱਕ ਮਜ਼ਬੂਤ ਘਰੇਲੂ ਮੌਜੂਦਗੀ ਅਤੇ 900 ਤੋਂ ਵੱਧ ਦੇ ਡਿਸਟ ਰੀਬਿਊਟਰ ਨੈੱਟਵਰਕ ਦੇ ਨਾਲ ਮਿਸਿਜ਼ ਬੈਕਟਰਸ 14 ਫ਼ੀਸਦੀ ਤੋਂ ਵੱਧ ਮਾਰਕੀਟ ਹਿੱਸੇਦਾਰੀ ਨਾਲ ਪੰਜਾਬ ਵਿੱਚ ਬਿਸਕੁਟ ਦੀ ਦੂਜੀ ਸਭ ਤੋਂ ਵੱਡੀ ਕੰਪਨੀ ਹੈ।

ਪ੍ਰੈਸ ਕਾਨਫਰੰਸ ਵਿੱਚ ਬੋਲਦਿਆਂ ਅਨੂਪ ਬੈਕਟਰ ਨੇ ਪੰਜਾਬ ਦੇ ਉਦਯੋਗਿਕ ਵਾਤਾਵਰਣ ਪ੍ਰਣਾਲੀ ਵਿੱਚ ਵਿਸ਼ਵਾਸ ਪ੍ਰਗਟ ਕਰਦਿਆਂ ਕਿਹਾ ਕਿ ਨਵਾਂ ਨਿਵੇਸ਼ ਕੰਪਨੀ ਦੇ ਉਤਪਾਦ ਪੋਰਟਫੋਲੀਓ ਨੂੰ ਹੋਰ ਮਜ਼ਬੂਤ ਕਰੇਗਾ ਅਤੇ ਘਰੇਲੂ ਅਤੇ ਅੰਤਰਰਾਸ਼ਟਰੀ ਬਾਜ਼ਾਰਾਂ ਦਾ ਵਿਸਥਾਰ ਕਰੇਗਾ। ਇਸ ਤੋਂ ਇਲਾਵਾ ਜੇਐਲ ਓਸਵਾਲ ਗਰੁੱਪ ਨੇ ਅਗਲੇ ਤਿੰਨ ਸਾਲਾਂ ਵਿੱਚ ਪੰਜਾਬ ਵਿੱਚ ਲਗਭਗ 1,550 ਕਰੋੜ ਰੁਪਏ ਦਾ ਨਿਵੇਸ਼ ਕਰਨ (ਬਾਕੀ ਸਫਾ 11 'ਤੇ)

## ਨਿਆਂਪਾਲਿਕਾ ਬਾਰੇ ਵਿਵਾਦਿਤ ਟਿੱਪਣੀ ਦਾ ਮਾਮਲਾ
## ਐਨ.ਸੀ.ਈ.ਆਰ.ਟੀ. ਨੇ 'ਬਿਨਾਂ ਸ਼ਰਤ' ਮੁਆਫ਼ੀ ਮੰਗਦਿਆਂ ਪੂਰੀ ਕਿਤਾਬ ਲਈ ਵਾਪਸ

ਨਵੀਂ ਦਿੱਲੀ, 10 ਮਾਰਚ (ਚ.ਨ.ਸ.):ਰਾਸ਼ਟਰੀ ਵਿਦਿਅਕ ਖੋਜ ਅਤੇ ਸਿਖਲਾਈ ਕੌਂਸਲ (ਐਨ.ਸੀ.ਈ.ਆਰ.ਟੀ.) ਨੇ ਅੱਠਵੀਂ ਜਮਾਤ ਦੀ ਸਮਾਜਿਕ ਵਿਗਿਆਨ ਦੀ ਨਵੀਂ ਪਾਠ ਪੁਸਤਕ 'ਐਕਸਪਲੋਰਿੰਗ ਸੁਸਾਇਟੀ: ਇੰਡੀਆ ਐਂਡ ਬਿਓਂਡ' (ਭਾਗ-2) ਵਿੱਚ ਨਿਆਂਪਾਲਿਕਾ ਦੇ ਅਕਸ ਨੂੰ ਕਥਿਤ ਤੌਰ 'ਤੇ ਢਾਹ ਲਾਉਣ ਵਾਲੀ ਸਮੱਗਰੀ ਲਈ 'ਬਿਨਾਂ ਸ਼ਰਤ' ਮੁਆਫ਼ੀ ਮੰਗ ਲਈ ਹੈ। ਸੁਪਰੀਮ ਕੋਰਟ ਵੱਲੋਂ ਦਿਖਾਈ ਗਈ ਸਖ਼ਤੀ ਤੋਂ ਬਾਅਦ ਕੌਂਸਲ ਨੇ ਨਾ ਸਿਰਫ਼ ਵਿਵਾਦਿਤ ਅਧਿਆਏ, ਸਗੋਂ ਪੂਰੀ ਕਿਤਾਬ ਨੂੰ ਹੀ ਬਾਜ਼ਾਰ ਅਤੇ ਡਿਜੀਟਲ ਪਲੇਟਫਾਰਮਾਂ ਤੋਂ ਵਾਪਸ ਲੈਣ ਦਾ ਐਲਾਨ ਕੀਤਾ ਹੈ।ਵਿਵਾਦ ਦੀ ਜੜ੍ਹ ਅਤੇ ਅਦਾਲਤੀ ਹੁਕਮ ਕਿਤਾਬ ਦੇ ਚੌਥੇ ਅਧਿਆਏ 'ਸਮਾਜ ਵਿੱਚ ਨਿਆਂਪਾਲਿਕਾ (ਬਾਕੀ ਸਫਾ 11 'ਤੇ)

## ਐਨ.ਐਚ.ਏ.ਆਈ. ਨੂੰ ਵੱਡਾ ਝਟਕਾ
# ਹਾਈ ਕੋਰਟ ਵੱਲੋਂ ਮੁਆਵਜ਼ਾ ਵਿਵਾਦ 'ਚ ਪਾਈ ਪਟੀਸ਼ਨ ਖਾਰਜ

ਚੰਡੀਗੜ੍ਹ, 10 ਮਾਰਚ (ਚ.ਨ.ਸ.): ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਜ਼ਮੀਨ ਪ੍ਰਾਪਤੀ ਨਾਲ ਜੁੜੇ ਮੁਆਵਜ਼ਾ ਵਿਵਾਦ ਦੇ ਇੱਕ ਮਾਮਲੇ ਵਿੱਚ ਨੈਸ਼ਨਲ ਹਾਈਵੇਅ ਅਥਾਰਟੀ ਆਫ਼ ਇੰਡੀਆ (ਐਨ.ਐਚ.ਏ.ਆਈ.) ਦੀ ਪਟੀਸ਼ਨ ਨੂੰ ਖਾਰਜ ਕਰ ਦਿੱਤਾ ਹੈ। ਅਦਾਲਤ ਨੇ ਸਖ਼ਤ ਰੁਖ਼ ਅਖਤਿਆਰ ਕਰਦਿਆਂ ਐਨ.ਐਚ.ਏ.ਆਈ. 'ਤੇ 1 ਲੱਖ ਰੁਪਏ ਦਾ ਜੁਰਮਾਨਾ ਵੀ ਲਗਾਇਆ ਹੈ।




**ਅਦਾਲਤ ਦਾ ਫੈਸਲਾ ਅਤੇ ਟਿੱਪਣੀ:** ਜਸਟਿਸ ਜਸਗੁਰਪ੍ਰੀਤ ਸਿੰਘ ਪੁਰੀ ਦੀ ਬੈਂਚ ਨੇ ਇਹ ਫੈਸਲਾ ਸੁਣਾਇਆ। ਸੁਣਵਾਈ ਦੌਰਾਨ ਅਦਾਲਤ ਨੇ ਸਪੱਸ਼ਟ ਕੀਤਾ ਕਿ ਆਰਬਿਟਰੇਸ਼ਨ (ਸਾਲਸੀ) ਦੀ ਪ੍ਰਕਿਰਿਆ ਵਿੱਚ ਅਦਾਲਤਾਂ ਆਮ ਤੌਰ 'ਤੇ ਦਖ਼ਲ ਨਹੀਂ ਦਿੰਦੀਆਂ।

**ਜ਼ਮੀਨ ਦੀ ਪ੍ਰਾਪਤੀ:** ਐਨ.ਐਚ.ਏ.ਆਈ. ਨੇ ਸਾਲ 2020 ਵਿੱਚ ਰਾਸ਼ਟਰੀ ਮਾਰਗ ਨੂੰ ਚਾਰ ਅਤੇ ਛੇ ਮਾਰਗੀ ਬਣਾਉਣ ਲਈ ਵੱਖ-ਵੱਖ ਪਿੰਡਾਂ ਦੀ ਜ਼ਮੀਨ ਐਕੁਆਇਰ ਕੀਤੀ ਸੀ।

**ਮੁਆਵਜ਼ੇ ਦਾ ਐਵਾਰਡ:** ਜ਼ਮੀਨ ਪ੍ਰਾਪਤੀ ਦੀ ਪ੍ਰਕਿਰਿਆ ਤੋਂ ਬਾਅਦ 27 ਸਤੰਬਰ, 2021 ਨੂੰ ਸਬੰਧਤ ਅਧਿਕਾਰੀਆਂ ਨੇ ਮੁਆਵਜ਼ੇ ਦੀ ਰਕਮ ਤੈਅ ਕਰਦਿਆਂ ਐਵਾਰਡ ਜਾਰੀ ਕੀਤਾ ਸੀ।

**ਮਾਲਕਾਂ ਦਾ ਇਤਰਾਜ਼:** ਕਈ ਜ਼ਮੀਨ ਮਾਲਕਾਂ ਨੇ ਮੁਆਵਜ਼ੇ ਦੀ ਰਕਮ ਨੂੰ ਘੱਟ ਦੱਸਦਿਆਂ ਇਸ ਫੈਸਲੇ ਨੂੰ ਚੁਣੌਤੀ ਦਿੱਤੀ। (ਬਾਕੀ ਸਫਾ 11 'ਤੇ)

## ਸੰਪਾਦਕੀ

# ਤੇਲ ਸਪਲਾਈ ਦਾ ਖ਼ਤਰਾ

ਪੱਛਮੀ ਏਸ਼ੀਆ ਵਿੱਚ ਚੱਲ ਰਹੀ ਜੰਗ ਵਿੱਚ, ਇੱਕ ਪਾਸੇ ਇਜ਼ਰਾਈਲ ਅਤੇ ਅਮਰੀਕਾ ਹਮਲਿਆਂ ਰਾਹੀਂ ਈਰਾਨ ਦੇ ਤੇਲ ਉਤਪਾਦਨ ਸਹੂਲਤਾਂ ਨੂੰ ਨੁਕਸਾਨ ਪਹੁੰਚਾਉਣ ਦੀ ਕੋਸ਼ਿਸ਼ ਕਰ ਰਹੇ ਹਨ, ਜਦੋਂ ਕਿ ਦੂਜੇ ਪਾਸੇ, ਈਰਾਨ ਦੀ ਬਦਲਾਖੋਰੀ ਕਤਰ, ਬਹਿਰੀਨ ਅਤੇ ਸਾਊਦੀ ਅਰਬ ਵਰਗੇ ਕਈ ਖਾੜੀ ਤੇਲ ਉਤਪਾਦਕ ਦੇਸ਼ਾਂ ਨੂੰ ਵੀ ਨਿਸ਼ਾਨਾ ਬਣਾ ਰਹੀ ਹੈ। ਇਸ ਤੋਂ ਇਲਾਵਾ ਈਰਾਨ ਦੁਆਰਾ ਹੋਰਮੁਜ਼ ਸਾਗਰ ਦੀ ਨਾਕਾਬੰਦੀ ਪਹਿਲਾਂ ਹੀ ਤੇਲ ਸਪਲਾਈ ਨੂੰ ਕਾਫ਼ੀ ਪ੍ਰਭਾਵਿਤ ਕਰਨਾ ਸ਼ੁਰੂ ਕਰ ਚੁੱਕੀ ਹੈ। ਜੇਕਰ ਹਮਲਿਆਂ ਦੀ ਤੀਬਰਤਾ ਜਾਰੀ ਰਹੀ ਤਾਂ ਤੇਲ ਅਤੇ ਗੈਸ ਦੀਆਂ ਕੀਮਤਾਂ ਨਾ ਸਿਰਫ਼ ਭਾਰਤ ਵਿੱਚ ਸਗੋਂ ਪੂਰੇ ਏਸ਼ੀਆ ਵਿੱਚ ਕਾਫ਼ੀ ਵੱਧ ਸਕਦੀਆਂ ਹਨ। ਏਸ਼ੀਆ ਦੇ ਬਹੁਤ ਸਾਰੇ ਵਿਕਾਸਸ਼ੀਲ ਦੇਸ਼ ਇਸ ਬੋਝ ਨੂੰ ਸਹਿਣ ਦੇ ਯੋਗ ਨਹੀਂ ਹੋ ਸਕਦੇ ਹਨ ਅਤੇ ਨਤੀਜੇ ਵਜੋਂ ਆਪਣੀ ਤੇਲ ਅਤੇ ਗੈਸ ਦੀ ਮੰਗ ਨੂੰ ਘਟਾਉਣ ਦੀ ਲੋੜ ਹੋ ਸਕਦੀ ਹੈ। ਇਸ ਲਈ ਭਾਰਤ ਨੂੰ ਆਪਣੀ ਤੇਲ ਅਤੇ ਗੈਸ ਸਪਲਾਈ ਨੂੰ ਬਣਾਈ ਰੱਖਣ ਲਈ ਇੱਕ ਬਹੁਪੱਖੀ ਚੁਣੌਤੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਤੇਲ ਖਰੀਦ ਮੋਰਚੇ 'ਤੇ ਭਾਰਤ ਦੇ ਸਾਹਮਣੇ ਆਉਣ ਵਾਲੇ ਨਵੇਂ ਹਾਲਾਤ ਨੂੰ ਦੇਖਦੇ ਹੋਏ ਹੁਣ ਨਵੇਂ ਵਿਕਲਪ ਵਿਕਸਤ ਕਰਨ ਦਾ ਸਮਾਂ ਆ ਗਿਆ ਹੈ। ਦਰਅਸਲ, ਵਪਾਰ ਸਮਝੌਤੇ ਵਿੱਚ ਭਾਰਤ ਨੂੰ ਰੂਸ ਤੋਂ ਤੇਲ ਨਾ ਖਰੀਦਣ 'ਤੇ ਅਮਰੀਕਾ ਦੀ ਸ਼ਰਤ ਨੇ ਸਥਿਤੀ ਨੂੰ ਹੋਰ ਗੁੰਝਲਦਾਰ ਬਣਾ ਦਿੱਤਾ ਹੈ। ਹਾਲਾਂਕਿ, ਯੁੱਧ ਦੁਆਰਾ ਪੈਦਾ ਹੋਏ ਨਵੇਂ ਹਾਲਾਤ ਵਿੱਚ ਭਾਰਤ ਕੁਦਰਤੀ ਤੌਰ 'ਤੇ ਆਪਣੀਆਂ ਜ਼ਰੂਰਤਾਂ ਦੇ ਅਧਾਰ 'ਤੇ ਫੈਸਲੇ ਲੈ ਰਿਹਾ ਹੈ। ਸ਼ਾਇਦ ਇਸੇ ਲਈ ਅਮਰੀਕਾ ਨੇ ਭਾਰਤ ਦੀ ਆਪਣੀਆਂ ਜ਼ਰੂਰਤਾਂ ਪੂਰੀਆਂ ਕਰਨ ਲਈ ਰੂਸ ਜਾਂ ਹੋਰ ਵਿਕਲਪਾਂ ਵੱਲ ਦੇਖਣ ਦੀ ਸਮਰੱਥਾ ਪ੍ਰਤੀ ਨਰਮ ਰੁਖ਼ ਅਪਣਾਇਆ ਹੈ, ਕਿਉਂਕਿ ਹੋਰਮੁਜ਼ ਜਲਡਮਰੂ ਦੀ ਰੁਕਾਵਟ ਤੋਂ ਪੈਦਾ ਹੋਈ ਸਥਿਤੀ ਨੂੰ ਦੇਖਦੇ ਹੋਏ ਇਹ ਧਿਆਨ ਦੇਣ ਯੋਗ ਹੈ ਕਿ ਭਾਰਤ ਦੀ 50% ਐੱਲ ਐਨ ਜੀ (ਤਰਲ ਕੁਦਰਤੀ ਗੈਸ) ਖਾੜੀ ਦੇਸ਼ਾਂ ਤੋਂ ਆਉਂਦੀ ਹੈ, ਜਿਸਦੀ ਵਰਤੋਂ ਬਿਜਲੀ ਉਤਪਾਦਨ ਅਤੇ ਖਾਦ ਉਤਪਾਦਨ ਲਈ ਕੀਤੀ ਜਾਂਦੀ ਹੈ। ਇਸੇ ਤਰ੍ਹਾਂ 60% ਐੱਲ ਪੀ ਜੀ ਇਨ੍ਹਾਂ ਦੇਸ਼ਾਂ ਤੋਂ ਆਉਂਦੀ ਹੈ। ਹਾਲਾਂਕਿ, ਜਦੋਂ ਤੋਂ ਈਰਾਨ ਨੇ ਹੋਰਮੁਜ਼ ਜਲਡਮਰੂ ਨੂੰ ਰੋਕਿਆ ਹੈ, ਤੇਲ ਅਤੇ ਗੈਸ ਦੀ ਨਿਰਵਿਘਨ ਸਪਲਾਈ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ ਹੈ। ਹਮਲੇ ਤੋਂ ਕੁਝ ਦਿਨ ਬਾਅਦ ਵੀ ਜੰਗਬੰਦੀ ਸ਼ੁਰੂ ਕਰਨ ਲਈ ਕਿਸੇ ਵੀ ਪਾਸਿਓਂ ਪਹਿਲ ਦੇ ਕੋਈ ਸੰਕੇਤ ਨਹੀਂ ਹਨ। ਨਤੀਜੇ ਵਜੋਂ, ਦੁਨੀਆ ਦੇ ਇੱਕ ਵੱਡੇ ਹਿੱਸੇ ਵਿੱਚ ਤੇਲ ਅਤੇ ਗੈਸ ਦਾ ਸੰਕਟ ਪੈਦਾ ਹੋ ਸਕਦਾ ਹੈ। ਹਾਲਾਂਕਿ ਭਾਰਤ ਕੋਲ ਅਗਲੇ ਦੋ ਮਹੀਨਿਆਂ ਲਈ ਆਪਣੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਕਾਫ਼ੀ ਭੰਡਾਰ ਹਨ, ਪਰ ਲੰਬੇ ਸਮੇਂ ਤੱਕ ਜੰਗ ਦੀ ਸੰਭਾਵਨਾ ਨੂੰ ਹੋਰ ਤਿਆਰੀ ਦੀ ਲੋੜ ਹੈ। ਇਸ ਲਈ, ਭਾਰਤ ਨੇ ਆਪਣੀ ਊਰਜਾ ਖਰੀਦ ਰਣਨੀਤੀ ਵਿੱਚ ਕਾਫ਼ੀ ਬਦਲਾਅ ਕੀਤਾ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਜੇਕਰ ਇੱਕ ਰਸਤਾ ਵਿਘਨ ਪਾਉਂਦਾ ਹੈ ਤਾਂ ਐਮਰਜੈਂਸੀ ਸਪਲਾਈ ਵਿੱਚ ਵਿਘਨ ਨਾ ਪਵੇ। ਜਦੋਂ ਕਿ ਭਾਰਤ ਵਰਤਮਾਨ ਵਿੱਚ ਰੂਸ ਤੋਂ ਤੇਲ ਖਰੀਦਣ ਲਈ ਖੁੱਲ੍ਹਾ ਰਹਿੰਦਾ ਹੈ, ਹੁਣ ਉਸ ਕੋਲ ਪੱਛਮੀ ਅਫਰੀਕਾ, ਸੰਯੁਕਤ ਰਾਜ, ਮੱਧ ਏਸ਼ੀਆ ਅਤੇ ਕਈ ਹੋਰ ਦੇਸ਼ਾਂ ਤੋਂ ਨਿਰਵਿਘਨ ਸਪਲਾਈ ਬਣਾਈ ਰੱਖਣ ਦਾ ਵਿਕਲਪ ਹੈ। ਇਸ ਤੋਂ ਇਲਾਵਾ, ਆਸਟਰੇਲੀਆ ਅਤੇ ਕੈਨੇਡਾ ਸਮੇਤ ਕਈ ਹੋਰ ਦੇਸ਼ਾਂ ਨੇ ਗੈਸ ਸਪਲਾਈ ਦੀ ਪੇਸ਼ਕਸ਼ ਕੀਤੀ ਹੈ ਅਤੇ ਭਾਰਤ ਮੌਜੂਦਾ ਸੰਕਟ ਦੇ ਮੱਦੇਨਜ਼ਰ ਆਪਣੀ ਊਰਜਾ ਭਾਈਵਾਲੀ ਦਾ ਵਿਸਤਾਰ ਕਰ ਰਿਹਾ ਹੈ। ਸਪੱਸ਼ਟ ਤੌਰ 'ਤੇ ਭਾਰਤ ਨੇ ਇਨ੍ਹਾਂ ਮੁਸ਼ਕਲ ਸਮਿਆਂ ਦੌਰਾਨ ਆਪਣੀਆਂ ਊਰਜਾ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਨਵੇਂ ਤਰੀਕੇ ਲੱਭੇ ਹਨ ਅਤੇ ਉਮੀਦ ਕੀਤੀ ਜਾਂਦੀ ਹੈ ਕਿ ਯੁੱਧ ਕਾਰਨ ਹੋਣ ਵਾਲੀ ਰੁਕਾਵਟ ਆਮ ਲੋਕਾਂ ਨੂੰ ਪ੍ਰਭਾਵਿਤ ਨਹੀਂ ਕਰੇਗੀ।

-ਜਗਜੀਤ ਸਿੰਘ ਦਰਦੀ

*ਈਰਾਨ- ਅਮਰੀਕਾ, ਇਜ਼ਰਾਈਲ ਯੁੱਧ ਨੇ ਪੂਰੀ ਦੁਨੀਆ ਨੂੰ ਸੰਕਟ ਵਿੱਚ ਲਿਆਂਦਾ*

# ਕੀ ਬੰਬਾਰੀ ਤਬਾਹੀ ਦਾ ਯੁੱਧ ਅੱਜ ਦੀ ਮਨੁੱਖੀ ਸਭਿਅਤਾ ਨੂੰ ਖਤਮ ਕਰੇਗਾ ?

## *ਭਾਰਤ ਦੀ ਭੂਮਿਕਾ ਆਉਣ ਵਾਲੇ ਦਿਨਾਂ ਦੇ ਵਿੱਚ ਮਹੱਤਵਪੂਰਨ ਹੋਵੇਗੀ*



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਈਰਾਨ ਅਮਰੀਕਾ ਇਜ਼ਰਾਈਲ ਦੇ ਫੈਲਦੇ ਹੋਏ ਯੁੱਧ ਨੇ ਦੁਨੀਆਂ ਨੂੰ ਗੰਭੀਰ ਖ਼ਤਰੇ ਵਿੱਚ ਪਾ ਦਿੱਤਾ ਹੈ। ਈਰਾਨ, ਇਜ਼ਰਾਈਲ ਅਤੇ ਅਮਰੀਕਾ ਵਿਚਾਲੇ ਚੱਲ ਰਿਹਾ ਯੁੱਧ ਇੱਕ ਅਜਿਹੀ ਤਬਾਹੀ ਦਾ ਪ੍ਰਤੀਕ ਬਣ ਗਿਆ ਹੈ, ਜਿੱਥੇ ਬੰਬਾਂ ਦੀ ਬਰਸਾਤ, ਮਿਸਾਈਲਾਂ ਦੇ ਹਮਲੇ ਅਤੇ ਫੌਜੀ ਕਾਰਵਾਈਆਂ ਨੇ ਹਜ਼ਾਰਾਂ ਜਾਨਾਂ ਲਈਆਂ ਹਨ ਅਤੇ ਅਸੰਖਿਆ ਲੋਕਾਂ ਨੂੰ ਬੇਘਰ ਕਰ ਦਿੱਤਾ ਹੈ। ਅੱਜ ਇਹ ਯੁੱਧ ਨਾ ਸਿਰਫ਼ ਮੱਧ ਪੂਰਬ ਤੱਕ ਸੀਮਤ ਹੈ ਬਲਕਿ ਇਸ ਨੇ ਪੂਰੀ ਦੁਨੀਆ ਨੂੰ ਅਸਥਿਰਤਾ ਵੱਲ ਧੱਕ ਦਿੱਤਾ ਹੈ। ਗਾਜ਼ਾ ਵਿੱਚ ਲੰਮੇ ਸਮੇਂ ਤੋਂ ਚੱਲ ਰਹੀ ਤਬਾਹੀ, ਯੂਕਰੇਨ ਵਿੱਚ ਰੂਸ ਨਾਲ ਜੰਗ ਅਤੇ ਖਾੜੀ ਦੇ ਕਈ ਦੇਸ਼ਾਂ ਵਿੱਚ ਫੈਲ ਰਹੀ ਅਸੁਰੱਖਿਆ ਨੇ ਸਾਬਤ ਕਰ ਦਿੱਤਾ ਹੈ ਕਿ ਅੱਜ ਦਾ ਲੋਕਤੰਤਰ ਅਤੇ ਵਿਸ਼ਵ ਵਿਵਸਥਾ ਮਨੁੱਖਤਾ ਨੂੰ ਬਚਾਉਣ ਵਿੱਚ ਅਸਫਲ ਸਾਬਤ ਹੋ ਰਹੀ ਹੈ।ਅਸਲ ਵਿੱਚ ਇਹ ਸਭ ਕੁਝ ਇੱਕ ਵੱਡੀ ਤਾਕਤਾਂ ਦੀ ਦਾਦਾਗਿਰੀ ਦਾ ਨਤੀਜਾ ਹੈ। ਅੱਜ ਅਮਰੀਕਾ ਅਤੇ ਇਜ਼ਰਾਈਲ ਵਰਗੇ ਦੇਸ਼ ਆਪਣੀ ਸੈਨਿਕ ਤਾਕਤ ਅਤੇ ਅਰਥ ਵਿਵਸਥਾ ਦੇ ਬਲ ਉੱਤੇ ਦੁਨੀਆ ਨੂੰ ਆਪਣੇ ਹੱਕ ਵਿੱਚ ਧੱਕਣ ਦੀ ਕੋਸ਼ਿਸ਼ ਕਰ ਰਹੇ ਹਨ। ਪਰ ਇਹ ਤਾਕਤ ਖੋਖਲੀ ਸਾਬਤ ਹੋ ਰਹੀ ਹੈ ਕਿਉਂਕਿ ਇਹ ਨਾ ਤਾਂ ਸ਼ਾਂਤੀ ਲਿਆ ਸਕੀ ਹੈ ਅਤੇ ਨਾ ਹੀ ਮਨੁੱਖੀ ਅਧਿਕਾਰਾਂ ਦੀ ਰੱਖਿਆ ਕਰ ਸਕੀ ਹੈ। ਈਰਾਨ ਉੱਤੇ ਅਮਰੀਕਾ-ਇਜ਼ਰਾਈਲ ਵੱਲੋਂ ਕੀਤੇ ਗਏ ਹਮਲੇ, ਜਿਨ੍ਹਾਂ ਵਿੱਚ ਸੁਪਰੀਮ ਲੀਡਰ ਦੀ ਹੱਤਿਆ ਵਰਗੇ ਘਟਨਾਵਾਂ ਸ਼ਾਮਲ ਹਨ, ਨੇ ਖੇਤਰ ਨੂੰ ਖੁੱਲ੍ਹੇ ਯੁੱਧ ਵੱਲ ਧੱਕ ਦਿੱਤਾ ਹੈ। ਅੱਜ ਈਰਾਨ ਵੱਲੋਂ ਜਵਾਬੀ ਮਿਸਾਈਲ ਹਮਲੇ ਇਜ਼ਰਾਈਲ ਦੇ ਕੇਂਦਰੀ ਇਲਾਕਿਆਂ ਤੱਕ ਪਹੁੰਚ ਗਏ ਹਨ, ਜਿਸ ਨਾਲ ਮੌਤਾਂ ਅਤੇ ਜ਼ਖ਼ਮੀ ਹੋਏ ਲੋਕਾਂ ਦੀ ਗਿਣਤੀ ਵਧਦੀ ਜਾ ਰਹੀ ਹੈ। ਹਿਜ਼ਬੁੱਲਾਹ ਵੱਲੋਂ ਲੈਬਨਾਨ ਤੋਂ ਰੌਕੇਟ ਹਮਲੇ ਅਤੇ ਹੋਰ ਖੇਤਰੀ ਤਾਕਤਾਂ ਦੀ ਸ਼ਮੂਲੀਅਤ ਨੇ ਇਸ ਨੂੰ ਖੇਤਰੀ ਯੁੱਧ ਵਿੱਚ ਬਦਲ ਦਿੱਤਾ ਹੈ।ਗਾਜ਼ਾ ਵਿੱਚ ਤਾਂ ਸਥਿਤੀ ਹੋਰ ਵੀ ਦਰਦਨਾਕ ਹੈ। ਜੇਕਰ ਈਰਾਨ-ਇਜ਼ਰਾਈਲ ਯੁੱਧ ਨਵਾਂ ਹੈ ਤਾਂ ਗਾਜ਼ਾ ਵਿੱਚ ਤਬਾਹੀ ਪੁਰਾਣੀ ਅਤੇ ਲਗਾਤਾਰ ਚੱਲ ਰਹੀ ਹੈ। ਸੈਂਕੜੇ ਹਜ਼ਾਰਾਂ ਲੋਕ ਮਾਰੇ ਜਾ ਚੁੱਕੇ ਹਨ, ਬੱਚੇ ਠੰਡ ਵਿੱਚ ਮਰ ਰਹੇ ਹਨ ਅਤੇ ਮਦਦ ਪਹੁੰਚਾਉਣ ਵਾਲੇ ਰਸਤੇ ਬੰਦ ਕੀਤੇ ਜਾ ਰਹੇ ਹਨ। ਸੀਜ਼ਫਾਇਰ ਦੇ ਬਾਵਜੂਦ ਇਜ਼ਰਾਈਲ ਵੱਲੋਂ ਹਮਲੇ ਜਾਰੀ ਹਨ, ਜਿਸ ਨਾਲ ਲੱਖਾਂ ਲੋਕ ਬੇਘਰ ਅਤੇ ਭੁੱਖੇ ਮਰ ਰਹੇ ਹਨ। ਇਹ ਸਭ ਅਮਰੀਕਾ ਦੀ ਸਮਰਥਨ ਨਾਲ ਹੋ ਰਿਹਾ ਹੈ, ਜੋ ਇਜ਼ਰਾਈਲ ਨੂੰ ਹਜ਼ਾਰਾਂ ਕਰੋੜਾਂ ਡਾਲਰ ਅਤੇ ਹਥਿਆਰ ਦੇ ਰਿਹਾ ਹੈ।

ਹੁਣ ਇਸ ਨਾਲ ਸਾਬਤ ਹੁੰਦਾ ਹੈ ਕਿ ਅਮਰੀਕਾ ਦੀ ਲੋਕਤੰਤਰ ਅਤੇ ਮਨੁੱਖੀ ਅਧਿਕਾਰ ਵਾਲੀ ਗੱਲ ਸਿਰਫ਼ ਆਪਣੇ ਹਿੱਤਾਂ ਲਈ ਹੈ। ਜਦੋਂ ਗੱਲ ਆਪਣੇ ਸਹਿਯੋਗੀ ਦੀ ਆਉਂਦੀ ਹੈ ਤਾਂ ਸਾਰੇ ਨਿਯਮ ਭੁੱਲ ਜਾਂਦੇ ਹਨ।ਯੂਕਰੇਨ ਵਿੱਚ ਰੂਸ ਨਾਲ ਚੱਲ ਰਹੀ ਜੰਗ ਵੀ ਇੱਕ ਹੋਰ ਉਦਾਹਰਣ ਹੈ। ਪੰਜ ਸਾਲ ਬੀਤ ਚੁੱਕੇ ਹਨ ਪਰ ਯੁੱਧ ਖਤਮ ਨਹੀਂ ਹੋ ਰਿਹਾ। ਰੂਸ ਵੱਲੋਂ ਮਿਸਾਈਲ ਅਤੇ ਡਰੋਨ ਹਮਲੇ ਜਾਰੀ ਹਨ, ਜਦਕਿ ਯੂਕਰੇਨ ਵੱਲੋਂ ਵਾਪਸੀ ਹਮਲੇ ਹੋ ਰਹੇ ਹਨ। ਅਮਰੀਕਾ ਅਤੇ ਨਾਟੋ ਦੇਸ਼ ਯੂਕਰੇਨ ਨੂੰ ਹਥਿਆਰ ਦੇ ਰਹੇ ਹਨ ਪਰ ਸਿੱਧੇ ਤੌਰ ਉੱਤੇ ਨਹੀਂ ਲੜ ਰਹੇ। ਇਸ ਨਾਲ ਯੂਰਪ ਵਿੱਚ ਅਸੁਰੱਖਿਆ ਵਧ ਗਈ ਹੈ ਅਤੇ ਊਰਜਾ ਸੰਕਟ ਵਧ ਗਿਆ ਹੈ। ਖਾੜੀ ਦੇ 12 ਦੇਸ਼ਾਂ ਵਿੱਚ ਵੀ ਅਮਰੀਕੀ ਫੌਜੀ ਅੱਡੇ ਅਤੇ ਹਥਿਆਰਾਂ ਦੀ ਮੌਜੂਦਗੀ ਨੇ ਖੇਤਰ ਨੂੰ ਅਸਥਿਰ ਬਣਾ ਦਿੱਤਾ ਹੈ।

ਅੱਜ ਈਰਾਨ ਵੱਲੋਂ ਜਵਾਬੀ ਹਮਲੇ ਵਿੱਚ ਸਾਊਦੀ ਅਰਬ, ਯੂਏਈ, ਕੁਵੈਤ ਵਰਗੇ ਦੇਸ਼ ਵੀ ਨਿਸ਼ਾਨੇ ਬਣ ਰਹੇ ਹਨ। ਅਮਰੀਕਾ ਨੇ ਆਪਣੇ ਅਧਿਕਾਰੀਆਂ ਨੂੰ ਸਾਊਦੀ ਅਰਬ ਤੋਂ ਵਾਪਸ ਬੁਲਾਇਆ ਹੈ, ਜੋ ਖ਼ਤਰੇ ਦੀ ਗੰਭੀਰਤਾ ਦੱਸਦਾ ਹੈ।ਇਹ ਸਭ ਕੁਝ ਦੱਸਦਾ ਹੈ ਕਿ ਅੱਜ ਦੀ ਵਿਸ਼ਵ ਵਿਵਸਥਾ ਵਿੱਚ ਲੋਕਤੰਤਰ ਦਾ ਨਾਂ ਲੈ ਕੇ ਤਾਕਤਵਰ ਦੇਸ਼ ਆਪਣੇ ਹਿੱਤ ਪੂਰੇ ਕਰ ਰਹੇ ਹਨ। ਅੱਜ ਅਮਰੀਕਾ ਦੀ ਤਾਕਤ ਨੂੰ ਦੁਨੀਆ ਨੇ ਵੇਖ ਲਿਆ ਹੈ ਪਰ ਇਸ ਦਾ ਖੋਖਲਾਪਣ ਵੀ ਸਾਹਮਣੇ ਆ ਰਿਹਾ ਹੈ। ਇੱਕ ਪਾਸੇ ਉਹ ਲੋਕਤੰਤਰ ਦੀ ਗੱਲ ਕਰਦੇ ਹਨ ਅਤੇ ਦੂਜੇ ਪਾਸੇ ਯੁੱਧਾਂ ਨੂੰ ਭੜਕਾਉਂਦੇ ਹਨ। ਨਿਊਕਲੀਅਰ ਧਮਕੀਆਂ, ਬੰਬਾਂ ਦੀ ਵਰਤੋਂ ਅਤੇ ਮਿਲਟਰੀ ਐਕਸ਼ਨ ਨੇ ਮਨੁੱਖਤਾ ਨੂੰ ਖਤਮ ਕਰਨ ਵੱਲ ਧੱਕ ਦਿੱਤਾ ਹੈ। ਕੀ ਇਹੀ ਉਹ ਲੋਕਤੰਤਰ ਹੈ ਜੋ ਦੁਨੀਆ ਨੂੰ ਬਚਾਏਗਾ ? ਨਹੀਂ, ਇਹ ਤਾਂ ਸਿਰਫ਼ ਤਾਕਤ ਦੀ ਰਾਜਨੀਤੀ ਹੈ ਜਿੱਥੇ ਮਜ਼ਬੂਤ ਦੇਸ਼ ਕਮਜ਼ੋਰਾਂ ਨੂੰ ਕੁਚਲਦੇ ਹਨ।

ਅੱਜ ਪੂਰੀ ਦੁਨੀਆ ਵਿੱਚ ਭਾਰਤੀ ਲੋਕਤੰਤਰ ਇਸ ਸਭ ਵਿੱਚ ਇੱਕ ਵੱਖਰੀ ਮਿਸਾਲ ਹੈ। ਭਾਰਤ ਨੇ ਹਮੇਸ਼ਾ ਸ਼ਾਂਤੀ ਅਤੇ ਅਹਿੰਸਾ ਦਾ ਰਾਹ ਅਪਣਾਇਆ ਹੈ। ਗਾਂਧੀ ਜੀ ਅਤੇ ਨਹਿਰੂ ਵਰਗੇ ਨੇਤਾਵਾਂ ਨੇ ਦੁਨੀਆ ਨੂੰ ਅਹਿੰਸਾ ਅਤੇ ਸਹਿਯੋਗ ਦਾ ਸੰਦੇਸ਼ ਦਿੱਤਾ ਸੀ। ਅੱਜ ਵੀ ਭਾਰਤ ਵਿਸ਼ਵ ਸ਼ਾਂਤੀ ਲਈ ਆਵਾਜ਼ ਉਠਾਉਂਦਾ ਹੈ ਅਤੇ ਯੁੱਧਾਂ ਵਿੱਚ ਸਿੱਧੇ ਸ਼ਾਮਲ ਨਹੀਂ ਹੁੰਦਾ। ਪਰ ਅਮਰੀਕਾ ਅਤੇ ਇਜ਼ਰਾਈਲ ਵਰਗੇ ਦੇਸ਼ਾਂ ਦੀ ਦਾਦਾਗਿਰੀ ਨੇ ਭਾਰਤ ਵਰਗੇ ਦੇਸ਼ਾਂ ਨੂੰ ਵੀ ਸਾਵਧਾਨ ਕਰ ਦਿੱਤਾ ਹੈ। ਭਾਰਤ ਨੂੰ ਆਪਣੀ ਸਵੈ-ਨਿਰਭਰਤਾ ਅਤੇ ਰੱਖਿਆ ਨੂੰ ਮਜ਼ਬੂਤ ਕਰਨਾ ਪਵੇਗਾ ਤਾਂ ਜੋ ਅਜਿਹੀਆਂ ਤਾਕਤਾਂ ਦੇ ਅੱਗੇ ਝੁਕਣਾ ਨਾ ਪਵੇ। ਭਾਰਤੀ ਲੋਕਤੰਤਰ ਵਿੱਚ ਵਿਭਿੰਨਤਾ ਅਤੇ ਸਮਾਨਤਾ ਦੀ ਗੱਲ ਹੈ, ਜੋ ਅੱਜ ਦੇ ਵਿਸ਼ਵ ਵਿੱਚ ਇੱਕ ਰੌਸ਼ਨ ਮਿਸਾਲ ਹੈ। ਹੁਣ ਪਰ ਸਵਾਲ ਇਹ ਹੈ ਕਿ ਕੀ ਅੱਜ ਦੀ ਦੁਨੀਆ ਵਿੱਚ ਅਜਿਹਾ ਲੋਕਤੰਤਰ ਬਚ ਸਕੇਗਾ ਜੋ ਬੰਬਾਂ ਅਤੇ ਧਮਕੀਆਂ ਨਾਲ ਨਹੀਂ ਚੱਲਦਾ ? ਜਦੋਂ ਤੱਕ ਤਾਕਤਵਰ ਦੇਸ਼ ਆਪਣੀ ਦਾਦਾਗਿਰੀ ਨਹੀਂ ਛੱਡਦੇ, ਤਦ ਤੱਕ ਮਨੁੱਖਤਾ ਖਤਰੇ ਵਿੱਚ ਰਹੇਗੀ। ਸੰਯੁਕਤ ਰਾਸ਼ਟਰ ਅਤੇ ਅੰਤਰਰਾਸ਼ਟਰੀ ਅਦਾਲਤਾਂ ਵਰਗੇ ਅਦਾਰੇ ਕਮਜ਼ੋਰ ਸਾਬਤ ਹੋ ਰਹੇ ਹਨ। ਲੋੜ ਹੈ ਇੱਕ ਨਵੀਂ ਵਿਸ਼ਵ ਵਿਵਸਥਾ ਦੀ ਜਿੱਥੇ ਸਾਰੇ ਦੇਸ਼ ਬਰਾਬਰ ਹੋਣ ਅਤੇ ਯੁੱਧ ਨੂੰ ਰੋਕਣ ਲਈ ਸੱਚੀ ਕੋਸ਼ਿਸ਼ ਕੀਤੀ ਜਾਵੇ। ਅੱਜ ਇਹ ਯੁੱਧ ਸਾਨੂੰ ਸਿਖਾਉਂਦੇ ਹਨ ਕਿ ਬੰਬਾਂ ਅਤੇ ਬੰਦੂਕ ਨਾਲ ਕੋਈ ਸਮੱਸਿਆ ਹੱਲ ਨਹੀਂ ਹੁੰਦੀ। ਇਹ ਸਿਰਫ਼ ਤਬਾਹੀ ਲਿਆਉਂਦੇ ਹਨ। ਮਨੁੱਖੀ ਸਭਿਅਤਾ ਨੂੰ ਬਚਾਉਣ ਲਈ ਸੰਵਾਦ, ਸਹਿਯੋਗ ਅਤੇ ਅਹਿੰਸਾ ਦੀ ਲੋੜ ਹੈ। ਜੇਕਰ ਅਮਰੀਕਾ ਅਤੇ ਇਜ਼ਰਾਈਲ ਵਰਗੇ ਦੇਸ਼ ਆਪਣੀ ਦਾਦਾਗਿਰੀ ਜਾਰੀ ਰੱਖਦੇ ਹਨ ਤਾਂ ਦੁਨੀਆ ਵਿੱਚ ਵੱਡੀ ਤਬਾਹੀ ਆ ਸਕਦੀ ਹੈ। ਭਾਰਤ ਵਰਗੇ ਦੇਸ਼ਾਂ ਨੂੰ ਆਵਾਜ਼ ਉਠਾਉਣੀ ਚਾਹੀਦੀ ਹੈ ਅਤੇ ਵਿਸ਼ਵ ਸ਼ਾਂਤੀ ਲਈ ਅੱਗੇ ਵਧਣਾ ਚਾਹੀਦਾ ਹੈ। ਨਹੀਂ ਤਾਂ ਇਹ ਬੰਬ ਅਤੇ ਮਿਲਟਰੀ ਐਕਸ਼ਨ ਮਨੁੱਖਤਾ ਨੂੰ ਖਤਮ ਕਰ ਦੇਣਗੇ ਅਤੇ ਕੋਈ ਲੋਕਤੰਤਰ ਜਾਂ ਸਭਿਅਤਾ ਨਹੀਂ ਬਚੇਗੀ। ਇਸ ਯੁੱਧ ਵਿੱਚ ਭਾਰਤ ਦੀ ਭੂਮਿਕਾ ਨੂੰ ਵੇਖਦੇ ਹੋਏ ਅਤੇ ਇਹ ਸਵਾਲ ਕਿ ਇਹ ਤਬਾਹੀ ਕਦੋਂ ਰੁਕੇਗੀ, ਅਸੀਂ ਅੱਜ ਦੀ ਸਥਿਤੀ (ਮਾਰਚ 2026) ਨੂੰ ਸਮਝ ਕੇ ਵਿਸਥਾਰ ਨਾਲ ਗੱਲ ਕਰੀਏ ਤਾਂ ਈਰਾਨ-ਇਜ਼ਰਾਈਲ (ਅਤੇ ਅਮਰੀਕਾ ਨਾਲ ਜੁੜਿਆ) ਯੁੱਧ 28 ਫਰਵਰੀ 2026 ਨੂੰ ਸ਼ੁਰੂ ਹੋਇਆ ਸੀ ਜਦੋਂ ਅਮਰੀਕਾ ਅਤੇ ਇਜ਼ਰਾਈਲ ਨੇ ਸੰਯੁਕਤ ਹਵਾਈ ਹਮਲੇ ਕੀਤੇ, ਜਿਨ੍ਹਾਂ ਵਿੱਚ ਈਰਾਨ ਦੇ ਸੁਪਰੀਮ ਲੀਡਰ ਅਲੀ ਖਾਮਨੇਈ ਸਮੇਤ ਕਈ ਵੱਡੇ ਅਧਿਕਾਰੀ ਮਾਰੇ ਗਏ। ਇਸ ਨੂੰ ਰੈਜੀਮ ਚੇਂਜ ਦਾ ਟੀਚਾ ਦੱਸਿਆ ਗਿਆ ਅਤੇ ਹੁਣ ਇਹ ਯੁੱਧ ਲਗਭਗ ਦੋ ਹਫ਼ਤੇ ਪੁਰਾਣਾ ਹੈ, ਅੱਜ ਦੀ ਤਾਰੀਖ ਤੱਕ ਇਹ ਰੁਕਣ ਦੇ ਆਸਾਰ ਨਹੀਂ ਦਿਖ ਰਹੇ। ਅੱਜ ਵੀ ਸੈਂਟਰਲ ਇਜ਼ਰਾਈਲ ਉੱਤੇ ਹਮਲਾ ਹੋਇਆ ਜਿਸ ਵਿੱਚ ਦੋ ਲੋਕ ਮਾਰੇ ਗਏ ਅਤੇ ਕਈ ਜ਼ਖ਼ਮੀ ਹੋਏ। ਹਿਜ਼ਬੁੱਲਾਹ ਵੱਲੋਂ ਰੌਕੇਟ ਹਮਲੇ ਵੀ ਜਾਰੀ ਹਨ, ਜਿਸ ਨਾਲ ਲੈਬਨਾਨ ਵਿੱਚ ਵੀ ਤਬਾਹੀ ਵਧ ਰਹੀ ਹੈ। ਈਰਾਨ ਨੇ ਖਾੜੀ ਦੇਸ਼ਾਂ (ਯੂਏਈ, ਕੁਵੈਤ, ਬਹਿਰੀਨ, ਸਾਊਦੀ ਅਰਬ) ਉੱਤੇ ਵੀ ਡਰੋਨ ਅਤੇ ਮਿਸਾਈਲ ਹਮਲੇ ਕੀਤੇ ਹਨ, ਜਿਸ ਨਾਲ ਤੇਲ ਦੀ ਸਪਲਾਈ ਖਤਰੇ ਵਿੱਚ ਹੈ ਅਤੇ ਤੇਲ ਦੀਆਂ ਕੀਮਤਾਂ £100 ਪ੍ਰਤੀ ਬੈਰਲ ਨੂੰ ਪਾਰ ਕਰਨ ਵਾਲੀਆਂ ਹਨ।ਈਰਾਨ ਨੇ ਨਵਾਂ ਸੁਪਰੀਮ ਲੀਡਰ ਮੋਜਤਬਾ ਖਾਮਨੇਈ (ਪੁਰਾਣੇ ਲੀਡਰ ਦਾ ਬੇਟਾ) ਚੁਣ ਲਿਆ ਹੈ ਅਤੇ ਵਿਦੇਸ਼ ਮੰਤਰੀ ਅੱਬਾਸ ਅਰਾਗਚੀ ਨੇ ਸਾਫ਼ ਕਿਹਾ ਹੈ ਕਿ ਅਮਰੀਕਾ ਨਾਲ ਕੋਈ ਗੱਲਬਾਤ ਨਹੀਂ ਹੋਵੇਗੀ, ਕਿਉਂਕਿ ਪਿਛਲੇ ਤਜਰਬੇ 'ਕੜਵੇ' ਰਹੇ ਹਨ। ਈਰਾਨੀ ਪਾਰਲੀਮੈਂਟ ਸਪੀਕਰ ਅਤੇ IRGC ਨੇ ਕਿਹਾ ਹੈ ਕਿ ਸੀਜ਼ਫਾਇਰ ਦੀ ਕੋਈ ਭਾਲ ਨਹੀਂ ਅਤੇ ਯੁੱਧ ਦਾ ਅੰਤ ਈਰਾਨ ਖੁਦ ਫੈਸਲਾ ਕਰੇਗਾ। ਅੱਜ ਅਮਰੀਕੀ ਰਾਸ਼ਟਰਪਤੀ ਟਰੰਪ ਨੇ ਕਿਹਾ ਹੈ ਕਿ ਯੁੱਧ 'ਜਲਦੀ ਖਤਮ ਹੋ ਜਾਵੇਗਾ' ਅਤੇ ਈਰਾਨ ਨੂੰ 20 ਗੁਣਾ ਜ਼ਿਆਦਾ ਮਾਰ ਕੇ ਜਵਾਬ ਦਿੱਤਾ ਜਾਵੇਗਾ ਜੇਕਰ ਹਾਰਮੁਜ਼ ਸਟ੍ਰੇਟ ਬੰਦ ਹੋਇਆ। ਪਰ ਅਸਲ ਵਿੱਚ ਯੁੱਧ ਵਧ ਰਿਹਾ ਹੈ—ਕੋਈ ਵੀ ਪਾਸਾ ਪਿੱਛੇ ਨਹੀਂ ਹਟ ਰਿਹਾ।ਭਾਰਤ ਦੀ ਭੂਮਿਕਾ ਅਤੇ ਸਥਿਤੀ ਬਹੁਤ ਨਾਜ਼ੁਕ ਹੈ। ਭਾਰਤ ਨੇ ਹਮੇਸ਼ਾ ਸੰਤੁਲਿਤ ਨੀਤੀ ਅਪਣਾਈ ਹੈ— ਇਜ਼ਰਾਈਲ ਨਾਲ ਡਿਫੈਂਸ ਅਤੇ ਟੈਕਨਾਲੋਜੀ ਸਹਿਯੋਗ ਵਧਾਇਆ (ਪਿਛਲੇ ਸਾਲਾਂ ਵਿੱਚ ਮੋਦੀ ਜੀ ਦੀ ਇਜ਼ਰਾਈਲ ਯਾਤਰਾ ਅਤੇ ਨਵੇਂ ਐਗਰੀਮੈਂਟਸ), ਪਰ ਈਰਾਨ ਨਾਲ ਵੀ ਇਤਿਹਾਸਕ ਸੰਬੰਧ ਰੱਖੇ ਹਨ (ਚਾਬਹਾਰ ਪੋਰਟ, ਊਰਜਾ ਆਯਾਤ ਅਤੇ ਅਫਗਾਨਿਸਤਾਨ ਰਾਹੀਂ ਕਨੈਕਟੀਵਿਟੀ)। ਪਰ ਇਸ ਯੁੱਧ ਵਿੱਚ ਭਾਰਤ ਨੇ ਅਮਰੀਕਾ-ਇਜ਼ਰਾਈਲ ਵੱਲ ਝੁਕਾਅ ਵਧਾ ਲਿਆ ਹੈ। ਮੋਦੀ ਜੀ ਦੀ ਫਰਵਰੀ 2026 ਵਿੱਚ ਇਜ਼ਰਾਈਲ ਯਾਤਰਾ (ਯੁੱਧ ਸ਼ੁਰੂ ਹੋਣ ਤੋਂ ਠੀਕ ਪਹਿਲਾਂ) ਅਤੇ ਇਜ਼ਰਾਈਲ ਦੇ ਹਮਲਿਆਂ ਉੱਤੇ ਸਿੱਧੀ ਨਿੰਦਾ ਨਾ ਕਰਨ ਨੂੰ ਬਹੁਤ ਸਾਰੇ ਵਿਦੇਸ਼ ਨੀਤੀ ਮਾਹਿਰਾਂ ਨੇ 'ਅਮਰੀਕਾ' ਇਜ਼ਰਾਈਲ ਕੈਂਪ ਵਿੱਚ ਪੂਰੀ ਤਰ੍ਹਾਂ ਸ਼ਾਮਲ ਹੋਣ ਵਜੋਂ ਵੇਖਿਆ ਹੈ।

ਹੁਣ ਭਾਰਤ ਨੇ ਡਾਇਲਾਗ ਅਤੇ ਡਿਪਲੋਮੈਸੀ ਦੀ ਗੱਲ ਕੀਤੀ ਹੈ, ਮੈਕਸੀਮਮ ਰੈਸਟਰੇਂਟ ਦੀ ਅਪੀਲ ਕੀਤੀ ਅਤੇ ਸਾਰੇ ਪਾਸਿਆਂ ਤੋਂ ਖੁਦਮੁਖਤਿਆਰੀ ਦਾ ਸਤਿਕਾਰ ਕਰਨ ਦੀ ਗੱਲ ਕਹੀ, ਪਰ ਇਹ ਨਿਰਪੱਖਤਾ ਨਹੀਂ ਲੱਗ ਰਹੀ।ਇਸ ਨਾਲ ਭਾਰਤ ਨੂੰ ਵੱਡਾ ਨੁਕਸਾਨ ਹੋ ਸਕਦਾ ਹੈ। ਖਾੜੀ ਵਿੱਚ ਲਗਭਗ 90 ਲੱਖ ਭਾਰਤੀ ਨਾਗਰਿਕ ਕੰਮ ਕਰਦੇ ਹਨ—ਜੇ ਯੁੱਧ ਵਧਿਆ ਤਾਂ ਉਨ੍ਹਾਂ ਦੀ ਸੁਰੱਖਿਆ ਖਤਰੇ ਵਿੱਚ ਪੈ ਜਾਵੇਗੀ।

ਸੰਸਾਰ ਵਿੱਚ ਤੇਲ ਦੀਆਂ ਕੀਮਤਾਂ ਵਧਣ ਨਾਲ ਭਾਰਤ ਦੀ ਅਰਥ ਵਿਵਸਥਾ ਉੱਤੇ ਬੋਝ ਪਵੇਗਾ (ਭਾਰਤ ਆਯਾਤ ਤੇਲ ਦਾ ਵੱਡਾ ਹਿੱਸਾ ਖਾੜੀ ਤੋਂ ਲੈਂਦਾ ਹੈ)। ਈਰਾਨ ਨਾਲ ਸੰਬੰਧ ਖਰਾਬ ਹੋਣ ਨਾਲ ਚਾਬਹਾਰ ਪ੍ਰੋਜੈਕਟ ਅਤੇ ਅਫਗਾਨਿਸਤਾਨ ਰਾਹੀਂ ਕਨੈਕਟੀਵਿਟੀ ਰੁਕ ਸਕਦੀ ਹੈ। ਕਈ ਵਿਦਵਾਨ ਕਹਿ ਰਹੇ ਹਨ ਕਿ ਇਹ ਅਲਾਈਨਮੈਂਟ ਭਾਰਤ ਨੂੰ ਗਲੋਬਲ ਸਾਊਥ ਵਿੱਚ ਆਪਣੀ ਲੀਡਰਸ਼ਿਪ ਗੁਆਉਣ ਵੱਲ ਲੈ ਜਾ ਰਿਹਾ ਹੈ ਅਤੇ ਊਰਜਾ ਸੁਰੱਖਿਆ ਖਤਰੇ ਵਿੱਚ ਪਾ ਰਿਹਾ ਹੈ।ਹੁਣ ਸਵਾਲ ਇਹ ਹੈ ਕਿ ਇਹ ਯੁੱਧ ਕਦੋਂ ਰੁਕੇਗਾ ?

ਪਰ ਅਸਲ ਵਿੱਚ ਇਹ ਯੁੱਧ ਰੁਕਣ ਨਾਲੋਂ ਵਧਣ ਵੱਲ ਜਾ ਰਿਹਾ ਹੈ। ਜੇਕਰ ਹਾਰਮੁਜ਼ ਸਟ੍ਰੇਟ ਪੂਰੀ ਤਰ੍ਹਾਂ ਬੰਦ ਹੋ ਗਿਆ ਜਾਂ ਜ਼ਮੀਨੀ ਹਮਲਾ ਸ਼ੁਰੂ ਹੋ ਗਿਆ ਤਾਂ ਤਬਾਹੀ ਦਾ ਤਮਾਸ਼ਾ ਹੋਰ ਵੱਡਾ ਹੋ ਜਾਵੇਗਾ—ਲੱਖਾਂ ਮੌਤਾਂ, ਰਿਫਿਊਜੀ ਕਰਾਈਸਿਸ, ਗਲੋਬਲ ਰਿਸੈਸ਼ਨ ਅਤੇ ਸੰਭਾਵਿਤ ਨਿਊਕਲੀਅਰ ਖਤਰਾ। ਭਾਰਤ ਲਈ ਇਹ ਸਮਾਂ ਹੈ ਕਿ ਆਪਣੀ ਪੁਰਾਣੀ ਨਿਰਪੱਖ ਨੀਤੀ ਵੱਲ ਵਾਪਸ ਜਾਵੇ, ਸਾਰੇ ਪਾਸਿਆਂ ਨਾਲ ਗੱਲਬਾਤ ਕਰੇ ਅਤੇ ਵਿਸ਼ਵ ਸ਼ਾਂਤੀ ਲਈ ਆਵਾਜ਼ ਉਠਾਏ। ਨਹੀਂ ਤਾਂ ਇਹ ਤਬਾਹੀ ਦਾ ਚੱਕਰ ਰੁਕਣ ਦੀ ਬਜਾਏ ਹੋਰ ਫੈਲੇਗਾ ਅਤੇ ਮਨੁੱਖਤਾ ਨੂੰ ਵੱਡਾ ਝਟਕਾ ਲੱਗੇਗਾ।

ਅੱਜ ਭਾਰਤ ਨੂੰ ਆਪਣੇ ਹਿੱਤਾਂ ਨੂੰ ਪਹਿਲ ਦੇਣੀ ਚਾਹੀਦੀ ਹੈ—ਆਪਣੇ ਨਾਗਰਿਕਾਂ ਦੀ ਸੁਰੱਖਿਆ, ਊਰਜਾ ਸੁਰੱਖਿਆ ਅਤੇ ਆਰਥਿਕ ਸਥਿਰਤਾ। ਜੇਕਰ ਯੁੱਧ ਲੰਬਾ ਖਿੱਚਿਆ ਤਾਂ ਭਾਰਤ ਨੂੰ ਵੱਡੀ ਕੀਮਤ ਚੁਕਾਉਣੀ ਪਵੇਗੀ। ਸੱਚੀ ਸ਼ਾਂਤੀ ਸਿਰਫ਼ ਡਿਪਲੋਮੈਸੀ ਅਤੇ ਸੰਵਾਦ ਨਾਲ ਹੀ ਆ ਸਕਦੀ ਹੈ, ਨਾ ਕਿ ਬੰਬਾਂ ਅਤੇ ਮਿਸਾਈਲਾਂ ਨਾਲ। ਪਰ ਅੱਜ ਦੀ ਸਥਿਤੀ ਵਿੱਚ ਇਹ ਯੁੱਧ ਜਲਦੀ ਰੁਕਣ ਵਾਲਾ ਨਹੀਂ ਲੱਗ ਰਿਹਾ—ਅਤੇ ਇਹ ਦੁਨੀਆਂ ਲਈ ਇੱਕ ਵੱਡਾ ਖਤਰਾ ਬਣ ਰਿਹਾ ਹੈ।

# 'ਆਪ' ਸਰਕਾਰ ਦੀ ਚਾਰ ਸਾਲਾਂ ਦੀ ਚੀਰਫਾੜ

ਕਮਲਜੀਤ ਸਿੰਘ ਬਨਵੈਤ
98147 34035



ਚਾਰ ਸਾਲ ਪਹਿਲਾਂ 10 ਮਾਰਚ ਨੂੰ ਆਮ ਆਦਮੀ ਪਾਰਟੀ ਵੱਡੀ ਜਿੱਤ ਦੇ ਜਸ਼ਨ ਮਨਾ ਰਹੀ ਸੀ। ਅੱਜ ਚਾਰ ਸਾਲਾਂ ਬਾਅਦ ਉਸੇ ਪਾਰਟੀ ਨੂੰ ਮੁੜ ਤੋਂ ਜਿੱਤ ਪਰ ਵਧਣ ਲਈ ਤੀਂਘੜਨਾ ਪੈ ਰਿਹਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਆਮ ਆਦਮੀ ਪਾਰਟੀ ਦੀ ਸਰਕਾਰ ਚਾਰ ਸਾਲ ਪੂਰੇ ਕਰਨ ਤੋਂ ਬਾਅਦ ਸਿਰ ਉੱਤੇ ਕਰਜ਼ੇ ਦੀ ਭਾਰੀ ਪੰਡ ਚੁੱਕੀ ਪੰਜਵੇਂ ਸਾਲ ਵਿੱਚ ਦਾਖ਼ਲ ਹੋ ਰਹੀ ਹੈ। ਸੂਬੇ ਦੀ ਅਮਨ ਕਾਨੂੰਨ ਦੀ ਵਿਗੜੀ ਸਥਿਤੀ ਦਾ ਭਾਰ ਵੀ ਨਾਲ ਢੋਣਾ ਪੈ ਰਿਹਾ ਹੈ। ਵਿਧਾਨ ਸਭਾ ਵਿੱਚ ਵਿਰੋਧੀ ਧਿਰ ਮੂਹਰੇ ਵੱਖਰੇ ਜਿਹੜਾ ਛਿਥਿਆਂ ਪੈਣਾ ਪੈ ਰਿਹਾ ਹੈ, ਉਸ ਦੀ ਪੀੜ ਵੱਖਰੀ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਨੇ ਚਾਰ ਸਾਲ ਪੂਰੇ ਹੋਣ ਤੋਂ ਪਹਿਲਾਂ ਮੁੱਖ ਗਰੰਟੀਆਂ ਪੂਰੀਆਂ ਕਰਕੇ ਕਾਫ਼ੀ ਹੱਦ ਤੱਕ ਵਿਰੋਧੀ ਧਰ ਦੇ ਮੂੰਹ ਬੰਦ ਕਰ ਦਿੱਤੇ ਹਨ। ਪਿਛਲੀਆਂ ਵਿਧਾਨ ਸਭਾ ਚੋਣਾਂ ਦੇ ਨਤੀਜੇ ਦਾ ਐਲਾਨ 10 ਮਾਰਚ ਨੂੰ ਕੀਤਾ ਗਿਆ ਸੀ ਅਤੇ ਆਮ ਆਦਮੀ ਪਾਰਟੀ 92 ਸੀਟਾਂ ਲੈ ਕੇ ਵੱਡੀ ਬਹੁਮਤ ਨਾਲ ਜਿੱਤੀ ਸੀ। ਵਿਧਾਨ ਸਭਾ ਦਾ ਚੱਲ ਰਿਹਾ ਸੈਸ਼ਨ 16 ਮਾਰਚ ਨੂੰ ਪੂਰਾ ਹੋਣਾ ਹੈ। ਚਾਰ ਸਾਲ ਪਹਿਲਾਂ ਉਸੇ ਦਿਨ ਭਗਵੰਤ ਸਿੰਘ ਮਾਨ ਨੇ ਖਟਕੜ ਕਲਾਂ ਵਿਖੇ ਮੁੱਖ ਮੰਤਰੀ ਦੇ ਅਹੁਦੇ ਦੀ ਸਹੁੰ ਚੁੱਕੀ ਸੀ।

ਆਮ ਆਦਮੀ ਪਾਰਟੀ ਚੋਣਾਂ ਤੋਂ ਪਹਿਲਾਂ ਬਦਲਾਅ ਦੇ ਦਿੱਤੇ ਨਾਅਰੇ ਉੱਤੇ ਖਰੀ ਨਹੀਂ ਉਤਰ ਸਕੀ ਹੈ ਪਰ 300 ਯੂਨਿਟ ਤੱਕ ਮੁਫ਼ਤ ਬਿਜਲੀ, 10 ਲੱਖ ਦੇ ਮੁਫ਼ਤ ਇਲਾਜ ਤੇ ਹੁਣ ਮਹਿਲਾਵਾਂ ਨੂੰ ਹਜ਼ਾਰ ਰੁਪਿਆ ਮਹੀਨਾ ਦਿੱਤੇ ਜਾਣ ਦੇ ਚੋਗੇ ਨੇ ਕਾਫੀ ਹੱਦ ਤੱਕ ਸਰਕਾਰ ਦੇ ਪੱਖ ਵਿੱਚ ਹਵਾ ਵਗਣ ਲਾ ਦਿੱਤੀ ਹੈ। ਸਰਕਾਰ ਵੱਲੋਂ ਵਿਸਾਖੀ ਤੋਂ ਜਨਰਲ ਵਰਗ ਦੀਆਂ ਮਹਿਲਾਵਾਂ ਨੂੰ 1000 ਅਤੇ ਐਸਸੀ ਵਰਗ ਦੀਆਂ ਮਹਿਲਾਵਾਂ ਨੂੰ 1500 ਮਹੀਨਾ ਇਮਦਾਦ ਦਿੱਤੀ ਜਾਣੀ ਹੈ। ਦੇਖਿਆ ਜਾਵੇ ਤਾਂ 1500 ਜ਼ਿਆਦਾ ਕੁਝ ਸੁਆਰਨ ਵਾਲਾ ਨਹੀਂ ਹੈ ਜਦੋਂ ਇੱਕ ਪਰਿਵਾਰ ਵਿੱਚ 18 ਸਾਲ ਤੋਂ ਵੱਧ ਤਿੰਨ ਜਾਂ ਚਾਰ ਮਹਿਲਾਵਾਂ ਨੂੰ ਪੰਜ ਤੋਂ 6000 ਮਿਲਣਗੇ ਤਾਂ ਇਹਦੇ ਨਾਲ ਘਰ ਦੀ ਗੱਡੀ ਰੁੜਨ ਲੱਗੇਗੀ। ਸਰਕਾਰ ਵੱਲੋਂ ਇਸ ਸਕੀਮ ਵਿੱਚੋਂ ਵਿਧਾਇਕਾਂ, ਸਾਬਕਾ ਵਿਧਾਇਕਾਂ, ਐਮਪੀਜ਼, ਸਾਬਕਾ ਐਮਪੀਜ਼, ਸਰਕਾਰੀ ਮਹਿਲਾ ਮੁਲਾਜ਼ਮਾਂ ਅਤੇ ਆਮਦਨ ਕਰ ਭਰਨ ਵਾਲੀਆਂ ਸੁਆਣੀਆਂ ਨੂੰ ਬਾਹਰ ਰੱਖਿਆ ਗਿਆ ਹੈ ਪਰ ਫਿਰ ਵੀ ਇਹ ਗਿਣਤੀ ਲੱਖਾਂ ਨੂੰ ਟੱਚ ਕਰਦੀ ਲੱਗਦੀ ਹੈ। ਪੰਜਾਬ ਵਿੱਚ ਮਹਿਲਾ ਵੋਟਰਾਂ ਦੀ ਗਿਣਤੀ 1 ਕਰੋੜ 7 ਲੱਖ ਦੱਸੀ ਜਾ ਰਹੀ ਹੈ। ਇਹਨਾਂ ਵਿੱਚੋਂ 32 ਫ਼ੀਸਦੀ ਦਾ ਸਬੰਧ ਐਸਸੀ ਵਰਗ ਨਾਲ ਹੈ। ਮੁੱਖ ਮੰਤਰੀ ਸਿਹਤ ਯੋਜਨਾ ਵਿੱਚ ਇੱਕ ਸਿਰੇ ਤੋਂ ਲੈ ਕੇ ਪੰਜਾਬੀਆਂ ਨੂੰ ਸ਼ਾਮਿਲ ਕੀਤਾ ਗਿਆ ਹੈ। ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੋਸ਼ ਲਾਉਂਦੇ ਹਨ ਕਿ ਪੰਜਾਬ ਸਰਕਾਰ ਨੇ ਕੇਂਦਰ ਸਰਕਾਰ ਦੀ ਆਯੂਸ਼ਮਾਨ ਯੋਜਨਾ ਦੇ ਰਾਹ ਵਿੱਚ ਅੜਿੱਕਾ ਡਾਹਿਆ ਹੈ। ਮੁੱਖ ਮੰਤਰੀ ਅਨੁਸਾਰ ਹਰੇਕ ਪੰਜਾਬੀ ਜਿਸ ਕੋਲ ਆਧਾਰ ਕਾਰਡ ਜਾਂ ਵੋਟਰ ਕਾਰਡ ਹੈ, ਉਹ ਸਰਕਾਰੀ ਹਸਪਤਾਲਾਂ ਸਮੇਤ ਪੈਨਲ ਵਿੱਚ ਸ਼ਾਮਲ ਕੀਤੇ ਪ੍ਰਾਈਵੇਟ ਹਸਪਤਾਲਾਂ ਤੋਂ ਮੁਫ਼ਤ ਇਲਾਜ ਕਰਾਉਣ ਦਾ ਹੱਕਦਾਰ ਹੈ। ਹੁਣ ਤੱਕ ਪੂਰੀਆਂ ਕੀਤੀਆਂ ਤਿੰਨ ਵੱਡੀਆਂ ਗਰੰਟੀਆਂ ਸਰਕਾਰ ਨੇ ਦਿਆਨਤਦਾਰੀ ਨਾਲ ਲਾਗੂ ਕਰ ਦਿੱਤੀਆਂ ਤਾਂ ਆਮ ਆਦਮੀ ਪਾਰਟੀ ਵਾਸਤੇ ਲੋਕਾਂ ਦਾ ਬੂਹਾ ਖੜਕਾਉਣਾ ਸੌਖਾ ਹੋ ਜਾਵੇਗਾ। ਜ਼ਿਮਨੀ ਚੋਣਾਂ ਦੇ ਨਤੀਜੇ ਸਰਕਾਰ ਦੇ ਹੱਕ ਵਿੱਚ ਰਹੇ ਹਨ। ਪਿਛਲੀਆਂ ਵਿਧਾਨ ਸਭਾ ਚੋਣਾਂ ਵੇਲੇ ਆਮ ਆਦਮੀ ਪਾਰਟੀ ਦੇ 92 ਵਿਧਾਇਕ ਜਿੱਤੇ ਸਨ ਜਦ ਕਿ ਹੁਣ ਇਹ ਗਿਣਤੀ 96 ਨੂੰ ਪੁੱਜ ਗਈ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਚੰਗੀ ਗੱਲ ਕਰ ਹਨ। ਉਹ ਇਕੱਠ ਕਰਨਾ ਵੀ ਜਾਣਦੇ ਹਨ ਅਤੇ ਲੋਕਾਂ ਨੂੰ ਕੀਲਣ ਦੀ ਜਾਚ ਵੀ ਹੈ। ਕਿਸਾਨਾਂ ਦੀ ਮੁੱਖ ਮੰਤਰੀ ਮਾਨ ਨਾਲ ਦਾਲ ਨਹੀਂ ਗਲਦੀ ਹੈ ਪਰ ਉਹ ਨਹਿਰੀ ਪਾਣੀ ਕੱਸੀਆਂ ਰਾਹੀਂ ਲੋਕਾਂ ਦੇ ਖੇਤਰ ਤੱਕ ਪਹੁੰਚਾ ਕੇ ਨੇੜੇ ਲਿਆਉਣ ਦੀ ਤਾਕਤ ਵਿੱਚ ਰਹਿੰਦੇ ਹਨ। ਉਹ ਇਹ ਵੀ ਦਾਅਵਾ ਕਰਦੇ ਹਨ ਕਿ ਹੁਣ ਤੱਕ 55 ਹਜ਼ਾਰ ਕਰੋੜ ਦਾ ਨਿਵੇਸ਼ ਸੂਬੇ ਵਿੱਚ ਲਿਆਂਦਾ ਜਾ ਚੁੱਕਾ ਹੈ। ਅਗਲੇ ਦਿਨ ਹੀ ਤਿੰਨ ਦਿਨਾਂ ਨਿਵੇਸ਼ ਸਬਮਿਟ ਕਰਾ ਕੇ ਸਰਕਾਰ ਵੋਟਾਂ ਤੋਂ ਪਹਿਲਾਂ ਇੱਕ ਹੋਰ ਹਮਲਾ ਮਾਰਨਾ ਚਾਹੁੰਦੀ ਹੈ। ਦੂਜੇ ਬੰਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਭ੍ਰਿਸ਼ਟਾਚਾਰ ਵਿਰੁੱਧ ਮੁਹਿੰਮ ਕੋਈ ਵੱਖਰਾ ਰੰਗ ਨਹੀਂ ਦਿਖਾ ਸਕੀ ਹੈ। ਸਰਕਾਰ ਦੇ ਆਪਣੇ ਮੰਤਰੀ ਅਤੇ ਵਿਧਾਇਕ ਭ੍ਰਿਸ਼ਟਾਚਾਰ ਦੇ ਦੋਸ਼ਾਂ ਵਿੱਚ ਘਿਰਦੇ ਰਹੇ ਹਨ। ਮੁੱਖ ਮੰਤਰੀ ਮਾਨ ਦੇ ਉੱਤੇ ਆਸਟਰੇਲੀਆ ਵਿੱਚ 2600 ਏਕੜ ਜ਼ਮੀਨ ਖ਼ਰੀਦਣ ਦਾ ਵੱਡਾ ਇਲਜ਼ਾਮ ਵੀ ਲੱਗਣ ਲੱਗਾ ਹੈ। ਸਰਕਾਰ ਸੂਬੇ ਦੀ ਅਮਨ ਤੇ ਕਾਨੂੰਨ ਦੀ ਸਥਿਤੀ ਬਣਾਈ ਰੱਖਣ ਵਿੱਚ ਬੁਰੀ ਤਰ੍ਹਾਂ ਫੇਲ੍ਹ ਹੋਈ ਹੈ। ਖਾੜਕੂਵਾਦ ਤੋਂ ਪਹਿਲਾਂ ਜਾਂ ਬਾਅਦ ਪੰਜਾਬ ਨੇ ਸ਼ਾਇਦ ਹੀ ਕੋਈ ਸਮਾਂ ਦੇਖਿਆ ਹੋਵੇ ਜਦੋਂ ਲੋਕ ਆਪਣੇ ਘਰਾਂ ਤੋਂ ਬਾਹਰ ਨਿਕਲਣ ਵੇਲੇ ਡਰਨ ਲੱਗੇ ਹਨ। ਅਮਨ ਕਾਨੂੰਨ ਦੀ ਸਥਿਤੀ ਨੂੰ ਲੈ ਕੇ ਪੁਲਿਸ ਦੀ ਨਲਾਇਕੀ ਵੀ ਸਾਹਮਣੇ ਆਉਣ ਲੱਗੀ ਹੈ। ਨਿੱਤ ਵਾਪਰ ਰਹੇ ਪੁਲਿਸ ਮੁਕਾਬਲਿਆਂ ਨੇ ਸਰਕਾਰ ਦੀ ਬਦਨਾਮੀ ਹੀ ਨਹੀਂ ਕੀਤੀ ਸਗੋਂ ਘਰਾਂ ਵਿੱਚ ਸੱਥਰ ਵੀ ਵਿਛਾਏ ਹਨ। ਰੇਤ ਮਾਫ਼ੀਆ ਦਾ ਰੂਪ ਬਦਲਿਆ ਹੈ। ਰੇਤ ਮਾਫ਼ੀਆ ਸਰਕਾਰ ਦੀ ਬਦਨਾਮੀ ਦੀ ਇੱਕ ਹੋਰ ਵਜ੍ਹਾ ਬਣਿਆ ਹੈ। ਪੰਜਾਬ ਸਰਕਾਰ ਨੇ ਖੇਤੀਬਾੜੀ ਨੀਤੀ ਤਿਆਰ ਕਰਨ ਦੀ ਬੜਕ ਤਾਂ ਪੂਰੇ ਜ਼ੋਰ ਨਾਲ ਮਾਰੀ ਸੀ ਪਰ ਹਾਲੇ ਤੱਕ ਇਸ ਪਾਸੇ ਵੱਲ ਗੋਹਲੇ ਦੀ ਇੱਕ ਵੀ ਪੂਣੀ ਨਹੀਂ ਕੱਤੀ ਗਈ ਹੈ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਨੂੰ ਲੈ ਕੇ ਸਰਕਾਰ ਦੀ ਪਹੁੰਚ ਤਤਕਾਲੀ ਸਰਕਾਰਾਂ ਨਾਲੋਂ ਵੱਖਰੀ ਨਹੀਂ ਰਹੀ ਹੈ। ਸਰਕਾਰ ਦੀ ਨਲਾਇਕੀ ਉਦੋਂ ਸਾਹਮਣੇ ਆਈ, ਜਦੋਂ ਬੇਅਦਬੀਆਂ ਨਾਲ ਸਬੰਧਤ ਅਦਾਲਤੀ ਕੇਸ ਪੰਜਾਬ ਤੋਂ ਬਾਹਰ ਸ਼ਿਫਟ ਕਰ ਦਿੱਤੇ ਗਏ। ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਨੇ 2022 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਭਰੀ ਸਭਾ ਵਿੱਚ ਐਲਾਨ ਕੀਤਾ ਸੀ ਕਿ ਬੇਅਦਬੀਆਂ ਦੇ ਦੋਸ਼ੀਆਂ ਨੂੰ 24 ਘੰਟਿਆਂ ਦੇ ਅੰਦਰ ਅੰਦਰ ਜੇਲ੍ਹਾਂ ਵਿੱਚ ਸੁੱਟਿਆ ਜਾਵੇਗਾ। ਪੰਜਾਬ ਸਰਕਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਅਤੇ ਲਾਪਤਾ ਸਰੂਪਾਂ ਦਾ ਮਾਮਲਾ ਅਗਲੀਆਂ ਵਿਧਾਨ ਸਭਾ ਚੋਣਾਂ ਤੱਕ ਖਿੱਚਣਾ ਚਾਹ ਰਹੀ ਸੀ ਪਰ ਵਿਰੋਧੀ ਧਿਰ ਨੇ ਆਪ ਨੂੰ ਲਪੇਟ ਵਿੱਚ ਲੈਣਾ ਸ਼ੁਰੂ ਕਰ ਦਿੱਤਾ ਹੈ। ਵਿਰੋਧੀ ਧਿਰਾਂ ਦੇ ਦੋਸ਼ ਕਿਸੇ ਹੱਦ ਤੱਕ ਸੱਚੇ ਵੀ ਹਨ ਅਤੇ ਸਰਕਾਰ ਦੀ ਅਲਗਰਜ਼ੀ ਕਿਸੇ ਤੋਂ ਲੁਕੀ ਹੋਈ ਨਹੀਂ ਹੈ।

ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਅਫਸਰਸ਼ਾਹੀ ਦੇ ਤਬਾਦਲੇ ਨਿੱਤ ਹੁੰਦੇ ਰਹੇ। ਬਹੁਤ ਘੱਟ ਅਫਸਰ ਅਜਿਹੇ ਹੋਣਗੇ, ਜਿਨ੍ਹਾਂ ਨੂੰ ਟਿਕ ਕੇ ਕੰਮ ਕਰਨ ਦਿੱਤਾ ਗਿਆ ਹੋਵੇ। ਆਮ ਆਦਮੀ ਪਾਰਟੀ ਦੀ ਸਰਕਾਰ ਦੀ ਇੱਕ ਹੋਰ ਭੁੱਲ ਹੀ ਕਹੀਏ ਕਿ ਜ਼ਿਆਦਾਤਰ ਕਾਬਲ ਅਫਸਰਾਂ ਨੂੰ ਖੂੰਜੇ ਲਾਈ ਰੱਖਿਆ ਗਿਆ। ਸਰਕਾਰ ਬਦਲੀਆਂ ਤੇ ਹੋਰ ਕਈ ਫੈਸਲਿਆਂ ਨੂੰ ਲੈ ਕੇ ਯੂ ਟਰਨ ਮਾਰਦੀ ਰਹੀ। ਕੁੱਲ ਮਿਲਾ ਕੇ ਕਹਿਣਾ ਪਵੇਗਾ ਕਿ ਅਫਸਰਸ਼ਾਹੀ ਦਾ ਸਰਕਾਰ ਉੱਤੇ ਭਰੋਸਾ ਨਹੀਂ ਬਣ ਸਕਿਆ ਅਤੇ ਸਰਕਾਰ ਅਫਸਰਸ਼ਾਹੀ ਉੱਤੇ ਆਪਣਾ ਵਿਸ਼ਵਾਸ ਨਹੀਂ ਬਣਾ ਸਕੀ ਹੈ।

ਇੱਕ ਜਾਣਕਾਰੀ ਅਨੁਸਾਰ ਵਿਧਾਨ ਸਭਾ ਦੀਆਂ ਪਿਛਲੀਆਂ ਚੋਣਾਂ ਵਿੱਚ ਕਿਸਾਨੀ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਭੁਗਤੀ ਸੀ। ਪੰਜ ਏਕੜ ਤੋਂ ਘੱਟ ਵਾਲੇ ਕਿਸਾਨਾਂ ਨੇ ਇੱਕ ਤਰ੍ਹਾਂ ਨਾਲ ਹੱਥ ਵਿੱਚ ਝਾੜੂ ਫੜ ਲਿਆ ਸੀ। ਕਿਸਾਨਾਂ ਵਿੱਚੋਂ 44 ਫ਼ੀਸਦੀ ਵੋਟਾਂ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਪਈਆਂ ਸਨ। ਬਾਵਜੂਦ ਇਸਦੇ ਮੁੱਖ ਮੰਤਰੀ ਮਾਨ ਦੇ ਰਿਸ਼ਤੇ ਕਿਸਾਨਾਂ ਨਾਲ ਵਾਰ ਵਾਰ ਤਿੜਕਦੇ ਰਹੇ। ਭਾਜਪਾ ਨੇ ਬੜੀ ਚਤੁਰਾਈ ਨਾਲ ਕਿਸਾਨਾਂ ਨੂੰ ਪੰਜਾਬ ਸਰਕਾਰ ਮੂਹਰੇ ਲਿਆ ਖੜ੍ਹਾ ਦਿੱਤਾ ਹੈ। ਕਿਸਾਨਾਂ ਦੇ ਦਿਲ ਵਿੱਚ ਸਭ ਤੋਂ ਵੱਡਾ ਰੋਸ ਉਦੋਂ ਜਾਗਿਆ ਜਦੋਂ ਸ਼ੰਭੂ ਅਤੇ ਖਨੌਰੀ ਬਾਰਡਰ 'ਤੇ ਚੱਲ ਰਹੇ ਅੰਦੋਲਨ ਨੂੰ ਬੜੀ ਚਲਾਕੀ ਨਾਲ ਖਿੰਡਾ ਦਿੱਤਾ ਗਿਆ ਸੀ। ਹੁਣ ਬਠਿੰਡਾ ਵਿੱਚ ਉਥੋਂ ਦੇ ਐਸਐਸਪੀ ਵੱਲੋਂ ਕਿਸਾਨਾਂ ਦੀ ਬੇਰਹਿਮੀ ਨਾਲ ਕੁੱਟਮਾਰ ਕਰਕੇ ਲੱਤਾਂ ਚਕਨਾਚੂਰ ਕਰਨ ਦੇ ਤਸ਼ੱਦਦ ਨੇ ਦੋਹਾਂ ਧਿਰਾਂ ਦਰਮਿਆਨ ਇਕ ਡੂੰਘੀ ਲੀਕ ਖਿੱਚ ਦਿੱਤੀ ਹੈ। 8 ਮਾਰਚ ਨੂੰ ਪਾਸ ਕੀਤੇ ਬਜਟ ਵਿੱਚ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਅੱਖੋਂ ਪਰੋਖੇ ਕਰਨਾ ਅਗਲੀਆਂ ਵਿਧਾਨ ਸਭਾ ਚੋਣਾਂ ਵਿੱਚ ਮਹਿੰਗਾ ਪੈ ਸਕਦਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕਈ ਮੌਕਿਆਂ 'ਤੇ ਵਿਰੋਧੀਆਂ ਨੂੰ ਜੱਫ਼ਾ ਪਾਉਣ ਦੀ ਥਾਂ ਉਹਨਾਂ ਨੂੰ ਨੰਬਰ ਦਿੰਦੇ ਦਿਸੇ। ਇਹ ਤਾਂ ਮੰਨਿਆ ਜਾ ਸਕਦਾ ਹੈ ਕਿ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਖੁਸ਼ ਨਹੀਂ ਹਨ ਪਰ ਉਹਨਾਂ ਨੂੰ ਦੂਜਿਆਂ ਵਿੱਚੋਂ ਵੀ ਕੋਈ ਬਾਂਹ ਫੜਨ ਵਾਲਾ ਨਹੀਂ ਦਿਸਦਾ ਹੈ। ਦੋ ਰਵਾਇਤੀ ਪਾਰਟੀਆਂ ਨੂੰ ਪੰਜਾਬੀ ਰੱਦ ਕਰ ਚੁੱਕੇ ਹਨ ਅਤੇ ਤੀਜੀ ਪਾਰਟੀ ਨਾਲ ਉਹਨਾਂ ਦਾ ਦਿਲ ਨਹੀਂ ਭਿਜਦਾ ਹੈ। ਚਾਰ ਸਾਲਾਂ ਵਿੱਚ ਕਈ ਵਾਰ ਅਜਿਹਾ ਸਮਾਂ ਆਇਆ ਭਗਵੰਤ ਮਾਨ ਦੀ ਕੁਲਫੀ ਗਰਮਾ ਗਰਮ ਅਤੇ ਮਿੱਠੀਆਂ ਮਿਰਚਾਂ ਵਿਕਣ ਤੋਂ ਰਹਿ ਗਈਆਂ।



ਵਿੰਕਲਜੀਤ ਸਿੰਘ ਸਰਾ
9501477889

## ਭਾਰਤ ਦਾ ਪੁਲਾੜ ਸਫਰ

# ਸਾਈਕਲ ਤੋਂ ਚੰਦਰਮਾ ਦੇ ਦੱਖਣੀ ਧਰੂਵ ਤੱਕ ਦੀ ਵਿਸ਼ਵ-ਵਿਆਪੀ ਗਾਥਾ

**ਇੱਕ ਦੂਰਦਰਸ਼ੀ ਸੁਪਨੇ ਦਾ ਆਗਾਜ਼ ਅਤੇ ਡਾ. ਵਿਕਰਮ ਸਾਰਾਭਾਈ ਦਾ ਵਿਜ਼ਨ** : ਭਾਰਤ ਦੇ ਅੰਤਰਿਕਸ਼ ਪ੍ਰੋਗਰਾਮ ਦੀ ਕਹਾਣੀ ਕੇਵਲ ਵਿਗਿਆਨਕ ਤਰੱਕੀ ਦੀ ਦਾਸਤਾਨ ਨਹੀਂ ਹੈ ਸਗੋਂ ਇਹ ਇੱਕ ਅਜਿਹੇ ਰਾਸ਼ਟਰ ਦੇ ਆਤਮ-ਵਿਸ਼ਵਾਸ ਦੀ ਉਡਾਨ ਹੈ, ਜਿਸ ਨੇ ਬਹੁਤ ਹੀ ਸੀਮਿਤ ਸਾਧਨਾਂ ਨਾਲ ਤਾਰਿਆਂ ਨੂੰ ਛੂਹਣ ਦਾ ਹੌਸਲਾ ਕੀਤਾ। 1960 ਦੇ ਦਹਾਕੇ ਵਿੱਚ ਜਦੋਂ ਦੁਨੀਆ ਦੀਆਂ ਮਹਾਂਸ਼ਕਤੀਆਂ ਸ਼ੀਤ ਯੁੱਧ ਦੇ ਪਰਛਾਵੇਂ ਹੇਠ ਅੰਤਰਿਕਸ਼ ਵਿੱਚ ਆਪਣਾ ਦਬਦਬਾ ਬਣਾਉਣ ਲਈ ਅਰਬਾਂ ਡਾਲਰ ਖਰਚ ਰਹੀਆਂ ਸਨ, ਉਸ ਸਮੇਂ ਭਾਰਤ ਵਿੱਚ ਡਾ. ਵਿਕਰਮ ਸਾਰਾਭਾਈ ਨੇ ਇੱਕ ਅਜਿਹਾ ਬੀਜ ਬੀਜਿਆ, ਜਿਸ ਨੇ ਅੱਗੇ ਚੱਲ ਕੇ ਇੱਕ ਵਿਸ਼ਾਲ ਵਟਵਿਰਖ ਦਾ ਰੂਪ ਧਾਰਨ ਕਰ ਲਿਆ। ਡਾ. ਸਾਰਾਭਾਈ, ਜਿਨ੍ਹਾਂ ਨੂੰ ਭਾਰਤੀ ਅੰਤਰਿਕਸ਼ ਪ੍ਰੋਗਰਾਮ ਦਾ ਪਿਤਾਮਾ ਕਿਹਾ ਜਾਂਦਾ ਹੈ, ਦਾ ਪੱਕਾ ਵਿਸ਼ਵਾਸ ਸੀ ਕਿ ਇੱਕ ਵਿਕਾਸਸ਼ੀਲ ਦੇਸ਼ ਲਈ ਅੰਤਰਿਕਸ਼ ਤਕਨਾਲੋਜੀ ਕੋਈ ਵਿਲਾਸਤਾ ਨਹੀਂ ਸਗੋਂ ਸਮਾਜਿਕ ਅਤੇ ਆਰਥਿਕ ਤਬਦੀਲੀ ਦਾ ਇੱਕ ਜ਼ਰੂਰੀ ਸਾਧਨ ਹੈ। ਉਨ੍ਹਾਂ ਨੇ 1962 ਵਿੱਚ 'ਇੰਡੀਅਨ ਨੈਸ਼ਨਲ ਕਮੇਟੀ ਫਾਰ ਸਪੇਸ ਰਿਸਰਚ' (INCOSPAR) ਦੀ ਸਥਾਪਨਾ ਕੀਤੀ, ਜਿਸ ਦਾ ਮੁੱਖ ਉਦੇਸ਼ ਅੰਤਰਿਕਸ਼ ਵਿਗਿਆਨ ਨੂੰ ਮਨੁੱਖੀ ਭਲਾਈ ਲਈ ਵਰਤਣਾ ਸੀ। ਉਹ ਸ਼ੁਰੂਆਤੀ ਦਿਨ ਬਹੁਤ ਹੀ ਚੁਣੌਤੀਪੂਰਨ ਸਨ, ਕੇਰਲ ਦੇ ਥੁੰਬਾ ਨਾਮਕ ਪਿੰਡ ਵਿੱਚ ਇੱਕ ਛੋਟੇ ਜਿਹੇ ਚਰਚ ਨੂੰ ਕੰਟਰੋਲ ਰੂਮ ਬਣਾਇਆ ਗਿਆ ਅਤੇ ਵਿਗਿਆਨੀ ਰਾਕੇਟ ਦੇ ਹਿੱਸਿਆਂ ਨੂੰ ਸਾਈਕਲਾਂ ਅਤੇ ਬੈਲਗੱਡੀਆਂ 'ਤੇ ਲੱਦ ਕੇ ਲਾਂਚਿੰਗ ਪੈਡ ਤੱਕ ਲਿਜਾਂਦੇ ਸਨ। 21 ਨਵੰਬਰ 1963 ਨੂੰ ਜਦੋਂ ਪਹਿਲਾ ਸਾਊਂਡਿੰਗ ਰਾਕੇਟ 'ਨਾਈਕੀ ਅਪਾਚੇ' ਭਾਰਤ ਦੀ ਧਰਤੀ ਤੋਂ ਰਵਾਨਾ ਹੋਇਆ ਤਾਂ ਉਸ ਨੇ ਨਾ ਸਿਰਫ਼ ਅਸਮਾਨ ਵਿੱਚ ਲਕੀਰ ਖਿੱਚੀ ਸਗੋਂ ਭਾਰਤ ਦੇ ਸੁਨਹਿਰੀ ਭਵਿੱਖ ਦੀ ਨੀਂਹ ਵੀ ਰੱਖ ਦਿੱਤੀ।

**ਇਸਰੋ ਦੀ ਸਥਾਪਨਾ ਅਤੇ ਸਵਦੇਸ਼ੀ ਤਕਨਾਲੋਜੀ ਦੀ ਮਜ਼ਬੂਤ ਨੀਂਹ** : 15 ਅਗਸਤ 1969 ਨੂੰ ਭਾਰਤੀ ਅੰਤਰਿਕਸ਼ ਖੋਜ ਸੰਗਠਨ (ISRO) ਦੀ ਅਧਿਕਾਰਤ ਸਥਾਪਨਾ ਹੋਈ, ਜਿਸ ਨੇ ਭਾਰਤੀ ਅੰਤਰਿਕਸ਼ ਖੋਜ ਨੂੰ ਇੱਕ ਨਵੀਂ ਸੰਸਥਾਗਤ ਪਛਾਣ ਦਿੱਤੀ। ਇਸਰੋ ਦੇ ਸ਼ੁਰੂਆਤੀ ਸਾਲ ਸਵਦੇਸ਼ੀ ਤਕਨਾਲੋਜੀ ਨੂੰ ਵਿਕਸਿਤ ਕਰਨ ਅਤੇ ਬਾਹਰੀ ਨਿਰਭਰਤਾ ਨੂੰ ਘਟਾਉਣ 'ਤੇ ਕੇਂਦਰਿਤ ਸਨ। 1975 ਵਿੱਚ ਭਾਰਤ ਨੇ ਆਪਣਾ ਪਹਿਲਾ ਉਪਗ੍ਰਹਿ 'ਆਰੀਆਭੱਟ' ਲਾਂਚ ਕੀਤਾ ਜੋ ਕਿ ਸੋਵੀਅਤ ਸੰਘ ਦੀ ਮਦਦ ਨਾਲ ਪੁਲਾੜ ਵਿੱਚ ਭੇਜਿਆ ਗਿਆ ਸੀ। ਇਸ ਸਫਲਤਾ ਨੇ ਭਾਰਤੀ ਵਿਗਿਆਨੀਆਂ ਵਿੱਚ ਇਹ ਵਿਸ਼ਵਾਸ ਪੈਦਾ ਕੀਤਾ ਕਿ ਉਹ ਗੁੰਝਲਦਾਰ ਉਪਗ੍ਰਹਿ ਪ੍ਰਣਾਲੀਆਂ ਨੂੰ ਡਿਜ਼ਾਈਨ ਅਤੇ ਨਿਰਮਾਣ ਕਰ ਸਕਦੇ ਹਨ। ਇਸ ਤੋਂ ਬਾਅਦ ਡਾ. ਏ.ਪੀ.ਜੇ. ਅਬਦੁਲ ਕਲਾਮ ਦੀ ਅਗਵਾਈ ਵਿੱਚ ਭਾਰਤ ਨੇ ਆਪਣੇ ਪਹਿਲੇ ਸੈਟੇਲਾਈਟ ਲਾਂਚ ਵਾਹਨ (SLV-C) 'ਤੇ ਕੰਮ ਸ਼ੁਰੂ ਕੀਤਾ। 1980 ਵਿੱਚ ਜਦੋਂ SLV-C ਨੇ 'ਰੋਹਿਣੀ' ਉਪਗ੍ਰਹਿ ਨੂੰ ਸਫਲਤਾਪੂਰਵਕ ਕੱਖ ਵਿੱਚ ਸਥਾਪਿਤ ਕੀਤਾ ਤਾਂ ਭਾਰਤ ਦੁਨੀਆ ਦੇ ਉਨ੍ਹਾਂ ਚੁਣਿੰਦਾ ਦੇਸ਼ਾਂ ਦੀ ਸੂਚੀ ਵਿੱਚ ਸ਼ਾਮਲ ਹੋ ਗਿਆ, ਜਿਨ੍ਹਾਂ ਕੋਲ ਆਪਣੀ ਲਾਂਚਿੰਗ ਸਮਰੱਥਾ ਸੀ। ਇਹ ਉਹ ਦੌਰ ਸੀ ਜਦੋਂ ਇਸਰੋ ਨੇ ਪੀ.ਐਸ.ਐਲ.ਵੀ. (PSLV) ਅਤੇ ਜੀ.ਐਸ.ਐਲ.ਵੀ. (GSLV) ਵਰਗੇ ਸ਼ਕਤੀਸ਼ਾਲੀ ਰਾਕੇਟਾਂ ਦਾ ਵਿਕਾਸ ਕਰਨਾ ਸ਼ੁਰੂ ਕੀਤਾ ਜੋ ਅੱਗੇ ਚੱਲ ਕੇ ਭਾਰਤ ਦੇ ਅੰਤਰਿਕਸ਼ ਮਿਸ਼ਨਾਂ ਦੇ ਅਸਲ ਘੋੜੇ ਸਾਬਤ ਹੋਏ।

**ਸਪੇਸ ਐਪਲੀਕੇਸ਼ਨਜ਼ ਸੈਂਟਰ (SAC) ਅਤੇ ਤਕਨੀਕੀ ਮੁਹਾਰਤ ਦਾ ਕੇਂਦਰ** : ਅਹਿਮਦਾਬਾਦ ਵਿਖੇ ਸਥਿਤ ਸਪੇਸ ਐਪਲੀਕੇਸ਼ਨਜ਼ ਸੈਂਟਰ (SAC) ਇਸਰੋ ਦੇ ਸਭ ਤੋਂ ਮਹੱਤਵਪੂਰਨ ਕੇਂਦਰਾਂ ਵਿੱਚੋਂ ਇੱਕ ਹੈ ਜੋ ਅੰਤਰਿਕਸ਼ ਤਕਨਾਲੋਜੀ ਨੂੰ ਵਿਹਾਰਕ ਰੂਪ ਵਿੱਚ ਲਾਗੂ ਕਰਨ ਲਈ ਜ਼ਿੰਮੇਵਾਰ ਹੈ। ਹਾਲ ਹੀ ਵਿੱਚ ਪ੍ਰੈਸ ਇਨਫਰਮੇਸ਼ਨ ਬਿਊਰੋ (PIB) ਵੱਲੋਂ ਆਯੋਜਿਤ ਮੀਡੀਆ ਟੂਰ ਦੌਰਾਨ ਇਸ ਕੇਂਦਰ ਦੀਆਂ ਬਾਰੀਕੀਆਂ ਸਾਹਮਣੇ ਆਈਆਂ। ਐਸ.ਏ.ਸੀ. ਦੇ ਡਾਇਰੈਕਟਰ ਨੀਲੇਸ਼ ਐਮ. ਦੇਸਾਈ ਵਰਗੇ ਤਜਰਬੇਕਾਰ ਵਿਗਿਆਨੀ ਇਸ ਕੇਂਦਰ ਦੀ ਅਗਵਾਈ ਕਰ ਰਹੇ ਹਨ, ਜਿੱਥੇ ਉਪਗ੍ਰਹਿਆਂ ਲਈ ਉੱਨਤ ਪੇਲੋਡ, ਸੰਚਾਰ ਪ੍ਰਣਾਲੀਆਂ ਅਤੇ ਰਿਮੋਟ ਸੈਂਸਿੰਗ ਤਕਨਾਲੋਜੀ ਦਾ ਵਿਕਾਸ ਕੀਤਾ ਜਾਂਦਾ ਹੈ। ਐਸ.ਏ.ਸੀ. ਕੇਵਲ ਇੱਕ ਖੋਜ ਕੇਂਦਰ ਨਹੀਂ ਹੈ ਸਗੋਂ ਇਹ ਉਹ ਥਾਂ ਹੈ, ਜਿੱਥੇ ਅੰਤਰਿਕਸ਼ ਤੋਂ ਪ੍ਰਾਪਤ ਡਾਟਾ ਨੂੰ ਦੇਸ਼ ਦੇ ਵਿਕਾਸ ਲਈ ਵਰਤਣਯੋਗ ਜਾਣਕਾਰੀ ਵਿੱਚ ਬਦਲਿਆ ਜਾਂਦਾ ਹੈ। ਇੱਥੇ ਵਿਗਿਆਨੀਆਂ ਦੀ ਇੱਕ ਵਿਸ਼ਾਲ ਟੀਮ ਵੱਖ-ਵੱਖ ਵਿਭਾਗਾਂ ਵਿੱਚ ਕੰਮ ਕਰਦੀ ਹੈ ਜਿਵੇਂ ਕਿ ਸੈਟੇਲਾਈਟ ਕਮਿਊਨੀਕੇਸ਼ਨ ਵਿਭਾਗ ਜੋ ਦੇਸ਼ ਦੇ ਦੂਰ-ਦਰਾਡੇ ਇਲਾਕਿਆਂ ਵਿੱਚ ਇੰਟਰਨੈੱਟ ਅਤੇ ਟੈਲੀਵਿਜ਼ਨ ਸੇਵਾਵਾਂ ਪਹੁੰਚਾਉਣ ਲਈ ਜ਼ਿੰਮੇਵਾਰ ਹੈ। ਨੀਲੇਸ਼ ਐਮ. ਦੇਸਾਈ ਨੇ ਮੀਡੀਆ ਨੂੰ ਦੱਸਿਆ ਕਿ ਕਿਵੇਂ ਐਸ.ਏ.ਸੀ. ਨੇ ਚੰਦਰਯਾਨ-3 ਦੇ ਲੈਂਡਰ ਵਿੱਚ ਵਰਤੇ ਗਏ ਸੈਂਸਰਾਂ ਅਤੇ ਕੈਮਰਿਆਂ ਨੂੰ ਵਿਕਸਿਤ ਕੀਤਾ, ਜਿਸ ਨੇ ਲੈਂਡਿੰਗ ਦੇ ਨਾਜ਼ੁਕ ਪਲਾਂ ਵਿੱਚ ਅਹਿਮ ਭੂਮਿਕਾ ਨਿਭਾਈ।

**ਵਾਤਾਵਰਣ ਨਿਗਰਾਨੀ ਅਤੇ ਸਮਾਜਿਕ ਲਾਭਾਂ ਵਿੱਚ ਵਿਗਿਆਨੀਆਂ ਦਾ ਯੋਗਦਾਨ** : ਅੰਤਰਿਕਸ਼ ਵਿਗਿਆਨ ਦਾ ਸਭ ਤੋਂ ਵੱਡਾ ਲਾਭ ਆਮ ਜਨਤਾ ਨੂੰ ਮੌਸਮ ਅਤੇ ਵਾਤਾਵਰਣ ਦੀ ਸਟੀਕ ਜਾਣਕਾਰੀ ਰਾਹੀਂ ਮਿਲਦਾ ਹੈ। ਇਸਰੋ ਦੀ ਵਿਗਿਆਨੀ ਆਭਾ ਛਾਬੜਾ ਜੋ ਐਸ.ਏ.ਸੀ. ਵਿੱਚ ਮਹੱਤਵਪੂਰਨ ਅਹੁਦੇ 'ਤੇ ਤਾਇਨਾਤ ਹਨ ਵਾਤਾਵਰਣ ਅਤੇ ਜਲਵਾਯੂ ਤਬਦੀਲੀ ਦੇ ਅਧਿਐਨ ਵਿੱਚ ਮੋਹਰੀ ਭੂਮਿਕਾ ਨਿਭਾ ਰਹੇ ਹਨ। ਉਨ੍ਹਾਂ ਅਨੁਸਾਰ ਇਸਰੋ ਦੇ ਉਪਗ੍ਰਹਿ ਨਾ ਸਿਰਫ਼ ਦੇਸ਼ ਦੇ ਤਾਪਮਾਨ ਅਤੇ ਬਾਰਿਸ਼ ਦੇ ਰੁਝਾਨਾਂ ਦੀ ਨਿਗਰਾਨੀ ਕਰਦੇ ਹਨ ਸਗੋਂ ਉਹ ਗਲੇਸ਼ੀਅਰਾਂ ਦੇ ਪਿਘਲਣ ਅਤੇ ਸਮੁੰਦਰੀ ਪੱਧਰ ਵਿੱਚ ਹੋ ਰਹੇ ਵਾਧੇ 'ਤੇ ਵੀ ਤਿੱਖੀ ਨਜ਼ਰ ਰੱਖਦੇ ਹਨ। ਇਹ ਡਾਟਾ ਖੇਤੀਬਾੜੀ ਵਿਭਾਗ ਲਈ ਵਰਦਾਨ ਸਾਬਤ ਹੁੰਦਾ ਹੈ ਕਿਉਂਕਿ ਇਸ ਨਾਲ ਫਸਲਾਂ ਦੀ ਬਿਜਾਈ ਅਤੇ ਕਟਾਈ ਦੇ ਸਮੇਂ ਦਾ ਸਹੀ ਅੰਦਾਜ਼ਾ ਲਗਾਇਆ ਜਾ ਸਕਦਾ ਹੈ। ਇਸ ਤੋਂ ਇਲਾਵਾ ਆਫ਼ਤ ਪ੍ਰਬੰਧਨ ਵਿੱਚ ਵੀ ਇਨ੍ਹਾਂ ਵਿਗਿਆਨੀਆਂ ਦਾ ਯੋਗਦਾਨ ਅਦੁੱਤੀ ਹੈ, ਜਦੋਂ ਵੀ ਦੇਸ਼ ਵਿੱਚ ਚੱਕਰਵਾਤ ਜਾਂ ਹੜ੍ਹ ਵਰਗੀ ਸਥਿਤੀ ਬਣਦੀ ਹੈ ਤਾਂ ਐਸ.ਏ.ਸੀ. ਦੇ ਡਾਟਾ ਪ੍ਰੋਸੈਸਿੰਗ ਯੂਨਿਟ ਦੇ ਮੁਖੀ ਅਤੇ ਉਨ੍ਹਾਂ ਦੀ ਟੀਮ ਤੁਰੰਤ ਸਰਕਾਰ ਨੂੰ ਸਟੀਕ ਜਾਣਕਾਰੀ ਮੁਹੱਈਆ ਕਰਵਾਉਂਦੀ ਹੈ, ਜਿਸ ਨਾਲ ਹਜ਼ਾਰਾਂ ਜਾਨਾਂ ਬਚਾਈਆਂ ਜਾਂਦੀਆਂ ਹਨ।

**ਚੰਦਰਯਾਨ ਮਿਸ਼ਨ, ਚੰਦਰਮਾ 'ਤੇ ਭਾਰਤ ਦੀ ਇਤਿਹਾਸਕ ਦਸਤਕ** : ਭਾਰਤ ਦੇ ਅੰਤਰਿਕਸ਼ ਸਫ਼ਰ ਦਾ ਸਭ ਤੋਂ ਸ਼ਾਨਦਾਰ ਅਧਿਆਏ ਚੰਦਰਯਾਨ ਮਿਸ਼ਨ ਹਨ, ਜਿਨ੍ਹਾਂ ਨੇ ਵਿਸ਼ਵ ਪੱਧਰ 'ਤੇ ਇਸਰੋ ਦਾ ਲੋਹਾ ਮੰਨਵਾਇਆ। ਚੰਦਰਯਾਨ-1, ਜੋ ਕਿ 2008 ਵਿੱਚ ਲਾਂਚ ਕੀਤਾ ਗਿਆ ਸੀ, ਨੇ ਪਹਿਲੀ ਵਾਰ ਦੁਨੀਆ ਨੂੰ ਦੱਸਿਆ ਕਿ ਚੰਦਰਮਾ ਦੀ ਸਤਹ 'ਤੇ ਪਾਣੀ ਦੇ ਅਣੂ ਮੌਜੂਦ ਹਨ। ਇਸ ਤੋਂ ਬਾਅਦ ਚੰਦਰਯਾਨ-2 ਦੀਆਂ ਚੁਣੌਤੀਆਂ ਤੋਂ ਸਿੱਖਦੇ ਹੋਏ ਇਸਰੋ ਨੇ ਚੰਦਰਯਾਨ-3 ਨੂੰ ਅੰਜਾਮ ਦਿੱਤਾ। 23 ਅਗਸਤ 2023 ਨੂੰ ਜਦੋਂ 'ਵਿਕਰਮ' ਲੈਂਡਰ ਨੇ ਚੰਦਰਮਾ ਦੇ ਦੱਖਣੀ ਧਰੁਵ 'ਤੇ ਪੈਰ ਰੱਖਿਆ ਤਾਂ ਭਾਰਤ ਅਜਿਹਾ ਕਰਨ ਵਾਲਾ ਪਹਿਲਾ ਦੇਸ਼ ਬਣ ਗਿਆ। ਇਸ ਮਿਸ਼ਨ ਦੀ ਸਫਲਤਾ ਦੇ ਪਿੱਛੇ ਇਸਰੋ ਦੇ ਚੇਅਰਮੈਨ ਐਸ. ਸੋਮਨਾਥ, ਮਿਸ਼ਨ ਡਾਇਰੈਕਟਰ ਪੀ. ਵੀਰਾਮੁਥੂਵੇਲ ਅਤੇ ਐਸ.ਏ.ਸੀ. ਦੇ ਡਾਇਰੈਕਟਰ ਨੀਲੇਸ਼ ਐਮ. ਦੇਸਾਈ ਦੀ ਰਣਨੀਤਕ ਸੋਚ ਸੀ। ਇਸ ਸਫਲਤਾ ਨੇ ਸਾਬਤ ਕਰ ਦਿੱਤਾ ਕਿ ਭਾਰਤ ਕੋਲ ਨਾ ਸਿਰਫ਼ ਉੱਚ ਦਰਜੇ ਦੀ ਵਿਗਿਆਨਕ ਸੋਚ ਹੈ ਸਗੋਂ ਜਟਿਲ ਪ੍ਰਸਥਿਤੀਆਂ ਵਿੱਚ ਵੀ ਸਫਲ ਹੋਣ ਦਾ ਜਜ਼ਬਾ ਹੈ।

**ਨਾਸਾ (NASA) ਨਾਲ ਤੁਲਨਾ, ਪਾੜਾ, ਪ੍ਰਾਪਤੀਆਂ ਅਤੇ ਸਾਂਝਾ ਭਵਿੱਖ** : ਜਦੋਂ ਅਸੀਂ ਇਸਰੋ ਦੀ ਤੁਲਨਾ ਅਮਰੀਕੀ ਏਜੰਸੀ ਨਾਸਾ ਨਾਲ ਕਰਦੇ ਹਾਂ ਤਾਂ ਇਹ ਦੋ ਵੱਖ-ਵੱਖ ਵਿਚਾਰਧਾਰਾਵਾਂ ਦਾ ਮੇਲ ਨਜ਼ਰ ਆਉਂਦਾ ਹੈ। ਨਾਸਾ ਦੀ ਸਥਾਪਨਾ 1958 ਵਿੱਚ ਹੋਈ ਸੀ ਜੋ ਇਸਰੋ ਤੋਂ 11 ਸਾਲ ਪਹਿਲਾਂ ਹੈ। ਨਾਸਾ ਕੋਲ ਵਿਸ਼ਵ ਦਾ ਸਭ ਤੋਂ ਵੱਡਾ ਬਜਟ ਅਤੇ ਅਤਿ-ਆਧੁਨਿਕ ਬੁਨਿਆਦੀ ਢਾਂਚਾ ਹੈ, ਜਿਸ ਨਾਲ ਉਸਨੇ 1969 ਵਿੱਚ ਹੀ ਮਨੁੱਖ ਨੂੰ ਚੰਦਰਮਾ 'ਤੇ ਉਤਾਰ ਦਿੱਤਾ ਸੀ। ਇਸ ਦੇ ਉਲਟ ਭਾਰਤ ਨੇ ਬਹੁਤ ਹੀ ਸੀਮਿਤ ਫੰਡਾਂ ਨਾਲ ਸ਼ੁਰੂਆਤ ਕੀਤੀ। ਜਿਸ 'ਮੰਗਲਯਾਨ' ਮਿਸ਼ਨ ਨੂੰ ਭਾਰਤ ਨੇ ਸਿਰਫ 450 ਕਰੋੜ ਰੁਪਏ ਵਿੱਚ ਪਹਿਲੀ ਵਾਰ ਵਿੱਚ ਸਫਲ ਬਣਾਇਆ, ਉਸੇ ਤਰ੍ਹਾਂ ਦੇ ਨਾਸਾ ਦੇ ਮਿਸ਼ਨਾਂ ਦੀ ਲਾਗਤ ਕਈ ਗੁਣਾ ਜ਼ਿਆਦਾ ਹੁੰਦੀ ਹੈ। ਇਹ 'ਫਰੂਗਲ ਇੰਜੀਨੀਅਰਿੰਗ' (ਕਿਫਾਇਤੀ ਇੰਜੀਨੀਅਰਿੰਗ) ਹੀ ਇਸਰੋ ਦੀ ਅਸਲ ਤਾਕਤ ਹੈ। ਅੱਜ ਨਾਸਾ ਅਤੇ ਇਸਰੋ NISAR (NASA-ISRO Synthetic Aperture Radar) ਵਰਗੇ ਪ੍ਰੋਜੈਕਟਾਂ ਰਾਹੀਂ ਮਿਲ ਕੇ ਕੰਮ ਕਰ ਰਹੇ ਹਨ ਜੋ ਸਾਬਤ ਕਰਦਾ ਹੈ ਕਿ ਭਾਰਤ ਹੁਣ ਨਾਸਾ ਦਾ ਮੁਕਾਬਲੇਬਾਜ਼ ਨਹੀਂ ਸਗੋਂ ਇੱਕ ਮਜ਼ਬੂਤ ਸਹਿਯੋਗੀ ਬਣ ਚੁੱਕਾ ਹੈ।

**104 ਉਪਗ੍ਰਹਿ ਇਕੱਠੇ ਲਾਂਚ, ਵਿਸ਼ਵ ਰਿਕਾਰਡ ਤੋੜਨ ਵਾਲੀ ਕਾਬਲੀਅਤ** : 15 ਫਰਵਾਈ 2017 ਨੂੰ ਇਸਰੋ ਨੇ ਉਹ ਕਰ ਦਿਖਾਇਆ ਜੋ ਉਸ ਸਮੇਂ ਨਾਸਾ ਜਾਂ ਰੂਸੀ ਏਜੰਸੀਆਂ ਲਈ ਵੀ ਚੁਣੌਤੀ ਸੀ। PSLV-CCG ਰਾਹੀਂ ਇੱਕੋ ਵਾਰ 104 ਉਪਗ੍ਰਹਿਆਂ ਨੂੰ ਪੁਲਾੜ ਵਿੱਚ ਭੇਜਣਾ ਇੱਕ ਅਜਿਹਾ ਰਿਕਾਰਡ ਸੀ, ਜਿਸ ਨੇ ਵਿਸ਼ਵ ਅੰਤਰਿਕਸ਼ ਬਾਜ਼ਾਰ ਵਿੱਚ ਭਾਰਤ ਦੀ ਧੱਕ ਜਮਾ ਦਿੱਤੀ। ਇਨ੍ਹਾਂ ਵਿੱਚੋਂ 96 ਉਪਗ੍ਰਹਿ ਅਮਰੀਕਾ ਦੇ ਸਨ, ਜੋ ਇਹ ਦਰਸਾਉਂਦਾ ਹੈ ਕਿ ਅਮਰੀਕੀ ਕੰਪਨੀਆਂ ਵੀ ਭਾਰਤ ਦੀ ਲਾਂਚਿੰਗ ਸਟੀਕਤਾ ਅਤੇ ਕਿਫਾਇਤੀ ਹੋਣ 'ਤੇ ਭਰੋਸਾ ਕਰਦੀਆਂ ਹਨ। ਐਸ.ਏ.ਸੀ. ਦੇ ਇੰਜੀਨੀਅਰਾਂ ਦੁਆਰਾ ਤਿਆਰ ਕੀਤੇ ਗਏ ਗੁੰਝਲਦਾਰ 'ਸੈਪਰੇਸ਼ਨ ਸਿਸਟਮ' ਨੇ ਇਹ ਯਕੀਨੀ ਬਣਾਇਆ ਕਿ ਕੋਈ ਵੀ ਉਪਗ੍ਰਹਿ ਇੱਕ ਦੂਜੇ ਨਾਲ ਨਾ ਟਕਰਾਏ। ਇਸ ਪ੍ਰਾਪਤੀ ਨੇ ਨਾਸਾ ਦੇ 29 ਉਪਗ੍ਰਹਿਆਂ ਅਤੇ ਰੂਸ ਦੇ 37 ਉਪਗ੍ਰਹਿਆਂ ਦੇ ਪੁਰਾਣੇ ਰਿਕਾਰਡਾਂ ਨੂੰ ਬਹੁਤ ਪਿੱਛੇ ਛੱਡ ਦਿੱਤਾ।

**ਭਵਿੱਖ ਦਾ ਰੋਡਮੈਪ, ਗਗਨਯਾਨ ਅਤੇ ਚੰਦਰਯਾਨ-4 ਦਾ ਵਿਜ਼ਨ** : ਭਵਿੱਖ ਵਿੱਚ ਇਸਰੋ ਦੇ ਹੌਸਲੇ ਹੋਰ ਵੀ ਬੁਲੰਦ ਹਨ। ਨੀਲੇਸ਼ ਐਮ. ਦੇਸਾਈ ਅਨੁਸਾਰ ਚੰਦਰਯਾਨ-4 ਇੱਕ ਅਤਿ-ਆਧੁਨਿਕ 'ਸੈਂਪਲ ਰਿਟਰਨ' ਮਿਸ਼ਨ ਹੋਵੇਗਾ ਜੋ ਕਿ 2028 ਤੱਕ ਲਾਂਚ ਹੋਣ ਦੀ ਸੰਭਾਵਨਾ ਹੈ। ਇਸ ਦਾ ਉਦੇਸ਼ ਚੰਦਰਮਾ ਤੋਂ ਮਿੱਟੀ ਅਤੇ ਚਟਾਨਾਂ ਦੇ ਨਮੂਨੇ ਵਾਪਸ ਧਰਤੀ 'ਤੇ ਲਿਆਉਣਾ ਹੈ, ਜੋ ਵਿਗਿਆਨਕ ਤੌਰ 'ਤੇ ਬਹੁਤ ਚੁਣੌਤੀਪੂਰਨ ਹੈ। ਇਸ ਤੋਂ ਇਲਾਵਾ ਭਾਰਤ ਦਾ ਸਭ ਤੋਂ ਵੱਡਾ ਸੁਪਨਾ 'ਗਗਨਯਾਨ' ਹੈ, ਜਿਸ ਰਾਹੀਂ ਅਸੀਂ ਪਹਿਲੀ ਵਾਰ ਆਪਣੇ ਅੰਤਰਿਕਸ਼ ਯਾਤਰੀਆਂ ਨੂੰ ਪੁਲਾੜ ਵਿੱਚ ਭੇਜਾਂਗੇ। ਇਸ ਮਿਸ਼ਨ ਲਈ ਭਾਰਤੀ ਹਵਾਈ ਸੈਨਾ ਦੇ ਪਾਇਲਟਾਂ ਨੂੰ ਵਿਸ਼ੇਸ਼ ਸਿਖਲਾਈ ਦਿੱਤੀ ਜਾ ਰਹੀ ਹੈ। ਇਸਰੋ 2035 ਤੱਕ ਆਪਣਾ 'ਭਾਰਤੀ ਅੰਤਰਿਕਸ਼ ਸਟੇਸ਼ਨ' ਬਣਾਉਣ ਅਤੇ 2040 ਤੱਕ ਚੰਦਰਮਾ 'ਤੇ ਪਹਿਲੇ ਭਾਰਤੀ ਨੂੰ ਉਤਾਰਨ ਦੇ ਟੀਚੇ 'ਤੇ ਕੰਮ ਕਰ ਰਿਹਾ ਹੈ।

**ਇੱਕ ਨਵੀਂ ਵਿਸ਼ਵ ਸ਼ਕਤੀ ਵਜੋਂ ਉਭਰਦਾ ਭਾਰਤ** : ਭਾਰਤ ਦਾ ਅੰਤਰਿਕਸ਼ ਸਫਰ ਇਹ ਸਿਖਾਉਂਦਾ ਹੈ ਕਿ ਜੇਕਰ ਇਰਾਦੇ ਮਜ਼ਬੂਤ ਹੋਣ ਤਾਂ ਸਾਧਨਾਂ ਦੀ ਘਾਟ ਕਦੇ ਵੀ ਰੁਕਾਵਟ ਨਹੀਂ ਬਣ ਸਕਦੀ। ਸਾਈਕਲ 'ਤੇ ਸ਼ੁਰੂ ਹੋਇਆ ਸਫਰ ਅੱਜ ਚੰਦਰਮਾ ਦੇ ਅਣਛੂਹੇ ਦੱਖਣੀ ਧਰੁਵ ਤੱਕ ਪਹੁੰਚ ਗਿਆ ਹੈ। ਐਸ.ਏ.ਸੀ. ਅਹਿਮਦਾਬਾਦ ਵਰਗੇ ਕੇਂਦਰ ਅਤੇ ਉੱਥੋਂ ਦੇ ਸਮਰਪਿਤ ਵਿਗਿਆਨੀ ਕੇਵਲ ਰਾਕੇਟ ਨਹੀਂ ਭੇਜ ਰਹੇ ਸਗੋਂ 140 ਕਰੋੜ ਭਾਰਤੀਆਂ ਦੇ ਸੁਪਨਿਆਂ ਨੂੰ ਹਕੀਕਤ ਵਿੱਚ ਬਦਲ ਰਹੇ ਹਨ। ਇਸਰੋ ਦੀ ਇਹ ਯਾਤਰਾ ਮਨੁੱਖਤਾ ਦੀ ਸੇਵਾ, ਵਿਸ਼ਵ ਸ਼ਾਂਤੀ ਅਤੇ ਵਿਗਿਆਨਕ ਆਤਮ-ਨਿਰਭਰਤਾ ਦੀ ਇੱਕ ਅਦੁੱਤੀ ਮਿਸਾਲ ਹੈ, ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਹਮੇਸ਼ਾ ਅਸਮਾਨ ਵੱਲ ਵੇਖਣ ਅਤੇ ਵੱਡੇ ਸੁਪਨੇ ਲੈਣ ਲਈ ਪ੍ਰੇਰਿਤ ਕਰਦੀ ਰਹੇਗੀ।

## ਮੰਤਰੀ ਨੇ ਦੇਰੀ ਲਈ ਰਾਸ਼ਟਰ ਤੋਂ ਮੁਆਫ਼ੀ ਮੰਗੀ

# ਸਿਰਫ਼ 5 ਮਿੰਟ ਲੇਟ ਸੀ ਜਪਾਨ ਦੀ ਮੰਤਰੀ

ਇੱਕ ਵਾਇਰਲ ਵੀਡੀਓ ਵਿੱਚ ਜਾਪਾਨ ਦੀ ਆਰਥਿਕ ਸੁਰੱਖਿਆ ਮੰਤਰੀ ਕਿਮੀ ਓਨੋਦਾ ਦਿਖਾਈ ਦੇ ਰਹੀ ਹੈ। ਦੱਸਿਆ ਜਾ ਰਿਹਾ ਹੈ ਕਿ ਉਹ ਸ਼ੁੱਕਰਵਾਰ ਸਵੇਰੇ ਕੈਬਨਿਟ ਮੀਟਿੰਗ ਲਈ ਜਾ ਰਹੀ ਸੀ। ਅਚਾਨਕ ਸੜਕ ਹਾਦਸੇ ਕਾਰਨ ਟ੍ਰੈਫਿਕ ਜਾਮ ਹੋ ਗਿਆ, ਜਿਸ ਕਾਰਨ ਉਹ ਸਮੇਂ ਸਿਰ ਨਹੀਂ ਪਹੁੰਚ ਸਕੀ।

ਜਾਪਾਨ ਵਿੱਚ ਸਮੇਂ ਦੀ ਪਾਬੰਦਤਾ ਨੂੰ ਬਹੁਤ ਗੰਭੀਰਤਾ ਨਾਲ ਲਿਆ ਜਾਂਦਾ ਹੈ। ਥੋੜ੍ਹੀ ਦੇਰ ਨਾਲ ਪਹੁੰਚਣਾ ਵੀ ਇੱਕ ਗਲਤੀ ਮੰਨਿਆ ਜਾਂਦਾ ਹੈ। ਇਸੇ ਕਰਕੇ ਇੱਕ ਜਾਪਾਨੀ ਮੰਤਰੀ ਦਾ ਵੀਡੀਓ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਿਹਾ ਹੈ। ਕਾਰਨ: ਇੱਕ ਮੀਟਿੰਗ ਵਿੱਚ ਸਿਰਫ਼ ਪੰਜ ਮਿੰਟ ਦੀ ਦੇਰੀ, ਜਿਸ ਤੋਂ ਬਾਅਦ ਪੂਰੇ ਦੇਸ਼ ਤੋਂ ਮੁਆਫ਼ੀ ਮੰਗੀ ਗਈ। ਇੱਕ ਵਾਇਰਲ ਵੀਡੀਓ ਵਿੱਚ ਜਾਪਾਨ ਦੀ ਆਰਥਿਕ ਸੁਰੱਖਿਆ ਮੰਤਰੀ ਕਿਮੀ ਓਨੋਦਾ ਦਿਖਾਈ ਦੇ ਰਹੀ ਹੈ। ਦੱਸਿਆ ਜਾ ਰਿਹਾ ਹੈ ਕਿ ਉਹ ਸ਼ੁੱਕਰਵਾਰ ਸਵੇਰੇ ਕੈਬਨਿਟ ਮੀਟਿੰਗ ਲਈ ਜਾ ਰਹੀ ਸੀ। ਅਚਾਨਕ ਸੜਕ ਹਾਦਸੇ ਕਾਰਨ ਟ੍ਰੈਫਿਕ ਜਾਮ ਹੋ ਗਿਆ, ਜਿਸ ਕਾਰਨ ਉਹ ਸਮੇਂ ਸਿਰ ਨਹੀਂ ਪਹੁੰਚ ਸਕੀ। ਜਿਵੇਂ ਹੀ ਉਹ ਮੀਟਿੰਗ ਵਾਲੀ ਥਾਂ ਦੇ ਨੇੜੇ ਪਹੁੰਚੀ, ਉਹ ਟੈਕਸੀ ਤੋਂ ਉਤਰੀ ਅਤੇ ਇਮਾਰਤ ਵਿੱਚ ਭੱਜ ਗਈ। 43 ਸਾਲਾ ਮੰਤਰੀ, ਆਪਣੇ ਹੱਥ ਵਿੱਚ ਇੱਕ ਬੈਗ ਲੈ ਕੇ, ਤੇਜ਼ੀ ਨਾਲ ਪੌੜੀਆਂ ਤੋਂ ਉਤਰਦੀ ਅਤੇ ਮੀਟਿੰਗ ਰੂਮ ਵੱਲ ਜਾਂਦੀ ਦਿਖਾਈ ਦੇ ਰਹੀ ਹੈ। ਇੱਕ ਸਹਾਇਕ ਉਸਦੇ ਨਾਲ-ਨਾਲ ਦੌੜਦਾ ਦਿਖਾਈ ਦੇ ਰਿਹਾ ਹੈ। ਕੈਮਰਿਆਂ ਨੇ ਇੱਕੋ ਸਮੇਂ ਉਸ ਪਲ ਨੂੰ ਕੈਦ ਕਰ ਲਿਆ ਜਦੋਂ ਜਾਪਾਨੀ ਪ੍ਰਧਾਨ ਮੰਤਰੀ ਸਨਾਏ ਤਾਕਾਚੀ ਮੀਟਿੰਗ ਰੂਮ ਵਿੱਚ ਦਾਖਲ ਹੋਏ। ਕਮਰੇ ਵਿੱਚ ਮੌਜੂਦ ਸਾਰੇ ਮੰਤਰੀ ਉਸਦਾ ਸਵਾਗਤ ਕਰਨ ਲਈ ਖੜ੍ਹੇ ਹੋ ਗਏ।




ਇੱਕ ਪਲ ਬਾਅਦ, ਕੈਮਰਾ ਅੰਦਰ ਚਲਾ ਗਿਆ, ਜਿੱਥੇ ਕਿਮੀ ਓਨੋਦਾ ਦੀ ਸੀਟ ਖਾਲੀ ਦਿਖਾਈ ਦੇ ਰਹੀ ਹੈ। ਇਹ ਵੀਡੀਓ ਹੁਣ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਿਹਾ ਹੈ। ਡੇਲੀ ਮੇਲ ਦੇ ਅਨੁਸਾਰ, ਮੀਟਿੰਗ ਤੋਂ ਬਾਅਦ, ਮੰਤਰੀ ਕਿਮੀ ਓਨੋਦਾ ਨੇ ਪੂਰੇ ਦੇਸ਼ ਤੋਂ ਮੁਆਫੀ ਮੰਗੀ। ਉਸਨੇ ਕਿਹਾ ਕਿ ਰਸਤੇ ਵਿੱਚ ਅਚਾਨਕ ਹੋਏ ਸੜਕ ਹਾਦਸੇ ਨੇ ਆਵਾਜਾਈ ਨੂੰ ਰੋਕ ਦਿੱਤਾ ਸੀ ਅਤੇ ਉਸਨੂੰ ਸਮੇਂ ਸਿਰ ਪਹੁੰਚਣ ਤੋਂ ਰੋਕ ਦਿੱਤਾ ਸੀ। ਉਸਨੇ ਕਿਹਾ ਕਿ ਉਹ ਭਵਿੱਖ ਵਿੱਚ ਅਜਿਹੀਆਂ ਸਥਿਤੀਆਂ ਨੂੰ ਸੰਭਾਲਣ ਲਈ ਵਧੇਰੇ ਚੌਕਸ ਰਹੇਗੀ। ਹਾਲਾਂਕਿ, ਸੋਸ਼ਲ ਮੀਡੀਆ 'ਤੇ ਬਹੁਤ ਸਾਰੇ ਲੋਕਾਂ ਨੇ ਉਸਦੇ ਵਿਵਹਾਰ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਨੇਤਾਵਾਂ ਲਈ ਇਸ ਤਰੀਕੇ ਨਾਲ ਜ਼ਿੰਮੇਵਾਰੀ ਲੈਣਾ ਦੁਰਲੱਭ ਹੁੰਦਾ ਜਾ ਰਿਹਾ ਹੈ।

ਇੱਕ ਉਪਭੋਗਤਾ ਨੇ ਲਿਖਿਆ ਕਿ ਮੰਤਰੀ ਆਮ ਤੌਰ 'ਤੇ ਮੀਟਿੰਗਾਂ ਵਿੱਚ 15-20 ਮਿੰਟ ਪਹਿਲਾਂ ਪਹੁੰਚਦੀ ਹੈ, ਜੋ ਉਸਦੇ ਜ਼ਿੰਮੇਵਾਰ ਰਵੱਈਏ ਨੂੰ ਦਰਸਾਉਂਦੀ ਹੈ। ਇੱਕ ਹੋਰ ਉਪਭੋਗਤਾ ਨੇ ਲਿਖਿਆ, "ਕੁਝ ਲੋਕਾਂ ਨੂੰ ਇਹ ਬਹੁਤ ਜ਼ਿਆਦਾ ਲੱਗ ਸਕਦਾ ਹੈ, ਪਰ ਇਹ ਜਨਤਕ ਵਿਸ਼ਵਾਸ ਦੀ ਗੱਲ ਹੈ। ਜਦੋਂ ਨੇਤਾ ਲੋਕਾਂ ਦੇ ਸਮੇਂ ਦਾ ਸਤਿਕਾਰ ਕਰਦੇ ਹਨ, ਤਾਂ ਪੂਰਾ ਦੇਸ਼ ਇਸ ਤੋਂ ਸਿੱਖਦਾ ਹੈ।" ਜਾਪਾਨੀ ਸੱਭਿਆਚਾਰ ਵਿੱਚ, ਸਮੇਂ ਦੀ ਪਾਬੰਦਤਾ ਨੂੰ ਸਤਿਕਾਰ ਅਤੇ ਵਿਸ਼ਵਾਸ ਦੀ ਨਿਸ਼ਾਨੀ ਮੰਨਿਆ ਜਾਂਦਾ ਹੈ। ਦੇਰ ਨਾਲ ਪਹੁੰਚਣ ਨੂੰ ਅਕਸਰ ਗੈਰ-ਜ਼ਿੰਮੇਵਾਰਾਨਾ ਵਿਵਹਾਰ ਮੰਨਿਆ ਜਾਂਦਾ ਹੈ। ਸ਼ਾਇਦ ਇਸੇ ਲਈ ਪੰਜ ਮਿੰਟ ਦੀ ਦੇਰੀ ਅਤੇ ਬਾਅਦ ਵਿੱਚ ਮੁਆਫ਼ੀ ਦੀ ਇਹ ਘਟਨਾ ਦੁਨੀਆ ਭਰ ਵਿੱਚ ਚਰਚਾ ਦਾ ਵਿਸ਼ਾ ਬਣ ਗਈ ਹੈ।

# ਜੰਗ ਦੌਰਾਨ ਕਿਹੜੀ ਕਿਤਾਬ ਪੜ੍ਹ ਰਹੇ ਹਨ ਨੇਤਨਯਾਹੂ?

ਈਰਾਨ ਨੂੰ ਲੈ ਕੇ ਮੱਧ ਪੂਰਬ ਵਿੱਚ ਵਧ ਰਹੇ ਫੌਜੀ ਤਣਾਅ ਦੇ ਵਿਚਕਾਰ, ਇੱਕ ਫੋਟੋ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ। ਇਹ ਫੋਟੋ ਇਜ਼ਰਾਈਲੀ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਅਤੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵਿਚਕਾਰ ਹੋਈ ਫ਼ੋਨ ਕਾਲ ਦੀ ਦੱਸੀ ਜਾ ਰਹੀ ਹੈ। ਪਹਿਲੀ ਨਜ਼ਰ 'ਤੇ, ਇਹ ਇੱਕ ਆਮ ਸਰਕਾਰੀ ਫੋਟੋ ਜਾਪਦੀ ਹੈ, ਪਰ ਨੇਤਨਯਾਹੂ ਦੇ ਡੈਸਕ 'ਤੇ ਇੱਕ ਕਿਤਾਬ ਨੇ ਲੋਕਾਂ ਦਾ ਧਿਆਨ ਆਪਣੇ ਵੱਲ ਖਿੱਚਿਆ। ਟਿਮ ਬੋਵੇਰੀ ਦੀ ਕਿਤਾਬ, "ਅਲਾਈਜ਼ ਐਟ ਵਾਰ: ਹਾਉ ਦ ਸਟ੍ਰਗਲਜ਼ ਬਿਟਵੀਨ ਦ ਅਲਾਈਡ ਪਾਵਰਜ਼ ਸ਼ੇਪਡ ਦ ਵਾਰ ਐਂਡ ਦ ਵਰਲਡ," ਫੋਟੋ ਵਿੱਚ ਸਾਫ਼ ਦਿਖਾਈ ਦੇ ਰਹੀ ਹੈ। ਇਸ ਕਿਤਾਬ ਨੇ ਸੋਸ਼ਲ ਮੀਡੀਆ ਅਤੇ ਵਿਸ਼ਲੇਸ਼ਕਾਂ ਵਿੱਚ ਚਰਚਾ ਛੇੜ ਦਿੱਤੀ। ਇਹ ਫੋਟੋ 28 ਫਰਵਰੀ, 2026 ਨੂੰ ਜਾਰੀ ਕੀਤੀ ਗਈ ਸੀ। ਉਸ ਸਮੇਂ, ਅਮਰੀਕਾ ਅਤੇ ਇਜ਼ਰਾਈਲ ਈਰਾਨ 'ਤੇ ਸਾਂਝੇ ਹਮਲਿਆਂ ਦੇ ਸ਼ੁਰੂਆਤੀ ਪੜਾਅ ਦਾ ਤਾਲਮੇਲ ਕਰ ਰਹੇ ਸਨ। ਫੋਟੋ ਵਿੱਚ, ਨੇਤਨਯਾਹੂ ਟਰੰਪ ਨਾਲ ਫ਼ੋਨ 'ਤੇ ਗੱਲ ਕਰਦੇ ਦਿਖਾਈ ਦੇ ਰਹੇ ਹਨ। ਉਨ੍ਹਾਂ ਦੇ ਡੈਸਕ 'ਤੇ ਇੱਕ ਵੱਡਾ ਖੇਤਰੀ ਨਕਸ਼ਾ ਫੈਲਿਆ ਹੋਇਆ ਹੈ, ਅਤੇ ਇਹ ਕਿਤਾਬ ਇਸਦੇ ਅੱਗੇ ਦਿਖਾਈ ਦੇ ਰਹੀ ਹੈ।

ਇਜ਼ਰਾਈਲੀ ਪ੍ਰਧਾਨ ਮੰਤਰੀ ਦਫ਼ਤਰ ਅਤੇ ਟਾਈਮਜ਼ ਆਫ਼ ਇਜ਼ਰਾਈਲ ਨੇ ਇਹ ਫੋਟੋ ਜਾਰੀ ਕੀਤੀ। ਜੂਨ 2025 ਵਿੱਚ ਪ੍ਰਕਾਸ਼ਿਤ ਟਿਮ ਬੋਵੇਰੀ ਦੀ ਕਿਤਾਬ, ਦੂਜੇ ਵਿਸ਼ਵ ਯੁੱਧ ਦੌਰਾਨ ਸਹਿਯੋਗੀ ਸ਼ਕਤੀਆਂ: ਬ੍ਰਿਟੇਨ, ਸੰਯੁਕਤ ਰਾਜ ਅਮਰੀਕਾ ਅਤੇ ਸੋਵੀਅਤ ਯੂਨੀਅਨ ਵਿਚਕਾਰ ਰਾਜਨੀਤਿਕ ਸਬੰਧਾਂ ਅਤੇ ਅੰਦਰੂਨੀ ਟਕਰਾਅ ਦਾ ਵਿਸਤ੍ਰਿਤ ਵੇਰਵਾ ਪ੍ਰਦਾਨ ਕਰਦੀ ਹੈ। ਇਹ ਵੇਰਵਾ ਦਿੰਦਾ ਹੈ ਕਿ ਕਿਵੇਂ, ਵਿੰਸਟਨ ਚਰਚਿਲ, ਫ੍ਰੈਂਕਲਿਨ ਡੀ. ਰੂਜ਼ਵੈਲਟ ਅਤੇ ਜੋਸਫ਼ ਸਟਾਲਿਨ ਵਿਚਕਾਰ ਅਵਿਸ਼ਵਾਸ, ਮੁਕਾਬਲੇ ਅਤੇ ਵੱਖੋ-ਵੱਖਰੀਆਂ ਰਣਨੀਤੀਆਂ ਦੇ ਬਾਵਜੂਦ, ਗੱਠਜੋੜ ਅੰਤ ਵਿੱਚ ਇੱਕ ਸਾਂਝੇ ਦੁਸ਼ਮਣ ਦੇ ਵਿਰੁੱਧ ਬਰਕਰਾਰ ਰਿਹਾ। ਕੁਝ ਵਿਸ਼ਲੇਸ਼ਕਾਂ ਦਾ ਮੰਨਣਾ ਹੈ ਕਿ ਨੇਤਨਯਾਹੂ ਦੇ ਡੈਸਕ 'ਤੇ ਇਸ ਕਿਤਾਬ ਦੀ ਮੌਜੂਦਗੀ ਸਿਰਫ਼ ਇੱਕ ਇਤਫ਼ਾਕ ਨਹੀਂ ਹੋ ਸਕਦੀ। ਉਹ ਸੁਝਾਅ ਦਿੰਦੇ ਹਨ ਕਿ ਇਹ ਇੱਕ ਪ੍ਰਤੀਕਾਤਮਕ ਸੰਦੇਸ਼ ਹੋ ਸਕਦਾ ਹੈ। ਬਹੁਤ ਸਾਰੇ ਅੰਤਰਾਂ ਦੇ ਬਾਵਜੂਦ, ਸਹਿਯੋਗੀ ਦੂਜੇ ਵਿਸ਼ਵ ਯੁੱਧ ਦੌਰਾਨ ਹਿਟਲਰ ਦੇ ਵਿਰੁੱਧ ਇੱਕਜੁੱਟ ਸਨ। ਇਸੇ ਤਰ੍ਹਾਂ, ਅੱਜ, ਸੰਯੁਕਤ ਰਾਜ ਅਮਰੀਕਾ ਅਤੇ ਇਜ਼ਰਾਈਲ ਨੂੰ ਈਰਾਨ ਦੇ ਵਿਰੁੱਧ ਇੱਕ ਸਾਂਝੀ ਰਣਨੀਤੀ ਵਿੱਚ ਇਕੱਠੇ ਦੇਖਿਆ ਜਾ ਰਿਹਾ ਹੈ। ਫੋਟੋ ਸਾਹਮਣੇ ਆਉਣ ਤੋਂ ਬਾਅਦ, ਸੋਸ਼ਲ ਮੀਡੀਆ ਨੇ ਇਸ 'ਤੇ ਚਰਚਾ ਕਰਨੀ ਸ਼ੁਰੂ ਕਰ ਦਿੱਤੀ, ਕੁਝ ਉਪਭੋਗਤਾਵਾਂ ਨੇ ਇਸਨੂੰ "ਸੂਖਮ ਸੁਨੇਹਾ" ਕਿਹਾ। ਉਨ੍ਹਾਂ ਦਾ ਕਹਿਣਾ ਹੈ ਕਿ ਕਿਤਾਬ ਦਾ ਸਿਰਲੇਖ, "ਯੁੱਧ ਵਿੱਚ ਸਹਿਯੋਗੀ," ਮੌਜੂਦਾ ਸਥਿਤੀ ਦੇ ਅਨੁਕੂਲ ਜਾਪਦਾ ਹੈ। ਕੁਝ ਲੋਕਾਂ ਦਾ ਮੰਨਣਾ ਹੈ ਕਿ ਫੋਟੋ ਸੰਯੁਕਤ ਰਾਜ ਅਮਰੀਕਾ ਅਤੇ ਇਜ਼ਰਾਈਲ ਵਿਚਕਾਰ ਮਜ਼ਬੂਤ ਗੱਠਜੋੜ ਨੂੰ ਦਰਸਾਉਂਦੀ ਹੈ, ਭਾਵੇਂ ਹਾਲਾਤ ਕਿੰਨੇ ਵੀ ਗੁੰਝਲਦਾਰ ਕਿਉਂ ਨਾ ਹੋਣ।



ਇਹ ਫੋਟੋ ਅਜਿਹੇ ਸਮੇਂ ਸਾਹਮਣੇ ਆਈ ਹੈ ਜਦੋਂ ਈਰਾਨ, ਇਜ਼ਰਾਈਲ ਅਤੇ ਸੰਯੁਕਤ ਰਾਜ ਅਮਰੀਕਾ ਵਿਚਕਾਰ ਤਣਾਅ ਲਗਾਤਾਰ ਵਧ ਰਿਹਾ ਹੈ। ਸੰਯੁਕਤ ਫੌਜੀ ਹਮਲਿਆਂ ਅਤੇ ਜਵਾਬੀ ਹਮਲਿਆਂ ਦੀਆਂ ਹਾਲੀਆ ਰਿਪੋਰਟਾਂ ਨੇ ਪੂਰੇ ਮੱਧ ਪੂਰਬ ਵਿੱਚ ਤਣਾਅ ਵਧਾ ਦਿੱਤਾ ਹੈ। ਅਜਿਹੇ ਮਾਹੌਲ ਵਿੱਚ, ਇਹ ਫੋਟੋ ਅਤੇ ਇਸ ਵਿੱਚ ਦਰਸਾਈ ਗਈ ਕਿਤਾਬ ਹੁਣ ਸਿਰਫ਼ ਇੱਕ ਫੋਟੋ ਨਹੀਂ ਹੈ।

# ਸਿੱਖ ਪਰਿਵਾਰ ਦੀ ਨੂੰਹ ਕੋਇਲ ਮਲਿਕ ਪੱਛਮੀ ਬੰਗਾਲ ਤੋਂ ਰਾਜ ਸਭਾ ਮੈਂਬਰ ਬਣੀ



ਕੋਇਲ ਮਲਿਕ ਦਾ ਅਸਲ ਨਾਮ ਰੁਕਮਿਣੀ ਮਲਿਕ ਹੈ, ਜਿਨ੍ਹਾਂ ਦਾ ਜਨਮ 28 ਅਪ੍ਰੈਲ 1982 ਨੂੰ ਹੋਇਆ। ਉਹ ਮੁੱਖ ਤੌਰ 'ਤੇ ਬੰਗਾਲੀ ਫ਼ਿਲਮਾਂ ਵਿੱਚ ਕੰਮ ਕਰਨ ਵਾਲੀ ਅਦਾਕਾਰਾ ਹਨ ਅਤੇ ਉਨ੍ਹਾਂ ਨੂੰ "ਟੌਲੀ-ਕੁਈਨ" ਵੀ ਕਿਹਾ ਜਾਂਦਾ ਹੈ।

ਉਨ੍ਹਾਂ ਨੇ ਕੋਲਕਾਤਾ ਦੇ ਮਾਡਰਨ ਹਾਈ ਸਕੂਲ ਫ਼ਾਰ ਗਰਲਜ ਤੋਂ ਸਕੂਲੀ ਪੜ੍ਹਾਈ ਕੀਤੀ ਅਤੇ ਬਾਅਦ ਵਿੱਚ ਮੈਮੋਰੀਅਲ ਗਰਲਜ਼ ਕਾਲਜ ਤੋਂ ਮਨੋਵਿਗਿਆਨ ਵਿੱਚ BSc (ਆਨਰਜ਼) ਦੀ ਡਿਗਰੀ ਹਾਸਲ ਕੀਤੀ।

ਗ੍ਰੈਜੂਏਸ਼ਨ ਤੋਂ ਬਾਅਦ ਉਨ੍ਹਾਂ ਨੇ ਪਹਿਲਾਂ ਮਾਡਲਿੰਗ ਸ਼ੁਰੂ ਕੀਤੀ। ਉੱਥੋਂ ਹੌਲੀ-ਹੌਲੀ ਬੰਗਾਲੀ ਫ਼ਿਲਮਾਂ ਵਿੱਚ ਭੂਮਿਕਾਵਾਂ ਮਿਲਣੀਆਂ ਸ਼ੁਰੂ ਹੋਈਆਂ। ਲਗਾਤਾਰ ਮਿਹਨਤ ਅਤੇ ਦਰਸ਼ਕਾਂ ਦੇ ਪਿਆਰ ਸਦਕਾ ਉਨ੍ਹਾਂ ਨੂੰ "ਟੌਲੀ-ਕੁਈਨ" ਦਾ ਖਿਤਾਬ ਮਿਲਿਆ।

ਕੋਇਲ ਮਲਿਕ ਅਤੇ ਨਿਸਪਾਲ ਸਿੰਘ ਦੀ ਲਗਭਗ 7 ਸਾਲਾਂ ਦੀ ਦੋਸਤੀ ਤੋਂ ਬਾਅਦ 1 ਫਰਵਰੀ 2013 ਨੂੰ ਵਿਆਹ ਹੋਇਆ। ਨਿਸਪਾਲ ਸਿੰਘ ਟੌਲੀਵੁੱਡ ਦੇ ਜਾਣੇ-ਪਛਾਣੇ ਨਿਰਮਾਤਾ ਹਨ ਅਤੇ ਸੁਰਿੰਦਰ ਫਿਲਮਸ ਦੇ ਮੁਖੀ ਹਨ। ਇਸ ਜੋੜੇ ਦੇ ਦੋ ਬੱਚੇ ਹਨ — 2020 ਵਿੱਚ ਪੁੱਤਰ ਕਬੀਰ ਦਾ ਜਨਮ ਹੋਇਆ ਅਤੇ ਦਸੰਬਰ 2024 ਵਿੱਚ ਧੀ ਦਾ ਜਨਮ ਹੋਇਆ।

ਟੀ ਐੱਮ ਸੀ ਨੇ ਚਾਰ ਰਾਜ ਸਭਾ ਸੀਟਾਂ ਲਈ ਬਹੁਤ ਸੋਚ-ਸਮਝ ਕੇ ਉਮੀਦਵਾਰ ਚੁਣੇ — ਕਾਨੂੰਨੀ ਮਾਹਿਰ ਮੇਨਕਾ ਗੁਰੂਸਵਾਮੀ, ਸਾਬਕਾ ਡੀ ਜੀ ਪੀ ਰਾਜੀਵ ਕੁਮਾਰ, ਸਿਆਸਤਦਾਨ ਬਾਬੁਲ ਸੁਪ੍ਰਿਯੋ ਅਤੇ ਕੋਇਲ ਮਲਿਕ। ਕੋਇਲ ਮਲਿਕ ਦੀ ਚੋਣ ਬੰਗਾਲ ਦੀ ਸੱਭਿਆਚਾਰਕ ਪਛਾਣ ਅਤੇ ਨੌਜਵਾਨਾਂ ਨਾਲ ਜੁੜਾਅ ਲਈ ਕੀਤੀ ਗਈ।16 ਮਾਰਚ 2026 ਨੂੰ ਪੱਛਮੀ ਬੰਗਾਲ ਦੀਆਂ ਪੰਜਾਂ ਸੀਟਾਂ ਲਈ ਸਾਰੇ ਉਮੀਦਵਾਰ — ਟੀ ਐੱਮ ਸੀ ਦੇ ਬਾਬੁਲ ਸੁਪ੍ਰਿਯੋ, ਕੋਇਲ ਮਲਿਕ, ਰਾਜੀਵ ਕੁਮਾਰ, ਮੇਨਕਾ ਗੁਰੂਸਵਾਮੀ ਅਤੇ BJP ਦੇ ਰਾਹੁਲ ਸਿਨਹਾ — ਬਿਨਾਂ ਵਿਰੋਧ ਚੁਣੇ ਗਏ।



# ਫ਼ਾਰਸੀ ਨੇ ਪੰਜਾਬ ਸਮੇਤ ਭਾਰਤ ਦੀਆਂ ਭਾਸ਼ਾਵਾਂ, ਸੱਭਿਆਚਾਰ ਤੇ ਇਮਾਰਤਸਾਜ਼ੀ 'ਤੇ ਕੀ ਪ੍ਰਭਾਵ ਪਾਏ?

## ਕੀ ਈਰਾਨੀ ਲੋਕਾਂ ਨੇ ਵੀ ਭਾਰਤ ਤੋਂ ਸਿੱਖਿਆ?

o ਲੇਖਕ, ਅਵਤਾਰ ਸਿੰਘ

''ਜੇ ਕਿਸੇ ਈਰਾਨੀ ਲਈ ਇਸਲਾਮ ਤੋਂ ਪਹਿਲਾਂ ਦੀ ਸੱਭਿਅਤਾ, ਜੋ ਡੇਢ ਹਜ਼ਾਰ ਸਾਲ ਪੁਰਾਣੀ ਹੈ, ਉਸ ਦੇ ਕੋਈ ਮਾਅਨੇ ਨਹੀਂ ਹਨ ਅਤੇ ਜੇ ਕੋਈ ਭਾਰਤੀ, ਕਬੀਰ ਅਤੇ ਅਕਬਰ 'ਤੇ ਮਾਣ ਮਹਿਸੂਸ ਨਹੀਂ ਕਰ ਸਕਦਾ, ਤਾਂ ਇਸ ਵਿੱਚ ਬੀਤੇ ਸਮੇਂ ਦਾ ਕਸੂਰ ਨਹੀਂ, ਸਗੋਂ ਵਰਤਮਾਨ ਦਾ ਦੋਸ਼ ਹੈ।''

ਭਾਰਤੀ ਇਤਿਹਾਸਕਾਰ ਇਰਫ਼ਾਨ ਹਬੀਬ ਆਪਣੀ ਸੰਪਾਦਨ ਕੀਤੀ ਕਿਤਾਬ, 'ਅ ਸ਼ੇਅਰਡ ਹੈਰੀਟੇਜ: ਦਿ ਗਰੋਥ ਆਫ਼ ਸਿਵਲਾਈਜ਼ੇਸ਼ਨਜ਼ ਇੰਡੀਆ ਐਂਡ ਈਰਾਨ' ਵਿੱਚ ਇੱਕ ਈਰਾਨੀ ਇਤਿਹਾਸਕਾਰੀ ਦਾ ਹਵਾਲਾ ਦਿੰਦਿਆ ਇਹ ਸਤਰ੍ਹਾਂ ਲਿਖਦੇ ਹਨ।

ਕਰੀਬ ਅੱਠ ਸਦੀਆਂ ਦੇ ਇਸਲਾਮਿਕ ਰਾਜ ਹੇਠ ਰਹਿਣ ਨਾਲ ਪੰਜਾਬ ਅਤੇ ਹਿੰਦੋਸਤਾਨ ਦੀਆਂ ਭਾਸ਼ਾਵਾਂ, ਸੱਭਿਆਚਾਰ, ਇਮਾਰਤਸਾਜ਼ੀ ਉੱਪਰ ਫ਼ਾਰਸੀ (ਪਰਸ਼ੀਅਮ) ਭਾਸ਼ਾ ਤੇ ਸੱਭਿਅਤਾ ਦਾ ਡੂੰਘਾ ਪ੍ਰਭਾਵ ਪਿਆ ਜੋ ਅੱਜ ਵੀ ਦੇਖਿਆ ਜਾ ਸਕਦਾ ਹੈ।

ਪੰਜ ਦਰਿਆਵਾਂ ਦੀ ਧਰਤੀ ਪੰਜਾਬ ਦਾ ਨਾਂ ਵੀ ਫ਼ਾਰਸੀ ਭਾਸ਼ਾ ਦੀ ਦੇਣ ਹੈ। ਇਸ ਦੇ ਨਾਲ ਹੀ 'ਹਿੰਦੋਸਤਾਨ' ਸ਼ਬਦ ਫ਼ਾਰਸੀ ਦੇ "ਹਿੰਦੂ" ਤੋਂ ਆਇਆ ਹੈ, ਜੋ ਸਿੰਧੂ ਨਦੀ ਦੇ ਨਾਮ 'ਤੇ ਰੱਖਿਆ ਗਿਆ ਸੀ।

ਅਮਰੀਕੀ ਇਤਿਹਾਸਕਾਰ ਰਿਚਰਡ ਐੱਮ. ਈਟਨ ਆਪਣੀ ਕਿਤਾਬ 'ਇੰਡੀਆ ਇਨ ਪਰਸੀਅਨੇਟ ਏਜ' ਵਿੱਚ ਲਿਖਦੇ ਹਨ ਕਿ ਇਹ ਮੰਨਿਆ ਜਾਂਦਾ ਹੈ ਕਿ ਭਾਰਤੀ ਸੱਭਿਅਤਾ ਸਦੀਆਂ ਤੋਂ ਦੂਜੇ ਲੋਕਾਂ ਅਤੇ ਸੱਭਿਆਚਾਰਾਂ ਨਾਲ ਚੰਗੇ ਸਬੰਧਾਂ ਵਿੱਚੋਂ ਵਿਕਸਤ ਹੋਈ ਹੈ।

ਈਟਨ ਲਿਖਦੇ ਹਨ, ''ਗਿਆਰ੍ਹਵੀਂ ਸਦੀ ਤੋਂ ਫ਼ਾਰਸੀ ਦੀਆਂ ਲਿਖਤਾਂ ਅਤੇ ਫ਼ਾਰਸੀ ਬੋਲਣ ਵਾਲੇ ਲੋਕ ਪੱਛਮੀ, ਮੱਧ ਅਤੇ ਦੱਖਣੀ ਏਸ਼ੀਆ ਵਿੱਚ ਫੈਲਦੇ ਗਏ ਅਤੇ ਸੰਘਣਾ ਘੇਰਾ ਬਣਾਉਂਦੇ ਰਹੇ।''

### ਫ਼ਾਰਸੀ ਭਾਰਤੀ ਉਪ-ਮਹਾਂਦੀਪ 'ਚ ਕਿਵੇਂ ਪਹੁੰਚੀ?

ਭਾਰਤ ਵਿੱਚ ਅੰਗਰੇਜ਼ਾਂ ਦੇ ਆਉਣ ਤੋਂ ਸਦੀਆਂ ਪਹਿਲਾਂ, ਦਿੱਲੀ ਸਲਤਨਤ ਅਤੇ ਮੁਗਲ ਸਾਮਰਾਜ ਨੇ ਭਾਰਤੀ ਉੱਪ ਮਹਾਂਦੀਪ 'ਤੇ ਆਪਣੀ ਇੱਕ ਅਮਿੱਟ ਛਾਪ ਛੱਡੀ। ਇਹ ਛਾਪ ਸਿਰਫ਼ ਜੰਗਾਂ ਰਾਹੀਂ ਮਿਲੀਆਂ ਜਿੱਤਾਂ ਨਾਲ ਹੀ ਨਹੀਂ, ਸਗੋਂ ਕਵਿਤਾ, ਪ੍ਰੇਮ ਦੇ ਕਿੱਸੇ, ਆਰਕੀਟੈਕਚਰ ਅਤੇ ਖਾਣੇ ਰਾਹੀਂ ਵੀ ਛੱਡੀ ਗਈ।

ਦਿੱਲੀ ਸਲਤਨਤ (1206 ਤੋਂ 1526), ਮੁਗਲ ਕਾਲ (1526 ਤੋਂ 1857) ਅਤੇ ਪੰਜਾਬ ਵਿੱਚ ਮਹਾਰਾਜਾ ਰਣਜੀਤ ਸਿੰਘ ਦੇ ਰਾਜ (1799 ਤੋਂ1849) ਵਿੱਚ ਫ਼ਾਰਸੀ ਸਰਕਾਰੀ ਕੰਮਕਾਜ ਦੀ ਭਾਸ਼ਾ ਰਹੀ ਹੈ।

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਇਤਿਹਾਸ ਵਿਭਾਗ ਵਿੱਚੋਂ ਸੇਵਾ ਮੁਕਤ ਸਾਬਕਾ ਪ੍ਰੋਫ਼ੈਸਰ ਸੁਰਿੰਦਰ ਸਿੰਘ ਦੱਸਦੇ ਹਨ ਕਿ ਫ਼ਾਰਸੀ ਦਾ ਅਸਰ ਤੁਰਕ ਸਾਮਰਾਜ ਦੀ ਆਮਦ ਦੇ ਨਾਲ ਦਸਵੀਂ ਸਦੀ ਦੇ ਅੰਤ ਅਤੇ ਗਿਆਰਵੀਂ ਸਦੀ ਦੀ ਸ਼ੁਰੂਆਤ ਵਿੱਚ ਹੁੰਦਾ ਹੈ।

ਸੁਰਿੰਦਰ ਸਿੰਘ ਕਹਿੰਦੇ ਹਨ, ''ਫ਼ਾਰਸੀ ਦੇ ਪ੍ਰਸਾਰ ਦੇ ਕਾਲ ਦੀ ਜੇ ਗੱਲ ਕਰੀਏ ਤਾਂ ਇਹ ਗਿਆਰਵੀਂ ਸਦੀਂ ਤੋਂ 18ਵੀਂ ਸਦੀ ਦੇ ਅੱਧ ਤੱਕ ਤੁਰਕਾਂ ਅਤੇ ਮੁਗਲਾਂ ਦੇ ਰਾਜ ਤੱਕ ਦਾ ਬਣਦਾ ਹੈ।ਭਾਵੇਂ ਤੁਰਕ ਅਫਗਾਨ ਅਤੇ ਮੁਗਲ ਨਸਲੀ ਤੌਰ 'ਤੇ ਵੱਖ-ਵੱਖ ਹਨ ਪਰ ਸੱਭਿਆਚਾਰਕ ਤੌਰ 'ਤੇ ਇਹ ਸਭ ਫ਼ਾਰਸੀ (ਪਰਸ਼ੀਅਨ) ਲੋਕ ਹਨ।''

ਉਹ ਕਹਿੰਦੇ ਹਨ, ''ਇਹਨਾਂ ਸਮਿਆਂ ਵਿੱਚ ਇਕੱਲੇ ਧਾੜਵੀ ਨਹੀਂ ਆਏ ਸਗੋਂ ਉਹਨਾਂ ਨਾਲ ਕਵੀ, ਵਿਦਵਾਨ, ਸੂਫ਼ੀ, ਨੌਕਰੀਆਂ ਕਰਨ ਵਾਲੇ ਅਤੇ ਵਪਾਰੀ ਵੀ ਆਏ। ਇਹਨਾਂ ਦਾ ਵੱਡੇ ਪੱਧਰ ਉਪਰ ਪਰਵਾਸ ਹੋਇਆ। ਇਹ ਲੋਕ ਅਫ਼ਗਾਨੀਸਤਾਨ, ਮੱਧ ਏਸ਼ੀਆ ਅਤੇ ਪਰਸੀਆ ਤੋਂ ਆਉਂਦੇ ਰਹੇ। ਇਹਨਾਂ ਵਿੱਚੋਂ ਬਹੁਤ ਸਾਰੇ ਲੋਕਾਂ ਨੇ ਭਾਰਤ ਵਿੱਚ ਆਪਣਾ ਕਰੀਅਰ ਬਣਾਇਆ, ਇਹ ਸ਼ਾਂਤੀ ਪਸੰਦ ਤਬਕਾ ਸੀ।''

ਈਟਨ ਲਿਖਦੇ ਹਨ, ''ਕਾਰੀਗਰ, ਭਾੜੇ ਦੇ ਸੈਨਿਕ, ਸੂਫ਼ੀ ਸ਼ੇਖ, ਗੁਲਾਮ, ਕਵੀ, ਵਿਦਵਾਨ, ਡਿਪਲੋਮੈਟ, ਪ੍ਰਵਾਸੀ, ਤੀਰਥ ਯਾਤਰੀ ਅਤੇ ਵਪਾਰੀ ਸਾਰੇ ਸਮੁੰਦਰੀ ਅਤੇ ਜ਼ਮੀਨੀ ਰਸਤਿਆਂ ਰਾਹੀਂ ਯਾਤਰਾ ਕਰਦੇ ਸਨ। ਇਹਨਾਂ ਨੇ ਫ਼ਾਰਸੀ ਸੰਸਾਰ ਦਾ ਘੇਰਾ ਵਧਾਇਆ।''

ਇਤਿਹਾਸਕਾਰ ਪ੍ਰੋਫੈਸਰ ਸੁਮੇਲ ਸਿੱਧੂ ਕਹਿੰਦੇ ਹਨ ਕਿ ਭਾਰਤ ਵਿੱਚ ਧਾੜਵੀਆਂ ਦੇ ਆਉਣ ਤੋਂ ਲੰਮਾਂ ਸਮਾਂ ਪਹਿਲਾਂ ਵਪਾਰੀਆਂ ਦਾ ਆਉਣਾ ਜਾਣਾ ਵੀ ਸੀ ਜੋ ਭਾਸ਼ਾ ਅਤੇ ਸੱਭਿਆਚਾਰ ਦੇ ਅਦਾਨ -ਪ੍ਰਧਾਨ ਦਾ ਇੱਕ ਵੱਡਾ ਸਾਧਨ ਸੀ।

### ਪਰਸੀਅਨੇਟ ਸੰਸਾਰ ਕੀ ਸੀ ?

ਪਰਸੀਅਨੇਟ ਸੰਸਾਰ ਵਿੱਚ ਈਰਾਨ (ਪਰਸੀਆ- ਜਿੱਥੇ ਪਰਸੀਆ ਸੱਭਿਆਚਾਰ ਦਾ ਜਨਮ ਹੋਇਆ), ਮੱਧ ਏਸ਼ੀਆ ( ਮੌਜੂਦਾ ਉਜ਼ਬੇਕਿਸਤਾਨ, ਤਜਾਕਿਸਤਾਨ ਅਤੇ ਅਫ਼ਗਾਨੀਸਤਾਨ), ਭਾਰਤ, ਪਾਕਿਤਸਾਨ ਅਤੇ ਓਟੋਮੈਨ ਸਾਮਰਾਜ ਆਦਿ ਸ਼ਾਮਲ ਹੈ।

ਇਤਿਹਾਸਿਕ ਤੌਰ 'ਤੇ ਇਸ ਦਾ ਅਰਥ ਹੈ ਕਿ ਜੋ ਇਲਾਕੇ ਫ਼ਾਰਸੀ ਭਾਸ਼ਾ, ਸੱਭਿਆਚਾਰ, ਕਲਾ ਅਤੇ ਪ੍ਰਸ਼ਾਸਨ ਦੇ ਪ੍ਰਭਾਵ ਹੇਠ ਸਨ।



ਈਟਨ ਲਿਖਦੇ ਹਨ ਕਿ ਭਾਰਤ ਵਿੱਚ ਵੱਡਾ ਬਦਲਾਅ ਉਸ ਸਮੇਂ ਆਇਆ ਜਦੋਂ 1582 ਵਿੱਚ ਅਕਬਰ ਨੇ ਇੱਕ ਰਾਜਨੀਤਿਕ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਦੇ ਸਪੱਸ਼ਟ ਉਦੇਸ਼ ਨਾਲ ਧਾਰਮਿਕ ਅਤੇ ਸੱਭਿਆਚਾਰਕ ਭਾਈਚਾਰਿਆਂ ਉੱਤੇ ਪ੍ਰਭਾਵ ਪਾਉਣ ਲਈ ਫਾਰਸੀ ਨੂੰ ਸਰਕਾਰੀ ਭਾਸ਼ਾ ਵਜੋਂ ਸਥਾਪਿਤ ਕੀਤਾ।

ਉਹ ਲਿਖਦੇ ਹਨ, '' ਕਈ ਪੀੜ੍ਹੀਆਂ ਦੇ ਅੰਦਰ ਹੀ ਭਾਰਤ ਫ਼ਾਰਸੀ ਬੋਲਣ ਜਾਂ ਪੜ੍ਹਨ ਵਾਲੇ ਲੋਕਾਂ ਦਾ ਇੱਕ ਪ੍ਰਮੁੱਖ ਕੇਂਦਰ ਬਣ ਗਿਆ ਸੀ।''

ਈਟਨ ਆਪਣੀ ਕਿਤਾਬ ਵਿੱਚ ਲਿਖਦੇ ਹਨ, ''ਸਾਲ 1700 ਤੱਕ ਭਾਰਤ ਸ਼ਾਇਦ ਫ਼ਾਰਸੀ ਸਾਹਿਤ ਅਤੇ ਵਿਦਵਤਾ ਦੀ ਸਰਪ੍ਰਸਤੀ ਲਈ ਦੁਨੀਆ ਦਾ ਮੋਹਰੀ ਕੇਂਦਰ ਸੀ। ਇੱਥੇ ਈਰਾਨ ਨਾਲੋਂ ਅੰਦਾਜ਼ਨ ਸੱਤ ਗੁਣਾ ਜ਼ਿਆਦਾ ਲੋਕ ਫ਼ਾਰਸੀ ਬੋਲਦੇ ਸਨ।''

### ਸਾਹਿਤ ਅਤੇ ਭਾਸ਼ਾਵਾਂ 'ਤੇ ਅਸਰ

ਫ਼ਾਰਸੀ ਦਾ ਪੰਜਾਬੀ ਅਤੇ ਭਾਰਤੀ ਸਾਹਿਤ 'ਤੇ ਡੂੰਘਾ ਪ੍ਰਭਾਵ ਪਿਆ ਜੋ ਮੁੱਖ ਤੌਰ 'ਤੇ ਮੱਧਕਾਲ ਸਮੇਂ, ਖਾਸ ਕਰਕੇ ਮੁਗ਼ਲ ਸਾਮਰਾਜ ਦੌਰਾਨ ਸਪੱਸ਼ਟ ਦਿਖਾਈ ਦਿੰਦਾ ਹੈ। ਮੌਜੂਦਾ ਸਮੇਂ ਵਿੱਚ ਆਮ ਬੋਲੇ ਜਾਂਦੇ ਗਵਾਹ, ਦਲੀਲ, ਇਨਸਾਫ਼ ਅਤੇ ਖ਼ਸਰਾ ਆਦਿ ਸ਼ਬਦ ਫ਼ਾਰਸੀ ਦੇ ਭਾਰਤ ਵਿੱਚ ਪ੍ਰਭਾਵ ਨੂੰ ਦਰਸਾਉਂਦੇ ਹਨ।

ਈਰਾਨ ਖਿੱਤੇ ਦੀ ਇਸ ਭਾਸ਼ਾ ਰਾਹੀਂ ਇਸ਼ਕ ਦੇ ਕਿੱਸੇ ਭਾਰਤੀ ਉੱਪ ਮਹਾਂਦੀਪ ਵਿੱਚ ਪਹੁੰਚੇ। ਇਹਨਾਂ ਵਿੱਚ ਸ਼ੀਰੀ ਫ਼ਰਹਾਦ, ਲੈਲਾ-ਮਜਨੂੰ ਅਤੇ ਯੂਸਫ਼-ਜੁਲੈਖ਼ਾਂ ਦੇ ਇਸ਼ਕ ਦੀਆਂ ਕਹਾਣੀਆਂ ਨੂੰ ਭਾਰਤੀ ਲੋਕਾਂ ਨੇ ਪੜ੍ਹਨਾ ਸ਼ੁਰੂ ਕੀਤਾ।

ਇਸੇ ਦੌਰਾਨ ਭਾਰਤੀ ਸੂਫ਼ੀ ਸ਼ਾਇਰਾਂ 'ਤੇ ਵੀ ਫ਼ਾਰਸੀ ਦੇ ਵਿਦਵਾਨਾਂ ਅਤੇ ਕਵੀਆਂ ਦਾ ਪ੍ਰਭਾਵ ਪਿਆ ਦੱਸਿਆ ਜਾਂਦਾ ਹੈ।

ਪੰਜਾਬੀ ਭਾਸ਼ਾ ਦੇ ਸਾਬਕਾ ਪ੍ਰੋਫੈਸਰ ਸੁਖਦੇਵ ਸਿੰਘ ਸਿਰਸਾ ਕਹਿੰਦੇ ਹਨ, ''ਜਦੋਂ ਕੋਈ ਕੌਮ ਕਿਸੇ ਦੂਜੀ ਕੌਮ ਉਪਰ ਰਾਜ ਕਰਦੀ ਹੈ ਤਾਂ ਉਹ ਸਿਰਫ਼ ਰਾਜਨੀਤਿਕ ਤੌਰ ਉਪਰ ਹੀ ਪ੍ਰਭਾਵ ਨਹੀਂ ਪਾਉਂਦੀ ਸਗੋਂ ਸੱਭਿਆਚਾਰ ਅਤੇ ਰਹਿਣ ਸਹਿਣ ਨੂੰ ਵੀ ਆਪਣੇ ਪ੍ਰਭਾਵ ਹੇਠ ਲੈਂਦੀ ਹੈ। ਫ਼ਾਰਸੀ ਲੰਮੇ ਸਮੇਂ ਤੱਕ ਸਾਡੇ ਖਿੱਤੇ ਦੀ ਰਾਜ ਭਾਸ਼ਾ ਰਹੀ ਹੈ, ਇਸੇ ਕਾਰਨ ਕੁਦਰਤੀ ਸੀ ਕਿ ਸਾਡੇ ਉਪਰ ਫ਼ਾਰਸੀ ਸਾਹਿਤ ਦਾ ਅਸਰ ਪੈਣਾ ਸੀ।''

ਭਾਰਤ-ਪਾਕਿਸਤਾਨ ਵੰਡ ਤੋਂ ਪਹਿਲਾਂ ਪੰਜਾਬੀ ਵਿੱਚ ਸੁਲਤਾਨ ਬਾਹੂ, ਵਾਰਿਸ ਸ਼ਾਹ, ਬੁੱਲੇਸ਼ਾਹ ਅਤੇ ਬਾਬਾ ਫ਼ਰੀਦ ਸਮੇਤ ਬਹੁਤ ਸਾਰੇ ਸੂਫ਼ੀ ਕਵੀ ਹੋਏ ਹਨ ਜਿੰਨ੍ਹਾਂ ਨੇ ਮਰਦ-ਔਰਤ ਦੇ ਇਸ਼ਕ, ਇਨਸਾਨ ਅਤੇ ਰੱਬ ਦੇ ਪ੍ਰੇਮ ਬਾਰੇ ਲਿਖਿਆ।

ਵਾਰਿਸ ਸ਼ਾਹ ਵੱਲੋਂ ਹੀਰ-ਰਾਂਝੇ ਦੀ ਪ੍ਰੇਮ ਕਥਾ ਦਾ ਕਿੱਸਾ ਪੰਜਾਬੀ ਦੀ ਇੱਕ ਸ਼ਾਹਕਾਰ ਰਚਨਾ ਮੰਨੀ ਜਾਂਦੀ ਹੈ। ਬੁੱਲ੍ਹੇ ਸ਼ਾਹ ਦੀਆਂ ਕਾਫੀਆਂ ਅਤੇ ਸੁਲਤਾਨ ਬਾਹੂ ਦੀਆਂ ਸਿਹਰਫੀਆਂ ਵਿੱਚ ਫ਼ਾਰਸੀ ਸੂਫ਼ੀ ਸ਼ਬਦਾਵਲੀ ਅਤੇ ਰੂਹਾਨੀ ਵਿਚਾਰ ਸਪੱਸ਼ਟ ਦਿਖਦੇ ਹਨ।

ਸੁਮੇਲ ਸਿੱਧੂ ਕਹਿੰਦੇ ਹਨ, ''ਪੰਜਾਬੀ ਦੇ ਕਿੱਸੇ ਫ਼ਾਰਸੀ ਦੇ ਕਿੱਸਿਆਂ ਦੇ ਢਾਂਚੇ ਉਪਰ ਅਧਾਰਿਤ ਹਨ। ਅਸਲ ਵਿੱਚ ਫ਼ਾਰਸੀ ਦੇ ਕਵੀ ਫਿਰਦੌਸੀ ਦਾ ਸ਼ਾਹਨਾਮਾ, ਰੂਮੀ ਅਤੇ ਸ਼ੇਖ਼ ਸਾਅਦੀ ਦੀਆਂ ਕਵਿਤਾਵਾਂ ਨੂੰ ਪੜ੍ਹਨਾ ਸ਼ਾਇਰ ਬਣਨ ਲਈ ਇੱਕ ਤਰ੍ਹਾਂ ਦੇ ਸਿਲੇਬਸ ਸਨ।''

ਸੁਰਿੰਦਰ ਸਿੰਘ ਕਹਿੰਦੇ ਹਨ, ''ਸਿੰਧੂ ਤੋਂ ਲੈ ਕੇ ਬ੍ਰਹਮਪੁੱਤਰਾ ਤੱਕ ਦੇ ਇਲਾਕਿਆਂ ਵਿੱਚ ਫ਼ਾਰਸੀ ਦਾ ਸਥਾਨਕ ਭਾਸ਼ਾਵਾਂ ਨਾਲ ਲੈਣ-ਦੇਣ ਚੱਲਦਾ ਹੈ। ਸਿੱਖਾਂ ਦੇ ਗੁਰੂ ਗ੍ਰੰਥ ਸਾਹਿਬ ਵਿੱਚ ਕਈ ਭਾਸ਼ਾਵਾਂ ਵਿੱਚ ਬਾਣੀ ਹੈ ਜਿਸ ਵਿੱਚ ਬਹੁਤ ਸਾਰੇ ਫ਼ਾਰਸੀ ਦੇ ਸ਼ਬਦ ਦਰਜ ਹਨ।''

ਫ਼ਾਰਸੀ ਨੂੰ ਮਹਾਰਾਜਾ ਰਣਜੀਤ ਸਿੰਘ ਦੇ ਰਾਜ ਵਿੱਚ ਵੀ ਸਰਕਾਰੀ ਭਾਸ਼ਾ ਦਾ ਦਰਜਾ ਸੀ। ਸਿੱਖਾਂ ਦੇ ਦਸਵੇਂ ਗੁਰੂ ਗੋਬਿੰਦ ਸਿੰਘ ਜੋ ਫ਼ਾਰਸੀ ਦੇ ਖੁਦ ਵੀ ਕਵੀ ਅਤੇ ਵਿਦਵਾਨ ਸਨ, ਉਹਨਾਂ ਨੇ ਮੁਗਲਾਂ ਖਿਲਾਫ਼ ਲੜਾਈਆਂ ਲੜੀਆਂ ਅਤੇ ਮੁਗਲ ਬਾਦਸ਼ਾਹ ਔਰੰਗਜ਼ੇਬ ਨੂੰ ਜੋ ਚਿੱਠੀ 1705 ਵਿੱਚ ਲਿਖੀ ਸੀ ਜਿਸ ਨੂੰ 'ਜ਼ਫਰਨਾਮਾ' ਕਿਹਾ ਗਿਆ ਉਹ ਵੀ ਫ਼ਾਰਸੀ ਵਿੱਚ ਲਿਖੀ ਸੀ।

ਕਿਹੜੇ ਹਿੰਦੂ ਮੂਲ ਦੇ ਲੇਖਕ ਫ਼ਾਰਸੀ 'ਚ ਲਿਖਣ ਲੱਗੇ

ਭਾਵੇਂ ਇਸ ਸਮੇਂ ਦੌਰਾਨ ਭਾਰਤ ਵਿੱਚ ਫ਼ਾਰਸੀ ਦੇ ਵੱਡੇ ਕਵੀ ਅਮੀਰ ਖੁਸਰੋ (1253-1325) ਅਤੇ ਅਬੁਲ ਫਜ਼ਲ (1551-1602) ਦਾ ਬੋਲਬਾਲਾ ਸੀ ਪਰ ਇਸ ਦੌਰਾਨ ਬਹੁਤ ਸਾਰੇ ਹਿੰਦੂ ਭਾਈਚਾਰੇ ਦੇ ਲੋਕਾਂ ਨੇ ਵੀ ਫ਼ਾਰਸੀ ਵਿੱਚ ਮੁਹਾਰਤ ਹਾਸਿਲ ਕਰ ਲਈ ਸੀ ਅਤੇ ਉਹਨਾਂ ਨੇ ਵੀ ਲਿਖਣਾ ਸ਼ੁਰੂ ਕਰ ਦਿੱਤਾ ਸੀ।

ਇਹਨਾਂ ਵਿੱਚ ਭਾਈ ਨੰਦ ਲਾਲ, ਚੰਦਰਭਾਨ ਬ੍ਰਾਹਮਣ, ਸੁਜਾਨ ਰਾਏ ਭੰਡਾਰੀ ਅਤੇ ਅਨੰਦਰਾਮ ਮੁਖਲਿਸ ਦੇ ਨਾਮ ਮੁੱਖ ਹਨ।

ਪ੍ਰੋਫੈਸਰ ਸੁਰਿੰਦਰ ਸਿੰਘ ਕਹਿੰਦੇ ਹਨ, ''ਜੋ ਹਿੰਦੂ ਮੁਗਲ ਦਰਬਾਰ ਵਿੱਚ ਨੌਕਰੀਆਂ ਕਰਦੇ ਸਨ, ਉਹਨਾਂ ਨੇ ਫ਼ਾਰਸੀ ਵਿੱਚ ਗ੍ਰੰਥ ਲਿਖੇ ਅਤੇ ਸ਼ਾਇਰੀ ਵੀ ਕੀਤੀ।''

ਭਾਰਤੀ ਇਮਾਰਤਸਾਜ਼ੀ 'ਤੇ ਪ੍ਰਭਾਵ

ਫ਼ਾਰਸੀ ਇਮਾਰਤਸਾਜ਼ੀ ਨੇ ਭਾਰਤੀ ਉੱਪ ਮਹਾਂਦੀਪ ਵਿੱਚ ਆਪਣੀ ਅਮਿੱਟ ਛਾਪ ਛੱਡੀ ਹੈ ਜਿਸ ਵਿੱਚ ਇਹਨਾਂ ਦਾ ਡਿਜ਼ਾਈਨ, ਬਣਤਰ ਅਤੇ ਅਲੰਕਾਰ ਸ਼ਾਮਿਲ ਹਨ।

ਫ਼ਾਰਸੀ ਦੀ ਕਲਾਕਾਰੀ ਵਿੱਚ ਵੱਡੇ ਗੁੰਬਦ ਅਤੇ ਪਤਲੀਆਂ ਮੀਨਾਰਾਂ, ਭਾਰਤੀ ਇਮਾਰਤਾਂ ਵਿੱਚ ਪ੍ਰਚਲਿਤ ਹੋਈਆਂ। ਹੁਮਾਯੂੰ ਦਾ ਮਕਬਰਾ, ਤਾਜ ਮਹਿਲ ਅਤੇ ਕਸ਼ਮੀਰ ਦਾ ਸ਼ਾਲੀਮਾਰ ਬਾਗ ਇਸ ਦੀਆਂ ਖਾਸ ਉਦਾਰਹਣਾਂ ਹਨ।



ਪ੍ਰੋਫ਼ੈਸਰ ਸੁਖਦੇਵ ਸਿੰਘ ਸਿਰਸਾ ਕਹਿੰਦੇ ਹਨ, ''ਤਾਜ ਮਹਿਲ ਸਮੇਤ ਪੰਜਾਬ ਵਿੱਚ ਗੁਰਦੁਆਰਿਆਂ ਅਤੇ ਮਸੀਤਾਂ ਵਿੱਚ ਜੋਂ ਗੁੰਬਦ ਦੇਖਦੇ ਹਾਂ ਉਹ ਸਾਰਾ ਫ਼ਾਰਸੀ ਇਮਾਰਤਸਾਜ਼ੀ ਹੈ। ਮਸਜਿਦਾਂ ਉਪਰ ਹਰੇ ਰੰਗ ਦੇ ਝੰਡੇ ਵੀ ਇਸੇ ਸੱਭਿਅਤਾ ਦੀ ਦੇਣ ਹਨ।''

ਸੁਰਿੰਦਰ ਸਿੰਘ ਦੱਸਦੇ ਹਨ, ''ਤਾਜ ਮਹਿਲ ਅਤੇ ਦਿੱਲੀ ਦੀ ਜਾਮਾ ਮਸਜਿਦ ਤਾਂ ਰਾਜ ਕਰ ਰਹੇ ਲੋਕਾਂ ਨੇ ਬਣਾਈਆਂ ਪਰ ਬਹੁਤ ਸਾਰੀਆਂ ਸਰਾਵਾਂ ਸੜਕਾਂ ਨੇੜੇ ਵੀ ਬਣੀਆਂ ਜਿਸ ਵਿੱਚ ਪੰਜਾਬ ਦੇ ਨੂਰ ਮਹਿਲ ਅਤੇ ਦੁਰਾਹੇ ਦੀ ਸਰਾਂ ਵੀ ਸ਼ਾਮਿਲ ਹੈ। ਇਸ ਦੇ ਨਾਲ ਹੀ ਕਈ ਤਰ੍ਹਾਂ ਦੀ ਪੇਂਟਿੰਗ, ਪੇਂਟਰ ਅਤੇ ਇੰਜੀਨੀਅਰ ਵੀ ਲਿਆਂਦੇ ਗਏ ਸਨ।''

ਫ਼ਾਰਸੀ ਦਾ ਭਾਰਤੀ ਖਾਣੇ 'ਤੇ ਪ੍ਰਭਾਵ

ਫ਼ਾਰਸੀ ਸੱਭਿਆਚਾਰ ਨੇ ਭਾਰਤੀ ਰਸੋਈ, ਖਾਸ ਕਰਕੇ ਮੁਗ਼ਲਈ ਖਾਣੇ, 'ਤੇ ਡੂੰਘਾ ਪ੍ਰਭਾਵ ਛੱਡਿਆ। ਮੁਗ਼ਲ ਸਮਰਾਟਾਂ ਨੇ ਫ਼ਾਰਸੀ ਪਕਵਾਨਾਂ ਅਤੇ ਰਸੋਈ ਤਕਨੀਕਾਂ ਨੂੰ ਭਾਰਤ ਵਿੱਚ ਪ੍ਰਚਲਿਤ ਕੀਤਾ, ਜੋ ਸਥਾਨਕ ਸੁਆਦਾਂ ਨਾਲ ਮਿਲ ਕੇ ਮੁਗ਼ਲਈ ਰਸੋਈ ਦੀ ਸਿਰਜਣਾ ਕਰਦੀਆਂ ਸਨ।

ਇਸ ਵਿੱਚ ਬਿਰਆਨੀ, ਪੁਲਾਓ, ਕਬਾਬ, ਸੁੱਕੇ ਮੇਵੇ ਅਤੇ ਮਸਾਲੇ ਸ਼ਾਮਿਲ ਹਨ। ਹਲਾਂਕਿ ਦੋਵਾਂ ਸੱਭਿਆਤਾਵਾਂ ਵਿੱਚ ਬਹੁਤ ਸਾਰੇ ਰਸਮਾਂ-ਰਿਵਾਜ਼ ਇੱਕੋ ਜਿਹੇ ਹਨ।

ਈਰਾਨ ਦੇ ਤਹਿਰਾਨ ਯੂਨੀਵਰਸਿਟੀ ਤੋਂ ਫ਼ਾਰਸੀ ਵਿੱਚ ਪੀਐੱਚਡੀ ਕਰਨ ਵਾਲੇ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿੱਚ ਫ਼ਾਰਸੀ ਦੇ ਪ੍ਰੋਫੈਸਰ ਜ਼ੁਲਫੀਕਾਰ ਅਲੀ ਕਹਿੰਦੇ ਹਨ, ''ਇਤਿਹਾਸਿਕ ਤੌਰ ਉਪਰ ਅਸੀਂ ਸਾਰੇ ਆਰੀਅਨ ਭਾਈਚਾਰੇ ਨਾਲ ਸਬੰਧ ਰੱਖਦੇ ਹਾਂ ਜਿਸ ਕਾਰਨ ਭਾਰਤੀਆਂ ਅਤੇ ਈਰਾਨੀਆਂ ਦਾ ਸੱਭਿਆਚਾਰ ਅਤੇ ਜ਼ੁਬਾਨ ਇੱਕ ਸੀ।''

''ਖਾਣੇ ਅਤੇ ਵਿਆਹ ਦੀਆਂ ਰਸਮਾਂ ਵੀ ਇੱਕੋ ਜਿਹੀਆਂ ਹਨ। ਉੱਥੇ ਵੀ ਗੀਤ ਗਾਏ ਜਾਂਦੇ ਹਨ, ਇੱਥੇ ਵੀ। ਕਿਸੇ ਸਮੇਂ ਦੋਵੇਂ ਪਾਸੇ ਵਿਆਹ ਸਮੇਂ ਮਹਿੰਦੀ ਲੱਗਦੀ ਸੀ ਪਰ ਅੱਜ-ਕੱਲ੍ਹ ਈਰਾਨ ਵਿੱਚ ਵਿਆਹ ਸਮੇਂ ਔਰਤਾਂ ਮਹਿੰਦੀ ਨਹੀਂ ਲਗਾਉਂਦੀਆਂ।''

### ਕੀ ਈਰਾਨੀ ਲੋਕਾਂ ਨੇ ਵੀ ਭਾਰਤ ਤੋਂ ਸਿੱਖਿਆ?

ਭਾਰਤੀ ਭਾਸ਼ਾਵਾਂ ਤੇ ਸੱਭਿਆਚਾਰ ਦਾ ਅਸਰ ਵੀ ਈਰਾਨ ਸਣੇ ਮੱਧ ਏਸ਼ੀਆ ਦੀਆਂ ਹੋਰ ਸਭਿਅਤਾਵਾਂ ਉੱਤੇ ਪਿਆ। ਸੰਸਕ੍ਰਿਤ ਨਾਲ ਵੀ ਫ਼ਾਰਸੀ ਦੀ ਸਾਂਝ ਬਣੀ।

ਈਟਨ ਲਿਖਦੇ ਹਨ ਕਿ ਸੰਸਕ੍ਰਿਤ ਇਕੱਲੀ ਭਾਸ਼ਾ ਨਹੀਂ ਹੈ ਜੋ ਯਾਤਰਾ ਕਰਦੀ ਹੈ। ਉਹ ਲਿਖਦੇ ਹਨ, ''ਸੰਸਕ੍ਰਿਤ ਦੀਆਂ ਲਿਖਤਾਂ ਦੇ ਪ੍ਰਸਾਰ ਅਤੇ ਉਹਨਾਂ ਨੂੰ ਲਿਜਾਣ ਵਾਲੇ ਲੋਕਾਂ ਨੇ ਸਾਂਝੇ ਮੁਹਾਵਰਿਆਂ ਅਤੇ ਸ਼ੈਲੀਆਂ ਦਾ ਇੱਕ ਨੈੱਟਵਰਕ ਬਣਾਇਆ। ਇਹ ਸੁਹਜ, ਰਾਜਨੀਤੀ, ਸ਼ਾਹੀ ਗੁਣ, ਸਿੱਖਿਆ ਅਤੇ ਪ੍ਰਭੁਸੱਤਾ ਦੀ ਸਰਵਵਿਆਪਕਤਾ ਬਾਰੇ ਇੱਕੋ ਜਿਹੇ ਦਾਅਵੇ ਕਰਦੇ ਸਨ।''

ਪ੍ਰੋਫ਼ੈਸਰ ਜ਼ੁਲਫੀਕਾਰ ਕਹਿੰਦੇ ਹਨ, ''ਇੱਕ ਜ਼ਮਾਨੇ ਵਿੱਚ ਸੰਸਕ੍ਰਿਤ ਨੇ ਭਾਰਤ ਅਤੇ ਈਰਾਨ ਵਿੱਚ ਪੁਲ ਦਾ ਕੰਮ ਕੀਤਾ ਹੈ। ਸੰਸਕ੍ਰਿਤ ਦੀਆਂ ਬਹੁਤ ਸਾਰੀਆਂ ਚੀਜ਼ਾਂ ਫ਼ਾਰਸੀ ਵਿੱਚ ਅਨੁਵਾਦ ਹੋਈਆਂ ਹਨ ਜੋ ਫ਼ਾਰਸੀ ਸਾਹਿਤ ਵਿੱਚ ਸਿਲੇਬਸ ਦੇ ਤੌਰ 'ਤੇ ਪੜ੍ਹਾਈਆਂ ਜਾਂਦੀਆਂ ਹਨ।''



# ਭਾਰਤ-ਅਮਰੀਕਾ ਸਮਝੌਤਾ ਸਾਡੇ ਕਿਸਾਨਾਂ ਦਾ ਭਵਿੱਖ ਦਾਅ 'ਤੇ ਲਗਾ ਕੇ ਭਾਰਤ ਨੂੰ ਅਮਰੀਕੀ ਉਤਪਾਦਾਂ ਦਾ ਬਾਜ਼ਾਰ ਬਣਾ ਦੇਵੇਗਾ : ਚੀਮਾ

ਚੰਡੀਗੜ੍ਹ, 10 ਮਾਰਚ, (ਚ.ਨ.ਸ.) : ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਪੰਜਾਬ ਵਿਧਾਨ ਸਭਾ ਵਿੱਚ ਭਾਰਤ-ਅਮਰੀਕਾ ਵਪਾਰ ਸਮਝੌਤੇ ਦੀ ਕਰੜੀ ਨਿੰਦਾ ਕਰਦਿਆਂ ਕਿਹਾ ਕਿ ਇਸ ਸਮਝੌਤੇ ਨਾਲ ਭਾਰਤੀ ਖੇਤੀਬਾੜੀ ਨੂੰ ਨੁਕਸਾਨ ਪਹੁੰਚਣ ਦੇ ਨਾਲ-ਨਾਲ ਦੇਸ਼ ਦੇ ਕਿਸਾਨਾਂ ਨੂੰ ਅਣਉਚਿਤ ਵਿਸ਼ਵਵਿਆਪੀ ਮੁਕਾਬਲੇ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਪੇਸ਼ ਕੀਤੇ ਗਏ ਮਤੇ ਦਾ ਸਮੱਰਥਨ ਕਰਦਿਆਂ ਉਨ੍ਹਾਂ ਨੇ ਇਸ ਸਮਝੌਤੇ ਨਾਲ ਦੇਸ਼ ਭਰ ਦੇ ਕਿਸਾਨਾਂ ਅਤੇ ਸਹਾਇਕ ਖੇਤਰਾਂ 'ਤੇ ਪੈਣ ਵਾਲੇ ਲੰਮੇ ਸਮੇਂ ਦੇ ਪ੍ਰਭਾਵਾਂ 'ਤੇ ਗੰਭੀਰ ਚਿੰਤਾ ਪ੍ਰਗਟਾਈ।

ਸਦਨ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਖਾਸ ਤੌਰ 'ਤੇ ਅਮਰੀਕੀ ਅਧਿਕਾਰੀਆਂ ਦੇ ਬਿਆਨਾਂ ਅਤੇ ਸੋਸ਼ਲ ਮੀਡੀਆ ਪੋਸਟਾਂ ਦਾ ਜ਼ਿਕਰ ਕੀਤਾ, ਜਿਨ੍ਹਾਂ ਨੇ ਭਾਰਤ ਦੀ ਵੱਡੀ ਆਬਾਦੀ ਤੱਕ ਆਪਣੇ ਖੇਤੀਬਾੜੀ ਨਿਰਯਾਤ ਦੀ ਨਵੀਂ ਪਹੁੰਚ ਦਾ ਜਸ਼ਨ ਮਨਾਇਆ।

ਵਿੱਤ ਮੰਤਰੀ ਨੇ ਅਮਰੀਕਾ ਦੇ ਖੇਤੀਬਾੜੀ ਸਕੱਤਰ ਬਰੁਕ ਰੋਲਿੰਸ ਦੀ ਇੱਕ ਸੋਸ਼ਲ ਮੀਡੀਆ ਪੋਸਟ ਦਾ ਹਵਾਲਾ ਦਿੰਦਿਆਂ ਇਹ ਨੂੰ ਸਦਨ ਵਿੱਚ ਸਾਂਝਾ ਕੀਤਾ: ਸਾਡੇ ਅਮਰੀਕੀ ਕਿਸਾਨਾਂ ਲਈ ਇੱਕ ਵਾਰ ਫਿਰ ਬਿਹਤਰ ਕੰਮ ਕਰਨ ਲਈ ਰਾਸ਼ਟਰਪਤੀ ਟਰੰਪ ਦਾ ਧੰਨਵਾਦ। ਨਵੇਂ ਅਮਰੀਕਾ-ਭਾਰਤ ਸਮਝੌਤੇ ਨਾਲ ਭਾਰਤ ਦੇ ਵਿਆਪਕ ਬਾਜ਼ਾਰ ਵਿੱਚ ਹੋਰ ਅਮਰੀਕੀ ਖੇਤੀ ਉਤਪਾਦਾਂ ਦਾ ਨਿਰਯਾਤ ਕੀਤਾ ਜਾਵੇਗਾ, ਕੀਮਤਾਂ ਵਿੱਚ ਵਾਧਾ ਹੋਵੇਗਾ ਅਤੇ ਪੇਂਡੂ ਅਮਰੀਕਾ ਵਿੱਚ ਨਕਦੀ ਦਾ ਪ੍ਰਵਾਹ ਵਧੇਗਾ। 2024 ਵਿੱਚ, ਭਾਰਤ ਨਾਲ ਅਮਰੀਕਾ ਦੇ ਖੇਤੀਬਾੜੀ ਵਪਾਰ ਨਾਲ 1.3 ਬਿਲੀਅਨ ਡਾਲਰ ਦਾ ਘਾਟਾ ਹੋਇਆ। ਭਾਰਤ ਦੀ ਵਧਦੀ ਆਬਾਦੀ ਅਮਰੀਕੀ ਖੇਤੀਬਾੜੀ ਉਤਪਾਦਾਂ ਲਈ ਇੱਕ ਮਹੱਤਵਪੂਰਨ ਬਾਜ਼ਾਰ ਹੈ ਅਤੇ ਅੱਜ ਦਾ ਸਮਝੌਤਾ ਇਸ ਘਾਟੇ ਨੂੰ ਪੂਰਨ ਲਈ ਅਹਿਮ ਭੂਮਿਕਾ ਨਿਭਾਏਗਾ। ਖੇਤੀਬਾੜੀ ਲਈ ਕੀਤੇ ਦਰਜਨਾਂ ਸਮਝੌਤਿਆਂ ਤੋਂ ਇਲਾਵਾ ਇਹ ਅਮਰੀਕਾ ਦੀ ਪਹਿਲੀ ਜਿੱਤ ਹੈ।

ਇਸ ਸਬੰਧੀ ਪੰਜਾਬ ਦੇ ਵਿੱਤ ਮੰਤਰੀ ਨੇ ਭਾਜਪਾ ਲੀਡਰਸ਼ਿਪ ਦੇ ਸਟੈਂਡ 'ਤੇ ਸਵਾਲ ਉਠਾਇਆ। ਉਨ੍ਹਾਂ ਕਿਹਾ, ਕੇਂਦਰ ਸਰਕਾਰ ਨੂੰ ਇਹ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਕੀ ਉਹ ਭਾਰਤ ਦੇ ਲੋਕਾਂ ਦੀ ਭਲਾਈ ਨਾਲੋਂ ਵਿਦੇਸ਼ੀ ਕਾਰਪੋਰੇਟਸ ਦੇ ਹਿੱਤਾਂ ਨੂੰ ਤਰਜੀਹ ਦੇ ਰਹੀ ਹੈ। ਬਾਬਾ ਸਾਹਿਬ ਅੰਬੇਡਕਰ ਦੇ ਸੰਵਿਧਾਨ ਨੇ ਦੇਸ਼ ਦੇ ਕਿਸਾਨਾਂ, ਮਜ਼ਦੂਰਾਂ ਅਤੇ ਵਪਾਰੀਆਂ ਲਈ ਬੁਨਿਆਦੀ ਆਰਥਿਕ ਸੁਰੱਖਿਆ ਨੂੰ ਯਕੀਨੀ ਬਣਾਇਆ, ਜੋ ਇਸ ਸਮੇਂ ਖ਼ਤਰੇ ਵਿੱਚ ਹਨ। ਉਨ੍ਹਾਂ ਭਾਜਪਾ ਲੀਡਰਸ਼ਿਪ ਨੂੰ ਵਿਦੇਸ਼ੀ ਦਬਾਅ ਅੱਗੇ ਝੁਕਣ ਲਈ ਕਰੜੇ ਹੱਥੀਂ ਲੈਂਦਿਆਂ ਕਿਹਾ ਕਿ ਘਰੇਲੂ ਬਾਜ਼ਾਰਾਂ ਤੱਕ ਖੁੱਲੀ ਪਹੁੰਚ ਦੀ ਆਗਿਆ ਬੁਨਿਆਦੀ ਤੌਰ 'ਤੇ ਭਾਰਤੀ ਨਾਗਰਿਕਾਂ ਦੇ ਸੰਵਿਧਾਨਕ ਅਧਿਕਾਰਾਂ ਅਤੇ ਆਰਥਿਕ ਸੁਰੱਖਿਆ ਨੂੰ ਢਾਹ ਲਗਾਉਂਦੀ ਹੈ।

ਪੰਜਾਬ ਦੇ ਇਤਿਹਾਸ ਅਤੇ ਦੇਸ਼ ਪ੍ਰਤੀ ਯੋਗਦਾਨ ਨੂੰ ਉਜਾਗਰ ਕਰਦਿਆਂ ਉਨ੍ਹਾਂ ਕਿਹਾ, ਦੇਸ਼ ਦੇ ਹਿੱਤਾਂ ਦੀ ਰਾਖੀ ਕਰਨ ਵਿੱਚ ਪੰਜਾਬ ਹਮੇਸ਼ਾ ਮੋਹਰੀ ਰਿਹਾ ਹੈ। ਇਸ ਸੂਬੇ ਦੇ ਲੋਕਾਂ ਨੇ ਬਹੁਤ ਕੁਰਬਾਨੀਆਂ ਦਿੱਤੀਆਂ ਹਨ ਅਤੇ ਅਸੀਂ ਆਰਥਿਕ ਗੁਲਾਮੀ ਵਰਗੀਆਂ ਨੀਤੀਆਂ ਨੂੰ ਚੁੱਪ-ਚਾਪ ਸਵੀਕਾਰ ਨਹੀਂ ਕਰਾਂਗੇ।

ਆਪਣੇ ਸੰਬੋਧਨ ਦੇ ਅੰਤ ਵਿੱਚ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, 'ਆਪ' ਵੱਲੋਂ ਭਾਰਤੀ ਖੇਤੀਬਾੜੀ ਨੂੰ ਨੁਕਸਾਨ ਪਹੁੰਚਾਉਣ ਵਾਲੀਆਂ ਨੀਤੀਆਂ ਵਿਰੁੱਧ ਦੇਸ਼ ਭਰ ਵਿੱਚ ਇੱਕ ਵਿਆਪਕ ਜਨ ਅੰਦੋਲਨ ਸ਼ੁਰੂ ਕੀਤਾ ਜਾਵੇਗਾ। ਮੈਂ ਪੰਜਾਬ ਦੇ ਤਿੰਨ ਕਰੋੜ ਲੋਕਾਂ ਨੂੰ ਅਪੀਲ ਕਰਦਾ ਹਾਂ ਕਿ ਉਹ ਇੱਕਜੁੱਟ ਹੋਣ ਅਤੇ ਕਿਸਾਨਾਂ ਦੇ ਭਵਿੱਖ ਤੇ ਦੇਸ਼ ਦੀ ਖੁਰਾਕ ਸੁਰੱਖਿਆ ਨੂੰ ਖਤਰੇ ਵਿੱਚ ਪਾਉਣ ਵਾਲੇ ਫੈਸਲਿਆਂ ਵਿਰੁੱਧ ਆਵਾਜ਼ ਉਠਾਉਣ।

# ਮਾਨ ਸਰਕਾਰ ਨੇ ਉਸਾਰੀ ਕਿਰਤੀਆਂ ਦੀਆਂ ਅਰਜ਼ੀਆਂ ਦੇ ਨਿਪਟਾਰੇ ਦਾ ਸਮਾਂ 165 ਦਿਨਾਂ ਤੋਂ ਘਟਾ ਕੇ 62 ਦਿਨ ਕੀਤਾ : ਸੌਂਦ

ਚੰਡੀਗੜ੍ਹ, 10 ਮਾਰਚ, (ਚ.ਨ.ਸ.): ਪੰਜਾਬ ਦੇ ਕਿਰਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਅੱਜ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਉਸਾਰੀ ਕਿਰਤੀਆਂ ਦੀ ਭਲਾਈ ਯਕੀਨੀ ਬਣਾਉਣ ਵੱਲ ਵੱਡਾ ਸੁਧਾਰ ਕਰਦਿਆਂ ਪ੍ਰਕਿਰਿਆਵਾਂ ਨੂੰ ਸਰਲ ਬਣਾਇਆ ਹੈ, ਜਿਸ ਤਹਿਤ ਅਰਜ਼ੀਆਂ ਦੇ ਨਿਪਟਾਰੇ ਦਾ ਸਮਾਂ 165 ਦਿਨਾਂ ਤੋਂ ਘਟਾ ਕੇ ਸਿਰਫ਼ 62 ਦਿਨ ਕਰ ਦਿੱਤਾ ਹੈ। ਇਸ ਕਦਮ ਨਾਲ ਪੰਜਾਬ ਇਮਾਰਤ ਤੇ ਹੋਰ ਉਸਾਰੀ ਕਿਰਤੀ ਬੋਰਡ ਰਾਹੀਂ ਲਾਭਪਾਤਰੀਆਂ ਨੂੰ ਮਿਲਣ ਵਾਲੇ ਫ਼ਾਇਦਿਆਂ ਵਿੱਚ ਵੱਡਾ ਵਾਧਾ ਹੋਇਆ ਹੈ ਅਤੇ 1 ਅਪ੍ਰੈਲ, 2025 ਤੋਂ ਹੁਣ ਤੱਕ 45,578 ਕਿਰਤੀਆਂ ਨੂੰ 146.77 ਕਰੋੜ ਰੁਪਏ ਦੇ ਲਾਭ ਮਿਲੇ ਹਨ, ਜੋ ਪਿਛਲੀ ਸਰਕਾਰ ਦੇ ਆਖ਼ਰੀ ਸਾਲ ਦੌਰਾਨ 4,977 ਕਿਰਤੀਆਂ ਨੂੰ ਦਿੱਤੇ ਗਏ 14.73 ਕਰੋੜ ਰੁਪਏ ਨਾਲੋਂ ਤਕਰੀਬਨ 10 ਗੁਣਾਂ ਵੱਧ ਹਨ।

ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਅੰਕੜੇ ਆਪਣੇ ਆਪ ਹੀ ਦੋਵਾਂ ਸਰਕਾਰਾਂ ਦੀ ਕਾਰਗੁਜ਼ਾਰੀ ਅਤੇ ਵਚਨਬੱਧਤਾ ਵਿੱਚ ਅੰਤਰ ਨੂੰ ਦਰਸਾਉਂਦੇ ਹਨ।

ਪੰਜਾਬ ਵਿਧਾਨ ਸਭਾ ਵਿੱਚ ਇੱਕ ਪ੍ਰਸ਼ਨ ਦਾ ਜਵਾਬ ਦਿੰਦਿਆਂ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਲੋਕ-ਭਲਾਈ ਦੀਆਂ ਕਈ ਪਹਿਲਕਦਮੀਆਂ ਦੇ ਨਾਲ-ਨਾਲ ਮਾਨ ਸਰਕਾਰ ਨੇ ਪੰਜਾਬ ਬਿਲਡਿੰਗ ਐਂਡ ਅਦਰ ਕਨਸਟਰਕਸ਼ਨ ਵਰਕਰਜ਼ ਵੈਲਫੇਅਰ ਬੋਰਡ ਦੇ ਕੰਮਕਾਜ ਨੂੰ ਹੋਰ ਵੀ ਸੁਚਾਰੂ ਬਣਾਇਆ ਹੈ ਤਾਂ ਜੋ ਰਜਿਸਟਰਡ ਉਸਾਰੀ ਕਿਰਤੀਆਂ ਨੂੰ ਸਮੇਂ ਸਿਰ ਵਿੱਤੀ ਸਹਾਇਤਾ ਵਜੋਂ ਉਨ੍ਹਾਂ ਦਾ ਬਣਦਾ ਹੱਕ ਮਿਲ ਸਕੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਸ ਸਮਾਂ ਸੀਮਾ ਨੂੰ ਹੋਰ ਘਟਾ ਕੇ ਸਿਰਫ਼ 45 ਦਿਨ ਕਰਨ ਲਈ ਵੀ ਯਤਨਸ਼ੀਲ ਹੈ।

ਸੌਂਦ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਿਨ-ਰਾਤ ਮਿਹਨਤ ਕਰਦੀ ਆ ਰਹੀ ਹੈ, ਤਾਂ ਜੋ ਭਲਾਈ ਸਕੀਮਾਂ ਦੇ ਫ਼ਾਇਦੇ ਸੂਬੇ ਦੇ ਹਰ ਅਸਲ ਹੱਕਦਾਰ ਅਤੇ ਲੋੜਵੰਦ ਵਿਅਕਤੀ ਤੱਕ ਪਾਰਦਰਸ਼ੀ ਢੰਗ ਨਾਲ ਬਿਨਾਂ ਕਿਸੇ ਦਿੱਕਤ-ਪ੍ਰੇਸ਼ਾਨੀ ਤੋਂ ਨਿਰਧਾਰਿਤ ਸਮੇਂ ਵਿੱਚ ਪਹੁੰਚ ਸਕਣ।



ਬੋਰਡ ਦੀਆਂ ਭਲਾਈ ਸਕੀਮਾਂ ਬਾਰੇ ਦੱਸਦਿਆਂ ਕਿਰਤ ਮੰਤਰੀ ਨੇ ਕਿਹਾ ਕਿ ਪੰਜਾਬ ਬਿਲਡਿੰਗ ਐਂਡ ਅਦਰ ਕਨਸਟਰਕਸ਼ਨ ਵਰਕਰਜ਼ ਵੈਲਫੇਅਰ ਬੋਰਡ ਉਸਾਰੀ ਮਜ਼ਦੂਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਅਤੇ ਸਮਾਜਿਕ ਸੁਰੱਖਿਆ ਲਈ ਕਈ ਸਕੀਮਾਂ ਚਲਾ ਰਿਹਾ ਹੈ। ਇਨ੍ਹਾਂ ਵਿੱਚ ਬਾਲੜੀ ਤੋਹਫ਼ਾ (ਵੱਧ ਤੋਂ ਵੱਧ ਦੋ ਧੀਆਂ ਲਈ), ਐਕਸ-ਗ੍ਰੇਸ਼ੀਆ ਲਾਈਫ ਕਵਰ, ਅੰਤਿਮ ਸਸਕਾਰ ਲਈ ਵਿੱਤੀ ਸਹਾਇਤਾ, ਲਾਭਪਾਤਰੀਆਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਲਈ ਜਨਰਲ ਸਰਜਰੀ ਸਹਾਇਤਾ, ਐਲ.ਟੀ.ਸੀ. ਲਾਭ, ਮਾਤਰਿਤਾ ਲਾਭ (ਵੱਧ ਤੋਂ ਵੱਧ ਦੋ ਜੀਵਤ ਬੱਚਿਆਂ ਲਈ), ਮਾਨਸਿਕ ਤੌਰ 'ਤੇ ਚੁਣੌਤੀਪੂਰਨ ਜਾਂ ਵਿਸ਼ੇਸ਼ ਯੋਗਤਾ ਵਾਲੇ ਬੱਚਿਆਂ ਲਈ ਲਾਭ, ਬਿਮਾਰੀਆਂ ਦੌਰਾਨ ਕਿਰਤੀਆਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਲਈ ਸਹਾਇਤਾ, 60 ਸਾਲ ਦੀ ਉਮਰ ਪੂਰੀ ਕਰਨ ਉਪਰੰਤ ਪੈਨਸ਼ਨ ਸਮੇਤ ਪਰਿਵਾਰਕ/ਵਿਧਵਾ ਪੈਨਸ਼ਨ, ਧੀਆਂ ਦੇ ਵਿਆਹ ਲਈ ਸ਼ਗਨ ਸਕੀਮ ਅਤੇ ਮਜ਼ਦੂਰਾਂ ਦੇ ਬੱਚਿਆਂ ਦੀ ਪੜ੍ਹਾਈ ਲਈ ਵਜ਼ੀਫ਼ਾ ਸ਼ਾਮਲ ਹਨ।

ਸੌਂਦ ਨੇ ਪੰਜਾਬ ਸਰਕਾਰ ਦੀ

## ਸੂਬੇ ਦੇ ਲੋਕਾਂ ਨਾਲ ਕੀਤਾ ਹਰ ਵਾਅਦਾ ਨਿਭਾਇਆ

ਬਣਾਉਣਾ ਚਾਹੀਦਾ ਹੈ ਕਿ ਇਸ ਲੋਕ ਪੱਖੀ ਪਹਿਲ ਦੇ ਠੋਸ ਨਤੀਜੇ ਆਉਣ। ਉਨ੍ਹਾਂ ਕਿਹਾ ਕਿ ਉਹ ਸਮੇਂ-ਸਮੇਂ 'ਤੇ ਮੀਟਿੰਗਾਂ ਵਿੱਚ ਸ਼ਿਕਾਇਤਾਂ ਦੀ ਸਥਿਤੀ ਅਤੇ ਪੈਂਡੈਂਸੀ ਦੀ ਨਿੱਜੀ ਤੌਰ 'ਤੇ ਸਮੀਖਿਆ ਕਰਨਗੇ।"

ਪਿਛਲੇ ਚਾਰ ਸਾਲਾਂ ਦੌਰਾਨ ਪੰਜਾਬ ਸਰਕਾਰ ਵੱਲੋਂ ਕੀਤੀਆਂ ਗਈਆਂ ਕਈ ਲੋਕ ਪੱਖੀ ਪਹਿਲਕਦਮੀਆਂ ਨੂੰ ਗਿਣਾਉਂਦਿਆਂ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ ਸ਼ੁਰੂਆਤ ਦਾ ਜ਼ਿਕਰ ਕੀਤਾ। "ਇਹ ਸਕੀਮ ਪੰਜਾਬ ਸਰਕਾਰ ਵੱਲੋਂ ਆਮ ਪਰਿਵਾਰਾਂ ਦੀ ਸਹਾਇਤਾ ਲਈ ਇਕ ਵੱਡਾ ਕਦਮ ਹੈ। ਬਹੁਤ ਸਾਰੇ ਪਰਿਵਾਰਾਂ ਲਈ ਵਿਸ਼ੇਸ਼ ਕਰਕੇ ਆਰਥਿਕ ਤੌਰ 'ਤੇ ਸੰਘਰਸ਼ ਕਰ ਰਹੇ ਲੋਕਾਂ ਲਈ, ਹਰ ਮਹੀਨੇ 1000 ਤੋਂ 1500 ਰੁਪਏ ਮਹੱਤਵਪੂਰਨ ਰਾਸ਼ੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਸਹਾਇਤਾ ਸਾਡੀਆਂ ਮਾਵਾਂ ਅਤੇ ਧੀਆਂ ਲਈ ਸਤਿਕਾਰ ਦਾ ਪ੍ਰਤੀਕ ਹੈ ਅਤੇ ਇਸ ਨਾਲ ਉਨ੍ਹਾਂ ਦੇ ਚਿਹਰਿਆਂ 'ਤੇ ਆਉਣ ਵਾਲੀ ਮੁਸਕਰਾਹਟ ਮੈਨੂੰ ਬਹੁਤ ਸੰਤੁਸ਼ਟੀ ਦਿੰਦੀ ਹੈ,। "

ਮੁੱਖ ਮੰਤਰੀ ਨੇ ਭੋਜਨ ਅਤੇ ਪੋਸ਼ਣ ਸੁਰੱਖਿਆ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ 'ਮੇਰੀ ਰਸੋਈ' ਯੋਜਨਾ ਦੀ ਸ਼ੁਰੂਆਤ 'ਤੇ ਵੀ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮਿਹਨਤੀ ਕਿਸਾਨਾਂ ਨੇ ਹਮੇਸ਼ਾ ਇਹ ਯਕੀਨੀ ਬਣਾਇਆ ਹੈ ਕਿ ਦੇਸ਼ ਦਾ ਕੋਈ ਬਾਸ਼ਿੰਦਾ ਕਦੇ ਭੁੱਖਾ ਨਾ ਸੌਂਵੇ ਅਤੇ ਇਹ ਬੜੇ ਫ਼ਖ਼ਰ ਦੀ ਗੱਲ ਹੈ ਕਿ ਸੂਬਾ ਲਗਾਤਾਰ ਦੇਸ਼ ਦੇ ਅਨਾਜ ਉਤਪਾਦਨ ਵਿੱਚ ਮੋਹਰੀ ਰਿਹਾ ਹੈ। ਉਨ੍ਹਾਂ ਅੱਗੇ ਕਿਹਾ," ਪੰਜਾਬ ਦੇ ਕੁਝ ਪਰਿਵਾਰ ਹਾਲੇ ਵੀ ਰੋਜ਼ਾਨਾ ਭੋਜਨ ਦਾ ਪ੍ਰਬੰਧਨ ਕਰਨ ਲਈ ਝੂਜ ਰਹੇ ਹਨ। 'ਮੇਰੀ ਰਸੋਈ' ਯੋਜਨਾ ਰਾਹੀਂ ਪੰਜਾਬ ਸਰਕਾਰ ਵੱਲੋਂ 40 ਲੱਖ ਪਰਿਵਾਰਾਂ ਨੂੰ ਭੋਜਨ ਕਿੱਟਾਂ ਵੰਡੀਆਂ ਜਾਣਗੀਆਂ।"

ਮੁੱਖ ਮੰਤਰੀ ਨੇ ਕਿਹਾ ਕਿ ਹਰੇਕ ਕਿੱਟ ਵਿੱਚ ਮਹੀਨਾਵਾਰ ਖਪਤ ਲਈ ਦੋ ਕਿਲੋਗ੍ਰਾਮ ਦਾਲ, ਦੋ ਕਿਲੋਗ੍ਰਾਮ ਖੰਡ, ਇੱਕ ਕਿਲੋਗ੍ਰਾਮ ਨਮਕ, 200 ਗ੍ਰਾਮ ਹਲਦੀ ਪਾਊਡਰ ਅਤੇ ਇੱਕ ਲੀਟਰ ਸਰ੍ਹੋਂ ਦਾ ਤੇਲ ਹੋਵੇਗਾ ਅਤੇ ਇਹ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ ਅਧੀਨ ਪਹਿਲਾਂ ਹੀ ਵੰਡੀ ਗਈ ਕਣਕ ਤੋਂ ਇਲਾਵਾ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਉਹ ਇਸ ਖੇਤਰ ਦੇ ਲੋਕਾਂ ਦੇ ਧੰਨਵਾਦੀ ਹਨ ਜਿਨ੍ਹਾਂ ਨੇ ਹਮੇਸ਼ਾ ਉਨ੍ਹਾਂ ਨੂੰ ਬਹੁਤ ਪਿਆਰ ਦਿੱਤਾ ਹੈ, ਪਹਿਲਾਂ ਇੱਕ ਕਲਾਕਾਰ ਵਜੋਂ ਅਤੇ ਹੁਣ ਇੱਕ ਲੋਕ ਨੁਮਾਇੰਦੇ ਵਜੋਂ।

ਬੇਰੁਜ਼ਗਾਰੀ ਅਤੇ ਨਸ਼ਿਆਂ ਦੀ ਲਾਹਨਤ ਨੂੰ ਦੂਰ ਕਰਨ ਲਈ ਸਰਕਾਰ ਦੇ ਯਤਨਾਂ ਬਾਰੇ ਬੋਲਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਇਹ ਯਕੀਨੀ ਬਣਾਉਣਾ ਚਾਹੁੰਦੀ ਹੈ ਕਿ ਨੌਜਵਾਨਾਂ ਨੂੰ ਵੱਧ ਤੋਂ ਵੱਧ ਰੁਜ਼ਗਾਰ ਮੌਕੇ ਮਿਲਣ ਤਾਂ ਜੋ ਉਹ ਇੱਕ ਬਿਹਤਰ ਭਵਿੱਖ ਬਣਾ ਸਕਣ। ਉਨ੍ਹਾਂ ਕਿਹਾ, "ਅਸੀਂ ਆਪਣੇ ਨੌਜਵਾਨਾਂ ਦੇ ਹੱਥਾਂ ਵਿੱਚ ਟਿਫਿਨ ਦੇਣਾ ਚਾਹੁੰਦੇ ਹਾਂ ਤਾਂ ਜੋ ਉਹ ਸਰਿੰਜਾਂ ਅਤੇ ਨਸ਼ਿਆਂ ਤੋਂ ਦੂਰ ਰਹਿਣ। ਵਿਹਲੇ ਹੱਥ ਸਮਾਜਿਕ ਸਮੱਸਿਆਵਾਂ ਦਾ ਕਾਰਨ ਬਣਦੇ ਹਨ ਅਤੇ ਇਸੇ ਲਈ ਪੰਜਾਬ ਸਰਕਾਰ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਲਈ ਨਿਰੰਤਰ ਕੰਮ ਕਰ ਰਹੀ ਹੈ,।"

ਉਨ੍ਹਾਂ ਅੱਗੇ ਕਿਹਾ ਕਿ ਬੇਰੁਜ਼ਗਾਰੀ ਕਈ ਸਮਾਜਿਕ ਚੁਣੌਤੀਆਂ ਦੀ ਜੜ੍ਹ ਹੈ ਅਤੇ ਕਿਹਾ ਕਿ ਸਰਕਾਰ ਪਹਿਲਾਂ ਹੀ ਪਾਰਦਰਸ਼ੀ ਢੰਗ ਨਾਲ ਨੌਜਵਾਨਾਂ ਨੂੰ 63,000 ਤੋਂ ਵੱਧ ਸਰਕਾਰੀ ਨੌਕਰੀਆਂ ਪ੍ਰਦਾਨ ਕਰ ਚੁੱਕੀ ਹੈ।

ਸਿੰਚਾਈ ਅਤੇ ਬਿਜਲੀ ਸਪਲਾਈ ਵਿੱਚ ਸੁਧਾਰਾਂ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਰੇ ਸੈਕਟਰਾਂ ਵਿੱਚ ਬਿਜਲੀ ਦੀਆਂ ਦਰਾਂ ਘਟਾ ਦਿੱਤੀਆਂ ਗਈਆਂ ਹਨ ਅਤੇ ਸਿੰਚਾਈ ਲਈ ਨਹਿਰੀ ਪਾਣੀ ਦੀ ਵਰਤੋਂ ਵਿੱਚ ਕਾਫ਼ੀ ਵਾਧਾ ਹੋਇਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਜਦੋਂ ਪੰਜਾਬ ਸਰਕਾਰ ਨੇ ਸੱਤਾ ਸੰਭਾਲੀ ਸੀ ਤਾਂ ਸਿਰਫ਼ 21 ਫੀਸਦੀ ਸਿੰਚਾਈ ਨਹਿਰੀ ਪਾਣੀ 'ਤੇ ਨਿਰਭਰ ਸੀ। ਅੱਜ ਇਹ ਅੰਕੜਾ 68 ਫੀਸਦੀ ਹੋ ਗਿਆ ਹੈ ਅਤੇ ਸਾਡਾ ਟੀਚਾ ਆਉਣ ਵਾਲੇ ਝੋਨੇ ਦੇ ਸੀਜ਼ਨ ਤੱਕ ਇਸਨੂੰ 85 ਫੀਸਦੀ ਤੱਕ ਵਧਾਉਣਾ ਹੈ"।

ਉਨ੍ਹਾਂ ਕਿਹਾ ਕਿ ਪੰਜਾਬ ਭਰ ਵਿੱਚ ਲੱਗਭੱਗ 6900 ਕਿਲੋਮੀਟਰ ਨੂੰ ਕਵਰ ਕਰਨ ਵਾਲੇ 18349 ਜਲ ਮਾਰਗਾਂ ਨੂੰ ਮੁੜ ਸੁਰਜੀਤ ਕੀਤਾ ਗਿਆ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਪਾਣੀ ਟੇਲਾਂ ਤੱਕ ਪਹੁੰਚੇ। ਸਰਕਾਰ ਨੇ ਨਹਿਰੀ ਪ੍ਰਣਾਲੀ ਨੂੰ ਮੁੜ ਸੁਰਜੀਤ ਕਰਨ ਲਈ 6500 ਕਰੋੜ ਰੁਪਏ ਖਰਚ ਕੀਤੇ ਹਨ ਅਤੇ ਪਹਿਲੀ ਵਾਰ 1365 ਪਿੰਡਾਂ ਨੂੰ ਨਹਿਰੀ ਪਾਣੀ ਪ੍ਰਾਪਤ ਹੋਇਆ ਹੈ।

ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਪੇਂਡੂ ਬੁਨਿਆਦੀ ਢਾਂਚੇ ਨੂੰ ਵੀ ਮਜ਼ਬੂਤ ਕੀਤਾ ਜਾ ਰਿਹਾ ਹੈ, 16,209 ਕਰੋੜ ਰੁਪਏ ਦੀ ਲਾਗਤ ਨਾਲ ਪਿੰਡਾਂ ਵਿੱਚ 49000 ਕਿਲੋਮੀਟਰ ਤੋਂ ਵੱਧ ਸੜਕਾਂ ਬਣਾਈਆਂ ਜਾ ਰਹੀਆਂ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਜੀ.ਵੀ.ਕੇ. ਕੰਪਨੀ ਤੋਂ ਇੱਕ ਨਿੱਜੀ ਥਰਮਲ ਪਲਾਂਟ ਵੀ ਖਰੀਦਿਆ ਹੈ ਅਤੇ ਇਸਦਾ ਨਾਮ ਸ੍ਰੀ ਗੁਰੂ ਅਮਰਦਾਸ ਜੀ ਦੇ ਨਾਮ 'ਤੇ ਰੱਖਿਆ ਹੈ, ਜਦੋਂ ਕਿ 'ਰੋਸ਼ਨ ਪੰਜਾਬ' ਪਹਿਲਕਦਮੀ ਭੂਮੀਗਤ ਬਿਜਲੀ ਦੀਆਂ ਤਾਰਾਂ ਸਮੇਤ ਬਿਜਲੀ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ 5000 ਕਰੋੜ ਰੁਪਏ ਦਾ ਨਿਵੇਸ਼ ਕਰ ਰਹੀ ਹੈ।

ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਨੇ ਪੰਜਾਬ ਭਰ ਵਿੱਚ 19 ਟੋਲ ਪਲਾਜ਼ਾ ਬੰਦ ਕਰ ਦਿੱਤੇ ਹਨ, ਜਿਸ ਨਾਲ ਲੋਕਾਂ ਨੂੰ ਟੋਲ ਚਾਰਜ ਵਿੱਚ ਹਰ ਰੋਜ਼ 64 ਲੱਖ ਦੀ ਬਚਤ ਹੋਈ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ," ਅਸੀਂ ਪੰਜਾਬ ਦੇ ਲੋਕਾਂ ਨਾਲ ਕੀਤਾ ਹਰ ਵਾਅਦਾ ਪੂਰਾ ਕੀਤਾ ਹੈ ਅਤੇ ਅਸੀਂ ਭਵਿੱਖ ਵਿੱਚ ਵੀ ਹਰ ਵਾਅਦੇ ਨੂੰ ਪੂਰਾ ਕਰਨ ਲਈ ਵਚਨਬੱਧ ਹਾਂ। ਪੰਜਾਬ ਸਰਕਾਰ ਦਾ ਇੱਕੋ ਇੱਕ ਏਜੰਡਾ ਪੰਜਾਬ ਦੀ ਤਰੱਕੀ ਅਤੇ ਇਸਦੇ ਲੋਕਾਂ ਦੀ ਖੁਸ਼ਹਾਲੀ ਹੈ,।"

### 'ਪੰਜਾਬ 'ਚੋਂ ਅਨਪੜ੍ਹਤਾ, ਨਸ਼ੇ ਤੇ ਬੇਰੁਜ਼ਗਾਰੀ ਦਾ

ਪਿਛਲੇ ਚਾਰ ਸਾਲਾਂ ਵਿੱਚ ਪੰਜਾਬ ਸਰਕਾਰ ਨੇ ਸਾਰੀਆਂ ਗਾਰੰਟੀਆਂ ਪੂਰੀਆਂ ਕੀਤੀਆਂ ਹਨ ਅਤੇ ਲੋਕਾਂ ਨੂੰ ਟੋਲ ਪਲਾਜ਼ਾ ਬੰਦ ਕਰਨ ਵਰਗੇ ਕਈ ਵਾਧੂ ਲਾਭ ਵੀ ਦਿੱਤੇ ਗਏ ਹਨ। ਦੂਜੇ ਪਾਸੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਨੋਟਬੰਦੀ ਵਰਗੀਆਂ ਯੋਜਨਾਵਾਂ ਸ਼ੁਰੂ ਕੀਤੀਆਂ, ਜਿਨ੍ਹਾਂ ਨੇ ਆਮ ਆਦਮੀ, ਖਾਸ ਕਰਕੇ ਔਰਤਾਂ ਦੀਆਂ ਜੇਬਾਂ ਵਿੱਚੋਂ ਪੈਸਾ ਕੱਢਣ ਵਿੱਚ ਕੋਈ ਕਸਰ ਨਹੀਂ ਛੱਡੀ।

'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ 'ਤੇ ਚਾਨਣਾ ਪਾਉਂਦਿਆਂ ਉਨ੍ਹਾਂ ਕਿਹਾ, "ਇਸ ਯੋਜਨਾ ਤਹਿਤ, ਜਨਰਲ ਸ਼੍ਰੇਣੀ ਦੀਆਂ 18 ਸਾਲ ਤੋਂ ਵੱਧ ਉਮਰ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1000 ਰੁਪਏ ਅਤੇ ਅਨੁਸੂਚਿਤ ਜਾਤੀ ਸ਼੍ਰੇਣੀ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1500 ਰੁਪਏ ਵਿੱਤੀ ਸਹਾਇਤਾ ਵਜੋਂ ਮਿਲੇਗੀ। ਆਮ ਲੋਕਾਂ ਵਿਸ਼ੇਸ਼ ਕਰਕੇ ਗਰੀਬਾਂ ਲਈ 1000 ਤੋਂ 1500 ਰੁਪਏ ਇੱਕ ਮਹੱਤਵਪੂਰਨ ਰਕਮ ਹੁੰਦੀ ਹੈ। ਇਹ ਵਿੱਤੀ ਸਹਾਇਤਾ ਮਾਵਾਂ ਅਤੇ ਧੀਆਂ ਪ੍ਰਤੀ ਸਤਿਕਾਰ ਦਾ ਪ੍ਰਤੀਕ ਹੈ, ਅਤੇ ਇਸ ਉਪਰਾਲੇ ਤੋਂ ਬਾਅਦ ਔਰਤਾਂ ਦੇ ਚਿਹਰਿਆਂ 'ਤੇ ਖੁਸ਼ੀ ਮਨ ਨੂੰ ਸਕੂਨ ਦਿੰਦੀ ਹੈ।"

ਉਨ੍ਹਾਂ ਕਿਹਾ ਕਿ ਆਪ ਸਰਕਾਰ ਨੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਸ਼ੁਰੂ ਕੀਤੀ ਹੈ, ਜਿਸ ਰਾਹੀਂ ਨਸ਼ਿਆਂ ਦੀ ਸਪਲਾਈ ਚੇਨ ਨੂੰ ਤੋੜ ਦਿੱਤਾ ਗਿਆ ਹੈ ਅਤੇ ਇਸ ਘਿਨਾਉਣੇ ਅਪਰਾਧ ਵਿੱਚ ਸ਼ਾਮਲ ਨਸ਼ਾ ਤਸਕਰਾਂ ਨੂੰ ਸਲਾਖਾਂ ਪਿੱਛੇ ਸੁੱਟ ਦਿੱਤਾ ਗਿਆ ਹੈ। ਲੋਕਾਂ ਦੇ ਸਰਗਰਮ ਸਹਿਯੋਗ ਨਾਲ, ਜ਼ਮੀਨੀ ਪੱਧਰ 'ਤੇ ਨਸ਼ਿਆਂ ਦੇ ਕੋਹੜ ਨੂੰ ਖਤਮ ਕੀਤਾ ਜਾ ਰਿਹਾ ਹੈ ਅਤੇ ਇਹ ਮੁਹਿੰਮ ਹੁਣ ਇੱਕ ਲੋਕ ਲਹਿਰ ਵਿੱਚ ਬਦਲ ਗਈ ਹੈ। ਸੂਬੇ ਵਿੱਚ ਨਸ਼ਿਆਂ ਨੂੰ ਫੈਲਾਉਣ ਵਾਲੇ ਆਗੂ ਬੇਸ਼ਰਮੀ ਨਾਲ ਆਪਣੀਆਂ ਮੁੱਛਾਂ ਮਰੋੜ ਰਹੇ ਹਨ। ਇਹ ਉਹ ਲੋਕ ਸਨ ਜੋ ਨਸ਼ਿਆਂ ਰਾਹੀਂ ਪੰਜਾਬ ਦੇ ਨੌਜਵਾਨਾਂ ਦੇ ਕਤਲੇਆਮ ਲਈ ਜ਼ਿੰਮੇਵਾਰ ਸਨ। ਉਨ੍ਹਾਂ ਨੇ ਰਾਜ ਭਰ ਵਿੱਚ ਨਸ਼ਿਆਂ ਦੇ ਕਾਰੋਬਾਰ ਦੀ ਪੁਸ਼ਤਪਨਾਹੀ ਕੀਤੀ ਅਤੇ ਸਰਕਾਰੀ ਵਾਹਨਾਂ ਦੀ ਵਰਤੋਂ ਕਰਕੇ ਨਸ਼ਿਆਂ ਦੀ ਸਪਲਾਈ ਵੀ ਕੀਤੀ।

ਸਾਬਕਾ ਸਰਕਾਰਾਂ ਦੀ ਆਲੋਚਨਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਨ੍ਹਾਂ ਵਿੱਚੋਂ ਬਹੁਤ ਸਾਰੇ ਨੇਤਾ ਪਹਾੜਾਂ ਦੇ ਕਾਨਵੈਂਟ ਸਕੂਲਾਂ ਦੇ ਪੜ੍ਹੇ ਹੋਏ ਸਨ ਅਤੇ ਆਪਣੀ ਵਿਸ਼ਾਲ ਦੌਲਤ, ਜਾਇਦਾਦਾਂ ਅਤੇ ਇੱਥੋਂ ਤੱਕ ਕਿ ਬੱਸਾਂ ਤੋਂ ਵੀ ਅਣਜਾਣ ਹਨ। ਸੱਤਾ ਵਿੱਚ ਰਹਿੰਦੇ ਹੋਏ ਉਨ੍ਹਾਂ ਨੇ ਸੂਬੇ ਭਰ ਦੇ ਸਫਲ ਕਾਰੋਬਾਰਾਂ ਵਿੱਚ ਗੈਰ-ਕਾਨੂੰਨੀ ਤੌਰ 'ਤੇ ਹਿੱਸੇਦਾਰੀ ਦੀ ਮੰਗ ਕਰਕੇ ਲੋਕਾਂ ਦਾ ਸ਼ੋਸ਼ਣ ਕੀਤਾ। ਇਨ੍ਹਾਂ ਨੇਤਾਵਾਂ ਨੇ ਪੰਜਾਬ ਨੂੰ ਬਰਬਾਦ ਕਰ ਦਿੱਤਾ ਅਤੇ ਉਨ੍ਹਾਂ ਦੇ ਹੱਥ ਨੌਜਵਾਨਾਂ ਦੇ ਖੂਨ ਨਾਲ ਰੰਗੇ ਹੋਏ ਹਨ।"

'ਬੇਅਦਬੀ' ਦੀਆਂ ਘਟਨਾਵਾਂ ਬਾਰੇ ਬੋਲਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਦੇ ਲੋਕ ਅਕਾਲੀਆਂ ਨੂੰ ਉਨ੍ਹਾਂ ਦੇ ਗੁਨਾਹਾਂ ਲਈ ਕਦੇ ਮੁਆਫ ਨਹੀਂ ਕਰਨਗੇ ਅਤੇ ਉਨ੍ਹਾਂ ਨੂੰ ਮੁੜ ਸਬਕ ਸਿਖਾਉਣਗੇ। ਸੁਖਬੀਰ ਸਿੰਘ ਬਾਦਲ ਦਾਅਵਾ ਕਰਦੇ ਹਨ ਕਿ ਸਾਰਾ ਵਿਕਾਸ ਉਨ੍ਹਾਂ ਦੇ ਕਾਰਜਕਾਲ ਦੌਰਾਨ ਹੋਇਆ ਹੈ, ਫਿਰ ਵੀ ਉਹ ਉਨ੍ਹਾਂ ਦੀ ਸਰਕਾਰ ਦੌਰਾਨ ਵਾਪਰੀਆਂ 'ਬੇਅਦਬੀ' ਦੀਆਂ ਘਟਨਾਵਾਂ ਨੂੰ ਆਸਾਨੀ ਨਾਲ ਨਜ਼ਰਅੰਦਾਜ਼ ਕਰ ਦਿੰਦੇ ਹਨ। ਰਾਜਨੀਤਿਕ ਹਿੱਤਾਂ ਲਈ ਧਰਮ ਦੀ ਵਰਤੋਂ ਕਰਨ ਨਾਲ ਲੋਕਾਂ ਦੀਆਂ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚੀ ਹੈ। ਅਕਾਲੀਆਂ ਨੇ ਹਮੇਸ਼ਾ ਉਨ੍ਹਾਂ ਤਾਕਤਾਂ ਨਾਲ ਮਿਲ ਕੇ ਕੰਮ ਕੀਤਾ ਹੈ ਜੋ ਸਿੱਖ ਪੰਥ ਅਤੇ ਪੰਜਾਬ ਦੇ ਹਿੱਤਾਂ ਦੇ ਵਿਰੁੱਧ ਹਨ। ਉਹ ਮੌਕਾਪ੍ਰਸਤ ਆਗੂ ਹਨ ਜੋ ਸੂਬੇ ਦੀ ਭਲਾਈ ਬਾਰੇ ਸੋਚਣ ਦੀ ਬਜਾਏ ਸਿਰਫ ਆਪਣੇ ਹਿੱਤਾਂ ਦੀ ਪੂਰਤੀ ਕਰਦੇ ਹਨ। ਰਵਾਇਤੀ ਪਾਰਟੀਆਂ ਅੱਜ ਈਰਖਾ ਕਰ ਰਹੀਆਂ ਹਨ, ਕਿਉਂਕਿ ਸਾਡੀ ਸਰਕਾਰ ਨੇ ਆਮ ਆਦਮੀ ਦੀ ਭਲਾਈ ਨੂੰ ਕੇਂਦਰੀ ਏਜੰਡਾ ਬਣਾਇਆ ਹੈ।

ਪਿਛਲੇ ਸਮੇਂ ਦੇ ਸਿਆਸੀ ਗੱਠਜੋੜ ਦਾ ਜ਼ਿਕਰ ਕਰਦੇ ਹੋਏ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪਹਿਲਾਂ ਕਾਂਗਰਸ ਅਤੇ ਭਾਜਪਾ ਸੱਤਾ ਵਿੱਚ ਵਾਰੋ-ਵਾਰੀ ਆ ਕੇ ਅਤੇ ਇੱਕ ਦੂਜੇ ਦੇ ਹਿੱਤਾਂ ਦੀ ਰਾਖੀ ਕਰਕੇ ਫ੍ਰੈਂਡਲੀ ਮੈਚ ਖੇਡਦੇ ਰਹੇ।

ਉਨ੍ਹਾਂ ਕਿਹਾ ਕਿ ਘਟੀਆ ਸਿਆਸਤ ਦਾ ਅੰਤ ਉਦੋਂ ਹੋਇਆ, ਜਦੋਂ ਆਮ ਆਦਮੀ ਪਾਰਟੀ ਰਾਸ਼ਟਰੀ ਰਾਜਨੀਤੀ ਵਿੱਚ ਇੱਕ ਵੱਡੀ ਸ਼ਕਤੀ ਵਜੋਂ ਉਭਰੀ, ਜਿਸ ਕਾਰਨ ਇਹ ਪਾਰਟੀਆਂ ਖ਼ਤਰਾ ਮਹਿਸੂਸ ਕਰਦੀਆਂ ਹਨ।"

ਆਪਣੇ ਸਮਾਪਤੀ ਭਾਸ਼ਣ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ, "ਸਰਕਾਰੀ ਖਜ਼ਾਨੇ ਦੇ ਇੱਕ-ਇੱਕ ਰੁਪਏ ਦੀ ਵਰਤੋਂ ਪੰਜਾਬ ਦੇ ਲੋਕਾਂ ਦੀ ਭਲਾਈ ਲਈ ਕੀਤੀ ਜਾ ਰਹੀ ਹੈ। ਅੱਜ 90 ਫੀਸਦੀ ਤੋਂ ਵੱਧ ਘਰਾਂ ਨੂੰ ਮੁਫ਼ਤ ਬਿਜਲੀ ਮਿਲਦੀ ਹੈ ਅਤੇ ਕਿਸਾਨਾਂ ਨੂੰ ਦਿਨ ਵੇਲੇ ਬਿਜਲੀ ਸਪਲਾਈ ਮਿਲ ਰਹੀ ਹੈ, ਜੋ ਕਿ ਪਹਿਲਾਂ ਕਦੇ ਨਹੀਂ ਹੋਇਆ ਸੀ। ਅਜਿਹੇ ਸਮੇਂ ਜਦੋਂ ਕੇਂਦਰ ਸਰਕਾਰ ਆਪਣੇ ਨਜ਼ਦੀਕੀਆਂ ਨੂੰ ਮਾਮੂਲੀ ਕੀਮਤਾਂ 'ਤੇ ਸਰਕਾਰੀ ਜਾਇਦਾਦ ਵੇਚ ਰਹੀ ਹੈ, ਪੰਜਾਬ ਸਰਕਾਰ ਨੇ ਇੱਕ ਨਿੱਜੀ ਥਰਮਲ ਪਲਾਂਟ ਖਰੀਦ ਕੇ ਅਤੇ ਇਸਦਾ ਨਾਮ ਸ੍ਰੀ ਗੁਰੂ ਅਮਰਦਾਸ ਜੀ ਦੇ ਨਾਮ 'ਤੇ ਰੱਖ ਕੇ ਇਤਿਹਾਸ ਰਚਿਆ ਹੈ।"

## ਕੇਂਦਰ ਵੱਲੋਂ ਦੇਸ਼ 'ਚ 'ਈਸਮਾ' ਲਾਗੂ

ਇਸ ਨੂੰ ਲਾਗੂ ਕਰਕੇ, ਕੇਂਦਰ ਸਰਕਾਰ ਸਿਹਤ ਸੰਭਾਲ, ਆਵਾਜਾਈ, ਬਿਜਲੀ ਅਤੇ ਪਾਣੀ ਵਰਗੀਆਂ ਜ਼ਰੂਰੀ ਸੇਵਾਵਾਂ ਵਿੱਚ ਕੰਮ ਕਰਨ ਵਾਲੇ ਕਰਮਚਾਰੀਆਂ ਨੂੰ ਹੜਤਾਲ 'ਤੇ ਜਾਣ ਤੋਂ ਰੋਕਦੀ ਹੈ ਅਤੇ ਇਹ ਯਕੀਨੀ ਬਣਾਉਂਦੀ ਹੈ ਕਿ ਇਹਨਾਂ ਸੇਵਾਵਾਂ ਦੀ ਸਪਲਾਈ ਨਿਰਵਿਘਨ ਜਾਰੀ ਰਹੇ।

ਈਸਮਾ ਲਗਾਉਣ ਪਿੱਛੇ ਸਰਕਾਰ ਦਾ ਇਰਾਦਾ ਨਾਗਰਿਕਾਂ ਨੂੰ ਉਨ੍ਹਾਂ ਦੇ ਜੀਵਨ ਵਿੱਚ ਆਉਣ ਵਾਲੀਆਂ ਰੁਕਾਵਟਾਂ ਤੋਂ ਬਚਾਉਣਾ ਹੈ। ਜੇਕਰ ਤੇਲ ਅਤੇ ਗੈਸ ਸੰਕਟ ਦੇ ਵਧਦੇ ਡੂੰਘੇ ਹੋਣ ਕਾਰਨ ਸਥਿਤੀ ਵਿਗੜਦੀ ਹੈ, ਤਾਂ ਕਰਮਚਾਰੀਆਂ ਨੂੰ ਈਸਮਾ ਕਾਰਨ ਹੜਤਾਲ 'ਤੇ ਜਾਣ ਤੋਂ ਰੋਕਿਆ ਜਾਵੇਗਾ, ਜਿਸ ਨਾਲ ਜ਼ਰੂਰੀ ਸੇਵਾਵਾਂ ਦੀ ਸਪਲਾਈ ਵਿੱਚ ਵਿਘਨ ਪੈਣ ਅਤੇ ਲੋਕਾਂ ਦੇ ਜੀਵਨ ਨੂੰ ਪ੍ਰਭਾਵਿਤ ਹੋਣ ਤੋਂ ਰੋਕਿਆ ਜਾ ਸਕੇਗਾ। ਜੇਕਰ ਕੋਈ ਈਸਮਾ ਲਾਗੂ ਹੋਣ ਤੋਂ ਬਾਅਦ ਹੜਤਾਲ 'ਤੇ ਜਾਂਦਾ ਹੈ, ਤਾਂ ਉਸ ਹੜਤਾਲ ਨੂੰ ਗੈਰ-ਕਾਨੂੰਨੀ ਮੰਨਿਆ ਜਾਂਦਾ ਹੈ। ਈਸਮਾ ਲਾਗੂ ਹੋਣ ਤੋਂ ਬਾਅਦ, ਹੜਤਾਲ ਕਰਨ ਵਾਲਿਆਂ ਨੂੰ ਬਿਨਾਂ ਵਾਰੰਟ ਦੇ ਗ੍ਰਿਫਤਾਰ ਕੀਤਾ ਜਾ ਸਕਦਾ ਹੈ। ਜਿਸ ਸੇਵਾ ਲਈ ਈਸਮਾ ਲਗਾਇਆ ਗਿਆ ਹੈ, ਉਸ ਵਿੱਚ ਕੰਮ ਕਰਨ ਵਾਲੇ ਕਰਮਚਾਰੀ ਹੜਤਾਲ 'ਤੇ ਨਹੀਂ ਜਾ ਸਕਦੇ। ਜੇਕਰ ਉਹ ਅਜਿਹਾ ਕਰਦੇ ਹਨ, ਤਾਂ ਉਨ੍ਹਾਂ ਨੂੰ ਬਿਨਾਂ ਵਾਰੰਟ ਦੇ ਗ੍ਰਿਫਤਾਰ ਕੀਤਾ ਜਾ ਸਕਦਾ ਹੈ ਅਤੇ ਛੇ ਮਹੀਨੇ ਦੀ ਕੈਦ ਦੀ ਸਜ਼ਾ ਸੁਣਾਈ ਜਾ ਸਕਦੀ ਹੈ। ਜੁਰਮਾਨਾ ਵੀ ਲਗਾਇਆ ਜਾ ਸਕਦਾ ਹੈ। ਈਸਮਾ ਛੇ ਮਹੀਨਿਆਂ ਦੀ ਮਿਆਦ ਲਈ ਲਗਾਇਆ ਜਾਂਦਾ ਹੈ ਅਤੇ ਲੋੜ ਪੈਣ 'ਤੇ ਇਸ ਨੂੰ ਵਧਾਇਆ ਜਾ ਸਕਦਾ ਹੈ। ਹਾਲਾਂਕਿ ਇਹ ਇੱਕ ਕੇਂਦਰ ਸਰਕਾਰ ਦਾ

# ਸਫ਼ਾ ਤਿੰਨ ਦੀ ਬਾਕੀ

ਕਾਨੂੰਨ ਹੈ ਪਰ ਰਾਜ ਸਰਕਾਰਾਂ ਲੋੜ ਪੈਣ 'ਤੇ ਇਸ ਕਾਨੂੰਨ ਨੂੰ ਵੱਖਰੇ ਤੌਰ 'ਤੇ ਲਾਗੂ ਕਰ ਸਕਦੀਆਂ ਹਨ।

## ਰਾਜੌਰੀ 'ਚ ਘੁਸਪੈਠ ਦੀ ਕੋਸ਼ਿਸ਼ ਨਾਕਾਮ,

ਇਹ ਖੇਤਰ ਵਿੱਚ ਲੁਕਿਆ ਹੋਇਆ ਹੈ। ਸੁਰੱਖਿਆ ਬਲਾਂ ਨੇ ਆਪਣੀ ਕਾਰਜਸ਼ੀਲ ਸਥਿਤੀ ਨੂੰ ਮਜ਼ਬੂਤ ਕੀਤਾ ਹੈ ਅਤੇ ਖੇਤਰ ਦੇ ਪੂਰੇ ਦਬਦਬੇ ਨੂੰ ਯਕੀਨੀ ਬਣਾਉਣ ਲਈ ਏਕੀਕ੍ਰਿਤ ਜ਼ਮੀਨੀ ਅਤੇ ਹਵਾਈ ਨਿਗਰਾਨੀ ਦੇ ਨਾਲ, ਸੈਕਟਰ ਭਰ ਵਿੱਚ ਨਿਗਰਾਨੀ ਵਧਾ ਦਿੱਤੀ ਹੈ, ਇਸ ਵਿੱਚ ਕਿਹਾ ਗਿਆ ਹੈ।

## ਵਿਧਾਨ ਸਭਾ ਵੱਲੋਂ ਔਰਤਾਂ ਬਾਰੇ ਅਪਮਾਨਜਨਕ

ਲਾਲ ਚੰਦ ਕਟਾਰੂਚੱਕ, ਹਰਭਜਨ ਸਿੰਘ ਈ.ਟੀ.ਓ. ਅਤੇ ਤਰੁਨਪ੍ਰੀਤ ਸਿੰਘ ਸੌਂਦ ਤੋਂ ਇਲਾਵਾ ਲੱਗਭੱਗ ਸਾਰੀਆਂ ਮਹਿਲਾ ਵਿਧਾਇਕਾਂ ਜਿਨ੍ਹਾਂ 'ਚ ਇੰਦਰਜੀਤ ਕੌਰ ਮਾਨ, ਡਾ. ਅਮਨਦੀਪ ਕੌਰ, ਅਨਮੋਲ ਗਗਨ ਮਾਨ, ਨਰਿੰਦਰ ਕੌਰ ਭਰਾਜ ਅਤੇ ਜੀਵਨਜੋਤ ਕੌਰ ਮੁੱਖ ਤੌਰ 'ਤੇ ਸ਼ਾਮਲ ਹਨ ਵੱਲੋਂ ਤਹਿ ਦਿਲੋਂ ਇਸ ਮਤੇ ਨੂੰ ਸਪੱਸ਼ਟ ਸਮਰਥਨ ਦਿੱਤਾ ਗਿਆ।

ਪ੍ਰਸਤਾਵ ਵਿੱਚ ਕਿਹਾ ਗਿਆ ਕਿ ਸੋਸ਼ਲ ਮੀਡੀਆ 'ਤੇ ਸੁਖਪਾਲ ਸਿੰਘ ਖਹਿਰਾ ਵੱਲੋਂ ਕੀਤੀਆਂ ਟਿੱਪਣੀਆਂ ਔਰਤਾਂ ਦੀ ਮਰਿਆਦਾ ਲਈ ਬਿਲਕੁਲ ਅਸਵੀਕਾਰਯੋਗ ਹਨ। ਇਸ ਵਿੱਚ ਕਿਹਾ ਗਿਆ ਕਿ ਇਹ ਟਿੱਪਣੀਆਂ ਨਾ ਸਿਰਫ਼ ਸਾਰੀਆਂ ਔਰਤਾਂ, ਖ਼ਾਸ ਕਰਕੇ ਦਲਿਤ ਭਾਈਚਾਰੇ ਨਾਲ ਸੰਬੰਧਤ ਔਰਤਾਂ ਲਈ ਅਪਮਾਨਜਨਕ ਹਨ, ਸਗੋਂ ਇਹ ਵਿਧਾਨ ਸਭਾ ਦੀ ਮਰਿਆਦਾ ਦਾ ਵੀ ਉਲੰਘਣ ਹਨ।

ਪ੍ਰਸਤਾਵ ਵਿੱਚ ਅੱਗੇ ਕਿਹਾ ਗਿਆ ਕਿ ਪੰਜਾਬ ਦੀ ਧਰਤੀ 'ਤੇ ਜੰਮੇ ਬਹਾਦਰ ਪੁੱਤਰ ਅਤੇ ਸ਼ਹੀਦ ਆਪਣੀਆਂ ਮਾਵਾਂ ਵੱਲੋਂ ਦਿੱਤੇ ਗਏ ਸਹਾਸ, ਬਲੀਦਾਨ ਅਤੇ ਮੁੱਲਾਂ ਨੂੰ ਆਪਣੇ ਅੰਦਰ ਧਾਰਨ ਕਰਦੇ ਹਨ। ਮਾਂ ਦੀ ਕੋਖ ਦੀ ਮਹਾਨਤਾ ਨੂੰ ਪੈਸਿਆਂ ਨਾਲ ਕਦੇ ਵੀ ਨਹੀਂ ਤੋਲਾ ਜਾ ਸਕਦਾ। ਪ੍ਰਸਤਾਵ ਵਿੱਚ ਦੁਹਰਾਇਆ ਗਿਆ ਕਿ ਹਰ ਮਾਂ ਸਤਿਕਾਰ ਦੀ ਹੱਕਦਾਰ ਹੈ ਅਤੇ ਕਿਸੇ ਨੂੰ ਵੀ ਉਨ੍ਹਾਂ ਦੀ ਮਰਿਆਦਾ 'ਤੇ ਸਵਾਲ ਉਠਾਉਣ ਦਾ ਹੱਕ ਨਹੀਂ।

ਸੁਖਪਾਲ ਸਿੰਘ ਖਹਿਰਾ ਵੱਲੋਂ ਕੀਤੀਆਂ ਟਿੱਪਣੀਆਂ ਦੀ ਨਿੰਦਾ ਕਰਦਿਆਂ ਇਸ ਪ੍ਰਸਤਾਵ ਵਿੱਚ ਕਾਂਗਰਸ ਦੇ ਇਸ ਵਿਧਾਇਕ ਤੋਂ ਸਰਵਜਨਿਕ ਮਾਫ਼ੀ ਦੀ ਮੰਗ ਕੀਤੀ ਗਈ ਹੈ।

## ਮਹਿਲਾ ਕਮਿਸ਼ਨ ਵੱਲੋਂ ਖਹਿਰਾ ਨੂੰ ਨੋਟਿਸ,

ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਵੀ ਤਲਬ ਕੀਤਾ ਹੈ। ਪੰਜਾਬ ਰਾਜ ਮਹਿਲਾ ਕਮਿਸ਼ਨ ਨੇ ਇਸ ਘਟਨਾ ਦਾ ਸੂ-ਮੋਟੋ ਨੋਟਿਸ ਲਿਆ ਹੈ। ਕਮਿਸ਼ਨ ਦੀ ਚੇਅਰਪਰਸਨ ਨੇ ਸਪੱਸ਼ਟ ਕੀਤਾ ਹੈ ਕਿ ਸਿਆਸੀ ਲਾਹੇ ਲਈ ਔਰਤਾਂ ਖਿਲਾਫ ਭੱਦੀ ਸ਼ਬਦਾਵਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਐਸ.ਐਸ.ਪੀ. ਕਪੂਰਥਲਾ ਰਾਹੀਂ ਦੋਵਾਂ ਆਗੂਆਂ ਨੂੰ ਨੋਟਿਸ ਭੇਜ ਕੇ 12 ਮਾਰਚ ਨੂੰ ਮਹਿਲਾ ਕਮਿਸ਼ਨ ਦੇ ਦਫ਼ਤਰ ਵਿਖੇ ਨਿੱਜੀ ਤੌਰ 'ਤੇ ਪੇਸ਼ ਹੋਣ ਲਈ ਕਿਹਾ ਗਿਆ ਹੈ। ਜ਼ਿਕਰਯੋਗ ਹੈ ਕਿ ਸੁਖਪਾਲ ਖਹਿਰਾ ਨੇ ਪਿਛਲੇ ਦਿਨੀਂ ਮਹਿਲਾਵਾਂ ਨੂੰ ਮਿਲਣ ਵਾਲੇ 1000 ਰੁਪਏ ਦੇ ਭੱਤੇ ਸਬੰਧੀ ਇੱਕ ਟਿੱਪਣੀ ਕੀਤੀ ਸੀ, ਜਿਸ ਨੂੰ ਮਹਿਲਾ ਕਮਿਸ਼ਨ ਨੇ ਔਰਤਾਂ ਦਾ ਅਪਮਾਨ ਮੰਨਿਆ ਹੈ। ਕਮਿਸ਼ਨ ਦਾ ਕਹਿਣਾ ਹੈ ਕਿ ਅਜਿਹੀ ਸ਼ਬਦਾਵਲੀ ਔਰਤਾਂ ਦੀ ਮਾਣ-ਮਰਿਆਦਾ ਨੂੰ ਸੱਟ ਮਾਰਦੀ ਹੈ। ਇਸ ਮਾਮਲੇ ਨੂੰ ਲੈ ਕੇ ਪੰਜਾਬ ਵਿਧਾਨ ਸਭਾ ਦੇ ਬਜਟ ਇਜਲਾਸ ਦੌਰਾਨ ਵੀ ਹੰਗਾਮਾ ਹੋਇਆ।

## ਖ਼ੁਦ ਖ਼ਤਮ ਨਾ ਹੋ ਜਾਣਾ: ਈਰਾਨੀ ਸੁਰੱਖਿਆ ਅਧਿਕਾਰੀ

ਇਰਾਨ ਦੀ ਕੁਰਬਾਨੀ ਦੇਣ ਵਾਲੀ ਕੌਮ ਅਜਿਹੀਆਂ ਖੋਖਲੀਆਂ ਧਮਕੀਆਂ ਤੋਂ ਨਹੀਂ ਡਰਦੀ ਅਤੇ ਇਤਿਹਾਸ ਵਿੱਚ ਤੁਹਾਡੇ ਤੋਂ ਵੱਡੇ ਵੀ ਇਰਾਨ ਨੂੰ ਮਿਟਾ ਨਹੀਂ ਸਕੇ, ਇਸ ਲਈ ਸਾਵਧਾਨ ਰਹੋ ਕਿ ਕਿਤੇ ਤੁਸੀਂ ਖੁਦ ਹੀ ਖਤਮ ਨਾ ਹੋ ਜਾਓ। ਜ਼ਿਕਰਯੋਗ ਹੈ ਕਿ ਇਰਾਨ 'ਤੇ ਪਹਿਲਾਂ ਵੀ ਟਰੰਪ ਦੀ ਹੱਤਿਆ ਦੀਆਂ ਸਾਜ਼ਿਸ਼ਾਂ ਰਚਣ ਦੇ ਇਲਜ਼ਾਮ ਲੱਗ ਚੁੱਕੇ ਹਨ। ਜੰਗ ਦੇ 10ਵੇਂ ਦਿਨ ਤੇਲ ਦੀਆਂ ਕੀਮਤਾਂ 2022 ਤੋਂ ਬਾਅਦ ਆਪਣੇ ਉੱਚ ਪੱਧਰ (120 ਡਾਲਰ ਪ੍ਰਤੀ ਬੈਰਲ) 'ਤੇ ਪਹੁੰਚ ਗਈਆਂ ਸਨ, ਹਾਲਾਂਕਿ ਬਾਅਦ ਵਿੱਚ ਜੰਗ ਜਲਦੀ ਖ਼ਤਮ ਹੋਣ ਦੀਆਂ ਉਮੀਦਾਂ ਕਾਰਨ ਕੀਮਤਾਂ ਵਿੱਚ ਗਿਰਾਵਟ ਦੇਖੀ ਗਈ। ਸੋਮਵਾਰ ਨੂੰ ਤੇਹਰਾਨ ਵਿੱਚ ਜੰਗ ਦੀ ਹੁਣ ਤੱਕ ਦੀ ਸਭ ਤੋਂ ਭਿਆਨਕ ਬੰਬਾਰੀ ਹੋਈ, ਜਿਸ ਵਿੱਚ ਇਜ਼ਰਾਈਲ ਨੇ ਕਈ ਅਹਿਮ ਟਿਕਾਣਿਆਂ ਨੂੰ ਨਿਸ਼ਾਨਾ ਬਣਾਇਆ। ਦੂਜੇ ਪਾਸੇ, ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਵੀ ਟਰੰਪ ਨਾਲ ਫੋਨ 'ਤੇ ਗੱਲਬਾਤ ਕਰਕੇ ਇਸ ਸੰਕਟ ਦੇ ਕੂਟਨੀਤਕ ਹੱਲ ਲਈ ਕੁਝ ਸੁਝਾਅ ਪੇਸ਼ ਕੀਤੇ ਹਨ। ਇਰਾਨ ਵਿੱਚ ਨਵੇਂ ਸੁਪਰੀਮ ਲੀਡਰ ਦੇ ਸਮਰਥਨ ਵਿੱਚ ਹਜ਼ਾਰਾਂ ਲੋਕ ਸੜਕਾਂ 'ਤੇ ਉਤਰ ਆਏ ਹਨ, ਜਿਸ ਨਾਲ ਖੇਤਰ ਵਿੱਚ ਤਣਾਅ ਹੋਰ ਵਧਣ ਦਾ ਖਦਸ਼ਾ ਪੈਦਾ ਹੋ ਗਿਆ ਹੈ।

## ਭਾਰਤੀ ਅਖ਼ਬਾਰ ਉਦਯੋਗ ਦੀ ਹੋਂਦ ਨੂੰ ਖ਼ਤਰਾ

ਬਹੁਤ ਸਾਰੀਆਂ ਮਿੱਲਾਂ ਜਾਂ ਤਾਂ ਬੰਦ ਹੋ ਚੁੱਕੀਆਂ ਹਨ ਜਾਂ ਉਹ ਨਿਊਜ਼ਪ੍ਰਿੰਟ ਦੀ ਬਜਾਏ ਹੋਰ ਵਪਾਰਕ ਗੱਤੇ ਅਤੇ ਪੈਕੇਜਿੰਗ ਬੋਰਡਾਂ ਦਾ ਉਤਪਾਦਨ ਕਰ ਰਹੀਆਂ ਹਨ। ਜਦੋਂ ਸਰਕਾਰ ਇਹ ਮੰਨ ਲੈਂਦੀ ਹੈ ਕਿ ਦੇਸ਼ ਨਿਊਜ਼ਪ੍ਰਿੰਟ ਵਿੱਚ ਆਤਮ-ਨਿਰਭਰ ਹੈ, ਤਾਂ ਉਹ ਆਯਾਤ ਕੀਤੇ ਜਾਣ ਵਾਲੇ ਉੱਚ-ਗੁਣਵੱਤਾ ਵਾਲੇ ਕਾਗਜ਼ 'ਤੇ ਭਾਰੀ ਕਸਟਮ ਡਿਊਟੀ ਲਗਾ ਦਿੰਦੀ ਹੈ, ਜਿਸ ਦਾ ਸਿੱਧਾ ਬੋਝ ਪ੍ਰਕਾਸ਼ਕਾਂ ਦੀ ਜੇਬ 'ਤੇ ਪੈਂਦਾ ਹੈ।

ਸਿਰਫ਼ ਮਾਤਰਾ ਹੀ ਨਹੀਂ, ਸਗੋਂ ਗੁਣਵੱਤਾ ਦਾ ਮੁੱਦਾ ਵੀ ਬੇਹੱਦ ਚਿੰਤਾਜਨਕ ਹੈ। ਭਾਰਤੀ ਮਿੱਲਾਂ ਵੱਲੋਂ ਤਿਆਰ ਕੀਤਾ ਜਾ ਰਿਹਾ ਕਾਗਜ਼ ਜ਼ਿਆਦਾਤਰ 'ਗ੍ਰੇਡ 2' ਦੀ ਸ਼੍ਰੇਣੀ ਵਿੱਚ ਆਉਂਦਾ ਹੈ। ਆਧੁਨਿਕ ਯੁੱਗ ਵਿੱਚ ਜਿੱਥੇ ਅਖ਼ਬਾਰਾਂ ਦੀ ਛਪਾਈ ਬਹੁਤ ਤੇਜ਼ ਰਫ਼ਤਾਰ ਵਾਲੀਆਂ ਰੋਟਰੀ ਮਸ਼ੀਨਾਂ 'ਤੇ ਹੁੰਦੀ ਹੈ, ਉੱਥੇ ਕਾਗਜ਼ ਦੀ ਮਜ਼ਬੂਤੀ ਅਤੇ ਸਤਹ ਦੀ ਮਲਾਇਮਤਾ ਬਹੁਤ ਮਹੱਤਵ ਰੱਖਦੀ ਹੈ। ਦੇਸ਼ੀ ਨਿਊਜ਼ਪ੍ਰਿੰਟ ਵਿੱਚ ਚਮਕ ਦੀ ਕਮੀ, ਸਤਹ ਦਾ ਖੁਰਦਰਾਪਣ ਅਤੇ ਤਣਾਅ ਸਹਿਣ ਦੀ ਘੱਟ ਸ਼ਕਤੀ ਕਾਰਨ ਛਪਾਈ ਦੌਰਾਨ ਵਾਰ-ਵਾਰ 'ਵੈੱਬ ਬ੍ਰੇਕ' (ਕਾਗਜ਼ ਦਾ ਫਟਣਾ) ਹੁੰਦਾ ਹੈ। ਇਸ ਨਾਲ ਨਾ ਸਿਰਫ਼ ਕੀਮਤੀ ਸਮਾਂ ਬਰਬਾਦ ਹੁੰਦਾ ਹੈ, ਸਗੋਂ ਕਾਗਜ਼ ਅਤੇ ਮਹਿੰਗੀ ਸਿਆਹੀ ਦੀ ਬੇਲੋੜੀ ਖਪਤ ਵੀ ਵਧ ਜਾਂਦੀ ਹੈ। ਜਦੋਂ ਇੱਕ ਪਾਠਕ ਸਵੇਰੇ ਅਖ਼ਬਾਰ ਚੁੱਕਦਾ ਹੈ, ਤਾਂ ਉਸ ਨੂੰ ਉਸ ਦੀ ਛਪਾਈ ਦੀ ਗੁਣਵੱਤਾ ਅਤੇ ਫੋਟੋਆਂ ਦੀ ਸਪੱਸ਼ਟਤਾ ਪ੍ਰਭਾਵਿਤ ਕਰਦੀ ਹੈ, ਜਿਸ ਵਿੱਚ ਮਾੜੇ ਕਾਗਜ਼ ਕਾਰਨ ਵੱਡੀ ਗਿਰਾਵਟ ਦੇਖਣ ਨੂੰ ਮਿਲ ਰਹੀ ਹੈ। ਆਈ.ਐਨ.ਐਸ. ਨੇ ਸਰਕਾਰ ਦਾ ਧਿਆਨ ਇਸ ਗੱਲ ਵੱਲ ਵੀ ਦਿਵਾਇਆ ਹੈ ਕਿ ਬਿਊਰੋ ਆਫ ਇੰਡਿਅਨ ਸਟੈਂਡਰਡਜ਼ (ਬੀ.ਆਈ.ਐਸ.) ਦੇ ਮੌਜੂਦਾ ਮਾਪਦੰਡ ਸਿਰਫ਼ ਕਾਗਜ਼ ਦੇ ਭੌਤਿਕ ਗੁਣਾਂ ਨੂੰ ਮਾਪਦੇ ਹਨ, ਪਰ ਉਹ ਇਸ ਦੀ 'ਕਾਰਗੁਜ਼ਾਰੀ' ਜਾਂ ਪਰਫਾਰਮੈਂਸ ਨੂੰ ਧਿਆਨ ਵਿੱਚ ਨਹੀਂ ਰੱਖਦੇ। ਇੱਕ ਕਾਗਜ਼ ਪ੍ਰਯੋਗਸ਼ਾਲਾ ਦੇ ਟੈਸਟਾਂ ਵਿੱਚ ਤਾਂ ਪਾਸ ਹੋ ਸਕਦਾ ਹੈ, ਪਰ ਉਹ ਪ੍ਰੈੱਸ ਦੀ ਮਸ਼ੀਨ 'ਤੇ ਛਪਾਈ ਦੇ ਦਬਾਅ ਨੂੰ ਝੱਲਣ ਦੇ ਯੋਗ ਨਹੀਂ ਹੁੰਦਾ। ਇਹ ਗੁਣਵੱਤਾ ਦਾ ਪਾੜਾ ਹੀ ਹੈ ਜੋ ਭਾਰਤੀ ਪ੍ਰਕਾਸ਼ਕਾਂ ਨੂੰ ਵਿਦੇਸ਼ੀ ਕਾਗਜ਼ ਖਰੀਦਣ ਲਈ ਮਜਬੂਰ ਕਰਦਾ ਹੈ। ਜਦੋਂ ਤੱਕ ਦੇਸ਼ੀ ਮਿੱਲਾਂ ਆਪਣੀ ਤਕਨਾਲੋਜੀ ਨੂੰ ਅਪਗ੍ਰੇਡ ਨਹੀਂ ਕਰਦੀਆਂ ਅਤੇ ਅੰਤਰਰਾਸ਼ਟਰੀ ਪੱਧਰ ਦਾ 'ਗ੍ਰੇਡ 1' ਕਾਗਜ਼ ਤਿਆਰ ਨਹੀਂ ਕਰਦੀਆਂ, ਉਦੋਂ ਤੱਕ ਆਯਾਤ 'ਤੇ ਲਗਾਈ ਗਈ ਕਸਟਮ ਡਿਊਟੀ ਪ੍ਰਿੰਟ ਮੀਡੀਆ ਉਦਯੋਗ ਦਾ ਗਲਾ ਘੁੱਟਣ ਦੇ ਬਰਾਬਰ ਹੈ।

ਸੰਸਥਾ ਦੀ ਇਸ ਮੁਹਿੰਮ ਦਾ ਮੁੱਖ ਉਦੇਸ਼ ਸਰਕਾਰ ਨੂੰ ਇਹ ਸਮਝਾਉਣਾ ਹੈ ਕਿ ਨਿਊਜ਼ਪ੍ਰਿੰਟ 'ਤੇ ਕਸਟਮ ਡਿਊਟੀ ਹਟਾਉਣਾ ਸਿਰਫ਼ ਇੱਕ ਟੈਕਸ ਛੋਟ ਨਹੀਂ ਹੈ, ਸਗੋਂ ਇਹ ਪ੍ਰੈੱਸ ਦੀ ਆਜ਼ਾਦੀ ਅਤੇ ਜਾਣਕਾਰੀ ਦੇ ਪਾਸਾਰ ਨੂੰ ਜ਼ਿੰਦਾ ਰੱਖਣ ਲਈ ਇੱਕ ਲੋੜ ਹੈ। ਜੇਕਰ ਅਖ਼ਬਾਰਾਂ ਦੀ ਲਾਗਤ ਇਸੇ ਤਰ੍ਹਾਂ ਵਧਦੀ ਰਹੀ, ਤਾਂ ਬਹੁਤ ਸਾਰੇ ਖੇਤਰੀ ਅਤੇ ਛੋਟੇ ਅਖ਼ਬਾਰ ਬੰਦ ਹੋਣ ਦੀ ਕਗਾਰ 'ਤੇ ਪਹੁੰਚ ਜਾਣਗੇ। ਅਖ਼ਬਾਰਾਂ ਦੀ ਆਰਥਿਕ ਮਜ਼ਬੂਤੀ ਹੀ ਉਨ੍ਹਾਂ ਨੂੰ ਨਿਰਪੱਖ ਪੱਤਰਕਾਰੀ ਕਰਨ ਦੀ ਤਾਕਤ ਦਿੰਦੀ ਹੈ। ਇਸ ਲਈ, ਆਈ.ਐਨ.ਐਸ. ਨੇ ਆਪਣੇ ਸਾਰੇ ਮੈਂਬਰ ਪ੍ਰਕਾਸ਼ਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਸਾਂਝੀ ਲੜਾਈ ਵਿੱਚ ਸ਼ਾਮਲ ਹੋਣ ਅਤੇ ਦੇਸ਼ੀ ਨਿਊਜ਼ਪ੍ਰਿੰਟ ਦੀਆਂ ਅਸਲ ਚੁਣੌਤੀਆਂ ਬਾਰੇ ਆਵਾਜ਼ ਬੁਲੰਦ ਕਰਨ। ਇਹ ਸਮਾਂ ਹੈ ਕਿ ਸਰਕਾਰ ਜ਼ਮੀਨੀ ਹਕੀਕਤ ਨੂੰ ਸਮਝਦੇ ਹੋਏ ਨੀਤੀਆਂ ਵਿੱਚ ਸੁਧਾਰ ਕਰੇ, ਤਾਂ ਜੋ ਭਾਰਤੀ ਅਖ਼ਬਾਰ ਉਦਯੋਗ ਆਪਣੀ ਗੁਣਵੱਤਾ ਅਤੇ ਭਰੋਸੇਯੋਗਤਾ ਨੂੰ ਬਰਕਰਾਰ ਰੱਖ ਸਕੇ।

## ਕਈ ਸਰਕਾਰੀ ਅਤੇ ਨਿੱਜੀ ਤਾਪ ਬਿਜਲੀ

ਲਾਇਆ ਜਾ ਰਿਹਾ ਹੈ ਕਿ ਸੂਬੇ ਵਿਚ ਬਿਜਲੀ ਦੀ ਮੰਗ ਦਾ ਅੰਕੜਾ ਰਿਕਾਰਡ ਪੱਧਰ 'ਤੇ ਪੁੱਜਣ ਦੀ ਸੰਭਾਵਨਾ ਹੈ। ਮਾਹਿਰਾਂ ਨੇ ਚਿਤਾਵਨੀ ਦਿੱਤੀ ਹੈ ਕਿ ਇਸ ਵਾਰ ਗਰਮੀ ਦੀ ਸ਼ੁਰੂਆਤ ਤੇਜ਼ ਹੋਣ ਕਾਰਨ ਆਉਣ ਵਾਲੇ ਦਿਨਾਂ ਵਿੱਚ ਬਿਜਲੀ ਦੀ ਮੰਗ 17000 ਮੈਗਾਵਾਟ ਦਾ ਅੰਕੜਾ ਪਾਰ ਕਰ ਸਕਦੀ ਹੈ। ਇੰਨੀ ਵੱਡੀ ਮੰਗ ਨੂੰ ਪੂਰਾ ਕਰਨਾ ਸਰਕਾਰ ਅਤੇ ਪਾਵਰਕਾਮ ਲਈ ਇੱਕ ਵੱਡੀ ਚੁਣੌਤੀ ਹੋਵੇਗਾ। ਫਿਲਹਾਲ ਸਰਕਾਰ ਵੱਲੋਂ ਆਉਣ ਵਾਲੇ ਦਿਨਾਂ ਲਈ ਕੋਈ ਸਪੱਸ਼ਟ ਪਾਵਰ ਪਲਾਨ ਪੇਸ਼ ਨਹੀਂ ਕੀਤਾ ਗਿਆ ਹੈ। ਇਸ ਤੋਂ ਪਹਿਲਾਂ ਪੰਜਾਬ ਸਰਕਾਰ ਨੇ ਸੂਬੇ ਦੇ ਲੋਕਾਂ ਨੂੰ ਵੱਡੀ ਰਾਹਤ ਦਿੰਦੇ ਹੋਏ 1 ਅਪਰੈਲ 2026 ਤੋਂ ਬਿਜਲੀ ਦੀਆਂ ਦਰਾਂ ਵਿੱਚ ਕਟੌਤੀ ਦਾ ਐਲਾਨ ਕੀਤਾ ਸੀ। ਘਰੇਲੂ ਖਪਤਕਾਰਾਂ ਲਈ ਬਿਜਲੀ 1.50 ਰੁਪਏ ਪ੍ਰਤੀ ਯੂਨਿਟ ਤੱਕ ਸਸਤੀ ਕੀਤੀ ਗਈ ਹੈ। ਹਾਲਾਂਕਿ, ਇਸ ਸਮੇਂ ਗਰਮੀ ਵਧਣ ਕਾਰਨ ਕੁਝ ਇਲਾਕਿਆਂ ਵਿੱਚ ਬਿਜਲੀ ਦੀ ਮੰਗ ਵਧ ਰਹੀ ਹੈ, ਪਰ ਸਰਕਾਰ ਨੇ ਮਾਰਚ 2026 ਤੱਕ ਸੂਬੇ ਵਿੱਚ ਜ਼ੀਰੋ ਪਾਵਰ ਕੱਟ ਦਾ ਟੀਚਾ ਰੱਖਿਆ ਹੋਇਆ ਹੈ। ਪੰਜਾਬ ਵਿੱਚ ਅੱਜ ਰਾਤ ਮੌਸਮ ਬੱਦਲਵਾਈ ਵਾਲਾ ਰਹੇਗਾ ਅਤੇ ਤਾਪਮਾਨ 24ਡਿਗਰੀ ਸੈਲਸੀਅਸ ਹੈ। 10% ਮੀਂਹ ਪੈਣ ਦੀ ਸੰਭਾਵਨਾ ਹੈ ਅਤੇ ਹਵਾ ਪੂਰਬੀ ਦਿਸ਼ਾ ਤੋਂ 4 ਐਮ.ਪੀ.ਐਚ. ਦੀ ਰਫ਼ਤਾਰ ਨਾਲ ਚੱਲ ਰਹੀ ਹੈ। ਅੱਜ ਦਾ ਵੱਧ ਤੋਂ ਵੱਧ ਤਾਪਮਾਨ 33 ਡਿਗਰੀ ਸੈਲਸੀਅਸ ਅਤੇ ਘੱਟੋ-ਘੱਟ 18ਡਿਗਰੀ ਸੈਲਸੀਅਸ ਰਹਿਣ ਦਾ ਅਨੁਮਾਨ ਹੈ।

## ਹਾਈ ਕੋਰਟ ਵੱਲੋਂ ਮੁਆਵਜ਼ਾ ਵਿਵਾਦ

ਆਰਬਿਟਰੇਸ਼ਨ ਪ੍ਰਕਿਰਿਆ: ਕਾਨੂੰਨ ਅਨੁਸਾਰ ਇਹ ਮਾਮਲਾ ਡਿਵੀਜ਼ਨਲ ਕਮਿਸ਼ਨਰ, ਪਟਿਆਲਾ ਕੋਲ ਪਹੁੰਚਿਆ, ਜੋ ਇਸ ਮਾਮਲੇ ਵਿੱਚ ਆਰਬਿਟਰੇਟਰ ਵਜੋਂ ਸੁਣਵਾਈ ਕਰ ਰਹੇ ਹਨ।

**ਐਨ.ਐਚ.ਏ.ਆਈ. ਦੀ ਮੰਗ:** ਆਰਬਿਟਰੇਸ਼ਨ ਦੀ ਸੁਣਵਾਈ ਦੌਰਾਨ ਜ਼ਮੀਨ ਮਾਲਕਾਂ ਨੇ ਆਪਣੇ ਬਿਆਨ ਹਲਫ਼ਨਾਮੇ ਵਜੋਂ ਜਮ੍ਹਾਂ ਕਰਵਾਏ ਸਨ। ਐਨ.ਐਚ.ਏ.ਆਈ. ਨੇ ਆਰਬਿਟਰੇਟਰ ਦੇ ਹੁਕਮ ਨੂੰ ਚੁਣੌਤੀ ਦਿੰਦਿਆਂ ਮੰਗ ਕੀਤੀ ਸੀ ਕਿ ਉਨ੍ਹਾਂ ਨੂੰ ਇਨ੍ਹਾਂ ਗਵਾਹਾਂ ਤੋਂ ਜਿਰਹ (ਕਰਾਸ ਐਗਜ਼ਾਮੀਨੇਸ਼ਨ) ਕਰਨ ਦਾ ਮੌਕਾ ਦਿੱਤਾ ਜਾਵੇ, ਤਾਂ ਜੋ ਦਾਅਵਿਆਂ ਦੀ ਜਾਂਚ ਕੀਤੀ ਜਾ ਸਕੇ। ਹਾਈ ਕੋਰਟ ਨੇ ਇਸ ਮੰਗ ਨੂੰ ਪ੍ਰਵਾਨ ਨਹੀਂ ਕੀਤਾ ਅਤੇ ਪਟੀਸ਼ਨ ਖਾਰਜ ਕਰ ਦਿੱਤੀ।

ਕਾਨੂੰਨੀ ਪ੍ਰਤੀਨਿਧਤਾ: ਇਸ ਮਾਮਲੇ ਵਿੱਚ ਐਨ.ਐਚ.ਏ.ਆਈ. ਵੱਲੋਂ ਵਕੀਲ ਕੰਵਲਵੀਰ ਸਿੰਘ ਕੰਗ ਪੇਸ਼ ਹੋਏ। ਦੂਜੇ ਪੱਖ (ਜ਼ਮੀਨ ਮਾਲਕਾਂ) ਦੀ ਨੁਮਾਇੰਦਗੀ ਵਕੀਲ ਮਨਦੀਪ ਨਾਗਪਾਲ ਨੇ ਵੀਡੀਓ ਕਾਨਫਰੰਸਿੰਗ ਰਾਹੀਂ ਕੀਤੀ। ਪੰਜਾਬ ਸਰਕਾਰ ਵੱਲੋਂ ਐਡੀਸ਼ਨਲ ਐਡਵੋਕੇਟ ਜਨਰਲ ਸੋਮੇਸ਼ ਅਰੋੜਾ ਨੇ ਪੱਖ ਰੱਖਿਆ।

## ਐਨ.ਸੀ.ਈ.ਆਰ.ਟੀ. ਨੇ 'ਬਿਨਾਂ ਸ਼ਰਤ' ਮੁਆਫ਼ੀ ਮੰਗਦਿਆਂ

ਦੀ ਭੂਮਿਕਾ' ਵਿੱਚ 'ਨਿਆਂਪਾਲਿਕਾ ਵਿੱਚ ਭ੍ਰਿਸ਼ਟਾਚਾਰ' ਨਾਮ ਦਾ ਇੱਕ ਉਪ-ਅਧਿਆਏ ਸ਼ਾਮਲ ਕੀਤਾ ਗਿਆ ਸੀ। ਇਸ 'ਤੇ ਸਖ਼ਤ ਇਤਰਾਜ਼ ਜਤਾਉਂਦਿਆਂ ਇਸ ਨੂੰ ਅਦਾਲਤਾਂ ਦੇ ਅਕਸ ਨੂੰ ਖ਼ਰਾਬ ਕਰਨ ਵਾਲਾ ਦੱਸਿਆ ਗਿਆ। ਸੁਪਰੀਮ ਕੋਰਟ ਨੇ 26 ਫਰਵਰੀ ਨੂੰ ਇਸ ਕਿਤਾਬ ਦੇ ਪ੍ਰਕਾਸ਼ਨ ਅਤੇ ਪ੍ਰਸਾਰ 'ਤੇ ਮੁਕੰਮਲ ਪਾਬੰਦੀ ਲਗਾ ਦਿੱਤੀ ਸੀ। ਅਦਾਲਤ ਨੇ ਚਿਤਾਵਨੀ ਦਿੱਤੀ ਸੀ ਕਿ ਜੇਕਰ ਇਸ ਸਮੱਗਰੀ ਨੂੰ ਕਿਸੇ ਵੀ ਹੋਰ ਮਾਧਿਅਮ ਰਾਹੀਂ ਫੈਲਾਇਆ ਗਿਆ, ਤਾਂ ਇਸ ਨੂੰ ਅਦਾਲਤ ਦੀ ਮਾਣਹਾਨੀ ਮੰਨਿਆ ਜਾਵੇਗਾ। ਐਨ.ਸੀ.ਈ. ਆਰ.ਟੀ. ਨੇ ਇੱਕ ਮੀਡੀਆ ਐਡਵਾਈਜ਼ਰੀ ਜਾਰੀ ਕਰਕੇ ਲੋਕਾਂ ਅਤੇ ਸੰਸਥਾਵਾਂ ਨੂੰ ਅਪੀਲ ਕੀਤੀ ਹੈ ਕਿ ਜਿਨ੍ਹਾਂ ਕੋਲ ਵੀ ਇਹ ਕਿਤਾਬ ਉਪਲਬਧ ਹੈ, ਉਹ ਸਵੈ-ਇੱਛਾ ਨਾਲ ਇਸ ਨੂੰ ਕੌਂਸਲ ਦੇ ਪ੍ਰਕਾਸ਼ਨ ਵਿਭਾਗ ਨੂੰ ਵਾਪਸ ਕਰ ਦੇਣ। ਇਸ ਦੇ ਨਾਲ ਹੀ ਸੋਸ਼ਲ ਮੀਡੀਆ ਤੋਂ ਵੀ ਸਬੰਧਿਤ ਸਮੱਗਰੀ ਹਟਾਉਣ ਦੇ ਨਿਰਦੇਸ਼ ਦਿੱਤੇ ਗਏ ਹਨ।

ਦੂਜੇ ਪਾਸੇ, ਸੁਪਰੀਮ ਕੋਰਟ ਨੇ ਉਨ੍ਹਾਂ ਮਾਹਿਰਾਂ ਅਤੇ ਕਮੇਟੀ ਮੈਂਬਰਾਂ ਦੀ ਸੂਚੀ ਵੀ ਤਲਬ ਕੀਤੀ ਹੈ ਜਿਨ੍ਹਾਂ ਨੇ ਇਸ ਵਿਵਾਦਿਤ ਅਧਿਆਇ ਨੂੰ ਹਰੀ ਝੰਡੀ ਦਿੱਤੀ ਸੀ। ਅਦਾਲਤ ਨੇ ਉਨ੍ਹਾਂ ਦੀ ਯੋਗਤਾ ਅਤੇ ਚੋਣ ਪ੍ਰਕਿਰਿਆ ਦਾ ਪੂਰਾ ਰਿਕਾਰਡ ਮੰਗਿਆ ਹੈ।

## ਦੋ ਦਿਨਾਂ 'ਚ 2,000 ਕਰੋੜ ਦਾ ਨਿਵੇਸ਼ ਕੀਤਾ

ਦੀਆਂ ਯੋਜਨਾਵਾਂ ਦਾ ਐਲਾਨ ਕੀਤਾ ਹੈ। ਇਹ ਨਿਵੇਸ਼ ਨਵੀਂ ਨੀਤੀ ਤਹਿਤ ਪੰਜਾਬ ਦੇ ਵਿਕਸਤ ਹੋ ਰਹੇ ਵਪਾਰਕ ਮਾਹੌਲ ਵਿੱਚ ਗਰੁੱਪ ਦੇ ਵਿਸ਼ਵਾਸ ਨੂੰ ਦਰਸਾਉਂਦਾ ਹੈ। ਮੰਤਰੀ ਸੰਜੀਵ ਅਰੋੜਾ ਨੇ ਅੱਗੇ ਕਿਹਾ ਕਿ ਇਹ ਨਿਵੇਸ਼ ਪੰਜਾਬ ਦੀਆਂ ਨਿਵੇਸ਼ਕ-ਪੱਖੀ ਨੀਤੀਆਂ ਅਤੇ ਬਿਹਤਰ ਵਪਾਰਕ ਮਾਹੌਲ ਵਿੱਚ ਉਦਯੋਗਿਕ ਦਿੱਗਜਾਂ ਦੇ ਵਧ ਰਹੇ ਵਿਸ਼ਵਾਸ ਨੂੰ ਦਰਸਾਉਂਦੇ ਹਨ। ਉਨ੍ਹਾਂ ਨੇ ਜੇ.ਐਲ. ਓਸਵਾਲ ਗਰੁੱਪ ਦੇ ਚੇਅਰਮੈਨ ਅਨੂਪ ਬੈਕਟਰ ਅਤੇ ਕਮਲ ਓਸਵਾਲ ਦੀ ਅਗਵਾਈ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਦੀਆਂ ਵਿਸਥਾਰਤ ਯੋਜਨਾਵਾਂ ਪੰਜਾਬ ਦੇ ਉਦਯੋਗਿਕ ਵਿਕਾਸ ਅਤੇ ਆਰਥਿਕ ਵਿਕਾਸ ਵਿੱਚ ਅਹਿਮ ਯੋਗਦਾਨ ਪਾਉਣਗੀਆਂ। ਇਸ ਦੌਰਾਨ ਅਮਿਤ ਢਾਕਾ, ਸੀਈਓ ਇਨਵੈਸਟ ਪੰਜਾਬ ਅਤੇ ਅਨੂਪ ਬੈਕਟਰ ਐਮਡੀ ਮਿਸਿਜ਼ ਬੈਕਟਰਸ ਫੂਡ ਸਪੈਸ਼ਲਿਟੀਜ਼ ਲਿਮਟਿਡ ਮੌਜੂਦ ਸਨ।

**ਪੰਜਾਬ ਸਰਕਾਰ**

ਕੰਮਾਂ ਲਈ ਟੈਂਡਰ/ਆਰਐਫਪੀ

ਟੈਂਡਰ ਨੋਟਿਸ ਹਵਾਲਾ ਨੰਬਰ. MCJ/OM/2025-26/45ਏ ਅਤੇ 268/CE/WS/G ਮਿਤੀ 09/03/2026

ਨਗਰ ਨਿਗਮ ਜਲੰਧਰ ਦੇ ਵਿਭਾਗ ਵੱਲੋਂ ਨਿਮਨ ਲਈ ਆਨਲਾਈਨ ਬੋਲੀਆਂ ਦੀ ਮੰਗ ਕੀਤੀ ਜਾਂਦੀ ਹੈ:-
3 ਸਾਲਾਂ ਦੀ ਮਿਆਦ ਲਈ ਪੱਛਮ ਅਤੇ ਉੱਤਰ ਹਲਕੇ ਦੀ ਸੀਵਰੇਜ ਅਤੇ ਜਲ ਪ੍ਰਣਾਲੀ ਦੇ ਸੰਚਾਲਨ ਅਤੇ ਰੱਖ ਰਖਾਅ ਨਾਲ ਸੰਬੰਧਤ 01 ਕੰਮ (ਵਿਸਥਾਰਤ ਆਰਐਫਪੀ/ਕੰਮ ਵੈਬਸਾਈਟ 'ਤੇ ਦਰਸਾਏ ਜਾਣਗੇ)

ਬੰਦ ਹੋਣ ਦੀ ਮਿਤੀ ਅਤੇ ਸਮਾਂ :- (ਪੰਜਵੀਂ ਕੋਸ਼ਿਸ਼)
ਲੜੀ ਨੰਬਰ (1) ਲਈ 10-03-2026, ਬਾ.ਦੁ. 14:00 ਵਜੇ ਤੱਕ,
24-03-2026, ਬਾ.ਦੁ. 14:00 ਵਜੇ ਤੱਕ

ਵੇਰਵਿਆਂ ਲਈ ਲੌਗ ਆਨ ਕਰੋ :- eproc.punjab.gov.in

ਨੋਟ: ਟੈਂਡਰ/ਆਰਐਫਪੀ ਨੋਟਿਸ ਵਿਚ ਕੋਈ ਸੋਧ (ਾਂ) ਕੇਵਲ ਉਪਰੋਕਤ ਵੈੱਬਸਾਈਟ 'ਤੇ ਹੀ ਪਾਈ ਜਾਵੇਗੀ।

ਸਰਕਾਰੀ ਪੱਤਰ ਹਵਾਲਾ ਨੰ. JDDLG/PRU/DLG/2021/1018-23 ਮਿਤੀ 13.05.2021 ਦੇ ਅਨੁਸਾਰ

ਸਹੀ/- ਨਿਗਮ ਇੰਜੀਨੀਅਰ (ਓ. ਅਤੇ ਐਮ.)
ਨਗਰ ਨਿਗਮ, ਜਲੰਧਰ

RO No. PR Advt No. 2744/12/2025-26/9262/Dated CHD 10/03/2026

**ਪੰਜਾਬ ਸਰਕਾਰ**

ਈ-ਟੈਂਡਰ ਹਵਾਲਾ ਨੰਬਰ: 549 ਮਿਤੀ 06-03-2026

ਵਿਭਾਗ : 1) ਨਗਰ ਪੰਚਾਇਤ, ਸਰਦੂਲਗੜ੍ਹ, ਜ਼ਿਲ੍ਹਾ ਮਾਨਸਾ ਵੱਲੋਂ ਐਨਪੀ ਸਰਦੂਲਗੜ੍ਹ ਕੰਪਿਊਟਰ ਸੈਟਾਂ ਦੇ 05 ਵਿਕਾਸ ਕਾਰਜ/ਸਪਲਾਈ ਦੀਆਂ ਆਨਲਾਈਨ ਬੋਲੀਆਂ ਦੀ ਮੰਗ ਕੀਤੀ ਜਾਂਦੀ ਹੈ, ਅਨੁਮਾਨਤ ਲਾਗਤ ਰੁ. 87.40 ਲੱਖ ਹੈ।
ਵਧੇਰੇ ਜਾਣਕਾਰੀ ਲਈ ਡੀਐਨਆਈਟੀ ਦੇਖੋ ਅਤੇ ਹੋਰ ਤਕਨੀਕੀ ਦਸਤਾਵੇਜ਼ http://www.eproc.punjab.gov.in 'ਤੇ ਦੇਖੋ।

ਬੰਦ ਹੋਣ ਦੀ ਮਿਤੀ ਅਤੇ ਸਮਾਂ : 11.03.2026 ਨੂੰ ਸਵੇਰੇ 11.00 ਵਜੇ ਤੋਂ 27.03.2026 ਨੂੰ ਸਮਾਂ ਸਵੇਰੇ 11.00 ਵਜੇ ਤੱਕ

ਵੇਰਵਿਆਂ ਲਈ ਲਾਗ ਆਨ ਕਰੋ : http://www.eproc.punjab.gov.in

ਨੋਟ : ਟੈਂਡਰ/ਆਰਐਫਪੀ ਸੂਚਨਾ ਵਿਚ ਕੋਈ ਵੀ ਸੋਧ (ਾਂ) ਕੇਵਲ ਉਕਤ ਵੈਬਸਾਈਟ 'ਤੇ ਹੀ ਪਾਈ ਜਾਵੇਗੀ।

ਸਹੀ/-
ਕਾਰਜਕਾਰੀ ਅਧਿਕਾਰੀ
ਨਗਰ ਪੰਚਾਇਤ ਸਰਦੂਲਗੜ੍ਹ

RO.No.PR-Advt.No.: 1431/12/2025-26/9260/Dated CHD : 10/03/2026

ੴ ਵਾਹਿਗੁਰੂ ਜੀ ਕੀ ਫ਼ਤਹ॥

**ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਸਮੇਤ ਹੋਰ ਸਿੰਘਾਂ ਦੀ 300 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਵੱਲੋਂ**

**ਗੁਰਮਤਿ ਸਮਾਗਮ**

11 ਤੋਂ 14 ਮਾਰਚ, 2026 (ਬੁੱਧਵਾਰ ਤੋਂ ਸ਼ਨਿੱਚਰਵਾਰ ਤੱਕ)

ਸਥਾਨ : ਗੁਰਦੁਆਰਾ ਸ਼ਹੀਦ ਭਾਈ ਤਾਰਾ ਸਿੰਘ ਜੀ, ਪਿੰਡ ਵਾਂ, ਜ਼ਿਲ੍ਹਾ ਤਰਨ ਤਾਰਨ।

**ਪ੍ਰੋਗਰਾਮ**

- **ਨਗਰ ਕੀਰਤਨ** : 11 ਮਾਰਚ ਨੂੰ ਗੁਰਦੁਆਰਾ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਤੋਂ ਨਗਰ ਕੀਰਤਨ ਆਰੰਭ ਹੋ ਕੇ ਵੱਖ-ਵੱਖ ਪਿੰਡਾਂ ਤੋਂ ਹੁੰਦਾ ਹੋਇਆ ਸ਼ਾਮ ਨੂੰ ਗੁਰਦੁਆਰਾ ਸਾਹਿਬ ਵਿਖੇ ਸੰਪੰਨ ਹੋਵੇਗਾ।
- **ਧਾਰਮਿਕ ਦੀਵਾਨ** : 12 ਤੇ 13 ਮਾਰਚ ਨੂੰ ਧਾਰਮਿਕ ਦੀਵਾਨ ਸਜਾਏ ਜਾਣਗੇ, ਜਿਸ ਵਿਚ ਪੰਥ ਪ੍ਰਸਿੱਧ ਰਾਗੀ, ਢਾਡੀ ਤੇ ਕਵੀਸ਼ਰ ਜਥੇ ਸੰਗਤ ਨੂੰ ਗੁਰ-ਇਤਿਹਾਸ ਨਾਲ ਜੋੜਨਗੇ।
- **ਅੰਮ੍ਰਿਤ ਸੰਚਾਰ** : 12 ਮਾਰਚ ਨੂੰ ਅੰਮ੍ਰਿਤ ਸੰਚਾਰ ਸਮਾਗਮ ਹੋਵੇਗਾ, ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਜਾਣਗੇ।

**ਮੁੱਖ ਸਮਾਗਮ**

ਮਿਤੀ 14 ਮਾਰਚ 2026, ਸਵੇਰੇ 10:00 ਵਜੇ ਤੋਂ ਸ਼ਾਮ 3:00 ਵਜੇ ਤੀਕ

ਮੁੱਖ ਸਮਾਗਮ ਦੌਰਾਨ ਪੰਥ ਪ੍ਰਸਿੱਧ ਰਾਗੀ, ਢਾਡੀ, ਕਵੀਸ਼ਰ ਤੇ ਕਥਾਵਾਚਕ ਸੰਗਤ ਨੂੰ ਗੁਰ-ਇਤਿਹਾਸ ਨਾਲ ਜੋੜਨਗੇ ਅਤੇ ਸਿੰਘ ਸਾਹਿਬਾਨ, ਜਥੇਦਾਰ ਸਾਹਿਬ, ਸਿੱਖ ਜਥੇਬੰਦੀਆਂ ਦੇ ਆਗੂਆਂ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰੀ ਭਰਨਗੀਆਂ।

14 ਮਾਰਚ ਨੂੰ ਸ਼ਾਮ 4:00 ਵਜੇ ਵਿਸ਼ੇਸ਼ ਤੌਰ 'ਤੇ ਕਬੱਡੀ ਮੁਕਾਬਲੇ ਹੋਣਗੇ।

ਆਓ! ਇਨ੍ਹਾਂ ਗੁਰਮਤਿ ਸਮਾਗਮਾਂ 'ਚ ਪਰਿਵਾਰਾਂ ਸਮੇਤ ਹਾਜ਼ਰੀ ਭਰ ਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਦੇ ਪਾਤਰ ਬਣੀਏ।

ਗੁਰੂ ਪੰਥ ਦੇ ਦਾਸ,

ਸਮੂਹ ਮੈਂਬਰਾਨ,
ਧਰਮ ਪ੍ਰਚਾਰ ਕਮੇਟੀ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ।

ਐਡਵੋਕੇਟ ਹਰਜਿੰਦਰ ਸਿੰਘ ਧਾਮੀ
ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਜਾਰੀ ਕਰਤਾ: ਸਕੱਤਰ, ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ), ਸ੍ਰੀ ਅੰਮ੍ਰਿਤਸਰ।


ਰੋਜ਼ਾਨਾ ਚੜ੍ਹਦੀਕਲਾ
## ਸਿਹਤ ਖ਼ਬਰਨਾਮਾ


# ਗਰਮੀਆਂ 'ਚ ਦਹੀਂ ਤੇ ਲੱਸੀ ਹੈ ਤੁਹਾਡੇ ਸਰੀਰ ਲਈ ਫ਼ਾਇਦੇਮੰਦ

ਜ਼ਿਆਦਾਤਰ ਪੰਜਾਬੀ ਘਰਾਂ ਵਿੱਚ ਦਹੀਂ ਜਾਂ ਲੱਸੀ ਦਾ ਰੋਟੀ ਨਾਲ ਸੇਵਨ ਕੀਤਾ ਜਾਂਦਾ ਹੈ। ਲੋਕ ਇਨ੍ਹਾਂ ਦਾ ਸੇਵਨ ਆਪਣੇ ਸਰੀਰ ਨੂੰ ਠੰਢਾ ਕਰਨ ਅਤੇ ਪਾਚਨ ਪ੍ਰਣਾਲੀ ਨੂੰ ਠੀਕ ਰੱਖਣ ਲਈ ਕਰਦੇ ਹਨ। ਦਰਅਸਲ, ਦਹੀਂ ਅਤੇ ਲੱਸੀ ਦੋਵੇਂ ਦੁੱਧ ਤੋਂ ਬਣੇ ਹੁੰਦੇ ਹਨ ਅਤੇ ਇਨ੍ਹਾਂ ਵਿੱਚ ਸਿਹਤਮੰਦ ਬੈਕਟੀਰੀਆ ਹੁੰਦੇ ਹਨ ਜੋ ਪਾਚਨ ਕਿਰਿਆ ਲਈ ਫ਼ਾਇਦੇਮੰਦ ਮੰਨੇ ਜਾਂਦੇ ਹਨ।ਪਰ ਜਦੋਂ ਪੇਟ ਦੀਆਂ ਸਮੱਸਿਆਵਾਂ ਜਿਵੇਂ ਕਿ ਐਸੀਡਿਟੀ, ਪੇਟ ਫੁੱਲਣਾ ਜਾਂ ਕਬਜ਼ ਹੁੰਦੀ ਹੈ, ਤਾਂ ਅਕਸਰ ਇਹ ਸਵਾਲ ਉੱਠਦਾ ਹੈ ਕਿ ਕੀ ਦਹੀਂ ਖਾਣਾ ਜਾਂ ਲੱਸੀ ਪੀਣਾ ਬਿਹਤਰ ਹੈ।

**ਦਹੀਂ** ; ਦਹੀਂ ਦੁੱਧ ਨੂੰ ਸਿਹਤਮੰਦ ਬੈਕਟੀਰੀਆ ਨਾਲ ਭਰ ਕੇ ਬਣਾਇਆ ਜਾਂਦਾ ਹੈ, ਜੋ ਇਸ ਦੀ ਪ੍ਰੋਬਾਇਓਟਿਕ ਸਮੱਗਰੀ ਨੂੰ ਵਧਾਉਂਦਾ ਹੈ ਅਤੇ ਪਾਚਨ ਕਿਰਿਆ ਲਈ ਲਾਭਦਾਇਕ ਹੁੰਦਾ ਹੈ। ਆਪਣੇ ਪ੍ਰੋਬਾਇਓਟਿਕਸ ਦੇ ਕਾਰਨ, ਦਹੀਂ ਅੰਤੜੀਆਂ ਵਿੱਚ ਸਿਹਤਮੰਦ ਬੈਕਟੀਰੀਆ ਦੇ ਸੰਤੁਲਨ ਨੂੰ ਬਣਾਈ ਰੱਖਣ ਵਿੱਚ ਮਦਦ ਕਰਦਾ ਹੈ ਅਤੇ ਐਂਟੀਬਾਇਓਟਿਕਸ ਲੈਣ ਤੋਂ ਬਾਅਦ ਹਲਕੀ ਕਬਜ਼ ਜਾਂ ਰਿਕਵਰੀ ਵਿੱਚ ਵੀ ਮਦਦਗਾਰ ਹੋ ਸਕਦਾ ਹੈ।



**ਲੱਸੀ** ; ਦਹੀਂ ਨੂੰ ਪਾਣੀ ਵਿੱਚ ਮਿਲਾ ਕੇ ਅਤੇ ਇਸ ਨੂੰ ਫੈਂਟ ਕੇ ਲੱਸੀ ਬਣਾਈ ਜਾਂਦੀ ਹੈ। ਪਾਚਨ ਕਿਰਿਆ ਨੂੰ ਬਿਹਤਰ ਬਣਾਉਣ ਲਈ ਕਈ ਵਾਰ ਜੀਰਾ, ਅਦਰਕ, ਜਾਂ ਪੁਦੀਨਾ ਵਰਗੇ ਹਲਕੇ ਮਸਾਲੇ ਮਿਲਾਏ ਜਾਂਦੇ ਹਨ। ਲੱਸੀ ਹਲਕੀ ਅਤੇ ਪਤਲੀ ਹੁੰਦੀ ਹੈ। ਇਹ ਸਰੀਰ ਨੂੰ ਹਾਈਡ੍ਰੇਟ ਕਰਦੀ ਹੈ, ਅਤੇ ਪਚਣ ਵਿੱਚ ਬਹੁਤ ਆਸਾਨ ਹੁੰਦੀ ਹੈ। ਇਸ ਵਿੱਚ ਵਰਤੇ ਜਾਣ ਵਾਲੇ ਮਸਾਲੇ ਗੈਸ ਅਤੇ ਪੇਟ ਫੁੱਲਣ ਨੂੰ ਘਟਾਉਣ ਵਿੱਚ ਵੀ ਮਦਦ ਕਰਦੇ ਹਨ।

ਦਹੀਂ ਅਤੇ ਲੱਸੀ ਦੋਵੇਂ ਹੀ ਸਿਹਤ ਲਈ ਬਹੁਤ ਫਾਇਦੇਮੰਦ ਹਨ। ਜੇਕਰ ਤੁਹਾਨੂੰ ਵਧੇਰੇ ਪ੍ਰੋਟੀਨ ਦੀ ਲੋੜ ਹੈ, ਐਂਟੀਬਾਇਓਟਿਕਸ ਤੋਂ ਠੀਕ ਹੋ ਰਹੇ ਹੋ, ਅਤੇ ਤੁਹਾਨੂੰ ਪੇਟ ਫੁੱਲਣ ਦੀ ਸਮੱਸਿਆ ਨਹੀਂ ਹੈ, ਤਾਂ ਦਹੀਂ ਇੱਕ ਬਿਹਤਰ ਵਿਕਲਪ ਹੋ ਸਕਦਾ ਹੈ।

### ਭਾਖੜਾ ਡੈਮ ਦੀ ਸਟੋਰੇਜ ਸਮਰੱਥਾ 26% ਅਤੇ ਪੌਂਗ ਡੈਮ ਦੀ 14% ਘਟੀ

# ਹੜ੍ਹਾਂ ਦੇ ਜ਼ੋਖਮ ਨੂੰ ਰੋਕਣ ਲਈ ਜਲ ਭੰਡਾਰਾਂ ਦੀ ਸਮੇਂ ਸਿਰ ਸਫਾਈ ਕੀਤੀ ਜਾਵੇ: ਸਤਨਾਮ ਸਿੰਘ ਸੰਧੂ

ਨਵੀਂ ਦਿੱਲੀ, 10 ਮਾਰਚ (ਚ.ਨ.ਸ.) : ਪਿਛਲੇ ਕੁਝ ਸਾਲਾਂ ਵਿੱਚ ਵੱਡੇ ਪੱਧਰ 'ਤੇ ਗਾਦ ਜਮ੍ਹਾਂ ਹੋਣ ਕਾਰਨ, ਰਾਜ ਦੇ ਪ੍ਰਮੁੱਖ ਡੈਮਾਂ ਦੀ ਪਾਣੀ ਭੰਡਾਰਨ ਸਮਰੱਥਾ ਵਿੱਚ ਕਾਫ਼ੀ ਗਿਰਾਵਟ ਆਈ ਹੈ। ਭਾਖੜਾ ਡੈਮ ਦੀ ਕੁੱਲ ਸਮਰੱਥਾ 9.27 ਬਿਲੀਅਨ ਘਣ ਮੀਟਰ ਹੋਣ ਦੇ ਬਾਵਜੂਦ, ਭਾਰੀ ਗਾਦ ਕਾਰਨ ਇਸਦੀ ਸਮਰੱਥਾ ਲਗਭਗ 26% ਘੱਟ ਗਈ ਹੈ। ਗੋਬਿੰਦ ਸਾਗਰ ਝੀਲ ਵਿੱਚ ਵੀ 100 ਤੋਂ 200 ਫੁੱਟ ਗਾਦ ਜਮ੍ਹਾਂ ਹੋ ਗਈ ਹੈ। ਇਸ ਤੋਂ ਇਲਾਵਾ, ਬਹੁਤ ਜ਼ਿਆਦਾ ਗਾਦ ਪੈਣ ਕਾਰਨ ਪੌਂਗ ਡੈਮ ਦੀ ਸਮਰੱਥਾ 14% ਘੱਟ ਗਈ ਹੈ। ਇਹ ਗਾਰਾ ਡੈਮ ਦੀ ਪਾਣੀ ਸੰਭਾਲਣ ਦੀ ਸਮਰੱਥਾ ਨੂੰ ਘਟਾ ਰਿਹਾ ਹੈ, ਜਿਸ ਕਾਰਨ ਦਰਮਿਆਨੀ ਬਾਰਿਸ਼ ਹੋਣ @ਤੇ ਵੀ ਹੜ੍ਹ ਆ ਸਕਦੇ ਹਨ। ਦਰਿਆ ਦੇ ਢਾਂਚੇ ਅਤੇ ਵਹਾਅ ਵਿੱਚ ਬਦਲਾਅ ਨੇ ਹੜ੍ਹਾਂ ਨੂੰ ਵਧਾ ਦਿੱਤਾ ਹੈ, ਜਿਸ ਕਾਰਨ ਪੰਜਾਬ ਵਿੱਚ ਟਿਕਾਊ ਹੜ੍ਹ ਪ੍ਰਬੰਧਨ ਲਈ ਇੱਕ ਵਿਗਿਆਨਕ ਰੋਡਮੈਪ ਦੀ ਲੋੜ ਹੈ। ਇਹ ਜਾਣਕਾਰੀ ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ ਨੇ ਸੰਸਦ ਦੇ ਚੱਲ ਰਹੇ ਬਜਟ ਸੈਸ਼ਨ ਦੇ ਜ਼ੀਰੋ ਆਵਰ ਦੌਰਾਨ ਦਿੱਤੀ, ਜਿਸ ਵਿੱਚ ਪੰਜਾਬ



ਵਿੱਚ ਵਾਰ-ਵਾਰ ਆਉਣ ਵਾਲੇ ਹੜ੍ਹ ਸੰਕਟ @ਤੇ ਚਿੰਤਾ ਪ੍ਰਗਟ ਕੀਤੀ ਗਈ। ਸੰਸਦ ਦੇ ਉਪਰਲੇ ਸਦਨ ਵਿੱਚ ਇਹ ਮੁੱਦਾ ਉਠਾਉਂਦੇ ਹੋਏ ਅਤੇ ਰਾਜ ਦੇ ਹੜ੍ਹ ਸੰਕਟ ਨੂੰ ਹੱਲ ਕਰਨ ਲਈ ਇੱਕ ਵਿਆਪਕ ਯੋਜਨਾ ਦੀ ਜ਼ਰੂਰਤ @ਤੇ ਜ਼ੋਰ ਦਿੰਦੇ ਹੋਏ, ਸੰਸਦ ਮੈਂਬਰ ਸਤਨਾਮ ਸਿੰਘ ਸੰਧੂ ਨੇ ਕਿਹਾ, ÷ਪੰਜਾਬ ਨੂੰ ਸਾਲ ਦਰ ਸਾਲ ਡੁੱਬਣ ਲਈ ਨਹੀਂ ਛੱਡਿਆ ਜਾ ਸਕਦਾ।÷ ਕੇਂਦਰ ਸਰਕਾਰ ਨੂੰ ਅਪੀਲ ਕਰਦੇ ਹੋਏ, ਉਨ੍ਹਾਂ ਹੜ੍ਹ ਸੰਕਟ ਨੂੰ ਵਿਆਪਕ ਤੌਰ 'ਤੇ ਹੱਲ ਕਰਨ ਲਈ ਇੱਕ ਉੱਚ-ਪੱਧਰੀ ਮਾਹਰ ਕਮੇਟੀ ਦੇ ਗਠਨ ਦੀ ਮੰਗ ਕੀਤੀ। ਕਮੇਟੀ ਨੂੰ ਪੰਜਾਬ ਵਿੱਚ ਟਿਕਾਊ ਹੜ੍ਹ ਪ੍ਰਬੰਧਨ ਲਈ ਇੱਕ ਵਿਗਿਆਨਕ ਰੋਡਮੈਪ ਤਿਆਰ ਕਰਨ ਲਈ ਸਥਿਤੀ ਦਾ ਵਿਸਤ੍ਰਿਤ ਮੁਲਾਂਕਣ ਕਰਨਾ ਚਾਹੀਦਾ ਹੈ। ਇਸਨੂੰ ਦਰਿਆਵਾਂ ਅਤੇ ਜਲ ਭੰਡਾਰਾਂ ਦੀ ਸਮੇਂ ਸਿਰ ਸਫਾਈ, ਬੰਨ੍ਹਾਂ ਨੂੰ ਮਜ਼ਬੂਤ ਕਰਨ ਅਤੇ ਪ੍ਰਭਾਵਸ਼ਾਲੀ ਦਰਿਆ ਪ੍ਰਬੰਧਨ ਲਈ ਰਾਜਾਂ ਵਿਚਕਾਰ ਤਾਲਮੇਲ ਨੂੰ ਮਜ਼ਬੂਤ ਕਰਨ ਲਈ ਇੱਕ ਕਾਨੂੰਨੀ ਤੌਰ @ਤੇ ਲਾਜ਼ਮੀ ਪ੍ਰਣਾਲੀ ਸਥਾਪਤ ਕਰਨ @ਤੇ ਵੀ ਕੰਮ ਕਰਨਾ ਚਾਹੀਦਾ ਹੈ। ਹੜ੍ਹ ਸੰਕਟ ਅਤੇ ਰਾਜ ਉੱਤੇ ਇਸਦੇ ਵਿਨਾਸ਼ਕਾਰੀ ਪ੍ਰਭਾਵ ਬਾਰੇ ਬੋਲਦਿਆਂ, ਸੰਸਦ ਮੈਂਬਰ ਸੰਧੂ ਨੇ ਕਿਹਾ, ਪੰਜਾਬ ਵਿੱਚ ਹੜ੍ਹ ਸਿਰਫ਼ ਇੱਕ ਕਦੇ-ਕਦਾਈਂ ਆਉਣ ਵਾਲੀ ਕੁਦਰਤੀ ਆਫ਼ਤ ਨਹੀਂ ਹੈ, ਸਗੋਂ ਇੱਕ ਯੋਜਨਾਬੱਧ ਅਸਫਲਤਾ ਅਤੇ ਇੱਕ ਸਾਲਾਨਾ ਦੁਖਾਂਤ ਹੈ ਜਿਸਨੇ ਸਾਲਾਂ ਤੋਂ ਆਮ ਜੀਵਨ ਨੂੰ ਵਿਗਾੜਿਆ ਹੈ, ਜਿਸ ਨਾਲ ਰਾਜ ਨੂੰ ਗੰਭੀਰ ਮਨੁੱਖੀ, ਆਰਥਿਕ ਅਤੇ ਵਾਤਾਵਰਣਕ ਨੁਕਸਾਨ ਹੋਇਆ ਹੈ। ਆਜ਼ਾਦੀ ਤੋਂ ਬਾਅਦ ਪੰਜਾਬ ਨੇ 10 ਤੋਂ ਵੱਧ ਵਿਨਾਸ਼ਕਾਰੀ ਹੜ੍ਹਾਂ ਦਾ ਸਾਹਮਣਾ ਕੀਤਾ ਹੈ। 2023 ਦੇ ਹੜ੍ਹਾਂ ਵਿੱਚ 50 ਤੋਂ ਵੱਧ ਲੋਕਾਂ ਨੇ ਆਪਣੀਆਂ ਜਾਨਾਂ ਗੁਆ ਦਿੱਤੀਆਂ ਅਤੇ 2025 ਦੇ ਹੜ੍ਹਾਂ ਵਿੱਚ 37 ਤੋਂ ਵੱਧ ਲੋਕਾਂ ਨੇ ਆਪਣੀਆਂ ਜਾਨਾਂ ਗੁਆਈਆਂ, ਜਦੋਂ ਕਿ ਲਗਭਗ 400,000 ਲੋਕ ਸਿੱਧੇ ਤੌਰ ਤੇ ਪ੍ਰਭਾਵਿਤ ਹੋਏ ਅਤੇ ਬਹੁਤ ਸਾਰੇ ਲੋਕ ਬੇਘਰ ਹੋ ਗਏ। ਹੜ੍ਹਾਂ ਕਾਰਨ ਖੇਤੀਬਾੜੀ ਨੂੰ ਹੋਏ ਭਾਰੀ ਨੁਕਸਾਨ ਬਾਰੇ ਬੋਲਦਿਆਂ, ਸੰਸਦ ਮੈਂਬਰ ਨੇ ਕਿਹਾ, ਪੰਜਾਬ ਵਿੱਚ 300,000 ਹੈਕਟੇਅਰ ਤੋਂ ਵੱਧ ਖੇਤੀਬਾੜੀ ਜ਼ਮੀਨ ਹੜ੍ਹਾਂ ਨਾਲ ਨੁਕਸਾਨੀ ਗਈ। 300,000 ਤੋਂ ਵੱਧ ਪਸ਼ੂ ਅਤੇ 600,000 ਤੋਂ ਵੱਧ ਪੋਲਟਰੀ ਪੰਛੀ ਮਾਰੇ ਗਏ। ਸੜਕਾਂ, ਹਸਪਤਾਲ ਅਤੇ ਸਕੂਲ ਵਰਗੀਆਂ ਮਹੱਤਵਪੂਰਨ ਭਾਈਚਾਰਕ ਸਹੂਲਤਾਂ ਵੀ ਪ੍ਰਭਾਵਿਤ ਹੋਈਆਂ ਹਨ। ਖੇਤਰ ਵਿੱਚ ਡੈਮਾਂ ਦੀ ਸਟੋਰੇਜ ਸਮਰੱਥਾ ਦੇ ਮੁੱਦੇ @ਤੇ ਬੋਲਦਿਆਂ, ਸੰਸਦ ਮੈਂਬਰ ਨੇ ਕਿਹਾ, ÷ਅੱਜ ਸਾਡੇ ਸਾਹਮਣੇ ਸਭ ਤੋਂ ਵੱਡੀਆਂ ਚੁਣੌਤੀਆਂ ਵਿੱਚੋਂ ਇੱਕ ਭਾਰੀ ਗਾਰਾਪਣ ਕਾਰਨ ਡੈਮਾਂ ਦੀ ਸਟੋਰੇਜ ਸਮਰੱਥਾ ਵਿੱਚ ਕਮੀ ਹੈ। ਸੰਸਦ ਮੈਂਬਰ ਸਤਨਾਮ ਸਿੰਘ ਸੰਧੂ ਨੇ ਰਾਹਤ ਅਤੇ ਬਚਾਅ ਕਾਰਜਾਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਭਾਵੇਂ ਇਹ ਸ਼ਲਾਘਾਯੋਗ ਹਨ, ਪਰ ਇਹ ਲੰਬੇ ਸਮੇਂ ਦਾ ਹੱਲ ਨਹੀਂ ਹਨ। ਹੜ੍ਹਾਂ ਦੇ ਮੂਲ ਕਾਰਨਾਂ ਵਿੱਚ ਡੈਮਾਂ ਵਿੱਚ ਵਧਦਾ ਗਾਰਾਪਣ, ਡੈਮਾਂ ਦੀ ਲਗਾਤਾਰ ਘਟਦੀ ਸਮਰੱਥਾ, ਗੈਰ-ਕਾਨੂੰਨੀ ਮਾਈਨਿੰਗ ਅਤੇ ਕੁਦਰਤੀ ਡਰੇਨੇਜ ਚੈਨਲਾਂ @ਤੇ ਕਬਜ਼ਾ, ਨਦੀਆਂ ਦੇ ਆਕਾਰ ਵਿੱਚ ਬਦਲਾਅ ਅਤੇ ਬੇਕਾਬੂ ਨਦੀਆਂ ਦੇ ਮੋੜ ਸ਼ਾਮਲ ਹਨ, ਜੋ ਸਥਿਤੀ ਨੂੰ ਹੋਰ ਵਿਗਾੜ ਰਹੇ ਹਨ। ਇਸ ਤੋਂ ਇਲਾਵਾ, ਰਾਜਾਂ ਵਿਚਕਾਰ ਤਾਲਮੇਲ ਦੀ ਘਾਟ ਵੀ ਸਥਿਤੀ ਵਿੱਚ ਯੋਗਦਾਨ ਪਾ ਰਹੀ ਹੈ। ਉਨ੍ਹਾਂ ਨੇ ਪੰਜਾਬ ਵਿੱਚ ਹੜ੍ਹਾਂ ਦੌਰਾਨ ਕੀਤੇ ਗਏ ਰਾਹਤ ਅਤੇ ਪੁਨਰਵਾਸ ਕਾਰਜਾਂ ਲਈ 1,600 ਕਰੋੜ ਦੀ ਵਾਧੂ ਵਿੱਤੀ ਸਹਾਇਤਾ ਲਈ ਪ੍ਰਧਾਨ ਮੰਤਰੀ ਮੋਦੀ ਦਾ ਧੰਨਵਾਦ ਕੀਤਾ। ਉਨ੍ਹਾਂ ਨੇ ਰਾਸ਼ਟਰੀ ਆਫ਼ਤ ਪ੍ਰਤੀਕਿਰਿਆ ਬਲ, ਰਾਜ ਆਫ਼ਤ ਪ੍ਰਤੀਕਿਰਿਆ ਬਲ, ਫੌਜ ਅਤੇ ਹਵਾਈ ਸੈਨਾ ਦਾ ਬਚਾਅ ਕਾਰਜਾਂ ਨੂੰ ਅੰਜਾਮ ਦੇਣ ਅਤੇ 20,000 ਤੋਂ ਵੱਧ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਕੱਢਣ ਦੇ ਯਤਨਾਂ ਲਈ ਵੀ ਧੰਨਵਾਦ ਕੀਤਾ।

# ਕਟਾਰੀਆ ਵੱਲੋਂ ਹਰਪ੍ਰੀਤ ਸੰਧੂ ਦੀ ਕੌਫੀ ਟੇਬਲ ਕਿਤਾਬ 'ਸੁਖਨਾ ਝੀਲ ਐਟ ਡਾਨ' ਜਾਰੀ



ਚੰਡੀਗੜ੍ਹ, 10 ਮਾਰਚ (ਚ.ਨ.ਸ.) : ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਯੂਟੀ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਪੰਜਾਬ ਲੋਕ ਭਵਨ ਵਿਖੇ ਹਰਪ੍ਰੀਤ ਸੰਧੂ ਦੁਆਰਾ ਲਿਖੀ ਗਈ ਚਿੱਤਰਿਤ ਕੌਫੀ ਟੇਬਲ ਕਿਤਾਬ ÷ਸੁਖਨਾ ਝੀਲ ਐਟ ਡਾਨ÷ ਜਾਰੀ ਕੀਤੀ। ਇਸ ਮੌਕੇ 'ਤੇ ਆਪਣੇ ਸੰਬੋਧਨ ਵਿੱਚ, ਰਾਜਪਾਲ ਨੇ ਕਿਹਾ ਕਿ ਸਿਟੀ ਬਿਊਟੀਫੁਲ ਵਜੋਂ ਜਾਣੇ ਜਾਂਦੇ ਚੰਡੀਗੜ੍ਹ ਦੀ ਸੁੰਦਰਤਾ ਸੁਖਨਾ ਝੀਲ ਦੀ ਸ਼ਾਂਤ ਅਤੇ ਕੁਦਰਤੀ ਸੁਹਜ ਨਾਲ ਡੂੰਘਾਈ ਨਾਲ ਜੁੜੀ ਹੋਈ ਹੈ। ਉਨ੍ਹਾਂ ਕਿਹਾ ਕਿ ਸੁਖਨਾ ਝੀਲ ਨਾ ਸਿਰਫ਼ ਇੱਕ ਪ੍ਰਮੁੱਖ ਸੈਲਾਨੀ ਸਥਾਨ ਹੈ ਬਲਕਿ ਸ਼ਹਿਰ ਦੀ ਸੱਭਿਆਚਾਰਕ ਅਤੇ ਵਾਤਾਵਰਣ ਵਿਰਾਸਤ ਦਾ ਇੱਕ ਅਨਿੱਖੜਵਾਂ ਅੰਗ ਵੀ ਹੈ, ਜੋ ਨਿਵਾਸੀਆਂ ਅਤੇ ਸੈਲਾਨੀਆਂ ਨੂੰ ਕੁਦਰਤ ਨਾਲ ਜੁੜਨ ਲਈ ਇੱਕ ਸ਼ਾਂਤ ਵਾਤਾਵਰਣ ਪ੍ਰਦਾਨ ਕਰਦੀ ਹੈ। ਸ਼੍ਰੀ ਕਟਾਰੀਆ ਨੇ ਕਿਹਾ ਕਿ ਸੁਖਨਾ ਝੀਲ ਦੀ ਸੁੰਦਰਤਾ ਅਤੇ ਵਾਤਾਵਰਣ ਸੰਤੁਲਨ ਬਣਾਈ ਰੱਖਣਾ ਸਾਡੀ ਸਮੂਹਿਕ ਜ਼ਿੰਮੇਵਾਰੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਕਿਸੇ ਵੀ ਪ੍ਰਦੂਸ਼ਿਤ ਪਾਣੀ ਨੂੰ ਝੀਲ ਵਿੱਚ ਦਾਖਲ ਨਹੀਂ ਹੋਣ ਦੇਣਾ ਚਾਹੀਦਾ, ਕਿਉਂਕਿ ਇਸਦੀ ਸ਼ੁੱਧਤਾ ਬਣਾਈ ਰੱਖਣਾ ਚੰਡੀਗੜ੍ਹ ਦੀ ਕੁਦਰਤੀ ਸੁੰਦਰਤਾ ਅਤੇ ਵਾਤਾਵਰਣ ਸਿਹਤ ਨੂੰ ਸੁਰੱਖਿਅਤ ਰੱਖਣ ਲਈ ਜ਼ਰੂਰੀ ਹੈ। ਰਾਜਪਾਲ ਨੇ ਲੇਖਕ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਕੌਫੀ ਟੇਬਲ ਕਿਤਾਬ ਸੁਖਨਾ ਝੀਲ ਦੀ ਮਨਮੋਹਕ ਕੁਦਰਤੀ ਸੁੰਦਰਤਾ ਨੂੰ ਸੁੰਦਰਤਾ ਨਾਲ ਪੇਸ਼ ਕਰਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਅਜਿਹੀਆਂ ਪਹਿਲਕਦਮੀਆਂ ਕੁਦਰਤੀ ਸਰੋਤਾਂ ਦੀ ਸੰਭਾਲ ਬਾਰੇ ਨਾਗਰਿਕਾਂ ਵਿੱਚ ਜਾਗਰੂਕਤਾ ਵਧਾਉਣ ਵਿੱਚ ਮਦਦ ਕਰਦੀਆਂ ਹਨ ਅਤੇ ਲੋਕਾਂ ਨੂੰ ਚੰਡੀਗੜ੍ਹ ਨੂੰ ਸਾਫ਼, ਹਰਾ ਅਤੇ ਸੁੰਦਰ ਰੱਖਣ ਲਈ ਪ੍ਰੇਰਿਤ ਕਰਦੀਆਂ ਹਨ। ਪੰਜਾਬ ਰਾਜ ਸੂਚਨਾ ਕਮਿਸ਼ਨਰ ਹਰਪ੍ਰੀਤ ਸੰਧੂ ਨੇ ਕਿਤਾਬ ਦੇ ਰਿਲੀਜ਼ ਲਈ ਰਾਜਪਾਲ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਪ੍ਰਕਾਸ਼ਨ ਦਾ ਉਦੇਸ਼ ਸਵੇਰੇ ਤੜਕੇ ਖਿੱਚੀਆਂ ਗਈਆਂ ਤਸਵੀਰਾਂ ਰਾਹੀਂ ਸੁਖਨਾ ਝੀਲ ਦੀ ਸਦੀਵੀ ਸੁੰਦਰਤਾ ਨੂੰ ਉਜਾਗਰ ਕਰਨਾ ਹੈ, ਨਾਲ ਹੀ ਲੋਕਾਂ ਨੂੰ ਚੰਡੀਗੜ੍ਹ ਦੇ ਇਸ ਪ੍ਰਤੀਕ ਸਥਾਨ ਦੀ ਕਦਰ ਕਰਨ ਅਤੇ ਉਸਦੀ ਰੱਖਿਆ ਕਰਨ ਲਈ ਪ੍ਰੇਰਿਤ ਕਰਨਾ ਹੈ।

ਇਸ ਮੌਕੇ ਪੰਜਾਬ ਦੇ ਰਾਜਪਾਲ ਦੇ ਪ੍ਰਮੁੱਖ ਸਕੱਤਰ ਸ੍ਰੀ ਵਿਵੇਕ ਪ੍ਰਤਾਪ ਸਿੰਘ, ਸੈਰ-ਸਪਾਟਾ ਸਕੱਤਰ ਡਾ. ਸਈਦ ਆਬਿਦ ਰਸ਼ੀਦ ਸ਼ਾਹ, ਪੁਲਿਸ ਡਾਇਰੈਕਟਰ ਜਨਰਲ, ਚੰਡੀਗੜ੍ਹ ਡਾ. ਸਾਗਰ ਪ੍ਰੀਤ ਹੁੱਡਾ; ਪੀਏਯੂ ਦੇ ਵਾਈਸ ਚਾਂਸਲਰ ਡਾ. ਸਤਬੀਰ ਸਿੰਘ ਗੋਸਲ; ਅਤੇ ਵਿਗਿਆਨੀ ਅਤੇ ਖੇਤੀਬਾੜੀ ਮਾਹਰ ਗੁਰਦੇਵ ਸਿੰਘ ਖੁਸ਼ ਮੌਜੂਦ ਸਨ।

# ਚੰਡੀਗੜ੍ਹ 99.93 ਫੀਸਦੀ ਸਾਖਰਤਾ ਦਰ ਨਾਲ ਪੂਰੀ ਤਰ੍ਹਾਂ ਸਾਖਰ ਹੋਇਆ

ਚੰਡੀਗੜ੍ਹ, 10 ਮਾਰਚ (ਚ.ਨ.ਸ.) : ਚੰਡੀਗੜ੍ਹ ਨੇ 99.93% ਦੀ ਸਾਖਰਤਾ ਦਰ ਪ੍ਰਾਪਤ ਕਰਕੇ ਇੱਕ ਮਹੱਤਵਪੂਰਨ ਮੀਲ ਪੱਥਰ ਪ੍ਰਾਪਤ ਕੀਤਾ ਹੈ, ਜੋ ਕਿ ਇੱਕ ਪੂਰੀ ਤਰ੍ਹਾਂ ਸਾਖਰ ਕੇਂਦਰ ਸ਼ਾਸਤ ਪ੍ਰਦੇਸ਼ ਬਣ ਗਿਆ ਹੈ। ਇਸ ਪ੍ਰਾਪਤੀ ਦਾ ਜਸ਼ਨ ਮਨਾਉਣ ਲਈ, ਚੰਡੀਗੜ੍ਹ ਪ੍ਰਸ਼ਾਸਨ ਦੇ ਸਿੱਖਿਆ ਵਿਭਾਗ ਨੇ ਉੱਲਾਸ - ਨਵੇਂ ਸਾਖਰਤਾ ਪ੍ਰਾਪਤ ਨਾਗਰਿਕਾਂ ਦਾ ਨਿਵੇਸ਼ ਸਮਾਰੋਹ ਦਾ ਆਯੋਜਨ ਕੀਤਾ, ਜਿੱਥੇ ਨਵੇਂ ਸਾਖਰ ਨਾਗਰਿਕਾਂ ਨੂੰ ਉਨ੍ਹਾਂ ਦੀਆਂ ਪ੍ਰਾਪਤੀਆਂ ਲਈ ਸਨਮਾਨਿਤ ਕੀਤਾ ਗਿਆ। ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ, ਇਸ ਸਮਾਗਮ ਵਿੱਚ ਮੁੱਖ ਮਹਿਮਾਨ ਸਨ, ਜਦੋਂ ਕਿ ਯੂਟੀ ਚੰਡੀਗੜ੍ਹ ਦੇ ਮੁੱਖ ਸਕੱਤਰ, ਸ਼੍ਰੀ ਐਚ. ਰਾਜੇਸ਼ ਪ੍ਰਸਾਦ, ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਸਮਾਰੋਹ ਨੇ ਨਵੇਂ ਸਾਖਰ ਨਾਗਰਿਕਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਇੱਕ ਸਸ਼ਕਤ ਸਮਾਜ ਦੇ ਨਿਰਮਾਣ ਵਿੱਚ ਸਿੱਖਿਆ ਦੇ ਮਹੱਤਵ ਨੂੰ ਉਜਾਗਰ ਕੀਤਾ। ਇਸ ਮੌਕੇ 'ਤੇ ਆਪਣੇ ਸੰਬੋਧਨ ਵਿੱਚ, ਰਾਜਪਾਲ ਨੇ ਇਸਨੂੰ ਚੰਡੀਗੜ੍ਹ ਲਈ ਇੱਕ ਇਤਿਹਾਸਕ ਪਲ ਦੱਸਿਆ। ਉਨ੍ਹਾਂ ਕਿਹਾ ਕਿ ULLAAS ਅਧੀਨ ਇਸ ਸਫਲਤਾ ਨੇ ਸ਼ਹਿਰ ਨੂੰ ਰਾਸ਼ਟਰੀ ਸਿੱਖਿਆ ਨੀਤੀ 2020 ਦੁਆਰਾ ਨਿਰਧਾਰਤ 95 ਪ੍ਰਤੀਸ਼ਤ ਸਾਖਰਤਾ ਮਿਆਰ ਤੋਂ ਪਾਰ ਕਰ ਦਿੱਤਾ ਹੈ। ਇਸ ਪ੍ਰਾਪਤੀ ਦੇ ਨਾਲ, ਚੰਡੀਗੜ੍ਹ ਪੂਰੀ ਸਾਖਰਤਾ ਪ੍ਰਾਪਤ ਕਰਨ ਵਾਲਾ ਛੇਵਾਂ ਰਾਜ/ਕੇਂਦਰ ਸ਼ਾਸਤ ਪ੍ਰਦੇਸ਼ ਅਤੇ ਦੇਸ਼ ਦਾ ਦੂਜਾ ਕੇਂਦਰ ਸ਼ਾਸਤ ਪ੍ਰਦੇਸ਼ ਬਣ ਗਿਆ ਹੈ। ਸ੍ਰੀ ਕਟਾਰੀਆ ਨੇ ਕਿਹਾ ਕਿ ਚੰਡੀਗੜ੍ਹ ਦੀ ਸਾਖਰਤਾ ਦਰ 93.7 ਪ੍ਰਤੀਸ਼ਤ ਤੋਂ ਵਧ ਕੇ 99.93 ਪ੍ਰਤੀਸ਼ਤ ਹੋ ਗਈ ਹੈ। ਪ੍ਰੋਗਰਾਮ ਵਿੱਚ 15,556 ਨਾਗਰਿਕਾਂ ਨੇ ਹਿੱਸਾ ਲਿਆ, ਜਿਨ੍ਹਾਂ ਵਿੱਚੋਂ 14,711 ਨੇ ਸਾਖਰਤਾ ਮੁਲਾਂਕਣ ਸਫਲਤਾਪੂਰਵਕ ਪਾਸ ਕੀਤਾ। ਉਨ੍ਹਾਂ ਨੇ ਮਹਿਲਾ ਸਾਖਰਤਾ ਦਰ ਵਿੱਚ 90.7 ਪ੍ਰਤੀਸ਼ਤ ਤੋਂ 99.89 ਪ੍ਰਤੀਸ਼ਤ ਤੱਕ ਦੇ ਮਹੱਤਵਪੂਰਨ ਵਾਧੇ ਨੂੰ ਮਹਿਲਾ ਸਸ਼ਕਤੀਕਰਨ ਵੱਲ ਇੱਕ ਮਹੱਤਵਪੂਰਨ ਕਦਮ ਦੱਸਿਆ।




ਰਾਜਪਾਲ ਨੇ ਇਸ ਪ੍ਰਾਪਤੀ ਦਾ ਸਿਹਰਾ ਚੰਡੀਗੜ੍ਹ ਪ੍ਰਸ਼ਾਸਨ, ਸਿੱਖਿਆ ਵਿਭਾਗ, ਅਧਿਆਪਕਾਂ, ਵਲੰਟੀਅਰਾਂ, ਗੈਰ-ਸਰਕਾਰੀ ਸੰਗਠਨਾਂ ਅਤੇ ਸਮਾਜਿਕ ਸੰਗਠਨਾਂ ਦੇ ਸਮੂਹਿਕ ਯਤਨਾਂ ਨੂੰ ਦਿੱਤਾ, ਜਿਨ੍ਹਾਂ ਨੇ ਅਨਪੜ੍ਹ ਨਾਗਰਿਕਾਂ ਤੱਕ ਪਹੁੰਚਣ ਲਈ ਅਣਥੱਕ ਮਿਹਨਤ ਕੀਤੀ। ਉਨ੍ਹਾਂ ਨੇ ਨਵੇਂ ਸਾਖਰ ਲੋਕਾਂ ਨੂੰ ਵੀ ਵਧਾਈ ਦਿੱਤੀ ਜਿਨ੍ਹਾਂ ਨੇ ਇਸ ਪ੍ਰੋਗਰਾਮ ਰਾਹੀਂ ਅਕਾਦਮਿਕ ਗਿਆਨ ਅਤੇ ਡਿਜੀਟਲ ਸਾਖਰਤਾ ਦੋਵੇਂ ਪ੍ਰਾਪਤ ਕੀਤੇ। ਉਨ੍ਹਾਂ ਕਿਹਾ ਕਿ ਸਾਖਰਤਾ ਜੀਵਨ ਭਰ ਸਿੱਖਣ ਦੀ ਯਾਤਰਾ ਦੀ ਸ਼ੁਰੂਆਤ ਹੈ ਅਤੇ ਸਿੱਖਿਆ ÷ਵਿਕਸਤ ਭਾਰਤ 2047÷ ਦੇ ਟੀਚੇ ਨੂੰ ਪ੍ਰਾਪਤ ਕਰਨ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ। ਉਨ੍ਹਾਂ ਨਾਗਰਿਕਾਂ ਨੂੰ ਲਗਾਤਾਰ ਸਿੱਖਣ ਅਤੇ ਗਿਆਨ-ਅਧਾਰਤ ਅਤੇ ਪ੍ਰਗਤੀਸ਼ੀਲ ਸਮਾਜ ਦੇ ਨਿਰਮਾਣ ਵਿੱਚ ਯੋਗਦਾਨ ਪਾਉਣ ਦਾ ਸੱਦਾ ਦਿੱਤਾ। ਸ਼੍ਰੀਮਤੀ ਪ੍ਰੇਰਨਾ ਪੁਰੀ, ਸਕੱਤਰ, ਸਿੱਖਿਆ; ਸ਼੍ਰੀ ਨਿਤੀਸ਼ ਸਿੰਗਲਾ, ਡਾਇਰੈਕਟਰ, ਸਕੂਲ ਸਿੱਖਿਆ; ਅਤੇ ਡਾ. ਸੁਰੇਂਦਰ ਸਿੰਘ ਦਹੀਆ, ਡਾਇਰੈਕਟਰ, ਐਸਸੀਈਆਰਟੀ, ਯੂਟੀ ਚੰਡੀਗੜ੍ਹ, ਵੀ ਇਸ ਮੌਕੇ ਮੌਜੂਦ ਸਨ।

## ਅਕਾਲੀ ਬਾਬਾ ਫੂਲਾ ਸਿੰਘ ਜੀ ਅਤੇ ਬਾਬਾ ਤਾਰਾਂ ਸਿੰਘ ਵਾਂ ਜੀ ਦੀ ਯਾਦ ਵਿੱਚ ਵਿਸ਼ਾਲ ਸਾਲਾਨਾ ਜੋੜ ਮੇਲ 13 ਤੋਂ

ਪਟਿਆਲਾ, 10 ਮਾਰਚ (ਚ.ਨ.ਸ.) : ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਛੇਵੇਂ ਜਥੇਦਾਰ ਸਿੰਘ ਸਾਹਿਬ ਅਕਾਲੀ ਬਾਬਾ ਫੂਲਾ ਸਿੰਘ ਜੀ ਅਤੇ ਸੰਤ ਬਾਬਾ ਤਾਰਾਂ ਸਿੰਘ ਵਾਂ ਜੀ ਦੇ 300 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਲਾਨਾ ਜੋੜ ਮੇਲ 13, 14 ਅਤੇ 15 ਮਾਰਚ 2026 ਨੂੰ ਪਟਿਆਲਾ ਵਿਖੇ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ। ਇਹ ਸਮਾਗਮ ਗੁਰਦੁਆਰਾ ਸਾਹਿਬ ਬਿੰਦਰਾ ਕਲੋਨੀ, ਸਾਹਮਣੇ ਮੰਗਲਵਾਰ ਮੰਡੀ ਗਰਾਊਂਡ ਵਿਖੇ ਆਯੋਜਿਤ ਹੋਵੇਗਾ। ਸਮਾਗਮ ਦੇ ਅੰਤਿਮ ਦਿਨ 15 ਮਾਰਚ ਨੂੰ ਸਵੇਰੇ 8:00 ਵਜੇ ਅਖੰਡ ਜਾਪ ਦੇ ਭੋਗ ਪਾਏ ਜਾਣਗੇ, ਜਿਸ ਤੋਂ ਬਾਅਦ ਸਵੇਰੇ 10:00 ਵਜੇ ਤੋਂ ਦੁਪਹਿਰ 2:00 ਵਜੇ ਤੱਕ ਵਿਸ਼ੇਸ਼ ਗੁਰਮਤਿ ਦੀਵਾਨ ਸਜਾਏ ਜਾਣਗੇ। ਇਨ੍ਹਾਂ ਦੀਵਾਨਾਂ ਵਿੱਚ ਉੱਚ ਕੋਟੀ ਦੇ ਗੁਣੀ ਵਿਦਵਾਨ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਨਗੇ।

ਇਸੇ ਦਿਨ ਸ਼ਾਮ 3:00 ਵਜੇ ਗੁਰੂ ਦੀਆਂ ਲਾਡਲੀਆਂ ਫੌਜਾਂ ਵੱਲੋਂ ਇੱਕ ਵਿਸ਼ਾਲ ਨਿਹੰਗ ਸਿੰਘ ਮਹੱਲਾ ਕੱਢਿਆ ਜਾਵੇਗਾ। ਇਹ ਮਹੱਲਾ ਗੁਰਦੁਆਰਾ ਬਿੰਦਰਾ ਕਲੋਨੀ ਤੋਂ ਸ਼ੁਰੂ ਹੋ ਕੇ ਗੁਰਦੁਆਰਾ ਦੂਖ ਨਿਵਾਰਨ ਸਾਹਿਬ, ਮਾਤਾ ਕੁਸ਼ੱਲਿਆ ਹਸਪਤਾਲ ਅਤੇ ਸਰਹੰਦੀ ਗੇਟ ਤੋਂ ਹੁੰਦਾ ਹੋਇਆ ਆਤਮਾ ਰਾਮ ਕੁਮਾਰ ਸਭਾ ਗਰਾਊਂਡ ਮੇਨ ਰੋਡ 'ਤੇ ਸਮਾਪਤ ਹੋਵੇਗਾ। ਇੱਥੇ ਨਿਹੰਗ ਸਿੰਘਾਂ ਵੱਲੋਂ ਘੋੜ ਦੌੜ ਅਤੇ ਨੇਜ਼ਾਬਾਜ਼ੀ ਦੇ ਜੌਹਰ ਦਿਖਾ ਕੇ ਆਪਣੀ ਜੰਗੀ ਕਲਾ ਦਾ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਸਮਾਗਮ ਦੇ ਪ੍ਰਬੰਧਾਂ ਵਿੱਚ ਜਥੇਦਾਰ ਗਿਆਨੀ ਸ਼ੇਰ ਸਿੰਘ ਜੀ, ਪ੍ਰਬੰਧਕ ਕਮੇਟੀ ਗੁਰਦੁਆਰਾ ਬਿੰਦਰਾ ਕਲੋਨੀ, ਗੁਰਦੁਆਰਾ ਸਾਹਿਬ ਪ੍ਰੀਤ ਨਗਰ, ਐਮ.ਐਲ.ਏ. ਅਜੀਤਪਾਲ ਸਿੰਘ ਕੋਹਲੀ ਅਤੇ ਦਲ ਪੰਥ ਪਟਿਆਲਾ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਜਾ ਰਿਹਾ ਹੈ। ਪ੍ਰਬੰਧਕਾਂ ਨੇ ਸਮੂਹ ਨਾਨਕ ਨਾਮ ਲੇਵਾ ਸੰਗਤਾਂ ਨੂੰ ਇਸ ਮੌਕੇ ਹੁੰਮ-ਹੁਮਾ ਕੇ ਪਹੁੰਚਣ ਦੀ ਬੇਨਤੀ ਕੀਤੀ ਹੈ।

# ਭਾਰਤੀ ਮਾਲੀਆ ਸੇਵਾ ਦੇ 79ਵੇਂ ਬੈਚ ਦੇ ਸਮਾਗਮ 'ਚ ਦ੍ਰੋਪਦੀ ਮੁਰਮੂ ਵੱਲੋਂ ਸ਼ਿਰਕਤ

ਨਵੀਂ ਦਿੱਲੀ, 10 ਮਾਰਚ (ਚ.ਨ.ਸ.) : ਮੈਂ ਇਸ ਵੱਕਾਰੀ ਸੇਵਾ ਵਿੱਚ ਚੋਣ ਲਈ ਤੁਹਾਡੇ ਵਿੱਚੋਂ ਹਰੇਕ ਨੂੰ ਦਿਲੋਂ ਵਧਾਈਆਂ ਦਿੰਦੀ ਹਾਂ। ਮੈਂ ਰਾਇਲ ਭੂਟਾਨ ਸੇਵਾ ਦੇ ਦੋ ਅਧਿਕਾਰੀਆਂ ਨੂੰ ਵੀ ਵਧਾਈ ਦਿੰਦੀ ਹਾਂ। ਸਿਵਲ ਸੇਵਾਵਾਂ ਪ੍ਰੀਖਿਆ ਵਿੱਚ ਤੁਹਾਡੀ ਸਫਲਤਾ ਤੁਹਾਡੇ ਦ੍ਰਿੜ ਇਰਾਦੇ, ਲਗਨ ਅਤੇ ਯੋਗਤਾ ਦਾ ਪ੍ਰਮਾਣ ਹੈ। ਤੁਸੀਂ ਹੁਣ ਇੱਕ ਪ੍ਰਮੁੱਖ ਸੇਵਾ ਵਿੱਚ ਸ਼ਾਮਲ ਹੋ ਗਏ ਹੋ ਜੋ ਦੇਸ਼ ਦੇ ਵਿਕਾਸ, ਲੋਕ ਭਲਾਈ ਅਤੇ ਰਾਸ਼ਟਰੀ ਸੁਰੱਖਿਆ ਲਈ ਲੋੜੀਂਦੇ ਵਿੱਤੀ ਸਰੋਤਾਂ ਨੂੰ ਜੁਟਾ ਕੇ ਰਾਸ਼ਟਰ ਨਿਰਮਾਣ ਵਿੱਚ ਬੁਨਿਆਦੀ ਭੂਮਿਕਾ ਨਿਭਾਉਂਦੀ ਹੈ। ਆਮਦਨ ਟੈਕਸ ਵਿਭਾਗ ਦਾ ਆਦਰਸ਼ ਵਾਕ, ਕੋਸ਼ ਮੂਲੋ ਦੰਡਹ, ਕੌਟਿਲਯ ਦੇ ਅਰਥ ਸ਼ਾਸਤਰ ਤੋਂ ਲਿਆ ਗਿਆ ਹੈ। ਇਹ ਤੁਹਾਨੂੰ ਹਮੇਸ਼ਾ ਯਾਦ ਦਿਵਾਉਂਦਾ ਰਹੇਗਾ ਕਿ ਸ਼ਾਸਨ ਦੀ ਤਾਕਤ ਖਜ਼ਾਨੇ 'ਤੇ ਟਿਕੀ ਹੋਈ ਹੈ। ਸਿੱਧੇ ਟੈਕਸ ਰਾਸ਼ਟਰੀ ਵਿਕਾਸ ਨੂੰ ਅੱਗੇ ਵਧਾਉਣ ਵਿੱਚ ਇੱਕ ਵੱਡੀ ਭੂਮਿਕਾ ਨਿਭਾਉਂਦੇ ਹਨ। ਮਾਲੀਏ ਦਾ ਇੱਕ ਸਥਿਰ ਸਰੋਤ ਪ੍ਰਦਾਨ ਕਰਕੇ, ਉਹ ਸਰਕਾਰਾਂ ਨੂੰ ਬੁਨਿਆਦੀ ਢਾਂਚਾ, ਸਿੱਖਿਆ, ਸਿਹਤ ਸੰਭਾਲ ਅਤੇ ਸਮਾਜਿਕ ਭਲਾਈ ਵਰਗੇ ਮਹੱਤਵਪੂਰਨ ਖੇਤਰਾਂ ਵਿੱਚ ਨਿਵੇਸ਼ ਕਰਨ ਦੇ ਯੋਗ ਬਣਾਉਂਦੇ ਹਨ। ਇੱਕ ਨਿਰਪੱਖ ਅਤੇ ਪਾਰਦਰਸ਼ੀ ਟੈਕਸ ਪ੍ਰਣਾਲੀ ਸਮਾਨਤਾ ਨੂੰ ਉਤਸ਼ਾਹਿਤ ਕਰਦੀ ਹੈ ਅਤੇ ਸਮਾਵੇਸ਼ੀ ਅਤੇ ਟਿਕਾਊ ਵਿਕਾਸ ਦੀ ਨੀਂਹ ਨੂੰ ਮਜ਼ਬੂਤ ਕਰਦੀ ਹੈ। IRS ਅਧਿਕਾਰੀਆਂ ਦੇ ਰੂਪ ਵਿੱਚ, ਤੁਸੀਂ ਇਹ ਯਕੀਨੀ ਬਣਾਉਣ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਓਗੇ ਕਿ ਟੈਕਸ ਨਿਰਪੱਖਤਾ, ਕੁਸ਼ਲਤਾ ਅਤੇ ਪਾਰਦਰਸ਼ਤਾ ਨਾਲ ਇਕੱਠੇ ਕੀਤੇ ਜਾਣ। ਮਾਲੀਆ ਸੇਵਾ ਦਾ ਆਦੇਸ਼ ਟੈਕਸ ਸੰਗ੍ਰਹਿ ਤੋਂ ਪਰੇ ਹੈ। ਗੁੰਝਲਦਾਰ ਵਿੱਤੀ ਲੈਣ-ਦੇਣ ਦਾ ਵਿਸ਼ਲੇਸ਼ਣ ਕਰਨ, ਸਰਹੱਦਾਂ ਤੋਂ ਪਾਰ ਗੈਰ-ਕਾਨੂੰਨੀ ਵਿੱਤੀ ਪ੍ਰਵਾਹਾਂ ਦਾ ਪਤਾ ਲਗਾਉਣ ਅਤੇ ਗੁੰਝਲਦਾਰ ਕਾਰਪੋਰੇਟ ਢਾਂਚਿਆਂ ਨੂੰ ਸੁਲਝਾਉਣ ਦੀ ਤੁਹਾਡੀ ਯੋਗਤਾ, ਤੁਹਾਨੂੰ ਵਿਕਾਸ ਭਾਰਤ ਦੇ ਟੀਚੇ ਵੱਲ ਦੇਸ਼ ਦੀ ਯਾਤਰਾ ਨੂੰ ਅੱਗੇ ਵਧਾਉਣ ਵਿੱਚ ਲਾਜ਼ਮੀ ਭਾਈਵਾਲ ਬਣਾਉਂਦੀ ਹੈ। ਤੁਹਾਡੇ ਤੋਂ ਅਜਿਹੇ ਫੈਸਲੇ ਲੈਣ ਦੀ ਉਮੀਦ ਕੀਤੀ ਜਾਂਦੀ ਹੈ ਜੋ ਨਿਆਂਪੂਰਨ, ਕੁਸ਼ਲ ਅਤੇ ਵਪਾਰਕ ਪ੍ਰਕਿਰਿਆਵਾਂ ਦੀ ਡੂੰਘੀ ਸਮਝ @ਤੇ ਅਧਾਰਤ ਹੋਣ। ਮੈਨੂੰ ਵਿਸ਼ਵਾਸ ਹੈ ਕਿ ਤੁਹਾਡੇ ਫੈਸਲੇ ਅਤੇ ਕਾਰਵਾਈਆਂ ਕਾਰੋਬਾਰ ਕਰਨ ਵਿੱਚ ਆਸਾਨੀ ਨੂੰ ਸੁਵਿਧਾਜਨਕ ਬਣਾਉਣ ਅਤੇ ਦੇਸ਼ ਦੇ ਮਾਲੀਏ ਦੀ ਸੁਰੱਖਿਆ ਵਿਚਕਾਰ ਸਹੀ ਸੰਤੁਲਨ ਬਣਾਉਣਗੀਆਂ।



## ਪੀ.ਆਈ.ਬੀ. ਚੰਡੀਗੜ੍ਹ ਵਫ਼ਦ ਵੱਲੋਂ ਆਈਆਈਟੀ, ਨਿਫਟ ਅਤੇ ਐਫ.ਡੀ.ਡੀ.ਆਈ. ਦਾ ਦੌਰਾ



ਚੰਡੀਗੜ੍ਹ, 10 ਮਾਰਚ (ਚ.ਨ.ਸ.) : ਪੀਆਈਬੀ ਚੰਡੀਗੜ੍ਹ ਦੇ ਪੱਤਰਕਾਰ ਵਫ਼ਦ ਨੇ ਅੱਜ ਜੋਧਪੁਰ ਵਿੱਚ ਭਾਰਤੀ ਤਕਨੀਕੀ ਸੰਸਥਾਨ ਜੋਧਪੁਰ (ਆਈਆਈਟੀ ਜੋਧਪੁਰ), ਰਾਸ਼ਟਰੀ ਫੈਸ਼ਨ ਪ੍ਰੌਦਯੋਗਿਕੀ ਸੰਸਥਾਨ (ਨਿਫਟ) ਅਤੇ ਫੁਟਵੇਅਰ ਡਿਜ਼ਾਈਨ ਐਂਡ ਡਿਵੈਲਪਮੈਂਟ ਇੰਸਟੀਟਿਊਟ (ਐੱਫਡੀਆਈਆਈ) ਦਾ ਦੌਰਾ ਕੀਤਾ। ਇਸ ਦੌਰਾਨ ਵਫ਼ਦ ਨੇ ਆਈਆਈਟੀ ਦੇ ਖੋਜ ਪ੍ਰਬੰਧਾਂ, ਨਵਾਚਾਰ ਉਪਰਾਲਿਆਂ ਅਤੇ ਉੱਚ ਸਿੱਖਿਆ ਅਤੇ ਤਕਨੀਕੀ ਵਿਕਾਸ ਨਾਲ ਸਬੰਧਤ ਉੱਤਮ ਯਤਨਾਂ ਬਾਰੇ ਜਾਣਕਾਰੀ ਹਾਸਲ ਕੀਤੀ। ਦੌਰੇ ਦੀ ਸ਼ੁਰੂਆਤ ਮੀਡੀਆ ਵਫ਼ਦ ਦੇ ਆਗਮਨ ਅਤੇ ਰਜਿਸਟ੍ਰੇਸ਼ਨ ਨਾਲ ਹੋਈ, ਜਿਸ ਤੋਂ ਬਾਅਦ ਆਈਆਈਟੀ ਜੋਧਪੁਰ ਦੀ ਅਗਵਾਈ @ਚ ਇੱਕ ਸਵਾਗਤ ਅਤੇ ਜਾਣ-ਪਛਾਣ ਸੈਸ਼ਨ ਆਯੋਜਿਤ ਕੀਤਾ ਗਿਆ। ਇਸ ਮੌਕੇ @ਤੇ ਆਈਆਈਟੀ ਜੋਧਪੁਰ ਦੇ ਨਿਦੇਸ਼ਕ ਪ੍ਰੋ. ਅਵਿਨਾਸ਼ ਕੁਮਾਰ ਅਗਰਵਾਲ ਨੇ ਮੀਡੀਆ ਵਫ਼ਦ ਨੂੰ ਸੰਬੋਧਨ ਕਰਦੇ ਹੋਏ ਸੰਸਥਾਨ ਦੇ ਵਿਜ਼ਨ, ਸਿੱਖਿਆ ਪ੍ਰੋਗਰਾਮਾਂ ਅਤੇ ਅਤਿ ਆਧੁਨਿਕ ਖੋਜ, ਤਕਨੀਕੀ ਵਿਕਾਸ ਅਤੇ ਰਾਸ਼ਟਰ ਨਿਰਮਾਣ ਵਿੱਚ ਸੰਸਥਾਨ ਦੇ ਵਧ ਰਹੇ ਯੋਗਦਾਨ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਇਸ ਸੈਸ਼ਨ ਵਿੱਚ ਸੰਸਥਾਨ ਦੇ ਵੱਖ-ਵੱਖ ਫੈਕਲਟੀਜ਼ ਦੇ ਡੀਨ ਵੀ ਮੌਜੂਦ ਰਹੇ ਅਤੇ ਉਨ੍ਹਾਂ ਨੇ ਪੱਤਰਕਾਰਾਂ ਨੂੰ ਵੱਖ-ਵੱਖ ਸਿੱਖਿਆ ਅਤੇ ਖੋਜ ਗਤੀਵਿਧੀਆਂ ਬਾਰੇ ਜਾਣੂ ਕਰਵਾਇਆ। ਪ੍ਰੋ. ਅਗਰਵਾਲ ਨੇ ਦੱਸਿਆ ਕਿ ਆਈਆਈਟੀ ਜੋਧਪੁਰ ਵਿਗਿਆਨ, ਤਕਨੀਕ ਅਤੇ ਨਵਾਚਾਰ ਦੇ ਖੇਤਰ ਵਿੱਚ ਲਗਾਤਾਰ ਨਵੇਂ ਆਯਾਮ ਸਥਾਪਤ ਕਰ ਰਿਹਾ ਹੈ। ਉਨ੍ਹਾਂ ਨੇ ਦੱਸਿਆ ਕਿ ਸੰਸਥਾਨ ਵੱਖ-ਵੱਖ ਰਾਸ਼ਟਰੀ ਸੰਸਥਾਨਾਂ, ਉਦਯੋਗਾਂ ਅਤੇ ਸਰਕਾਰੀ ਵਿਭਾਗਾਂ ਨਾਲ ਸਹਿਯੋਗ ਦੇ ਮਾਧਿਅਮ ਨਾਲ ਕਈ ਮਹੱਤਵਪੂਰਨ ਪ੍ਰੋਜੈਕਟਾਂ @ਤੇ ਕੰਮ ਕਰ ਰਿਹਾ ਹੈ। ਇਨ੍ਹਾਂ ਸਹਿਯੋਗਾਤਮਕ ਯਤਨਾਂ ਰਾਹੀਂ ਖੋਜ, ਤਕਨੀਕੀ ਵਿਕਾਸ ਅਤੇ ਨਵਾਚਾਰ ਨੂੰ ਪ੍ਰੋਤਸਾਹਨ ਦੇਣ ਲਈ ਕਈ ਮਹੱਤਵਪੂਰਨ ਕਦਮ ਚੁੱਕੇ ਗਏ ਹਨ, ਜਿਸ ਨਾਲ ਸਮਾਜ ਅਤੇ ਉਦਯੋਗ ਦੋਹਾਂ ਨੂੰ ਲਾਭ ਮਿਲ ਰਿਹਾ ਹੈ। ਇਸ ਦੌਰਾਨ ਵਫ਼ਦ ਨੇ ਸਕੂਲ ਆਫ ਡਿਜ਼ਾਈਨ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਨੂੰ ਅੰਤਰ ਵਿਸ਼ਾ ਡਿਜ਼ਾਈਨ ਸਿੱਖਿਆ, ਨਵਾਚਾਰ ਅਧਾਰਤ ਸਿਖਲਾਈ ਵਿਧੀਆਂ ਅਤੇ ਸਮਾਜਿਕ ਅਤੇ ਤਕਨੀਕੀ ਚੁਣੌਤੀਆਂ ਦੇ ਹੱਲ ਨਾਲ ਜੁੜੇ ਪ੍ਰੋਜੈਕਟਾਂ ਬਾਰੇ ਜਾਣਕਾਰੀ ਦਿੱਤੀ ਗਈ। ਪੱਤਰਕਾਰ ਵਫ਼ਦ ਨੇ ਜੋਧਪੁਰ ਸਿਟੀ ਨੌਲਿਜ ਐਂਡ ਇਨੋਵੇਸ਼ਨ ਫਾਊਂਡੇਸ਼ਨ (ਜੇਸੀਕੇਆਈਐੱਫ) ਦਾ ਵੀ ਦੌਰਾ ਕੀਤਾ, ਜਿੱਥੇ ਉਨ੍ਹਾਂ ਨੂੰ ਖੇਤਰ ਵਿੱਚ ਉੱਦਮਤਾ, ਸਟਾਰਟਅਪ ਇਨਕਿਊਬੇਸ਼ਨ ਅਤੇ ਨਵਾਚਾਰ ਅਧਾਰਤ ਪ੍ਰਬੰਧਾਂ ਨੂੰ ਪ੍ਰੋਤਸਾਹਨ ਦੇਣ ਨਾਲ ਸਬੰਧਤ ਵੱਖ-ਵੱਖ ਉਪਰਾਲਿਆਂ ਬਾਰੇ ਦੱਸਿਆ ਗਿਆ। ਇਸ ਤੋਂ ਇਲਾਵਾ ਵਫ਼ਦ ਨੇ ਆਈਆਈਟੀ ਜੋਧਪੁਰ ਦੀ ਸੈਂਟਰਲ ਰਿਸਰਚ ਫੈਸਿਲਟੀ (ਸੀਆਰਐੱਫ) ਦਾ ਦੌਰਾ ਕੀਤਾ, ਜਿੱਥੇ ਅਤਿ ਆਧੁਨਿਕ ਵਿਗਿਆਨਕ ਉਪਕਰਣਾਂ ਅਤੇ ਖੋਜ ਢਾਂਚਿਆਂ ਰਾਹੀਂ ਵੱਖ-ਵੱਖ ਵਿਸ਼ਿਆਂ ਵਿੱਚ ਉੱਨਤ ਖੋਜ ਕਾਰਜ ਕੀਤੇ ਜਾ ਰਹੇ ਹਨ। ਦੌਰੇ ਦੌਰਾਨ ਵਫ਼ਦ ਨੇ ਸੰਸਥਾਨ ਦੇ ਟਿਕਾਊ ਅਤੇ ਵਾਤਾਵਰਣ ਅਨੁਕੂਲ ਕੈਂਪਸ ਦਾ ਵੀ ਨਿਰੀਖਣ ਕੀਤਾ, ਜਿਸ ਵਿੱਚ ਊਰਜਾ ਕੁਸ਼ਲ ਪ੍ਰਣਾਲੀਆਂ, ਵਾਤਾਵਰਣ ਪ੍ਰਤੀ ਜ਼ਿੰਮੇਵਾਰ ਢਾਂਚਾ ਅਤੇ ਟਿਕਾਊ ਵਿਕਾਸ ਨਾਲ ਸਬੰਧਤ ਵੱਖ-ਵੱਖ ਯਤਨਾਂ ਨੂੰ ਦੇਖਿਆ।

# ਬੀ.ਐਸ.ਐਨ.ਐਲ. ਨੇ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ

ਚੰਡੀਗੜ੍ਹ, 10 ਮਾਰਚ (ਚ.ਨ.ਸ.) : ਬੀਐਸਐਨਐਲ ਪੰਜਾਬ ਟੈਲੀਕਾਮ ਵੂਮੈਨ ਵੈਲਫੇਅਰ ਆਰਗੇਨਾਈਜ਼ੇਸ਼ਨ (ਪੀ.ਟੀ.ਡਬਲਯੂ ਡਬਲਯੂ ਓ) ਨੇ ਅੰਤਰਰਾਸ਼ਟਰੀ ਮਹਿਲਾ ਦਿਵਸ ਬਹੁਤ ਉਤਸ਼ਾਹ ਅਤੇ ਊਰਜਾ ਨਾਲ ਮਨਾਇਆ। ਮੈਂਬਰਾਂ ਨੇ ਇਸ ਸਮਾਗਮ ਵਿੱਚ ਸਰਗਰਮੀ ਨਾਲ ਹਿੱਸਾ ਲਿਆ, ਸੁੰਦਰ - ਸੁੰਦਰ ਪਹਿਰਾਵੇ ਵਿੱਚ ਪਾਏ , ਜਿਸ ਨਾਲ ਜਸ਼ਨ ਦੇ ਸ਼ਾਨਦਾਰ ਮਾਹੌਲ ਵਿੱਚ ਵਾਧਾ ਹੋਇਆ। ਔਰਤਾਂ ਨੇ ਗੀਤ, ਨਾਚ ਅਤੇ ਕਵਿਤਾ ਸਮੇਤ ਕਈ ਤਰ੍ਹਾਂ ਦੇ ਸੱਭਿਆਚਾਰਕ ਪ੍ਰਦਰਸ਼ਨ ਪੇਸ਼ ਕੀਤੇ, ਜੋ ਆਪਣੀ ਪ੍ਰਤਿਭਾ ਅਤੇ ਉਤਸ਼ਾਹ ਦਾ ਪ੍ਰਦਰਸ਼ਨ ਕਰਦੇ ਹਨ। ਇਕੱਠ ਨੂੰ ਸੰਬੋਧਨ ਕਰਦੇ ਹੋਏ, ਪੀ ਟੀ ਡਬਲਯੂ ਡਬਲਯੂ ਓ ਦੀ ਪ੍ਰਧਾਨ ਡਾ. ਸੰਗੀਤਾ ਅਜੇ ਜੀ ਨੇ ਜ਼ੋਰ ਦੇ ਕੇ ਕਿਹਾ ਕਿ ਮਹਿਲਾ ਦਿਵਸ ਦਾ ਉਤਸ਼ਾਹ ਸਿਰਫ਼ ਇੱਕ ਦਿਨ ਤੱਕ ਸੀਮਤ ਨਹੀਂ ਹੋਣਾ ਚਾਹੀਦਾ, ਕਿਉਂਕਿ ਔਰਤਾਂ ਜੀਵਨ ਦੇ ਹਰ ਪਹਿਲੂ ਵਿੱਚ ਵਿਲੱਖਣ ਹਨ। ਉਨ੍ਹਾਂ ਕਿਹਾ ਕਿ ਔਰਤਾਂ ਦੁਨੀਆ ਨੂੰ ਹੋਰ ਰੰਗੀਨ ਅਤੇ ਰਹਿਣ ਲਈ ਇੱਕ ਖੁਸ਼ਹਾਲ ਜਗ੍ਹਾ ਬਣਾਉਂਦੀਆਂ ਹਨ। ਉਨ੍ਹਾਂ ਨੇ ਔਰਤਾਂ ਨੂੰ ਆਪਣੀ ਸਿਹਤ ਦਾ ਧਿਆਨ ਰੱਖਣ ਦੀ ਮਹੱਤਤਾ @ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਸਾਰੀਆਂ ਔਰਤਾਂ ਨੂੰ ਆਪਣੀ ਭਲਾਈ ਪ੍ਰਤੀ ਸੁਚੇਤ ਰਹਿਣ ਦੀ ਅਪੀਲ ਕਰਦਿਆਂ ਕਿਹਾ ਕਿ ਸਿਰਫ਼ ਇੱਕ ਸਿਹਤਮੰਦ ਔਰਤ ਹੀ ਆਪਣੇ ਅਜ਼ੀਜ਼ਾਂ ਦੀ ਚੰਗੀ ਦੇਖਭਾਲ ਕਰ ਸਕਦੀ ਹੈ ਅਤੇ ਆਪਣੀਆਂ ਬਹੁਤ ਸਾਰੀਆਂ ਜ਼ਿੰਮੇਵਾਰੀਆਂ ਨਿਭਾ ਸਕਦੀ ਹੈ। ਸਮਾਗਮ ਭਾਗੀਦਾਰਾਂ ਦੀ ਪ੍ਰਸ਼ੰਸਾ ਅਤੇ ਸਾਰੀਆਂ ਔਰਤਾਂ ਲਈ ਸਸ਼ਕਤੀਕਰਨ, ਏਕਤਾ ਅਤੇ ਤੰਦਰੁਸਤੀ ਦੇ ਸੰਦੇਸ਼ ਨਾਲ ਸਮਾਪਤ ਹੋਇਆ।




## ਸੈਂਟਰਲ ਬੈਂਕ ਆਫ਼ ਇੰਡੀਆ ਦੇ ਖੇਤਰੀ ਦਫ਼ਤਰ, ਚੰਡੀਗੜ੍ਹ ਵਿਖੇ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ

ਚੰਡੀਗੜ੍ਹ, 10 ਮਾਰਚ (ਚ.ਨ.ਸ.) : ਸੈਂਟਰਲ ਬੈਂਕ ਆਫ਼ ਇੰਡੀਆ ਦੇ ਖੇਤਰੀ ਦਫ਼ਤਰ, ਚੰਡੀਗੜ੍ਹ ਵਿਖੇ ਅੰਤਰਰਾਸ਼ਟਰੀ ਮਹਿਲਾ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਹ ਸਮਾਗਮ ਖੇਤਰੀ ਮੁਖੀ ਸ੍ਰੀ ਅਰਵਿੰਦ ਕੁਮਾਰ ਦੀ ਅਗਵਾਈ ਹੇਠ ਕਰਵਾਇਆ ਗਿਆ। ਮਹਿਲਾ ਕਰਮਚਾਰੀਆਂ ਦੇ ਸ਼ਾਨਦਾਰ ਯੋਗਦਾਨ ਅਤੇ ਉਨ੍ਹਾਂ ਦੇ ਬੱਚਿਆਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਨੂੰ ਮਾਨਤਾ ਦੇਣ ਲਈ ਇੱਕ ਵਿਸ਼ੇਸ਼ ਸਮਾਰੋਹ ਆਯੋਜਿਤ ਕੀਤਾ ਗਿਆ। ਇਸ ਸਮਾਗਮ ਦੌਰਾਨ, ਮਹਿਲਾ ਕਰਮਚਾਰੀਆਂ ਅਤੇ ਉਨ੍ਹਾਂ ਦੇ ਬੱਚਿਆਂ ਨੂੰ ਸਿੱਖਿਆ,



ਖੇਡਾਂ, ਕਲਾ ਅਤੇ ਹੋਰ ਖੇਤਰਾਂ ਵਿੱਚ ਉਨ੍ਹਾਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਲਈ ਸਨਮਾਨਿਤ ਕੀਤਾ ਗਿਆ। ਇਨ੍ਹਾਂ ਪ੍ਰਤਿਭਾਸ਼ਾਲੀ ਵਿਅਕਤੀਆਂ ਨੂੰ ਬੈਂਕ ਦਾ ਮਾਣ ਵਧਾਉਣ ਅਤੇ ਦੂਜਿਆਂ ਲਈ ਇੱਕ ਪ੍ਰੇਰਨਾਦਾਇਕ ਉਦਾਹਰਣ ਸਥਾਪਤ ਕਰਨ ਲਈ ਮਾਨਤਾ ਦਿੱਤੀ ਗਈ। ਇਸ ਸਮਾਗਮ ਦੇ ਹਿੱਸੇ ਵਜੋਂ ਇੱਕ ਕੇਕ ਕੱਟਣ ਦੀ ਰਸਮ ਵੀ ਆਯੋਜਿਤ ਕੀਤੀ ਗਈ, ਜਿਸਨੇ ਉਤਸ਼ਾਹ ਅਤੇ ਸਦਭਾਵਨਾ ਦੇ ਮਾਹੌਲ ਨੂੰ ਹੋਰ ਵਧਾਇਆ। ਇਸ ਮੌਕੇ ਨੇ ਮਹਿਲਾ ਸਸ਼ਕਤੀਕਰਨ, ਪ੍ਰਤਿਭਾ ਦਾ ਸਨਮਾਨ ਕਰਨ ਅਤੇ ਨੌਜਵਾਨ ਪੀੜ੍ਹੀ ਨੂੰ ਉਤਸ਼ਾਹਿਤ ਕਰਨ ਪ੍ਰਤੀ ਬੈਂਕ ਦੀ ਵਚਨਬੱਧਤਾ ਨੂੰ ਵੀ ਦਰਸਾਇਆ। ਸੈਂਟਰਲ ਬੈਂਕ ਆਫ਼ ਇੰਡੀਆ, ਖੇਤਰੀ ਦਫ਼ਤਰ, ਚੰਡੀਗੜ੍ਹ ਪਰਿਵਾਰ ਵੱਲੋਂ, ਸਾਰੇ ਸਨਮਾਨਿਤ ਭਾਗੀਦਾਰਾਂ ਨੂੰ ਦਿਲੋਂ ਵਧਾਈਆਂ ਦਿੱਤੀਆਂ ਗਈਆਂ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

# ਚੰਡੀਗੜ੍ਹ ਵਿਖੇ ਰਾਸ਼ਟਰੀ ਲੋਕ ਅਦਾਲਤ 14 ਨੂੰ

ਚੰਡੀਗੜ੍ਹ, 10 ਮਾਰਚ (ਚ.ਨ.ਸ.) : ਸ਼੍ਰੀ ਅਰੁਣ ਕੁਮਾਰ ਅਗਰਵਾਲ, ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਮੈਂਬਰ ਸਕੱਤਰ, ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਯੂਟੀ ਚੰਡੀਗੜ੍ਹ ਨੇ ਅੱਜ ਸ਼੍ਰੀ ਸੁਨੀਲ ਕੁਮਾਰ, ਚੀਫ਼ ਜੁਡੀਸ਼ੀਅਲ ਮੈਜਿਸਟ੍ਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਚੰਡੀਗੜ੍ਹ ਨਾਲ 14 ਮਾਰਚ, 2026 ਨੂੰ ਆਯੋਜਿਤ ਹੋਣ ਵਾਲੀ ਰਾਸ਼ਟਰੀ ਲੋਕ ਅਦਾਲਤ ਬਾਰੇ ਜਾਣਕਾਰੀ ਸਾਂਝੀ ਕੀਤੀ। ਲੋਕ ਅਦਾਲਤਾਂ ਦੀ ਮਹੱਤਤਾ ਅਤੇ ਲਾਭਾਂ @ਤੇ ਚਾਨਣਾ ਪਾਉਂਦੇ ਹੋਏ, ਸ਼੍ਰੀ ਅਰੁਣ ਕੁਮਾਰ ਅਗਰਵਾਲ ਨੇ ਦੱਸਿਆ ਕਿ ਲੋਕ ਅਦਾਲਤਾਂ ਵਿਵਾਦਾਂ ਦੇ ਤੇਜ਼, ਪਹੁੰਚਯੋਗ ਅਤੇ ਲਾਗਤ-ਪ੍ਰਭਾਵਸ਼ਾਲੀ ਸੁਹਿਰਦ ਹੱਲ ਦਾ ਇੱਕ ਪ੍ਰਭਾਵਸ਼ਾਲੀ ਸਾਧਨ ਹਨ। ਉਨ੍ਹਾਂ ਕਿਹਾ ਕਿ ਲੋਕ ਅਦਾਲਤਾਂ ਰਾਹੀਂ, ਧਿਰਾਂ ਆਪਸੀ ਸਹਿਮਤੀ ਨਾਲ ਆਪਣੇ ਕੇਸਾਂ ਦਾ ਨਿਪਟਾਰਾ ਕਰ ਸਕਦੀਆਂ ਹਨ, ਜਿਸ ਨਾਲ ਉਨ੍ਹਾਂ ਦਾ ਸਮਾਂ ਅਤੇ ਮੁਕੱਦਮੇਬਾਜ਼ੀ ਦੀ ਲਾਗਤ ਦੋਵੇਂ ਬਚਦੀਆਂ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਲੋਕ ਅਦਾਲਤਾਂ ਦੁਆਰਾ ਪਾਸ ਕੀਤੇ ਗਏ ਫੈਸਲਿਆਂ ਦੀ ਸਿਵਲ ਅਦਾਲਤ ਦੇ ਫ਼ਰਮਾਨਾਂ ਵਾਂਗ ਹੀ ਕਾਨੂੰਨੀ ਵੈਧਤਾ ਹੁੰਦੀ ਹੈ ਅਤੇ ਦੋਵੇਂ ਧਿਰਾਂ ਲਈ ਅੰਤਿਮ ਅਤੇ



ਬਾਈਡਿੰਗ ਹੁੰਦੇ ਹਨ, ਕੋਈ ਅਪੀਲ ਨਹੀਂ ਹੁੰਦੀ। ਉਨ੍ਹਾਂ ਅੱਗੇ ਕਿਹਾ ਕਿ ਲੋਕ ਅਦਾਲਤ ਰਾਹੀਂ ਕੇਸਾਂ ਦਾ ਨਿਪਟਾਰਾ ਕਰਨ ਦਾ ਇੱਕ ਮਹੱਤਵਪੂਰਨ ਫਾਇਦਾ ਇਹ ਹੈ ਕਿ ਧਿਰਾਂ ਦੁਆਰਾ ਅਦਾ ਕੀਤੀ ਗਈ ਅਦਾਲਤੀ ਫੀਸ ਨਿਯਮਾਂ ਅਨੁਸਾਰ ਵਾਪਸ ਕੀਤੀ ਜਾਂਦੀ ਹੈ। ਇਹ ਪ੍ਰਕਿਰਿਆ ਸਰਲ, ਗੈਰ-ਰਸਮੀ ਅਤੇ ਦੋਸਤਾਨਾ ਹੈ, ਜਿਸ ਨਾਲ ਵਿਵਾਦਾਂ ਨੂੰ ਸੁਮੇਲਤਾਪੂਰਨ ਢੰਗ ਨਾਲ ਹੱਲ ਕੀਤਾ ਜਾ ਸਕਦਾ ਹੈ। ਸ਼੍ਰੀ ਸੁਨੀਲ ਕੁਮਾਰ, ਚੀਫ਼ ਜੁਡੀਸ਼ੀਅਲ ਮੈਜਿਸਟਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਚੰਡੀਗੜ੍ਹ ਨੇ ਕਿਹਾ ਕਿ ਇਹ ਲੋਕ ਅਦਾਲਤ ਵੱਡੀ ਗਿਣਤੀ ਵਿੱਚ ਲੰਬਿਤ ਅਦਾਲਤੀ ਕੇਸਾਂ ਦੇ ਨਾਲ-ਨਾਲ ਮੁਕੱਦਮੇਬਾਜ਼ੀ ਤੋਂ ਪਹਿਲਾਂ ਦੇ ਮਾਮਲਿਆਂ ਨੂੰ ਵੀ ਸ਼ਾਮਲ ਕਰੇਗੀ। ਇਨ੍ਹਾਂ ਵਿੱਚ ਬੈਂਕ ਰਿਕਵਰੀ ਕੇਸ, ਮੋਟਰ ਦੁਰਘਟਨਾ ਦੇ ਦਾਅਵੇ, ਵਿਆਹ ਸੰਬੰਧੀ ਵਿਵਾਦ, ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ ਅਧੀਨ ਚੈੱਕ ਬਾਊਂਸ ਕੇਸ, ਲੇਬਰ ਵਿਵਾਦ, ਬਿਜਲੀ ਅਤੇ ਪਾਣੀ ਦੇ ਬਿੱਲ ਦੇ ਕੇਸ ਅਤੇ ਹੋਰ ਨੈਗੋਸ਼ੀਏਬਲ ਮਾਮਲੇ ਸ਼ਾਮਲ ਹਨ।

## ਜਨਮ ਦਿਨ ਮੁਬਾਰਕ


ਮਹਿਰੀਤ ਕੌਰ


ਉਪਕਾਰ ਸਿੰਘ

# 14 ਨੂੰ ਹੋਣ ਵਾਲੀ ਬਦਲਾਅ ਰੈਲੀ 2027 ਦੀਆਂ ਵਿਧਾਨ ਸਭਾ ਚੋਣਾਂ ਦੀ ਨੀਂਹ ਰੱਖੇਗੀ : ਅਸ਼ਵਨੀ



ਲੁਧਿਆਣਾ, 10 ਮਾਰਚ (ਰਵਿੰਦਰ ਸਿੰਘ ਨਿੱਝਰ): ਭਾਜਪਾ ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ ਦੀ ਪ੍ਰਧਾਨਗੀ ਹੇਠ ਸਥਾਨਕ ਭਾਜਪਾ ਦਫ਼ਤਰ ਵਿਖੇ ਇੱਕ ਮੀਟਿੰਗ ਹੋਈ, ਜਿਸ ਵਿੱਚ ਪੰਜਾਬ ਭਾਜਪਾ ਦੇ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮੀਟਿੰਗ ਦੌਰਾਨ ਰੈਲੀ ਦੀਆਂ ਤਿਆਰੀਆਂ, ਵਰਕਰਾਂ ਦੀ ਭਾਗੀਦਾਰੀ ਅਤੇ ਟ੍ਰੈਫਿਕ ਪ੍ਰਬੰਧਨ ਬਾਰੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਭਾਜਪਾ ਦੇ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਦੀ ਤਿਆਰੀ ਵਿੱਚ, ਭਾਰਤ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ 14 ਮਾਰਚ ਨੂੰ ਮੋਗਾ ਵਿੱਚ ਇੱਕ ਜਨਤਕ ਮੀਟਿੰਗ ਨੂੰ ਸੰਬੋਧਨ ਕਰਨਗੇ। ਇਹ ਬਦਲਾਅ ਰੈਲੀ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੀ ਨੀਂਹ ਵਜੋਂ ਕੰਮ ਕਰੇਗੀ। ਉਨ੍ਹਾਂ ਕਿਹਾ ਕਿ ਲੁਧਿਆਣਾ ਸਮੇਤ ਆਲੇ-ਦੁਆਲੇ ਦੇ ਸਾਰੇ ਇਲਾਕਿਆਂ ਤੋਂ ਵਰਕਰ ਬੱਸਾਂ ਅਤੇ ਹੋਰ ਵਾਹਨਾਂ ਰਾਹੀਂ ਰੈਲੀ ਵਾਲੀ ਥਾਂ 'ਤੇ ਪਹੁੰਚਣਗੇ ਅਤੇ ਇਸ ਲਈ ਬੱਸਾਂ ਦਾ ਪ੍ਰਬੰਧ ਕੀਤਾ ਗਿਆ ਹੈ ਅਤੇ ਵਰਕਰਾਂ ਨੂੰ ਡਿਊਟੀਆਂ ਲਗਾਈਆਂ ਜਾ ਰਹੀਆਂ ਹਨ। ਇਸ ਮੌਕੇ ਭਾਜਪਾ ਦੇ ਪਰਮਿੰਦਰ ਸਿੰਘ ਬਰਾੜ, ਜਤਿੰਦਰ ਮਿੱਤਲ, ਜੀਵਨ ਗੁਪਤਾ, ਪਰਵੀਨ ਬਾਂਸਲ, ਡਾ: ਸੁਭਾਸ਼ ਵਰਮਾ, ਸੁਭਾਸ਼ ਡਾਬਰ, ਅਸ਼ੋਕ ਲੂੰਬਾ, ਕੌਂਸਲਰ ਪੂਨਮ ਰਤਡਾ, ਜ ਨਰਿੰਦਰ ਸਿੰਘ ਮੱਲੀ, ਯਸ਼ਪਾਲ ਜਨੋਤਰਾ, ਨਰੇਸ਼ ਮੂਰ ਸ਼ਰਮਾ, ਐਨ. ਚੋਪੜਾ, ਅਸ਼ਵਨੀ ਟੰਡਨ, ਸਤਨਾਮ ਸਿੰਘ ਸੇਠੀ, ਅੰਕਿਤ ਬੱਤਰਾ, ਪ੍ਰੈੱਸ ਸਕੱਤਰ ਡਾ: ਸਤੀਸ਼ ਕੁਮਾਰ, ਸੁਰਿੰਦਰ ਕੌਸ਼ਲ, ਸਾਬਕਾ ਕੌਂਸਲਰ ਗੁਰਦੀਪ ਸਿੰਘ ਨੀਟੂ, ਸ਼ੀਨੂ ਚੁੱਘ, ਰਾਜੇਸ਼ਵਰੀ ਗੋਸਾਈ, ਰੁਚੀ ਗੁਲਾਟੀ, ਨੀਰੂ ਸ਼ਰਮਾ, ਰੀਨਾ ਜੈਨ, ਗੁਰਮੀਤ ਕੌਰ ਨੀਤੂ ਮੀਤ, ਹਰਕੇਵਲ ਕੌਰ, ਅਦਭੁੱਤ ਕੌਰ ਸਮੇਤ ਹੋਰ ਵੀ ਹਾਜ਼ਰ ਸਨ।

# ਸਿੱਖ ਸ਼ਹੀਦਾਂ ਦੀ ਯਾਦ ਵਿੱਚ ਜਪਤਪ ਚੁਪਹਿਰਾ ਗੁਰਮਤਿ ਸਮਾਗਮ ਕਰਵਾਇਆ



ਲੁਧਿਆਣਾ, 10 ਮਾਰਚ (ਰਵਿੰਦਰ ਸਿੰਘ ਨਿੱਝਰ) : ਗੁਰਦੁਆਰਾ ਸ਼ਹੀਦਾਂ ਫ਼ੇਰੂਮਾਨ ਢੋਲੇਵਾਲ ਚੌਕ ਵਿਖੇ ਸਿੱਖ ਸ਼ਹੀਦਾਂ ਦੀ ਪਵਿੱਤਰ ਯਾਦ ਨੂੰ ਸਮਰਪਿਤ ਜੱਪਤੱਪ ਚੌਪਹਿਰਾ ਗੁਰਮਤਿ ਸਮਾਗਮ ਸ਼ਰਧਾ ਭਾਵਨਾ ਅਤੇ ਸਤਿਕਾਰ ਨਾਲ ਆਯੋਜਿਤ ਕੀਤਾ ਗਿਆ। ਇਸ ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਸੰਗਤਾਂ ਗੁਰੂ ਘਰ ਨਤਮਸਤਕ ਹੋਈਆਂ। ਸਮਾਗਮ ਵਿੱਚ ਬੀਬੀਆਂ ਦੇ ਜੱਥੇ ਵੱਲੋਂ ਭਗਤੀ ਭਾਵਨਾ ਨਾਲ ਜਪੁਜੀ ਸਾਹਿਬ, ਚੌਪਈ ਸਾਹਿਬ ਅਤੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਵਨ ਪਾਠ ਕੀਤੇ ਗਏ। ਇਸ ਦੇ ਨਾਲ ਹੀ ਸੰਗਤਾਂ ਵੱਲੋਂ ਸਾਂਝੇ ਤੌਰ 'ਤੇ ਸਤਿਨਾਮ ਵਾਹਿਗੁਰੂ ਜੀ ਦਾ ਜਾਪ ਕੀਤਾ ਗਿਆ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਐਡਵੋਕੇਟ ਬਲਵਿੰਦਰ ਸਿੰਘ ਲਾਇਲਪੁਰੀ ਨੇ ਕਿਹਾ ਕਿ ਗੁਰੂ ਸਾਹਿਬਾਨਾਂ ਨੇ ਮਨੁੱਖਤਾ ਨੂੰ ਨਾਮ ਬਾਣੀ ਨਾਲ ਜੋੜਨ ਦਾ ਉਪਦੇਸ਼ ਦਿੱਤਾ ਹੈ। ਉਨ੍ਹਾਂ ਕਿਹਾ ਕਿ ਵਾਹਿਗੁਰੂ ਦੇ ਨਾਮ ਦਾ ਖਜ਼ਾਨਾ ਕਦੇ ਵੀ ਮੁੱਕਣ ਵਾਲਾ ਨਹੀਂ ਹੈ ਅਤੇ ਜਿਹੜਾ ਮਨੁੱਖ ਸੱਚੇ ਦਿਲ ਨਾਲ ਨਾਮ ਸਿਮਰਨ ਕਰਦਾ ਹੈ, ਉਹ ਜੀਵਨ ਵਿੱਚ ਅਸਲੀ ਸੁਖ ਅਤੇ ਆਤਮਿਕ ਖੁਸ਼ੀ ਪ੍ਰਾਪਤ ਕਰਦਾ ਹੈ। ਅੰਤ ਵਿੱਚ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਦਵਿੰਦਰ ਕੌਰ ਸੋਹਲ, ਹਰਭਜਨ ਕੌਰ, ਹਰਮਿੰਦਰ ਕੌਰ, ਪਰਵਿੰਦਰ ਕੌਰ ਲਾਇਲਪੁਰੀ, ਅਮਰਜੀਤ ਕੌਰ, ਬਲਜੀਤ ਕੌਰ, ਅਨੂਪ ਕੌਰ, ਰਣਜੀਤ ਕੌਰ, ਮਨਜੀਤ ਕੌਰ ਬੱਬਲ, ਕੁਲਵੰਤ ਕੌਰ ਡੰਗ, ਪਰਮਜੀਤ ਕੌਰ, ਜਸਵਿੰਦਰ ਕੌਰ, ਸੁਰਿੰਦਰ ਕੌਰ, ਨਰਿੰਦਰ ਕੌਰ, ਸੁਖਵਿੰਦਰ ਕੌਰ, ਗੁਰਿੰਦਰ ਕੌਰ, ਬਲਵਿੰਦਰ ਕੌਰ, ਬਲਜੀਤ ਕੌਰ, ਜਸਵੀਰ ਕੌਰ, ਹਰਦੀਪ ਕੌਰ, ਮਨਪ੍ਰੀਤ ਕੌਰ, ਰਜਿੰਦਰ ਕੌਰ, ਪਰਮਜੀਤ ਕੌਰ, ਲਵਦੀਪ ਕੌਰ, ਤਰਲੋਚਨ ਸਿੰਘ ਬੱਬਰ, ਗੁਰਜੀਤ ਸਿੰਘ ਗਿੱਲ ਐਨਆਰਆਈ, ਅਰਜਨ ਸਿੰਘ ਚੀਮਾ, ਇੰਦਰਜੀਤ ਸਿੰਘ ਮੱਕੜ, ਬਲਜੀਤ ਸਿੰਘ ਦੁਖੀਆ, ਤੇਜਿੰਦਰ ਸਿੰਘ ਡੰਗ, ਪਰਮਜੀਤ ਸਿੰਘ ਲਾਇਲਪੁਰੀ, ਸੁਰਿੰਦਰਜੀਤ ਸਿੰਘ ਮੱਕੜ, ਇੰਦਰਜੀਤ ਸਿੰਘ ਗੋਲਾ, ਮੋਹਨ ਸਿੰਘ ਚੌਹਾਨ, ਅਵਤਾਰ ਸਿੰਘ ਪਨੇਸਰ, ਪ੍ਰੀਤਮ ਸਿੰਘ ਮਣਕੂ, ਭਾਈ ਸੁਖਦੇਵ ਸਿੰਘ, ਦਵਿੰਦਰ ਸਿੰਘ ਸਿੱਬਲ, ਗੁਰਮੀਤ ਸਿੰਘ , ਸੁਰਿੰਦਰ ਸਿੰਘ ਨਾਰੰਗ ਵੀ ਗੁਰੂ ਘਰ ਨਤਮਸਤਕ ਹੋਏ।

# ਗੁਰੂ ਹਰਿਗੋਬਿੰਦ ਖ਼ਾਲਸਾ ਕਾਲਜ ਸੁਧਾਰ ਦੀ 73ਵੀਂ ਐਥਲੈਟਿਕ ਮੀਟ




ਲੁਧਿਆਣਾ, 10 ਮਾਰਚ ਰਵਿੰਦਰ ਸਿੰਘ ਨਿੱਝਰ): ਗੁਰੂ ਹਰਿਗੋਬਿੰਦ ਖ਼ਾਲਸਾ ਕਾਲਜ (ਡਿਗਰੀ ਕਾਲਜ, ਫਾਰਮੇਸੀ ਕਾਲਜ, ਐਜੂਕੇਸ਼ਨ ਕਾਲਜ) ਗੁਰੂਸਰ ਸੁਧਾਰ ਨੇ ਆਪਣੀ 73ਵੀਂ ਐਥਲੈਟਿਕ ਮੀਟ ਦਾ ਆਯੋਜਨ ਕੀਤਾ। ਮੁੱਖ ਮਹਿਮਾਨ ਨੀਰਜ ਜੈਨ, ਸੰਯੁਕਤ ਪ੍ਰਬੰਧ ਨਿਰਦੇਸ਼ਕ ਅਤੇ ਧਾਗੇ ਦੇ ਕਾਰੋਬਾਰ ਮੁਖੀ, ਵਰਧਮਾਨ ਟੈਕਸਟਾਈਲ ਲਿਮਟਿਡ ਸਨ।ਕਾਲਜ ਦੀ ਗਵਰਨਿੰਗ ਕੌਂਸਲ ਦੇ ਪ੍ਰਧਾਨ ਮਨਜੀਤ ਸਿੰਘ ਗਿੱਲ, ਸਕੱਤਰ ਡਾ. ਐਸ.ਐਸ. ਥਿੰਦ, ਤਿੰਨਾਂ ਕਾਲਜਾਂ ਦੇ ਪ੍ਰਿੰਸੀਪਲ ਪ੍ਰੋ. ਇੰਦਰਜੀਤ ਸਿੰਘ, ਡਾ. ਸਤਵਿੰਦਰ ਕੌਰ, ਡਾ. ਪ੍ਰਗਟ ਸਿੰਘ ਗਰਚ ਅਤੇ ਸਮੂਹ ਸਟਾਫ਼ ਨੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। ਐਥਲੈਟਿਕ ਮੀਟ ਦੀ ਸ਼ੁਰੂਆਤ ਤਿੰਨਾਂ ਕਾਲਜਾਂ ਦੇ ਖਿਡਾਰੀਆਂ, ਐਨ.ਐਸ.ਐਸ. ਵਲੰਟੀਅਰਾਂ, ਐਨ.ਸੀ.ਸੀ. ਕੈਡਿਟਾਂ ਦੇ ਸ਼ਾਨਦਾਰ ਮਾਰਚ ਪਾਸਟ ਨਾਲ ਹੋਈ।ਕਾਲਜ ਗਵਰਨਿੰਗ ਕੌਂਸਲ ਦੇ ਪ੍ਰਧਾਨ ਸ. ਮਨਜੀਤ ਸਿੰਘ ਗਿੱਲ ਨੇ ਮੁੱਖ ਮਹਿਮਾਨ ਨੂੰ ਰਸਮੀ ਤੌਰ 'ਤੇ ਕਾਲਜ ਵੱਲੋਂ ਯਾਦਗਾਰੀ ਚਿੰਨ੍ਹ ਅਤੇ ਦੁਸ਼ਾਲਾ ਭੇਟ ਕੀਤਾ। ਫਾਰਮੇਸੀ ਕਾਲਜ ਦੀ ਪ੍ਰਿੰਸੀਪਲ ਡਾ. ਸਤਵਿੰਦਰ ਕੌਰ ਨੇ ਤਿੰਨਾਂ ਕਾਲਜਾਂ ਦੀ ਸਾਲਾਨਾ ਰਿਪੋਰਟ ਪੇਸ਼ ਕੀਤੀ ਅਤੇ ਯੂਨੀਵਰਸਿਟੀ, ਅੰਤਰ-ਯੂਨੀਵਰਸਿਟੀ, ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਕਾਲਜਾਂ ਦੀਆਂ ਅਕਾਦਮਿਕ ਅਤੇ ਸੱਭਿਆਚਾਰਕ ਪ੍ਰਾਪਤੀਆਂ 'ਤੇ ਵੀ ਚਾਨਣਾ ਪਾਇਆ।ਇਸ ਐਥਲੈਟਿਕ ਮੀਟ ਵਿੱਚ, ਤਿੰਨੋਂ ਕਾਲਜਾਂ ਦੇ ਮੁੰਡਿਆਂ ਅਤੇ ਕੁੜੀਆਂ ਲਈ 100 ਮੀਟਰ, 200 ਮੀਟਰ, 400 ਮੀਟਰ, 800 ਮੀਟਰ, 1500 ਮੀਟਰ, ਲੰਬੀ ਛਾਲ, ਰੱਸਾਕਸ਼ੀ, ਜੈਵਲਿਨ ਥ੍ਰੋਅ ਆਦਿ ਸਮੇਤ ਕਈ ਦਿਲਚਸਪ ਮੁਕਾਬਲੇ ਕਰਵਾਏ ਗਏ। ਜੇਤੂ ਖਿਡਾਰੀਆਂ ਨੂੰ ਮੈਡਲ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਵਿਨੋਦ ਕੁਮਾਰ, ਡਾ: ਜਗਜੀਤ ਸਿੰਘ ਬਰਾੜ, ਡਾ: ਹਰਜਿੰਦਰ ਸਿੰਘ ਬਰਾੜ, ਡਾ: ਸਰਬਜੀਤ ਕੌਰ, ਪ੍ਰੋ: ਹਰਪ੍ਰੀਤ ਕੌਰ ਟਿਵਾਣਾ ਅਤੇ ਹੋਰ ਪਤਵੰਤੇ ਹਾਜ਼ਰ ਸਨ। ਸਟੇਜ ਸੰਚਾਲਨ ਦੀ ਭੂਮਿਕਾ ਡਾ: ਜਸਪ੍ਰੀਤ ਕੌਰ ਗੁਲਾਟੀ, ਡਾ: ਮਨਪ੍ਰੀਤ ਕੌਰ, ਪ੍ਰੋ: ਅਰਵਿੰਦਰ ਕੌਰ, ਡਾ: ਜਸਬੀਰ ਕੌਰ, ਡਾ: ਜਸਵਿੰਦਰ ਸਿੰਘ, ਡਾ: ਜਸਲੀਨ ਕੌਰ, ਡਾ: ਮਿੰਨ੍ਹੀ ਸ਼ਰਮਾ ਨੇ ਨਿਭਾਈ। ਡਿਗਰੀ ਕਾਲਜ ਤੋਂ ਨਵਜੋਤ ਕੌਰ ਅਤੇ ਪ੍ਰਕਾਸ਼, ਫਾਰਮੇਸੀ ਕਾਲਜ ਤੋਂ ਜਾਨਵੀ ਓਬਰਾਏ ਅਤੇ ਮਨਰਾਜ ਸਿੰਘ ਧਾਲੀਵਾਲ ਅਤੇ ਐਜੂਕੇਸ਼ਨ ਕਾਲਜ ਤੋਂ ਪ੍ਰਹਿਲਾਦ ਵਿਸ਼ਵਾਸ ਅਤੇ ਮੁਸਕਾਨ ਠਾਕੁਰ ਨੂੰ ਸਰਵੋਤਮ ਐਥਲੀਟ ਐਲਾਨਿਆ ਗਿਆ। ਡਾ. ਐਸ.ਐਸ. ਥਿੰਦ ਨੇ ਧੰਨਵਾਦ ਕੀਤਾ ਅਤੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੱਤੀ। ਪ੍ਰੋ. ਕਰਨਵੀਰ ਸਿੰਘ ਗਿੱਲ, ਪ੍ਰੋ. ਮਨਪ੍ਰੀਤ ਕੌਰ ਅਤੇ ਪ੍ਰੋ. ਆਕਾਸ਼ ਗੁਪਤਾ ਦੇ ਯਤਨਾਂ ਦੀ ਵੀ ਸ਼ਲਾਘਾ ਕੀਤੀ ਗਈ।

# ਨਾਰੀ ਏਕਤਾ ਸੰਸਥਾ ਵੱਲੋਂ ਪੰਜ ਔਰਤਾਂ ਸਰਬੋਤਮ ਮਹਿਲਾ ਐਵਾਰਡ ਨਾਲ ਸਨਮਾਨਿਤ



ਲੁਧਿਆਣਾ, 10 ਮਾਰਚ (ਰਵਿੰਦਰ ਸਿੰਘ ਨਿੱਝਰ): ਨਾਰੀ ਏਕਤਾ ਆਸਰਾ ਸੰਸਥਾ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਪ੍ਰਤਾਪ ਨਗਰ ਵਿਖੇ ਧੂਮਧਾਮ ਨਾਲ ਮਨਾਇਆ ਗਿਆ। ਸਮਾਗਮ ਦੌਰਾਨ ਬੱਚੀਆਂ ਨੇ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਕੇ ਹਾਜ਼ਰੀਨ ਦਾ ਮਨ ਮੋਹ ਲਿਆ। ਇਸ ਮੌਕੇ ਮੁੱਖ ਤੌਰ 'ਤੇ ਪੁੱਜੇ ਵਿਧਾਇਕ ਕੁਲਵੰਤ ਸਿੰਘ ਸਿੱਧੂ, ਗੁਰਪ੍ਰੀਤ ਸਿੰਘ ਰਾਜਾ, ਵਿਪਨ ਕੁਮਾਰ ਅਤੇ ਸੰਸਥਾ ਦੇ ਮੁੱਖ ਮੈਂਬਰਾਂ ਨੇ ਸ਼ਹਿਰ ਦੀਆਂ ਪੰਜ ਨਾਮਵਰ ਔਰਤਾਂ ਸਮਾਜ ਸੇਵਕਾ ਕਮਲਜੀਤ ਕੌਰ ਬਰਾੜ, ਸੀ ਡੀਪੀਓ ਲੁਧਿਆਣਾ ਦਵਿੰਦਰ ਕੌਰ, ਐਸਐਚ ਓ ਅਵਨੀਤ ਕੌਰ, ਜ਼ਿਲ੍ਹਾ ਪ੍ਰਧਾਨ ਮਨੀਸ਼ਾ ਕਪੂਰ ਅਤੇ ਬੀਪੀਈਓ ਹਰਪ੍ਰੀਤ ਕੌਰ ਨੂੰ 'ਸਰਬੋਤਮ ਮਹਿਲਾ ਐਵਾਰਡ' ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਸਥਾ ਦੇ ਮੁੱਖ ਸਲਾਹਕਾਰ ਤੇ ਕੌਂਸਲਰ ਸੋਹਣ ਸਿੰਘ ਗੋਗਾ ਅਤੇ ਚੇਅਰਪਰਸਨ ਕੁਲਵਿੰਦਰ ਕੌਰ ਗੋਗਾ ਨੇ ਕਿਹਾ ਕਿ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਉਣ ਦਾ ਮਕਸਦ ਔਰਤਾਂ ਨੂੰ ਸਮਾਜ ਵਿੱਚ ਹੋਰ ਮਜ਼ਬੂਤ ਬਣਾਉਣਾ ਅਤੇ ਉਨ੍ਹਾਂ ਦੇ ਅਧਿਕਾਰਾਂ ਪ੍ਰਤੀ ਜਾਗਰੂਕ ਕਰਨਾ ਹੈ।

ਇਸ ਮੌਕੇ ਵਿਸ਼ੇਸ਼ ਤੌਰ 'ਤੇ ਵਾਇਸ ਆਫ ਪੰਜਾਬ ਵਿਨਰ ਰਾਸ਼ੀ ਸਲੀਮ, ਕਰਮਦੀਪ ਬਿਰਦੀ, ਗੈਵੀ ਬਿਰਦੀ, ਭੁਪਿੰਦਰ ਸਿੰਘ ਰਾਜੜ, ਸਾਗਰ ਤੁਲੀ, ਹਰਮੀਤ ਸਿੰਘ ਭਾਟੀਆ, ਸਤਵੰਤ ਸਿੰਘ ਮਠਾੜੂ ਅਤੇ ਆਕਾਸ਼ ਵਰਮਾ, ਸੰਸਥਾ ਦੀ ਕਾਰਜਕਾਰੀ ਪ੍ਰਧਾਨ ਕਮਲੇਸ਼ ਜਾਂਗੜਾ, ਜਨਰਲ ਸਕੱਤਰ ਹਰਜੀਤ ਕੌਰ, ਮੀਤ ਪ੍ਰਧਾਨ ਜਨਕ ਮਹਾਜਨ, ਹਰਜੀਤ ਕੌਰ ਭੱਟੀ, ਬਲਜੀਤ ਕੌਰ ਵਿਰਦੀ, ਇਕਬਾਲ ਕੌਰ, ਮਨਪ੍ਰੀਤ ਕੌਰ, ਹਰਮਿੰਦਰ ਕੌਰ,ਗੀਤੂ, ਨੀਲਮ ਰਾਣੀ, ਮੀਰਾ ਰਾਣੀ, ਦਵਿੰਦਰ ਕੌਰ ਸੋਹਲ, ਅਨੂ ਸ਼ਰਮਾ, ਸੁਮਨ ਰਾਣੀ, ਮਨਦੀਪ ਕੌਰ ਬਾਂਸਲ, ਅਮਨਦੀਪ ਕੌਰ, ਬਲਵਿੰਦਰ ਕੌਰ, ਅਵਨੀਤ ਕੌਰ, ਸਰੀਤਾ ਠਾਕੁਰ, ਅਮਰਜੀਤ ਕੌਰ ਅਤੇ ਪ੍ਰੀਤੀ ਆਦਿ ਵੀ ਮੌਜੂਦ ਸਨ।

# ਸਪਰਿੰਗ ਡੇਲ ਸਕੂਲ ਵਿਖੇ ਸਾਬਕਾ ਚੇਅਰਮੈਨ ਵਾਲੀਆ ਦੇ ਜਨਮ ਦਿਨ 'ਤੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ




ਲੁਧਿਆਣਾ, 10 ਮਾਰਚ (ਰਵਿੰਦਰ ਸਿੰਘ ਨਿੱਝਰ) : ਸਪਰਿੰਗ ਡੇਲ ਪਬਲਿਕ ਸਕੂਲ ਵਿਖੇ ਸਾਬਕਾ ਚੇਅਰਮੈਨ ਨਿਰਮਲ ਸਿੰਘ ਵਾਲੀਆ ਦੀ ਜਨਮ ਵਰ੍ਹੇਗੰਢ ਨੂੰ ਬੜੇ ਸ਼ਰਧਾ ਭਾਵਨਾ ਦੇ ਨਾਲ ਮਨਾਇਆ ਗਿਆ। ਆਪ ਗੁਰਬਾਣੀ ਦੇ ਰਸੀਏ ਸਨ, ਇਸੇ ਸਦਕਾ ਉਹਨਾਂ ਦੀ ਗੁਰਬਾਣੀ ਪ੍ਰਤੀ ਸ਼ਰਧਾ ਭਾਵਨਾ ਨੂੰ ਮੁੱਖ ਰੱਖਦੇ ਹੋਏ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਸਕੂਲ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਗਏ, ਉਪਰੰਤ ਸਕੂਲ ਵਿੱਚ ਰੱਖੇ ਗਏ ਸਹਿਜ ਪਾਠ ਦੇ ਭੋਗ ਵੀ ਪਾਏ ਗਏ। ਇਸ ਦੌਰਾਨ ਰੂਹਾਨੀ ਸ਼ਬਦ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਸਾਰੀ ਸੰਗਤ ਨੇ ਵੀ ਰਸ ਭਿੰਨੇ ਕੀਰਤਨ ਦਾ ਖ਼ੂਬ ਆਨੰਦ ਮਾਣਿਆ। ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ। ਇਸ ਮੌਕੇ ਸਕੂਲ ਦੇ ਚੇਅਰਪਰਸਨ ਮੈਡਮ ਅਵਿਨਾਸ਼ ਕੌਰ ਵਾਲੀਆ ਨੇ ਸਾਬਕਾ ਚੇਅਰਮੈਨ ਵਾਲੀਆ ਦੇ ਕੀਤੇ ਗਏ ਅਣਥੱਕ ਯਤਨਾਂ ਨੂੰ ਸੰਗਤਾਂ ਨਾਲ਼ ਸਾਂਝਾ ਕੀਤਾ। ਉਹਨਾਂ ਨਾਲ਼ ਹੀ ਸਮੂਹ ਅਧਿਆਪਕਾਂ ਨੂੰ ਉਹਨਾਂ ਦੇ ਪਾਏ ਗਏ ਪੂਰਨਿਆਂ 'ਤੇ ਚੱਲਣ ਦੇ ਲਈ ਪ੍ਰੇਰਿਆ। ਸਕੂਲ ਦੇ ਡਾਇਰੈਕਟਰਜ਼ ਮਨਦੀਪ ਵਾਲੀਆ, ਕਮਲਪ੍ਰੀਤ ਕੌਰ, ਡਿਪਟੀ ਡਾਇਰੈਕਟਰ ਸੋਨੀਆ ਵਰਮਾ ਅਤੇ ਪ੍ਰਿੰਸੀਪਲ ਅਨਿਲ ਸ਼ਰਮਾ ਨੇ ਵੀ ਗੁਰ ਚਰਨਾਂ ਦੇ ਵਿੱਚ ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ ਸਕੂਲ ਅਤੇ ਬੱਚਿਆਂ ਦੇ ਉੱਜਵਲ ਭਵਿੱਖ ਦੇ ਲਈ ਅਰਦਾਸ ਕੀਤੀ।

# ਲੁਧਿਆਣਾ ਦੇ ਸਕੂਲਾਂ ਬੰਬ ਧਮਾਕੇ ਦੀ ਧਮਕੀ ਕਾਰਨ ਕਰਵਾਏ ਖਾਲੀ

ਲੁਧਿਆਣਾ, 10 ਮਾਰਚ (ਵਿਸ਼ਾਲ ਸ਼ਰਮਾ): ਅੱਜ ਸਵੇਰੇ ਲੁਧਿਆਣਾ ਸ਼ਹਿਰ ਦੇ ਤਿੰਨ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲਣ 'ਤੇ ਹਿੱਲ ਗਿਆ। ਸਕੂਲ ਪ੍ਰਬੰਧਨ ਨੂੰ ਈਮੇਲ ਰਾਹੀਂ ਇਹ ਧਮਕੀ ਭੇਜੀ ਗਈ ਸੀ। ਈਮੇਲ ਮਿਲਣ 'ਤੇ ਸਕੂਲ ਪ੍ਰਸ਼ਾਸਨ ਅਤੇ ਸਟਾਫ ਵਿੱਚ ਘਬਰਾਹਟ ਫੈਲ ਗਈ ਅਤੇ ਸਾਵਧਾਨੀ ਵਜੋਂ ਸਕੂਲ ਦੇ ਅਹਾਤੇ ਨੂੰ ਤੁਰੰਤ ਖਾਲੀ ਕਰਵਾ ਲਿਆ ਗਿਆ। ਘਟਨਾ ਦੀ ਜਾਣਕਾਰੀ ਮਿਲਦੇ ਹੀ ਲੁਧਿਆਣਾ ਪੁਲਿਸ ਤੁਰੰਤ ਹਰਕਤ ਵਿੱਚ ਆ ਗਈ। ਪੁਲਿਸ ਦੇ ਨਾਲ ਇੱਕ ਬੰਬ ਸਕੁਐਡ ਅਤੇ ਡੌਗ ਸਕੁਐਡ ਮੌਕੇ 'ਤੇ ਪਹੁੰਚਿਆ। ਸੁਰੱਖਿਆ ਏਜੰਸੀਆਂ ਨੇ ਸਕੂਲਾਂ ਦੇ ਆਲੇ-ਦੁਆਲੇ ਦੇ ਖੇਤਰ ਨੂੰ ਘੇਰ ਲਿਆ ਅਤੇ ਜਾਂਚ ਸ਼ੁਰੂ ਕਰ ਦਿੱਤੀ। ਪੁਲਿਸ ਟੀਮਾਂ ਕਿਸੇ ਵੀ ਸ਼ੱਕੀ ਵਸਤੂ ਲਈ ਸਕੂਲ ਦੇ ਅਹਾਤੇ ਅਤੇ ਆਲੇ-ਦੁਆਲੇ ਦੇ ਖੇਤਰਾਂ ਦੀ ਚੰਗੀ ਤਰ੍ਹਾਂ ਤਲਾਸ਼ੀ ਲੈ ਰਹੀਆਂ ਹਨ। ਸੁਰੱਖਿਆ ਕਾਰਨਾਂ ਕਰਕੇ ਸਕੂਲਾਂ ਦੇ ਬਾਹਰ ਭਾਰੀ ਪੁਲਿਸ ਤਾਇਨਾਤ ਕੀਤੀ ਗਈ ਹੈ। ਘਟਨਾ ਦੀ ਖ਼ਬਰ ਫੈਲਦੇ ਹੀ ਬੱਚਿਆਂ ਦੇ ਮਾਪੇ ਵੀ ਚਿੰਤਤ ਹੋ ਗਏ। ਬਹੁਤ ਸਾਰੇ ਮਾਪੇ ਆਪਣੇ ਬੱਚਿਆਂ ਨੂੰ ਸੁਰੱਖਿਅਤ ਘਰ ਲਿਜਾਣ ਲਈ ਸਕੂਲਾਂ ਦੇ ਬਾਹਰ ਪਹੁੰਚਣ ਲੱਗੇ। ਸਕੂਲ ਅਧਿਕਾਰੀਆਂ ਨੇ ਬੱਚਿਆਂ ਨੂੰ ਕੱਢਣਾ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਸੌਂਪਣਾ ਸ਼ੁਰੂ ਕਰ ਦਿੱਤਾ। ਜ਼ਿਲ੍ਹਾ ਪ੍ਰਸ਼ਾਸਨ ਨੇ ਜਨਤਾ ਨੂੰ ਘਬਰਾਉਣ ਅਤੇ ਸ਼ਾਂਤੀ ਬਣਾਈ ਰੱਖਣ ਦੀ ਅਪੀਲ ਕੀਤੀ ਹੈ। ਲੁਧਿਆਣਾ ਦੇ ਸਕੂਲਾਂ ਵਿੱਚ ਬੰਬ ਦੀ ਧਮਕੀ ਪੁਲਿਸ ਦੇ ਅਨੁਸਾਰ, ਧਮਕੀ ਭਰੇ ਈਮੇਲ ਦੀ ਜਾਂਚ ਵਿੱਚ ਸਾਈਬਰ ਸੈੱਲ ਦੀ ਮੱਦਦ ਲਈ ਜਾ ਰਹੀ ਹੈ। ਤਕਨੀਕੀ ਟੀਮ ਈਮੇਲ ਦੇ ਆਈਪੀ ਐਡਰੈੱਸ ਨੂੰ ਟਰੈਕ ਕਰ ਰਹੀ ਹੈ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਧਮਕੀ ਕਿਸ ਨੇ ਭੇਜੀ ਹੈ। ਪੁਲਿਸ ਇਹ ਵੀ ਜਾਂਚ ਕਰ ਰਹੀ ਹੈ ਕਿ ਕੀ ਇਹ ਕਿਸੇ ਸ਼ਰਾਰਤੀ ਵਿਅਕਤੀ ਦਾ ਕੰਮ ਹੈ ਜਾਂ ਕੀ ਇਸ ਪਿੱਛੇ ਕੋਈ ਵੱਡੀ ਸਾਜ਼ਿਸ਼ ਹੋ ਸਕਦੀ ਹੈ।

# ਭਾਜਪਾ ਨੇਤਾ ਅਮਿਤ ਗੋਸਾਈਂ ਅਕਾਲੀ ਦਲ ਵਿੱਚ ਸ਼ਾਮਿਲ




ਲੁਧਿਆਣਾ, 10 ਮਾਰਚ (ਵਿਸ਼ਾਲ ਸ਼ਰਮਾ): ਪੰਜਾਬ ਵਿਧਾਨ ਸਭਾ ਚੋਣਾਂ ਬਿਲਕੁਲ ਨੇੜੇ ਹਨ ਸੂਬੇ ਦੀਆਂ ਰਾਜਨੀਤਿਕ ਪਾਰਟੀਆਂ ਨੇ ਚੋਣ ਸਾਲ ਦੀ ਉਮੀਦ ਵਿੱਚ ਪਹਿਲਾਂ ਹੀ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ। ਜਿੱਥੇ ਸੱਤਾਧਾਰੀ ਪਾਰਟੀ, 'ਆਪ', ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ ਵੱਡੀਆਂ ਰੈਲੀਆਂ ਕਰ ਰਹੇ ਹਨ, ਉੱਥੇ ਹੀ ਭਾਜਪਾ 14 ਮਾਰਚ ਨੂੰ ਮੋਗਾ ਵਿੱਚ ਚੋਣ ਮੁਹਿੰਮ ਦੀ ਸ਼ੁਰੂਆਤ ਕਰਨ ਲਈ 'ਬਦਲਾਵ ਰੈਲੀ' ਕਰ ਰਹੀ ਹੈ। ਜਿਸ ਨੂੰ ਪਾਰਟੀ ਦੇ ਦਿੱਗਜ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਸੰਬੋਧਨ ਕਰਨਗੇ। ਇਸ ਦੌਰਾਨ, 'ਆਇਆ ਰਾਮ ਗਿਆ ਰਾਮ' ਦੀ ਰਾਜਨੀਤਿਕ ਖੇਡ ਇੱਕ ਦੂਜੇ ਦੀਆਂ ਪਾਰਟੀਆਂ ਵਿੱਚ ਘੁਸਪੈਠ ਕਰਦੀ ਰਹਿੰਦੀ ਹੈ। ਭਾਜਪਾ ਨਾਲ ਰਾਜਨੀਤਿਕ ਗੱਠਜੋੜ ਦੀਆਂ ਅਟਕਲਾਂ ਦੇ ਵਿਚਕਾਰ, ਸ਼੍ਰੋਮਣੀ ਅਕਾਲੀ ਦਲ ਦੇ ਮੁਖੀ ਸੁਖਬੀਰ ਸਿੰਘ ਬਾਦਲ ਨੇ ਅੱਜ ਲੁਧਿਆਣਾ ਵਿੱਚ ਇੱਕ ਪ੍ਰਮੁੱਖ ਭਾਰਤੀ ਜਨਤਾ ਪਾਰਟੀ ਪਰਿਵਾਰ ਦੇ ਇੱਕ ਨੌਜਵਾਨ ਨੇਤਾ ਨੂੰ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਕੀਤਾ। ਭਾਜਪਾ ਦੇ ਟਕਸਾਲੀ ਪਰਿਵਾਰ ਦੇ ਸਾਬਕਾ ਮੰਤਰੀ ਸਵਰਗੀ ਸਤਪਾਲ ਗੋਸਾਈਂ ਦੇ ਪੋਤੇ, ਨੌਜਵਾਨ ਭਾਜਪਾ ਨੇਤਾ ਅਮਿਤ ਗੋਸਾਈਂ, ਸੁਖਬੀਰ ਸਿੰਘ ਬਾਦਲ ਦੀ ਮੌਜੂਦਗੀ ਵਿੱਚ ਅਕਾਲੀ ਦਲ ਵਿੱਚ ਸ਼ਾਮਲ ਹੋਏ। ਇਸ ਮੌਕੇ ਅਕਾਲੀ ਦਲ ਦੇ ਆਗੂ ਵੀ ਮੌਜੂਦ ਸਨ। ਅਮਿਤ ਗੋਸਾਈਂ ਨੂੰ ਪਾਰਟੀ ਦਾ ਹਲਕਾ ਇੰਚਾਰਜ ਨਿਯੁਕਤ ਕੀਤਾ ਗਿਆ।

# ਬੀ.ਐਨ.ਆਈ. ਵੱਲੋਂ ਲੀਗ 5.0' ਦਾ ਐਲਾਨ




ਲੁਧਿਆਣਾ, 10 ਮਾਰਚ (ਰਵਿੰਦਰ ਸਿੰਘ ਨਿੱਝਰ) : ਬਿਜ਼ਨਸ ਨੈੱਟਵਰਕ ਇੰਟਰਨੈਸ਼ਨਲ ਗ੍ਰੇਟਰ ਪੰਜਾਬ ਨੇ ਬੀ ਐਨ ਆਈ ਕ੍ਰਿਕਟ ਲੀਗ 5.0' ਦੀ ਚੈਂਪੀਅਨਸ਼ਿਪ ਟਰਾਫੀ ਅਤੇ ਜਰਸੀ ਤੋਂ ਪੜਦਾ ਉਠਾਇਆ। ਸ਼ਿਵਾਨੀ ਗੁਪਤਾ: ਐਗਜ਼ੀਕਿਊਟਿਵ ਡਾਇਰੈਕਟਰ, ਭਾਰਤ ਟਾਗਰਾ ਅਤੇ ਅਜੇ ਗਰਗ ਨੇ ਦੱਸਿਆ ਕਿ 13 ਤੋਂ 15 ਮਾਰਚ ਤੱਕ ਕਰਵਾਏ ਜਾਣ ਵਾਲੇ ਇਸ ਟੂਰਨਾਮੈਂਟ ਵਿੱਚ 10 ਟੀਮਾਂ ਭਾਗ ਲੈਣਗੀਆਂ। ਲੀਗ ਦੇ 130 ਮੈਂਬਰਾਂ ਨੂੰ 10 ਟੀਮਾਂ ਵਿੱਚ ਵੰਡਿਆ ਗਿਆ ਹੈ।ਪ੍ਰਬੰਧਕੀ ਕਮੇਟੀ ਵਿੱਚ ਮੋਹਿਤ ਚੌਧਰੀ, ਹਰਸਿਮਰਨਜੋਤ ਸਿੰਘ, ਅਜੇ ਭਾਰਤੀ ਅਤੇ ਲਲਿਤ ਵਾਲੀਆ ਨੂੰ ਸ਼ਾਮਿਲ ਕੀਤਾ ਗਿਆ ਹੈ। ਉਹਨਾਂ ਦੱਸਿਆ ਕਿ ਬੀਐਨਆਈ ਵਿੱਚ ਲੱਗਭੱਗ 600 ਮੈਂਬਰ ਹਨ।

# ਬਾਵਾ ਦੀ ਅਗਵਾਈ ਹੇਠ ਵਿਧਾਨ ਸਭਾ ਹਲਕਾ ਦੱਖਣੀ ਵਿਖੇ ਮਹਿਲਾ ਦਿਵਸ ਮਨਾਇਆ



ਲੁਧਿਆਣਾ, 10 ਮਾਰਚ (ਰਵਿੰਦਰ ਸਿੰਘ ਨਿੱਝਰ) : ਦੇਸ਼ ਭਗਤ ਯਾਦਗਾਰੀ ਸੋਸਾਇਟੀ ਪੰਜਾਬ ਵੱਲੋਂ ਸੋਸਾਇਟੀ ਦੇ ਪੰਜਾਬ ਦੇ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ ਦੀ ਅਗਵਾਈ ਵਿੱਚ ਅੰਤਰਰਾਸ਼ਟਰੀ ਮਹਿਲਾ ਦਿਵਸ ਲੁਧਿਆਣਾ ਦੇ ਵਿਧਾਨ ਸਭਾ ਹਲਕਾ ਦੱਖਣੀ ਵਿੱਚ ਮਨਾਇਆ ਗਿਆ। ਇਸ ਸਮੇਂ ਬਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਸਮੁੱਚੀ ਇਸਤਰੀ ਜਾਤੀ ਨਾਲ 2022 ਵਿੱਚ ਸਰਕਾਰ ਬਣਨ 'ਤੇ ਇੱਕ ਹਜ਼ਾਰ ਰੁਪਏ ਪ੍ਰਤੀ ਮਹੀਨਾ, ਫਿਰ 1100 ਰੁਪਏ ਪ੍ਰਤੀ ਮਹੀਨਾ ਦੇਣ ਦਾ ਵਾਅਦਾ ਕੀਤਾ ਗਿਆ ਸੀ ਜੋ ਹਵਾਈ ਵਾਅਦਾ ਸਾਬਤ ਹੋਇਆ। ਹੁਣ ਹਜ਼ਾਰ ਰੁਪਏ ਮਹੀਨਾ ਦੇਣ ਦਾ ਐਲਾਨ ਮੁਰਦੇ ਦੇ ਮੂੰਹ ਨੂੰ ਘਿਓ ਲਾਉਣ ਦੇ ਬਰਾਬਰ ਹੈ, ਕਿਉਂਕਿ ਜੇਕਰ ਹਿਸਾਬ ਲਗਾਈਏ ਤਾਂ 50 ਹਜ਼ਾਰ ਅਤੇ ਵਿਆਜ ਪਾ ਕੇ 80,000 ਰੁਪਏ ਹਰ ਮਹਿਲਾ ਦੇ ਬਣਦੇ ਹਨ। ਸ਼੍ਰੀ ਬਾਵਾ ਨੇ ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਵਰਸ਼ਾ ਕਪੂਰ ਅਤੇ ਰਾਜ ਰਾਣੀ ਮਾਤਾ ਦਾ ਵਿਸ਼ੇਸ਼ ਸਨਮਾਨ ਕੀਤਾ ਜਦਕਿ ਸਮੁੱਚੇ ਸਮਾਗਮ ਦਾ ਗੁਰਨਾਮ ਸਿੰਘ ਕਲੇਰ, ਗੁਰਪਾਲ ਸਿੰਘ, ਅਮਿਤ ਕੁਮਾਰ, ਬਲਜੀਤ ਮਾਲੜਾ ਨੇ ਪ੍ਰਬੰਧ ਕੀਤਾ। ਇਸ ਸਮੇਂ ਬਾਵਾ ਨੇ ਕਿਹਾ ਕਿ ਔਰਤਾਂ ਦਾ ਸਿਹਤ, ਸਿੱਖਿਆ, ਵਿਗਿਆਨ, ਟੈਕਨੋਲੋਜੀ, ਹਵਾਈ ਸੇਵਾ, ਪੁਲਾੜ ਯਾਤਰਾ ਅਤੇ ਭਾਰਤ ਦੇ ਵਿਕਾਸ ਵਿੱਚ ਅਹਿਮ ਯੋਗਦਾਨ ਹੈ। ਇਸ ਸਮੇਂ ਪਰਮਾਤਮਾ ਤਿਵਾੜੀ, ਕੁਲਵੰਤ ਰਾਏ, ਸੰਤ ਲਾਲ ਗੁਪਤਾ, ਪਵਨ ਸ਼ੁਕਲਾ, ਸੰਤੋਖ ਸਿੰਘ, ਸ਼ਿਵਾ ਕਾਂਗਰਸੀ ਨੇਤਾ, ਗੁਰਬਖਸ਼ ਕੌਰ, ਸੋਨੀਆ, ਫਾਤਮਾ ਬੇਗਮ, ਮੁੰਨੀ ਦੇਵੀ, ਨੀਲਮ, ਕ੍ਰਿਸ਼ਨਾ ਕੁਮਾਰੀ, ਦੀਪਕ ਸਿੰਘ ਆਦਿ ਹਾਜ਼ਰ ਸਨ।

# ਸਤਿੰਦਰਪਾਲ ਹਮੇਸ਼ਾ ਲਈ ਸਕੂਟਰ ਸੈਲਰ ਮਾਰਕੀਟ ਐਸੋ: ਦੇ ਪ੍ਰਧਾਨ ਬਣੇ



ਲੁਧਿਆਣਾ, 10 ਮਾਰਚ (ਰਵਿੰਦਰ ਸਿੰਘ ਨਿੱਝਰ) : ਸਕੂਟਰ ਸੈਲਰ ਮਾਰਕੀਟ ਐਸੋ: ਨੇੜੇ ਬੱਸ ਸਟੈਂਡ ਵੱਲੋਂ ਇੱਕ ਹੰਗਾਮੀ ਮੀਟਿੰਗ ਪ੍ਰਧਾਨ ਸਤਿੰਦਰ ਪਾਲ ਸਿੰਘ ਦੀ ਹੇਠ ਹੋਈ। ਇਸ ਮੌਕੇ ਸਰਬ ਸੰਮਤੀ ਨਾਲ ਫੈਸਲਾ ਲਿਆ ਗਿਆ ਕਿ ਸਤਿੰਦਰ ਪਾਲ ਸਿੰਘ ਜੋ ਪਹਿਲਾਂ ਸਾਡੇ ਪ੍ਰਧਾਨ ਸਨ ਹੁਣ ਵੀ ਉਹ ਹਮੇਸ਼ਾਂ ਪ੍ਰਧਾਨ ਰਹਿਣਗੇ। ਇਸ ਮੌਕੇ ਬੋਲਦਿਆਂ ਸਤਿੰਦਰ ਪਾਲ ਸਿੰਘ (ਟੀਟੂ) ਨੇ ਕਿਹਾ ਜੋ ਦੁਬਾਰਾ ਤੁਸੀਂ ਮੇਰੇ ਮੋਢਿਆਂ 'ਤੇ ਜ਼ਿੰਮੇਵਾਰੀ ਪਾਈ ਹੈ, ਇਸ ਨੂੰ ਮੈਂ ਤਨਦੇਹੀ ਨਾਲ ਨਿਭਾਵਾਂਗਾ। ਉਹਨਾਂ ਕਿਹਾ ਕਿ ਬਾਕੀ ਅਹੁਦੇਦਾਰਾਂ ਦੀ ਚੋਣ ਵੀ ਜਲਦੀ ਕੀਤੀ ਜਾਵੇਗੀ। ਇਸ ਮੌਕੇ ਵਧਾਈ ਦੇਣ ਵਾਲਿਆਂ ਵਿੱਚ ਬਲਜਿੰਦਰ ਸਿੰਘ, ਸੁਖਦੇਵ ਸਿੰਘ, ਮਨੋਜ ਸਿੰਘ, ਕੁਲਦੀਪ ਸਿੰਘ, ਦਰਸ਼ਨ ਸਿੰਘ, ਹਰਪ੍ਰੀਤ ਸਿੰਘ, ਹਰਪ੍ਰੀਤ ਸਿੰਘ ਸਨੀ ਅਰੋੜਾ ਅਤੇ ਰਜੀਵ ਅਰੋੜਾ ਆਦਿ ਸ਼ਾਮਿਲ ਸਨ।

# ਜਗਰਾਓਂ ਦੇ ਕੱਚਾ ਮੁਲਕ ਰੋਡ 'ਤੇ ਘਰਾਂ ਨੂੰ ਗੈਸ ਸਪਲਾਈ ਕਰਨ ਵਾਲੀ ਪਾਈਪ ਲਾਈਨ ਹੋਈ ਲੀਕ



ਜਗਰਾਓਂ, 10 ਮਾਰਚ ( ਵਿਸ਼ਾਲ ਅੱਤਰੇ/ਆਰੀਅਨ ਅੱਤਰੇ) : ਕੱਚਾ ਮੁਲਕ ਰੋਡ 'ਤੇ ਸਥਿਤ ਬਾਬਾ ਜੀਵਨ ਸਿੰਘ ਨਗਰ ਨੇੜੇ ਥਿੰਕ ਗੈਸ ਪਾਈਪਲਾਈਨ ਪਾਉਣ ਲਈ ਪੁੱਟੇ ਗਏ ਟੋਏ ਵਿੱਚ ਸੜਕ ਤੋਂ ਗੁਜ਼ਰ ਰਿਹਾ ਸਾਂਡ ਬੀਤੀ ਰਾਤ ਡਿੱਗ ਗਿਆ ਮੰਗਲਵਾਰ ਦੀ ਸਵੇਰ ਜਿਵੇਂ ਹੀ ਲੋਕਾਂ ਨੂੰ ਸਾਂਡ ਦੇ ਡਿੱਗੇ ਹੋਣ ਦਾ ਪਤਾ ਲੱਗਾ ਤਾਂ ਨੇੜੇ ਤੇੜੇ ਦੇ ਲੋਕਾਂ ਵੱਲੋਂ ਉਸ ਨੂੰ ਬਾਹਰ ਕੱਢਣ ਲਈ ਯਤਨ ਕਰਨੇ ਸ਼ੁਰੂ ਕਰ ਦਿੱਤੇ ਗਏ ਅਤੇ ਇਸੇ ਦੌਰਾਨ ਟੋਏ ਵਿੱਚੋਂ ਗੁਜ਼ਰ ਰਹੀ ਲਿੰਕ ਗੈਸ ਪਾਈਪਲਾਈਨ ਵਿੱਚੋਂ ਗੈਸ ਲੀਕੇਜ ਹੋਣ ਲੱਗ ਪਈ, ਜਿਸ ਕਾਰਨ ਨੇੜੇ ਤੇੜੇ ਦੇ ਲੋਕਾਂ ਵਿੱਚ ਸਹਿਮ ਦਾ ਮਾਹੌਲ ਪੈਦਾ ਹੋ ਗਿਆ ਅਤੇ ਇਸ ਘਟਨਾ ਦੀ ਜਾਣਕਾਰੀ ਸਥਾਨਕ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਦਿੱਤੀ ਗਈ ਤਾਂ ਵਿੱਚ ਮੌਕੇ ਤੇ ਸਿਵਿਲ ਪ੍ਰਸ਼ਾਸਨ ਨਗਰ ਕੌਂਸਲ ਅਤੇ ਪੁਲਿਸ ਪ੍ਰਸ਼ਾਸਨ ਦੇ ਅਧਿਕਾਰੀ ਪੁੱਜੇ ਅਤੇ ਇਸ ਸਥਿਤੀ ਨਾਲ ਨਿਪਟਣ ਲਈ ਮੌਕੇ 'ਤੇ ਫਾਇਰ ਬ੍ਰਿਗੇਡ ਅਤੇ ਐਂਬੂਲੈਂਸ ਨੂੰ ਵੀ ਬੁਲਾਇਆ ਗਿਆ। ਇਸ ਮੌਕੇ 'ਤੇ ਪਹੁੰਚੇ ਸਿਵਿਲ ਪ੍ਰਸ਼ਾਸਨ ਦੇ ਤਹਿਸੀਲ ਵਰਿੰਦਰ ਭਾਟੀਆਂ ਨੇ ਕਿਹਾ ਕਿ ਗੈਸ ਲੀਕ ਹੋਣ ਦੀ ਜਾਣਕਾਰੀ ਮਿਲਣ 'ਤੇ ਉਹ ਮੌਕੇ 'ਤੇ ਪਹੁੰਚੇ ਹਨ। ਉਹਨਾਂ ਦੱਸਿਆ ਕਿ ਮੌਕੇ 'ਤੇ ਸਬੰਧਤ ਵਿਭਾਗਾਂ ਦੀਆਂ ਪਹੁੰਚੀਆਂ ਟੀਮਾਂ ਵੱਲੋਂ ਸਥਿਤੀ ਨੂੰ ਕਾਬੂ ਵਿੱਚ ਕਰ ਲਿਆ ਹੈ ਅਤੇ ਕਿਸੇ ਵੀ ਤਰ੍ਹਾਂ ਦਾ ਕੋਈ ਜਾਨੀ ਜਾਂ ਮਾਲੀ ਨੁਕਸਾਨ ਨਹੀਂ ਹੋਇਆ ਹੈ। ਉਹਨਾਂ ਕਿਹਾ ਕਿ ਇਹ ਇੱਕ ਵੱਡੀ ਲਾਪਰਵਾਹੀ ਹੈ, ਜਿਸ ਦੀ ਡੂੰਘਾਈ ਨਾਲ ਜਾਂਚ ਕੀਤੀ ਜਾਵੇਗੀ ਅਤੇ ਜੋ ਦੋਸ਼ੀ ਪਾਇਆ ਜਾਵੇਗਾ, ਉਸ ਖ਼ਿਲਾਫ਼ ਬਣਦੀ ਕਾਰਵਾਈ ਵੀ ਅਮਲ ਵਿੱਚ ਲਿਆਂਦੀ ਜਾਵੇਗੀ। ਮੌਕੇ 'ਤੇ ਪੁੱਜੇ ਪੁਲਿਸ ਪ੍ਰਸ਼ਾਸਨ ਦੇ ਐਸਪੀ ਰਾਜਨ ਸ਼ਰਮਾ ਨੇ ਕਿਹਾ ਕਿ ਘਟਨਾ ਦੀ ਜਾਣਕਾਰੀ ਮਿਲਣ 'ਤੇ ਪੁਲਿਸ ਪ੍ਰਸ਼ਾਸਨ ਦੀਆਂ ਟੀਮਾਂ ਮੌਕੇ 'ਤੇ ਪੁੱਜੀਆਂ ਹਨ ਤੇ ਸਿਵਿਲ ਪ੍ਰਸ਼ਾਸਨ ਦੀਆਂ ਟੀਮਾਂ ਵੀ ਮੌਕੇ 'ਤੇ ਪਹੁੰਚ ਕੇ ਇਸ ਮਾਮਲੇ ਦੀ ਜਾਂਚ ਕਰ ਰਹੀਆਂ ਹਨ। ਮੌਕੇ 'ਤੇ ਮੌਜੂਦ ਲੋਕਾਂ ਨੇ ਇਸ ਸੰਬੰਧ ਵਿੱਚ ਨਗਰ ਕੌਂਸਲ ਦੀ ਕਾਰਗੁਜ਼ਾਰੀ 'ਤੇ ਸਵਾਲੀਆ ਨਿਸ਼ਾਨ ਖੜ੍ਹੇ ਕਰਦਿਆਂ ਕਿਹਾ ਕਿ ਇਸ ਸੰਬੰਧ ਵਿੱਚ ਅਸੀਂ ਕਈ ਵਾਰੀ ਨਗਰ ਕੌਂਸਲ ਦੇ ਮੌਜੂਦਾ ਕਾਰਜਕਾਰੀ ਪ੍ਰਧਾਨ ਕੰਵਰਪਾਲ ਸਿੰਘ ਨੂੰ ਇਸ ਰੋਡ 'ਤੇ ਪੁੱਟੇ ਗਏ ਟੋਇਆਂ ਦੇ ਖੁੱਲ੍ਹੇ ਹੋਣ ਬਾਰੇ ਕਈ ਵਾਰ ਜਾਣੂੰ ਕਰਵਾ ਚੁੱਕੇ ਹਾਂ ਅਤੇ ਇਹ ਵੀ ਕਿਹਾ ਹੈ ਕਿ ਕੀ ਪ੍ਰਸ਼ਾਸਨ ਇਹਨਾਂ ਵੱਲ ਕੋਈ ਧਿਆਨ ਨਾ ਦੇ ਕੇ ਕਿਸੇ ਵੱਡੇ ਹਾਦਸੇ ਦੀ ਉਡੀਕ ਕਰ ਰਿਹਾ, ਪਰ ਇਸਦੇ ਬਾਵਜੂਦ ਵੀ ਨਗਰ ਕੌਂਸਲ ਦੇ ਨਵ ਨਿਯੁਕਤ ਕਾਰਜਕਾਰੀ ਪ੍ਰਧਾਨ ਕੰਵਰਪਾਲ ਸਿੰਘ ਵੱਲੋਂ ਕੋਈ ਧਿਆਨ ਨਹੀਂ ਦਿੱਤਾ ਗਿਆ। ਜਦੋਂ ਇਸ ਸੰਬੰਧੀ ਨਗਰ ਕੌਂਸਲ ਦੇ ਕਾਰਜਕਾਰੀ ਪ੍ਰਧਾਨ ਨਾਲ ਗੱਲ ਕੀਤੀ ਗਈ ਤਾਂ ਉਹਨਾਂ ਕਿਹਾ ਕਿ ਉਹਨਾਂ ਦੀ ਨਵੀਂ ਨਿਯੁਕਤੀ ਹੋਈ ਹੈ ਤੇ ਇਹ ਮਸਲਾ ਉਹਨਾਂ ਦੇ ਧਿਆਨ ਵਿੱਚ ਨਹੀਂ ਹੈ। ਮੌਕੇ 'ਤੇ ਮੌਜੂਦ ਚਸ਼ਮਦੀਦ ਨੇ ਹੀਂ ਨਗਰ ਕੌਂਸਲ ਦੇ ਪ੍ਰਧਾਨ ਦੀ ਕਾਰਗੁਜ਼ਾਰੀ ਨੂੰ ਸਵਾਲੀਆ ਨਿਸ਼ਾਨੀਆਂ ਦੇ ਘੇਰੇ ਵਿੱਚ ਖੜ੍ਹਾ ਕਰ ਦਿੱਤਾ ਹੈ।

# ਵਿਸ਼ੇਸ਼ ਲੋੜਾਂ ਵਾਲੇ ਯਾਤਰੀਆਂ ਲਈ ਲੁਧਿਆਣਾ ਬੱਸ ਅੱਡਾ ਬਣਿਆ ਪੰਜਾਬ ਦਾ ਪਹਿਲਾ ਬੱਸ ਟਰਮੀਨਲ



ਲੁਧਿਆਣਾ, 10 ਮਾਰਚ (ਵਿਸ਼ਾਲ ਸ਼ਰਮਾ) : ਇੱਕ ਇਤਿਹਾਸਕ ਕਦਮ ਵਿੱਚ ਲੁਧਿਆਣਾ ਬੱਸ ਸਟੈਂਡ ਨੂੰ ਪੰਜਾਬ ਦੇ ਪਹਿਲੇ ਵਿਸ਼ੇਸ਼ ਲੋੜਾਂ ਵਾਲੇ ਵਿਅਕਤੀਆਂ ਲਈ ਅਨੁਕੂਲ ਬੱਸ ਟਰਮੀਨਲ ਵਿੱਚ ਬਦਲ ਦਿੱਤਾ ਗਿਆ ਹੈ।ਜ਼ਿਲ੍ਹਾ ਪ੍ਰਸ਼ਾਸਨ ਨੇ ਐਕਟ ਹਿਊਮਨ ਐਨ.ਜੀ.ਓ ਦੇ ਨਾਲ ਮਿਲ ਕੇ ਇਸਦੀ ਸੰਸਥਾਪਕ ਹਰਲੀਨ ਕੌਰ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਦੀ ਸਹਾਇਤਾ ਨਾਲ ਪ੍ਰੋਜੈਕਟ ਉਮੀਦ ਦੇ ਤਹਿਤ ਇਸਦੀ ਸ਼ੁਰੂਆਤ ਕੀਤੀ। ਇਸ ਸਹੂਲਤ ਨੂੰ ਟੈਕਟਾਈਲ ਫਲੋਰਿੰਗ, ਥੰਮ੍ਹਾਂ 'ਤੇ ਬ੍ਰੇਲ ਸਾਈਨੇਜ ਨਾਲ ਵੀ ਲੈਸ ਕੀਤਾ ਗਿਆ ਹੈ ਤਾਂ ਜੋ ਨੇਤਰਹੀਣ ਯਾਤਰੀ ਆਪਣੇ ਆਪ ਟਰਮੀਨਲ 'ਤੇ ਨੈਵੀਗੇਟ ਕਰ ਸਕਣ, ਬੱਸ ਕਾਊਂਟਰ ਅਤੇ ਰੂਟ ਲੱਭ ਸਕਣ। ਇੱਥੇ ਵਿਸ਼ੇਸ਼ ਲੋੜਾਂ ਵਾਲੇ ਵਿਅਕਤੀਆਂ ਲਈ ਅਨੁਕੂਲ ਵਾਸ਼ਰੂਮ ਦੀ ਸਹੂਲਤ ਵੀ ਹੈ। ਇਹ ਅੱਪਗ੍ਰੇਡ ਅਪਾਹਜ ਯਾਤਰੀਆਂ ਨੂੰ ਹਰ ਸਮੇਂ ਸਹਾਇਤਾ ਪ੍ਰਾਪਤ ਕਰਨ ਦੇ ਉਲਟ ਸੁਤੰਤਰ ਤੌਰ 'ਤੇ ਯਾਤਰਾ ਕਰਨ ਦੇ ਯੋਗ ਬਣਾਉਂਦੇ ਹਨ। ਮੁੱਖ ਸ਼ਾਸਨ ਅਧਿਕਾਰੀ ਅੰਬਰ ਬੰਦੋਪਾਧਿਆਏ ਅਤੇ ਜ਼ਿਲ੍ਹਾ ਪਰਿਵਰਤਨ ਇੰਟਰਨ ਨਵਪ੍ਰੀਤ ਸਿੱਧੂ ਵੀ ਇਸ ਵੱਕਾਰੀ ਪ੍ਰੋਜੈਕਟ ਦਾ ਹਿੱਸਾ ਸਨ।

# ਅਨੁਸੂਚਿਤ ਜਾਤੀਆਂ 'ਤੇ ਅਨੁਸੂਚਿਤ ਕਬੀਲਿਆਂ ਭਲਾਈ ਸਬੰਧੀ ਕਮੇਟੀ ਦੀ ਰਿਪੋਰਟ ਪੇਸ਼

## ਰੋਸਟਰ ਡਿਜੀਟਾਈਜ਼ ਕਰਨ ਅਤੇ ਐਟ੍ਰਾਸਿਟੀ ਕੇਸਾਂ ਲਈ ਪ੍ਰੋਟੈਕਸ਼ਨ ਸੈੱਲ ਮਜ਼ਬੂਤ ਕਰਨ ਦੀ ਸਿਫ਼ਾਰਸ਼ : ਵਿਧਾਇਕਾ ਸਰਬਜੀਤ ਕੌਰ ਮਾਣੂਕੇ



ਜਗਰਾਓਂ, 10 ਮਾਰਚ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ) : ਪੰਜਾਬ ਵਿਧਾਨ ਸਭਾ ਦੀ ਅਨੁਸੂਚਿਤ ਜਾਤੀਆਂ, ਅਨੁਸੂਚਿਤ ਕਬੀਲਿਆਂ ਅਤੇ ਪੱਛੜੀਆਂ ਸ਼੍ਰੇਣੀਆਂ ਦੀ ਭਲਾਈ ਸਬੰਧੀ ਕਮੇਟੀ ਨੇ ਆਪਣੀ ਰਿਪੋਰਟ ਪੇਸ਼ ਕਰਦਿਆਂ ਵਿਧਾਇਕਾ ਸਰਬਜੀਤ ਕੌਰ ਮਾਣੂਕੇ ਨੇ ਕਈ ਮਹੱਤਵਪੂਰਨ ਸਿਫਾਰਸ਼ਾਂ ਕੀਤੀਆਂ ਹਨ। ਕਮੇਟੀ ਨੇ ਕਿਹਾ ਹੈ ਕਿ ਐਸ.ਸੀ./ਐਸ.ਟੀ. ਵਰਗਾਂ ਨਾਲ ਸਬੰਧਿਤ ਮਾਮਲਿਆਂ ਦੀ ਨਿਗਰਾਨੀ ਅਤੇ ਹੱਕਾਂ ਦੀ ਰੱਖਿਆ ਲਈ ਵਿਭਾਗਾਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਕਰਨਾ ਚਾਹੀਦਾ ਹੈ।ਰਿਪੋਰਟ ਵਿੱਚ ਕਮੇਟੀ ਨੇ ਸਰਕਾਰ ਨੂੰ ਸਿਫਾਰਸ਼ ਕੀਤੀ ਹੈ ਕਿ ਸਰਕਾਰੀ ਵਿਭਾਗਾਂ ਵਿੱਚ ਰਿਜ਼ਰਵੇਸ਼ਨ ਨਾਲ ਸਬੰਧਿਤ ਰੋਸਟਰ ਪ੍ਰਣਾਲੀ ਨੂੰ ਡਿਜੀਟਾਈਜ਼ ਕੀਤਾ ਜਾਵੇ, ਤਾਂ ਜੋ ਭਰਤੀਆਂ ਅਤੇ ਤਰੱਕੀਆਂ ਵਿੱਚ ਪਾਰਦਰਸ਼ਤਾ ਬਣੀ ਰਹੇ ਅਤੇ ਕਿਸੇ ਵੀ ਤਰ੍ਹਾਂ ਦੀ ਗੜਬੜ ਤੋਂ ਬਚਿਆ ਜਾ ਸਕੇ। ਕਮੇਟੀ ਨੇ ਇਹ ਵੀ ਕਿਹਾ ਕਿ ਐਸ.ਸੀ./ਐਸ.ਟੀ. ਵਰਗਾਂ ਨਾਲ ਹੋਣ ਵਾਲੀਆਂ ਜ਼ਿਆਦਤੀਆਂ ਅਤੇ ਐਟ੍ਰਾਸਿਟੀ ਕੇਸਾਂ ਨਾਲ ਨਜਿੱਠਣ ਲਈ ਪ੍ਰੋਟੈਕਸ਼ਨ ਸੈੱਲ ਨੂੰ ਹੋਰ ਮਜ਼ਬੂਤ ਕੀਤਾ ਜਾਵੇ ਅਤੇ ਸ਼ਿਕਾਇਤਾਂ ਦੀ ਤੁਰੰਤ ਸੁਣਵਾਈ ਯਕੀਨੀ ਬਣਾਈ ਜਾਵੇ। ਇਸ ਤੋਂ ਇਲਾਵਾ ਕਮੇਟੀ ਨੇ ਸਰਕਾਰ ਨੂੰ ਇਹ ਵੀ ਸਿਫਾਰਸ਼ ਕੀਤੀ ਹੈ ਕਿ ਐਸ.ਸੀ./ਐਸ.ਟੀ. ਕਰਮਚਾਰੀਆਂ ਦੀ ਤਰੱਕੀ ਨਾਲ ਜੁੜੇ ਮਾਮਲਿਆਂ ਦੀ ਸਮੀਖਿਆ ਲਈ ਰਿਵਿਊ ਬੋਰਡ (Review Board) ਬਣਾਇਆ ਜਾਵੇ, ਤਾਂ ਜੋ ਤਰੱਕੀਆਂ ਵਿੱਚ ਨਿਆਂ ਅਤੇ ਰਿਜ਼ਰਵੇਸ਼ਨ ਨੀਤੀ ਦੀ ਪਾਲਣਾ ਯਕੀਨੀ ਬਣ ਸਕੇ। ਕਮੇਟੀ ਨੇ ਆਪਣੀ ਰਿਪੋਰਟ ਵਿੱਚ ਕਿਹਾ ਕਿ ਇਨ੍ਹਾਂ ਕਦਮਾਂ ਨਾਲ ਅਨੁਸੂਚਿਤ ਜਾਤੀਆਂ ਅਤੇ ਅਨੁਸੂਚਿਤ ਕਬੀਲਿਆਂ ਦੇ ਲੋਕਾਂ ਦੇ ਅਧਿਕਾਰ ਹੋਰ ਮਜ਼ਬੂਤ ਹੋਣਗੇ।

# ਪੀ.ਐਮ. ਕਿਸਾਨ ਸਨਮਾਨ ਨਿਧੀ ਦਾ ਲਾਭ ਜਾਰੀ ਰੱਖਣ ਲਈ ਕਿਸਾਨ ਰਜਿਸਟਰੀ ਤਹਿਤ ਰਜਿਸਟਰਡ ਹੋਣਾ ਲਾਜ਼ਮੀ : ਮੁੱਖ ਖੇਤੀਬਾੜੀ ਅਫ਼ਸਰ



ਲੁਧਿਆਣਾ, 10 ਮਾਰਚ (ਵਿਸ਼ਾਲ ਸ਼ਰਮਾ/ਸੰਜੀਵ ਲਹਿਲ) : ਮੁੱਖ ਖੇਤੀਬਾੜੀ ਅਫਸਰ ਲੁਧਿਆਣਾ ਡਾ. ਗੁਰਦੀਪ ਸਿੰਘ ਨੇ ਜ਼ਿਲ੍ਹੇ ਦੇ ਕਿਸਾਨਾਂ ਲਈ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਦਾ ਲਾਭ ਲੈ ਰਹੇ ਹਰੇਕ ਕਿਸਾਨ ਲਈ ਐਗਰੀਟੈਕ ਦੇ ਆਨਲਾਈਨ ਪੋਰਟਲ 'ਤੇ ਫਾਰਮਰ ਰਜਿਸਟਰੀ ਤਹਿਤ ਰਜਿਸਟਰ ਹੋ ਕੇ ਆਪਣੀ ਫਾਰਮਰ ਆਈ.ਡੀ ਬਣਾਉਣਾ ਲਾਜ਼ਮੀ ਹੈ। ਉਨ੍ਹਾਂ ਨੇ ਦੱਸਿਆ ਕਿ ਫਾਰਮਰ ਰਜਿਸਟਰੀ ਦਾ ਮੁੱਖ ਉਦੇਸ਼ ਕਿਸਾਨਾਂ ਦਾ ਕੇਂਦਰੀ ਡਾਟਾ ਬੇਸ ਬਣਾਉਣਾ ਹੈ ਤਾਂ ਜੋ ਸਰਕਾਰੀ ਸਹਾਇਤਾ ਸਿੱਧੇ ਅਤੇ ਪਾਰਦਰਸ਼ੀ ਢੰਗ ਨਾਲ ਅਸਲ ਲਾਭਪਾਤਰੀਆਂ ਤੱਕ ਪਹੁੰਚਾਈ ਜਾ ਸਕੇ।

ਉਨ੍ਹਾਂ ਦੱਸਿਆ ਕਿ ਵਿਭਾਗ ਵੱਲੋਂ ਇਹ ਸਪੱਸ਼ਟ ਕੀਤਾ ਗਿਆ ਹੈ ਕਿ ਭਵਿੱਖ ਵਿੱਚ ਕੇਵਲ ਉਨ੍ਹਾਂ ਹੀ ਕਿਸਾਨਾਂ ਨੂੰ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਤਹਿਤ ਮਿਲਣ ਵਾਲੀਆਂ ਵਿੱਤੀ ਕਿਸ਼ਤਾਂ ਜਾਰੀ ਕੀਤੀਆਂ ਜਾਣਗੀਆਂ ਜਿਨ੍ਹਾਂ ਨੇ ਆਪਣੀ ਫਾਰਮਰ ਆਈ.ਡੀ ਬਣਵਾ ਲਈ ਹੋਵੇਗੀ। ਇਸ ਰਜਿਸਟ੍ਰੇਸ਼ਨ ਪ੍ਰਕਿਰਿਆ ਦੌਰਾਨ ਹਰੇਕ ਲਾਭਪਾਤਰੀ ਕਿਸਾਨ ਨੂੰ ਇੱਕ ਵਿਲੱਖਣ ਕਿਸਾਨ ਆਈ.ਡੀ ਜਾਰੀ ਕੀਤੀ ਜਾਵੇਗੀ। ਇਸ ਕਿਸਾਨ ਆਈ.ਡੀ ਨੂੰ ਕਿਸਾਨ ਦੇ ਮੌਜੂਦਾ ਪੀ.ਐਮ ਕਿਸਾਨ ਖਾਤੇ ਨਾਲ ਲਿੰਕ ਕੀਤਾ ਜਾਵੇਗਾ। ਜਿਸ ਨਾਲ ਕਿਸਾਨ ਦੀ ਪਹਿਚਾਣ ਅਤੇ ਜ਼ਮੀਨੀ ਰਿਕਾਰਡ ਤਸਦੀਕ ਕਰਨਾ ਆਸਾਨ ਹੋਵੇਗਾ।

ਡਾ. ਗੁਰਦੀਪ ਸਿੰਘ ਨੇ ਕਿਹਾ ਕਿ ਜਿਨ੍ਹਾਂ ਕਿਸਾਨਾਂ ਵੱਲੋਂ ਇਹ ਰਜਿਸਟ੍ਰੇਸ਼ਨ ਨਹੀਂ ਕਰਵਾਈ ਜਾਵੇਗੀ, ਉਨ੍ਹਾਂ ਕਿਸਾਨਾਂ ਦੀਆਂ ਪੀ.ਐਮ ਕਿਸਾਨ ਦੀਆਂ ਸਾਰੀਆਂ ਕਿਸ਼ਤਾਂ ਭਵਿੱਖ ਵਿੱਚ ਰੁੱਕ ਸਕਦੀਆਂ ਹਨ। ਉਨ੍ਹਾਂ ਦੱਸਿਆ ਕਿ ਕਿਸਾਨ ਬਿਨ੍ਹਾਂ ਕਿਸੇ ਦੇਰੀ ਤੋਂ ਆਪਣੀ ਕਿਸਾਨ ਆਈ.ਡੀ ਦੀ ਰਜਿਸਟ੍ਰੇਸ਼ਨ ਆਪਣਾ ਆਧਾਰ ਕਾਰਡ ਲੈ ਕੇ ਨੇੜੇ ਦੇ ਸੀ.ਐਸ.ਸੀ ਸੈਂਟਰ ਪਹੁੰਚ ਕੇ ਪੂਰੀ ਕਰਵਾਉਣ। ਇਸ ਸਬੰਧੀ ਵਿਭਾਗ ਵੱਲੋਂ ਸੀ.ਐਸ.ਸੀ ਸੈਂਟਰਾਂ ਨਾਲ ਮਿਲ ਕੇ ਪਿੰਡ ਪੱਧਰੀ ਕੈਂਪ ਲਗਾਏ ਜਾ ਰਹੇ ਹਨ। ਜਿੱਥੇ ਕਿਸਾਨ ਇਹ ਰਜਿਸਟ੍ਰੇਸ਼ਨ ਫਰੀ ਕਰਵਾ ਸਕਦੇ ਹਨ। ਕਿਸਾਨ ਬਲਾਕ ਖੇਤੀਬਾੜੀ ਦਫਤਰ ਨਾਲ ਵੀ ਸੰਪਰਕ ਕਰ ਸਕਦੇ ਹਨ। ਜ਼ਿਲ੍ਹੇ ਵਿੱਚ ਸੀ.ਐਸ.ਸੀ ਅਤੇ ਖੇਤੀਬਾੜੀ ਵਿਭਾਗ ਵੱਲੋਂ ਲਗਾਏ ਜਾ ਰਹੇ ਕੈਂਪਾਂ ਸਬੰਧੀ 0161-2552757 ਨੰਬਰ ਤੋਂ ਜਾਣਕਾਰੀ ਲਈ ਜਾ ਸਕਦੀ ਹੈ।

# ਜੇਈ ਸਾਹਿਬ ਖੰਭਾ ਹੀ ਪੁੱਟਕੇ ਲੈ ਗਏ, ਬਿਜਲੀ ਦੀਆਂ ਲਟਕਦੀਆਂ ਤਾਰਾਂ ਕਾਰਨ ਵਾਪਰ ਸਕਦੈ ਵੱਡਾ ਹਾਦਸਾ



ਸਾਹਨੇਵਾਲ ਕੁਹਾੜਾ, 10 ਮਾਰਚ (ਕੁਲਦੀਪ ਸਿੰਘ ਕੁਹਾੜਾ) : ਲੁਧਿਆਣਾ ਜ਼ਿਲ੍ਹੇ ਦੀ ਸਬ ਤਹਿਸੀਲ ਸਾਹਨੇਵਾਲ ਦੇ ਪਿੰਡ ਧਰੌੜ ਦੇ ਲੋਕਾਂ ਦੀ ਜਾਨ ਨਾਲ ਖਿਲਵਾੜ ਕਰਦੇ ਹੋਏ ਬਿਜਲੀ ਵਿਭਾਗ ਦੀ ਵੱਡੀ ਲਾਪਰਵਾਹੀ ਸਾਹਮਣੇ ਆਈ ਹੈ। ਜਾਣਕਾਰੀ ਅਨੁਸਾਰ ਬਿਜਲੀ ਵਿਭਾਗ ਦੇ ਜੇ.ਈ. ਵੱਲੋਂ ਪਿੰਡ ਦੇ ਚੌਰਾਹੇ ਵਿੱਚ ਲੱਗਿਆ ਬਿਜਲੀ ਦਾ ਖੰਭਾ ਪੁੱਟ ਕੇ ਲੈ ਗਿਆ, ਜਿਸ ਤੋਂ ਬਾਅਦ ਬਿਜਲੀ ਦੀਆਂ ਤਾਰਾਂ ਕਾਫ਼ੀ ਨੀਵੀਆਂ ਲਮਕ ਰਹੀਆਂ ਹਨ। ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਇਹ ਨੀਵੀਆਂ ਤਾਰਾਂ ਕਿਸੇ ਵੀ ਵੇਲੇ ਵੱਡੇ ਹਾਦਸੇ ਦਾ ਕਾਰਨ ਬਣ ਸਕਦੀਆਂ ਹਨ।

ਪਿੰਡ ਵਿੱਚੋਂ ਲੰਘਣ ਵਾਲੇ ਲੋਕ, ਸਕੂਲੀ ਬੱਚੇ ਅਤੇ ਦੋ ਪਹੀਆ ਵਾਹਨ ਚਾਲਕ ਹਰ ਰੋਜ਼ ਡਰ ਦੇ ਸਾਏ ਹੇਠੋਂ ਗੁਜ਼ਰ ਰਹੇ ਹਨ। ਖ਼ਾਸ ਕਰਕੇ ਰਾਤ ਸਮੇਂ ਇਹ ਤਾਰਾਂ ਹੋਰ ਵੀ ਖ਼ਤਰਨਾਕ ਸਾਬਤ ਹੋ ਸਕਦੀਆਂ ਹਨ। ਪਿੰਡ ਵਾਸੀ ਹਰਦੀਪ ਸਿੰਘ ਗਰੇਵਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸਬੰਧੀ ਬਿਜਲੀ ਵਿਭਾਗ ਨੂੰ ਕਈ ਵਾਰ ਮੌਖਿਕ ਅਤੇ ਲਿਖਤੀ ਸ਼ਿਕਾਇਤਾਂ ਕੀਤੀਆਂ ਗਈਆਂ ਹਨ, ਪਰੰਤੂ ਅਜੇ ਤੱਕ ਕੋਈ ਕਾਰਵਾਈ ਨਹੀਂ ਕੀਤੀ ਗਈ।

ਲੋਕਾਂ ਦਾ ਕਹਿਣਾ ਹੈ ਕਿ ਜੇਕਰ ਕਿਸੇ ਵੀ ਵੇਲੇ ਕੋਈ ਹਾਦਸਾ ਵਾਪਰ ਗਿਆ ਤਾਂ ਉਸ ਦੀ ਜ਼ਿੰਮੇਵਾਰੀ ਸਿੱਧੇ ਤੌਰ 'ਤੇ ਬਿਜਲੀ ਵਿਭਾਗ ਅਤੇ ਸੰਬੰਧਿਤ ਅਧਿਕਾਰੀਆਂ ਦੀ ਹੋਵੇਗੀ। ਪਿੰਡ ਵਾਸੀਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਤੁਰੰਤ ਨਵਾਂ ਖੰਭਾ ਲਗਾ ਕੇ ਤਾਰਾਂ ਨੂੰ ਉੱਚਾ ਕੀਤਾ ਜਾਵੇ ਤਾਂ ਜੋ ਕਿਸੇ ਵੀ ਅਣਹੋਣੀ ਘਟਨਾ ਤੋਂ ਬਚਿਆ ਜਾ ਸਕੇ।

ਕੀ ਕਹਿਣਾ ਐਕਸੀਅਨ ਦਾ- ਜਦੋਂ ਇਸ ਸੰਬੰਧੀ ਬਿਜਲੀ ਬੋਰਡ ਦੇ ਐਕਸੀਅਨ ਗੁਰਮਨਪ੍ਰੀਤ ਸਿੰਘ ਨਾਲ ਉਨ੍ਹਾਂ ਦੇ ਮੋਬਾਈਲ ਫੋਨ 'ਤੇ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਮੇਰੀ ਪੋਸਟਿੰਗ ਇਥੇ ਫਰਵਰੀ ਵਿੱਚ ਹੋਈ ਹੈ। ਇਹ ਮਾਮਲਾ ਮੇਰੇ ਧਿਆਨ ਵਿੱਚ ਨਹੀਂ ਹੈ ਮੈਂ ਐਸ.ਡੀ.ਓ. ਦੀ ਡਿਊਟੀ ਲਗਾ ਕੇ ਜੋ ਵੀ ਕੰਮ ਪੈਡਿੰਗ ਵਿੱਚ ਉਸ ਨੂੰ ਜਲਦ ਹੀ ਪੂਰਾ ਕਰਵਾ ਦਿੱਤਾ ਜਾਵੇਗਾ।

## ਮਾਝਾ ਕਿਸਾਨ ਸੰਘਰਸ਼ ਕਮੇਟੀ ਨੇ ਚੀਫ਼ ਸੈਕਟਰੀ ਪੰਜਾਬ ਨੂੰ ਮੰਗ ਪੱਤਰ ਦਿੱਤਾ

ਕਾਹਨੂੰਵਾਨ, 10 ਮਾਰਚ (ਕੁਲਜੀਤ ਖੋਖਰ): ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ



ਅੱਜ ਕਾਹਨੂੰਵਾਨ ਰੈਲੀ ਵਿੱਚ ਮਾਝਾ ਕਿਸਾਨ ਸੰਘਰਸ਼ ਕਮੇਟੀ ਵੱਲੋਂ ਚੀਫ਼ ਸੈਕਟਰੀ ਪੰਜਾਬ ਨੂੰ ਗੰਨੇ ਦੀ 68 ਰੁਪਏ 50 ਪੈਸੇ ਨੂੰ ਲੈ ਕੇ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਪ੍ਰਧਾਨ ਬਲਵਿੰਦਰ ਸਿੰਘ ਰਾਜੂ ਔਲਖ ਨੇ ਕਿਹਾ ਕਿ ਸੀਜ਼ਨ 2025 ਤੇ 2026 ਦੇ ਗੰਨੇ ਦੇ 68 ਰੁਪਏ 50 ਪੈਸੇ ਸਰਕਾਰ ਵੱਲ ਹਨ, ਜੋ ਅਜੇ ਤੱਕ ਜਾਰੀ ਨਹੀਂ ਕੀਤੇ ਗਏ। ਜਿਸ ਨੂੰ ਲੈ ਕੇ ਪ੍ਰਧਾਨ ਬਲਵਿੰਦਰ ਸਿੰਘ ਰਾਜੂ ਔਲਖ ਵੱਲੋਂ ਚੀਫ਼ ਸੈਕਟਰੀ ਨੂੰ ਮੰਗ ਪੱਤਰ ਦੇ ਕੇ ਇਸ ਪੈਮੇਂਟ ਨੂੰ ਤੁਰੰਤ ਜਾਰੀ ਕਰਨ ਲਈ ਕਿਹਾ ਗਿਆ ਤੇ ਚੀਫ਼ ਸੈਕਟਰੀ ਪੰਜਾਬ ਵੱਲੋਂ ਯਕੀਨ ਦਿਵਾਇਆ ਗਿਆ ਹੈ ਕਿ ਹਫਤੇ ਅੰਦਰ ਪੈਮੇਂਟ ਨੂੰ ਜਾਰੀ ਕਰ ਦਿੱਤਾ ਜਾਵੇਗਾ। ਇਸ ਮੌਕੇ ਮਨੋਹਰ ਸਿੰਘ, ਗੁਰਦੇਵ ਸਿੰਘ ਕਾਹਨੂੰਵਾਨ, ਕਸ਼ਮੀਰ ਸਿੰਘ ਤੁਗਲਵਾਲ ਆਦਿ ਹਾਜ਼ਰ ਸਨ।

## ਭਾਰਤੀਆਂ ਦੀ ਵਤਨ ਵਾਪਸੀ ਲਈ ਖਿੱਚੀ ਤਿਆਰੀ, ਸਾਊਦੀ ਅਰਬ ਦੇ ਰਸਤੇ ਲਿਆਂਦਾ ਜਾਵੇਗਾ ਵਾਪਸ

ਨਵੀਂ ਦਿੱਲੀ/ਮਨਾਮਾ, 10 ਮਾਰਚ (ਚ.ਨ.ਸ): ਖਾੜੀ ਦੇਸ਼ਾਂ ਵਿੱਚ ਚੱਲ ਰਹੇ



ਤਣਾਅਪੂਰਨ ਹਾਲਾਤਾਂ ਤੇ ਹਵਾਈ ਸੇਵਾਵਾਂ ਦੇ ਪ੍ਰਭਾਵਿਤ ਹੋਣ ਕਾਰਨ ਬਹਿਰੀਨ ਵਿੱਚ ਫਸੇ ਸੈਂਕੜੇ ਭਾਰਤੀ ਨਾਗਰਿਕਾਂ ਦੀ ਸੁਰੱਖਿਅਤ ਵਤਨ ਵਾਪਸੀ ਲਈ ਭਾਰਤੀ ਦੂਤਾਵਾਸ ਨੇ ਵੱਡੀ ਯੋਜਨਾ ਉਲੀਕੀ ਹੈ। ਬਹਿਰੀਨ ਦੇ ਹਵਾਈ ਅੱਡੇ 'ਤੇ ਬੀਤੀ 28 ਫਰਵਰੀ ਤੋਂ ਵਪਾਰਕ ਉਡਾਣਾਂ ਦੀ ਆਵਾਜਾਈ ਪੂਰੀ ਤਰ੍ਹਾਂ ਠੱਪ ਹੋਣ ਕਾਰਨ ਭਾਰਤ ਸਰਕਾਰ ਨੇ ਹੁਣ ਆਪਣੇ ਨਾਗਰਿਕਾਂ ਨੂੰ ਸਾਊਦੀ ਅਰਬ ਦੇ ਰਸਤੇ ਵਾਪਸ ਲਿਆਉਣ ਦਾ ਫੈਸਲਾ ਕੀਤਾ ਹੈ। ਇਸ ਸਬੰਧੀ ਬਹਿਰੀਨ ਸਥਿਤ ਭਾਰਤੀ ਮਿਸ਼ਨ ਤੇ ਸਾਊਦੀ ਅਰਬ ਸਥਿਤ ਭਾਰਤੀ ਦੂਤਾਵਾਸ ਆਪਸੀ ਤਾਲਮੇਲ ਰਾਹੀਂ ਕੰਮ ਕਰ ਰਹੇ ਹਨ। ਬਹਿਰੀਨ ਵਿੱਚ ਭਾਰਤੀ ਰਾਜਦੂਤ ਵਿਨੋਦ ਕੇ. ਜੈਕਬ ਨੇ ਇਸ ਸਥਿਤੀ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਰਿਆਦ (ਸਾਊਦੀ ਅਰਬ) ਸਥਿਤ ਭਾਰਤੀ ਦੂਤਾਵਾਸ ਉਥੋਂ ਦੀ ਸਰਕਾਰ ਨਾਲ ਤਾਲਮੇਲ ਕਰਕੇ ਭਾਰਤੀਆਂ ਲਈ ਵਿਅਕਤੀਗਤ ਟ੍ਰਾਂਜ਼ਿਟ ਵੀਜ਼ਾ ਪ੍ਰਵਾਨਗੀਆਂ ਹਾਸਲ ਕਰ ਰਿਹਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਬਹਿਰੀਨ ਸਥਿਤ ਭਾਰਤੀ ਦੂਤਾਵਾਸ ਵੱਲੋਂ ਟ੍ਰਾਂਜ਼ਿਟ ਵੀਜ਼ਾ ਦੀਆਂ ਬੇਨਤੀਆਂ ਰਿਆਦ ਸਥਿਤ ਦੂਤਾਵਾਸ ਨੂੰ ਭੇਜੀਆਂ ਜਾ ਰਹੀਆਂ ਹਨ ਤਾਂ ਜੋ ਫਸੇ ਹੋਏ ਮੁਸਾਫਰਾਂ ਨੂੰ ਜਲਦ ਤੋਂ ਜਲਦ ਸਾਊਦੀ ਅਰਬ ਰਾਹੀਂ ਭਾਰਤ ਭੇਜਿਆ ਜਾ ਸਕੇ। ਉਨ੍ਹਾਂ ਅੱਗੇ ਕਿਹਾ ਕਿ ਇਸ ਪ੍ਰਕਿਰਿਆ ਵਿੱਚ ਉਨ੍ਹਾਂ ਭਾਰਤੀਆਂ ਨੂੰ ਪਹਿਲ ਦਿੱਤੀ ਜਾ ਰਹੀ ਹੈ ਜੋ ਸੈਲਾਨੀ ਵੀਜ਼ੇ 'ਤੇ ਉਥੇ ਗਏ ਸਨ ਜਾਂ ਜਿਨ੍ਹਾਂ ਕੋਲ ਥੋੜ੍ਹੇ ਸਮੇਂ ਦਾ ਵੀਜ਼ਾ ਸੀ ਤੇ ਉਹ ਉਥੇ ਫਸ ਗਏ ਹਨ।ਮੌਜੂਦਾ ਹਾਲਾਤਾਂ ਮੁਤਾਬਿਕ ਬਹਿਰੀਨ ਤੋਂ ਭਾਰਤ ਆਉਣ ਲਈ ਸਾਊਦੀ ਅਰਬ ਦਾ ਰਸਤਾ ਹੀ ਸਭ ਤੋਂ ਕਾਰਗਰ ਵਿਕਲਪ ਬਚਿਆ ਹੈ। ਹਾਲਾਂਕਿ, ਸਾਊਦੀ ਟ੍ਰਾਂਜ਼ਿਟ ਵੀਜ਼ਾ ਪ੍ਰਾਪਤ ਕਰਨ ਲਈ ਕੁਝ ਸ਼ਰਤਾਂ ਦਾ ਪਾਲਣ ਕਰਨਾ ਲਾਜ਼ਮੀ ਹੋਵੇਗਾ। ਵੀਜ਼ਾ ਅਪਲਾਈ ਕਰਨ ਵਾਲੇ ਮੁਸਾਫਰਾਂ ਕੋਲ ਭਾਰਤ ਜਾਣ ਲਈ ਪਹਿਲਾਂ ਤੋਂ ਕਨਫਰਮ ਹੋਈ ਫਲਾਈਟ ਟਿਕਟ ਹੋਣੀ ਚਾਹੀਦੀ ਹੈ।ਸਾਊਦੀ ਅਰਬ ਦਾ ਇਹ ਟ੍ਰਾਂਜ਼ਿਟ ਵੀਜ਼ਾ ਕੇਵਲ 72 ਤੋਂ 96 ਘੰਟਿਆਂ ਲਈ ਵੈਧ ਹੋਵੇਗਾ, ਜਿਸਦਾ ਮਤਲਬ ਹੈ ਕਿ ਮੁਸਾਫਰਾਂ ਨੂੰ ਇਸ ਨਿਰਧਾਰਿਤ ਸਮੇਂ ਦੇ ਅੰਦਰ ਹੀ ਸਾਊਦੀ ਅਰਬ ਤੋਂ ਭਾਰਤ ਲਈ ਰਵਾਨਾ ਹੋਣਾ ਪਵੇਗਾ।

## ਅਚਾਨਕ ਵਧੀ ਗਰਮੀ ਨਾਲ ਪੰਜਾਬ 'ਚ ਕਣਕ ਦਾ ਝਾੜ ਘਟਣ ਦਾ ਖ਼ਤਰਾ

ਖੰਨਾ, 10 ਮਾਰਚ (ਚ.ਨ.ਸ): ਫਰਵਰੀ ਦੇ ਅੰਤ ਤੇ ਮਾਰਚ ਦੇ ਸ਼ੁਰੂ 'ਚ ਅਚਾਨਕ ਵਧੀ ਗਰਮੀ ਨੇ ਕਣਕ ਦੀ ਫ਼ਸਲ ਦੀ ਪੈਦਾਵਾਰ ਲਈ ਗੰਭੀਰ ਖ਼ਤਰਾ ਪੈਦਾ ਕਰ ਦਿੱਤਾ ਹੈ। ਭਾਰਤੀ ਮੌਸਮ ਵਿਗਿਆਨ ਵਿਭਾਗ (ਆਈ.ਐਮ.ਡੀ.) ਅਨੁਸਾਰ ਇਸ ਮਹੀਨੇ ਤਾਪਮਾਨ ਆਮ ਨਾਲੋਂ 5 ਤੋਂ 7 ਡਿਗਰੀ ਸੈਲਸੀਅਸ ਵੱਧ ਰਹਿਣ ਦੀ ਸੰਭਾਵਨਾ ਹੈ, ਜੋ ਅਨਾਜ ਦੇ ਦਾਣਾ ਬਣਨ ਦੇ ਅਹਿਮ ਪੜਾਅ ਨੂੰ ਪ੍ਰਭਾਵਿਤ ਕਰ ਰਿਹਾ ਹੈ। ਜਦੋਂ ਕਿ ਆਉਣ ਵਾਲੇ ਦਿਨਾਂ ਵਿੱਚ ਮੀਂਹ ਪੈਣ ਦੀ ਸੰਭਾਵਨਾ ਵੀ ਕਾਫੀ ਘੱਟ ਹੈ। ਇਸ ਨਾਲ ਉਤਰੀ ਭਾਰਤ ਵਿੱਚ ਕਣਕ ਦੀ ਪੈਦਾਵਾਰ 10 ਤੋਂ 20 ਫ਼ੀਸਦੀ ਘਟਣ ਦੇ ਆਸਾਰ ਬਣ ਸਕਦੇ ਹਨ। ਇਸ ਗਰਮੀ ਦਾ ਅਸਰ ਪੰਜਾਬ, ਹਰਿਆਣਾ, ਮੱਧ ਪ੍ਰਦੇਸ਼ ਤੇ ਉਤਰੀ ਭਾਰਤ ਦੇ ਹੋਰ ਰਾਜਾਂ ਵਿੱਚ ਵੀ ਪੈਣ ਦੀ ਸੰਭਾਵਨਾ ਹੈ। ਪੰਜਾਬ ਵਿੱਚ ਕਣਕ ਦੀ ਪੈਦਾਵਾਰ ਇਸ ਵਾਰ 12 ਤੋਂ-20 ਲੱਖ ਟਨ ਘੱਟ ਸਕਦੀ ਹੈ। ਬਠਿੰਡਾ, ਮੋਗਾ, ਸੰਗਰੂਰ ਤੇ ਲੁਧਿਆਣਾ ਆਦਿ ਦੀ ਕਰੀਬ 50 ਹਜ਼ਾਰ ਏਕੜ ਫ਼ਸਲ ਪ੍ਰਭਾਵਿਤ ਹੋਣ ਦੇ ਆਸਾਰ ਹਨ।ਪੰਜਾਬ 'ਚ ਕਣਕ ਦੀ



ਫ਼ਸਲ ਇਸ ਵੇਲੇ ਦਾਣਾ ਭਰਨ ਤੇ ਕਣਕ ਦੀ ਬਲੀ ਦੇ ਵਿਕਾਸ ਦੇ ਅਹਿਮ ਪੜਾਅ 'ਤੇ ਹੈ, ਤਾਪਮਾਨ ਵਿੱਚ ਅਚਾਨਕ ਵਾਧੇ ਨਾਲ ਕਣਕ ਸੁੱਕ ਰਹੀ ਹੈ ਤੇ ਦਾਣੇ ਦਾ ਭਾਰ ਹਲਕਾ ਹੋ ਰਿਹਾ ਹੈ। ਇਹ ਨੁਕਸਾਨ 2022 ਵਾਲੀ ਤੇਜ਼ ਗਰਮੀ ਜਦੋਂ ਪੈਦਾਵਾਰ 5 ਤੋਂ 10 ਫ਼ੀਸਦੀ ਘਟੀ ਸੀ, ਤੋਂ ਵਧੇਰੇ ਹੋ ਸਕਦਾ ਹੈ। ਖੰਨਾ ਨੇੜਲੇ ਪਿੰਡਾਂ 'ਚ ਫ਼ਸਲ ਪੀਲੀ ਪੈ ਰਹੀ ਹੈ ਤੇ ਦਾਣੇ ਛੋਟੇ ਹੋ ਰਹੇ ਹਨ। ਕਿਸਾਨਾਂ ਦਲਜੀਤ ਸਿੰਘ ਨੌਲੜੀ ਤੇ ਅੰਮ੍ਰਿਤਪਾਲ ਸਿੰਘ ਬੈਨੀਪਾਲ ਨੇ ਕਿਹਾ ਕਿ ਅਚਾਨਕ ਵੱਧ ਰਹੇ ਤਾਪਮਾਨ ਕਾਰਨ ਕਣਕ ਦੇ ਪੱਤਿਆਂ ਤੇ ਬੱਲੀਆਂ ਦਾ ਰੰਗ ਪੀਲਾ ਪੈ ਰਿਹਾ ਹੈ, ਜਿਸ ਨਾਲ ਝਾੜ ਘਟਣਾ ਯਕੀਨੀ ਹੈ।ਪੰਜਾਬ ਦੇ ਕਈ ਇਲਾਕਿਆਂ ਵਿੱਚ ਕਣਕ 'ਚ ਮਾਜੂ (ਸੁੰਗੜਿਆ) ਦਾਣਾ ਵੇਧਣ ਦੇ ਆਸਾਰ ਹਨ, ਇਹ ਕਣਕ ਦੇ ਦਾਣੇ ਨੂੰ ਮਾਜੂ (ਸੁੰਗੜਿਆ) ਦਾਣਾ ਬਣਾ ਦੇਵੇਗਾ। ਖੇਤੀ ਵਿਗਿਆਨਕਾਂ ਅਨੁਸਾਰ ਇਹ ਨੁਕਸਾਨ ਨਾ ਸਿਰਫ਼ ਪੈਦਾਵਾਰ ਨੂੰ ਘਟਾਏਗਾ, ਸਗੋਂ ਅਨਾਜ ਦੀ ਗੁਣਵੱਤਾ ਨੂੰ ਵੀ ਪ੍ਰਭਾਵਿਤ ਕਰੇਗਾ। ਇਸ ਦਾ ਵੱਡਾ ਨੁਕਸਾਨ ਕਣਕ ਦਾ ਬੀਜ ਬਣਾਉਣ ਵਾਲਿਆਂ 'ਤੇ ਹੋਵੇਗਾ। ਬਰਾਨੀ ਖੇਤਾਂ 'ਚ ਨੁਕਸ਼ਾਨ ਵਧੇਰੇ ਹੈ, ਜਿਥੇ 30 ਫ਼ੀਸਦੀ ਤੱਕ ਫ਼ਸਲ ਨੂੰ ਮੌਕਾ ਪਿਆ ਹੈ। ਇਕ ਰਿਪੋਰਟ ਅਨੁਸਾਰ ਜੇ ਇਹ ਗਰਮੀ 15 ਦਿਨਾਂ ਤੱਕ ਹੋਰ ਚੱਲੀ ਤਾਂ ਨੁਕਸਾਨ 25 ਫ਼ੀਸਦੀ ਤੱਕ ਵੀ ਹੋ ਸਕਦਾ ਹੈ।

## ਹਥਿਆਰਾਂ ਦੀ ਖਰੀਦ 'ਚ ਭਾਰਤ ਦੁਨੀਆਂ ਦਾ ਦੂਜਾ ਸਭ ਤੋਂ ਵੱਡਾ ਦੇਸ਼

ਨਵੀਂ ਦਿੱਲੀ, 10 ਮਾਰਚ (ਚ.ਨ.ਸ): ਸਟਾਕਹੋਮ ਇੰਟਰਨੈਸ਼ਨਲ ਪੀਸ ਰਿਸਰਚ ਇੰਸਟੀਚਿਊਟ ਦੀ ਸਾਲ 2025 ਦੀ ਤਾਜ਼ਾ ਰਿਪੋਰਟ ਅਨੁਸਾਰ ਭਾਰਤ ਦੁਨੀਆਂ ਭਰ ਵਿੱਚ ਹਥਿਆਰਾਂ ਦੀ ਦਰਾਮਦ (ਇੰਪੋਰਟ) ਕਰਨ ਵਾਲਾ ਦੂਜਾ ਸਭ ਤੋਂ ਵੱਡਾ ਦੇਸ਼ ਬਣ ਕੇ ਉਭਰਿਆ ਹੈ। ਸਾਲ 2021 ਤੋਂ 2025 ਤੱਕ ਦੇ ਪੰਜ ਸਾਲਾਂ ਦੇ ਅੰਕੜਿਆਂ ਦਾ ਵਿਸ਼ਲੇਸ਼ਣ ਕਰਦਿਆਂ ਇਸ ਰਿਪੋਰਟ ਵਿੱਚ ਦੱਸਿਆ ਗਿਆ ਹੈ ਕਿ ਵਿਸ਼ਵ ਪੱਧਰ 'ਤੇ ਹੋਣ ਵਾਲੀ ਹਥਿਆਰਾਂ ਦੀ ਕੁੱਲ ਵਿਕਰੀ ਵਿੱਚ ਭਾਰਤ ਦਾ ਹਿੱਸਾ 8.3 ਫੀਸਦੀ ਰਿਹਾ ਹੈ। ਇਸ ਸੂਚੀ ਵਿੱਚ ਰੂਸ ਨਾਲ ਜੰਗ ਲੜ ਰਿਹਾ ਯੂਕ੍ਰੇਨ 9.7 ਫੀਸਦੀ ਹਿੱਸੇਦਾਰੀ ਨਾਲ ਪਹਿਲੇ ਸਥਾਨ 'ਤੇ ਹੈ। ਰਿਪੋਰਟ ਦੇ ਅੰਕੜੇ ਦੱਸਦੇ ਹਨ ਕਿ ਪਿਛਲੇ ਪੰਜ ਸਾਲਾਂ (2016-20) ਦੇ ਮੁਕਾਬਲੇ 2021-25 ਦੇ ਦੌਰਾਨ ਭਾਰਤ ਦੀ ਹਥਿਆਰਾਂ ਦੀ ਖਰੀਦ ਵਿੱਚ 4 ਫੀਸਦੀ ਦੀ ਮਾਮੂਲੀ ਗਿਰਾਵਟ ਦਰਜ ਕੀਤੀ ਗਈ ਹੈ। ਰੱਖਿਆ ਮਾਹਿਰਾਂ ਦਾ ਮੰਨਣਾ ਹੈ ਕਿ ਇਹ ਗਿਰਾਵਟ ਭਾਰਤ ਸਰਕਾਰ ਵੱਲੋਂ 'ਮੇਕ ਇਨ ਇੰਡੀਆ' ਮੁਹਿੰਮ ਤਹਿਤ ਰੱਖਿਆ ਖੇਤਰ ਵਿੱਚ ਆਤਮ-ਨਿਰਭਰ ਬਣਨ ਦੀਆਂ ਕੋਸ਼ਿਸ਼ਾਂ ਦਾ ਨਤੀਜਾ ਹੈ। ਭਾਰਤ ਹੁਣ ਹੌਲੀ-ਹੌਲੀ ਆਪਣੇ ਹਥਿਆਰ ਤੇ ਰੱਖਿਆ ਪ੍ਰਣਾਲੀਆਂ ਖੁਦ ਤਿਆਰ ਕਰਨ ਵੱਲ ਵੱਧ ਰਿਹਾ ਹੈ, ਹਾਲਾਂਕਿ ਘਰੇਲੂ ਉਤਪਾਦਨ ਵਿੱਚ ਹੋਣ ਵਾਲੀ ਦੇਰੀ ਅਜੇ ਵੀ ਇੱਕ ਵੱਡੀ ਚੁਣੌਤੀ ਬਣੀ ਹੋਈ ਹੈ।ਭਾਰਤ ਦੇ ਗੁਆਂਢੀ ਦੇਸ਼ ਪਾਕਿਸਤਾਨ ਦੀ ਗੱਲ ਕਰੀਏ ਤਾਂ ਉਹ ਹਥਿਆਰ ਖਰੀਦਣ ਦੇ ਮਾਮਲੇ ਵਿੱਚ ਵਿਸ਼ਵ ਪੱਧਰ 'ਤੇ ਪੰਜਵੇਂ ਸਥਾਨ 'ਤੇ ਪਹੁੰਚ ਗਿਆ ਹੈ। ਪਾਕਿਸਤਾਨ ਦੀ ਕੁੱਲ ਵਿਸ਼ਵ ਹਥਿਆਰ ਦਰਾਮਦ ਵਿੱਚ 4.2 ਫੀਸਦੀ ਹਿੱਸੇਦਾਰੀ ਹੈ। ਹੈਰਾਨੀਜਨਕ ਗੱਲ ਇਹ ਹੈ ਕਿ ਪਾਕਿਸਤਾਨ ਵੱਲੋਂ ਖਰੀਦੇ ਗਏ ਕੁੱਲ ਹਥਿਆਰਾਂ ਵਿੱਚੋਂ 80 ਫੀਸਦੀ ਹਿੱਸਾ ਇਕੱਲੇ ਚੀਨ ਵੱਲੋਂ ਸਪਲਾਈ ਕੀਤਾ ਗਿਆ ਹੈ। ਚੀਨ ਤੋਂ ਇਲਾਵਾ ਤੁਰਕੀ ਤੇ ਨੀਦਰਲੈਂਡ ਪਾਕਿਸਤਾਨ ਨੂੰ ਹਥਿਆਰ ਸਪਲਾਈ ਕਰਨ ਵਾਲੇ ਦੂਜੇ ਤੇ ਤੀਜੇ ਸਭ ਤੋਂ ਵੱਡੇ ਦੇਸ਼ ਹਨ। ਸਿਪਰੀ ਦੀ ਇਸ ਰਿਪੋਰਟ ਵਿੱਚ ਇੱਕ ਵੱਡਾ ਬਦਲਾਅ ਭਾਰਤ ਦੀ ਰੂਸ 'ਤੇ ਨਿਰਭਰਤਾ ਨੂੰ ਲੈ ਕੇ ਦੇਖਿਆ ਗਿਆ ਹੈ। ਰੂਸ ਅਜੇ ਵੀ ਭਾਰਤ ਦਾ ਮੁੱਖ ਹਥਿਆਰ ਸਪਲਾਇਰ ਬਣਿਆ ਹੋਇਆ ਹੈ, ਪਰ ਭਾਰਤ ਦੀ ਕੁੱਲ ਦਰਾਮਦ ਵਿੱਚ ਰੂਸ ਦਾ ਹਿੱਸਾ ਜੋ ਪਹਿਲਾਂ (2011-15 ਵਿੱਚ) 70 ਫੀਸਦੀ ਹੁੰਦਾ ਸੀ, ਉਹ ਹੁਣ ਘੱਟ ਕੇ 40 ਫੀਸਦੀ ਰਹਿ ਗਿਆ ਹੈ। ਭਾਰਤ ਹੁਣ ਤੇਜ਼ੀ ਨਾਲ ਪੱਛਮੀ ਦੇਸ਼ਾਂ ਵੱਲ ਰੁਖ ਕਰ ਰਿਹਾ ਹੈ। ਮੌਜੂਦਾ ਸਮੇਂ ਵਿੱਚ ਫਰਾਂਸ 29 ਫੀਸਦੀ ਤੇ ਇਜ਼ਰਾਇਲ 15 ਫੀਸਦੀ ਹਿੱਸੇਦਾਰੀ ਨਾਲ ਭਾਰਤ ਦੇ ਪ੍ਰਮੁੱਖ ਰੱਖਿਆ ਭਾਈਵਾਲ ਬਣ ਗਏ ਹਨ। ਭਾਰਤ ਨੇ ਹਾਲ ਹੀ ਵਿੱਚ ਫਰਾਂਸ ਤੋਂ 140 ਲੜਾਕੂ ਜਹਾਜ਼ਾਂ ਦੀ ਖਰੀਦ ਵਰਗੇ ਵੱਡੇ ਰੱਖਿਆ ਸੌਦੇ ਕੀਤੇ ਹਨ। ਰਿਪੋਰਟ ਮੁਤਾਬਿਕ ਭਾਰਤ ਤੇ ਪਾਕਿਸਤਾਨ ਵਿਚਾਲੇ ਸਾਲ 2025 ਵਿੱਚ ਹੋਏ ਸਰਹੱਦੀ ਤਣਾਅ ਤੇ ਚੀਨ ਨਾਲ ਲਗਾਤਾਰ ਜਾਰੀ ਟਕਰਾਅ ਕਾਰਨ ਦੱਖਣੀ ਏਸ਼ੀਆ ਵਿੱਚ ਹਥਿਆਰਾਂ ਦੀ ਖਰੀਦ ਵੱਧ ਰਹੀ ਹੈ। ਭਾਰਤ ਆਪਣੀ ਸੁਰੱਖਿਆ ਨੂੰ ਮਜ਼ਬੂਤ ਕਰਨ ਲਈ ਅਤਿ-ਆਧੁਨਿਕ ਤਕਨੀਕ ਤੇ ਹਥਿਆਰਾਂ ਦੀ ਦਰਾਮਦ ਨੂੰ ਤਰਜੀਹ ਦੇ ਰਿਹਾ ਹੈ।

## ਹਿਮਾਚਲ ਪ੍ਰਦੇਸ਼ ਦੀਆਂ ਛੇ ਹੋਰ ਝੀਲਾਂ ਨੂੰ ਮਿਲੇਗਾ ਅੰਤਰਰਾਸ਼ਟਰੀ ਦਰਜਾ

### ☛ਰਾਮਸਰ ਸੂਚੀ 'ਚ ਸ਼ਾਮਲ ਕਰਨ ਦੀ ਤਿਆਰੀ

ਸ਼ਿਮਲਾ, 10 ਮਾਰਚ (ਚ.ਨ.ਸ): ਹਿਮਾਚਲ ਪ੍ਰਦੇਸ਼ ਦੀ ਕੁਦਰਤੀ ਸੁੰਦਰਤਾ ਤੇ ਵਾਤਾਵਰਨ ਦੀ ਸੰਭਾਲ ਦੇ ਖੇਤਰ ਵਿੱਚ ਇੱਕ ਵੱਡੀ ਖ਼ਬਰ ਸਾਹਮਣੇ ਆਈ ਹੈ। ਸੂਬੇ ਦੀਆਂ ਛੇ ਹੋਰ ਮਹੱਤਵਪੂਰਨ ਸਿੱਲੀਆਂ ਧਰਤੀਆਂ ਨੂੰ ਅੰਤਰਰਾਸ਼ਟਰੀ ਮਹੱਤਤਾ ਵਾਲੇ ਰਾਮਸਰ ਸਾਈਟ ਵਜੋਂ ਮਾਨਤਾ ਦਿਵਾਉਣ ਲਈ ਪ੍ਰਕਿਰਿਆ ਤੇਜ਼ ਕਰ ਦਿੱਤੀ ਗਈ ਹੈ। ਇਨ੍ਹਾਂ ਵਿੱਚ ਰਿਵਾਲਸਰ, ਪਰਾਸ਼ਰ, ਖੱਜਿਆਰ, ਮਨੀਮਹੇਸ਼, ਭ੍ਰਿਗੂ ਤੇ ਨਾਕੋ ਝੀਲਾਂ ਸ਼ਾਮਲ ਹਨ। ਕੇਂਦਰ ਸਰਕਾਰ ਵੱਲੋਂ ਇਨ੍ਹਾਂ ਥਾਵਾਂ ਨੂੰ ਰਾਮਸਰ ਕਨਵੈਨਸ਼ਨ ਦੇ ਘੇਰੇ ਵਿੱਚ ਲਿਆਉਣ ਲਈ ਪਛਾਣ ਕੀਤੀ ਗਈ ਹੈ, ਜਿਸ ਨਾਲ ਇਨ੍ਹਾਂ ਦੀ ਸੁਰੱਖਿਆ ਤੇ ਵਿਕਾਸ ਲਈ ਵਿਸ਼ਵ ਪੱਧਰੀ ਫੰਡ ਤੇ ਤਕਨੀਕੀ ਸਹਾਇਤਾ ਮਿਲਣ ਦਾ ਰਸਤਾ ਸਾਫ਼ ਹੋ ਜਾਵੇਗਾ। ਲੋਕ ਸਭਾ ਵਿੱਚ ਇੱਕ ਸਵਾਲ ਦੇ ਜਵਾਬ ਦੌਰਾਨ ਕੇਂਦਰੀ ਵਾਤਾਵਰਨ, ਜੰਗਲਾਤ ਤੇ ਜਲਵਾਯੂ ਪਰਿਵਰਤਨ ਰਾਜ ਮੰਤਰੀ ਕੀਰਤੀ ਵਰਧਨ ਸਿੰਘ ਨੇ ਦੱਸਿਆ ਕਿ ਇਹ ਛੇ ਝੀਲਾਂ ਰਾਮਸਰ ਸਾਈਟ ਬਣਨ ਲਈ ਨਿਰਧਾਰਿਤ ਕੀਤੇ ਗਏ 9 ਅੰਤਰਰਾਸ਼ਟਰੀ ਮਾਪਦੰਡਾਂ 'ਤੇ ਖਰੀਆਂ ਉਤਰਦੀਆਂ ਹਨ। ਇਨ੍ਹਾਂ ਮਾਪਦੰਡਾਂ ਵਿੱਚ ਇਲਾਕੇ ਦੀ ਵਾਤਾਵਰਣਕ ਵਿਲੱਖਣਤਾ, ਜੈਵ-ਵਿਭਿੰਨਤਾ, ਪਾਣੀ ਵਾਲੇ ਪੰਛੀਆਂ ਦੀ ਮੌਜੂਦਗੀ ਤੇ ਦੁਰਲੱਭ ਪ੍ਰਜਾਤੀਆਂ ਦੇ ਰੈਣ-ਬਸੇਰੇ ਵਰਗੇ ਅਹਿਮ ਨੁਕਤੇ ਸ਼ਾਮਲ ਹਨ। ਹਿਮਾਚਲ ਦੇ ਹਮੀਰਪੁਰ ਤੋਂ ਸੰਸਦ ਮੈਂਬਰ ਅਨੁਰਾਗ ਸਿੰਘ ਠਾਕੁਰ ਵੱਲੋਂ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਇਹ ਜਾਣਕਾਰੀ ਸਾਂਝੀ ਕੀਤੀ ਗਈ ਹੈ। ਵਰਤਮਾਨ ਸਮੇਂ ਵਿੱਚ ਹਿਮਾਚਲ ਪ੍ਰਦੇਸ਼ ਵਿੱਚ ਤਿੰਨ ਰਾਮਸਰ ਸਾਈਟਾਂ ਮੌਜੂਦ ਹਨ। ਇਨ੍ਹਾਂ ਵਿੱਚ ਕਾਂਗੜਾ ਜ਼ਿਲ੍ਹੇ ਦੀ ਪੌਂਗ ਡੈਮ ਝੀਲ (ਜਿਸ ਨੂੰ 2002 ਵਿੱਚ ਮਾਨਤਾ ਮਿਲੀ ਸੀ),



ਲਾਹੌਲ-ਸਪੀਤੀ ਦੀ ਚੰਦਰਤਾਲ ਝੀਲ ਤੇ ਸਿਰਮੌਰ ਦੀ ਰੇਣੂਕਾ ਝੀਲ (ਜਿਨ੍ਹਾਂ ਨੂੰ 2005 ਵਿੱਚ ਮਾਨਤਾ ਮਿਲੀ ਸੀ) ਸ਼ਾਮਲ ਹਨ। ਜੇਕਰ ਇਹ ਛੇ ਹੋਰ ਝੀਲਾਂ ਇਸ ਸੂਚੀ ਵਿੱਚ ਸ਼ਾਮਲ ਹੋ ਜਾਂਦੀਆਂ ਹਨ ਤਾਂ ਹਿਮਾਚਲ ਵਿੱਚ ਰਾਮਸਰ ਸਾਈਟਾਂ ਦੀ ਕੁੱਲ ਗਿਣਤੀ ਨੌਂ ਹੋ ਜਾਵੇਗੀ, ਜੋ ਸੂਬੇ ਦੇ ਸੈਰ-ਸਪਾਟੇ ਤੇ ਵਾਤਾਵਰਨ ਸੰਭਾਲ ਲਈ ਇੱਕ ਵੱਡੀ ਉਪਲਬਧੀ ਹੋਵੇਗੀ। ਇਸ ਦੌਰਾਨ ਸਦਨ ਨੂੰ ਇਹ ਵੀ ਦੱਸਿਆ ਗਿਆ ਕਿ ਸੂਬਾ ਸਰਕਾਰ ਵੱਲੋਂ ਪੌਂਗ ਡੈਮ ਝੀਲ ਵਿੱਚ ਕਰਵਾਏ ਗਏ ਸਾਲਾਨਾ ਪੰਛੀ ਸਰਵੇਖਣ ਦੌਰਾਨ ਕਈ ਦੁਰਲੱਭ ਪ੍ਰਵਾਸੀ ਪੰਛੀ ਦੇਖੇ ਗਏ ਹਨ। ਸਰਕਾਰ ਨੇ ਮੌਜੂਦਾ ਤਿੰਨ ਰਾਮਸਰ ਸਾਈਟਾਂ ਲਈ ਪੰਜ ਸਾਲਾ ਏਕੀਕ੍ਰਿਤ ਪ੍ਰਬੰਧਨ ਯੋਜਨਾਵਾਂ ਤਿਆਰ ਕੀਤੀਆਂ ਹਨ, ਜਦਕਿ ਰਿਵਾਲਸਰ ਤੇ ਡਾਲ ਝੀਲ ਲਈ ਵੀ ਵਿਸ਼ੇਸ਼ ਪ੍ਰਬੰਧਨ ਖਾਕੇ ਉਲੀਕੇ ਗਏ ਹਨ ਤਾਂ ਜੋ ਜਲਵਾਯੂ ਪਰਿਵਰਤਨ ਦੇ ਪ੍ਰਭਾਵਾਂ ਨੂੰ ਘਟਾਇਆ ਜਾ ਸਕੇ।

## ਮਹਿਲਾ ਨੇ ਤਿੰਨ ਮਾਸੂਮ ਧੀਆਂ ਸਮੇਤ ਖੂਹ 'ਚ ਮਾਰੀ ਛਾਲ, ਚਾਰਾਂ ਦੀ ਮੌਤ

ਗੁਰੂਗ੍ਰਾਮ/ਨੂਹ, 10 ਮਾਰਚ (ਚ.ਨ.ਸ): ਹਰਿਆਣਾ ਦੇ ਜ਼ਿਲ੍ਹਾ ਨੂਹ ਦੇ ਪਿੰਡ ਬਾਦੋਪੁਰ ਵਿੱਚ ਇੱਕ ਬੇਹੱਦ ਮੰਦਭਾਗੀ ਤੇ ਦਿਲ ਕੰਬਾਊ ਘਟਨਾ ਸਾਹਮਣੇ ਆਈ ਹੈ, ਜਿੱਥੇ ਇੱਕ 28 ਸਾਲਾ ਮਹਿਲਾ ਨੇ ਆਪਣੀਆਂ ਤਿੰਨ ਨਾਬਾਲਿਗ ਧੀਆਂ ਸਮੇਤ ਖੂਹ ਵਿੱਚ ਛਾਲ ਮਾਰ ਕੇ ਆਪਣੀ ਜੀਵਨ ਲੀਲ੍ਹਾ ਸਮਾਪਤ ਕਰ ਲਈ। ਮ੍ਰਿਤਕ ਮਹਿਲਾ ਦੀ ਪਛਾਣ ਸਹਿਲਾ ਵਜੋਂ ਹੋਈ ਹੈ, ਜੋ ਮੂਲ ਰੂਪ ਵਿੱਚ ਰਾਜਸਥਾਨ ਦੀ ਰਹਿਣ ਵਾਲੀ ਸੀ ਤੇ ਵਿਆਹ ਤੋਂ ਬਾਅਦ ਬਾਦੋਪੁਰ ਵਿੱਚ ਰਹਿ ਰਹੀ ਸੀ। ਇਸ ਘਟਨਾ ਵਿੱਚ ਉਸਦੀਆਂ ਤਿੰਨ ਧੀਆਂ-ਅਕਸ਼ਾ (7 ਸਾਲ), ਸਾਮੀਆ (3 ਸਾਲ) ਤੇ ਮਹਿਜ਼ 8 ਮਹੀਨਿਆਂ ਦੀ ਸਨਾਇਆ ਦੀ ਵੀ ਮੌਤ ਹੋ ਗਈ ਹੈ। ਪੁਲਿਸ ਤੋਂ ਮਿਲੀ ਜਾਣਕਾਰੀ ਅਨੁਸਾਰ ਸਹਿਲਾ ਐਤਵਾਰ ਨੂੰ ਸਰ੍ਹੋਂ ਦੀ ਫ਼ਸਲ ਵੱਢਣ ਲਈ ਖੇਤਾਂ ਵਿੱਚ ਗਈ ਸੀ। ਜਦੋਂ ਉਹ ਸ਼ਾਮ ਨੂੰ ਇਫ਼ਤਾਰ ਦੇ ਸਮੇਂ ਤੱਕ ਘਰ ਵਾਪਸ ਨਹੀਂ ਪਰਤੀ ਤਾਂ ਪਰਿਵਾਰਕ ਮੈਂਬਰਾਂ ਨੇ ਉਸ ਦੀ ਭਾਲ ਸ਼ੁਰੂ ਕੀਤੀ। ਕਾਫੀ ਭਾਲ ਤੋਂ ਬਾਅਦ ਵੀ ਜਦੋਂ ਕੋਈ ਸੁਰਾਗ ਨਾ ਮਿਲਿਆ ਤਾਂ ਅਗਲੇ ਦਿਨ ਸਵੇਰੇ ਕਰੀਬ 9 ਵਜੇ ਜਦੋਂ ਰਿਸ਼ਤੇਦਾਰ ਦੁਬਾਰਾ ਖੇਤਾਂ ਵੱਲ ਗਏ ਤਾਂ ਉਨ੍ਹਾਂ ਨੇ ਖੂਹ ਦੇ ਨੇੜੇ ਚੱਪਲਾਂ ਪਈਆਂ ਦੇਖੀਆਂ। ਜਦੋਂ ਖੂਹ ਦੇ ਅੰਦਰ ਝਾਕਿਆ ਗਿਆ ਤਾਂ ਬੱਚਿਆਂ ਦੀਆਂ ਲਾਸ਼ਾਂ ਪਾਣੀ ਵਿੱਚ ਤੈਰਦੀਆਂ ਮਿਲੀਆਂ। ਸੂਚਨਾ ਮਿਲਦੇ ਹੀ ਫਿਰੋਜ਼ਪੁਰ ਝਿਰਕਾ ਸਦਰ ਥਾਣੇ ਦੇ ਐਸ.ਐਚ.ਓ. ਸੁਭਾਸ਼ ਚੰਦਰਾ ਫਾਇਰ ਬ੍ਰਿਗੇਡ ਦੀ ਟੀਮ ਨਾਲ ਮੌਕੇ 'ਤੇ ਪਹੁੰਚੇ ਤੇ ਪਿੰਡ ਵਾਸੀਆਂ ਦੀ ਮਦਦ ਨਾਲ ਚਾਰਾਂ ਲਾਸ਼ਾਂ ਨੂੰ ਬਾਹਰ ਕੱਢਿਆ।ਪੁਲਿਸ ਦੀ ਮੁੱਢਲੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਘਰੇਲੂ ਕਲੇਸ਼ ਤੇ ਮਾਨਸਿਕ ਪ੍ਰੇਸ਼ਾਨੀ ਇਸ ਖੁਦਕੁਸ਼ੀ ਦਾ ਮੁੱਖ ਕਾਰਨ ਹੋ ਸਕਦੀ ਹੈ। ਪੁਲਿਸ ਦਾ ਕਹਿਣਾ ਹੈ ਕਿ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ ਤੇ ਪਰਿਵਾਰਕ ਮੈਂਬਰਾਂ ਦੀ ਸ਼ਿਕਾਇਤ ਮਿਲਣ 'ਤੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਘਟਨਾ ਤੋਂ ਬਾਅਦ ਪੂਰੇ ਇਲਾਕੇ ਵਿੱਚ ਸੋਗ ਦੀ ਲਹਿਰ ਹੈ ਤੇ ਹਰ ਕੋਈ ਤਿੰਨ ਮਾਸੂਮ ਬੱਚੀਆਂ ਦੀ ਮੌਤ 'ਤੇ ਦੁਖੀ ਨਜ਼ਰ ਆ ਰਿਹਾ ਹੈ।

## ਸੀਐਚਸੀ ਵਿਖੇ ਕਮਿਊਨਿਟੀ ਈਵੈਂਟ ਕਰਵਾਇਆ




ਫਤਹਿਗੜ੍ਹ ਚੂੜੀਆਂ, 10 ਮਾਰਚ (ਰਾਜਨ ਸ਼ਰਮਾ): ਸਿਵਲ ਸਰਜਨ ਗੁਰਦਾਸਪੁਰ ਡਾ. ਮਹੇਸ਼ ਪ੍ਰਭਾਕਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤੇ ਡਾ. ਲਖਵਿੰਦਰ ਸਿੰਘ ਐਸਐਮਓ ਸਾਹਿਬ ਦੀ ਅਗਵਾਈ ਹੇਠ ਸੀਐਚਸੀ ਫਤਹਿਗੜ੍ਹ ਚੂੜੀਆਂ ਵਿਖੇ ਕਮਿਊਨਿਟੀ ਈਵੈਂਟ ਕਰਵਾਇਆ ਗਿਆ। ਇਸ ਵਿੱਚ ਲੋਕਾਂ ਨੂੰ ਐਚਆਈਵੀ ਤੋਂ ਹੋਣ ਵਾਲੀਆਂ ਬਿਮਾਰੀਆਂ ਤੋਂ ਜਾਣੂ ਕਰਵਾਇਆ ਗਿਆ। ਇਸ ਤੋਂ ਬਚਾਅ ਲਈ ਸਾਵਧਾਨੀਆਂ ਵਰਤਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ 'ਤੇ ਆਈਸੀਟੀਸੀ ਦੇ ਇੰਚਾਰਜ ਡਾ. ਮਨਦੀਪ ਸਿੰਘ, ਜੋਗਾ ਸਿੰਘ ਬੀਈਈ, ਡਾ. ਗੁਰਪਾਲ ਸਿੰਘ, ਡਾ. ਸੁਖਮਨਪਰੀਤ ਕੌਰ, ਹਰਵਿੰਦਰ ਸਿੰਘ, ਦਵਿੰਦਰ ਸਿੰਘ, ਹਰਪ੍ਰੀਤ ਸਿੰਘ, ਅਮਨਦੀਪ ਸਿੰਘ, ਸਰਬਜੀਤ ਕੌਰ, ਮਨਜਿੰਦਰ ਕੌਰ ਤੇ ਹੋਰ ਸਟਾਫ ਮੈਂਬਰ ਹਾਜ਼ਰ ਸਨ। ਇਸ ਮੌਕੇ 'ਤੇ ਇੰਦੂ ਬਾਲਾ ਪ੍ਰੋਜੈਕਟ ਮੈਨੇਜਰ ਨੇ ਸਾਰੇ ਆਏ ਹੋਏ ਹਾਜ਼ਰ ਲੋਕਾਂ ਦਾ ਧੰਨਵਾਦ ਕੀਤਾ ਗਿਆ।

## ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਡਿਪਟੀ ਕਮਿਸ਼ਨਰ ਨੇ ਮਹਿਲਾ ਬੂਥ ਲੈਵਲ ਅਫ਼ਸਰਾਂ ਨੂੰ ਸਨਮਾਨਤ ਕੀਤਾ



ਨਵਾਂਸ਼ਹਿਰ, 10 ਮਾਰਚ (ਸੁਖਦੇਵ ਸਿੰਘ ਉਡਾਪੜ): ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਮੁੱਖ ਚੋਣ ਅਫਸਰ, ਪੰਜਾਬ ਵੱਲੋਂ ਪੰਜਾਬ ਰਾਜ ਵਿੱਚ ਜਿਨ੍ਹਾਂ ਮਹਿਲਾ ਬੂਥ ਲੈਵਲ ਅਫਸਰਾਂ ਵੱਲੋਂ ਵੋਟਰ ਸੂਚੀ ਦੀ ਮੈਪਿੰਗ ਦਾ ਕੰਮ ਬਹੁਤ ਹੀ ਮਿਹਨਤ ਨਾਲ ਕੀਤਾ ਗਿਆ। ਉਨ੍ਹਾਂ ਨੂੰ ਜ਼ਿਲ੍ਹਾ ਪੱਧਰ 'ਤੇ ਡਿਪਟੀ ਕਮਿਸ਼ਨਰ -ਕਮ-ਜ਼ਿਲ੍ਹਾ ਚੋਣ ਅਫ਼ਸਰ ਗੁਲਪ੍ਰੀਤ ਸਿੰਘ ਔਲਖ ਵੱਲੋਂ ਸਨਮਾਨਤ ਕੀਤਾ ਗਿਆ।ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ ਗੁਲਪ੍ਰੀਤ ਸਿੰਘ ਔਲਖ ਨੇ ਦੱਸਿਆ ਕਿ ਮੁੱਖ ਚੋਣ ਅਫਸਰ, ਪੰਜਾਬ ਤੋਂ ਪ੍ਰਾਪਤ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਇਸ ਜ਼ਿਲ੍ਹੇ ਵਿੱਚ ਪੈਂਦੇ ਤਿੰਨ ਵਿਧਾਨ ਸਭਾ ਚੋਣ ਹਲਕੇ 046-ਬੰਗਾ, 047-ਨਵਾਂ ਸ਼ਹਿਰ ਤੇ 048-ਬਲਾਚੌਰ ਵਿੱਚ ਸਭ ਤੋਂ ਵਧੀਆ ਕਾਰ-ਗੁਜ਼ਾਰੀ ਕਰਨ ਵਾਲੇ ਮਹਿਲਾ ਬੀ.ਐਲ.ਓਜ਼ ਨੂੰ ਜ਼ਿਲ੍ਹਾ ਪੱਧਰ 'ਤੇ ਸਨਮਾਨਤ ਕੀਤਾ ਗਿਆ। ਜਿਸ ਵਿਧਾਨ ਸਭਾ ਚੋਣ ਹਲਕਾ ਬੰਗਾ ਤੋਂ ਸ੍ਰੀਮਤੀ ਅੰਜੂ ਬਾਲਾ, ਸ੍ਰੀਮਤੀ ਪਰਮਜੀਤ ਕੌਰ ਤੇ ਸ੍ਰੀਮਤੀ ਪਰਮਜੀਤ ਕੌਰ ਵਿਧਾਨ ਸਭਾ ਚੋਣ ਹਲਕਾ ਨਵਾਂਸ਼ਹਿਰ ਤੋਂ ਸ੍ਰੀਮਤੀ ਮਨਜੀਤ ਕੌਰ, ਸ੍ਰੀਮਤੀ ਸੁਰਿੰਦਰ ਕੌਰ ਤੇ ਸ੍ਰੀਮਤੀ ਪ੍ਰਵੀਨ ਭੱਟੀ ਆਦਿ। ਵਿਧਾਨ ਸਭਾ ਚੋਣ ਹਲਕਾ ਬਲਾਚੌਰ ਸ੍ਰੀਮਤੀ ਸਪਨਾ ਚੌਧਰੀ, ਸ੍ਰੀਮਤੀ ਸੁਸ਼ਮਾ ਸ਼ਰਮਾ ਤੇ ਸ੍ਰੀਮਤੀ ਰਾਜਵਿੰਦਰ ਕੌਰ ਸਨ। ਇਸ ਮੌਕੇ 'ਤੇ ਵਧੀਕ ਡਿਪਟੀ ਕਮਿਸ਼ਨਰ ਬਲਬੀਰ ਰਾਜ ਸਿੰਘ, ਸਹਾਇਕ ਕਮਿਸ਼ਨਰ ਜਨਰਲ ਜਗਦੀਪ ਸਿੰਘ ਤੋਂ ਇਲਾਵਾ ਜਸਵੀਰ ਸਿੰਘ ਪੀ.ਏ ਟੂ ਡੀ.ਸੀ., ਅਮਨਦੀਪ ਸਿੰਘ, ਚੋਣ ਕਾਨੂੰਗੋ ਤੇ ਬੱਬੂ ਸਿੰਘ ਹਾਜ਼ਰ ਸਨ।

## ਪਾਵਰਕਾਮ ਸਬ-ਡਵੀਜ਼ਨ ਦੇ ਬਿਜਲੀ ਕਾਮਿਆਂ ਵੱਲੋਂ ਕੇਂਦਰ ਸਰਕਾਰ ਦੁਆਰਾ ਬਿਜਲੀ ਸੋਧ ਬਿੱਲ-2026 ਵਿਰੁੱਧ ਰੋਸ ਪ੍ਰਦਰਸ਼ਨ

ਕਾਦੀਆਂ, 10 ਮਾਰਚ (ਤਾਰੀ/ਸੰਧੂ): ਪਾਵਰਕਾਮ ਸਬ-ਡਵੀਜ਼ਨ ਕਾਦੀਆਂ ਦੇ ਬਿਜਲੀ ਕਾਮਿਆਂ ਵੱਲੋਂ ਕੇਂਦਰ ਸਰਕਾਰ ਦੁਆਰਾ ਬਿਜਲੀ ਸੋਧ ਬਿੱਲ 2026 ਪਾਰਲੀਮੈਂਟ ਦੇ ਚੱਲ ਰਹੇ ਸੈਸ਼ਨ ਵਿੱਚ ਪੇਸ਼ ਕਰਨ ਵਿਰੁੱਧ ਸਖ਼ਤ ਰੋਸ ਪ੍ਰਦਰਸ਼ਨ ਕਰਦਿਆਂ ਸੋਧ ਬਿੱਲ 2026 ਦੀ ਕਾਪੀਆਂ ਸਾੜ ਕੇ ਕੇਂਦਰ ਸਰਕਾਰ ਦੇ ਨਿੱਜੀਕਰਨ ਵੱਲ ਵੱਧਦੇ ਕਦਮਾਂ ਦੀ ਨਿੰਦਾ ਕਰਦਿਆਂ ਕਾਰਪੋਰੇਟ ਪੱਖੀ ਨੀਤੀਆਂ ਰੱਦ ਕਰਨ ਦੀ ਮੰਗ ਕੀਤੀ। ਅੱਜ ਦੇ ਧਰਨੇ ਦੀ ਅਗਵਾਈ ਟੈਕਨੀਕਲ ਸਰਵਿਸਿਜ਼ ਯੂਨੀਅਨ ਰਜਿ. ਸਬ-ਡਵੀਜ਼ਨ ਕਾਦੀਆਂ ਦੇ ਆਗੂ ਸੁਰਜੀਤ ਸਿੰਘ ਗੁਰਾਇਆ, ਫੈਡਰੇਸ਼ਨ ਏਟਕ ਦੇ ਆਗੂ ਦਲਜੀਤ ਸਿੰਘ ਸਿੱਧਵਾਂ, ਇੰਪਲਾਈਜ਼ ਫੈਡਰੇਸ਼ਨ ਚਾਹਲ ਦੇ ਆਗੂ ਬਲਜਿੰਦਰ ਸਿੰਘ ਬਾਜਵਾ, ਪੈਨਸ਼ਨਰਜ਼ ਯੂਨੀਅਨ ਏਟਕ ਦੇ ਆਗੂ ਬਾਵਾ ਸਿੰਘ ਠੀਕਰੀਵਾਲ ਨੇ ਸਾਂਝੇ ਤੌਰ



'ਤੇ ਕੀਤੀ। ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਤੇ ਰਾਜ ਸਰਕਾਰਾਂ ਵੱਲੋਂ ਬਿਜਲੀ ਖੇਤਰ ਦੇ ਨਿੱਜੀਕਰਨ ਲਈ ਬਿਜਲੀ ਐਕਟ 2003 ਵਿੱਚ ਸੋਧ ਕਰਨ ਨਾਲ ਬਿਜਲੀ ਖੇਤਰ ਵਿੱਚ ਨਿੱਜੀ ਕੰਪਨੀਆਂ ਨੂੰ ਦਾਖਲ ਹੋਣ ਦੇ ਦਰਵਾਜ਼ੇ ਖੋਲ੍ਹ ਰਹੀਆਂ ਹਨ। ਖੇਤੀ ਤੇ ਘਰੇਲੂ ਬਿਜਲੀ 'ਤੇ ਮਿਲਦੀ ਸਬਸਿਡੀ ਖਤਮ ਹੋਵੇਗੀ, ਕਰਾਸ ਸਬਸਿਡੀ ਖਤਮ ਹੋਵੇਗੀ, ਲਾਗਤ ਖਰਚੇ ਖਪਤਕਾਰਾਂ ਤੋਂ ਵਸੂਲੇ ਜਾਣਗੇ, ਬਿਜਲੀ ਕੀਮਤਾਂ ਵਿੱਚ ਵਾਧਾ ਹੋਵੇਗਾ, ਪੱਕੇ ਰੁਜ਼ਗਾਰ ਦਾ ਉਜਾੜਾ ਹੋਵੇਗਾ। ਬੁਲਾਰਿਆਂ ਵਿੱਚ ਜਗਤਾਰ ਸਿੰਘ ਖੁੰਡਾ, ਪ੍ਰੇਮ ਕੁਮਾਰ, ਹਰਦੀਪ ਸਿੰਘ ਸੇਖੋਂ, ਗੁਰਵਿੰਦਰ ਸਿੰਘ ਸੂਚ, ਪਿਆਰਾ ਸਿੰਘ ਭਾਮੜੀ, ਪਰਮਜੀਤ ਸਿੰਘ ਕੋਟ, ਸੁਰਜੀਤ ਸਿੰਘ ਨੰਗਲ ਝੌਰ ਸ਼ਾਮਲ ਹੋਏ।

## ਪੰਜਾਬ ਸਰਕਾਰ ਵੱਲੋਂ ਸੂਬੇ ਅੰਦਰ ਵਿਕਾਸ ਕਾਰਜਾਂ ਦੇ ਨਵੇਂ ਪੰਨੇ ਲਿਖੇ ਜਾ ਰਹੇ ਨੇ: ਵਿਧਾਇਕ ਸ਼ੈਰੀ ਕਲਸੀ

ਬਟਾਲਾ/ਅੱਚਲ ਸਾਹਿਬ, 10 ਮਾਰਚ (ਬਲਵਿੰਦਰ ਸਿੰਘ ਪੰਜਗਰਾਈਂ/ਜੁਗਰਾਜ ਸਿੰਘ ਖ਼ਾਲਸਾ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਅੰਦਰ ਵਿਕਾਸ ਕਾਰਜਾਂ ਦੇ ਨਵੇਂ ਪੰਨੇ ਲਿਖੇ ਜਾ ਰਹੇ ਹਨ ਤੇ 1.50 ਲੱਖ ਕਰੋੜ ਰੁਪਏ ਦੇ ਨਿਵੇਸ਼ ਪ੍ਰਸਤਾਵਾਂ ਨੂੰ ਆਕਰਸ਼ਿਤ ਕੀਤਾ ਜਾ ਰਿਹਾ ਹੈ, ਜਿਸ ਨਾਲ 5.20 ਲੱਖ ਨੌਕਰੀਆਂ ਪੈਦਾ ਹੋਣ ਦੀ ਉਮੀਦ ਹੈ ਤੇ ਪੰਜਾਬ ਦੇ ਹਰ ਕੋਨੇ ਵਿੱਚ ਵਿਕਾਸ ਕੀਤਾ ਜਾ ਰਿਹਾ ਹੈ। ਇਹ ਪ੍ਰਗਟਾਵਾ ਕਰਦਿਆਂ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਪੰਜਾਬ ਸਰਕਾਰ ਪੇਂਡੂ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰ ਰਹੀ ਹੈ, ਰੋਜ਼ਗਾਰ ਦੇ ਮੌਕੇ ਪੈਦਾ ਕਰ ਰਹੀ ਹੈ ਤੇ ਸਰਕਾਰੀ ਸਕੂਲਾਂ ਦੀ ਕਾਇਆਕਲਪ ਰਹੀ ਹੈ। ਪੰਜਾਬ ਸਰਕਾਰ ਨਵੇਂ ਆਧੁਨਿਕ ਸਕੂਲ ਬਣਾ ਰਹੀ ਹੈ, ਅਧਿਆਪਕਾਂ ਨੂੰ ਸਿਖਲਾਈ ਲਈ ਵਿਦੇਸ਼



ਭੇਜ ਰਹੀ ਹੈ ਤਾਂ ਜੋ ਪੰਜਾਬ ਦੇ ਬੱਚਿਆਂ ਨੂੰ ਸਿੱਖਿਆ ਲਈ ਵਿਦੇਸ਼ ਨਾ ਜਾਣਾ ਪਵੇ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਸ਼ੁਰੂ ਕੀਤੀ ਗਈ ਹੈ। ਜਿਸ ਤਹਿਤ ਜਨਰਲ ਵਰਗ ਦੀਆਂ 18 ਸਾਲ ਤੋਂ ਵੱਧ ਉਮਰ ਦੀਆਂ ਔਰਤਾਂ ਨੂੰ 1000 ਰੁਪਏ ਪ੍ਰਤੀ ਮਹੀਨਾ, ਜਦੋਂ ਕਿ ਅਨੁਸੂਚਿਤ ਜਾਤੀ ਵਰਗ ਦੀਆਂ ਔਰਤਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਵਿੱਤੀ ਸਹਾਇਤਾ ਵਜੋਂ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਆਮ ਲੋਕਾਂ, ਖਾਸ ਕਰਕੇ ਗਰੀਬ ਵਰਗ ਲਈ, 1000-1500 ਰੁਪਏ ਵੀ ਇੱਕ ਅਹਿਮ ਰਾਸ਼ੀ ਹੈ। ਉਨ੍ਹਾਂ ਨੇ ਕਿਹਾ ਕਿ ਇਹ ਰਾਸ਼ੀ ਮਾਵਾਂ ਤੇ ਧੀਆਂ ਲਈ ਸਤਿਕਾਰ ਦਾ ਪ੍ਰਤੀਕ ਹੈ ਤੇ ਇਸ ਸਕੀਮ ਸਦਕਾ ਔਰਤਾਂ ਦੇ ਚਿਹਰਿਆਂ 'ਤੇ ਆਈ ਮੁਸਕਰਾਹਟ ਉਨ੍ਹਾਂ ਨੂੰ ਬੇਹੱਦ ਸੰਤੁਸ਼ਟੀ ਦਿੰਦੀ ਹੈ। ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਕਿਹਾ ਕਿ ਪਿਛਲੇ ਚਾਰ ਸਾਲਾਂ ਵਿੱਚ ਸੂਬਾ ਸਰਕਾਰ ਵੱਲੋਂ ਲੋਕਾਂ ਦੀ ਭਲਾਈ ਲਈ ਬੇਮਿਸਾਲ ਕਦਮ ਚੁੱਕੇ ਗਏ ਹਨ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਨੂੰ ਲੋਕਾਂ ਦੀ ਭਲਾਈ ਜਾਂ ਲੋਕਾਂ ਦੀ ਖੁਸ਼ਹਾਲੀ ਦੀ ਕੋਈ ਪ੍ਰਵਾਹ ਨਹੀਂ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਆਗੂਆਂ ਦਾ ਉਦੇਸ਼ ਸਿਰਫ਼ ਸੱਤਾ ਹੜੱਪਣ ਤੱਕ ਸੀਮਿਤ ਹੈ।ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਦੀ ਭਲਾਈ ਲਈ ਸਰਕਾਰੀ ਖਜ਼ਾਨੇ ਦੀ ਪੂਰੀ ਸੂਝ ਬੂਝ ਨਾਲ ਵਰਤੋਂ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ 90 ਫੀਸਦੀ ਤੋਂ ਵੱਧ ਘਰਾਂ ਨੂੰ ਮੁਫਤ ਬਿਜਲੀ ਮਿਲ ਰਹੀ ਹੈ ਤੇ ਹੁਣ ਕਿਸਾਨਾਂ ਨੂੰ ਵੀ ਦਿਨ ਵੇਲੇ ਬਿਜਲੀ ਮਿਲ ਰਹੀ ਹੈ।

## ਦਸਮੇਸ਼ ਸੀਨੀ. ਸੈਕੰ. ਸਕੂਲ ਵੱਲੋਂ ਸਾਲਾਨਾ ਇਨਾਮ ਵੰਡ ਸਮਾਗਮ



ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 10 ਮਾਰਚ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਦਸਮੇਸ਼ ਸੀਨੀ. ਸੈਕੰਡਰੀ ਸਕੂਲ ਘੁਮਾਣ ਵੱਲੋਂ 25-26 ਦੇ ਸੈਸ਼ਨ ਦੀ ਸਮਾਪਤੀ ਤੇ ਆਉਣ ਵਾਲੇ ਇਮਤਿਹਾਨਾਂ ਲਈ ਪਰਮਾਤਮਾ ਦਾ ਓਟ ਆਸਰਾ ਲੈਣ ਲਈ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ ਗਿਆ। ਪਾਠ ਦੇ ਭੋਗ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਸ਼ਬਦ ਕੀਰਤਨ ਗਾਇਨ ਕੀਤਾ ਗਿਆ। ਪ੍ਰੋਗਰਾਮ ਦੇ ਅਗਲੇ ਪੜਾਅ ਤਹਿਤ ਵਿਦਿਆਰਥੀਆਂ ਦੁਆਰਾ ਸਭਿਆਚਾਰਕ ਤੇ ਸਿੱਖਿਆਤਮਕ ਪੇਸ਼ਕਾਰੀ ਕੀਤੀ ਗਈ। ਨਰਸਰੀ ਤੋਂ ਲੈ ਕੇ ਫਸਟ ਤੱਕ ਦੇ ਵਿਦਿਆਰਥੀਆਂ ਦੇ ਫੈਂਸੀ ਡਰੈਸ ਮੁਕਾਬਲੇ ਕਰਵਾਏ ਗਏ।ਰੰਗ-ਬਰੰਗੀਆਂ ਪੁਸ਼ਾਕਾਂ ਵਿੱਚ ਸਜੇ ਵਿਦਿਆਰਥੀਆਂ ਵੱਲੋਂ ਸਕੂਲ ਦੇ ਵਿਹੜੇ ਨੂੰ ਚਾਰ ਚੰਨ ਲਗਾਏ ਗਏ।ਤੀਸਰੀ ਕਲਾਸ ਦੀ ਵਿਦਿਆਰਥਣ ਪੂਰੀ ਨੇ ਸਮੇਂ ਦੀ ਮਹੱਤਤਾ ਤੋਂ ਜਾਣੂ ਕਰਵਾਉਂਦੀ ਕਵਿਤਾ ਪੇਸ਼ ਕੀਤੀ ਗਈ। ਚੌਥੀ ਤੇ ਪੰਜਵੀਂ ਕਲਾਸ ਦੇ ਵਿਦਿਆਰਥੀਆਂ ਨੇ ਭੰਗੜਾ ਪੇਸ਼ ਕੀਤਾ ਗਿਆ। ਛੇਵੀਂ ਕਲਾਸ ਦੀਆਂ ਵਿਦਿਆਰਥਣਾਂ ਨੇ ਨਸ਼ੇ ਨਾਲ ਸਬੰਧਤ ਸਕਿੱਟ ਪੇਸ਼ ਕਰਕੇ ਇਸ ਬੁਰਾਈ ਤੋਂ ਜਾਣੂ ਕਰਵਾਇਆ। ਸੱਤਵੀਂ ਜਮਾਤ ਦੇ ਵਿਦਿਆਰਥੀ ਏਕਮਪ੍ਰੀਤ ਕੌਰ, ਪਲਕਪ੍ਰੀਤ ਕੌਰ, ਤੇਜਿੰਦਰ ਸਿੰਘ ਤੇ ਜੀਨਤ ਨੇ ਬੇਟੀ ਬਚਾਓ ਬੇਟੀ ਪੜ੍ਹਾਓ ਵਿਸ਼ੇ ਨਾਲ ਸਬੰਧਤ ਨਾਟਕ ਪੇਸ਼ ਕੀਤਾ ਗਿਆ, ਜਿਸ ਨੂੰ ਦਰਸ਼ਕਾਂ ਵੱਲੋਂ ਖੂਬ ਸਲਾਹਿਆ ਗਿਆ। ਇਸ ਉਪਰੰਤ ਇਨਾਮ ਵੰਡ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਦੀ ਭੂਮਿਕਾ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਗੁਰਨਾਮ ਸਿੰਘ ਮੰਡ ਦੇ ਮਾਤਾ ਜੀ ਸਰਦਾਰਨੀ ਨਰਿੰਦਰ ਕੌਰ ਵੱਲੋਂ ਨਿਭਾਈ ਗਈ। ਇਸ ਮੌਕੇ ਗੁਰਨਾਮ ਸਿੰਘ ਮੰਡ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਹੋਏ ਬਜ਼ੁਰਗਾਂ ਦਾ ਸਤਿਕਾਰ ਕਰਨ ਲਈ ਪ੍ਰੇਰਿਤ ਕੀਤਾ ਤੇ ਆਪ ਪ੍ਰੇਰਨਾ ਸਰੋਤ ਬਣਦੇ ਹੋਏ ਆਪਣੇ ਮਾਤਾ ਜੀ ਕੋਲ ਇਨਾਮ ਤਕਸੀਮ ਕਰਵਾਏ ਗਏ। ਇਨਾਮ ਵੰਡਣ ਤੋਂ ਬਾਅਦ ਸਕੂਲ ਦੇ ਪ੍ਰਿੰਸੀਪਲ ਹਰਜਿੰਦਰ ਕੌਰ ਨੇ ਮਾਤਾ ਜੀ ਤੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ। ਵਿਦਿਆਰਥੀਆਂ ਨੂੰ ਮੋਬਾਈਲ ਦੀ ਭੈੜੀ ਆਦਤ ਤੋਂ ਬਚਣ ਲਈ ਪ੍ਰੇਰਿਤ ਕੀਤਾ। ਸਮਾਗਮ ਦੇ ਅਖੀਰ ਵਿੱਚ ਨੌਵੀਂ ਕਲਾਸ ਦੇ ਵਿਦਿਆਰਥੀਆਂ ਵੱਲੋਂ ਗਿੱਧਾ ਪੇਸ਼ ਕੀਤਾ ਗਿਆ, ਇਸ ਤਰ੍ਹਾਂ ਖੁਸ਼ੀਆਂ ਖੇੜੇ ਬਿਖੇਰਦਾ ਸਮਾਗਮ ਸਮਾਪਤ ਹੋਇਆ।

## ਚੌਲਾਂਗ ਟੋਲ ਪਲਾਜ਼ਾ ਨੇੜੇ ਵਾਪਰੇ ਸੜਕ ਹਾਦਸੇ 'ਚ ਮਾਂ-ਪੁੱਤ ਸਮੇਤ 3 ਦੀ ਮੌਤ



ਟਾਂਡਾ ਉੜਮੁੜ, 10 ਮਾਰਚ (ਅਰਜੁਨ ਜੈਨ): ਚੌਲਾਂਗ ਟੋਲ ਪਲਾਜ਼ਾ ਨਜ਼ਦੀਕ ਸੋਮਵਾਰ ਰਾਤ ਕਰੀਬ 8:45 ਵਜੇ ਵਾਪਰੇ ਇੱਕ ਦਰਦਨਾਕ ਸੜਕ ਹਾਦਸੇ 'ਚ ਅਰਟਿਗਾ ਕਾਰ ਅੱਗੇ ਜਾ ਰਹੀ ਬੋਲੈਰੋ ਗੱਡੀ ਦੇ ਪਿੱਛੇ ਜਾ ਟਕਰਾਈ, ਜਿਸ ਕਾਰਨ ਦੋਹਾਂ ਵਾਹਨਾਂ ਨੂੰ ਭਾਰੀ ਨੁਕਸਾਨ ਪਹੁੰਚਿਆ ਤੇ ਤਿੰਨ ਲੋਕਾਂ ਦੀ ਮੌਤ ਹੋ ਗਈ। ਹਾਦਸੇ ਦੌਰਾਨ ਅਰਟਿਗਾ ਕਾਰ 'ਚ ਸਵਾਰ ਕੇ.ਐਮ. ਐਸ. ਕਾਲਜ ਦਸੂਹਾ ਦੀ ਪ੍ਰਬੰਧਕ ਸ਼ਬਨਮ ਸੈਣੀ ਪਤਨੀ ਮਾਨਵ ਸੈਣੀ ਤੇ ਉਸ ਦੇ 18 ਸਾਲਾ ਪੁੱਤਰ ਤੁਸ਼ਾਂਤ ਦੀ ਮੌਕੇ 'ਤੇ ਹੀ ਮੌਤ ਹੋ ਗਈ। ਟੱਕਰ ਇੰਨੀ ਜ਼ੋਰਦਾਰ ਸੀ ਕਿ ਬੋਲੈਰੋ ਗੱਡੀ ਵੀ ਬੇਕਾਬੂ ਹੋ ਕੇ ਪਲਟ ਗਈ, ਜਿਸ 'ਚ ਸਵਾਰ ਰਾਹੁਲ ਉਰਫ਼ ਮਿੱਠੂ ਨਿਵਾਸੀ ਗੁਰਦਾਸਪੁਰ ਦੀ ਵੀ ਮੌਤ ਹੋ ਗਈ। ਇਸ ਹਾਦਸੇ 'ਚ ਬੋਲੈਰੋ 'ਚ ਸਵਾਰ ਇੱਕ ਹੋਰ ਵਿਅਕਤੀ ਵਿਲੀਅਮ ਗੰਭੀਰ ਜ਼ਖ਼ਮੀ ਹੋ ਗਿਆ, ਜਿਸ ਨੂੰ ਇਲਾਜ ਲਈ ਹਸਪਤਾਲ ਦਾਖ਼ਲ ਕਰਵਾਇਆ ਗਿਆ ਹੈ। ਸੂਚਨਾ ਮਿਲਣ 'ਤੇ ਪੁਲਿਸ ਟੀਮ ਮੌਕੇ 'ਤੇ ਪਹੁੰਚ ਗਈ ਤੇ ਹਾਦਸੇ ਦੇ ਕਾਰਨਾਂ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਐਸਐਚਓ ਟਾਂਡਾ ਗੁਰਿੰਦਰਜੀਤ ਸਿੰਘ ਨਾਗਰਾ ਨੇ ਦੱਸਿਆ ਕਿ ਚੌਲਾਂਗ ਟੋਲ ਪਲਾਜ਼ੇ 'ਤੇ ਲੱਗੇ ਸੀਸੀਟੀਵੀ ਕੈਮਰਿਆਂ ਵਿੱਚ ਦੇਖਿਆ ਜਾ ਰਿਹਾ ਹੈ ਕਿ ਹਾਦਸਾ ਕਿੰਨਾ ਹਾਲਾਤਾਂ ਵਿੱਚ ਹੋਇਆ ਤੇ ਇਸ ਹਾਦਸੇ ਵਿੱਚ ਕਿਸ ਦੀ ਗਲਤੀ ਹੈ।

## 'ਮੇਰੀ ਰਸੋਈ' ਯੋਜਨਾ ਖੁਰਾਕ ਤੇ ਪੋਸ਼ਣ ਸੁਰੱਖਿਆ ਵੱਲ ਇੱਕ ਸਰਾਹੁਣਯੋਗ ਕਦਮ: ਵਰਿੰਦਰ ਕੌਰ

ਗੁਰਦਾਸਪੁਰ, 10 ਮਾਰਚ (ਜਸਵਿੰਦਰ ਸਿੰਘ): ਪੰਜਾਬ ਸਰਕਾਰ ਵੱਲੋਂ ਘੋਸ਼ਿਤ 'ਮੇਰੀ ਰਸੋਈ' ਯੋਜਨਾ ਤਹਿਤ 40 ਲੱਖ ਪਰਿਵਾਰਾਂ ਨੂੰ ਮੁਫ਼ਤ ਰਾਸ਼ਨ ਕਿੱਟਾਂ ਪ੍ਰਦਾਨ ਕਰਨ ਦੇ ਫ਼ੈਸਲੇ ਦਾ ਸਵਾਗਤ ਕਰਦਿਆਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਹਲਕਾ ਦੀਨਾਨਗਰ ਤੋਂ ਵਰਿੰਦਰ ਕੌਰ ਬਲਾਕ ਸੰਮਤੀ ਮੈਂਬਰ ਨੇ ਕਿਹਾ ਕਿ ਇਹ ਪਹਿਲ ਕੌਮੀ ਖੁਰਾਕ ਸੁਰੱਖਿਆ ਐਕਟ ਦੀ ਆਤਮਾ ਅਨੁਸਾਰ ਖੁਰਾਕ ਤੇ ਪੋਸ਼ਣ ਸੁਰੱਖਿਆ ਨੂੰ ਹੋਰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਕਿਹਾ ਕਿ ਕਮਿਸ਼ਨ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਯੋਗ ਲਾਭਪਾਤਰੀਆਂ ਨੂੰ ਉਨ੍ਹਾਂ ਦੇ ਹੱਕ ਦੀ ਖੁਰਾਕ ਸਮੇਂ ਸਿਰ ਤੇ ਉਚਿੱਤ ਗੁਣਵੱਤਾ ਨਾਲ ਪ੍ਰਾਪਤ ਹੋਵੇ, ਸੰਦਰਭ ਵਿੱਚ 'ਮੇਰੀ ਰਸੋਈ' ਯੋਜਨਾ ਤਹਿਤ ਤਿਮਾਹੀ



ਆਧਾਰ 'ਤੇ ਦਿੱਤੀਆਂ ਜਾਣ ਵਾਲੀਆਂ ਰਾਸ਼ਨ ਕਿੱਟਾਂ ਪੋਸ਼ਣ ਸੁਰੱਖਿਆ ਨੂੰ ਵਧਾਉਣ ਵਿੱਚ ਸਹਾਇਕ ਸਾਬਤ ਹੋਣਗੀਆਂ। ਉਨ੍ਹਾਂ ਨੇ ਜਾਣਕਾਰੀ ਦਿੱਤੀ ਕਿ ਯੋਜਨਾ ਅਨੁਸਾਰ ਹਰ ਯੋਗ ਪਰਿਵਾਰ ਨੂੰ ਦੋ ਕਿਲੋ ਦਾਲ, ਦੋ ਕਿਲੋ ਖੰਡ, ਇੱਕ ਕਿਲੋ ਨਮਕ, 200 ਗ੍ਰਾਮ ਹਲਦੀ ਪਾਊਡਰ ਤੇ ਇੱਕ ਲੀਟਰ ਸਰ੍ਹੋਂ ਦਾ ਤੇਲ ਪ੍ਰਦਾਨ ਕੀਤਾ ਜਾਵੇਗਾ। ਇਹ ਕਿੱਟਾਂ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ ਤਹਿਤ ਦਿੱਤੀ ਜਾਂਦੀ ਕਣਕ ਤੋਂ ਇਲਾਵਾ ਹੋਣਗੀਆਂ।

## 27 ਨੂੰ ਲੱਗੇਗਾ ਕਿਸਾਨ ਮੇਲਾ

### ☛ਖੇਤੀ ਵਿਭਿੰਨਤਾ ਅਪਣਾਓ, ਵੱਡਮੁੱਲਾ ਵਾਤਾਵਰਨ ਬਚਾਓ

ਗੁਰਦਾਸਪੁਰ, 10 ਮਾਰਚ (ਜਗੀਰ ਸਿੰਘ ਮੰਡ/ਸੁਰਿੰਦਰ ਸਿੰਘ ਬਸਰਾ): ਖੇਤੀ ਵਿਭਿੰਨਤਾ ਅਪਣਾਓ, ਵਡਮੁੱਲਾ ਵਾਤਾਵਰਨ ਬਚਾਓ ਦੇ ਉਦੇਸ਼ ਨਾਲ ਕਿਸਾਨ ਮੇਲਾ ਖੇਤੀਬਾੜੀ ਯੂਨੀਵਰਸਿਟੀ ਦੇ ਰਿਜਨਲ ਸਟੇਸ਼ਨ ਗੁਰਦਾਸਪੁਰ ਵਿਖੇ 27 ਮਾਰਚ ਨੂੰ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਰਿਜਨਲ ਸਟੇਸ਼ਨ ਦੇ ਡਾਇਰੈਕਟਰ ਡਾ. ਹਰਪਾਲ ਸਿੰਘ ਰੰਧਾਵਾ ਨੇ ਦੱਸਿਆ ਕਿ ਮੇਲੇ ਵਿੱਚ ਸਾਉਣੀ ਦੀਆਂ ਫ਼ਸਲਾਂ/ਸਬਜ਼ੀਆਂ ਦੇ ਸੁਧਰੇ ਬੀਜ ਤੇ ਸਦਾਬਹਾਰ



ਫ਼ਲਦਾਰ ਬੂਟੇ ਉਪਲਬਧ ਕਰਵਾਏ ਜਾਣਗੇ। ਖੇਤੀ ਵਿਸ਼ਾ ਮਾਹਿਰਾਂ ਵੱਲੋਂ ਸਾਉਣੀ ਦੀਆਂ ਫ਼ਸਲਾਂ ਦੀ ਕਾਸ਼ਤ ਬਾਰੇ ਤਕਨੀਕੀ ਜਾਣਕਾਰੀ ਦਿੱਤੀ ਜਾਵੇਗੀ ਤੇ ਕਿਸ਼ਾਨਾਂ ਦੀਆਂ ਖੇਤੀ ਮੁਸ਼ਕਿਲਾਂ ਬਾਰੇ ਸੁਆਲ-ਜੁਆਬ ਵੀ ਹੋਣਗੇ। ਇਸ ਤੋਂ ਇਲਾਵਾ ਪੀਏਯੂ, ਸਰਕਾਰੀ ਵਿਭਾਗਾਂ ਤੇ ਪ੍ਰਾਈਵੇਟ ਕੰਪਨੀਆਂ ਵੱਲੋਂ ਖੇਤੀ ਆਧਾਰਿਤ ਸਟਾਲ/ਪ੍ਰਦਰਸ਼ਨੀਆਂ ਵੀ ਲਗਾਏ ਜਾਣਗੇ, ਮੇਲੇ ਵਿੱਚ ਹਾੜ੍ਹੀ ਦੀਆਂ ਫ਼ਸਲਾਂ ਦੀਆਂ ਕਿਸਮਾਂ ਤੇ ਹੋਰ ਖੇਤੀ ਤਕਨੀਕਾਂ ਦੀਆਂ ਲਾਈਵ ਪ੍ਰਦਰਸ਼ਨੀਆਂ ਵੀ ਦਿਖਾਈਆਂ ਜਾਣਗੀਆਂ, ਜਿਸ ਵਿੱਚ ਕਿਸਾਨ ਵੀਰਾਂ ਤੇ ਬੀਬੀਆਂ ਲਈ ਬਹੁਤ ਕੀਮਤੀ ਜਾਣਕਾਰੀ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਮੇਲੇ ਵਿੱਚ ਪੰਜਾਬ ਸਰਕਾਰ ਦੇ ਮੰਤਰੀ ਸਾਹਿਬਾਨ ਤੇ ਡਾ. ਸਤਬੀਰ ਸਿੰਘ ਗੋਸ਼ਲ ਕੁਲਪਤੀ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ। ਯੂਨੀਵਰਸਿਟੀ ਨਾਲ ਜੁੜੇ ਸੈਲਫ ਹੈਲਪ ਗਰੁੱਪ ਵੀ ਆਪਣੇ ਸਟਾਲ/ਪ੍ਰਦਰਸ਼ਨੀਆਂ ਵੀ ਲਗਾ ਕੇ ਫ਼ਸਲਾਂ ਦੀ ਉਪਜ ਨੂੰ ਸਹੀ ਢੰਗ ਨਾਲ ਵੇਚਣ ਲਈ ਕਿਸਾਨਾਂ ਨੂੰ ਜਾਗਰੂਕ ਕਰਨਗੇ। ਉਨ੍ਹਾਂ ਇਲਾਕੇ ਦੇ ਸਮੂਹ ਵੀਰਾਂ/ਭੈਣਾਂ/ਬਜ਼ੁਰਗਾਂ ਨੂੰ 27 ਮਾਰਚ ਦਿਨ ਸ਼ੁੱਕਰਵਾਰ ਨੂੰ ਕਿਸਾਨ ਮੇਲੇ ਵਿੱਚ ਹੁੰਮ-ਹੁਮਾ ਕਿ ਪਹੁੰਚਣ ਦੀ ਅਪੀਲ ਕੀਤੀ ਜਾਂਦੀ ਹੈ।

## ਫੌਜ ਦੀ ਭਰਤੀ ਰੈਲੀ 'ਚ ਨੌਜਵਾਨਾਂ 'ਚ ਪੂਰਾ ਉਤਸ਼ਾਹ

### ☛ਸਰਕਾਰੀ ਕਾਲਜ ਵਿਖੇ ਭਰਤੀ ਰੈਲੀ 17 ਤੱਕ ਚੱਲੇਗੀ

ਨੁਸ਼ਹਿਰਾ ਮੱਝਾ ਸਿੰਘ, 10 ਮਾਰਚ (ਡਾ. ਸਰਵਣ ਸਿੰਘ): ਭਾਰਤੀ ਫੌਜ ਦੀ ਭਰਤੀ ਰੈਲੀ ਦੀ ਸ਼ੁਰੂਆਤ ਸਰਕਾਰੀ ਕਾਲਜ ਗੁਰਦਾਸਪੁਰ ਵਿੱਚ ਸ਼ੁਰੂ ਹੋ ਗਈ ਹੈ, ਜਿਸ ਵਿੱਚ ਆਨਲਾਈਨ ਰਜਿਸਟ੍ਰੇਸ਼ਨ ਪ੍ਰਕਿਰਿਆ ਰਾਹੀਂ ਸ਼ਾਰਟਲਿਸਟ ਕੀਤੇ ਗਏ ਇਲਾਕੇ ਦੇ ਨੌਜਵਾਨ ਹਿੱਸਾ ਲੈ ਰਹੇ ਹਨ। ਇਸ ਰੈਲੀ ਵਿੱਚ ਲਗਭਗ 8,000 ਉਮੀਦਵਾਰਾਂ ਨੂੰ ਭਾਗ ਲੈਣਗੇ ਹੈ।ਇਹ ਰੈਲੀ 09 ਮਾਰਚ ਤੋਂ 17 ਮਾਰਚ ਤੱਕ ਕਰਵਾਈ ਜਾ ਰਹੀ ਹੈ।ਭਰਤੀ ਰੈਲੀ ਦੇ ਡਾਇਰੈਕਟਰ, ਕਮਾਂਡੈਂਟ ਜੇਮਸ ਜੈਕਬ ਨੇ ਦੱਸਿਆ ਕਿ ਇਸ ਪ੍ਰੋਗਰਾਮ ਦੇ ਸੁਚਾਰੂ ਪ੍ਰਬੰਧਾਂ ਲਈ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਪਿਛਲੇ ਕਈ ਹਫ਼ਤਿਆਂ ਤੋਂ ਵਿਆਪਕ ਤਿਆਰੀਆਂ ਕੀਤੀਆਂ ਗਈਆਂ



ਹਨ।ਪਿਛਲੇ ਇੱਕ ਮਹੀਨੇ ਦੌਰਾਨ ਵਿਸਥਾਰਪੂਰਵਕ ਯੋਜਨਾ ਤਿਆਰ ਕੀਤੀ ਗਈ ਜਦਕਿ ਪਿਛਲੇ 20 ਦਿਨਾਂ ਵਿੱਚ ਸਟੇਡੀਅਮ ਤੇ ਸਬੰਧਤ ਬੁਨਿਆਦੀ ਢਾਂਚੇ ਦੀ ਤਿਆਰੀ 'ਤੇ ਖਾਸ ਧਿਆਨ ਦਿੱਤਾ ਗਿਆ। ਉਮੀਦਵਾਰਾਂ ਦੇ ਸਵਾਗਤ, ਦਸਤਾਵੇਜ਼ ਜਾਂਚ, ਫਿਜ਼ੀਕਲ ਟੈਸਟ, ਮੈਡੀਕਲ ਸਹਾਇਤਾ, ਸੁਰੱਖਿਆ, ਭੀੜ ਪ੍ਰਬੰਧਨ ਤੇ ਹੋਰ ਪ੍ਰਸ਼ਾਸਕੀ ਪ੍ਰਬੰਧਾਂ ਲਈ ਪੂਰੀ ਤਰ੍ਹਾਂ ਤਿਆਰੀ ਕੀਤੀ ਗਈ ਹੈ ਤਾਂ ਜੋ ਭਰਤੀ ਪ੍ਰਕਿਰਿਆ ਸੁਚੱਜੇ ਢੰਗ ਨਾਲ ਕਰਵਾਈ ਜਾ ਸਕੇ। ਇਸ ਰੈਲੀ ਲਈ ਜ਼ਿਲ੍ਹਾ ਪ੍ਰਸ਼ਾਸਨ, ਪੁਲਿਸ ਵਿਭਾਗ ਤੇ ਭਾਰਤੀ ਫੌਜ ਦੇ ਵਿੱਚਕਾਰ ਨਜ਼ਦੀਕੀ ਸਹਿਯੋਗ ਨਾਲ ਸਾਰੀਆਂ ਲੋੜੀਂਦੀਆਂ ਸੁਵਿਧਾਵਾਂ ਯਕੀਨੀ ਬਣਾਈਆਂ ਗਈਆਂ ਹਨ। ਭਰਤੀ ਪ੍ਰਕਿਰਿਆ ਨੂੰ ਨਿਰਪੱਖ, ਪਾਰਦਰਸ਼ੀ ਤੇ ਪੂਰੀ ਤਰ੍ਹਾਂ ਯੋਗਤਾ ਆਧਾਰਿਤ ਬਣਾਈ ਰੱਖਣ 'ਤੇ ਖਾਸ ਜ਼ੋਰ ਦਿੱਤਾ ਗਿਆ ਹੈ, ਨਾਲ ਹੀ ਸਾਰੇ ਉਮੀਦਵਾਰਾਂ ਦੀ ਸੁਰੱਖਿਆ, ਸੁਵਿਧਾ ਤੇ ਭਲਾਈ ਨੂੰ ਵੀ ਧਿਆਨ ਵਿੱਚ ਰੱਖਿਆ ਗਿਆ ਹੈ।

# ਸ਼ਰਾਬ ਮਾਮਲੇ 'ਚ 2 ਭਗੌੜੇ ਗ੍ਰਿਫ਼ਤਾਰ



ਮੰਡੀ ਗੋਬਿੰਦਗੜ੍ਹ, 10 ਮਾਰਚ (ਰੂਪਲ ਸੂਦ): ਪੀਓ ਸਟਾਫ ਨੇ ਸ਼ਰਾਬ ਦੇ ਮਾਮਲੇ ਵਿੱਚ 2 ਭਗੌੜੇ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਹੈ। ਪੀਓ ਸਟਾਫ ਫਤਹਿਗੜ੍ਹ ਸਾਹਿਬ ਦੇ ਐਸਐਚਓ ਕੁਲਵੰਤ ਸਿੰਘ ਨੇ ਦੱਸਿਆ ਕਿ ਥਾਣਾ ਸਰਹਿੰਦ ਦੇ ਹੌਲਦਾਰ ਸ਼ਮਸ਼ੇਰ ਸਿੰਘ ਨੇ ਅਰਜੁਨ ਕੁਮਾਰ ਪੁੱਤਰ ਅਸ਼ੋਕ ਕੁਮਾਰ ਵਾਸੀ ਪਿੰਡ ਧਰੌੜ ਜ਼ਿਲ੍ਹਾ ਲੁਧਿਆਣਾ ਤੇ ਸੁਖਦੇਵ ਸਿੰਘ ਉਰਫ ਗੋਗਾ ਵਾਸੀ ਪਿੰਡ ਦੁਗਰੀ ਥਾਣਾ ਦੋਰਾਹਾ ਤੇ 2 ਹੋਰ ਵਿਅਕਤੀਆਂ ਨੂੰ 46 ਪੇਟੀਆਂ ਸ਼ਰਾਬ ਚੰਡੀਗੜ੍ਹ ਮਾਰਕਾ ਸਮੇਤ ਗ੍ਰਿਫਤਾਰ ਕੀਤਾ ਸੀ, ਜਿਸ ਵਿੱਚ ਅਰਜੁਨ ਕੁਮਾਰ ਤੇ ਸੁਖਦੇਵ ਸਿੰਘ ਮਾਣਯੋਗ ਅਦਾਲਤ ਫਤਹਿਗੜ੍ਹ ਸਾਹਿਬ ਤੋਂ ਭਗੌੜੇ ਸਨ, ਜਿਸ 'ਤੇ ਪੀਓ ਸਟਾਫ ਵੱਲੋਂ ਕਾਰਵਾਈ ਕਰਦੇ ਹੋਏ ਅਰਜਨ ਕੁਮਾਰ ਤੇ ਸੁਖਦੇਵ ਸਿੰਘ ਨੂੰ ਗ੍ਰਿਫਤਾਰ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਕੈਨੇਡਾ 'ਚ ਪੰਜਾਬੀ ਯੂਟਿਊਬਰ ਨੈਨਸੀ ਗਰੇਵਾਲ ਦੇ ਕਤਲ 'ਚ ਨਵਾਂ ਮੋੜ

## ☛ਗੁਰਪਤਵੰਤ ਸਿੰਘ ਪੰਨੂੰ ਦਾ ਇੱਕ ਵੀਡੀਓ ਸਾਹਮਣੇ ਆਇਆ

ਜਲੰਧਰ, 10 ਮਾਰਚ (ਚ.ਨ.ਸ): ਕੈਨੇਡਾ 'ਚ 45 ਸਾਲਾ ਪੰਜਾਬੀ ਯੂਟਿਊਬਰ ਨੈਨਸੀ ਗਰੇਵਾਲ ਦੇ ਚਾਕੂ ਮਾਰ ਕੇ ਕਤਲ ਦੇ ਮਾਮਲੇ ਨੇ ਇੱਕ ਨਵਾਂ ਮੋੜ ਲੈ ਲਿਆ ਹੈ। ਖਾਲਿਸਤਾਨ ਪੱਖੀ ਆਗੂ ਗੁਰਪਤਵੰਤ ਸਿੰਘ ਪੰਨੂੰ ਦਾ ਇੱਕ ਵੀਡੀਓ ਸਾਹਮਣੇ ਆਇਆ ਹੈ, ਜਿਸ 'ਚ ਉਹ ਨੈਨਸੀ ਦੇ ਕਤਲ 'ਚ ਖਾਲਿਸਤਾਨ ਸਮਰਥਕਾਂ ਦੀ ਸ਼ਮੂਲੀਅਤ ਤੋਂ ਇਨਕਾਰ ਕਰਦਾ ਹੈ। ਵੀਡੀਓ 'ਚ ਪੰਨੂੰ ਨੇ ਕਿਹਾ ਕਿ ਖਾਲਿਸਤਾਨ ਇੱਕ ਰਾਜਨੀਤਿਕ ਵਿਚਾਰਧਾਰਾ ਹੈ ਤੇ ਇਸ ਨਾਲ ਜੁੜੇ ਲੋਕ ਕਤਲ ਦੀਆਂ ਕਾਰਵਾਈਆਂ 'ਚ ਸ਼ਾਮਲ ਨਹੀਂ ਹਨ। ਉਸ ਨੇ ਦਾਅਵਾ ਕੀਤਾ ਕਿ ਨੈਨਸੀ ਦੀ ਮੌਤ ਤੋਂ ਬਾਅਦ ਖਾਲਿਸਤਾਨ ਸਮਰਥਕਾਂ ਨੂੰ ਜਾਣਬੁੱਝ ਕੇ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਉਸ ਨੇ ਇਹ ਵੀ ਕਿਹਾ ਕਿ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਨ ਨਾਲ ਹੋਰ ਵਿਅਕਤੀਆਂ ਜਾਂ ਨੈਟਵਰਕਾਂ ਦੀ ਸ਼ਮੂਲੀਅਤ ਦਾ ਪਤਾ ਲੱਗ ਸਕਦਾ ਹੈ। ਇਸ ਦੌਰਾਨ ਨੈਨਸੀ ਗਰੇਵਾਲ ਦੇ ਪਰਿਵਾਰ ਨੇ ਪਹਿਲਾਂ ਦੋਸ਼ ਲਗਾਇਆ ਸੀ ਕਿ ਉਨ੍ਹਾਂ ਨੂੰ ਧਮਕੀਆਂ ਮਿਲ ਰਹੀਆਂ ਸਨ। ਪਰਿਵਾਰ ਦਾ ਕਹਿਣਾ ਹੈ ਕਿ ਨੈਨਸੀ ਸੋਸ਼ਲ ਮੀਡੀਆ 'ਤੇ ਸਰਗਰਮ ਸੀ ਤੇ ਖੁੱਲ੍ਹ ਕੇ ਖਾਲਿਸਤਾਨ ਅੰਦੋਲਨ ਵਿਰੁੱਧ ਆਪਣੇ ਵਿਚਾਰ ਪ੍ਰਗਟ ਕਰਦੀ ਸੀ, ਜਿਸ ਕਾਰਨ ਉਸਨੂੰ ਕਈ ਧਮਕੀ ਭਰੇ ਕਾਲ ਆਏ ਸਨ। ਨੈਨਸੀ ਦੀ ਭੈਣ ਅਲੀਸ਼ਾ ਨੇ ਇੱਕ ਸਥਾਨਕ ਨਿਊਜ਼ ਚੈਨਲ ਨਾਲ ਇੱਕ ਇੰਟਰਵਿਊ 'ਚ ਕਿਹਾ ਕਿ ਉਸਦੀ ਭੈਣ ਨੂੰ ਕਤਲ ਤੋਂ ਪਹਿਲਾਂ ਲਗਭਗ 40 ਧਮਕੀ ਭਰੇ ਫੋਨ ਆਏ ਸਨ। ਉਨ੍ਹਾਂ ਨੇ ਸੀਸੀਟੀਵੀ ਫੁਟੇਜ ਵੀ ਜਾਰੀ ਕੀਤੀ, ਜਿਸ 'ਚ ਦਾਅਵਾ ਕੀਤਾ ਗਿਆ ਹੈ ਕਿ ਵਿਅਕਤੀਆਂ ਨੂੰ ਨੈਨਸੀ ਦੇ ਘਰ ਦੇ ਬਾਹਰ ਅੱਗ ਲਗਾਉਂਦੇ ਦਿਖਾਇਆ ਗਿਆ ਹੈ। ਅਲੀਸ਼ਾ ਅਨੁਸਾਰ ਇਹ ਘਟਨਾ ਇੱਕ ਬੇਤਰਤੀਬ ਹਮਲੇ ਦੀ ਬਜਾਏ ਇੱਕ ਯੋਜਨਾਬੱਧ ਸਾਜ਼ਿਸ਼ ਦਾ ਹਿੱਸਾ ਜਾਪਦੀ ਹੈ। ਜਾਣਕਾਰੀ ਅਨੁਸਾਰ ਨੈਨਸੀ ਗਰੇਵਾਲ ਨੂੰ 3 ਮਾਰਚ ਨੂੰ ਰਾਤ 9:30 ਵਜੇ ਕੈਨੇਡਾ ਦੇ ਲਾਸਾਲੇ ਖੇਤਰ 'ਚ ਚਾਕੂ ਮਾਰਿਆ ਗਿਆ ਸੀ, ਜਿਸ ਕਾਰਨ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ ਸੀ। ਘਟਨਾ ਤੋਂ ਕਈ ਦਿਨ ਬਾਅਦ ਵੀ ਸਥਾਨਕ ਪੁਲਿਸ ਅਜੇ ਤੱਕ ਮੁਲਜ਼ਮਾਂ ਤੱਕ ਨਹੀਂ ਪਹੁੰਚ ਸਕੀ ਹੈ ਤੇ ਜਾਂਚ ਜਾਰੀ ਹੈ। ਨੈਨਸੀ ਦੀ ਮਾਂ ਦੇ ਭਾਰਤ ਤੋਂ ਕੈਨੇਡਾ ਪਹੁੰਚਣ ਦੀ ਖ਼ਬਰ ਹੈ। ਹਾਲਾਂਕਿ ਅੰਤਿਮ ਸਸਕਾਰ ਦੀ ਕੋਈ ਅਧਿਕਾਰਤ ਜਾਣਕਾਰੀ ਜਾਂ ਵੀਡੀਓ ਅਜੇ ਤੱਕ ਜਾਰੀ ਨਹੀਂ ਕੀਤਾ ਗਿਆ ਹੈ। ਇਸ ਘਟਨਾ ਨੇ ਭਾਰਤੀ ਪ੍ਰਵਾਸੀਆਂ 'ਚ ਚਿੰਤਾ ਤੇ ਚਰਚਾ ਵੀ ਛੇੜ ਦਿੱਤੀ ਹੈ।



# ਕੀ ਅਮਰੀਕਾ ਨੇ ਕੀਤਾ ਈਰਾਨ ਦੇ ਸਕੂਲ 'ਤੇ ਹਮਲਾ? ਕੀ ਟਰੰਪ ਲੈਣਗੇ 165 ਮੌਤਾਂ ਦੀ ਜ਼ਿੰਮੇਵਾਰੀ?

ਨਵੀਂ ਦਿੱਲੀ, 10 ਮਾਰਚ (ਚ.ਨ.ਸ): ਈਰਾਨ ਤੇ ਇਜ਼ਰਾਈਲ-ਅਮਰੀਕਾ ਵਿਚਕਾਰ ਸ਼ੁਰੂ ਹੋਈ ਜੰਗ ਤੋਂ ਬਾਅਦ ਈਰਾਨ ਦੇ ਇੱਕ ਸਕੂਲ 'ਤੇ ਹਮਲਾ ਕੀਤਾ ਗਿਆ ਸੀ, ਜਿਸ ਵਿੱਚ 165 ਤੋਂ ਵੱਧ ਲੋਕ ਮਾਰੇ ਗਏ ਸਨ। ਸ਼ੁਰੂਆਤ ਵਿੱਚ ਸ਼ੱਕ ਦੀ ਸੂਈ ਇਜ਼ਰਾਈਲ ਵੱਲ ਘੁੰਮੀ ਸੀ, ਪਰ ਇਜ਼ਰਾਈਲ ਨੇ ਇਸ ਤੋਂ ਸਾਫ਼ ਇਨਕਾਰ ਕਰ ਦਿੱਤਾ ਸੀ। ਜਦੋਂ ਟਰੰਪ ਤੋਂ ਇਸ ਹਮਲੇ ਬਾਰੇ ਪੁੱਛਿਆ ਗਿਆ ਤਾਂ ਉਨ੍ਹਾਂ ਨੇ ਇਸ ਨੂੰ ਈਰਾਨ ਵੱਲੋਂ ਹੀ ਕੀਤਾ ਗਿਆ ਹਮਲਾ ਦੱਸਿਆ ਸੀ।ਹਾਲਾਂਕਿ ਹੁਣ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਇਹ ਹਮਲਾ ਈਰਾਨ ਜਾਂ ਇਜ਼ਰਾਈਲ ਨੇ ਨਹੀਂ, ਸਗੋਂ ਅਮਰੀਕਾ ਨੇ ਕੀਤਾ ਸੀ। ਜਾਂਚ ਕਰਨ ਵਾਲੇ ਗਰੁੱਪ ਬੇਲਿੰਗਕੈਟ ਨੇ ਹਮਲੇ ਨਾਲ ਜੁੜੀ ਇੱਕ ਕਲਿੱਪ ਸਾਂਝੀ ਕੀਤੀ ਹੈ। ਇਸ ਵਿੱਚ ਇੱਕ ਇਮਾਰਤ 'ਤੇ ਮਿਜ਼ਾਈਲ ਡਿੱਗਦੀ ਹੋਈ ਦਿਖਾਈ ਦੇ ਰਹੀ ਹੈ। **ਟਰੰਪ ਨੇ ਕਰ ਦਿੱਤਾ ਸੀ ਇਨਕਾਰ**: ਇਸ ਤੋਂ ਬਾਅਦ ਹਵਾ ਵਿੱਚ ਗਹਿਰਾ ਧੂੰਆਂ ਉੱਠਦਾ ਦਿਖਾਈ ਦਿੰਦਾ ਹੈ। ਬੇਲਿੰਗਕੈਟ ਦੇ ਖੋਜਕਰਤਾ ਟ੍ਰੇਵਰ ਬਾਲ ਨੇ ਵੀਡੀਓ ਦੀ ਜਾਂਚ ਕਰਕੇ ਉਸ ਨੂੰ ਸਕੂਲ ਦੇ ਨੇੜੇ ਇੱਕ ਸਥਾਨ 'ਤੇ ਜੀਓ-ਲੋਕੇਟ ਕੀਤਾ ਹੈ। ਉਨ੍ਹਾਂ ਨੇ ਦੱਸਿਆ ਕਿ ਇਹ ਇੱਕ ਟੋਮਾਹਾਕ ਕਰੂਜ਼ ਮਿਜ਼ਾਈਲ ਹੈ, ਜੋ ਕਿ ਸਿਰਫ਼ ਅਮਰੀਕਾ ਕੋਲ ਹੈ। ਇਸ ਤੋਂ ਪਹਿਲਾਂ ਜਦੋਂ ਸ਼ਨੀਵਾਰ ਨੂੰ ਟਰੰਪ ਤੋਂ ਹਮਲੇ ਬਾਰੇ ਪੁੱਛਿਆ ਗਿਆ ਸੀ ਤਾਂ ਉਨ੍ਹਾਂ ਨੇ ਸਾਫ਼ ਤੌਰ 'ਤੇ ਕਹਿ ਦਿੱਤਾ ਸੀ ਕਿ ਇਹ ਈਰਾਨ ਦਾ ਆਪਣਾ ਹੀ ਕੰਮ ਹੈ। **ਅਮਰੀਕਾ ਨੂੰ ਜ਼ਿੰਮੇਵਾਰ ਠਹਿਰਾਉਣ ਦੇ ਕਾਰਨ**: ਅਮਰੀਕਾ ਨੂੰ ਜ਼ਿੰਮੇਵਾਰ ਮੰਨਣ ਦਾ ਇੱਕ ਹੋਰ ਵੱਡਾ ਕਾਰਨ ਸਕੂਲ ਦੀ ਲੋਕੇਸ਼ਨ ਹੈ। ਇਹ ਸਕੂਲ ਰਿਵੋਲਿਊਸ਼ਨਰੀ ਗਾਰਡ ਬੇਸ ਦੇ ਬਿਲਕੁਲ ਨਾਲ ਸਥਿਤ ਹੈ ਤੇ ਨੇੜੇ ਹੀ ਇੱਕ ਨੇਵਲ ਯੂਨਿਟ ਦਾ ਬੈਰਕ ਹੈ। ਅਮਰੀਕਾ ਨੇ ਖ਼ਾਸ ਤੌਰ 'ਤੇ ਨੇਵਲ ਟਾਰਗੇਟਸ 'ਤੇ ਹੀ ਧਿਆਨ ਕੇਂਦਰਿਤ ਕੀਤਾ ਸੀ। ਜਦਕਿ ਦੂਜੇ ਪਾਸੇ, ਇਜ਼ਰਾਈਲ ਦਾ ਪੂਰਾ ਫੋਕਸ ਈਰਾਨ ਦੇ ਉਨ੍ਹਾਂ ਇਲਾਕਿਆਂ 'ਤੇ ਰਿਹਾ ਹੈ, ਜੋ ਇਜ਼ਰਾਈਲ ਦੇ ਸਰਹੱਦ ਦੇ ਨੇੜੇ ਹਨ। ਇਜ਼ਰਾਈਲ ਨੇ ਅਜੇ ਤੱਕ 800 ਕਿਲੋਮੀਟਰ ਦੂਰ ਇਸਫ਼ਾਹਨ ਦੇ ਦੱਖਣ ਵਿੱਚ ਕੋਈ ਵੀ ਸਟ੍ਰਾਈਕ ਨਹੀਂ ਕੀਤੀ ਹੈ। ਇੱਕ ਅਮਰੀਕੀ ਅਧਿਕਾਰੀ ਨੇ ਨਿਊਜ਼ ਏਜੰਸੀ ਨੂੰ ਆਪਣਾ ਨਾਮ ਗੁਪਤ ਰੱਖਣ ਦੀ ਸ਼ਰਤ 'ਤੇ ਦੱਸਿਆ ਕਿ ਇਹ ਸਟ੍ਰਾਈਕ ਅਮਰੀਕਾ ਦੀ ਹੀ ਸੀ। ਉਨ੍ਹਾਂ ਨੇ ਕਿਹਾ ਕਿ ਉਨ੍ਹਾਂ ਕੋਲ ਇਸ ਸੰਵੇਦਨਸ਼ੀਲ ਮਾਮਲੇ 'ਤੇ ਜਨਤਕ ਤੌਰ 'ਤੇ ਟਿੱਪਣੀ ਕਰਨ ਦਾ ਅਧਿਕਾਰ ਨਹੀਂ ਹੈ।



# ਵਿਧਾਨ ਸਭਾ 'ਚ ਵਿਧਾਇਕ ਇਆਲੀ ਨੇ ਉਠਾਏ ਸਿੱਖ ਕੌਮ ਨਾਲ ਜੁੜੇ 3 ਅਹਿਮ ਮਸਲੇ

ਲੁਧਿਆਣਾ, 10 ਮਾਰਚ (ਚ.ਨ.ਸ): ਪੰਜਾਬ ਵਿਧਾਨ ਸਭਾ ਦੇ ਬਜਟ ਇਜਲਾਸ ਦੌਰਾਨ ਅੱਜ ਹਲਕਾ ਮੁੱਲਾਂਪੁਰ ਦਾਖਾ ਤੋਂ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਨੇ ਸਿੱਖ ਕੌਮ ਨਾਲ ਸਬੰਧਤ 3 ਮਹੱਤਵਪੂਰਨ ਮਸਲੇ ਜ਼ੋਰਦਾਰ ਢੰਗ ਨਾਲ ਸਦਨ 'ਚ ਉਠਾਏ। ਉਨ੍ਹਾਂ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਚੋਣਾਂ ਦੌਰਾਨ ਕੀਤੇ ਗਏ ਵਾਅਦਿਆਂ ਦੀ ਯਾਦ ਦਿਵਾਉਂਦਿਆਂ ਬੇਅਦਬੀ ਦੇ ਮਾਮਲਿਆਂ 'ਤੇ ਸਖ਼ਤ ਕਾਨੂੰਨ ਬਣਾਉਣ, ਬੰਦੀ ਸਿੰਘਾਂ ਦੀ ਰਿਹਾਈ ਤੇ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ 'ਤੇ ਲੱਗੀ ਐਨ.ਐਸ.ਏ. ਹਟਾ ਕੇ ਉਸ ਨੂੰ ਰਿਹਾਅ ਕਰਨ ਦੀ ਮੰਗ ਰੱਖੀ। ਸਦਨ ਵਿੱਚ ਬੋਲਦਿਆਂ ਵਿਧਾਇਕ ਇਆਲੀ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ 2022 ਦੀਆਂ ਚੋਣਾਂ 'ਚ ਆਮ ਆਦਮੀ ਪਾਰਟੀ ਨੂੰ 92 ਸੀਟਾਂ ਨਾਲ ਜਿਤਾਇਆ ਤੇ ਇਸ ਦੇ ਪਿੱਛੇ ਇੱਕ ਵੱਡੀ ਉਮੀਦ ਇਹ ਵੀ ਸੀ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਨੂੰਨ ਬਣਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਕੁਝ ਮਹੀਨੇ ਪਹਿਲਾਂ ਇਸ ਮਸਲੇ ਸਬੰਧੀ ਬਿੱਲ ਵੀ ਹੈ ਲਿਆਂਦਾ ਗਿਆ ਸੀ ਤੇ ਇਸ ਦੀ ਸਮੀਖਿਆ ਲਈ ਇੱਕ ਸਿਲੈਕਟ ਕਮੇਟੀ ਵੀ ਬਣਾਈ ਗਈ ਸੀ, ਜਿਸ ਦੀਆਂ ਕਈ ਮੀਟਿੰਗਾਂ ਹੋ ਚੁੱਕੀਆਂ ਹਨ। ਹਾਲਾਂਕਿ ਮੌਜੂਦਾ ਬਜਟ ਸੈਸ਼ਨ ਦੌਰਾਨ ਇਸ ਬਿੱਲ ਬਾਰੇ ਕੋਈ ਸਪੱਸ਼ਟ ਜਾਣਕਾਰੀ ਸਾਹਮਣੇ ਨਹੀਂ ਆਈ। ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਇਸੇ ਸੈਸ਼ਨ ਦੌਰਾਨ ਇਹ ਸਖ਼ਤ ਕਾਨੂੰਨ ਪਾਸ ਕੀਤਾ ਜਾਵੇ ਤਾਂ ਜੋ ਭਵਿੱਖ ਵਿਚ ਕੋਈ ਵੀ ਵਿਅਕਤੀ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਕਰਨ ਬਾਰੇ ਸੋਚਣ ਦੀ ਹਿੰਮਤ ਨਾ ਕਰ ਸਕੇ। ਇਸ ਤੋਂ ਇਲਾਵਾ ਵਿਧਾਇਕ ਇਆਲੀ ਨੇ ਬੰਦੀ ਸਿੰਘਾਂ ਦੇ ਮਾਮਲੇ ਨੂੰ ਵੀ ਸਦਨ ਵਿੱਚ ਉਭਾਰਿਆ। ਉਨ੍ਹਾਂ ਕਿਹਾ ਕਿ ਭਾਈ ਜਗਤਾਰ ਸਿੰਘ ਹਵਾਰਾ, ਭਾਈ ਬਲਵੰਤ ਸਿੰਘ ਰਾਜੋਆਣਾ ਤੇ ਭਾਈ ਦਵਿੰਦਰਪਾਲ ਸਿੰਘ ਭੁੱਲਰ ਸਮੇਤ ਕਰੀਬ 26 ਸਿੱਖ ਕੈਦੀ ਪਿਛਲੇ ਤਿੰਨ ਦਹਾਕਿਆਂ ਤੋਂ ਵੱਧ ਸਮੇਂ ਤੋਂ ਵੱਖ-ਵੱਖ ਜੇਲ੍ਹਾਂ 'ਚ ਬੰਦ ਹਨ।ਉਨ੍ਹਾਂ ਖਾਸ ਤੌਰ 'ਤੇ ਭਾਈ ਜਗਤਾਰ ਸਿੰਘ ਹਵਾਰਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਮਾਤਾ ਜੀ ਦੀ ਤਬੀਅਤ ਨਾਜ਼ੁਕ ਦੱਸੀ ਜਾ ਰਹੀ ਹੈ ਤੇ ਮਨੁੱਖੀ ਆਧਾਰ 'ਤੇ ਉਨ੍ਹਾਂ ਨੂੰ ਪੈਰੋਲ ਦੇਣ ਬਾਰੇ ਸਰਕਾਰ ਨੂੰ ਗੰਭੀਰਤਾ ਨਾਲ ਵਿਚਾਰ ਕਰਨਾ ਚਾਹੀਦਾ ਹੈ।



# ਜ਼ਮੀਨੀ ਵਿਵਾਦ 'ਚ ਨਿਹੰਗ ਸਿੰਘ ਦੀ ਮੌਤ... ਭਰਾ 'ਤੇ ਲਗਾਏ ਦੋਸ਼, ਪਰਿਵਾਰ ਨੇ ਸਸਕਾਰ ਕਰਨ ਤੋਂ ਕੀਤਾ ਇਨਕਾਰ

ਜਗਰਾਓਂ, 10 ਮਾਰਚ (ਚ.ਨ.ਸ): ਜ਼ਮੀਨੀ ਵਿਵਾਦ ਵਿੱਚ ਅਦਾਲਤ 'ਚੋਂ ਤਰੀਕ ਤੋਂ ਵਾਪਸ ਪਰਤ ਰਹੇ ਨਿਹੰਗ ਸਿੰਘ ਨੂੰ ਉਸ ਦੇ ਹੀ ਭਰਾ ਵੱਲੋਂ ਵਾਹਨ ਦੀ ਫੇਟ ਮਾਰ ਕੇ ਮਾਰਨ ਦੇ ਪਰਿਵਾਰ ਨੇ ਗੰਭੀਰ ਦੋਸ਼ ਲਗਾਏ ਹਨ। ਇਸ ਮਾਮਲੇ ਵਿੱਚ ਫ਼ਿਲਹਾਲ ਹਠੂਰ ਪੁਲਿਸ ਨੇ ਭਰਾ ਖ਼ਿਲਾਫ਼ ਸੜਕ ਹਾਦਸੇ ਦੀਆਂ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਿਸ ਦੀ ਇਸ ਕਾਰਵਾਈ ਤੋਂ ਖਫਾ ਪਰਿਵਾਰ ਨੇ ਕਤਲ ਦਾ ਪਰਚਾ ਦਰਜ ਨਾ ਹੋਣ ਤੱਕ ਪੁਲਿਸ ਨੂੰ ਮ੍ਰਿਤਕ ਦੀ ਲਾਸ਼ ਪੋਸਟਮਾਰਟਮ ਲਈ ਨਾ ਦੇਣ ਤੇ ਅੰਤਿਮ ਸਸਕਾਰ ਨਾ ਕਰਨ ਦਾ ਫੈਸਲਾ ਕਰ ਲਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਜਗਰਾਓਂ ਨੇੜਲੇ ਪਿੰਡ ਹਠੂਰ ਦੇ ਨਿਹੰਗ ਜਸਵੀਰ ਸਿੰਘ ਪੁੱਤਰ ਮਹਾ ਸਿੰਘ ਤੇ ਉਸ ਦੇ ਭਰਾ ਬਲਵੀਰ ਸਿੰਘ 'ਚ ਸਾਲ 2011 ਤੋਂ ਜ਼ਮੀਨ ਨੂੰ ਲੈ ਕੇ ਝਗੜਾ ਚੱਲ ਰਿਹਾ ਹੈ। ਜਿਸ ਦਾ ਕੇਸ ਲੁਧਿਆਣਾ ਦੀ ਸਿਵਲ ਅਦਾਲਤ 'ਚ ਚੱਲ ਰਿਹਾ ਹੈ। ਬੀਤੀ ਕੱਲ੍ਹ ਨਿਹੰਗ ਜਸਵੀਰ ਸਿੰਘ ਲੁਧਿਆਣਾ ਅਦਾਲਤ ਵਿੱਚ ਕੇਸ ਦੀ ਤਾਰੀਕ ਭੁਗਤ ਕੇ ਆਪਣੀ ਸਕੂਟਰੀ 'ਤੇ ਘਰ ਵਾਪਸ ਆ ਰਿਹਾ ਸੀ। ਜੋ ਕਿ ਰਸਤੇ ਵਿੱਚ ਸੜਕ ਹਾਦਸੇ 'ਚ ਗੰਭੀਰ ਜ਼ਖ਼ਮੀ ਹੋ ਗਿਆ। ਉਸਨੂੰ ਜ਼ਖ਼ਮੀ ਹਾਲਤ ਵਿੱਚ ਜਗਰਾਓਂ ਦੇ ਭੀਵਾਨ ਹਸਪਤਾਲ 'ਚ ਦਾਖਲ ਕਰਵਾਇਆ ਗਿਆ, ਜਿਥੇ ਇਲਾਜ ਦੌਰਾਨ ਉਸਦੀ ਮੌਤ ਹੋ ਗਈ। ਇਸ ਮਾਮਲੇ ਵਿੱਚ ਮ੍ਰਿਤਕ ਨਿਹੰਗ ਸਿੰਘ ਦੀ ਪਤਨੀ ਸੁਖਵੰਤ ਕੌਰ ਨੇ ਦੱਸਿਆ ਕਿ ਮੌਤ ਤੋਂ ਪਹਿਲਾਂ ਉਨ੍ਹਾਂ ਦੇ ਪਤੀ ਨੇ ਦੱਸਿਆ ਸੀ ਕਿ ਤਰੀਕ ਤੋਂ ਵਾਪਸ ਆਉਂਦਿਆਂ ਉਨ੍ਹਾਂ ਦਾ ਭਰਾ ਬਲਵੀਰ ਸਿੰਘ ਪਿੱਛੇ ਆ ਰਿਹਾ ਸੀ। ਜਿਸ ਨੇ ਕਿਸੇ ਵਹੀਕਲ ਦੀ ਫੇਟ ਮਾਰੀ ਸੀ। ਜਿਸ ਕਾਰਨ ਉਹ ਸੜਕ ਲਾਗੇ ਲੱਗੀ ਬੁਰਜੀ ਵਿੱਚ ਜਾ ਵੱਜਾ। ਇਸ ਮਾਮਲੇ ਵਿੱਚ ਥਾਣਾ ਹਠੂਰ ਦੀ ਪੁਲਿਸ ਨੇ ਮ੍ਰਿਤਕ ਦੇ ਭਰਾ ਬਲਵੀਰ ਸਿੰਘ ਖ਼ਿਲਾਫ਼ ਮੁਕੱਦਮਾ ਦਰਜ ਕਰ ਲਿਆ ਹੈ। ਇਸ ਮਾਮਲੇ ਵਿੱਚ ਪਰਿਵਾਰ ਪੁਲਿਸ ਦੀ ਕਾਰਵਾਈ ਤੋਂ ਖਫਾ ਹੈ। ਮ੍ਰਿਤਕ ਦੀ ਪਤਨੀ ਸੁਖਵੰਤ ਕੌਰ ਤੇ ਧੀ ਪ੍ਰਭਜੋਤ ਕੌਰ ਨੇ ਕਿਹਾ ਕਿ ਜ਼ਮੀਨ ਵਿਵਾਦ ਵਿੱਚ ਫੇਟ ਮਾਰ ਕੇ ਮਾਰਿਆ ਗਿਆ ਹੈ। ਜਿਸ 'ਤੇ ਸਿੱਧਾ ਕਤਲ ਦਾ ਮੁਕੱਦਮਾ ਦਰਜ ਹੋਣਾ ਚਾਹੀਦਾ ਹੈ ਪਰ ਪੁਲਿਸ ਨੇ ਇਸ ਨੂੰ ਸੜਕ ਹਾਦਸਾ ਦਿਖਾ ਦਿੱਤਾ।ਇਸ ਲਈ ਇਨਸਾਫ ਲਈ ਉਹ ਕਤਲ ਦਾ ਮੁਕੱਦਮਾ ਦਰਜ ਨਾ ਹੋਣ ਤੱਕ ਨਾ ਹੀ ਪੁਲਿਸ ਨੂੰ ਪੋਸਟਮਾਰਟਮ ਲਈ ਮ੍ਰਿਤਕ ਦੇਹ ਦੇਣਗੇ ਤੇ ਨਾ ਹੀ ਅੰਤਿਮ ਸਸਕਾਰ ਕਰਨਗੇ। ਇਸ ਮਾਮਲੇ ਵਿੱਚ ਥਾਣਾ ਹਠੂਰ ਦੇ ਮੁਖੀ ਇੰਸਪੈਕਟਰ ਕੁਲਦੀਪ ਕੁਮਾਰ ਨੇ ਕਿਹਾ ਕਿ ਪਰਿਵਾਰ ਦੇ ਬਿਆਨਾਂ ਅਨੁਸਾਰ ਸੜਕ ਹਾਦਸੇ ਦੀ ਕਾਰਵਾਈ ਕੀਤੀ ਗਈ ਹੈ।



# 'ਆਪ' ਨੇ ਲੋਕ ਹਿਤੈਸ਼ੀ ਯੋਜਨਾਵਾਂ ਦੀ ਹਰੇਕ ਗਾਰੰਟੀ ਕੀਤੀ ਪੂਰੀ: ਜਗਦੀਸ਼ ਸਿੰਘ/ਗੋਲਡੀ ਘੁੰਮਣ

ਮੰਡੀ ਗੋਬਿੰਦਗੜ੍ਹ, 10 ਮਾਰਚ (ਸੂਦ): ਪੰਜਾਬ ਸਰਕਾਰ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਰਾਜ ਦੀਆਂ ਔਰਤਾਂ ਨੂੰ ਮੁੱਖ ਮੰਤਰੀ ਮਾਵਾਂ, ਧੀਆਂ, ਸਤਿਕਾਰ ਯੋਜਨਾ ਤਹਿਤ 1000 ਤੇ 1500 ਰੁਪਏ ਮਹੀਨਾ ਦੇਣ ਦਾ ਐਲਾਨ ਸ਼ਲਾਘਾਯੋਗ ਕਦਮ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਵਾਰਡ ਨੰਬਰ 21 ਦੇ ਇੰਚਾਰਜ ਜਗਦੀਸ਼ ਸਿੰਘ ਗੋਲਡੀ ਘੁੰਮਣ ਤੇ ਹਰਪ੍ਰੀਤ ਕੌਰ ਘੁੰਮਣ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦਾ ਧੰਨਵਾਦ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕ ਹਿਤੈਸ਼ੀ ਯੋਜਨਾਵਾਂ ਦੀ ਹਰੇਕ ਗਾਰੰਟੀ ਨੂੰ ਪੂਰਾ ਕੀਤਾ ਹੈ, ਜਿਸ ਤੋਂ ਰਾਜ ਦੇ ਲੋਕ ਭਲੀ ਭਾਂਤ ਜਾਣੂੰ ਹਨ। ਉਨ੍ਹਾਂ ਕਿਹਾ ਕਿ ਜਰਨਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਤੇ ਅਨੁਸੂਚਿਤ ਵਰਗ ਦੀਆਂ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਸਿੱਧੇ ਤੌਰ 'ਤੇ ਬੈਂਕ ਖਾਤਿਆਂ ਵਿੱਚ ਜਮ੍ਹਾਂ ਹੋਵੇਗਾ। ਉਨ੍ਹਾਂ ਬਜਟ ਸੈਸ਼ਨ ਦੌਰਾਨ ਹਰ ਵਰਗ ਦੇ ਲੋਕਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖ ਕੇ ਸੂਬੇ ਦੀ ਤਰੱਕੀ ਤੇ ਖੁਸ਼ਹਾਲੀ ਲਈ ਪੇਸ਼ ਕੀਤੇ ਬਜਟ ਦੀ ਜਿਥੇ ਸ਼ਲਾਘਾ ਕੀਤੀ, ਉਥੇ ਰਾਜ ਦੇ ਲੋਕਾਂ ਨੂੰ ਵੱਡੀਆਂ ਸੌਗਾਤਾਂ ਦੇਣ ਵਾਲੇ ਬਜਟ ਲਈ ਵਿੱਤ ਮੰਤਰੀ ਦਾ ਉਚੇਚੇ ਤੌਰ 'ਤੇ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਆਪ ਸਰਕਾਰ ਨੇ ਜੋ ਕਿਹਾ ਉਹ ਕਰ ਦਿਖਾਇਆ ਤੇ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੋਈ ਕਸਰ ਨਹੀਂ ਛੱਡੀ ਜਾਵੇਗੀ।



# ਸਰਹਿੰਦ ਸ਼ਹਿਰ ਵਿਖੇ ਬਾਸੜੀਆਂ ਦੇ ਤਿਉਹਾਰ ਮੌਕੇ ਪ੍ਰਬੰਧਕਾਂ ਵੱਲੋਂ ਅਜੇ ਲਿਬੜਾ ਦਾ ਸਨਮਾਨ

ਸ੍ਰੀ ਫਤਹਿਗੜ੍ਹ ਸਾਹਿਬ, 10 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਮਾਤਾ ਰਾਣੀ ਦੇ ਬਾਸੜੀਆਂ ਦਾ ਤਿਉਹਾਰ ਸਰਹਿੰਦ ਸ਼ਹਿਰ ਤੇ ਜ਼ਿਲ੍ਹੇ ਦੇ ਨਿਵਾਸੀਆਂ ਵੱਲੋਂ ਰਲ ਮਿਲ ਕੇ ਖਾਨਪੁਰ ਰੋਡ ਸਥਿਤ ਮਾਤਾ ਸ਼ੀਤਲਾ ਮਾਤਾ ਮੰਦਰ ਵਿਖੇ ਸ਼ਰਧਾ ਪੂਰਵਕ ਮਨਾਇਆ ਗਿਆ। ਇਸ ਮੌਕੇ 'ਤੇ ਮਾਤਾ ਰਾਣੀ ਦੇ ਮੇਲੇ ਮੌਕੇ ਜਾਗਰਣ ਟੀਮਾਂ ਵੱਲੋਂ ਮਾਤਾ ਦੀਆਂ ਭੇਂਟਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਸਮਾਗਮ ਮੌਕੇ ਜ਼ਿਲ੍ਹਾ ਯੋਜਨਾ ਬੋਰਡ ਫਤਹਿਗੜ੍ਹ ਸਾਹਿਬ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਜੇ ਸਿੰਘ ਲਿਬੜਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਬਾਸੜੀਆਂ ਦੇ ਮੇਲੇ ਮੌਕੇ ਸੰਗਤਾਂ ਨੂੰ ਜੀ ਆਇਆਂ ਆਖਿਆ। ਉਨ੍ਹਾਂ ਕਿਹਾ ਕਿ ਕੇਵਲ ਸਰਹੰਦ ਸ਼ਹਿਰ ਦੇ ਹੀ ਨਹੀਂ ਬਲਕਿ ਦਰਜਨਾਂ ਪਿੰਡਾਂ ਦੇ ਲੋਕ ਵੀ ਸ਼ਰਧਾ ਪੂਰਵਕ ਖਾਨਪੁਰ ਰੋਡ ਸਥਿਤ ਮਾਤਾ ਸ਼ੀਤਲਾ ਮੰਦਰ ਵਿਖੇ ਨਤਮਸਤਕ ਹੋਣ ਲਈ ਆਉਂਦੇ ਹਨ। ਇਸ ਮੌਕੇ 'ਤੇ ਵੱਡੀ ਗਿਣਤੀ ਵਿੱਚ ਸੰਗਤਾਂ ਦੀ ਆਮਦ ਨੂੰ ਲੈ ਕੇ ਪ੍ਰਬੰਧਕਾਂ ਵੱਲੋਂ ਕੀਤੇ ਗਏ ਸਮੁੱਚੇ ਪ੍ਰਬੰਧਾਂ ਦੀ ਅਜੇ ਸਿੰਘ ਲਿਬੜਾ ਵੱਲੋਂ ਵਿਸ਼ੇਸ਼ ਸਲਾਘਾ ਵੀ ਕੀਤੀ ਗਈ। ਇਸ ਮੌਕੇ 'ਤੇ ਜੈ ਸ਼ੀਤਲਾ ਕਲੱਬ ਵੱਲੋਂ ਸੰਗਤਾਂ ਦੀ ਆਮਦ ਨੂੰ ਲੈ ਕੇ ਵਿਸ਼ੇਸ਼ ਲੰਗਰਾਂ ਦਾ ਵੀ ਆਯੋਜਨ ਕੀਤਾ ਗਿਆ। ਇਸ ਮੌਕੇ 'ਤੇ ਜੈ ਸ਼ੀਤਲਾ ਕਲੱਬ ਦੇ ਪ੍ਰਧਾਨ ਮੱਖਣ ਸਹੋਤਾ ਨੇ ਅਜੇ ਸਿੰਘ ਲਿਬੜਾ ਦਾ ਵਿਸ਼ੇਸ਼ ਸਨਮਾਨ ਵੀ ਕੀਤਾ. ਇਸ ਮੌਕੇ ਹੋਰਨਾਂ ਤੋਂ ਇਲਾਵਾ ਅਮਰੇਸ਼ ਕੁਮਾਰ, ਇਸ਼ੂ ਵੈਦ, ਰਾਜ ਕੁਮਾਰ ਭੋਲਾ, ਜਰਨੈਲ ਸਿੰਘ, ਹਰਜਿੰਦਰ ਕੁਮਾਰ ਤੇ ਹੋਰ ਨੌਜਵਾਨ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



# ਤਿੰਨ ਰੋਜ਼ਾ ਪੰਜਾਬ ਸਖੀ ਸ਼ਕਤੀ ਮੇਲਾ ਸ਼ਾਨੋ-ਸ਼ੌਕਤ ਨਾਲ ਸਮਾਪਤ

## ਸਰਕਾਰ ਵੱਲੋਂ ਮੇਲਿਆਂ ਰਾਹੀਂ ਉਦਮੀ ਔਰਤਾਂ ਨੂੰ ਮੰਚ ਮੁਹੱਈਆ ਕਰਵਾਉਣਾ ਸ਼ਲਾਘਾਯੋਗ ਉਪਰਾਲਾ: ਵਧੀਕ ਡਿਪਟੀ ਕਮਿਸ਼ਨਰ

ਫਿਰੋਜ਼ਪੁਰ, 10 ਮਾਰਚ (ਤਿਵਾੜੀ): ਪੰਜਾਬ ਸਰਕਾਰ ਦੇ ਨਿਰਦੇਸ਼ਾਂ ਹੇਠ ਜ਼ਿਲ੍ਹਾ ਪ੍ਰਸ਼ਾਸਨ ਫਿਰੋਜ਼ਪੁਰ ਵੱਲੋਂ ਮੇਲਾ ਗਰਾਊਂਡ ਸਾਹਮਣੇ ਸ਼ੀਤਲਾ ਮਾਤਾ ਮੰਦਰ ਫਿਰੋਜ਼ਪੁਰ ਛਾਉਣੀ ਵਿਖੇ ਕਰਵਾਇਆ ਗਿਆ 3 ਰੋਜ਼ਾ ਪੰਜਾਬ ਸਖੀ ਸ਼ਕਤੀ ਮੇਲਾ ਅਮਿੱਟ ਯਾਦਾਂ ਛੱਡਦਿਆਂ ਸੰਪੰਨ ਹੋ ਗਿਆ ਹੈ। ਇਸ ਤਿੰਨ ਰੋਜ਼ਾ ਪੰਜਾਬ ਸਖੀ ਸ਼ਕਤੀ ਮੇਲੇ ਦਾ ਮੁੱਖ ਮਕਸਦ ਪੰਜਾਬ ਸਰਕਾਰ ਵੱਲੋਂ ਸਵੈ-ਸਹਾਇਤਾ ਸਮੂਹਾਂ ਖਾਸ ਕਰਕੇ ਉਦਮੀ ਔਰਤਾਂ ਦੀ ਮਦਦ ਕਰਨ ਤੇ ਉਨ੍ਹਾਂ ਨੂੰ ਇੱਕ ਮੰਚ ਮੁਹੱਈਆ ਕਰਵਾਉਣਾ ਹੈ। ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਕ੍ਰਿਸ਼ਨਾ ਪਾਲ ਰਾਜਪੂਤ ਨੇ ਮੇਲੇ ਵਿੱਚ ਸ਼ਿਰਕਤ ਕਰਨ ਲਈ ਆਏ ਵੱਖ-ਵੱਖ ਮਹਿਮਾਨਾਂ ਤੇ ਲੋਕਾਂ ਦਾ ਧੰਨਵਾਦ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਉਦਮੀ ਔਰਤਾਂ ਤੇ ਸ਼ਿਲਪਕਾਰਾਂ ਵੱਲੋਂ ਬਣਾਈਆਂ ਵਸਤਾਂ ਨੂੰ ਇੱਕੋ ਮੰਚ ਮੁਹੱਈਆ ਕਰਵਾਉਣ ਲਈ ਪੰਜਾਬ ਸਖੀ ਸ਼ਕਤੀ ਮੇਲਾ ਚੱਲ ਰਿਹਾ ਸੀ ਤੇ ਅੱਜ ਇਸ ਮੇਲੇ ਦਾ ਆਖਰੀ ਦਿਨ ਹੈ।ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਦੀ ਅਗਵਾਈ ਹੇਠ ਆਯੋਜਿਤ ਇਸ ਮੇਲੇ ਦੇ ਆਖ਼ਰੀ ਦਿਨ ਵੱਖ-ਵੱਖ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਦੇ ਬੱਚਿਆਂ ਤੇ ਲੋਕ ਗਾਇਕਾਂ ਵੱਲੋਂ ਸ਼ਬਦ ਗਾਇਨ, ਪੰਜਾਬੀ ਲੋਕ ਨਾਚ, ਗਿੱਧਾ, ਭੰਗੜਾ, ਗੀਤ, ਕਵਿਤਾਵਾਂ ਤੇ ਨਾਟਕ ਆਦਿ ਦੀ ਪੇਸ਼ਕਾਰੀ ਨੇ ਖੂਬ ਰੰਗ ਬੰਨ੍ਹਿਆ। ਇਸ ਮੇਲੇ ਵਿੱਚ ਨੌਰਥ ਜ਼ੋਨ ਕਲਚਰ ਸੈਂਟਰ ਵੱਲੋਂ ਵੱਖ-ਵੱਖ ਅੱਠ ਸੂਬਿਆਂ ਦੇ ਡਾਂਸ ਪ੍ਰਫੋਰਮੈਂਸ ਕੀਤੀ ਗਈ। ਇਸ ਦੌਰਾਨ ਵੱਖ-ਵੱਖ ਕਾਲਜਾਂ ਤੇ ਹੋਰਨਾਂ ਸਟੇਟਾਂ ਤੋਂ ਆਈਆਂ ਟੀਮਾਂ ਵੱਲੋਂ ਸੋਲੋ ਲੋਕ ਗੀਤ, ਗਰੁੱਪ ਡਾਂਸ, ਨੁੱਕੜ ਨਾਟਕ, ਭੰਗੜਾ ਆਦਿ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ ਗਈ। ਮੇਲੇ ਵਿੱਚ ਜਿੱਥੇ ਵੱਖ-ਵੱਖ ਕਲਾਕਾਰਾਂ ਨੇ ਰੰਗ ਬੰਨ੍ਹਿਆ, ਉਥੇ ਵਿਸ਼ੇਸ਼ ਤੌਰ 'ਤੇ ਪੰਜਾਬੀ ਲੋਕ ਗਾਇਕਾ ਅਮਨ ਰੋਜ਼ੀ ਨੇ ਆਪਣੇ ਗੀਤਾਂ ਰਾਹੀਂ ਸਮੂਹ ਹਾਜ਼ਰੀਨ ਨੂੰ ਝੂਮਣ ਲਗਾਇਆ।



# ਸੰਤ ਬਾਬਾ ਦਲਵਾਰਾ ਸਿੰਘ ਵੱਲੋਂ ਕੀਤੀ ਜਾ ਰਹੀ ਸਮਾਜਿਕ ਤੇ ਧਾਰਮਿਕ ਸੇਵਾ ਸ਼ਲਾਘਾਯੋਗ: ਡਾ. ਸ਼ੁਕਲਾ

ਅਮਲੋਹ, 10 ਮਾਰਚ (ਜਸਵੰਤ ਸਿੰਘ): ਗੁਰਦੁਆਰਾ ਰੋਹੀਸਰ ਸਾਹਿਬ ਮਾਲੋਵਾਲ ਤਪ ਅਸਥਾਨ ਸ੍ਰੀ ਮਾਨ ਸੰਤ ਬਾਬਾ ਕ੍ਰਿਪਾ ਸਿੰਘ ਵਿਖੇ 3 ਰੋਜ਼ਾ ਗੁਰਮਤਿ ਸਮਾਗਮ ਦੌਰਾਨ ਉਘੇ ਸਮਾਜ ਸੇਵੀ ਤੇ ਭਾਰਤੀ ਜਨਤਾ ਪਾਰਟੀ ਦੇ ਆਗੂ ਡਾ. ਰਘਵੀਰ ਸ਼ੁਕਲਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਵੱਡੀ ਗਿਣਤੀ ਵਿੱਚ ਨਾਮਵਰ ਸ਼ਖ਼ਸੀਅਤਾਂ ਤੋਂ ਇਲਾਵਾ ਧਾਰਮਿਕ ਤੇ ਸਿਆਸੀ ਆਗੂ ਹਾਜ਼ਰ ਸਨ। ਡਾ. ਸ਼ੁਕਲਾ ਨੇ ਕਿਹਾ ਕਿ ਬਾਬਾ ਦਲਵਾਰਾ ਸਿੰਘ ਵੱਲੋਂ ਕੀਤੇ ਜਾ ਰਹੇ ਸਮਾਜ ਸੇਵਾ ਤੇ ਧਾਰਮਿਕ ਕਾਰਜ ਸ਼ਲਾਘਾਯੋਗ ਹਨ। ਉਨ੍ਹਾਂ ਖੁਸ਼ੀ ਪ੍ਰਗਟ ਕੀਤੀ ਕਿ ਸੰਤ ਬਾਬਾ ਦਲਵਾਰਾ ਸਿੰਘ ਰੋਹੀਸਰ ਸਾਹਿਬ ਵਾਲਿਆਂ ਵੱਲੋਂ ਸ੍ਰੀ ਮਾਨ ਸੰਤ ਬਾਬਾ ਕ੍ਰਿਪਾ ਸਿੰਘ ਨੇ ਜਿਸ ਸਥਾਨ ਉਪਰ ਲੰਬਾ ਸਮਾਂ ਸੇਵਾ ਕੀਤੀ ਉਥੇ ਹਰ ਸਾਲ ਸਾਲਾਨਾ ਸਮਾਗਮ ਕਰਵਾਇਆ ਜਾਂਦਾ ਹੈ। ਸੰਤ ਬਾਬਾ ਦਲਵਾਰਾ ਸਿੰਘ ਨੇ ਡਾ. ਸ਼ੁਕਲਾ ਵੱਲੋਂ ਸਮਾਜ ਸੇਵਾ ਦੇ ਖੇਤਰ ਵਿੱਚ ਕੀਤੀ ਜਾ ਰਹੀ ਸ਼ਾਨਦਾਰ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਸਿਰੋਪਾਓ ਨਾਲ ਸਨਮਾਨਤ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਰਾਗੀ ਢਾਡੀ ਜਥਿਆਂ ਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਬਾਬਾ ਜੀ ਨੇ ਦੱਸਿਆ ਕਿ ਸੰਤ ਕ੍ਰਿਪਾ ਸਿੰਘ ਇੰਟਰਨੈਸ਼ਨਲ ਚੈਰੀਟੇਬਲ ਰੂਹਾਨੀ ਮਿਸ਼ਨ ਵੱਲੋਂ ਇਸ ਅਸਥਾਨ 'ਤੇ ਗੁਰਮਤਿ ਵਿਦਿਆਲਾ ਚਲਾਇਆ ਜਾ ਰਿਹਾ ਹੈ, ਜਿਸ ਵਿੱਚ ਰਹਿਣ ਵਾਲੇ ਬੱਚਿਆਂ ਨੂੰ ਹਰ ਰੋਜ਼ ਸ਼ੁੱਧ ਗੁਰਬਾਣੀ ਉਚਾਰਨ ਕਰਨ ਦੀ ਸੰਥਿਆ ਦਿੱਤੀ ਜਾਂਦੀ ਹੈ। ਸਕੂਲ ਵਿੱਚ ਪੜ੍ਹਨ ਵਾਲੇ ਬੱਚਿਆਂ ਨੂੰ ਹਰ ਐਤਵਾਰ ਸੰਥਿਆ ਦਿੱਤੀ ਜਾਂਦੀ ਹੈ ਤੇ ਕੀਰਤਨ ਦੀ ਸਿਖਲਾਈ ਵੀ ਦਿੱਤੀ ਜਾਂਦੀ ਹੈ। ਇਸ ਤੋਂ ਇਲਾਵਾ ਸੰਗਤਾਂ ਦੇ ਸਹਿਯੋਗ ਨਾਲ ਪੀਜੀਆਈ ਵਿੱਚ ਮਰੀਜ਼ਾਂ ਲਈ ਲੰਗਰ ਦੀ ਸੇਵਾ ਵੀ ਕੀਤੀ ਜਾਂਦੀ ਹੈ। ਇਸ ਮੌਕੇ ਭਾਜਪਾ ਦੇ ਸੀਨੀਅਰ ਆਗੂ ਜਗਦੀਪ ਸਿੰਘ ਚੀਮਾ, ਰਿਟ. ਡੀਆਈਜੀ ਰਣਵੀਰ ਸਿੰਘ ਖੱਟੜਾ, ਸੀਨੀਅਰ ਅਕਾਲੀ ਆਗੂ ਕੁਲਦੀਪ ਸਿੰਘ ਮਛਰਾਈ, ਮੁਲਾਜ਼ਮ ਆਗੂ ਪ੍ਰਿਥੀਪਾਲ ਸਿੰਘ ਹਾਜ਼ਰ ਸਨ।



# 'ਆਪ' ਨੇ ਲੋਕ ਹਿਤੈਸ਼ੀ ਯੋਜਨਾਵਾਂ ਦੀ ਹਰੇਕ ਗਾਰੰਟੀ ਕੀਤੀ ਪੂਰੀ: ਵਿਧਾਇਕ ਰਾਏ, ਗੈਰੀ ਵੜਿੰਗ, ਹੈਪੀ

ਸ੍ਰੀ ਫਤਹਿਗੜ੍ਹ ਸਾਹਿਬ, 10 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਪੰਜਾਬ ਸਰਕਾਰ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਰਾਜ ਦੀਆਂ ਔਰਤਾਂ ਨੂੰ ਮੁੱਖ ਮੰਤਰੀ ਮਾਵਾਂ, ਧੀਆਂ, ਸਤਿਕਾਰ ਯੋਜਨਾ ਤਹਿਤ 1000 ਤੇ 1500 ਰੁਪਏ ਮਹੀਨਾ ਦੇਣ ਦਾ ਐਲਾਨ ਸ਼ਲਾਘਾਯੋਗ ਕਦਮ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਲਖਬੀਰ ਸਿੰਘ ਰਾਏ, ਗੁਰਿੰਦਰ ਸਿੰਘ ਗੈਰੀ ਵੜਿੰਗ ਤੇ ਰੁਪਿੰਦਰ ਸਿੰਘ ਹੈਪੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦਾ ਧੰਨਵਾਦ ਕਰਦਿਆਂ ਕੀਤਾ। ਵਿਧਾਇਕ ਰਾਏ, ਗੈਰੀ ਵੜਿੰਗ ਤੇ ਰੁਪਿੰਦਰ ਹੈਪੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕ ਹਿਤੈਸ਼ੀ ਯੋਜਨਾਵਾਂ ਦੀ ਹਰੇਕ ਗਾਰੰਟੀ ਨੂੰ ਪੂਰਾ ਕੀਤਾ ਹੈ ਜਿਸ ਤੋਂ ਰਾਜ ਦੇ ਲੋਕ ਭਲੀ-ਭਾਂਤ ਜਾਣੂੰ ਹਨ। ਉਨ੍ਹਾਂ ਕਿਹਾ ਕਿ ਜਰਨਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਤੇ ਅਨੁਸੂਚਿਤ ਵਰਗ ਦੀਆਂ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਸਿੱਧੇ ਤੌਰ 'ਤੇ ਬੈਂਕ ਖਾਤਿਆਂ ਵਿੱਚ ਜਮ੍ਹਾਂ ਹੋਵੇਗਾ। ਉਨ੍ਹਾਂ ਬਜਟ ਸੈਸ਼ਨ ਦੌਰਾਨ ਹਰ ਵਰਗ ਦੇ ਲੋਕਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖ ਕੇ ਸੂਬੇ ਦੀ ਤਰੱਕੀ ਤੇ ਖੁਸ਼ਹਾਲੀ ਲਈ ਪੇਸ਼ ਕੀਤੇ ਬਜਟ ਦੀ ਜਿਥੇ ਸ਼ਲਾਘਾ ਕੀਤੀ, ਉਥੇ ਰਾਜ ਦੇ ਲੋਕਾਂ ਨੂੰ ਵੱਡੀਆਂ ਸੌਗਾਤਾਂ ਦੇਣ ਵਾਲੇ ਬਜਟ ਲਈ ਵਿੱਤ ਮੰਤਰੀ ਦਾ ਉਚੇਚੇ ਤੌਰ 'ਤੇ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਆਪ ਸਰਕਾਰ ਨੇ ਜੋ ਕਿਹਾ ਉਹ ਕਰ ਦਿਖਾਇਆ ਤੇ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੋਈ ਕਸਰ ਨਹੀਂ ਛੱਡੀ ਜਾਵੇਗੀ।



# ਨਕਲੀ ਦੁੱਧ ਤੇ ਪਨੀਰ ਦੀ ਭਰਮਾਰ, ਪ੍ਰਸ਼ਾਸਨ ਖਾਮੋਸ਼

ਮੋਗਾ, 10 ਮਾਰਚ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਮੋਗਾ ਵਿੱਚ ਇੱਕ-ਦੋ ਸਵੀਟ ਸ਼ਾਪ ਛੱਡ ਕੇ ਹਰ ਮੁਹੱਲੇ ਦੀ ਡੇਅਰੀ ਉਤੇ ਦੁੱਧ ਤੇ ਪਨੀਰ ਨਕਲੀ ਮਿਲਦਾ ਹੈ, ਜੋ ਕਿ ਲੋਕਾਂ ਦੀ ਸਿਹਤ ਨਾਲ ਖਿਲਵਾੜ ਕੀਤਾ ਜਾਂਦਾ ਹੈ ਤੇ ਪ੍ਰਸ਼ਾਸਨ ਗੂੜ੍ਹੀ ਨੀਂਦ ਵਿੱਚ ਸੁੱਤਾ ਪਿਆ ਹੈ ਕਿਉਂਕਿ ਡੇਅਰੀ ਜਾਂ ਮੁਹੱਲੇ ਦੀ ਦੁਕਾਨ ਉਤੇ ਕਿਸੇ ਵੀ ਅਧਿਕਾਰੀ ਵੱਲੋਂ ਕੋਈ ਸੈਂਪਲ ਭਰਿਆ ਨਹੀਂ ਜਾਂਦਾ, ਇਸ ਨਾਲ ਨਕਲੀ ਦੁੱਧ ਤੇ ਪਨੀਰ ਵੇਚਣ ਵਾਲਿਆਂ ਦੇ ਹੌਸਲੇ ਵੱਧ ਚੁੱਕੇ ਹਨ, ਕਿਉਂਕਿ ਪ੍ਰਸ਼ਾਸਨ ਵੱਲੋਂ ਕੋਈ ਕਾਰਵਾਈ ਨਹੀਂ ਕੀਤੀ ਜਾਂਦੀ, ਪ੍ਰਸ਼ਾਸਨ ਦੀ ਪਤਾ ਨਹੀਂ ਕੀ ਮਜਬੂਰੀ ਬਣੀ ਹੋਈ ਹੈ ਕਿ ਪ੍ਰਸ਼ਾਸਨ ਸੈਂਪਲ ਲੈਣ ਤੱਕ ਨਹੀਂ ਜਾਂਦਾ ਤੇ ਡੇਅਰੀ ਵਾਲਿਆਂ ਦੇ ਇਸ ਨਾਲ ਹੌਸਲੇ ਵੱਧ ਗਏ ਹਨ ਤੇ ਲੋਕਾਂ ਦੀ ਜ਼ਿੰਦਗੀ ਨਾਲ ਇਹ ਲੋਕ ਸ਼ਰੇਆਮ ਖਿਲਵਾੜ ਕਰ ਰਹੇ ਹਨ, ਦੁੱਧ ਤੇ ਪਨੀਰ ਜਿਹੜਾ ਕਿ ਹਰ ਘਰ ਦੇ ਵਰਤੋਂ ਵਿੱਚ ਆਉਂਦਾ ਹੈ, ਪਰ ਇਨ੍ਹਾਂ ਲੋਕਾਂ ਨੇ ਆਉਣ ਵਾਲੇ ਟਾਈਮ ਵਿੱਚ ਕਈਆਂ ਦੀ ਜ਼ਿੰਦਗੀ ਨੂੰ ਦਾਅ ਉਤੇ ਲਗਾ ਦਿੱਤਾ ਹੈ, ਛੋਟੇ ਹੁੰਦਿਆਂ ਇੱਕ ਮਾਂ ਆਪਣੇ ਬੱਚੇ ਨੂੰ ਲਾਡਾ ਨਾਲ ਦੁੱਧ ਤੇ ਪਨੀਰ ਦਿੰਦੀ ਸੀ ਪਰ ਹੁਣ ਉਸੇ ਮਾਂ ਨੂੰ ਆਪਣੇ ਬੱਚਿਆਂ ਨੂੰ ਦੁੱਧ ਤੇ ਪਨੀਰ ਦੇਣ ਤੋਂ ਡਰ ਲੱਗਣ ਲੱਗ ਪਿਆ ਹੈ, ਲੋਕਾਂ ਦੀ ਪ੍ਰਸ਼ਾਸਨ ਅੱਗੇ ਮੰਗ ਹੈ ਕਿ ਇਨ੍ਹਾਂ ਨਕਲੀ ਦੁੱਧ ਤੇ ਪਨੀਰ ਵੇਚਣ ਵਾਲਿਆਂ ਵਿਰੁੱਧ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ ਤਾਂ ਕਿ ਲੋਕਾਂ ਦਾ ਫਿਰ ਤੋਂ ਦੁੱਧ ਤੇ ਪਨੀਰ ਉਤੇ ਵਿਸ਼ਵਾਸ ਹੋ ਜਾਵੇ। ਸਮਾਜ ਸੇਵੀ ਦੱਤ ਰੋਡ ਤੋਂ ਵਨੀਤ ਚੋਪੜਾ ਦਾ ਕਹਿਣਾ ਹੈ ਕਿ ਬਿਲਕੁਲ ਸਹੀ ਗੱਲ ਹੈ, ਅੱਜ ਦੇ ਟਾਈਮ ਵਿੱਚ ਦੁੱਧ ਤੇ ਪਨੀਰ ਬਹੁਤ ਜ਼ਿਆਦਾ ਵੱਡੀ ਮਾਤਰਾ ਵਿੱਚ ਨਕਲੀ ਵਿਕ ਰਿਹਾ ਹੈ। ਆਪਣਾ ਨਾਮ ਨਾ ਛਾਪਣ ਦੀ ਸ਼ਰਤ 'ਤੇ ਇਕ ਸਮਾਜ ਸੇਵੀ ਦਾ ਕਹਿਣਾ ਹੈ ਕਿ ਇੱਕ ਇਨਸਾਨ 240 ਰੁਪਏ ਕਿੱਲੋ ਪਨੀਰ ਵੇਚਦਾ ਹੈ, ਜਦ ਕਿ ਸਹੀ ਪਨੀਰ 400 ਰੁਪਏ ਹੈ, ਕੀ ਇਹ 240 ਵਾਲਾ ਪਨੀਰ ਅਸਲੀ ਹੋਵੇਗਾ ਤੇ ਪ੍ਰਸ਼ਾਸਨ ਵੀ ਚੁੱਪ ਧਾਰੀ ਬੈਠਾ ਹੈ, ਜੇਕਰ ਪ੍ਰਸ਼ਾਸਨ ਕਾਰਵਾਈ ਕਰੇ ਤਾਂ ਬਹੁਤ ਵੱਡੇ ਮਗਰਮੱਛ ਕਾਬੂ ਵਿੱਚ ਆਉਣਗੇ ਜੋ ਕਿ ਨਕਲੀ ਦੁੱਧ ਤੇ ਪਨੀਰ ਦਾ ਵਪਾਰ ਕਰ ਰਹੇ ਹਨ। ਪ੍ਰੈਸ ਨਾਲ ਗੱਲਬਾਤ ਕਰਦਿਆਂ ਸਮਾਜ ਸੇਵੀ ਵਨੀਤ ਚੋਪੜਾ ਨੇ ਕਿਹਾ ਕਿ ਮੇਰੀ ਵੀ ਪ੍ਰਸ਼ਾਸਨ ਅੱਗੇ ਮੰਗ ਹੈ ਕਿ ਇਨ੍ਹਾਂ ਲੋਕਾਂ ਨੂੰ ਕਾਬੂ ਕੀਤਾ ਜਾਵੇ ਤਾਂ ਕਿ ਲੋਕਾਂ ਦੀ ਸਿਹਤ ਨਾਲ ਖਿਲਵਾੜ ਨਾ ਹੋ ਸਕੇ।



# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ



ਫਿਰੋਜ਼ਪੁਰ, 10 ਮਾਰਚ (ਤਿਵਾੜੀ): ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ ਨਗਰ (ਮੋਹਾਲੀ) ਦੇ ਕਾਰਜਕਾਰੀ ਚੇਅਰਮੈਨ, ਜੱਜ, ਪੰਜਾਬ ਤੇ ਹਰਿਆਣਾ ਹਾਈ ਕੋਰਟ, ਚੰਡੀਗੜ੍ਹ ਦੀਆਂ ਹਦਾਇਤਾਂ ਅਨੁਸਾਰ ਸੁਮੀਤ ਮਲਹੋਤਰਾ, ਮਾਣਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫ਼ਿਰੋਜ਼ਪੁਰ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜ਼ਪੁਰ ਵੱਲੋਂ ਅੱਜ ਕੇਂਦਰੀ ਜੇਲ੍ਹ, ਫਿਰੋਜ਼ਪੁਰ ਵਿੱਚ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ ਗਿਆ। ਇਸ ਮੌਕੇ 'ਤੇ ਅਨੁਰਾਧਾ, ਚੀਫ ਜੁਡੀਸ਼ੀਅਲ ਮੈਜਿਸਟ੍ਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜ਼ਪੁਰ ਆਪਣੇ ਦਫਤਰ ਦੇ ਮਹਿਲਾ ਪੈਨਲ ਐਡਵੋਕੇਟਜ਼ ਨਾਲ ਮੌਜੂਦ ਸਨ। ਜੇਲ੍ਹ ਸੁਪਰਡੰਟ, ਡਿਪਟੀ ਜੇਲ੍ਹ ਸੁਪਰਡੰਟ ਤੇ ਹੋਰ ਜੇਲ੍ਹ ਸਟਾਫ ਵੀ ਇਸ ਪ੍ਰੋਗਰਾਮ ਵਿੱਚ ਹਾਜ਼ਰ ਸਨ।ਇਸ ਦਿਨ ਨੂੰ ਮਨਾਉਂਦੇ ਹੋਏ ਮਹਿਲਾ ਕੈਦੀਆਂ ਵੱਲੋਂ ਖੇਡਾਂ, ਗਿੱਧਾ ਤੇ ਬੋਲੀਆਂ ਵਿੱਚ ਭਾਗ ਲਿਆ ਗਿਆ। ਖੇਡਾਂ ਵਿੱਚ ਪਹਿਲਾ ਤੇ ਦੂਜਾ ਦਰਜਾ ਹਾਸਲ ਕਰਨ ਵਾਲੀਆਂ ਕੈਦੀ ਮਹਿਲਾਵਾਂ ਨੂੰ ਸਨਮਾਨ ਵੀ ਦਿੱਤਾ ਗਿਆ। ਇਸ ਦੇ ਨਾਲ ਹੀ ਜੱਜ ਸਾਹਿਬ ਵੱਲੋਂ ਮਹਿਲਾ ਦਿਵਸ ਦਾ ਮਹੱਤਵ ਦੱਸਦੇ ਹੋਏ ਮਹਿਲਾ ਸਸ਼ਕਤੀਕਰਨ ਬਾਰੇ ਜਾਣਕਾਰੀ ਵੀ ਦਿੱਤੀ। ਉਨ੍ਹਾਂ ਦੇ ਨਾਲ ਪੈਨਲ ਐਡਵੋਕੇਟ ਕੋਨਿਕਾ ਯਾਦਵ ਨੇ ਵੀ ਮਹਿਲਾਵਾਂ ਦੇ ਹੱਕਾਂ ਤੇ ਮਹਿਲਾਵਾਂ ਨੂੰ ਮਿਲਣ ਵਾਲੀਆਂ ਸਹੂਲਤਾਂ ਬਾਰੇ ਜਾਣੂੰ ਕਰਵਾਇਆ।

# ਏਕਲ ਵਿਦਿਆਲਿਆ ਨੇ ਸਾਵਿਤਰੀ ਬਾਈ ਫੂਲੇ ਦੀ ਬਰਸੀ ਮਨਾਈ

ਫਾਜ਼ਿਲਕਾ, 10 ਮਾਰਚ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਏਕਲ ਫਾਊਂਡੇਸ਼ਨ ਆਫ ਇੰਡੀਆ ਦੇ ਤੱਤਵਾਧਾਨ ਹੇਠ ਦੇਸ਼ ਭਰ ਵਿੱਚ ਚੱਲ ਰਹੇ ਲਗਭਗ 1 ਲੱਖ ਸਕੂਲਾਂ ਵਿੱਚ ਪੇਂਡੂ ਖੇਤਰ ਦੇ ਬੱਚਿਆਂ ਦੀ ਸਿੱਖਿਆ ਦੇ ਨਾਲ-ਨਾਲ ਸਮਾਜਿਕ ਤੇ ਦੇਸ਼ ਪ੍ਰੇਮ ਦੀ ਸਿੱਖਿਆ ਦਿੱਤੀ ਜਾਂਦੀ ਹੈ। ਇਸੇ ਕੜੀ ਦੇ ਤਹਿਤ ਫਾਜ਼ਿਲਕਾ ਵਿੱਚ ਚੱਲ ਰਹੇ ਏਕਲ ਸਕੂਲਾਂ ਦੀਆਂ ਆਚਾਰਿਆ ਦਾ ਪੰਜ ਦਿਨਾਂ ਸਿਖਲਾਈ ਵਰਗ ਫਾਜ਼ਿਲਕਾ ਵਿੱਚ ਲੱਗਿਆ। ਇਸ ਵਰਗ ਵਿੱਚ ਭਾਰਤ ਦੀ ਪਹਿਲੀ ਮਹਿਲਾ ਅਧਿਆਪਕਾ ਤੇ ਪਹਿਲਾ ਸ਼ਕਤੀ ਕੰਨਿਆ ਸਕੂਲ ਖੋਲ੍ਹਣ ਵਾਲੀ ਸਮਾਜ ਸੁਧਾਰਕ ਸਾਵਿਤਰੀ ਬਾਈ ਫੂਲੇ ਦੀ 130ਵੀਂ ਬਰਸੀ 'ਤੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕਰਕੇ ਨਮਨ ਕੀਤਾ। ਇਸ ਮੌਕੇ ਏਕਲ ਅਭਿਆਨ ਦੇ ਪੂਰਬੀ ਪੰਜਾਬ ਦੇ ਪ੍ਰਧਾਨ ਲੀਲਾਧਰ ਸ਼ਰਮਾ ਨੇ ਦੇਸ਼ ਦੀ ਪਹਿਲੀ ਮਹਿਲਾ ਸਿੱਖਿਅਕ ਸਾਵਿਤਰੀ ਬਾਈ ਫੂਲੇ ਦੇ ਜੀਵਨ 'ਤੇ ਚਾਨਣਾ ਪਾਉਂਦੇ ਹੋਏ ਦੱਸਿਆ ਕਿ ਉਨ੍ਹਾਂ ਨੇ ਆਪਣੇ ਪਤੀ ਜਯੋਤੀ ਰਾਓ ਫੂਲੇ ਦੇ ਸਹਿਯੋਗ ਨਾਲ ਪੁਣੇ ਵਿੱਚ ਕੁੜੀਆਂ ਲਈ ਦੇਸ਼ ਦਾ ਪਹਿਲਾ ਸਕੂਲ ਖੋਲ੍ਹ ਬਾਲਿਕਾਵਾਂ ਦੀ ਸਿੱਖਿਆ ਦਾ ਵਿਰੋਧ ਕਰਨ ਵਾਲਿਆਂ ਨੂੰ ਸਬਕ ਸਿਖਾਇਆ। ਪ੍ਰੋਗਰਾਮ ਦੇ ਆਯੋਜਨ ਵਿੱਚ ਸਮਾਜ ਸੇਵਕ ਸਤਪਾਲ ਉਬਵੇਜਾ, ਡਾ. ਸ਼ਿਲਿਆ ਡੂਮੜਾ, ਸੁਰੇਂਦਰ ਮੁਲਤੀ, ਦਯਾ ਕ੍ਰਿਸ਼ਨ ਬੱਬਰ, ਨਰੇਸ਼ ਨਾਰੰਗ, ਆਸ਼ਾ ਨਾਗਪਾਲ, ਕਾਂਤਾ ਸ਼ਰਮਾ, ਪਰਮਜੀਤ ਕੌਰ, ਸੁਖਦੀਪ ਕੌਰ, ਨਰੇਸ਼ ਨਾਰੰਗ, ਰਵੀ ਮੱਕੜ, ਸੁਸ਼ੀਲ ਗਿਲਹੋਤਰਾ, ਅਸ਼ੋਕ ਕਾਲੜਾ, ਰਮੇਸ਼ ਕੁਮਾਰ, ਚਰਨਜੀਤ ਸਿੰਘ ਤੇ ਅਸ਼ੋਕ ਭਾਟੀਆ ਨੇ 60 ਮਹਿਲਾ ਅਧਿਆਪਕਾਂ ਨੂੰ ਬੈਗ ਤੇ ਹੋਰ ਸਮੱਗਰੀ ਵੰਡੀ।



# ਲੜਕੀਆਂ ਨੂੰ ਸਰਵਾਈਕਲ ਕੈਂਸਰ ਤੋਂ ਬਚਾਉਣ ਲਈ ਐਚ.ਪੀ.ਵੀ. ਟੀਕਾਕਰਨ ਕਰਵਾਇਆ ਜਾਵੇ: ਡਾ. ਜਸਪ੍ਰੀਤ ਸਿੰਘ ਬੇਦੀ

ਸ੍ਰੀ ਫਤਹਿਗੜ੍ਹ ਸਾਹਿਬ, 10 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਸਿਵਲ ਸਰਜਨ ਫਤਹਿਗੜ੍ਹ ਸਾਹਿਬ ਡਾ. ਅਰਵਿੰਦ ਪਾਲ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਹਸਪਤਾਲ ਦੇ ਸੀਨੀਅਰ ਮੈਡੀਕਲ ਅਫਸਰ ਡਾ. ਜਸਪ੍ਰੀਤ ਸਿੰਘ ਬੇਦੀ ਨੇ ਸਿਹਤ ਵਿਭਾਗ ਵੱਲੋਂ 90 ਦਿਨਾਂ ਲਈ ਵਿੱਢੀ ਗਈ ਐਚਪੀਵੀ ਟੀਕਾਕਰਨ ਮੁਹਿੰਮ ਸਬੰਧੀ ਮਲਟੀਪਰਪਜ਼ ਹੈਲਥ ਸੁਪਰਵਾਈਜ਼ਰਜ਼, ਮਲਟੀਪਰਪਜ਼ ਹੈਲਥ ਵਰਕਰਜ਼ ਤੇ ਆਸ਼ਾ ਵਰਕਰਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ।ਉਨ੍ਹਾਂ ਮੀਟਿੰਗ ਦੌਰਾਨ ਸਮੂਹ ਸਟਾਫ ਨੂੰ ਹਦਾਇਤ ਕੀਤੀ ਕਿ ਉਹ ਆਪੋ-ਆਪਣੇ ਖੇਤਰ ਦੀਆਂ 14 ਤੋਂ 15 ਸਾਲ ਤੱਕ ਦੀ ਉਮਰ ਦੀਆਂ ਸਾਰੀਆਂ ਲੜਕੀਆਂ ਦਾ ਐਚਪੀਵੀ (ਹਿਊਮਨ ਪੈਪੀਲੋਮਾ ਵਾਇਰਸ) ਟੀਕਾਕਰਨ ਕਰਨਾ ਯਕੀਨੀ ਬਣਾਉਣ।ਉਨ੍ਹਾਂ ਦੱਸਿਆ ਕਿ ਇਹ ਟੀਕਾਕਰਨ ਲੜਕੀਆਂ ਵਿੱਚ ਬੱਚੇਦਾਨੀ ਦੇ ਮੂੰਹ ਦੇ ਕੈਂਸਰ (ਸਰਵਾਈਕਲ ਕੈਂਸਰ) ਦੀ ਰੋਕਥਾਮ ਕਰਦਾ ਹੈ ਤੇ ਮੁਹਿੰਮ ਦਾ ਮੁੱਖ ਉਦੇਸ਼ ਵੀ ਕੁੜੀਆਂ ਨੂੰ ਐਚਪੀਵੀ ਸੰਕ੍ਰਮਣ ਦਾ ਸੰਭਾਵੀ ਜ਼ੋਖਮ ਹੋਣ ਤੋਂ ਪਹਿਲਾਂ ਉਨ੍ਹਾਂ ਦਾ ਟੀਕਾਕਰਨ ਕਰਕੇ ਸਰਵਾਈਕਲ ਕੈਂਸਰ ਨੂੰ ਰੋਕਣਾ ਹੈ। ਉਨ੍ਹਾਂ ਕਿਹਾ ਕਿ ਇਹ ਟੀਕਾਕਰਨ ਇੱਕ ਸ਼ਕਤੀਸ਼ਾਲੀ ਰੋਕਥਾਮ ਉਪਾਅ ਹੈ ਜੋ ਧੀਆਂ ਲਈ ਇੱਕ ਸਿਹਤਮੰਦ ਤੇ ਕੈਂਸਰ ਮੁਕਤ ਭਵਿੱਖ ਨੂੰ ਯਕੀਨੀ ਬਣਾਉਂਦਾ ਹੈ। ਇਸ ਮੌਕੇ 'ਤੇ ਬੱਚਿਆਂ ਦੇ ਮਾਹਿਰ ਡਾ. ਸਤਵਿੰਦਰ ਸਿੰਘ, ਜ਼ਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫਸਰ ਬਲਜਿੰਦਰ ਸਿੰਘ, ਅਮਨਪ੍ਰੀਤ ਸਿੰਘ, ਐਲਐਚਵੀ ਜਸਵਿੰਦਰ ਕੌਰ, ਏਐਨਐਮ ਜਰਨੈਲ ਕੌਰ, ਭੁਪਿੰਦਰ ਕੌਰ, ਹਰਕੇਸ਼ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ/ਕਰਮਚਾਰੀ ਹਾਜ਼ਰ ਸਨ।



# ਡੀਏਵੀ ਸਕੂਲ ਦਾ ਵਿਦਿਆਰਥੀ ਐਰਿਕ ਛਾਬੜਾ ਇੰਸਪਾਇਰ ਮਾਣਕ ਐਵਾਰਡ ਲਈ ਚੁਣਿਆ

ਕੋਟਕਪੂਰਾ, 10 ਮਾਰਚ (ਵਿਪਨ ਗੋਇਲ): ਡੀਏਵੀ ਪਬਲਿਕ ਸਕੂਲ ਕੋਟਕਪੂਰਾ ਦੇ ਦਸਵੀਂ ਜਮਾਤ ਦੇ ਹੋਣਹਾਰ ਵਿਦਿਆਰਥੀ ਐਰਿਕ ਛਾਬੜਾ ਦਾ ਪ੍ਰੋਜੈਕਟ ਇੰਸਪਾਇਰ ਮਾਣਕ ਐਵਾਰਡ 2026-27 ਲਈ ਚੁਣਿਆ ਗਿਆ ਹੈ। ਇਹ ਮੁਕਾਬਲਾ ਭਾਰਤ ਸਰਕਾਰ ਦੇ ਵਿਗਿਆਨ ਤੇ ਤਕਨਾਲੋਜੀ ਮੰਤਰਾਲਾ ਵੱਲੋਂ ਕਰਵਾਇਆ ਜਾਂਦਾ ਹੈ, ਜਿਸ ਦਾ ਉਦੇਸ਼ ਸਕੂਲੀ ਵਿਦਿਆਰਥੀਆਂ ਵਿੱਚ ਨਵੀਨਤਾਕਾਰੀ ਸੋਚ ਤੇ ਵਿਗਿਆਨਕ ਰੁਝਾਨ ਨੂੰ ਪ੍ਰੋਤਸਾਹਿਤ ਕਰਨਾ ਹੈ। ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਡੀਏਵੀ ਪਬਲਿਕ ਸਕੂਲ ਕੋਟਕਪੂਰਾ ਦੇ ਕਈ ਵਿਦਿਆਰਥੀਆਂ ਨੇ ਆਪਣੇ ਨਵੇਂ ਤੇ ਰਚਨਾਤਮਕ ਵਿਚਾਰ ਇਸ ਯੋਜਨਾ ਤਹਿਤ ਪੇਸ਼ ਕੀਤੇ। ਇਨ੍ਹਾਂ ਵਿੱਚੋਂ ਐਰਿਕ ਛਾਬੜਾ ਦੇ ਵਿਲੱਖਣ ਵਿਚਾਰਾਂ ਦੀ ਚੋਣ ਕੀਤੀ ਗਈ। ਇਸ ਪ੍ਰਾਪਤੀ ਦੇ ਤਹਿਤ ਵਿਦਿਆਰਥੀ ਨੂੰ 10 ਹਜ਼ਾਰ ਰੁਪਏ ਦੀ ਰਕਮ ਤੇ ਸਰਕਾਰ ਵੱਲੋਂ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ ਹੈ। ਸਕੂਲ ਦੇ ਪ੍ਰਿੰਸੀਪਲ ਡਾ. ਰਾਜਵੀਰ ਸਿੰਘ ਕੰਗ ਨੇ ਦੱਸਿਆ ਕਿ ਇਹ ਡੀਏਵੀ ਪਬਲਿਕ ਸਕੂਲ ਕੋਟਕਪੂਰਾ ਲਈ ਮਾਣ ਦੀ ਗੱਲ ਹੈ ਕਿ ਸਕੂਲ ਦੇ ਵਿਦਿਆਰਥੀ ਨੇ ਇਸ ਮਾਣਕ ਮੁਕਾਬਲੇ ਵਿੱਚ ਆਪਣੀ ਯੋਗਤਾ ਸਾਬਤ ਕੀਤੀ ਹੈ। ਉਨ੍ਹਾਂ ਕਿਹਾ ਕਿ ਹੁਣ ਐਰਿਕ ਛਾਬੜਾ ਸਕੂਲ ਦੀ ਅਟਲ ਰੋਬੋਟਿਕਸ ਲੈਬ ਵਿੱਚ ਆਪਣੇ ਪ੍ਰੋਜੈਕਟ ਨੂੰ ਤਿਆਰ ਕਰੇਗਾ ਤੇ ਜ਼ਿਲ੍ਹਾ ਤੇ ਰਾਜ ਪੱਧਰ 'ਤੇ ਸਕੂਲ ਦੀ ਨੁਮਾਇੰਦਗੀ ਕਰੇਗਾ। ਇਸ ਮੌਕੇ 'ਤੇ ਪ੍ਰਿੰਸੀਪਲ ਡਾ. ਕੰਗ ਨੇ ਵਿਦਿਆਰਥੀ, ਉਸਦੇ ਅਧਿਆਪਕਾਂ ਤੇ ਮਾਤਾ-ਪਿਤਾ ਨੂੰ ਇਸ ਉਪਲਬਧੀ ਲਈ ਵਧਾਈ ਦਿੱਤੀ। ਸਕੂਲ ਦੇ ਡਾਇਰੈਕਟਰ ਵੀ.ਕੇ. ਚੋਪੜਾ, ਚੇਅਰਮੈਨ ਅਜੈ ਗੋਸੁਆਮੀ, ਆਰ.ਓ. ਸਮਿਤਾ ਸ਼ਰਮਾ, ਮੈਨੇਜਰ ਡਾ. ਸਤਵੰਤ ਕੌਰ ਭੁੱਲਰ ਤੇ ਲੋਕਲ ਕਮੇਟੀ ਮੈਂਬਰਾਂ ਨੇ ਵੀ ਵਿਦਿਆਰਥੀ ਨੂੰ ਅਗਲੇ ਪੜਾਅ ਲਈ ਸ਼ੁਭਕਾਮਨਾਵਾਂ ਦਿੱਤੀਆਂ।



# ਜੇਤੂ ਖਿਡਾਰੀਆਂ ਨੂੰ ਕਾਜੂ,ਬਦਾਮ ਅਤੇ ਦੇਸੀ ਘਿਓ ਨਾਲ ਕੀਤਾ ਗਿਆ ਸਨਮਾਨਿਤ



ਮਹਿਲ ਕਲਾਂ, ਬਰਨਾਲਾ 10 ਮਾਰਚ ( ਬਘੇਲ ਸਿੰਘ ਧਾਲੀਵਾਲ ) ਭਾਈ ਘਨੱਈਆ ਜੀ ਯੁਵਕ ਸੇਵਾਵਾਂ ਕਲੱਬ ਪੰਡੋਰੀ ਵੱਲੋਂ ਹਰ ਤਿੰਨ ਮਹੀਨੇ ਬਾਅਦ ਐਥਲੈਟਿਕਸ ਦੇ ਮੁਕਾਬਲੇ ਕਰਵਾਏ ਜਾਂਦੇ ਹਨ , ਇਹਨਾਂ ਮੁਕਾਬਲਿਆਂ ਵਿੱਚ ਪਿੰਡ ਪੰਡੋਰੀ ਦੇ ਬੱਚੇ ਵੱਡੀ ਗਿਣਤੀ ਵਿੱਚ ਹਿੱਸਾ ਲੈਂਦੇ ਹਨ , ਜੇਤੂ ਹੋਏ ਸਾਰੇ ਖਿਡਾਰੀਆਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਜਾਂਦਾ ਹੈ, ਅਤੇ ਸਭ ਤੋਂ ਵੱਧ ਮੁਕਾਬਲਿਆਂ ਵਿੱਚ ਜੇਤੂ ਹੋਣ ਵਾਲੇ ਲੜਕਾ ਅਤੇ ਲੜਕੀ ਨੂੰ ਦੇਸੀ ਘਿਓ, ਕਾਜੂ, ਬਦਾਮ ਅਤੇ ਟਰਾਫੀਆਂ ਨਾਲ ਸਨਮਾਨਿਤ ਕੀਤਾ ਜਾਂਦਾ ਹੈ, ਇਸ ਵਾਰ ਹੋਏ ਖੇਡ ਮੁਕਾਬਲਿਆਂ ਵਿੱਚੋਂ ਜੈਸਵੀਰ ਸਿੰਘ, ਵਾਹਿਗੁਰੂਨੂਰ ਸਿੰਘ, ਪ੍ਰਿੰਸ ਸਿੰਘ, ਜਸਕਰਨ ਸਿੰਘ, ਜਗਦੀਪ ਸਿੰਘ, ਮਨਵੀਰ ਸਿੰਘ, ਅਰਸ਼ਦੀਪ ਸਿੰਘ, ਸੁੱਖਪ੍ਰੀਤ ਸਿੰਘ, ਹੈਰੀਜੋਤ ਸਿੰਘ , ਗੁਰਜੋਤ ਕੌਰ, ਸੁਖਮਨਜੋਤ ਕੌਰ, ਜੈਸਮੀਨ ਕੌਰ, ਕੁਲਵਿੰਦਰ ਕੌਰ, ਸੁੱਖਪ੍ਰੀਤ ਕੌਰ, ਮਨਵੀਰ ਕੌਰ, ਪ੍ਰਨੀਤ ਕੌਰ, ਨੇ ਆਪਣੇ ਆਪਣੇ ਮੁਕਾਬਲਿਆਂ ਵਿੱਚੋਂ ਜਿੱਤਾਂ ਪ੍ਰਾਪਤ ਕੀਤੀਆਂ, ਇਹਨਾਂ ਸਾਰੇ ਮੁਕਾਬਲਿਆਂ ਵਿੱਚੋਂ ਸਭ ਤੋਂ ਵੱਧ ਜਿੱਤਾਂ ਪ੍ਰਾਪਤ ਕਰਨ ਵਾਲੇ ਸੁੱਖਪ੍ਰੀਤ ਸਿੰਘ ਦੇਹੜ ਅਤੇ ਗੁਰਜੋਤ ਕੌਰ ਦੇਹੜ ਨੂੰ ਬੈਸਟ ਐਥਲੀਟ ਐਲਾਨਿਆ ਗਿਆ, ਇਹਨਾਂ ਨੂੰ ਕਿਲੋ ਕਿਲੋ ਦੇਸੀ ਘਿਓ, ਕਿਲੋ ਕਿਲੋ ਕਾਜੂ , ਕਿਲੋ ਕਿਲੋ ਬਦਾਮ ਅਤੇ ਇੱਕ ਇੱਕ ਟਰਾਫੀ ਦਿੱਤੀ ਗਈ। ਬੱਚਿਆਂ ਨੂੰ ਸਨਮਾਨਿਤ ਕਰਨ ਮੌਕੇ ਕਲੱਬ ਦੇ ਪ੍ਰਧਾਨ ਹਰਵਿੰਦਰ ਸਿੰਘ ਸਿੱਧੂ, ਬਲਜੀਤ ਸਿੰਘ ਸਿੱਧੂ, ਕੋਚ ਹਰਜਿੰਦਰ ਸਿੰਘ, ਪਰਮਜੀਤ ਕੌਰ ਜੌਹਲ, ਮਨਜੀਤ ਕੌਰ ਜੌਹਲ, ਨਵਦੀਪ ਸਿੰਘ ਬਾਠ, ਹਰਸੁੱਖ ਸਿੰਘ ਬਾਠ, ਗਗਨਦੀਪ ਸਿੰਘ ਢੀਂਡਸਾ, ਬਲਰਾਜ ਸਿੰਘ ਦੰਦਰਾਲ, ਹਰਸ਼ਦੀਪ ਸਿੰਘ ਨਿਗਾਹ, ਅਮੀਜੋਤ ਸਿੰਘ ਸਿਆਣ, ਮਿੱਠੂ ਸਿੰਘ, ਆਦਿ ਮੈਂਬਰ ਹਾਜ਼ਰ ਸਨ।

# ਬਰਨਾਲਾ 'ਚ ਮਾੜੀਆਂ ਸਿਹਤ ਸਹੂਲਤਾਂ ਦਾ ਮੁੱਦਾ ਵਿਧਾਨ ਸਭਾ 'ਚ ਗੂੰਜਿਆ

## ਵਿਧਾਇਕ ਢਿੱਲੋਂ ਨੇ ਬੱਚਾ ਨਰਸਰੀ, ਬਲੱਡ ਬੈਂਕ ਤੇ ਖਾਲੀ ਅਸਾਮੀਆਂ ਦੀ ਕੀਤੀ ਗੱਲ



ਬਰਨਾਲਾ,10 ਮਾਰਚ ( ਬਘੇਲ ਸਿੰਘ ਧਾਲੀਵਾਲ )ਬਰਨਾਲਾ ਦੇ ਸਿਵਲ ਹਸਪਤਾਲ ਦੀ ਤਰਸਯੋਗ ਹਾਲਤ ਦਾ ਮੁੱਦਾ ਇੱਕ ਵਾਰ ਫਿਰ ਵਿਧਾਨ ਸਭਾ ਵਿੱਚ ਗੂੰਜਿਆ। ਬਰਨਾਲਾ ਵਿਧਾਨ ਸਭਾ ਹਲਕੇ ਤੋਂ ਕਾਂਗਰਸੀ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਨੇ ਵਿਧਾਨ ਸਭਾ ਵਿੱਚ ਸਿਵਲ ਹਸਪਤਾਲ ਵਿੱਚ ਡਾਕਟਰਾਂ ਅਤੇ ਹੋਰ ਅਮਲੇ ਦੀ ਘਾਟ ਦਾ ਮੁੱਦਾ ਉਠਾਉਂਦੇ ਹੋਏ ਸਰਕਾਰ ਨੂੰ ਬਰਨਾਲਾ ਦੇ ਸਿਵਲ ਹਸਪਤਾਲ ਵੱਲ ਧਿਆਨ ਦੇਣ ਲਈ ਕਿਹਾ। ਵਿਧਾਨ ਸਭਾ ਚ ਮੁੱਦਾ ਉਠਾਉਂਦੇ ਹੋਏ ਵਿਧਾਇਕ ਢਿੱਲੋਂ ਨੇ ਕਿਹਾ ਕਿ ਬਰਨਾਲਾ ਦਾ ਹਸਪਤਾਲ ਰੈਫਲਰ ਸੈਂਟਰ ਬਣ ਚੁੱਕਾ ਹੈ ਜਿੱਥੋਂ ਮਾਮੂਲੀ ਬਿਮਾਰੀਆਂ ਅਤੇ ਸੱਟਾਂ ਵਾਲੇ ਮਰੀਜ਼ਾਂ ਨੂੰ ਵੀ ਤੁਰੰਤ ਫਰੀਦਕੋਟ, ਪਟਿਆਲਾ ਰੈਫ਼ਰ ਕਰ ਦਿੱਤਾ ਜਾਂਦਾ ਹੈ। ਉਹਨਾਂ ਕਿਹਾ ਕਿ ਹਸਪਤਾਲ ਵਿੱਚ 5$® ਦੀਆਂ ਅਸਾਮੀਆਂ ਵੀ ਵੱਡੀ ਪੱਧਰ ਤੇ ਖਾਲੀ ਹਨ। ਵਿਧਾਇਕ ਢਿੱਲੋ ਨੇ ਬਰਨਾਲਾ ਦੇ ਜੱਚਾ ਬੱਚਾ ਕੇਂਦਰ ਵਿੱਚ ਪਿਛਲੇ ਕਾਫੀ ਸਮੇਂ ਤੋਂ ਬੰਦ ਪਈ ਬੱਚਿਆਂ ਦੀ ਨਰਸਰੀ ਦਾ ਮੁੱਦਾ ਉਠਾਉਂਦੇ ਹੋਏ ਕਿਹਾ ਕਿ ਉਹਨਾਂ ਨੇ ਪਹਿਲੇ ਸੈਸ਼ਨ ਵਿੱਚ ਵੀ ਇਹ ਮੁੱਦਾ ਉਠਾਇਆ ਸੀ ਪਰੰਤੂ ਇਸ ਦਾ ਕੋਈ ਹੱਲ ਨਹੀਂ ਹੋਇਆ ਜਿਸ ਤੋਂ ਸਾਬਤ ਹੁੰਦਾ ਹੈ ਕਿ ਸਰਕਾਰ ਕਾਗਜ਼ਾਂ ਵਿੱਚ ਹੀ ਸਿਹਤ ਕ੍ਰਾਂਤੀ ਦਾ ਢਿੰਡੋਰਾ ਪਿੱਟ ਰਹੀ ਹੈ, ਅਮਲ ਵਿੱਚ ਕੁਝ ਨਹੀਂ ਕਰਨਾ ਚਾਹੁੰਦੀ। ਵਿਧਾਇਕ ਢਿੱਲੋਂ ਨੇ ਕਿਹਾ ਕਿ ਇਹ ਹੈਰਾਨੀਜਨਕ ਅਤੇ ਦੁੱਖ ਦੀ ਗੱਲ ਹੈ ਕਿ ਬਰਨਾਲਾ ਸਿਵਲ ਹਸਪਤਾਲ ਵਿੱਚ ਬਲੱਡ ਬੈਂਕ ਪਿਛਲੇ ਦੋ ਮਹੀਨੇ ਤੋਂ ਵੱਧ ਸਮੇਂ ਤੋਂ ਬੰਦ ਪਈ ਹੈ। ਸਿਵਲ ਹਸਪਤਾਲ ਬਰਨਾਲਾ ਦੇ ਨਾਲ ਨਾਲ ਵਿਧਾਇਕ ਢਿੱਲੋਂ ਨੇ ਜ਼ਿਲ੍ਹੇ ਦੇ ਹੋਰ ਪੀਐਚਸੀ, ਸੀਐਚਸੀ ਅਤੇ ਆਮ ਆਦਮੀ ਕਲੀਨਿਕਾਂ ਦੀ ਮਾੜੀ ਹਾਲਤ ਦਾ ਮੁੱਦਾ ਵੀ ਚੁੱਕਿਆ। ਵਿਧਾਇਕ ਢਿੱਲੋਂ ਨੇ ਇੱਕ ਵਾਰ ਫੇਰ ਬਰਨਾਲਾ ਵਿਖੇ ਪਿਛਲੀ ਕਾਂਗਰਸ ਸਰਕਾਰ ਸਮੇਂ ਮਨਜ਼ੂਰ ਹੋਏ ਸੁਪਰ ਮਲਟੀਸਪੈਸ਼ਲਿਟੀ ਹਸਪਤਾਲ ਦਾ ਮੁੱਦਾ ਚੁੱਕਦੇ ਹੋਏ ਕਿਹਾ ਕਿ ਲੋਕਾਂ ਦੀ ਮੰਗ ਅਨੁਸਾਰ ਹੈ ਇਹ ਹਸਪਤਾਲ ਬਣਨਾ ਚਾਹੀਦਾ ਹੈ। ਵਿਧਾਇਕ ਕਾਲਾ ਢਿੱਲੋ ਨੇ ਤੱਥਾਂ ਸਮੇਤ ਵਿਧਾਨ ਸਭਾ ਵਿੱਚ ਬਰਨਾਲਾ ਜ਼ਿਲ੍ਹੇ ਚ ਸਿ ਹਤ ਸਹੂਲਤਾਂ ਦੀ ਮਾੜੀ ਹਾਲਤ ਦੀ ਪੋਲ ਖੋਲ੍ਹ ਦਿੱਤੀ, ਜਿਸ ਤੋਂ ਬਾਅਦ ਇਸ ਗੱਲ ਦੀ ਹੈਰਾਨੀ ਹੁੰਦੀ ਹੈ ਕਿ ਆਖ਼ਰ ਮੌਜੂਦਾ ਸਰਕਾਰ ਦੇ ਚਾਰ ਸਾਲ ਬੀਤਣ ਤੱਕ ਵੀ ਬਰਨਾਲਾ ਦੇ ਸੱਤਾਧਾਰੀ ਆਗੂਆਂ ਨੇ ਸਿਹਤ ਖੇਤਰ ਦੇ ਮਾਮਲੇ ਚ ਜ਼ਿਲ੍ਹੇ ਦੀਆਂ ਸਰਕਾਰੀ ਸਿਹਤ ਸੰਸਥਾਵਾਂ ਦੀ ਤਰਸਯੋਗ ਹਾਲਤ ਸੁਧਾਰਨ ਲਈ ਕੋਈ ਕਦਮ ਕਿਉਂ ਨਹੀਂ ਚੁੱਕਿਆ। ਦੱਸ ਦੇਈਏ ਕਿ ਜੱਚਾ ਬੱਚਾ ਕੇਂਦਰ ਦੀ ਬੰਦ ਪਈ ਬੱਚਾ ਨਰਸਰੀ ਦਾ ਮੁੱਦਾ ਪੱਤਰਕਾਰਾਂ ਨੇ ਸਿਹਤ ਮੰਤਰੀ ਦੇ ਬਰਨਾਲਾ ਦੌਰੇ ਦੌਰਾਨ ਉਠਾਇਆ ਸੀ ਪ੍ਰੰਤੂ ਇਸਦੇ ਬਾਵਜੂਦ ਵੀ ਇਸ ਦਾ ਕੋਈ ਹੱਲ ਨਹੀਂ ਹੋਇਆ ਤੇ ਹੁਣ ਸਥਾਨਕ ਵਿਧਾਇਕ ਵੱਲੋਂ ਇਹੀ ਮੁੱਦਾ ਵਿਧਾਨ ਸਭਾ ਚ ਜ਼ੋਰਦਾਰ ਤਰੀਕੇ ਨਾਲ ਉਠਾਇਆ ਗਿਆ ਹੈ। ਇਸ ਮਾਮਲੇ ਸਬੰਧੀ ਫੋਨ ਤੇ ਗੱਲਬਾਤ ਕਰ ਦੇ ਹੋਏ ਵਿਧਾਇਕ ਢਿੱਲੋਂ ਨੇ ਕਿਹਾ ਕਿ ਉਹਨਾਂ ਦੀ ਡਿਊਟੀ ਸਿਰਫ਼ ਵਿਧਾਨ ਸਭਾ ਵਿੱਚ ਮੁੱਦੇ ਉਠਾਉਣਾ ਨਹੀਂ ਸਗੋਂ ਉਹ ਆਪਣੇ ਵੱਲੋਂ ਵਿਧਾਨ ਸਭਾ ਚ ਉਠਾਏ ਗਏ ਮਸਲਿਆ ਨੂੰ ਹੱਲ ਕਰਵਾਉਣ ਤੱਕ ਯਤਨਸ਼ੀਲ ਰਹਿਣਗੇ।

# ਸੇਂਟ ਬਚਨਪੁਰੀ ਇੰਟਰਨੈਸ਼ਨਲ ਸਕੂਲ ਪੱਖੋ ਕਲਾਂ ਵਿਖੇ ਬੱਚਿਆਂ ਨੇ ਪੂਲ ਪਾਰਟੀ ਵਿੱਚ ਕੀਤੀ ਖੂਬ ਮਸਤੀ



ਬਰਨਾਲਾ 10 ਮਾਰਚ (ਹਮੀਰ ਸਿੰਘ) ਇਲਾਕੇ ਭਰ ਦੇ ਬੱਚਿਆਂ ਨੂੰ ਅੰਤਰਰਾਸ਼ਟਰੀ ਪੱਧਰ ਦੀ ਪੜ੍ਹਾਈ ਕਰਵਾ ਰਹੀ ਨਾਮਵਰ ਵਿੱਦਿਅਕ ਸੰਸਥਾ ਸੇਂਟ ਬਚਨਪੁਰੀ ਇੰਟਰਨੈਸ਼ਨਲ ਸਕੂਲ ਪੱਖੋ ਕਲਾਂ ਵਿਖੇ ਬੱਚਿਆਂ ਦੇ ਲਈ ਦਿਲਚਸਪ,ਮਨੋਰੰਜਕ,ਗਿਆਨ ਭਰਪੂਰ ਅਤੇ ਸਰਬਪੱਖੀ ਵਿਕਾਸ ਵੱਲ ਸ਼ਕਤੀਸ਼ਾਲੀ ਪਹਿਲ ਕਰਦੇ ਹੋਏ ਵੱਖ=ਵੱਖ ਨਵੀਨਤਾਕਾਰੀ ਅਤੇ ਪ੍ਰਭਾਵਸ਼ਾਲੀ ਗਤੀਵਿਧੀਆ ਦਾ ਆਯੋਜਨ ਕੀਤਾ ਜਾਂਦਾ ਹੈ। ਅੱਜ ਸੰਸਥਾ ਵਿੱਚ ਸਾਲ ਭਰ ਮਿਹਨਤ ਕਰਕੇ ਆਪਣੇ ਸਲਾਨਾਂ ਇਮਤਿਹਾਨਾਂ ਦੇ ਨਤੀਜ਼ੇ ਦੀ ਉਡੀਕ ਕਰ ਰਹੇ ਬੱਚੇ ਕਰਵਾਈਆ ਜਾ ਰਹੀਆਂ ਗਤੀਵਿਧੀਆਂ ਵਿੱਚ ਉਤਸ਼ਾਹਿਤ ਅਤੇ ਖੁਸ਼ ਨਜ਼ਰ ਆ ਰਹੇ ਸਨ। ਪਹਿਲੇ ਦਿਨ ਤੋਂ ਲੈ ਕੇ ਤੀਜ਼ੀ ਕਲਾਸ ਅਤੇ ਸੱਤਵੀਂ ਤੋਂ ਅੱਠਵੀਂ ਕਲਾਸ ਤੱਕ ਦੇ ਬੱਚਿਆਂ ਲਈ ਪੂਰਨ ਸੁਰੱਖਿਅਤ ਢੰਗ ਨਾਲ ਪੂਲ ਪਾਰਟੀ ਦਾ ਆਯੋਜਨ ਕੀਤਾ ਗਿਆ।ਛੋਟੇ ਬੱਚਿਆਂ ਵਿੱਚ ਪੂਲ ਪਾਰਟੀ ਲਈ ਪੂਰਾ ਜੋਸ਼ ਵੇਖਿਆ ਜਾ ਸਕਦਾ ਸੀ। ਪੂਲ ਪਾਰਟੀ ਦੀ ਸ਼ੁਰੂਆਤ ਤਾਜ਼ਗੀ ਭਰੇ ਸਪਲੈਸ਼ ਫਨ ਨਾਲ ਹੋਈ ਜਿੱਥੇ ਛੋਟੇ ਬੱਚਿਆਂ ਨੇ ਪਾਣੀ ਨਾਲ ਖੇਡਣ ਅਤੇ ਗਰਮੀ ਤੋ ਰਾਹਤ ਲਈ ਖੇਡਦੇ ਹੋਏ ਖੂਬ ਮਜ਼ਾ ਲਿਆ।ਬੱਚਿਆਂ ਨੇ ਪਾਣੀ ਨਾਲ ਅਠਖੇਲੀਆਂ ਕਰਦੇ ਹੋਏ ਪਾਣੀ ਵਿੱਚ ਛੋਟੀਆਂ ਖੇਡੀਆਂ ਜਾਣ ਵਾਲੀਆਂ ਖੇਡਾਂ ਖੇਡ ਕੇ ਖੂਬ ਆਨੰਦ ਲਿਆ। ਬੱਚਿਆਂ ਨੇ ਪੂਲ ਪਾਰਟੀ ਵਿੱਚ ਡਾਂਸ ਕਰਦੇ ਹੋਏ ਆਪਣੇ ਅਧਿਆਪਕਾਂ ਨਾਲ ਫੰਨੀ ਖੇਡਾਂ ਖੇਡ ਕੇ ਖੂਬ ਮਨੋਰੰਜਨ ਕੀਤਾ। ਪੂਲ ਪਾਰਟੀ ਵਿੱਚ ਮਾਹਿਰਾਂ ਤੋ ਅੱਠਵੀਂ ਕਲਾਸ ਦੇ ਬੱਚਿਆਂ ਨੂੰ ਤੈਰਨ ਦੇ ਮੁੱਢਲੇ ਤਰੀਕੇ ਸਿਖਾਏ,ਬੱਚਿਆਂ ਨੂੰ ਪਾਣੀ ਵਿੱਚ ਤੈਰਨ ਸਮੇਂ ਰੱਖੀਆਂ ਜਾਣ ਵਾਲੀਆਂ ਸਾਵਧਾਨੀਆਂ ਬਾਰੇ ਦੱਸਿਆਂ।ਮਾਹਿਰਾਂ ਨੇ ਬੱਚਿਆਂ ਨੂੰ ਦੱਸਿਆਂ ਕਿ ਸਵੀਮਿੰਗ(ਤੈਰਾਕੀ) ਕਰਨਾ ਸਿਰਫ ਸਰੀਰ ਲਈ ਹੀ ਨਹੀਂ ਹੈ ਸਗੋ ਭਵਿੱਖ 'ਚ ਬੱਚੇ ਤੈਰਾਕੀ ਦੀ ਖੇਡ ਵਿੱਚ ਮਾਹਿਰ ਬਣ ਕੇ ਆਪਣਾ ਸੁਨਹਿਰੀ ਭਵਿੱਖ ਬਣਾ ਸਕਦੇ ਹਨ। ਸੰਸਥਾ ਚੇਅਰਮੈਨ ਸ੍ਰ:ਰਵਿੰਦਰਜੀਤ ਸਿੰਘ ਬਿੰਦੀ,ਸ੍ਰ: ਸਾਗਰਜੀਤ ਸਿੰਘ ਖੀਪਲ(ਡਾਇਰੈਕਟਰ) ਨੇ ਜਾਣਕਾਰੀ ਸਾਂਝੀ ਕਰਦੇ ਹੋਏ ਕਿਹਾ ਕਿ ਸੰਸਥਾ ਹਮੇਸ਼ਾ ਨਵੀਨਤਮ ਅਤੇ ਸਿੱਖਿਆਦਾਇਕ ਗਤੀਵਿਧੀਆਂ ਅਪਣਾਉਣ ਲਈ ਵਚਨਵੱਧ ਹੈ ਤਾਂ ਜੋ ਗਤੀਵਿਧੀਆਂ ਰਾਹੀਂ ਮਨੋਰੰਜਨ ਦੇ ਨਾਲ ਬੱਚਿਆਂ ਵਿੱਚ ਸਹਿਯੋਗ,ਅਨੁਸ਼ਾਸਨ ਅਤੇ ਸਰੀਰਕ ਊਰਜਾ ਦਾ ਵਿਕਾਸ ਹੋ ਸਕੇ ਅਤੇ ਬੱਚੇ ਖੇਡ ਰਾਹੀਂ ਸਿੱਖਦੇ ਹੋਏ ਆਤਮ ਵਿਸ਼ਵਾਸ ਨਾਲ ਅੱਗੇ ਵਧਣ। ਅਜਿਹੀਆਂ ਗਤੀਵਿਧੀਆਂ ਬੱਚਿਆਂ ਨੂੰ ਜਾਣਕਾਰੀ ਪ੍ਰਦਾਨ ਕਰਨ,ਸਰਵਪੱਖੀ ਵਿਕਾਸ ਵਿੱਚ ਮਦਦਗਾਰ ਹੋਣ ਨਾਲ ਪ੍ਰੇਰਨਾਦਾਇਕ ਸਾਬਿਤ ਹੁੰਦੀਆਂ ਹਨ।

# ਐਚ.ਪੀ.ਵੀ. ਟੀਕਾਕਰਨ ਧੀਆਂ ਦੇ ਸਿਹਤਮੰਦ ਜੀਵਨ ਲਈ ਬਹੁਤ ਜ਼ਰੂਰੀ: ਸਿਵਲ ਸਰਜਨ



ਬਰਨਾਲਾ, 10 ਮਾਰਚ ( ਬਘੇਲ ਸਿੰਘ ਧਾਲੀਵਾਲ ) ਡਿਪਟੀ ਕਮਿਸ਼ਨਰ ਬਰਨਾਲਾ ਹਰਪ੍ਰੀਤ ਸਿੰਘ ਆਈ.ਏ.ਐਸ ਦੀ ਅਗਵਾਈ ਹੇਠ ਸਿਹਤ ਵਿਭਾਗ ਬਰਨਾਲਾ ਵੱਲੋਂ ਧੀਆਂ ਨੂੰ ਭਵਿੱਖ ਵਿੱਚ ਸਰਵੀਕਲ ਕੈਂਸਰ (ਬੱਚੇਦਾਨੀ ਦੇ ਮੂੰਹ ਦਾ ਕੈਂਸਰ) ਤੋਂ ਬਚਾਉਣ ਲਈ ਐਚ ਪੀ ਵੀ ਟੀਕਾਕਰਨ ਮੁਹਿੰਮ ਸ਼ੁਰੂ ਕੀਤੀ ਗਈ ਹੈ ਤਾਂ ਜੋ ਆਉਣ ਵਾਲੇ ਭਵਿੱਖ ਵਿੱਚ ਇਸ ਬਿਮਾਰੀ ਦੀ ਰੋਕਥਾਮ ਕੀਤੀ ਜਾ ਸਕੇ, ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਿਵਲ ਸਰਜਨ ਬਰਨਾਲਾ ਡਾ. ਹਰੀਪਾਲ ਸਿੰਘ ਸਿੱਧੂ ਵੱਲੋਂ ਕੀਤਾ ਗਿਆ। ਸਿਵਲ ਸਰਜਨ ਨੇ ਦੱਸਿਆ ਕਿ ਇਹ ਵੈਕਸੀਨ ਉਨ੍ਹਾਂ 14 ਸਾਲ ਦੀਆਂ ਬੱਚੀਆਂ ਨੂੰ ਮੁਫ਼ਤ ਲਗਾਈ ਜਾਵੇਗੀ, ਜਿਨ੍ਹਾਂ ਦਾ 14ਵਾਂ ਜਨਮ ਦਿਨ ਲੰਘ ਚੁੱਕਾ ਹੈ ਅਤੇ 15ਵਾਂ ਜਨਮ ਦਿਨ ਆਉਣਾ ਹੈ। ਇਹ ਵੈਕਸੀਨ ਵਿਸ਼ਵ ਸਿਹਤ ਸੰਸਥਾ ਵੱਲੋਂ ਪ੍ਰਵਾਨਿਤ ਹੈ। ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਹਰਜੀਤ ਸਿੰਘ ਨੇ ਦੱਸਿਆ ਕਿ ਮਹਿਲਾਵਾਂ ਵਿੱਚ ਬੱਚੇਦਾਨੀ ਦੇ ਮੂੰਹ ਦੇ ਗੰਭੀਰ ਕੈਂਸਰ ਦਾ ਮੁੱਖ ਕਾਰਨ ਐਚ ਪੀ ਵੀ (ਹਿਊਮਨ ਪੈਪੀਲੋਮਾ ਵਾਇਰਸ) ਹੁੰਦਾ ਹੈ। ਇਸ ਬਿਮਾਰੀ ਤੋਂ ਬਚਾਅ ਲਈ ਸਮੇਂ ਸਿਰ ਐਚ ਪੀ ਵੀ ਟੀਕਾਕਰਨ ਬਹੁਤ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ ਵਿਸ਼ਵ ਦੇ 160 ਦੇਸ਼ਾਂ ਵਿੱਚ ਇਹ ਵੈਕਸੀਨ ਲੱਗ ਚੁੱਕੀ ਹੈ ਜੋ ਕਿ ਪੂਰੀ ਤਰ੍ਹਾਂ ਸੁਰੱਖਿਅਤ ਹੈ ਅਤੇ ਹੁਣ ਇਹ ਸਾਰੇ ਪੰਜਾਬ ਭਰ ਵਿੱਚ ਲਗਾਈ ਜਾ ਰਹੀ ਹੈ।ਸੀਨੀਅਰ ਮੈਡੀਕਲ ਅਫ਼ਸਰ ਡਾ. ਇੰਦੂ ਬਾਂਸਲ ਨੇ ਦੱਸਿਆ ਕਿ ਜੱਚਾ – ਬੱਚਾ ਹਸਪਤਾਲ ਬਰਨਾਲਾ ਦੇ ਕਮਰਾ ਨੰਬਰ 106 ਵਿਖੇ ਰੋਜ਼ਾਨਾ ਸਰਕਾਰੀ ਛੁੱਟੀ ਅਤੇ ਐਤਵਾਰ ਨੂੰ ਛੱਡ ਕੇ ਬਾਕੀ ਸਾਰੇ ਦਿਨ ਬੱਚੀਆਂ ਦੇ ਵੈਕਸੀਨ ਲਗਾਈ ਜਾ ਰਹੀ ਹੈ। ਇਸ ਸਮੇਂ ਮਨਜੀਤ ਕੌਰ, ਸਤਨਾਮ ਕੌਰ ਸਿਹਤ ਸੁਪਰਵਾਈਜ਼ਰ, ਗੁਰਦੀਪ ਸਿੰਘ ਟੀਕਾਕਰਨ ਸਹਾਇਕ, ਸੁਖਪਾਲ ਕੌਰ, ਜਸਵੀਰ ਕੌਰ ਏ ਐਨ ਐਮ ਅਤੇ ਆਸ਼ਾ ਹਾਜ਼ਰ ਸਨ।

# ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹਰ ਪਰਿਵਾਰ ਲਈ 10 ਲੱਖ ਦਾ ਮੁਫ਼ਤ ਇਲਾਜ

## ਮੁਫ਼ਤ ਇਲਾਜ ਲਈ ਨੇੜੇ ਦੇ ਕੈਂਪ ਜਾਂ ਕਾਮਨ ਸਰਵਿਸ ਸੈਂਟਰ ਤੇ ਬਣਾਇਆ ਜਾਂਦਾ ਹੈ ਕਾਰਡ: ਸਿਵਲ ਸਰਜਨ



ਬਰਨਾਲਾ, 10 ਮਾਰਚ ( ਬਘੇਲ ਸਿੰਘ ਧਾਲੀਵਾਲ )ਮੁੱਖ ਮੰਤਰੀ ਸਿਹਤ ਯੋਜਨਾ ਕਾਰਡ ਬਣਾਉਣ ਦੀ ਪ੍ਰਕਿਰਿਆ ਨੂੰ ਹੋਰ ਸੌਖਾ ਕਰਨ ਦੇ ਮਕਸਦ ਨਾਲ ਬਰਨਾਲਾ ਜ਼ਿਲ੍ਹੇ ਦੇ ਵਿਸ਼ੇਸ਼ ਕੈਂਪਾਂ ਦੇ ਨਾਲ ਨੇੜੇ ਦੇ ਕਾਮਨ ਸਰਵਿਸ ਸੈਂਟਰ ਤੇ ਜਾ ਕੇ ਵੀ ਕਾਰਡ ਬਣਵਾਇਆ ਜਾ ਸਕਦਾ ਹੈ, ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਿਵਲ ਸਰਜਨ ਬਰਨਾਲਾ ਡਾ. ਹਰੀਪਾਲ ਸਿੰਘ ਸਿੱਧੂ ਵੱਲੋਂ ਕੀਤਾ ਗਿਆ। ਸਿਵਲ ਸਰਜਨ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਦਾ ਲਾਭਪਾਤਰੀ ਕਾਰਡ ਬਣਵਾਉਣ ਲਈ ਸਿਹਤ ਵਿਭਾਗ ਵੱਲੋਂ ਜ਼ਿਲ੍ਹਾ ਪ੍ਰਸ਼ਾਸ਼ਨ ਦੇ ਸਹਿਯੋਗ ਨਾਲ ਲਗਾਏ ਜਾ ਰਹੇ ਵਿਸ਼ੇਸ਼ ਕੈਂਪ ਜਾਂ ਨੇੜੇ ਦੇ ਕਾਮਨ ਸਰਵਿਸ ਸੈਂਟਰ ਵਿੱਚ ਜਾ ਕੇ ਮੁਫ਼ਤ ਕਾਰਡ ਬਣਵਾਇਆ ਜਾ ਸਕਦਾ ਹੈ, ਤਾਂ ਜੋ ਲੋੜ ਪੈਣ ਤੇ ਸਿਹਤ ਵਿਭਾਗ ਵੱਲੋਂ ਮੁਫ਼ਤ ਇਲਾਜ ਅਤੇ ਸਿਹਤ ਸੇਵਾਵਾਂ ਦਾ ਲਾਭ ਪ੍ਰਾਪਤ ਕੀਤਾ ਜਾ ਸਕੇ। ਡਿਪਟੀ ਮੈਡੀਕਲ ਕਮਿਸ਼ਨਰ ਡਾ. ਗੁਰਮਿੰਦਰ ਕੌਰ ਔਜਲਾ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਦਾ ਕਾਰਡ (10 ਲੱਖ ਰੁਪਏ) ਬਣਾਉਣ ਲਈ ਪਰਿਵਾਰ ਦੇ ਦੋ ਮੈਂਬਰ ਜਾਂ ਸਾਰਾ ਪਰਿਵਾਰ ਵੋਟਰ ਕਾਰਡ ਅਤੇ ਆਧਾਰ ਕਾਰਡ ਨਾਲ ਲੈ ਕੇ ਕੈਂਪ ਜਾਂ ਕਾਮਨ ਸਰਵਿਸ ਸੈਂਟਰ ਰਾਹੀਂ ਆਪਣੇ ਪਰਿਵਾਰ ਦੀ ਮੁਫ਼ਤ ਰਜਿਸਟਰੇਸ਼ਨ ਕਰਵਾ ਸਕਦੇ ਹਨ। ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਹਰਜੀਤ ਸਿੰਘ ਅਤੇ ਸੀਨੀਅਰ ਮੈਡੀਕਲ ਅਫ਼ਸਰ ਬਰਨਾਲਾ ਡਾ. ਇੰਦੂ ਬਾਂਸਲ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਦਾ ਲਾਭ ਹਰ ਪਰਿਵਾਰ ਨੂੰ ਦੇਣ ਲਈ ਕਾਰਡ ਬਣਾਉਣ ਲਈ ਸਿਹਤ ਵਿਭਾਗ ਦੇ ਕਰਮਚਾਰੀਆਂ/ ਅਧਿਕਾਰੀਆਂ, ਆਸਾ ਅਤੇ ਵੱਖ-ਵੱਖ ਵਿਭਾਗਾਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਸਾਰੇ ਪਰਿਵਾਰਾਂ ਨੂੰ ਇਸ ਸਕੀਮ ਵਿੱਚ ਰਜਿਸਟਰ ਕੀਤਾ ਜਾ ਸਕੇ। ਸਿਹਤ ਵਿਭਾਗ ਬਰਨਾਲਾ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਜਲਦੀ ਤੋਂ ਜਲਦੀ ਆਪਣੀ ਰਜਿਸਟ੍ਰੇਸ਼ਨ ਕਰਵਾ ਲੈਣ ਤਾਂ ਜੋ ਸਰਕਾਰੀ ਜਾਂ ਪ੍ਰਾਈਵੇਟ ਹਸਪਤਾਲਾਂ ਵਿੱਚ ਇਲਾਜ ਲਈ ਦਾਖਲ ਹੋਣ ਸਮੇਂ ਮੁਫ਼ਤ ਇਲਾਜ ਦੀ ਸਹੂਲਤ ਮਿਲ ਸਕੇ। ਇਸ ਸਮੇਂ ਜ਼ਿਲ੍ਹਾ ਮਾਸ ਮੀਡੀਆ ਤੇ ਸੂਚਨਾ ਅਫ਼ਸਰ ਕੁਲਦੀਪ ਸਿੰਘ ਮਾਨ, ਹਰਜੀਤ ਸਿੰਘ ਜ਼ਿਲ੍ਹਾ ਬੀ ਸੀ ਸੀ ਕੋਆਰਡੀਨੇਟਰ, ਪੀ ਪੀ ਯੂਨਿਟ ਤੋਂ ਸਿਹਤ ਸੁਪਰਵਾਈਜ਼ਰ ਮਨਜੀਤ ਕੌਰ ਅਤੇ ਸਤਨਾਮ ਕੌਰ, ਏ ਐਨ ਐਮ ਅਤੇ ਆਸ਼ਾ ਹਾਜ਼ਰ ਸਨ।

# ਵਿਦਿਆਰਥੀਆਂ ਦੇ ਦੰਦਾਂ ਦਾ ਜਾਂਚ ਕੈਂਪ ਲ ਗ ਾ ਇ ਆ ।



ਭਗਤਾ ਭਾਈ ਕਾ 10 ਮਾਰਚ (ਸਵਰਨ ਸਿੰਘ ਭਗਤਾ) ਸੀ.ਐਮ.ਐਸ ਗੁਰੂ ਕਾਸ਼ੀ ਪਬਲਿਕ ਸਕੂਲ ਭਗਤਾ ਭਾਈਕਾ ਇਲਾਕੇ ਦਾ ਇੱਕੋ- ਇੱਕ ਅਜਿਹਾ ਸਕੂਲ ਹੈ ,ਜਿੱਥੇ ਵਿਦਿਆਰਥੀਆਂ ਦੀ ਪੜ੍ਹਾਈ ਦੇ ਨਾਲ- ਨਾਲ ਉਹਨਾਂ ਦੀ ਸਿਹਤ ਦਾ ਵੀ ਖਾਸ ਧਿਆਨ ਰੱਖਿਆ ਜਾਂਦਾ ਹੈ, ਕਿਉਂਕਿ ਇਕ ਤੰਦਰੁਸਤ ਵਿਦਿਆਰਥੀ ਹੀ ਪੜ੍ਹਾਈ, ਖੇਡਾਂ ਅਤੇ ਹੋਰ ਖੇਤਰਾਂ ਵਿੱਚ ਆਪਣੀ ਵਧੀਆ ਕਾਰਗੁਜ਼ਾਰੀ ਵਿਖਾ ਸਕਦਾ ਹੈ। ਇਸੇ ਕੜ੍ਹੀ ਤਹਿਤ ਸਕੂਲ ਵਿੱਚ ਨਰਸਰੀ ਕਲਾਸ ਤੋਂ ਲੈ ਕੇ ਦੂਸਰੀ ਕਲਾਸ ਤੱਕ ਦੇ ਵਿਦਿਆਰਥੀਆਂ ਦਾ ਦੰਦਾਂ ਦਾ ਚੈੱਕ-ਅਪ ਕੈਂਪ ਲਗਾਇਆ ਗਿਆ। ਜਿਸ ਵਿੱਚ ਦੰਦਾਂ ਦੀਆਂ ਬਿਮਾਰੀਆਂ ਦੇ ਮਾਹਿਰ ਡਾਕਟਰ ਈਸ਼ ਸਿੰਗਲਾ ਅਤੇ ਡਾਕਟਰ ਵਿਭਾ ਸਿੰਗਲਾ ਦੁਆਰਾ (ਈਸ਼ ਡੈਂਟਲ ਕਲੀਨਿਕ ਕੋਟ ਕਪੂਰਾ) ਤੋਂ ਵਿਸ਼ੇਸ਼ ਤੌਰ ਤੇ ਪਹੁੰਚ ਕੇ ਵਿਦਿਆਰਥੀਆਂ ਦੇ ਦੰਦਾਂ ਦਾ ਚੈੱਕ-ਅਪ ਕੀਤਾ ਗਿਆ । ਸਕੂਲ ਦੇ ਪ੍ਰਿੰਸੀਪਲ ਰਮਨ ਕੁਮਾਰ ਨੇ ਡਾਕਟਰ ਸਾਹਿਬ ਨੂੰ ਜੀ ਆਇਆ ਆਖਿਆ ਅਤੇ ਵਿਦਿਆਰਥੀਆਂ ਨਾਲ ਉਹਨਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਜੈ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਆਖਿਆ ਕਿ ਦੰਦ ਸਾਡੇ ਸਰੀਰ ਦਾ ਅਹਿਮ ਹਿੱਸਾ ਹਨ, ਇਹਨਾਂ ਦੀ ਦੇਖਭਾਲ ਕਰਨੀ ਅਤੀ ਜਰੂਰੀ ਹੈ ਇਸ ਲਈ ਸਾਨੂੰ ਦਿਨ ਵਿੱਚ ਦੋ ਵਾਰ ਸਵੇਰੇ ਅਤੇ ਸ਼ਾਮ ਨੂੰ ਬੁਰਸ਼ ਕਰਨਾ ਚਾਹੀਦਾ ਹੈ। ਤਾਂ ਜੋ ਸਾਡੇ ਦੰਦ ਕਿਟਾਣੂਆਂ ਤੋਂ ਰਹਿਤ ਹੋ ਸਕਣ ਅਤੇ ਨਾਲ ਹੀ ਚਾਕਲੇਟ ਅਤੇ ਟਾਫੀਆਂ ਆਦਿ ਖਾਣ ਤੋਂ ਪਰਹੇਜ ਕਰਨਾ ਚਾਹੀਦਾ ਹੈ। ਤਾਂ ਜੋ ਸਾਡੇ ਦੰਦ ਮਜਬੂਤ ਅਤੇ ਠੀਕ ਰਹਿ ਸਕਣ ਅੰਤ ਵਿੱਚ ਆਏ ਹੋਏ ਡਾਕਟਰ ਸਾਹਿਬਾਨਾਂ ਨੂੰ ਸਕੂਲ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ ਇਸ ਸਮੇਂ ਵਿਦਿਆਰਥੀਆਂ ਤੋਂ ਇਲਾਵਾ ਸਕੂਲ ਦਾ ਸਟਾਫ ਵੀ ਹਾਜ਼ਰ ਸੀ।

# ਜ਼ਿਲ੍ਹਾ ਚੋਣ ਅਫ਼ਸਰ ਵੱਲੋਂ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੀਆਂ ਮਹਿਲਾ ਬੂਥ ਲੈਵਲ ਅਫ਼ਸਰਾਂ ਦਾ ਵਿਸ਼ੇਸ਼ ਸਨਮਾਨ



ਬਰਨਾਲਾ, 10 ਮਾਰਚ ( ਬਘੇਲ ਸਿੰਘ ਧਾਲੀਵਾਲ )ਕੌਮਾਂਤਰੀ ਔਰਤ ਦਿਵਸ ਨੂੰ ਸਮਰਪਿਤ ਅੱਜ ਇੱਥੇ ਇੱਕ ਵਿਸ਼ੇਸ਼ ਜ਼ਿਲ੍ਹਾ ਪੱਧਰੀ ਸਮਾਗਮ ਕਰਵਾਇਆ ਗਿਆ, ਜਿਸ ਦੌਰਾਨ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਹਰਪ੍ਰੀਤ ਸਿੰਘ ਨੇ ਲੋਕਤੰਤਰੀ ਪ੍ਰਕਿਰਿਆ ਵਿੱਚ ਵਡਮੁੱਲਾ ਯੋਗਦਾਨ ਪਾਉਣ ਵਾਲੀਆਂ ਮਹਿਲਾ ਬੂਥ ਲੈਵਲ ਅਫ਼ਸਰਾਂ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ। ਇਸ ਦੌਰਾਨ ਜ਼ਿਲ੍ਹਾ ਚੋਣ ਅਫ਼ਸਰ ਵੱਲੋਂ ਜ਼ਿਲ੍ਹੇ ਦੇ ਹਰੇਕ ਵਿਧਾਨ ਸਭਾ ਹਲਕੇ ਵਿੱਚੋਂ ਬਿਹਤਰੀਨ ਸੇਵਾਵਾਂ ਨਿਭਾਉਣ ਵਾਲੀਆਂ ਮਹਿਲਾ ਬੂਥ ਲੈਵਲ ਅਫ਼ਸਰ ਸ੍ਰੀਮਤੀ ਸਿਮਰਜੀਤ ਕੌਰ, ਸ੍ਰੀਮਤੀ ਚੀਨੂੰ ਸ਼ਰਮਾ, ਸ੍ਰੀਮਤੀ ਨਵਦੀਪ ਕੌਰ ਦੀ ਸਖ਼ਤ ਮਿਹਨਤ ਅਤੇ ਡਿਊਟੀ ਪ੍ਰਤੀ ਸਮਰਪਣ ਭਾਵਨਾ ਲਈ ਪ੍ਰਸ਼ੰਸਾ ਪੱਤਰ ਦੇ ਕੇ ਨਿਵਾਜਿਆ ਗਿਆ। ਸਮਾਗਮ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਚੋਣ ਪ੍ਰਕਿਰਿਆ ਨੂੰ ਜ਼ਮੀਨੀ ਪੱਧਰ ਤੇ ਸਫ਼ਲ ਬਣਾਉਣ ਵਿੱਚ ਮਹਿਲਾ ਬੀ.ਐਲ.ਓਜ਼ ਦੀ ਭੂਮਿਕਾ ਬੇਹੱਦ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਔਰਤਾਂ ਅੱਜ ਹਰ ਖੇਤਰ ਵਿੱਚ ਆਪਣੀ ਕਾਬਲੀਅਤ ਦਾ ਲੋਹਾ ਮਨਵਾ ਰਹੀਆਂ ਹਨ ਅਤੇ ਚੋਣਾਂ ਦੌਰਾਨ ਵੋਟਰ ਸੂਚੀਆਂ ਦੀ ਸੁਧਾਈ ਤੋਂ ਲੈ ਕੇ ਵੋਟਰ ਜਾਗਰੂਕਤਾ ਤੱਕ ਮਹਿਲਾ ਕਰਮਚਾਰੀਆਂ ਨੇ ਮਿਸਾਲੀ ਕੰਮ ਕੀਤਾ ਹੈ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਇਸ ਸਨਮਾਨ ਸਮਾਰੋਹ ਦਾ ਮੁੱਖ ਉਦੇਸ਼ ਮਹਿਲਾ ਕਰਮਚਾਰੀਆਂ ਦਾ ਮਨੋਬਲ ਵਧਾਉਣਾ ਅਤੇ ਉਨ੍ਹਾਂ ਨੂੰ ਭਵਿੱਖ ਵਿੱਚ ਹੋਰ ਵੀ ਉਤਸ਼ਾਹ ਨਾਲ ਕੰਮ ਕਰਨ ਲਈ ਪ੍ਰੇਰਿਤ ਕਰਨਾ ਹੈ। ਉਨ੍ਹਾਂ ਸਮੂਹ ਹਾਜ਼ਰੀਨ ਨੂੰ ਕੌਮਾਂਤਰੀ ਮਹਿਲਾ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਸਮਾਜ ਦੀ ਤਰੱਕੀ ਲਈ ਔਰਤਾਂ ਦਾ ਸਤਿਕਾਰ ਅਤੇ ਉਨ੍ਹਾਂ ਨੂੰ ਬਰਾਬਰ ਦੇ ਮੌਕੇ ਪ੍ਰਦਾਨ ਕਰਨਾ ਲਾਜ਼ਮੀ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਵਿਵੇਕ ਕੁਮਾਰ ਮੋਦੀ, ਸਹਾਇਕ ਕਮਿਸ਼ਨਰ ਸ੍ਰੀ ਸ਼ਿਵਾਂਸ਼ ਰਾਠੀ, ਚੋਣ ਕਾਨੂੰਗੋ ਮਨਜੀਤ ਸਿੰਘ, ਚੋਣ ਸ਼ਾਖਾ ਦੇ ਹੋਰ ਕਰਮਚਾਰੀ ਹਾਜ਼ਰ ਸਨ।

# ਬਰਨਾਲਾ ਮਹਾਪੰਚਾਇਤ 'ਚ ਸੰਯੁਕਤ ਕਿਸਾਨ ਮੋਰਚਾ ਦਾ ਐਲਾਨ: ਅਮਰੀਕਾ ਨਾਲ ਮੁਕਤ ਵਪਾਰ ਸਮਝੌਤੇ ਖ਼ਿਲਾਫ਼ ਤੇਜ਼ ਕੀਤਾ ਜਾਵੇਗਾ ਸੰਘਰਸ਼



ਬਰਨਾਲਾ 10 ਮਾਰਚ ( ਬਘੇਲ ਸਿੰਘ ਧਾਲੀਵਾਲ\ ਹਮੀਰ ਸਿੰਘ )ਸੰਯੁਕਤ ਕਿਸਾਨ ਮੋਰਚਾ ਨੇ ਅੱਜ ਬਰਨਾਲਾ ਦੀ ਅਨਾਜ ਮੰਡੀ ਵਿੱਚ ਇੱਕ ਵਿਸ਼ਾਲ ਰੈਲੀ ਕਰਕੇ ਭਾਰਤ ਸਰਕਾਰ ਵੱਲੋਂ ਅਮਰੀਕੀ ਦਬਾਅ ਹੇਠ ਕੀਤੇ ਜਾ ਰਹੇ ਫਰੀ ਟਰੇਡ ਸਮਝੌਤੇ ਨੂੰ ਖੇਤੀ-ਕਿਸਾਨੀ ਲਈ ਤਬਾਹਕੁੰਨ ਦੱਸਦਿਆਂ ਇਸ ਵਿਰੁੱਧ ਡੱਟਕੇ ਸੰਘਰਸ਼ ਕਰਨ ਦਾ ਐਲਾਨ ਕੀਤਾ ਹੈ। ਅੱਜ ਦੀ ਰੈਲੀ ਵਿੱਚ ਪੰਜਾਬ ਦੇ ਪਾਣੀ ਦੇ ਪਲੀਤ ਹੋਣ ਦੇ ਸਿੱਟੇ ਵਜੋਂ ਕੈਂਸਰ ਅਤੇ ਹੋਰ ਬਿਮਾਰੀਆਂ ਦਾ ਕਾਰਨ ਬਣਨ ਦੀਆਂ ਰਿਪੋਰਟਾਂ ਤੇ ਡੂੰਘੀ ਚਿੰਤਾ ਜ਼ਾਹਰ ਕਰਦਿਆਂ ਹਰ ਖੇਤ ਨੂੰ ਨਹਿਰੀ ਪਾਣੀ ਅਤੇ ਹਰ ਘਰ ਨੂੰ ਪੀਣ ਵਾਲਾ ਸਾਫ ਨਹਿਰੀ ਪਾਣੀ ਦੇਣ ਦੀ ਮੰਗ ਤੇ ਲੋਕ ਲਹਿਰ ਉਸਾਰਨ ਦਾ ਅਹਿਦ ਵੀ ਕੀਤਾ ਗਿਆ।ਇਸ ਤੋਂ ਇਲਾਵਾ ਕਿਸ਼ਾਨਾਂ-ਮਜਦੂਰਾਂ ਨੂੰ ਕਰਜ਼ਾ ਮੁਕਤ ਕਰਨ, ਪ੍ਰਸਤਾਵਿਤ ਲੋਕ ਵਿਰੋਧੀ ਬਿਜਲੀ ਅਤੇ ਬੀਜ ਬਿੱਲ ਵਾਪਸ ਲੈਣ ਅਤੇ ਐਮ ਐਸ ਪੀ ਤੇ ਫਸਲਾਂ ਦੀ ਖ੍ਰੀਦ ਦਾ ਗਾਰੰਟੀ ਕਾਨੂੰਨ ਬਣਾਉਣ ਦੇ ਮੁੱਦੇ ਵੀ ਰੈਲੀ ਦੇ ਪ੍ਰਮੁੱਖ ਮੁੱਦਿਆਂ ਵਿੱਚ ਸ਼ਾਮਲ ਸਨ। ਉਪਰੋਕਤ ਮੰਗਾਂ ਮੁੱਦਿਆਂ ਤੇ ਭਵਿੱਖ ਵਿੱਚ ਮੋਰਚਾ ਲਾਉਣ ਲਈ ਜਨਤਕ ਲਾਮਬੰਦੀ ਦੀ ਮੁਹਿੰਮ ਤੇਜ਼ ਕਰਨ ਦਾ ਐਲਾਨ ਕੀਤਾ ਗਿਆ। ਬੁਲਾਰਿਆਂ ਨੇ ਕਿਹਾ ਕਿ ਅਮਰੀਕਾ ਦੁਨੀਆਂ ਭਰ ਚ ਆਪਣੀ ਥਾਣੇਦਾਰੀ ਦਿਖਾ ਰਿਹਾ ਹੈ। ਭਾਰਤ ਸਰਕਾਰ ਉੱਤੇ ਅਮਰੀਕਾ ਦੇ ਦਬਾਅ ਹੇਠ ਕੰਮ ਕਰਨ ਦੇ ਦੋਸ਼ ਲਗਾਉਂਦਿਆਂ ਬੁਲਾਰਿਆਂ ਨੇ ਕਿਹਾ ਕਿ ਅਮਰੀਕਾ ਨਾਲ ਕੀਤੇ ਜਾ ਰਹੇ ਫਰੀ ਵਪਾਰ ਸਮਝੌਤੇ ਵਿੱਚ ਮੋਦੀ ਸਰਕਾਰ ਵਲੋਂ ਖੇਤੀ ਅਤੇ ਸਹਾਇਕ ਧੰਦਿਆਂ ਨੂੰ ਸ਼ਾਮਲ ਕਰਨ ਦੀ ਦਿੱਤੀ ਸਹਿਮਤੀ ਖੇਤੀ ਕਿਸਾਨੀ ਲਈ ਤਬਾਹਕੁੰਨ ਸਾਬਤ ਹੋਵੇਗੀ। ਅਮਰੀਕੀ ਕਿਸਾਨਾਂ ਨੂੰ ਮਿਲਦੀ ਵੱਡੀ ਸਬਸਿਡੀ ਅਤੇ ਉਨ੍ਹਾਂ ਦੀਆਂ ਜੋਤਾਂ ਦੇ ਵੱਡੇ ਆਕਾਰ ਦੇ ਮੁਕਾਬਲੇ ਦੇਸ਼ ਦੀ ਪੰਜ ਏਕੜ ਤੋਂ ਘੱਟ ਜ਼ਮੀਨ ਦੀ ਮਾਲਕੀ ਵਾਲੀ 86% ਕਿਸਾਨੀ ਟਿੱਕ ਨਹੀ ਪਾਵੇਗੀ। ਉਨ੍ਹਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਦੇਸ਼ ਅਤੇ ਖੇਤੀ ਵਿਰੋਧੀ ਇਸ ਸਮਝੌਤੇ ਤੇ ਦਸਤਖ਼ਤ ਨਾ ਕਰਨ ਦੀ ਮੰਗ ਕਰਦਿਆਂ ਇਸ ਵਿਰੁੱਧ ਡੱਟਕੇ ਸੰਘਰਸ਼ ਕਰਨ ਦਾ ਐਲਾਨ ਕੀਤਾ। ਬੁਲਾਰਿਆਂ ਨੇ ਪੰਜਾਬ ਵਿੱਚ ਵੱਧ ਰਹੀ ਕੈਂਸਰ ਦੀ ਸਮੱਸਿਆਂ ਤੇ ਡੂੰਘੀ ਚਿੰਤਾ ਜ਼ਾਹਰ ਕਰਦਿਆਂ ਕਿਹਾ ਕਿ ਪੰਜਾਬ ਦੇ ਪਾਣੀ ਵਿੱਚ ਨਾਈਟਰੇਟ, ਆਰਸੈਨਿਕ, ਫਲੋਰਾਈਡ ਅਤੇ ਮੈਗਨੀਸ਼ੀਅਮ ਵਰਗੇ ਤੱਤਾਂ ਦੀ ਮਾਤਰਾ ਵਧਣ ਕਾਰਨ ਕੈਂਸਰ ਵਰਗੀਆਂ ਬਿਮਾਰੀਆਂ ਫੈਲਣ ਦੀਆਂ ਰਿਪੋਰਟਾਂ ਇਸ ਗੱਲ ਦੀ ਲੋੜ ਨੂੰ ਉਭਾਰ ਰਹੀਆਂ ਹਨ ਕਿ ਪੰਜਾਬੀ ਹਰ ਖੇਤ ਨੂੰ ਨਹਿਰੀ ਪਾਣੀ ਅਤੇ ਹਰ ਘਰ ਨੂੰ ਪੀਣ ਵਾਲਾ ਸਾਫ ਨਹਿਰੀ ਪਾਣੀ ਦੇਣ ਦੇ ਨਾਅਰੇ ਨੂੰ ਅਮਲੀ ਜਾਮਾ ਪਹਿਨਾਉਣ ਲਈ ਲੋਕ ਲਹਿਰ ਉਸਾਰਨ। ਬੁਲਾਰਿਆਂ ਨੇ ਕਿਹਾ ਕਿ ਆਲੂ,ਮਟਰ ਦੇ ਕਾਸ਼ਤਕਾਰਾਂ ਦੀ ਇਸ ਵਾਰ ਜੋ ਦੁਰਦਸ਼ਾ ਹੋਈ ਹੈ ਉਹ ਸਪੱਸ਼ਟ ਕਰਦੀ ਹੈ ਕਿ ਕਿਸਾਨੀ ਸਿਰ ਕਰਜ਼ਾ ਖੇਤੀ ਵਿਰੋਧੀ ਨੀਤੀਆਂ ਕਾਰਨ ਚੜ੍ਹਿਆ ਹੈ। ਇੱਕ ਪਾਸੇ ਨਾ ਤਾਂ ਕਿਸਾਨਾਂ ਨੂੰ ਫਸਲਾਂ ਦਾ ਲਾਭਕਾਰੀ ਮੁੱਲ ਮਿਲਦਾ ਅਤੇ ਨਾ ਹੀ ਸਰਕਾਰਾਂ ਕਿਸਾਨਾਂ ਮਜ਼ਦੂਰਾਂ ਸਿਰ ਚੜ੍ਹੇ ਕਰਜ਼ੇ ਦਾ ਕੋਈ ਹੱਲ ਕਰ ਰਹੀਆਂ ਹਨ। ਕੇਂਦਰ ਸਰਕਾਰ ਦੇ ਪ੍ਰਸਤਾਵਿਤ ਬਿਜਲੀ ਅਤੇ ਬੀਜ ਬਿੱਲ ਨੂੰ ਸੂਬਿਆਂ ਦੇ ਅਧਿਕਾਰ ਘਟਾਉਣ ਵਾਲੇ ਲੋਕ ਵਿਰੋਧੀ ਬਿੱਲ ਕਰਾਰ ਦਿੰਦਿਆਂ ਬੁਲਾਰਿਆਂ ਨੇ ਕਿਹਾ ਕਿ ਬਿਜਲੀ ਦੇ ਵੰਡ ਖੇਤਰ ਦਾ ਮੁਕੰਮਲ ਨਿੱਜੀਕਰਨ ਕਰਕੇ ਸਰਕਾਰਾਂ ਬਿਜਲੀ ਨੂੰ ਮੰਡੀ ਦੀ ਵਸਤੂ ਬਣਾ ਕੇ ਆਮ ਖਪਤਕਾਰ ਨੂੰ ਮਹਿੰਗੀ ਬਿਜਲੀ ਦੇਣ ਅਤੇ ਕਾਰਪੋਰੇਟ ਘਰਾਣਿਆਂ ਦੀ ਸੇਵਾ ਕਰਨ ਵਿੱਚ ਜੁਟੀਆਂ ਹੋਈਆਂ ਹਨ। ਇਸੇ ਕਰਕੇ ਬਿਜਲੀ ਖੇਤਰ ਦਾ ਕੇਂਦਰੀਕਰਨ ਕਰਕੇ ਸੂਬਿਆਂ ਦੇ ਅਧਿਕਾਰ ਸੀਮਤ ਕੀਤੇ ਜਾ ਰਹੇ ਹਨ। ਸਟੇਜ ਤੋਂ ਐਲਾਨ ਕੀਤਾ ਗਿਆ ਕਿ ਜਿਸ ਦਿਨ ਬਿਜਲੀ ਬਿੱਲ ਸੰਸਦ ਵਿਚ ਪੇਸ਼ ਕੀਤਾ ਜਾਵੇਗਾ ਉਸ ਤੋਂ ਅਗਲਾ ਦਿਨ ਕਾਲੇ ਦਿਨ ਵਜੋਂ ਮਨਾਇਆ ਜਾਵੇਗਾ। ਨਾਲ ਹੀ ਇਹ ਵੀ ਐਲਾਨ ਕੀਤਾ ਗਿਆ ਕਿ ਉਪਰੋਕਤ ਸਾਰੇ ਮੁੱਦਿਆਂ ਤੇ ਭਵਿੱਖ ਵਿੱਚ ਮੋਰਚਾ ਲਾਉਣ ਲਈ ਜਨਤਕ ਲਾਮਬੰਦੀ ਦੀ ਮੁਹਿੰਮ ਤੇਜ਼ ਕੀਤੀ ਜਾਵੇਗੀ। ਸੰਘਰਸ਼ ਦੀ ਵਿਉਂਤਬੰਦੀ ਕਰਨ ਲਈ 12 ਮਾਰਚ ਨੂੰ ਕਿਸਾਨ ਭਵਨ ਚੰਡੀਗੜ੍ਹ ਵਿਖੇ ਮੀਟਿੰਗ ਬੁਲਾਈ ਗਈ ਹੈ।

# ਸਾਈਬਰ ਕਰਾਈਮ ਬਾਰੇ ਜਾਣਕਾਰੀ ਹਰੇਕ ਵਿਅਕਤੀ ਲਈ ਅੱਜ ਦੇ ਸਮੇਂ ਵਿੱਚ ਜ਼ਰੂਰੀ



ਬਰਨਾਲਾ, 10 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) ਜ਼ਿਲ੍ਹਾ ਬਰਨਾਲਾ ਦੇ ਮਹਿੰਦਰ ਪਾਲ ਗਰਗ ਕੰਪਿਊਟਰ ਫੈਕਲਟੀ ਸਹਸ ਨਾਈਵਾਲਾ ਨੇ ਸਾਈਬਰ ਕ੍ਰਾਈਮ ਤੇ ਗੱਲਬਾਤ ਕਰਦਿਆਂ ਦੱਸਿਆ ਕਿ ਅਜੋਕੇ ਸਮੇਂ ਵਿੱਚ ਸਾਈਬਰ ਕ੍ਰਾਈਮ ਆਪਣੀ ਪਕੜ ਮਜਬੂਤ ਕਰ ਰਿਹਾ ਹੈ, ਦੇਸ਼ ਵਿੱਚ ਸਾਈਬਰ ਧੋਖਾਧੜੀ ਤੋਂ ਬਚਣ ਦੇ ਤਮਾਮ ਪ੍ਰਬੰਧ ਛੋਟੇ ਨਜ਼ਰ ਆ ਰਹੇ ਹਨ, ਆਏ ਦਿਨ ਸਾਈਬਰ ਠੱਗੀ ਦੀਆਂ ਘਟਨਾਵਾਂ ਵੱਧ ਰਹੀਆਂ ਹਨ, ਓ.ਟੀ.ਪੀ. ਫਰਾਡ, ਕ੍ਰੈਡਿਟ ਕਾਰਡ ਧੋਖਾਧੜੀ, ਈ-ਕਾਮਰਸ, ਫਰਜੀ ਪਛਾਣ ਪੱਤਰ ਬਨਾਉਣਾ, ਖਾਤੇ ਵਿੱਚੋਂ ਪੈਸੇ ਨਿਕਲਣਾ, ਫਰਜੀ ਮੋਬਾਇਲ ਸੰਪਰਕ, ਬਿਜਲੀ ਬਿੱਲ ਸਬੰਧੀ, ਆਧਾਰ ਕਾਰਡ ਅਪਡੇਟ ਕਰਨ ਸੰਬੰਧੀ ਆਦਿ ਅਨੇਕਾਂ ਘਟਨਾਵਾਂ ਸਾਇਬਰ ਠੱਗੀ ਦਾ ਕਾਰਨ ਬਣ ਗਿਆ ਹੈ। ਦੂਜੇ ਪਾਸੇ ਡਿਜੀਟਲ ਇੰਡੀਆ ਰਾਹੀਂ ਸਭ ਕੁੱਝ ਇੰਟਰਨੈੱਟ ਰਾਹੀਂ ਜੁੜ ਗਿਆ ਹੈ। ਲੈਣ-ਦੇਣ, ਬੈਂਕਿੰਗ ਪ੍ਰਣਾਲੀ ਇਸ ਦਾ ਮੁੱਖ ਹਿੱਸਾ ਹਨ, ਪਰ ਸਾਇਬਰ ਠੱਗੀ ਨੇ ਲੋਕਾਂ ਦੇ ਖਾਤੇ ਖਾਲੀ ਕਰ ਦਿੱਤੇ ਹਨ। ਹੁਣ ਨਕਦੀ ਦੇ ਨਾਲ ਨਾਲ ਸਾਈਬਰ ਠੱਗ ਇੰਟਰਨੈੱਟ ਡਾਟਾ ਵੀ ਚੋਰੀ ਕਰ ਰਹੇ ਹਨ। ਮੋਨਿਕਾ ਗਰਗ ਕੰਪਿਊਟਰ ਫੈਕਲਟੀ ਨੇ ਕਿਹਾ ਕਿ ਡਿਜੀਟਲ ਸੰਨ੍ਹਮਾਰੀ ਦੀ ਇੱਕ ਕਿਸਮ ਹੈ ਫਿਸਿੰਗ ਅਰਥਾਤ ਬੈਂਕਾਂ ਦੇ ਕ੍ਰੈਡਿਟ ਆਦਿ ਜਾਣਕਾਰੀ ਚੁਰਾ ਕੇ ਰਕਮ ਉਡਾ ਲੈਣੀ, ਦੂਜੀ ਕਿਸਮ ਹੈ ਰੈਸਮਵੇਅਰ ਯਾਨੀ ਫਿਰੌਤੀ। ਇਸ ਚ ਲੋਕਾਂ, ਕੰਪਨੀਆਂ ਅਦਾਰਿਆਂ ਦੇ ਕੰਪਿਊਟਰ ਨੈੱਟਵਰਕ ਤੋਂ ਸਾਇਬਰ ਹਮਲਾ ਕਰਕੇ ਆਪਣੇ ਕਬਜੇ ਵਿੱਚ ਕਰ ਲੈਣਾ, ਫਿਰ ਬਦਲੇ ਵਿੱਚ ਫਿਰੌਤੀ ਮੰਗਣਾ ਫਿਸਿੰਗ ਅਤੇ ਰੈਸਮਵੇਅਰ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ। ਅੱਜ ਹਰ ਦੂਸਰਾ ਆਦਮੀ ਸਾਈਬਰ ਠੱਗੀ ਦਾ ਸ਼ਿਕਾਰ ਹੋ ਰਿਹਾ ਹੈ। ਕੰਪਿਊਟਰ ਫੈਕਲਟੀ ਹਰਪ੍ਰੀਤ ਸਿੰਘ ਬਰਨਾਲਾ ਨੇ ਕਿਹਾ ਕਿ ਸਾਇਬਰ ਠੱਗ ਅਨੇਕਾਂ ਪ੍ਰਕਾਰ ਦੇ ਨਵੇਂ ਤਰੀਕੇ ਲੱਭ ਕੇ ਜਨਤਾ ਨਾਲ ਠੱਗੀ ਮਾਰ ਰਹੇ ਹਨ। ਵਿਦੇਸ਼ਾਂ ਤੋਂ ਰਿਸ਼ਤੇਦਾਰ ਬਣ ਕੇ, ਗੂਗਲ ਪੇ ਦੀ ਮੰਗ ਕਰਕੇ, ਜਨਤਾ ਦੇ ਖਾਤਿਆਂ ਤੱਕ ਸੇਧ ਲਾ ਰਹੇ ਹਨ। ਲੋਕਾਂ ਦਾ ਡਾਟਾ ਜਿਵੇਂ ਮੋਬਾਇਲ ਨੰਬਰ ਆਦਿ ਵੇਚਣ ਅਤੇ ਖਰੀਦਣ ਦਾ ਵਪਾਰ ਅਰਬਾਂ ਰੁਪਏ ਦੀ ਗੱਲ ਸੁਣਦੇ ਹਾਂ। ਕਈ ਵਾਰ ਹੈਰਾਨੀ ਹੁੰਦੀ ਹੈ ਜਦੋਂ ਕਿਸੇ ਕੰਪਨੀ ਆਦਿ ਦਾ ਫੋਨ ਆਉਂਦਾ ਹੈ ਕੀ ਇਹ ਉਤਪਾਦ ਲਵੋ ਜੀ ਇਹ ਸੇਵਾਵਾਂ ਪੇਸ਼ ਕਰ ਰਹੇ ਹਾਂ ਆਦਿ।

# ਡਿਪਟੀ ਮੈਡੀਕਲ ਕਮਿਸ਼ਨਰ ਨੇ ਸਰਕਾਰੀ ਹਸਪਤਾਲ ਭਦੌੜ ਦਾ ਦੌਰਾ ਕੀਤਾ



ਭਦੌੜ 10 ਮਾਰਚ (ਸੁਖਵਿੰਦਰ ਪਲਾਹਾ) ਐਮ ਡੀ ਪੀ ਐਚ ਐਸ ਸੀ ਦੀਆਂ ਹਦਾਇਤਾਂ ਅਨੁਸਾਰ ਸਿਵਿਲ ਸਰਜਨ ਬਰਨਾਲਾ ਡਾ: ਹਰੀਪਾਲ ਸਿੰਘ ਦੀ ਰਹਿਨੁਮਾਈ ਹੇਠ ਅੱਜ ਡਿਪਟੀ ਮੈਡੀਕਲ ਕਮਿਸ਼ਨਰ ਡਾ:ਗੁਰਮਿੰਦਰ ਕੌਰ ਔਜਲਾ ਨੇ ਸੀ ਐਚ ਸੀ ਭਦੌੜ ਦਾ ਅਚਨਚੇਤ ਦੌਰਾ ਕੀਤਾ। ਇਸ ਮੌਕੇ ਉਹਨਾਂ ਨੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ, ਓਟ ਕਲੀਨਿਕ ਦੀ ਚੈਕਿੰਗ, ਹਸਪਤਾਲ ਵਿੱਚ ਮੁਫਤ ਮਿਲ ਰਹੀਆਂ ਦਵਾਈਆਂ ਅਤੇ ਹੋਰ ਵੱਖ-ਵੱਖ ਸਿਹਤ ਸੁਵਿਧਾਵਾਂ ਦਾ ਜਾਇਜਾ ਲਿਆ ।ਇਸ ਮੌਕੇ ਉਹਨਾਂ ਨੇ ਸੀਨੀਅਰ ਮੈਡੀਕਲ ਅਫ਼ਸਰ ਡਾ: ਬਾਂਕੇ ਬਿਹਾਰੀ ਅਤੇ ਹਸਪਤਾਲ ਦੇ ਸਟਾਫ ਨਾਲ ਮੀਟਿੰਗ ਕਰਦਿਆਂ ਹਸਪਤਾਲ ਵਿਖੇ ਦਾਖਲ ਮਰੀਜ਼ਾਂ ਦਾ ਮੁੱਖ ਮੰਤਰੀ ਸਿਹਤ ਯੋਜਨਾ ਅਧੀਨ ਮੁਫ਼ਤ ਇਲਾਜ ਕਰਨਾ ਯਕੀਨੀ ਬਣਾਏ ਜਾਣ ਤੇ ਹਦਾਇਤਾਂ ਜਾਰੀ ਕੀਤੀਆਂ।ਇਸ ਮੌਕੇ ਉਹਨਾਂ ਨੇ ਇਹ ਵੀ ਕਿਹਾ ਕਿ ਲੋੜਵੰਦ ਅਤੇ ਯੋਗ ਵਰਗ ਨੂੰ ਮਿਲਣ ਵਾਲੀ ਸੁਵਿਧਾ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਵੱਧ ਤੋਂ ਵੱਧ ਕਾਰਡ ਬਣਾਏ ਜਾਣ ਅਤੇ ਇਸ ਯੋਜਨਾ ਸਬੰਧੀ ਆਮ ਲੋਕਾਂ ਨੂੰ ਜਾਗਰੂਕ ਕੀਤਾ ਜਾਵੇ। ਇਸ ਮੌਕੇ ਉਹਨਾਂ ਨੇ ਹਸਪਤਾਲ ਵਿੱਚ ਦਵਾਈਆਂ ਅਤੇ ਡਿਸਪੈਂਸਿੰਗ ਮੈਡੀਸਨ ਦੇ ਕੰਮ ਤੇ ਤਸੱਲੀ ਪ੍ਰਗਟ ਕੀਤੀ ਅਤੇ 108 ਐਂਬੂਲੈਂਸ ਦੀ ਚੈਕਿੰਗ ਕਰਨ ਉਪਰੰਤ ਉਹਨਾਂ ਨੇ ਕਲਸਟਰ ਲੀਡਰ ਨੂੰ ਹਦਾਇਤ ਕੀਤੀ ਕਿ ਐਂਬੂਲੈਂਸ ਦੀਆਂ ਘਾਟਾਂ ਨੂੰ ਇਕ ਹਫਤੇ ਦੇ ਅੰਦਰ ਅੰਦਰ ਦੂਰ ਕਰਕੇ ਬਿਹਤਰ ਸੁਵਿਧਾਵਾਂ ਨੂੰ ਯਕੀਨੀ ਬਣਾਇਆ ਜਾਵੇ। ਡਾਕਟਰ ਗੁਰਵਿੰਦਰ ਕੌਰ ਔਜਲਾ ਨੇ ਹਸਪਤਾਲ ਵਿਖੇ ਜਲਦ ਹੀ ਡਿਜੀਟਲ ਐਕਸ-ਰੇ ਮਸ਼ੀਨ ਨੂੰ ਇੰਸਟਾਲ ਕਰਨ ਦੀ ਹਿਦਾਇਤ ਵੀ ਕੀਤੀ ਅਤੇ ਦਰਜਾ ਚਾਰ ਕਰਮਚਾਰੀਆਂ ਨੂੰ ਹਸਪਤਾਲ ਦੀ ਸਾਫ਼ ਸਫ਼ਾਈ ਰੱਖਣ ਦੀਆਂ ਸਖਤ ਹਦਾਇਤਾਂ ਜਾਰੀ ਕੀਤੀਆਂ, ਇਸ ਤੋਂ ਇਲਾਵਾ ਈ ਟੀ ਪੀ ਪਲਾਂਟ ਦੀ ਚੈਕਿੰਗ ਕੀਤੀ ਗਈ ਅਤੇ ਪਾਇਆ ਗਿਆ ਕਿ ਈ ਟੀ ਪੀ ਪਲਾਂਟ ਨੂੰ ਪ੍ਰੋਪਰ ਮੇਨਟੇਨ ਕੀਤਾ ਜਾਵੇ। ਸੀਨੀਅਰ ਮੈਡੀਕਲ ਅਫਸਰ ਡਾਕਟਰ ਬਾਂਕੇ ਬਿਹਾਰੀ ਨੇ ਡਾ: ਗੁਰਮਿੰਦਰ ਕੌਰ ਔਜਲਾ ਨੂੰ ਲੋਕ ਹਿੱਤ ਵਿੱਚ ਲਗਾਤਾਰ ਹੋ ਰਹੇ ਕੰਮਾਂ ਨੂੰ ਹੋਰ ਵੀ ਬਿਹਤਰ ਕਰਨ ਦਾ ਪੂਰਨ ਵਿਸ਼ਵਾਸ ਦਵਾਇਆ।

# ਵਾਈ.ਐਸ. ਪਬਲਿਕ ਸਕੂਲ ਦੀ ਵਿਦਿਆਰਥਣ ਨੇ ਇੰਟਰਨੈਸ਼ਨਲ ਸਾਇੰਸ ਓਲੰਪਿਆਡ ਵਿੱਚ ਕੀਤਾ ਸ਼ਾਨਦਾਰ ਪ੍ਰਦਰਸ਼ਨ

ਬਰਨਾਲਾ, 10 ਮਾਰਚ ( ਹਮੀਰ ਸਿੰਘ )ਅਕਾਦਮਿਕ ਉਤਮਤਾ ਦੀ ਆਪਣੀ ਪਰੰਪਰਾ ਨੂੰ ਜਾਰੀ ਰੱਖਦਿਆਂ ਵਾਈਐਸ ਪਬਲਿਕ ਸਕੂਲ, ਜਿਸ ਨੂੰ ਭਾਰਤ ਦੇ ਟਾਪ 50 ਸਕੂਲਾਂ ਵਿੱਚ ਮਾਨਤਾ ਮਿਲੀ ਹੋਈ ਹੈ, ਨੇ ਇੱਕ ਵਾਰ ਫਿਰ ਸੰਸਥਾ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਜਮਾਤ 9ਵੀਂ ਦੀ ਹੋਣਹਾਰ ਵਿਦਿਆਰਥਣ ਅਸ਼ਮੀਤ ਕੌਰ ਨੇ ਨੈਸ਼ਨਲ ਸਾਇੰਸ ਓਲੰਪਿਆਡ (ਐਨਐਸਓ) ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਇੰਟਰਨੈਸ਼ਨਲ ਰੈਂਕ 407 ਅਤੇ 95+ ਪਰਸੈਂਟਾਈਲ ਪ੍ਰਾਪਤ ਕੀਤਾ ਹੈ। ਇਹ ਵਿਸ਼ੇਸ਼ ਉਪਲਬਧੀ ਵਾਈਐਸ ਪਬਲਿਕ ਸਕੂਲ ਵਿੱਚ ਮੌਜੂਦ ਮਜ਼ਬੂਤ ਅਕਾਦਮਿਕ ਵਾਤਾਵਰਣ ਅਤੇ ਉਤਮਤਾ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਸਕੂਲ ਵਿੱਚ ਪ੍ਰੈਕਟੀਕਲ ਲਰਨਿੰਗ ਅਤੇ ਕਾਂਸੈਪਟ-ਬੇਸਡ ਐਜੂਕੇਸ਼ਨ 'ਤੇ ਖਾਸ ਜ਼ੋਰ ਦਿੱਤਾ ਜਾਂਦਾ ਹੈ, ਜਿਸ ਨਾਲ ਵਿਦਿਆਰਥੀਆਂ ਨੂੰ ਕਿਤਾਬਾਂ ਤੋਂ ਇਲਾਵਾ ਵਿਸ਼ਿਆਂ ਨੂੰ ਗਹਿਰਾਈ ਨਾਲ ਸਮਝਣ, ਨਵੇਂ ਵਿਚਾਰਾਂ ਦੀ ਖੋਜ ਕਰਨ ਅਤੇ ਨਵੀਨਤਾ ਲਈ ਪ੍ਰੇਰਿਤ ਕੀਤਾ ਜਾਂਦਾ ਹੈ।

# ਲੰਬਾ ਸਮਾਂ ਸ਼ਹਿਰ 'ਚ ਰਹਿਣ ਦੇ ਬਾਵਜੂਦ ਨਹੀਂ ਛੱਡਿਆ ਪੇਂਡੂ ਸੱਭਿਆਚਾਰ



ਬਰਨਾਲਾ 10 ਮਾਰਚ (ਸੁਖਵਿੰਦਰ ਸਿੰਘ ਭੰਡਾਰੀ)ਵਿਗਿਆਨਿਕ ਤਰੱਕੀ ਅਤੇ ਪਦਾਰਥਵਾਦੀ ਦੌੜ ਕਾਰਨ ਸ਼ਹਿਰੀ ਸਹੂਲਤਾਂ ਹਾਸਲ ਕਰਨ ਦੇ ਲਈ ਪਿੰਡਾਂ ਚੋਂ ਲੋਕ ਸ਼ਹਿਰਾਂ ਚ ਆ ਕੇ ਵਸ ਰਹੇ ਹਨ। ਪ੍ਰੰਤੂ ਸ਼ਹਿਰਾਂ ਚ ਲੰਬਾ ਸਮਾਂ ਬੀਤਣ ਤੋਂ ਬਾਅਦ ਵੀ ਬਹੁਤ ਲੋਕ ਆਪਣਾ ਪੇਂਡੂ ਪਿਛੋਕੜ, ਸੱਭਿਆਚਾਰ ਅਤੇ ਮਾਹੌਲ ਨੂੰ ਸਾਂਭੀ ਬੈਠੇ ਹਨ। ਕੇ ਸੀ ਰੋਡ ਬਰਨਾਲਾ ਵਿਖੇ ਸਭ ਤੋਂ ਪੁਰਾਣੀ ਕ੍ਰਿਸ਼ਨਾ ਗਲੀ ਦੇ ਵਾਸੀ ਅਜੇ ਵੀ ਸ਼ਹਿਰਾਂ ਚ ਲੰਬਾ ਸਮਾਂ ਰਹਿਣ ਦੇ ਬਾਵਜੂਦ ਵੀ ਪੇਂਡੂ ਸੱਭਿਆਚਾਰ ਸਮੋਈ ਬੈਠੇ ਹਨ। ਅਨੇਕਾਂ ਘਰਾਂ ਨੇ ਸਾਂਝਾ ਤੰਦੂਰ ਸਥਾਪਿਤ ਕੀਤਾ ਹੋਇਆ ਜਿੱਥੇ ਕਿ ਸਾਰੇ ਘਰਾਂ ਦੀਆਂ ਔਰਤਾਂ ਤੰਦੂਰ ਤੇ ਰੋਟੀ ਪਕਾਉਂਦੀਆਂ ਹਨ। ਸਾਰੇ ਪਰਿਵਾਰ ਹਰ ਤਿਓਹਾਰ ਨੂੰ ਪਿੰਡਾਂ ਵਾਂਗ ਸਾਂਝੀਵਾਲਤਾ ਦਾ ਸੰਦੇਸ਼ ਦਿੰਦਿਆਂ ਮਿਲ ਜੁਲ ਕੇ ਮਨਾਉਂਦੇ ਹਨ। ਔਰਤਾਂ ਤੇ ਕੁੜੀਆਂ ਹੱਥੀ ਕੰਮ ਕਰਨ ਨੂੰ ਤਰਜੀਹ ਦਿੰਦੀਆਂ ਹਨ। ਸਾਰੇ ਘਰਾਂ ਦੀ ਰੋਟੀ ਅਤੇ ਬੇਟੀ ਦੀ ਸਾਂਝ ਹੈ। ਮੁਹੱਲੇ ਚ ਬੂਟੇ ਵੀ ਲਾ ਰੱਖੇ ਹਨ। ਨਵ ਜੰਮੀਆ ਧੀਆਂ ਦੀ ਲੋਹੜੀ, ਹੋਲੀ, ਰਾਮ ਨੌਵੀਂ ,ਦੁਸ਼ਹਿਰਾ, ਦੀਵਾਲੀ, ਗੁਰਪੁਰਬ, ਕਰਵਾ ਚੌਥ ਆਦਿ ਸਾਰੇ ਹੀ ਤਿਉਹਾਰ ਮਿਲ ਜੁਲ ਕੇ ਮਨਾਉਣ ਤੋਂ ਇਲਾਵਾ ਹਰ ਸ਼ੋਭਾ ਯਾਤਰਾ ਤੇ ਨਗਰ ਕੀਰਤਨ ਚ ਸ਼ਾਮਿਲ ਲੋਕਾਂ ਦੀ ਫੁੱਲ ਪੱਤੀਆਂ ਦੀ ਵਰਖਾ ਕਰਕੇ, ਚਾਹ ਪਾਣੀ, ਬਿਸਕਿਟ ਜਾਂ ਲੱਡੂਆਂ ਦੇ ਨਾਲ ਸੇਵਾ ਕੀਤੀ ਜਾਂਦੀ ਹੈ। ਪਿੰਡ ਮਹਿਲ ਕਲਾਂ ਦੀ ਜੰਮਪਲ ਪ੍ਰਧਾਨ ਵੀਰਪਾਲ ਕੌਰ ਔਰਤਾਂ ਨੂੰ ਏਕੇ ਦੀ ਲੜੀ ਚ ਪਰੋ ਕੇ ਰੱਖਦੀ ਹੈ। ਸਾਰੇ ਘਰ ਮਿਲਵਰਤਨ, ਸਾਂਝੀਵਾਲਤਾ,ਇੱਕ ਦੂਜੇ ਦੇ ਦੁੱਖ ਸੁੱਖ ਚ ਕੰਮ ਆਉਂਦੇ ਹਨ । ਕੋਈ ਜਾਤਪਾਤ ਜਾਂ ਊਚਨੀਚ ਦੇਖਣ ਨੂੰ ਬਿਲਕੁਲ ਵੀ ਨਹੀਂ ਮਿਲਦੀ। ਸਭੈ ਸਾਂਝੀਵਾਲ ਸਦਾਇਣ ਕੋਈ ਨਾ ਦਿੱਸੈ ਬਾਹਰਾ ਜੀਉ ਅਨੁਸਾਰ ਸਾਰੇ ਪਰਿਵਾਰ ਸਮਾਜਿਕ ਬਰਾਬਰੀ ਨਾਲ ਰਹਿੰਦੇ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਪਰਮਾਤਮਾ ਇਸ ਤਰ੍ਹਾਂ ਹੀ ਸਭ ਤੇ ਮਿਹਰ ਭਰਿਆ ਹੱਥ ਰੱਖੇ ਤੇ ਸਾਰੇ ਸਾਰੇ ਘਰ ਅਤੇ ਵਸ਼ਿੰਦੇ ਏਕਤਾ, ਭਾਈਚਾਰਕ ਸਾਂਝ ਅਤੇ ਸਮਰਾਸਤਾ ਦੇ ਗੁਲਦਸਤੇ ਵਾਂਗ ਹਮੇਸ਼ਾ ਖਿੜੇ ਰਹਿਣ । ਹੁਣ ਸਾਰੇ ਰਲ ਮਿਲ ਕੇ 21 ਮਾਰਚ ਅਤੇ 22 ਮਾਰਚ ਨੂੰ ਆਨੰਦਪੁਰ ਸਾਹਿਬ ਅਤੇ ਸ੍ਰੀ ਨੈਣਾ ਦੇਵੀ ਦੀ 2 ਰੋਜਾ ਧਾਰਮਿਕ ਯਾਤਰਾ ਤੇ ਜਾ ਰਹੇ ਹਨ। ਪ੍ਰਧਾਨ ਵੀਰਪਾਲ ਕੌਰ, ਬਲਜਿੰਦਰ ਕੌਰ, ਜਸਮੇਲ ਕੌਰ, ਰਾਧਿਕਾ ਰਾਣੀ, ਰਜਨੀ ਰਾਣੀ, ਪਾਲੋ ਕੌਰ, ਰਮਨਦੀਪ ਕੌਰ, ਸਿੰਪਲ ਜੱਗਾ , ਸੋਮਾ ਭੰਡਾਰੀ, ਜਸਪ੍ਰੀਤ ਕੌਰ, ਹੈਪੀ ਸਿੰਘ, ਗੋਰਾ ਸਿੰਘ, ਕ੍ਰਿਸ਼ਨਾ ਰਾਣੀ, ਨਿਸ਼ੂ ਸ਼ਰਮਾ, ਮੀਨਾ ਭਗਰੀਆ, ਬਲਵੀਰ ਸਿੰਘ ਆੜਤੀਆ, ਦਰਸ਼ਨ ਸਿੰਘ, ਪਰਮਜੀਤ ਸ਼ਰਮਾ, ਸੁਖਵਿੰਦਰ ਸਿੰਘ ਭੰਡਾਰੀ, ਵਿਕਾਸ ਭੰਡਾਰੀ, ਜੀਨਲ ਭੰਡਾਰੀ, ਸੰਜੀਵ ਮਕੈਨਿਕ, ਰਾਕੇਸ਼ ਗਰਗ ਆਦਿ ਹਾਜ਼ਰ ਸਨ।

# ਮੂਣਕ ਰੈਲੀ ਸਬੰਧੀ ਅਕਾਲੀ ਵਰਕਰਾਂ ਵਿੱਚ ਭਾਰੀ ਉਤਸ਼ਾਹ : ਖੰਡੇਬਾਦ

ਲਹਿਰਾਗਾਗਾ 10 ਮਾਰਚ (ਗੁਰਦੀਪ ਸਿੰਘ) : ਸ਼੍ਰੋਮਣੀ ਅਕਾਲੀ ਦਲ ਵੱਲੋਂ 24 ਮਾਰਚ ਨੂੰ ਹਲਕਾ ਲਹਿਰਾ ਦੇ ਕਸਬਾ ਮੂਣਕ ਵਿਖੇ ਕੀਤੀ ਜਾਣ ਵਾਲੀ (ਪੰਜਾਬ ਬਚਾਓ) ਰੈਲੀ ਨੂੰ ਲੈ ਕੇ ਹਲਕੇ ਦੇ ਵਰਕਰਾਂ ਤੇ ਲੋਕਾਂ ਵਿੱਚ ਭਾਰੀ ਉਤਸਾਹ ਪਾਇਆ ਜਾ ਰਿਹਾ ਹੈ ,ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਐਡਵੋਕੇਟ ਗਗਨਦੀਪ ਸਿੰਘ ਖੰਡੇਬਾਦ ਹਲਕਾ ਇੰਚਾਰਜ ਲਹਿਰਾ ਨੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਹੋਇਆਂ ਕੀਤਾ ,ਉਹਨਾਂ ਕਿਹਾ ਕਿ ਪਾਰਟੀ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸੂਬੇ ਭਰ ਵਿੱਚ ਚੱਲ ਰਹੀਆਂ ਰੈਲੀਆਂ ਦਾ ਮੁੱਖ ਮਕਸਦ ਪੰਜਾਬ ਨੂੰ ਮੁੜ ਲੀਹਾਂ ਤੇ ਲਿਆ ਕੇ ਸੂਬੇ ਦੇ ਹਾਲਾਤਾਂ ਤੋਂ ਲੋਕਾਂ ਨੂੰ ਜਾਗਰੂਕ ਕਰਨਾ ਹੈ, ਉਹਨਾਂ ਕਿਹਾ ਕਿ ਪਿਛਲੇ ਦਿਨੀ ਰੈਲੀ ਸਬੰਧੀ ਮੂਣਕ ਵਿਖੇ ਜੋ ਮੀਟਿੰਗ ਕੀਤੀ ਸੀ ਉਸ ਵਿੱਚ ਹਲਕੇ ਦੇ ਨੌਜਵਾਨਾਂ ਨੇ ਬਹੁਤ ਭਾਰੀ ਗਿਣਤੀ ਵਿੱਚ ਆਪ ਮੁਹਾਰੇ ਪਹੁੰਚ ਕੇ ਮੀਟਿੰਗ ਨੂੰ ਰੈਲੀ ਦਾ ਰੂਪ ਦੇ ਦਿੱਤਾ ਸੀ, ਉਹਨਾਂ ਹਲਕੇ ਦੇ ਵਰਕਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ 24 ਮਾਰਚ ਨੂੰ ਹੋਣ ਵਾਲੀ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਿਲ ਹੋ ਕੇ ਇਸ ਰੈਲੀ ਨੂੰ ਇਤਿਹਾਸਿਕ ਬਣਾਉਣ ਵਿੱਚ ਵਿਸ਼ੇਸ਼ ਯੋਗਦਾਨ ਪਾਉਣ ,ਉਹਨਾਂ ਕਿਹਾ ਕਿ ਸੁਖਵੀਰ ਸਿੰਘ ਬਾਦਲ ਵਲੋਂ ਪੰਜਾਬ ਵਿੱਚ ਕੀਤੀਆਂ ਜਾ ਰਹੀਆਂ ਇਹ ਰੈਲੀਆਂ 2027 ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ ਦਾ ਮੁੱਢ ਬੰਨਣਗੀਆਂ

# ਹਲਕਾ ਰਾਮਪੁਰਾ ਫੂਲ ਵਿੱਚ ਉਦਮੀ ਮਹਿਲਾਵਾਂ ਦੇ ਸਨਮਾਨ ਸਮਾਰੋਹ ਦੌਰਾਨ ਔਰਤਾਂ ਦਾ ਭਾਰੀ ਇਕੱਠ

ਬਠਿੰਡਾ, 10 ਮਾਰਚ (ਜਗਸੀਰ ਭੁੱਲਰ): ਹਲਕਾ ਰਾਮਪੁਰਾ ਫੂਲ ਵਿੱਚ



ਸੈਲਫ ਹੈਲਪ ਗਰੁੱਪਾਂ ਨਾਲ ਜੁੜੀਆਂ ਉਦਮੀ ਮਹਿਲਾਵਾਂ ਦੇ ਸਨਮਾਨ ਲਈ ਸ਼ਾਂਤੀ ਹਾਲ, ਰਾਮ ਬਾਗ ਵਿਖੇ ਕਰਵਾਏ ਗਏ ਵਿਸ਼ੇਸ਼ ਸਮਾਰੋਹ ਦੌਰਾਨ ਹਲਕੇ ਦੀਆਂ ਮਾਂਵਾਂ, ਧੀਆਂ ਅਤੇ ਭੈਣਾਂ ਦਾ ਵੱਡਾ ਇਕੱਠ ਦੇਖਣ ਨੂੰ ਮਿਲਿਆ। ਸਮਾਰੋਹ ਵਿੱਚ ਇੰਨੀ ਵੱਡੀ ਗਿਣਤੀ ਵਿੱਚ ਔਰਤਾਂ ਪਹੁੰਚੀਆਂ ਕਿ ਕੁਰਸੀਆਂ ਵੀ ਘੱਟ ਪੈ ਗਈਆਂ ਅਤੇ ਪੂਰਾ ਪੰਡਾਲ ਜੋਸ਼ ਅਤੇ ਉਤਸ਼ਾਹ ਨਾਲ ਗੂੰਜ ਉਠਿਆ। ਪੰਜਾਬ ਸਰਕਾਰ ਵੱਲੋਂ ਜਨਰਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਮਹੀਨਾ ਅਤੇ ਐਸ.ਸੀ. ਵਰਗ ਦੀਆਂ ਔਰਤਾਂ ਨੂੰ 1500 ਰੁਪਏ ਮਹੀਨਾ ਸਨਮਾਨਿਤ ਰਾਸ਼ੀ ਦੇ ਐਲਾਨ ਤੋਂ ਬਾਅਦ ਹਲਕੇ ਦੀਆਂ ਔਰਤਾਂ ਵਿੱਚ ਖਾਸ ਉਤਸ਼ਾਹ ਅਤੇ ਜੋਸ਼ ਦਿਖਾਈ ਦਿੱਤਾ। ਇਸ ਮੌਕੇ ਔਰਤਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਹਲਕਾ ਵਿਧਾਇਕ ਬਲਕਾਰ ਸਿੰਘ ਸਿੱਧੂ ਦੇ ਹੱਕ ਵਿੱਚ ਗੂੰਜਦਾਰ ਨਾਅਰੇ ਲਗਾ ਕੇ ਸਮਾਗਮ ਨੂੰ ਹੋਰ ਵੀ ਜੋਸ਼ੀਲਾ ਬਣਾ ਦਿੱਤਾ।

ਇਸ ਮੌਕੇ ਸੰਬੋਧਨ ਕਰਦਿਆਂ ਹਲਕਾ ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕ ਪੱਖੀ ਸਰਕਾਰ ਹੈ, ਜਿਸ ਨੇ ਆਪਣੇ ਕੀਤੇ ਵਾਅਦੇ ਪੂਰੇ ਕੀਤੇ ਹਨ। ਉਨ੍ਹਾਂ ਆਪਣੇ ਸੰਬੋਧਨ ਦੌਰਾਨ ਪਿਓ-ਧੀ, ਭੈਣ-ਭਰਾ ਅਤੇ ਮਾਂ ਦੇ ਰਿਸ਼ਤੇ ਨਾਲ ਜੁੜੀਆਂ ਭਾਵਨਾਵਾਂ ਅਤੇ ਪਿਆਰ ਦੀਆਂ ਗੱਲਾਂ ਸਾਂਝੀਆਂ ਕਰਦਿਆਂ ਪੰਡਾਲ ਵਿੱਚ ਮੌਜੂਦ ਔਰਤਾਂ ਨੂੰ ਭਾਵੁਕ ਕਰ ਦਿੱਤਾ। ਪੰਡਾਲ ਵਿੱਚ ਬੈਠੀਆਂ ਹਜ਼ਾਰਾਂ ਔਰਤਾਂ ਨੇ ਉਨ੍ਹਾਂ ਦੀ ਹਰ ਗੱਲ ਨੂੰ ਧਿਆਨ ਨਾਲ ਸੁਣਿਆ ਤੇ ਤਾਲੀਆਂ ਨਾਲ ਸਮਰਥਨ ਦਿੱਤਾ। ਸਮਾਗਮ ਦਾ ਮੰਚ ਸੰਚਾਲਨ ਹਲਕਾ ਸਿੱਖਿਆ ਕੋਆਰਡੀਨੇਟਰ ਹਰਪ੍ਰੀਤ ਹੈਪੀ ਨੇ ਕੀਤਾ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹਮੇਸ਼ਾ ਔਰਤਾਂ ਨੂੰ ਸਵੈ-ਨਿਰਭਰ ਬਣਾਉਣ ਲਈ ਕਮਰਕੱਸ ਹੈ ਅਤੇ ਇਹ ਸਰਕਾਰ ਲੋਕਾਂ ਦੀਆਂ ਭਾਵਨਾਵਾਂ ਦੀ ਕਦਰ ਕਰਨ ਵਾਲੀ ਸਰਕਾਰ ਹੈ।

ਇਸ ਮੌਕੇ ਨਗਰ ਕੌਂਸਲ ਦੀ ਪ੍ਰਧਾਨ ਕਿਰਨਦੀਪ ਕੌਰ ਬਰਾੜ ਅਤੇ ਸੀਨੀਅਰ ਆਪ ਆਗੂ ਰੌਬੀ ਬਰਾੜ ਨੇ ਮੁੱਖ ਮਹਿਮਾਨ ਬਲਕਾਰ ਸਿੰਘ ਸਿੱਧੂ ਦਾ ਸਵਾਗਤ ਕਰਦਿਆਂ ਸਮਾਗਮ ਵਿੱਚ ਪਹੁੰਚੀਆਂ ਹਜ਼ਾਰਾਂ ਉਦਮੀ ਮਹਿਲਾਵਾਂ ਦਾ ਧੰਨਵਾਦ ਕੀਤਾ ਅਤੇ ਸਰਕਾਰ ਨੂੰ ਹੋਰ ਮਜ਼ਬੂਤ ਕਰਨ ਦੀ ਅਪੀਲ ਕੀਤੀ। ਇਸ ਦੌਰਾਨ ਰਾਜਾ ਹਮੀਰਗੜ੍ਹ ਅਤੇ ਮਨਹੀਰ ਗੋਚਾ ਵੱਲੋਂ ਲਗਾਏ ਗਏ ਗੂੰਜਦਾਰ ਨਾਅਰਿਆਂ ਨਾਲ ਪੰਡਾਲ ਦਾ ਮਾਹੌਲ ਹੋਰ ਵੀ ਜੋਸ਼ੀਲਾ ਹੋ ਗਿਆ।

ਇਸ ਮੌਕੇ ਬੀਡੀਪੀਓ ਧਰਮਪਾਲ ਸ਼ਰਮਾ, ਸੁਨੀਤਾ ਰਾਣੀ ਹਲਕਾ ਕੋਆਰਡੀਨੇਟਰ ਮਹਿਲਾ ਵਿੰਗ,ਟਰੱਕ ਯੂਨੀਅਨ ਦੇ ਪ੍ਰਧਾਨ ਸ਼ੇਰ ਬਹਾਦਰ ਸਿੰਘ, ਮਾਰਕੀਟ ਕਮੇਟੀ ਦੇ ਚੇਅਰਮੈਨ ਦਰਸ਼ਨ ਸੋਹੀ, ਭਗਤਾ ਦੇ ਚੇਅਰਮੈਨ ਬੇਅੰਤ ਧਾਲੀਵਾਲ, ਪੂਜਾ ਰਾਣੀ ਪ੍ਰੋਗਰਾਮ ਮੈਨੇਜਰ ਸਮੇਤ ਸਮੂਹ ਐਮ ਸੀ ਸਹਿਬਾਨ ਨਗਰ ਕੌਂਸਲ ਰਾਮਪੁਰਾ ਤੋਂ ਇਲਾਵਾ ਵੱਖ-ਵੱਖ ਪਿੰਡਾਂ ਦੇ ਪੰਚ, ਸਰਪੰਚ ਅਤੇ ਬਲਾਕ ਪ੍ਰਧਾਨ ਵੀ ਮੌਜੂਦ ਸਨ।ਸਮਾਰੋਹ ਦੌਰਾਨ ਹਲਕੇ ਦੀਆਂ ਸੈਂਕੜੇ ਉਦਮੀ ਮਹਿਲਾਵਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।

# ਅਪਾਹਜ ਹੋਣ ਦਾ ਨਾਟਕ ਕਰਕੇ ਦਿੰਦਾ ਸੀ ਲੁੱਟ ਦੀਆਂ ਵਾਰਦਾਤਾਂ ਨੂੰ ਅੰਜਾਮ

ਬਠਿੰਡਾ, 10 ਮਾਰਚ (ਦੀਪਕ ਸ਼ਰਮਾ): ਕਹਿੰਦੇ ਹਨ ਕਿ ਜੁਰਮ ਕਰਨ ਵਾਲਾ ਕਿੰਨਾ ਵੀ ਸ਼ਾਤਰ ਕਿਉਂ ਨਾ ਹੋਵੇ, ਕਾਨੂੰਨ ਦੇ ਹੱਥ ਉਸ ਤੱਕ ਪਹੁੰਚ ਹੀ ਜਾਂਦੇ ਹਨ। ਬਠਿੰਡਾ ਪੁਲਿਸ ਨੇ ਇੱਕ ਅਜਿਹੇ ਅਨੋਖੇ ਚੋਰ ਨੂੰ ਗ੍ਰਿਫਤਾਰ ਕਰਨ 'ਚ ਸਫਲਤਾ ਹਾਸਲ ਕੀਤੀ ਹੈ, ਜਿਸ ਨੂੰ ਵੇਖ ਕੇ ਕੋਈ ਅੰਦਾਜ਼ਾ ਵੀ ਨਹੀਂ ਲਗਾ ਸਕਦਾ ਸੀ ਕਿ ਉਹ ਚੋਰੀ ਦੀਆਂ ਵਾਰਦਾਤਾਂ ਦਾ ਮਾਸਟਰਮਾਈਂਡ ਹੋ ਸਕਦਾ ਹੈ। ਇਹ ਮੁਲਜ਼ਮ ਦੋਵੇਂ ਲੱਤਾਂ ਤੋਂ ਅਪਾਹਜ ਹੈ ਤੇ ਵ੍ਹੀਲਚੇਅਰ ਦੀ ਵਰਤੋਂ ਕਰਦਾ ਹੈ, ਪਰ ਇਸ ਨੇ ਆਪਣੀ ਕਾਰ ਵਿੱਚ ਅਜਿਹਾ 'ਜੁਗਾੜ' ਫਿੱਟ ਕੀਤਾ ਹੋਇਆ ਸੀ ਕਿ ਉਹ ਹੱਥਾਂ ਨਾਲ ਹੀ ਗਿਅਰ ਤੇ ਰੇਸ ਕੰਟਰੋਲ ਕਰਕੇ ਵਾਰਦਾਤਾਂ ਨੂੰ ਅੰਜਾਮ ਦਿੰਦਾ ਸੀ। ਮਾਮਲਾ ਮਾਡਲ ਟਾਊਨ ਫੇਜ਼-1 ਤੋਂ ਸ਼ੁਰੂ ਹੋਇਆ, ਜਿੱਥੋਂ ਹਰਜਿੰਦਰ ਸਿੰਘ ਨਾਮੀ ਵਿਅਕਤੀ ਦਾ ਆਟੋ ਉਸ ਦੇ ਘਰ ਦੇ ਬਾਹਰੋਂ ਚੋਰੀ ਹੋ ਗਿਆ ਸੀ। ਥਾਣਾ ਸਿਵਲ ਲਾਈਨ ਦੇ ਐਸ.ਐਚ.ਓ. ਰਵਿੰਦਰ ਸਿੰਘ ਨੇ ਦੱਸਿਆ ਕਿ ਜਦੋਂ ਪੁਲਿਸ ਨੇ ਇਲਾਕੇ ਦੀ ਸੀਸੀਟੀਵੀ ਫੁਟੇਜ ਖੰਗਾਲੀ ਤਾਂ ਹੈਰਾਨੀਜਨਕ ਮੰਜ਼ਰ ਸਾਹਮਣੇ ਆਇਆ। ਫੁਟੇਜ ਵਿੱਚ ਦਿਖਿਆ ਕਿ ਇੱਕ ਕਾਰ ਦੇ ਪਿੱਛੇ ਹੁੱਕ ਲਗਾ ਕੇ ਆਟੋ ਨੂੰ ਬੜੀ ਬੇਖ਼ੌਫ਼ੀ ਨਾਲ ਖਿੱਚ ਕੇ ਲਿਜਾਇਆ ਜਾ ਰਿਹਾ ਸੀ। ਇਸੇ ਸੁਰਾਗ ਦੇ ਆਧਾਰ 'ਤੇ ਪੁਲਿਸ ਨੇ ਗੋਨਿਆਣਾ ਮੰਡੀ ਤੋਂ ਮੁਲਜ਼ਮ ਨੂੰ ਦਬੋਚ ਲਿਆ।



ਪੁਲਿਸ ਪੁੱਛਗਿੱਛ ਦੌਰਾਨ ਸਾਹਮਣੇ ਆਇਆ ਕਿ ਫੜਿਆ ਗਿਆ ਨੌਜਵਾਨ ਕੋਈ ਨਵਾਂ ਅਪਰਾਧੀ ਨਹੀਂ ਹੈ। ਉਸ ਦੇ ਖ਼ਿਲਾਫ਼ ਪਹਿਲਾਂ ਵੀ ਨਸ਼ਾ ਤਸਕਰੀ ਦੇ ਤਿੰਨ ਮਾਮਲੇ ਦਰਜ ਹਨ। ਮੁਲਜ਼ਮ ਨੇ ਆਪਣੀ ਕਾਰ ਨੂੰ ਅਪਾਹਜ ਹੋਣ ਦੇ ਬਾਵਜੂਦ ਖੁਦ ਚਲਾਉਣ ਲਈ ਵਿਸ਼ੇਸ਼ ਤੌਰ 'ਤੇ ਮੌਡੀਫਾਈ ਕੀਤਾ ਹੋਇਆ ਸੀ। ਵਾਰਦਾਤ ਵੇਲੇ ਉਹ ਖੁਦ ਡਰਾਈਵਿੰਗ ਸੀਟ 'ਤੇ ਹੁੰਦਾ ਸੀ ਤੇ ਉਸ ਦੇ ਸਾਥੀ ਆਟੋ ਨੂੰ ਕਾਰ ਨਾਲ ਜੋੜਨ ਵਿੱਚ ਮਦਦ ਕਰਦੇ ਸਨ। ਪੁਲਿਸ ਮੁਤਾਬਕ ਇਸ ਵਾਰਦਾਤ ਵਿੱਚ ਦੋ ਹੋਰ ਨੌਜਵਾਨ ਵੀ ਸ਼ਾਮਲ ਸਨ, ਜੋ ਫਿਲਹਾਲ ਫਰਾਰ ਦੱਸੇ ਜਾ ਰਹੇ ਹਨ। ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਮੁਲਜ਼ਮ ਤੋਂ ਸਖ਼ਤੀ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਉਸ ਨੇ ਹੁਣ ਤੱਕ ਹੋਰ ਕਿੰਨੀਆਂ ਚੋਰੀਆਂ ਕੀਤੀਆਂ ਹਨ। ਪੁਲਿਸ ਦਾ ਦਾਅਵਾ ਹੈ ਕਿ ਬਾਕੀ ਫਰਾਰ ਮੁਲਜ਼ਮਾਂ ਨੂੰ ਵੀ ਜਲਦ ਹੀ ਸਲਾਖਾਂ ਪਿੱਛੇ ਡੱਕ ਦਿੱਤਾ ਜਾਵੇਗਾ।

# ਬਲਕਾਰ ਸਿੱਧੂ ਵੱਲੋਂ ਸੈਲਫ ਹੈਲਪ ਗਰੁੱਪਾਂ ਨਾਲ ਜੁੜੀਆਂ ਉੱਦਮੀ ਮਹਿਲਾਵਾਂ ਦਾ ਸਨਮਾਨ

ਰਾਮਪੁਰਾ ਫੂਲ, 10 ਮਾਰਚ (ਮਨਪ੍ਰੀਤ ਮਿੰਟੂ) ਹਲਕੇ ਦੀਆਂ ਸੈਲਫ ਹੈਲਪ ਗਰੁੱਪਾਂ ਨਾਲ ਜੁੜੀਆਂ ਉੱਦਮੀ ਮਹਿਲਾਵਾਂ ਨੂੰ ਸਥਾਨਕ ਸ਼ਾਂਤੀ ਹਾਲ ਵਿਖੇ ਇੱਕ ਸਮਾਰੋਹ ਦੌਰਾਨ ਵਿਸ਼ੇਸ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਹਲਕਾ ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਕਿਹਾ ਕਿ ਆਮ ਆਦਮੀ



ਪਾਰਟੀ ਦੀ ਸਰਕਾਰ ਲੋਕ ਪੱਖੀ ਸਰਕਾਰ ਹੈ, ਜਿਸ ਨੇ ਆਪਣੇ ਕੀਤੇ ਵਾਅਦੇ ਪੂਰੇ ਕੀਤੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸਿਹਤ ਬੀਮਾ ਯੋਜਨਾਵਾਂ, ਨਹਿਰੀ ਪਾਣੀ ਦੀ ਸੁਧਾਰਿਤ ਸਪਲਾਈ, ਸਿੱਖਿਆ ਖੇਤਰ ਵਿੱਚ ਇਤਿਹਾਸਕ ਸੁਧਾਰ, ਘਰਾਂ ਲਈ 300 ਯੂਨਿਟ ਮੁਫ਼ਤ ਬਿਜਲੀ, ਮਹਿਲਾਵਾਂ ਲਈ ਮੁਫ਼ਤ ਬੱਸ ਸੇਵਾ ਅਤੇ ਹਲਕੇ ਵਿੱਚ ਸੜਕਾਂ, ਗਲੀਆਂ ਅਤੇ ਵੱਡੇ ਸੀਵਰੇਜ ਪ੍ਰੋਜੈਕਟਾਂ ਰਾਹੀਂ ਵਿਕਾਸ ਦੇ ਕੰਮ ਕਰਵਾਏ ਗਏ ਹਨ। ਸਮਾਗਮ ਦਾ ਮੰਚ ਸੰਚਾਲਨ ਹਲਕਾ ਸਿੱਖਿਆ ਕੋਆਰਡੀਨੇਟਰ ਹਰਪ੍ਰੀਤ ਹੈਪੀ ਨੇ ਕੀਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹਮੇਸ਼ਾ ਔਰਤਾਂ ਨੂੰ ਸਵੈ-ਨਿਰਭਰ ਬਣਾਉਣ ਲਈ ਤਤਪਰ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕ ਇਸ ਸਰਕਾਰ ਨੂੰ ਦੁਬਾਰਾ ਰੀਪੀਟ ਕਰਨ ਲਈ ਉਤਸੁਕ ਹਨ। ਇਸ ਮੌਕੇ ਨਗਰ ਕੌਂਸਲ ਦੀ ਪ੍ਰਧਾਨ ਕਿਰਨਦੀਪ ਕੌਰ ਬਰਾੜ ਤੇ ਸੀਨੀਅਰ ਆਪ ਆਗੂ ਰੌਬੀ ਬਰਾੜ ਨੇ ਮੁੱਖ ਮਹਿਮਾਨ ਬਲਕਾਰ ਸਿੰਘ ਸਿੱਧੂ ਲਈ ਸਵਾਗਤੀ ਸ਼ਬਦ ਤੇ ਉੱਦਮੀ ਮਹਿਲਾਵਾਂ ਲਈ ਧੰਨਵਾਦੀ ਸ਼ਬਦ ਕਹੇ।ਰਾਜਾ ਹਮੀਰਗੜ੍ਹ ਅਤੇ ਮਨਜੀਤ ਗੋਚਾ ਨੇ ਨਾਅਰਿਆਂ ਨਾਲ ਮਹੌਲ ਨੂੰ ਜੋਸ਼ੀਲਾ ਬਣਾਇਆ।

ਇਸ ਮੌਕੇ ਬੀਡੀਪੀਓ ਧਰਮਪਾਲ ਸ਼ਰਮਾ, ਟਰੱਕ ਯੂਨੀਅਨ ਦੇ ਪ੍ਰਧਾਨ ਸ਼ੇਰ ਬਹਾਦਰ ਸਿੰਘ, ਮਾਰਕੀਟ ਕਮੇਟੀ ਦੇ ਚੇਅਰਮੈਨ ਦਰਸ਼ਨ ਸੋਹੀ, ਭਗਤਾ ਦੇ ਚੇਅਰਮੈਨ ਬੇਅੰਤ ਧਾਲੀਵਾਲ,ਪੂਜਾ ਰਾਣੀ ਪ੍ਰੋਗਰਾਮ ਮੈਨੇਜਰ, ਕੌਂਸਲਰ ਕਰਨੈਲ ਮਾਨ, ਆਮ ਆਦਮੀ ਪਾਰਟੀ ਹਲਕਾ ਰਾਮਪੁਰਾ ਦੀ ਟੀਮ ਸਮੇਤ ਵੱਖ-ਵੱਖ ਪਿੰਡਾਂ ਦੇ ਪੰਚ, ਸਰਪੰਚ ਤੇ ਬਲਾਕ ਪ੍ਰਧਾਨ ਵੀ ਮੌਜੂਦ ਸਨ।

# ਮੌੜ ਦਫ਼ਤਰ ਦੇ ਆਰੰਭਤਾ ਦੀ ਖੁਸ਼ੀ ਵਿਚ ਸ੍ਰੀ ਅਖੰਡ ਪਾਠ ਸਾਹਿਬ ਪ੍ਰਕਾਸ਼ ਕਰਵਾਏ ਜਾਣਗੇ : ਜੀਤ ਮਹਿੰਦਰ ਸਿੰਘ ਸਿੱਧੂ

ਮੌੜ ਮੰਡੀ, 10 ਮਾਰਚ (ਭੋਲਾ ਸਿੰਘ ਮਾਨ): ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਤੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਵੱਲੋਂ ਹਲਕਾ ਮੌੜ ਵਾਸੀਆਂ ਨਾਲ ਨੇੜੇ ਤੋਂ ਜੁੜਨ ਤੇ ਹਲਕੇ ਦੀ ਸੇਵਾ ਭਾਵਨਾ ਨੂੰ ਲੈ ਕੇ ਸਥਾਨਕ ਸ਼ਹਿਰ ਦੇ ਰਾਮਨਗਰ ਕੈਂਚੀਆਂ ਸਥਿਤ ਬਣਾਏ ਗਏ ਦਫ਼ਤਰ-ਕਮ-ਰਿਹਾਇਸ ਮੁਕੰਮਲ ਹੋਣ ਉਪਰੰਤ ਆਰੰਭਤਾ ਦੀ ਖੁਸ਼ੀ ਵਿਚ ਅਕਾਲ ਪੁਰਖ ਵਾਹਿਗੁਰੂ ਦੇ



ਸ਼ੁਕਰਾਨੇ ਵਜੋਂ ਸ੍ਰੀ ਅਖੰਡ ਪਾਠ ਸਾਹਿਬ ਕਰਵਾਏ ਜਾ ਰਹੇ ਹਨ। ਇਸ ਸਬੰਧੀ ਸਾਬਕਾ ਵਿਧਾਇਕ ਜੀਤ ਮਹਿੰਦਰ ਸਿੰਘ ਸਿੱਧੂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਬਠਿੰਡਾ ਮਾਨਸਾ ਰੋਡ ਤੇ ਮੌੜ ਮੰਡੀ ਵਿਖੇ ਮੁੱਖ ਦਫ਼ਤਰ-ਕਮ- -ਰਿਹਾਇਸ ਦੀ ਆਰੰਭਤਾ , ਹਲਕੇ ਦੀ ਚੜ੍ਹਦੀਕਲਾ, ਸੁੱਖ ਸ਼ਾਂਤੀ ਤੇ ਕਾਂਗਰਸ ਪਾਰਟੀ ਦੀ ਸਫਲਤਾ ਲਈ ਦਿਨ ਸ਼ੁੱਕਰਵਾਰ 13 ਮਾਰਚ ਨੂੰ ਸ੍ਰੀ ਅਖੰਡ ਪਾਠ ਸਾਹਿਬ ਪ੍ਰਕਾਸ਼ ਕਰਵਾਏ ਜਾਣਗੇ ਅਤੇ ਦਿਨ ਐਤਵਾਰ 15 ਮਾਰਚ ਨੂੰ ਸਵੇਰੇ 10:30 ਵਜੇ ਭੋਗ ਪਾਏ ਜਾਣਗੇ ਅਤੇ ਕੀਰਤਨ ਦਰਬਾਰ ਸਜਾਏ ਜਾਣਗੇ। ਉਹਨਾਂ ਹਲਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਮੇਂ ਸਿਰ ਪਹੁੰਚ ਕੇ ਅਰਦਾਸ ਵਿਚ ਸ਼ਾਮਲ ਹੋਣ ਅਤੇ ਗੁਰੂ ਦੀਆਂ ਖੁਸ਼ੀਆਂ ਪ੍ਰਾਪਤ ਕਰਨ। ਇਸ ਮੌਕੇ ਕਾਂਗਰਸ ਪਾਰਟੀ ਦੇ ਸ਼ਹਿਰੀ ਪ੍ਰਧਾਨ ਕੁਲਵੰਤ ਸਿੰਘ, ਐਡਵੋਕੇਟ ਦਵਿੰਦਰ ਪਾਲ ਸਿੰਘ ਨੱਤ, ਸੀਨੀਅਰ ਕਾਂਗਰਸੀ ਆਗੂ ਤੀਰਥ ਰਾਮ ਸਿੰਗਲਾ,ਬਲਕਾਰਾ ਸਿੰਘ ਮੌੜ ਕਲਾਂ, ਲਾਭ ਸਿੰਘ ਮੌੜ ਕਲਾਂ ਤੋਂ ਇਲਾਵਾ ਕਾਂਗਰਸੀ ਵਰਕਰ ਮੌਜੂਦ ਸਨ।

# ਸ੍ਰੀ ਬਾਲਾ ਜੀ ਮੰਦਿਰ ਵਿਖੇ ਰਾਮ ਕਥਾ ਸੰਪੰਨ

ਧੂਰੀ, 10 ਮਾਰਚ (ਰਾਜੇਸ਼ਵਰ ਪਿੰਟੂ): ਸਥਾਨਕ ਸ੍ਰੀ ਟਕਾਟਕ ਇੱਛਾਪੂਰਣ ਬਾਲਾ ਜੀ ਮੰਦਿਰ ਵਿਖੇ 28 ਫਰਵਰੀ ਤੋਂ ਚੱਲ ਰਿਹਾ ਸ੍ਰੀ ਰਾਮ ਕਥਾ ਦਾ ਅਧਿਆਤਮਕ ਸਮਾਗਮ ਬੀਤੇ ਦਿਨੀਂ ਬਹੁਤ ਹੀ ਸ਼ਰਧਾ ਤੇ ਉਤਸ਼ਾਹ ਨਾਲ ਸੰਪੰਨ ਹੋਇਆ। ਇਸ ਦੌਰਾਨ ਆਚਾਰਿਆ ਪੰਕਜ ਸ਼ਰਮਾ ਨੇ ਆਪਣੀ ਰਸਭਿੰਨੀ ਰਸਨਾ ਰਾਹੀਂ ਰਾਮਾਇਣ ਦੇ ਵੱਖ-ਵੱਖ ਪ੍ਰਸੰਗਾਂ ਦਾ ਗੁਣਗਾਨ ਕਰਦਿਆਂ ਸੰਗਤਾਂ ਨੂੰ ਨਿਹਾਲ ਕੀਤਾ। ਉਨ੍ਹਾਂ ਕਿਹਾ ਕਿ ਮਰਿਆਦਾ ਪੁਰਸ਼ੋਤਮ ਸ੍ਰੀ ਰਾਮ ਦਾ ਜੀਵਨ ਹਰ ਮਨੁੱਖ ਲਈ ਇੱਕ ਆਦਰਸ਼ ਮਾਰਗਦਰਸ਼ਕ ਹੈ, ਜਿਸ ਤੋਂ ਸਾਨੂੰ ਉੱਚੇ ਸੁੱਚੇ ਜੀਵਨ ਦੀ ਪ੍ਰੇਰਨਾ ਲੈਣੀ ਚਾਹੀਦੀ ਹੈ। ਮੰਦਿਰ ਕਮੇਟੀ ਦੇ ਪ੍ਰਧਾਨ ਆਸ਼ੂਤੋਸ਼ ਬਾਂਸਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 8 ਮਾਰਚ ਤੱਕ ਚੱਲੇ ਇਸ ਧਾਰਮਿਕ ਪ੍ਰਵਾਹ ਵਿੱਚ ਸੰਗਤਾਂ ਦੀ ਭਾਰੀ ਆਮਦ ਨੇ ਲੋਕਾਂ ਦੀ ਅਟੁੱਟ ਆਸਥਾ ਨੂੰ ਪ੍ਰਮਾਣਿਤ ਕੀਤਾ ਹੈ। ਕਥਾ ਦੌਰਾਨ ਮੁੱਖ ਜਜਮਾਨ ਵਜੋਂ ਸੁਰਿੰਦਰ ਸਿੰਗਲਾ ਦੇ ਪਰਿਵਾਰ ਨੇ ਸੇਵਾ ਨਿਭਾਈ। ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਸਵਾਮੀ ਅੰਮ੍ਰਿਤਾਨੰਦ (ਭੂਰੀ ਵਾਲੇ) ਅਤੇ ਸਵਾਮੀ ਰਾਮ ਜੀ ਮਹਾਰਾਜ ਨੇ ਸੰਗਤਾਂ ਨੂੰ ਆਪਣਾ ਅਸ਼ੀਰਵਾਦ ਦਿੱਤਾ।

ਇਸ ਮੌਕੇ ਕਮੇਟੀ ਵੱਲੋਂ ਸਹਿਯੋਗੀ ਪਰਿਵਾਰਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਅਤੇ ਐਲਾਨ ਕੀਤਾ ਗਿਆ ਕਿ ਹਰ ਸਾਲ



ਦੀ ਤਰ੍ਹਾਂ ਸ੍ਰੀ ਸਾਲਾਸਰ ਧਾਮ ਲਈ ਪੈਦਲ ਯਾਤਰਾ 12 ਤੋਂ 15 ਮਾਰਚ ਤੱਕ ਰਵਾਨਾ ਹੋਵੇਗੀ। ਕਥਾ ਦੌਰਾਨ ਗੋਲੋਕ ਵਾਸੀ ਫੱਕੜ ਬਾਬਾ ਬੰਸੀ ਵਾਲਿਆਂ ਦੀ ਰਹਿਮਤ ਸਦਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਕਥਾ ਵਿੱਚ ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਲੱਖਾ, ਰਾਈਸੀਲਾ ਗਰੁੱਪ ਦੇ ਡਾਇਰੈਕਟਰ ਵਿਜੈ ਗੋਇਲ, ਕਾਂਗਰਸ ਆਗੂ ਹਰਦੀਪ ਸਿੰਘ ਦੌਲਤਪੁਰ, ਮੁੱਖ ਮੰਤਰੀ ਦਫ਼ਤਰ ਇੰਚਾਰਜ ਚੇਅਰਮੈਨ ਦਲਵੀਰ ਸਿੰਘ ਢਿਲੋ,ਦੀਪ ਜਯੋਤੀ, ਕਾਂਵੜ ਸੰਘ ਦੇ ਸਰਪ੍ਰਸਤ ਸੁਮੇਰ ਚੰਦ, ਕਾਂਵੜ ਸੰਘ ਦੇ ਪ੍ਰਧਾਨ ਅਵਨੀਸ਼ ਗਰਗ, ਰੋਮੀ ਸਿਗਲਾ, ਸੰਸਥਾ ਦੇ ਚੇਅਰਮੈਨ ਅਸ਼ੋਕ ਕੁਮਾਰ, ਵਾਇਸ ਚੇਅਰਮੈਨ ਭੀਮ ਗਰਗ, ਵਾਇਸ ਪ੍ਰਧਾਨ ਅਸ਼ੋਕ ਸਿੰਗਲਾ, ਰਾਮੇਸ਼ ਕੁਮਾਰ ਪੱਪਾ, ਕੈਸ਼ੀਅਰ ਤਰਸੇਮ ਮਿੱਤਲ, ਸਕੱਤਰ ਸੁਨੀਲ ਬਾਂਸਲ, ਸੁਰਿੰਦਰ ਸਿੰਗਲਾ, ਅਨਿਲ ਸ਼ਰਮਾ, ਜਨਕ ਰਾਜ ਮੀਮਸਾ, ਦੇਵ ਰਾਜ, ਰਵਿੰਦਰ ਕੁਮਾਰ, ਰਾਕੇਸ਼ ਕੁਮਾਰ,ਰਾਮੇਸ਼ ਕੁਮਾਰ, ਕਰਨ ਸਿੰਗਲਾ, ਪ੍ਰਮੋਦ ਕੁਮਾਰ, ਭੁਪਿੰਦਰ ਪਾਲ ਮਿੱਠਾ, ਧਰਮਪਾਲ ਤੇ ਵੱਡੀ ਗਿਣਤੀ ਵਿੱਚ ਸ਼ਰਧਾਲੂਆ ਨੇ ਆਪਣੀ ਹਾਜ਼ਰੀ ਲਗਵਾਈ।

# ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ ਖੇਤਾਂ ਨੂੰ ਨਹਿਰੀ ਪਾਣੀ ਪਹੁੰਚਾਉਣ ਲਈ ਮੈਰਾਥਨ ਮੀਟਿੰਗ

ਧੂਰੀ, 10 ਮਾਰਚ (ਰਾਜੇਸ਼ਵਰ ਪਿੰਟੂ): ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ ਧੂਰੀ ਹਲਕੇ ਦੇ ਪਿੰਡਾਂ ਦੇ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਉਣ ਦੇ ਮਾਮਲੇ ਸਬੰਧੀ ਟਿਊਬਵੈੱਲ ਕਾਰਪੋਰੇਸ਼ਨ, ਨਹਿਰੀ ਵਿਭਾਗ, ਸਿੰਚਾਈ ਵਿਭਾਗ, ਭੂਮੀ ਰੱਖਿਆ ਵਿਭਾਗ ਅਤੇ ਵੱਖ ਵੱਖ ਪਿੰਡਾਂ ਦੇ ਵਸਨੀਕਾਂ ਨਾਲ ਮੈਰਾਥਨ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਉਣ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਖੁਦ ਇਸ ਸਬੰਧੀ ਚੱਲ ਰਹੇ ਕੰਮਾਂ ਦੀ ਨਿਰੰਤਰ ਰਿਪੋਰਟ ਲੈ ਰਹੇ ਹਨ ਤਾਂ ਜੋ ਕਿਸਾਨਾਂ ਨੂੰ ਕਿਸੇ ਤਰ੍ਹਾਂ ਦੀ ਦਿੱਕਤ ਨਾ ਆਵੇ। ਉਨ੍ਹਾਂ ਸੰਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਆਪਸੀ ਤਾਲਮੇਲ ਨਾਲ ਕੰਮ ਕਰਦੇ ਹੋਏ ਰਹਿੰਦੇ ਖੇਤਾਂ ਤੱਕ ਨਹਿਰੀ ਪਾਣੀ ਜਲਦ ਪਹੁੰਚਾਉਣਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਨਹਿਰੀ ਪ੍ਰਣਾਲੀ ਨੂੰ ਮਜ਼ਬੂਤ ਬਣਾਉਣ ਲਈ ਜਿੱਥੇ ਵੀ ਪਾਈਪ ਲਾਈਨਾਂ, ਨਕਿਆਂ ਜਾਂ ਬਰਾਂਚਾਂ ਦੇ ਕੰਮ



ਲੋੜੀਂਦੇ ਹਨ, ਉਨ੍ਹਾਂ ਨੂੰ ਤਰਜੀਹ ਦੇ ਆਧਾਰ 'ਤੇ ਪੂਰਾ ਕੀਤਾ ਜਾਵੇ।

ਮੀਟਿੰਗ ਦੌਰਾਨ ਪਿੰਡ ਨੱਤ, ਭੋਜੋਵਾਲੀ, ਘਨੌਰ ਕਲਾਂ, ਭੂਮਸੀ, ਸੁਲਤਾਨਪੁਰ, ਬੇਨੜਾ, ਬਰੜਵਾਲ, ਬੁੱਗਰਾ, ਮੂਲੋਵਾਲ, ਅਲਾਲ, ਪੁੰਨਾਵਾਲ, ਸਾਰੋ, ਭੁੱਲਰਹੇੜੀ, ਭੜੀ ਮਾਨਸਾ, ਬਮਾਲ, ਬਾਲੀਆਂ, ਮਾਨਵਾਲਾ, ਰਾਜੋਮਾਜਰਾ ਤੇ ਪੇਧਨੀ ਆਦਿ ਪਿੰਡਾਂ ਦੇ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਉਣ ਸਬੰਧੀ ਮਸਲਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਇਸ ਤੋਂ ਇਲਾਵਾ ਮੋਗਿਆ ਤੇ ਮੋਗਿਆ ਦੀਆਂ ਬਰਾਂਚਾਂ, ਪਾਈਪ ਲਾਈਨਾਂ ਤੇ ਨਕਿਆਂ ਦੇ ਕੰਮਾਂ ਸਬੰਧੀ ਵੀ ਸਮੀਖਿਆ ਕੀਤੀ ਗਈ। ਇਸ ਮੌਕੇ ਮੁੱਖ ਮੰਤਰੀ ਫੀਲਡ ਅਫ਼ਸਰ ਅਰਵਿੰਦ ਕੁਮਾਰ ਤੇ ਰਮਨਦੀਪ ਸਿੰਘ ਸਮੇਤ ਟਿਊਬਵੈੱਲ ਕਾਰਪੋਰੇਸ਼ਨ, ਨਹਿਰੀ ਵਿਭਾਗ, ਸਿੰਚਾਈ ਵਿਭਾਗ ਤੇ ਭੂਮੀ ਰੱਖਿਆ ਵਿਭਾਗ ਦੇ ਅਧਿਕਾਰੀ ਵੀ ਮੌਜੂਦ ਸਨ।

# ਸ੍ਰੀ ਗੁਰੂ ਤੇਗ਼ ਬਹਾਦਰ ਕਾਲਜ ਵਿਖੇ ਐਨੂਅਲ ਅਥਲੈਟਿਕ ਮੀਟ ਕਰਵਾਈ

ਸਰਦੂਲਗੜ੍ਹ, 10 ਮਾਰਚ (ਲਛਮਣ ਸਿੱਧੂ): ਸ੍ਰੀ ਗੁਰੂ ਤੇਗ ਬਹਾਦਰ ਕਾਲਜ ਦਲੇਲ ਵਾਲਾ ਵਿਖੇ ਐਨੂਅਲ ਅਥਲੈਟਿਕ



ਮੀਟ ਆਯੋਜਿਤ ਕੀਤੀ ਗਈ ਜਿਸ ਵਿੱਚ ਸ਼ਾਟ ਪੁੱਟ, ਡਿਸਕਸ ਥਰੋ, ਜੈਵਲਿਨ ਥਰੋ, ਲੌਂਗ ਜੰਪ, ਰੀਲੇ ਰੇਸ, 100, 200, 400, 800 ਮੀਟਰ ਰੇਸ ਤੇ ਰੱਸਾ ਕਸੀ ਦੇ ਕੁੜੀਆਂ ਤੇ ਮੁੰਡਿਆਂ ਦੇ ਵੱਖਰੇ ਵੱਖਰੇ ਮੁਕਾਬਲੇ ਕਰਵਾਏ ਗਏ। ਇਸ ਸਮਾਗਮ ਵਿੱਚ ਚਰਨਜੀਤ ਸਿੰਘ ਅੱਕਾਂਵਾਲੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਕਾਲਜ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਮਾਨ ਨੇ ਸਮਾਗਮ ਦੌਰਾਨ ਬੋਲਦਿਆ ਕਿਹਾ ਕਿ ਖੇਡਾਂ ਦੇ ਨਾਲ ਸਾਡਾ ਮਨ ਅਤੇ ਤਨ ਦੋਨੋਂ ਹੀ ਤੰਦਰੁਸਤ ਰਹਿੰਦੇ ਹਨ ।ਉਨਾਂ ਨੇ ਖੇਡਾਂ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਹੌਸਲਾ ਅਫਜਾਈ ਕੀਤੀ ਅਤੇ ਦੂਜੇ ਵਿਦਿਆਰਥੀਆਂ ਨੂੰ ਵੀ ਅੱਗੇ ਤੋਂ ਅਜਿਹੇ ਸਮਾਗਮਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ। ਸਮਾਗਮ ਦੌਰਾਨ ਮੰਚ ਦਾ ਸੰਚਾਲਨ ਕਾਲਜ ਪ੍ਰੋਫੈਸਰ ਡਾਕਟਰ ਵੀਰਪਾਲ ਵੱਲੋਂ ਬਖੂਬੀ ਨਿਭਾਇਆ ਗਿਆ। ਸਾਰੀਆਂ ਹੀ ਗੇਮਸ ਦੀ ਜੱਜਮੈਂਟ ਲਵਪ੍ਰੀਤ ਸਿੰਘ ਅਤੇ ਉਸਦੇ ਸਾਥੀਆਂ ਦੁਆਰਾ ਕੀਤੀ ਗਈ। ਜੇਤੂ ਵਿਦਿਆਰਥੀਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ । ਜਸ਼ਨਦੀਪ ਸਿੰਘ ਤੇ ਹਰਸ਼ਪ੍ਰੀਤ ਕੌਰ ਇਸ ਅਥਲੈਟਿਕ ਮੀਟ ਦੇ ਬੈਸਟ ਅਥਲੀਟ ਚੁਣੇ ਗਏ । ਇਸ ਸਮਾਗਮ ਵਿੱਚ ਕਾਲਜ ਦੇ ਸੈਕਟਰੀ ਅਮਨਦੀਪ ਸਿੰਘ ਮਾਨ, ਕਾਲਜ ਪ੍ਰੋਫੈਸਰ ਸ਼ਰਨਜੀਤ ਕੌਰ, ਰਜਿੰਦਰ ਕੌਰ, ਗੁਰਪ੍ਰੀਤ ਕੌਰ, ਅਨੁਪਮ ਕੌਰ, ਲਵਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਯਾਦਵਿੰਦਰ ਸਿੰਘ ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

# ਸੁਖਦੇਵ ਸਿੰਘ ਢੀਂਡਸਾ ਦੀ ਬਰਸੀ ਨਾਨਕੀਆਣਾ ਗੁਰਦੁਆਰਾ ਸਾਹਿਬ ਵਿਖੇ ਅੱਜ

ਲਹਿਰਾਗਾਗਾ, 10 ਮਾਰਚ (ਗੁਰਦੀਪ ਸਿੰਘ): ਭਾਰਤ ਦੀ ਰਾਜਨੀਤੀ ਦੇ ਬਾਬਾ ਬੋਹੜ, ਦਰਵੇਸ਼ ਤੇ ਫਕੀਰ ਸਿਆਸਤਦਾਨ ਵਜੋਂ ਜਾਣੇ ਜਾਂਦੇ ਵਰਕਰ ਨਿਵਾਜ ਆਗੂ ਸਰਦਾਰ ਸੁਖਦੇਵ ਸਿੰਘ ਢੀਂਡਸਾ ਦੀ ਪਹਿਲੀ ਬਰਸੀ 11 ਮਾਰਚ ਦਿਨ ਬੁੱਧਵਾਰ ਨੂੰ ਗੁਰਦੁਆਰਾ ਨਾਨਕੀਆਣਾ ਸਾਹਿਬ ਸੰਗਰੂਰ ਵਿਖੇ ਮਨਾਈ ਜਾ ਰਹੀ ਹੈ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਮੈਂਬਰ ਧਰਮ ਪ੍ਰਚਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੱਲਬਾਤ ਕਰਦਿਆਂ ਕੀਤਾ, ਉਹਨਾਂ ਕਿਹਾ ਕਿ ਬਰਸੀ ਸਬੰਧੀ ਸ਼੍ਰੋਮਣੀ ਅਕਾਲੀਦਲ ਪੁਨਰ ਸੁਰਜੀਤ ਦੇ ਵਰਕਰਾਂ ਤੋਂ ਇਲਾਵਾ ਸਰਦਾਰ ਸੁਖਦੇਵ ਸਿੰਘ ਢੀਂਡਸਾ ਪ੍ਰਤੀ ਪਿਆਰ ਰੱਖਣ ਵਾਲੇ ਆਮ ਲੋਕਾਂ ਵਿੱਚ ਵੀ



ਬਹੁਤ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ, 11 ਮਾਰਚ ਨੂੰ ਸਵੇਰੇ 9 ਵਜੇ ਤੋਂ ਰਾਗੀ ਸਿੰਘ ਵੱਲੋਂ ਸੰਗਤਾਂ ਨੂੰ ਗੁਰਬਾਣੀ ਕੀਰਤਨ ਸੁਣ ਆਇਆ ਜਾਵੇਗਾ, ਇਸ ਉਪਰੰਤ 11 ਵਜੇ ਅਰਦਾਸ ਕੀਤੀ ਜਾਵੇਗੀ, ਅਰਦਾਸ ਤੋਂ ਬਾਅਦ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਜਾਵੇਗਾ।

ਜਥੇਦਾਰ ਬਹਿਣੀਵਾਲ ਨੇ ਅੱਗੇ ਕਿਹਾ ਕਿ ਬਰਸੀ ਮੌਕੇ ਸਮੁੱਚੇ ਜਿਲਾ ਸੰਗਰੂਰ ਵਿੱਚੋਂ ਬਹੁਤ ਵੱਡੀ ਗਿਣਤੀ ਵਿੱਚ ਸੰਗਤਾਂ ਪਹੁੰਚ ਕੇ ਸਰਦਾਰ ਢੀਂਡਸਾ ਨੂੰ ਸ਼ਰਧਾ ਤੇ ਸਤਿਕਾਰ ਭੇਂਟ ਕਰਨਗੀਆਂ।

# ਮਾਤਾ ਗੁਜਰੀ ਜੀ ਭਲਾਈ ਕੇਂਦਰ ਨੇ 13 ਲੜਕੀਆਂ ਦੇ ਅਨੰਦ ਕਾਰਜ ਕਰਵਾਏ

ਬੁਢਲਾਡਾ, 10 ਮਾਰਚ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ): ਇਲਾਕੇ ਦੀ ਸਮਾਜ ਸੇਵੀ ਸੰਸਥਾ ਮਾਤਾ ਗੁਜਰੀ ਜੀ ਭਲਾਈ ਕੇਂਦਰ ਬੁਢਲਾਡਾ ਵਲੋਂ ਸਥਾਨਕ ਸ਼ਹਿਰ ਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ 13 ਲੜਕੀਆਂ ਦੇ ਸਮੂਹਿਕ ਵਿਆਹ ਕਰਵਾਏ ਗਏ। ਸਥਾਨਕ ਗੁਰਦੁਆਰਾ ਪਾਤਸ਼ਾਹੀ ਨੌਵੀਂ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਵੱਖ ਵੱਖ ਰਾਜਨੀਤਿਕ ਸਮਾਜਿਕ ਧਾਰਮਿਕ ਤੇ ਮੁਲਾਜ਼ਮ ਜਥੇਬੰਦੀਆਂ ਦੇ ਅਨੇਕਾ ਆਗੂਆਂ ਨੇ ਨਵ-ਵਿਆਹੁਤਾ ਜੋੜਿਆਂ ਨੂੰ ਆਸ਼ੀਰਵਾਦ ਦਿੱਤਾ। ਪ੍ਰੋਗਰਾਮ ਮੌਕੇ ਜਾਣਕਾਰੀ ਦਿੰਦਿਆਂ ਸੰਸਥਾ ਦੇ ਮੁਖੀ ਮਾਸਟਰ ਕੁਲਵੰਤ ਸਿੰਘ ਨੇ ਦੱਸਿਆ ਕਿ ਇਸ ਸਾਲਾਨਾ ਵਿਆਹ ਮਹਾ ਉਤਸਵ 'ਚ ਨੇੜਲੇ ਪਿੰਡਾਂ ਦੇ ਬਹੁਤ ਲੋੜਵੰਦ ਅਤੇ ਗਰੀਬ ਪਰਿਵਾਰ ਦੀਆਂ ਲੜਕੀਆਂ ਦੇ 13 ਆਨੰਦ ਕਾਰਜ ਸੰਪੰਨ ਹੋਏ ਹਨ, ਇਹ ਰਸਮ ਸਥਾਨਕ ਰਾਗੀ ਜਥਿਆਂ ਤੋਂ ਇਲਾਵਾ ਬਾਬਾ ਜਗਜੀਤ ਸਿੰਘ ਗੁਰਨੇ ਕਲਾਂ ਵਾਲਿਆਂ ਦੀ ਜਥੇ ਵੱਲੋਂ ਨਿਭਾਈ



ਗਈ। ਉਨ੍ਹਾਂ ਦੱਸਿਆ ਕਿ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਇੰਨਾਂ ਸਮੁੱਚੇ ਜੋੜਿਆਂ ਨੂੰ ਆਪਣੀ ਘਰ ਗ੍ਰਹਿਸਤੀ ਲਈ ਪੂਰਾ ਸਮਾਨ ਦਿੱਤਾ ਗਿਆ ਹੈ। ਇਸ ਮੌਕੇ ਸਾਬਕਾ ਵਿਧਾਇਕ ਨਾਜਰ ਸਿੰਘ ਮਾਨਸ਼ਾਹੀਆ,ਅਕਾਲੀ ਦਲ ਬਾਦਲ ਦੇ ਸੀਨੀਅਰ ਆਗੂ ਬਲਵਿੰਦਰ ਸਿੰਘ ਪਟਵਾਰੀ, ਮਾਰਕੀਟ ਕਮੇਟੀ ਬੁਢਲਾਡਾ ਦੇ ਚੇਅਰਮੈਨ ਸਤੀਸ਼ ਸਿੰਗਲਾ, ਚੇਅਰਮੈਨ ਸੋਹਣਾ ਸਿੰਘ ਕਲੀਪੁਰ, ਟਰੱਕ ਯੂਨੀਅਨ ਬੁਢਲਾਡਾ ਦੇ ਪ੍ਰਧਾਨ ਗੁਰਮੀਤ ਸਿੰਘ ਭਾਦੜਾ, ਸੀਨੀਅਰ ਅਕਾਲੀ ਆਗੂ ਬਲਵਿੰਦਰ ਸਿੰਘ ਹਾਕਮਵਾਲਾ, ਗਿਆਨੀ ਭਰਪੂਰ ਸਿੰਘ ਸਿੱਧੂ, ਮੁਸਲਿਮ ਫਰੰਟ ਦੇ ਆਗੂ ਐਮ ਐਸ ਮੋਫ਼ਰ, ਚਿਰੰਜੀ ਲਾਲ ਗਰਗ, ਮਹੰਤ ਗੁਰਮੇਲੋ ਝਾਂਜਰ, ਸਾਬਕਾ ਸਰਪੰਚ ਹੰਸ ਰਾਜ ਅਹਿਮਦਪੁਰ ਰਜਿੰਦਰ ਕੁਮਾਰ ਵਰਮਾ, ਡਾ: ਕਰਨੈਲ ਵੈਰਾਗੀ, ਬਲਵੰਤ ਸਿੰਘ ਭੀਖੀ, ਗੁਰਦਰਸ਼ਨ ਸਿੰਘ ਪਟਵਾਰੀ, ਕੁਲਦੀਪ ਸਿੰਘ ਅਨੇਜਾ ,ਸੁਰਜੀਤ ਸਿੰਘ ਟੀਟਾ, ਹਿੱਤਅਭਿਲਾਸ਼ੀ ਰੱਲੀ, ਡਾ. ਪ੍ਰਿਤਪਾਲ ਸਿੰਘ ਕੋਹਲੀ, ਸੁਖਦਰਸ਼ਨ ਸਿੰਘ ਕੁਲਾਣਾ, ਪੈਨਸ਼ਨਰਜ ਐਸੋਸੀਏਸ਼ਨ ਦੇ ਪ੍ਰਧਾਨ ਪ੍ਰਗਟ ਸਿੰਘ, ਰਘੁਨਾਥ ਸਿੰਗਲਾ ਸਮੇਤ ਵੱਡੀ ਗਿਣਤੀ ਆਗੂ ਮੌਜੂਦ ਸਨ।

# ਸੰਗਰੂਰ 'ਚ ਅਵਾਰਾ ਕੁੱਤਿਆਂ ਦੀ ਦਹਿਸ਼ਤ : ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਸਖ਼ਤ ਨੋਟਿਸ

ਸੰਗਰੂਰ, 10 ਮਾਰਚ (ਹਰਕੰਵਲ ਸਿੰਘ ਹੈਪੀ): ਸੰਗਰੂਰ ਸ਼ਹਿਰ ਵਿੱਚ ਅਵਾਰਾ ਕੁੱਤਿਆਂ ਦੇ ਵੱਧ ਰਹੇ ਖ਼ਤਰੇ ਅਤੇ ਸਥਾਨਕ ਪ੍ਰਸ਼ਾਸਨ ਦੀ ਕਥਿਤ ਲਾਪਰਵਾਹੀ ਦਾ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਹੈ। ਐਡਵੋਕੇਟ ਕਮਲ ਆਨੰਦ ਦੀ ਪਟੀਸ਼ਨ 'ਤੇ ਕਾਰਵਾਈ ਕਰਦਿਆਂ ਕਮਿਸ਼ਨ ਨੇ ਡਿਪਟੀ ਕਮਿਸ਼ਨਰ ਸੰਗਰੂਰ ਅਤੇ ਨਗਰ ਕੌਂਸਲ ਨੂੰ ਜਵਾਬ ਤਲਬ ਕੀਤਾ ਹੈ।

ਖ਼ੌਫ਼ਨਾਕ ਅੰਕੜੇ: ਸ਼ਹਿਰ ਦੀ ਮੌਜੂਦਾ ਸਥਿਤੀ ਬੇਹੱਦ ਚਿੰਤਾਜਨਕ ਹੈ ਅਤੇ ਇੱਕ 'ਮੈਡੀਕਲ ਐਮਰਜੈਂਸੀ' ਵੱਲ ਇਸ਼ਾਰਾ ਕਰ ਰਹੀ ਹੈ:

3,242 ਪੀੜਤ: ਪਿਛਲੇ 12 ਮਹੀਨਿਆਂ ਦੌਰਾਨ ਸ਼ਹਿਰ ਵਿੱਚ ਕੁੱਤਿਆਂ ਦੇ ਸ਼ਿਕਾਰ ਹੋਏ ਲੋਕਾਂ ਦੀ ਗਿਣਤੀ।

10 ਕੇਸ ਰੋਜ਼ਾਨਾ: ਹਸਪਤਾਲ ਵਿੱਚ ਇਲਾਜ ਲਈ ਆ ਰਹੇ ਮਰੀਜ਼ਾਂ ਦੀ ਔਸਤ।

35 ਤੋਂ 40 ਕੁੱਤੇ: ਸ਼ਹਿਰ ਦੇ ਹਰ ਵਾਰਡ ਵਿੱਚ ਘੁੰਮ ਰਹੇ ਅਵਾਰਾ ਕੁੱਤਿਆਂ ਦੀ ਔਸਤ ਗਿਣਤੀ।

ਮਾਸੂਮ ਨਿਸ਼ਾਨੇ: ਸੁੰਦਰ ਬਸਤੀ ਵਰਗੇ ਇਲਾਕਿਆਂ ਵਿੱਚ 5 ਸਾਲਾ ਬੱਚਿਆਂ 'ਤੇ ਹੋਏ ਹਮਲਿਆਂ ਵਿੱਚ ਬੱਚਿਆਂ ਦੀਆਂ ਹੱਡੀਆਂ ਤੱਕ ਨੁਕਸਾਨੀਆਂ ਗਈਆਂ ਹਨ।



ਮੁੱਖ ਮੰਗਾਂ ਅਤੇ ਪ੍ਰਸ਼ਾਸਨਿਕ ਸੁਧਾਰ: ਐਡਵੋਕੇਟ ਕਮਲ ਆਨੰਦ ਅਤੇ ਜਤਿੰਦਰ ਕਾਲੜਾ ਨੇ ਪ੍ਰਸ਼ਾਸਨ ਅੱਗੇ ਹੇਠ ਲਿਖੀਆਂ ਅਹਿਮ ਮੰਗਾਂ ਰੱਖੀਆਂ ਹਨ:

ਹਸਪਤਾਲ ਦੀ ਮਰਿਆਦਾ: ਸਿਵਲ ਹਸਪਤਾਲ ਦੇ ਐਮਰਜੈਂਸੀ ਵਾਰਡਾਂ ਅਤੇ ਮਰੀਜ਼ਾਂ ਦੇ ਬਿਸਤਰਿਆਂ ਤੱਕ ਘੁੰਮ ਰਹੇ ਕੁੱਤਿਆਂ ਨੂੰ ਤੁਰੰਤ ਬਾਹਰ ਕੱਢਿਆ ਜਾਵੇ।

ਨਸਬੰਦੀ ਪ੍ਰੋਜੈਕਟ: ਪਿਛਲੇ 20 ਸਾਲਾਂ ਤੋਂ ਲਟਕ ਰਹੇ ਕੰਮ ਨੂੰ ₹15.88 ਲੱਖ ਦੇ ਮੌਜੂਦ ਬਜਟ ਨਾਲ ਤੁਰੰਤ ਸ਼ੁਰੂ ਕੀਤਾ ਜਾਵੇ।

ਸੁਰੱਖਿਅਤ ਜਨਤਕ ਥਾਵਾਂ: ਸਕੂਲਾਂ ਅਤੇ ਪਾਰਕਾਂ ਵਿੱਚ ਵਿਸ਼ੇਸ਼ ਟੀਮਾਂ ਤਾਇਨਾਤ ਕਰਕੇ ਕੁੱਤਿਆਂ ਦੇ ਝੁੰਡਾਂ ਨੂੰ ਕਾਬੂ ਕੀਤਾ ਜਾਵੇ।

ਕਾਨੂੰਨੀ ਮੁਆਵਜ਼ਾ: ਮਾਨਯੋਗ ਸੁਪਰੀਮ ਕੋਰਟ ਅਤੇ ਹਾਈ ਕੋਰਟ ਦੀਆਂ ਹਦਾਇਤਾਂ ਅਨੁਸਾਰ ਪੀੜਤਾਂ ਨੂੰ ਤੁਰੰਤ ਵਿੱਤੀ ਸਹਾਇਤਾ ਦਿੱਤੀ ਜਾਵੇ।

"ਡਾਕਟਰੀ ਲਾਪਰਵਾਹੀ ਤੇ ਮੁਆਵਜ਼ੇ ਵਿੱਚ ਅੜਿੱਕਾ"

ਐਡਵੋਕੇਟ ਆਨੰਦ ਤੇ ਜਤਿੰਦਰ ਕਾਲੜਾ ਨੇ ਸਿਹਤ ਵਿਭਾਗ ਦੀ ਕਾਰਜਪ੍ਰਣਾਲੀ 'ਤੇ ਸਖ਼ਤ ਇਤਰਾਜ਼ ਜਤਾਉਂਦਿਆਂ ਕਿਹਾ ਕਿ "ਡਾਕਟਰਾਂ ਵੱਲੋਂ ਜ਼ਖ਼ਮ ਦੀ ਗੰਭੀਰਤਾ (Length/ Depth) ਦਰਜ ਕਰਨ ਦੀ ਬਜਾਏ ਸਿਰਫ਼ Category-2 ਜਾਂ Category-3 ਲਿਖ ਦਿੱਤਾ ਜਾਂਦਾ ਹੈ। ਸਪੱਸ਼ਟ ਮਾਪ (Measurement) ਨਾ ਹੋਣ ਕਾਰਨ ਪੀੜਤਾਂ ਨੂੰ ਬਣਦਾ ਪੂਰਾ ਮੁਆਵਜ਼ਾ ਨਹੀਂ ਮਿਲ ਰਿਹਾ। ਅਸੀਂ ਮੰਗ ਕਰਦੇ ਹਾਂ ਕਿ ਹਰ ਜ਼ਖ਼ਮ ਦਾ ਵੇਰਵਾ ਸੈਂਟੀਮੀਟਰਾਂ ਵਿੱਚ ਦਰਜ ਕਰਨਾ ਲਾਜ਼ਮੀ ਕੀਤਾ ਜਾਵੇ ਤਾਂ ਜੋ ਹਾਈ ਕੋਰਟ ਦੀਆਂ ਹਦਾਇਤਾਂ ਅਨੁਸਾਰ ਪ੍ਰਤੀ ਦੰਦ (Teeth Mark) ਦੇ ਹਿਸਾਬ ਨਾਲ ਮੁਆਵਜ਼ਾ ਮਿਲ ਸਕੇ।"

ਮੁਆਵਜ਼ੇ ਦੇ ਵੱਡੇ ਦਾਅਵੇ (ਪ੍ਰਮੁੱਖ ਕੇਸ)

ਅਵਾਰਾ ਕੁੱਤਿਆਂ ਦੇ ਹਮਲਿਆਂ ਕਾਰਨ ਹੋਏ ਜਾਨੀ-ਮਾਲੀ ਨੁਕਸਾਨ ਦੇ ਬਦਲੇ ਪੀੜਤਾਂ ਵੱਲੋਂ ਹੇਠ ਲਿਖੇ ਮੁਆਵਜ਼ੇ ਦੀ ਮੰਗ ਕੀਤੀ ਗਈ ਹੈ:

ਅਵਾਰਾ ਕੁੱਤਿਆਂ ਦੇ ਹਮਲਿਆਂ ਕਾਰਨ ਹੋਏ ਨੁਕਸਾਨ ਦੇ ਬਦਲੇ ਪੀੜਤਾਂ ਵੱਲੋਂ ਭਾਰੀ ਮੁਆਵਜ਼ੇ ਦੀ ਮੰਗ ਕੀਤੀ ਗਈ ਹੈ, ਜਿਸ ਵਿੱਚ 27 ਫਰਵਰੀ 2026 ਨੂੰ ਵਾਪਰੀ ਇੱਕ ਘਟਨਾ ਲਈ ਪੀੜਤ ਵੱਲੋਂ 6,80,000 ਰੁਪਏ ਦਾ ਕੁੱਲ ਮੁਆਵਜ਼ੇ ਦਾ ਦਾਅਵਾ ਕੀਤਾ ਗਿਆ ਹੈ। 8 ਜਨਵਰੀ 2026 ਦੀ ਘਟਨਾ ਵਿੱਚ, ਜ਼ਖ਼ਮਾਂ ਦੀ ਗਿਣਤੀ ਅਤੇ ਗੰਭੀਰਤਾ ਦੇ ਆਧਾਰ 'ਤੇ ਕੀਤੀ ਗਈ ਗਣਨਾ ਅਨੁਸਾਰ ਦਸ ਲੱਖ ਦੇ ਮੁਆਵਜ਼ੇ ਦੀ ਮੰਗ ਕੀਤੀ ਗਈ ਹੈ, ਇਸੇ ਤਰ੍ਹਾਂ 30 ਦਸੰਬਰ 2025 ਨੂੰ ਪ੍ਰਭਾਤ ਫੇਰੀ ਤੋਂ ਵਾਪਸ ਆ ਰਹੀ ਅਨੀਤਾ ਰਾਣੀ 'ਤੇ ਹੋਏ ਭਿਆਨਕ ਹਮਲੇ ਲਈ, ਜਿਸ ਵਿੱਚ ਸੱਜੀ ਕੱਛ ਅਤੇ ਲੱਤ ਵਰਗੇ ਸਰੀਰ ਦੇ ਕਈ ਹਿੱਸਿਆਂ 'ਤੇ ਗੰਭੀਰ ਜ਼ਖ਼ਮ ਹੋਏ ਸਨ, ਬਾਈ ਲੱਖ ਰੁਪਏ ਦੇ ਮੁਆਵਜ਼ੇ ਦਾ ਦਾਅਵਾ ਪੇਸ਼ ਕੀਤਾ ਗਿਆ ਹੈ।

ਅਗਲੀ ਕਾਨੂੰਨੀ ਕਾਰਵਾਈ : ਮਾਨਯੋਗ ਸੁਪਰੀਮ ਕੋਰਟ ਦੇ ਆਦੇਸ਼ਾਂ ਦੀ ਉਲੰਘਣਾ ਨੂੰ ਲੈ ਕੇ ਮਨੁੱਖੀ ਅਧਿਕਾਰ ਕਮਿਸ਼ਨ ਬੇਹੱਦ ਸਖ਼ਤ ਹੈ। ਮਾਮਲੇ ਦੀ ਅਗਲੀ ਸੁਣਵਾਈ 8 ਮਈ, 2026 ਨੂੰ ਹੋਵੇਗੀ, ਜਿੱਥੇ ਅਧਿਕਾਰੀਆਂ ਨੂੰ ਨਿਰਧਾਰਿਤ ਦਿਸ਼ਾ-ਨਦੇਸ਼ਾਂ ਅਨੁਸਾਰ ਰਿਪੋਰਟ ਪੇਸ਼ ਕਰਨ ਦੇ ਹੁਕਮ ਦਿੱਤੇ ਗਏ ਹਨ।

# ਰੋਗੀ ਕਲਿਆਣ ਸੰਮਤੀ ਦੀ ਮੀਟਿੰਗ



ਭਗਤਾ ਭਾਈ ਕਾ, 10 ਮਾਰਚ (ਸਵਰਨ ਸਿੰਘ ਭਗਤਾ): ਸਿਵਲ ਸਰਜਨ ਡਾ. ਤਪਿੰਦਰ ਜੋਤ ਦੀਆਂ ਹਦਾਇਤਾਂ ਅਨੁਸਾਰ ਸਮੁਦਾਇਕ ਸਿਹਤ ਕੇਂਦਰ ਭਗਤ ਭਾਈ ਕਾ ਵਿਖੇ ਰੋਗੀ ਕਲਿਆਣ ਸੰਮਤੀ ਦੀ ਮੀਟਿੰਗ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਸੀਨੀਅਰ ਮੈਡੀਕਲ ਅਫਸਰ ਡਾ. ਸੀਮਾ ਗੁਪਤਾ ਵੱਲੋਂ ਕੀਤੀ ਗਈ। ਇਸ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਹਸਪਤਾਲ ਵਿੱਚ ਚੱਲ ਰਹੇ ਆਰ ਓ ਸਿਸਟਮਾਂ ਦੀ ਸਫਾਈ ਅਤੇ ਸਰਵਿਸ ਕਰਵਾਈ ਜਾਵੇ। ਹਸਪਤਾਲ ਦੇ ਵਿਹੜੇ ਵਿੱਚ ਬੈਠਣ ਲਈ ਬੜੀਆਂ ਬਣਾਈਆਂ ਜਾਣ। ਇਸੇ ਤਰ੍ਹਾਂ ਹੀ ਆ ਰਹੀਆਂ ਗਰਮੀਆਂ ਲਈ ਬਿਜਲੀ ਬੈਕਅਪ ਲਈ ਨਵਾਂ ਇਨਵਾਟਰ ਸਿਸਟਮ ਲਗਵਾਇਆ ਜਾਵੇ। ਇਸ ਮੀਟਿੰਗ ਵਿੱਚ ਉਹਨਾਂ ਤੋਂ ਬਿਨਾਂ ਡਾਕਟਰ ਅਰਵਿੰਦਰ ਸਿੰਘ ਸੀਨੀਅਰ ਸਹਾਇਕ ਗੁਰਮੀਤ ਸਿੰਘ ਨਾਰਸਿੰਗ ਸਿਸਟਰ ਅਮਿਤਪਾਲ ਕੌਰ ਆਦਿ ਵੀ ਹਾਜ਼ਰ ਸਨ।

# ਸਰਕਾਰੀ ਹਸਪਤਾਲ 'ਚ ਨੌਕਰੀ ਦੇ ਨਾਂ ਗੋਲਮਾਲ: ਠੇਕਾ ਪ੍ਰਣਾਲੀ ਦੇ ਨਾਂ 'ਤੇ ਬੇਰੁਜ਼ਗਾਰਾਂ ਦੀ ਲੁੱਟ

ਬਠਿੰਡਾ, 10 ਮਾਰਚ (ਦੀਪਕ ਸ਼ਰਮਾ): ਤਲਵੰਡੀ ਸਾਬੋ ਦੇ ਸਰਕਾਰੀ ਹਸਪਤਾਲ ਵਿੱਚ ਆਊਟਸੋਰਸਿੰਗ ਰਾਹੀਂ ਹੋ ਰਹੀ ਸਫਾਈ ਸੇਵਕਾਂ ਦੀ ਭਰਤੀ ਵਿਵਾਦਾਂ ਦੇ ਘੇਰੇ ਵਿੱਚ ਆ ਗਈ ਹੈ। ਨੌਕਰੀ ਦੀ ਭਾਲ ਵਿੱਚ ਆਈਆਂ ਗਰੀਬ ਮਹਿਲਾਵਾਂ ਤੋਂ ਕੰਮ ਦੇ ਬਦਲੇ ਮੋਟੀ ਰਿਸ਼ਵਤ ਮੰਗਣ ਦਾ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ। ਐਸ.ਐਮ.ਓ. ਤਲਵੰਡੀ ਸਾਬੋ ਨੇ ਇਸ ਪੂਰੇ ਮਾਮਲੇ ਦੀ ਗੰਭੀਰਤਾ ਨੂੰ ਵੇਖਦਿਆਂ ਜਾਂਚ ਰਿਪੋਰਟ ਤਿਆਰ ਕਰਕੇ ਵਿਜੀਲੈਂਸ ਵਿਭਾਗ ਨੂੰ ਲਿਖਤੀ ਸ਼ਿਕਾਇਤ ਭੇਜ ਦਿੱਤੀ ਹੈ, ਜਿਸ ਨਾਲ ਸਿਹਤ ਵਿਭਾਗ ਅਤੇ ਨਿੱਜੀ ਕੰਪਨੀਆਂ ਦੇ ਗਠਜੋੜ 'ਚ ਹੜਕੰਪ ਮਚ ਗਿਆ ਹੈ। ਜਾਣਕਾਰੀ ਅਨੁਸਾਰ, ਇੱਕ ਨਾਮੀ ਪ੍ਰਾਈਵੇਟ ਕੰਪਨੀ ਵੱਲੋਂ ਹਸਪਤਾਲ ਵਿੱਚ ਸਫਾਈ ਸੇਵਕਾਂ ਦੀ ਭਰਤੀ ਕੀਤੀ ਜਾਣੀ ਸੀ। ਇੰਟਰਵਿਊ ਲੈਣ ਲਈ ਬਠਿੰਡਾ ਜ਼ਿਲ੍ਹਾ ਹਸਪਤਾਲ ਤੋਂ ਸਫਾਈ ਕਰਮਚਾਰੀਆਂ ਦਾ ਨੁਮਾਇੰਦਾ ਕੰਪਨੀ ਦੇ ਮੁਲਾਜ਼ਮਾਂ ਨਾਲ ਪਹੁੰਚਿਆ ਹੋਇਆ ਸੀ। ਦੋਸ਼ ਹੈ ਕਿ ਇੰਟਰਵਿਊ ਦੌਰਾਨ ਹੀ ਸਫਾਈ ਸੇਵਕਾਂ ਵੱਲੋਂ ਆਏ ਨੁਮਾਇੰਦੇ ਨੇ ਨੇ ਕੰਮ ਲਈ ਆਈਆਂ ਤਿੰਨ ਮਹਿਲਾਵਾਂ ਅਮਰਜੀਤ ਕੌਰ, ਨਿਰਮਲ ਕੌਰ ਤੇ ਗੁਰਮੀਤ ਕੌਰ ਤੋਂ 40-40 ਹਜ਼ਾਰ ਰੁਪਏ ਦੀ ਰਿਸ਼ਵਤ ਦੀ ਮੰਗ ਕੀਤੀ।

ਜਦੋਂ ਇਹ ਮਾਮਲਾ ਐਸ.ਐਮ.ਓ. ਸਬ-ਡਵੀਜ਼ਨਲ ਹਸਪਤਾਲ ਦੇ ਧਿਆਨ ਵਿੱਚ ਆਇਆ, ਤਾਂ ਉਨ੍ਹਾਂ ਨੇ ਤੁਰੰਤ ਕਾਰਵਾਈ ਕਰਦਿਆਂ ਹਸਪਤਾਲ ਦੇ ਸਟਾਫ਼ ਦੀ ਮੌਜੂਦਗੀ ਵਿੱਚ ਪੁੱਛਗਿੱਛ ਕੀਤੀ। ਸਖ਼ਤਾਈ ਨਾਲ ਪੁੱਛਣ ਤੇ ਸਫਾਈ ਸੇਵਕਾਂ ਦੇ ਨੁਮਾਇੰਦੇ ਨੇ ਕਬੂਲਿਆ ਕਿ ਇਹ ਪੈਸੇ ਕੰਪਨੀ ਦੇ ਮੁੱਖ ਕਰਮਚਾਰੀ ਨੂੰ ਦਿੱਤੇ ਜਾਣੇ ਸਨ। ਪੀੜਤ ਔਰਤਾਂ ਨੇ ਵੀ ਲਿਖਤੀ ਬਿਆਨ ਦੇ ਕੇ ਪੁਸ਼ਟੀ ਕੀਤੀ ਹੈ ਕਿ ਉਨ੍ਹਾਂ 'ਤੇ ਪੈਸੇ ਦੇਣ ਲਈ ਦਬਾਅ ਪਾਇਆ ਜਾ ਰਿਹਾ ਸੀ। ਐਸ.ਐਮ.ਓ. ਵੱਲੋਂ ਭੇਜੀ ਗਈ ਰਿਪੋਰਟ ਵਿੱਚ ਸਪੱਸ਼ਟ ਕੀਤਾ ਗਿਆ ਹੈ ਕਿ ਠੇਕਾ ਪ੍ਰਣਾਲੀ ਦੇ ਨਾਂ 'ਤੇ ਬੇਰੁਜ਼ਗਾਰਾਂ ਦੀ ਲੁੱਟ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਹੁਣ ਗੇਂਦ ਵਿਜੀਲੈਂਸ ਵਿਭਾਗ ਦੇ ਪਾਲੇ ਵਿੱਚ ਹੈ। ਪੁਲਿਸ ਇਹ ਜਾਂਚ ਕਰ ਰਹੀ ਹੈ ਕਿ ਕੀ ਇਹ ਰਿਸ਼ਵਤ ਦਾ ਜਾਲ ਸਿਰਫ਼ ਇਨ੍ਹਾਂ ਦੋ ਵਿਅਕਤੀਆਂ ਤੱਕ ਸੀਮਤ ਹੈ ਜਾਂ ਕੰਪਨੀ ਦੇ ਉੱਚ ਅਧਿਕਾਰੀ ਵੀ ਇਸ ਭ੍ਰਿਸ਼ਟਾਚਾਰ ਦੀ ਖੇਡ ਵਿੱਚ ਸ਼ਾਮਲ ਹਨ।

# ਆਕਸਫੋਰਡ ਦੇ ਵਿਦਿਆਰਥੀ ਪ੍ਰਿਆਸ਼ ਬਾਂਸਲ ਨੇ ਅਠਲ. ਖੇਤਰ 'ਚ ਮਾਰੀਆਂ ਮੱਲਾਂ

ਭਗਤਾ ਭਾਈ ਕਾ, 10 ਮਾਰਚ (ਸਵਰਨ ਸਿੰਘ ਭਗਤਾ): 'ਦ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ' ਭਗਤਾ ਭਾਈ ਕਾ ਦਾ ਨਾਮ ਰੌਸ਼ਨ ਕਰਦੇ ਹੋਏ ਸਕੂਲ ਦੇ ਇਕ ਹੋਣਹਾਰ ਵਿਦਿਆਰਥੀ ਨੇ ਆਪਣੀ ਨਵੀਂ ਸੋਚ ਤੇ ਮਿਹਨਤ ਦੇ ਬਲਬੂਤੇ ਅਠਲ (ਅਟਲ ਟਿੰਕਰਿੰਗ ਲੈਬ) ਪ੍ਰੋਜੈਕਟ ਰਾਹੀਂ ਮਹੱਤਵਪੂਰਨ ਉਪਲਬਧੀ ਹਾਸਲ ਕੀਤੀ ਹੈ। 'ਗਵਰਨਮੈਂਟ ਆਫ਼ ਇੰਡੀਆ ਮਨਿਸਟਰੀ ਆਫ਼ ਸਾਇੰਸ ਅਤੇ ਤਕਨਾਲੋਜੀ, ਡਿਪਾਰਟਮੈਂਟ ਆਫ਼ ਸਾਇੰਸ ਤੇ ਤਕਨਾਲੋਜੀ, ਦਿੱਲੀ ਵੱਲੋਂ ਹਰ ਸਾਲ ਕੁਝ ਅਜਿਹੇ ਵਿਦਿਆਰਥੀਆਂ ਦੀ ਚੋਣ ਕੀਤੀ ਜਾਂਦੀ ਹੈ ਜੋ ਸਾਇੰਸ ਦੇ ਖੇਤਰ ਵਿੱਚ ਵਿਲੱਖਣ ਭੂਮਿਕਾ ਨਿਭਾਉਂਦੇ ਹੋਏ ਅਜਿਹੇ ਪ੍ਰੋਜੈਕਟ ਤਿਆਰ ਕਰਦੇ ਹਨ ਜੋ ਦੇਸ਼ ਦੀ ਤਰੱਕੀ ਤੇ ਸੁਰੱਖਿਆ ਵਿੱਚ ਯੋਗਦਾਨ ਪਾ ਸਕਦੇ ਹਨ। ਉਨ੍ਹਾਂ ਵੱਲੋਂ ਸੈਸ਼ਨ 2025-26 ਲਈ ਆਕਸਫੋਰਡ ਸਕੂਲ ਦੇ ਵਿਦਿਆਰਥੀ ਪ੍ਰਿਆਸ਼ ਬਾਂਸਲ ਵਾਸੀ ਭਗਤਾ ਭਾਈ ਕਾ ਦੀ ਚੋਣ ਹੋਈ ਹੈ। ਇਸ ਵਿਦਿਆਰਥੀ ਨੇ ਆਪਣੇ ਪ੍ਰੋਜੈਕਟ ਦੀ ਥਿਊਰੀ ਨੂੰ ਆਨ-ਲਾਈਨ ਹੀ ਇਸ ਸੰਸਥਾ ਨੂੰ ਜਮ੍ਹਾਂ ਕਰਵਾਇਆ ਸੀ।

'ਅਟਲ ਟਿੰਕਰਿੰਗ ਲੈਬ' ਦੇ ਇੰਚਾਰਜ ਹਰੀਸ਼ਰਨ ਅਗਰਵਾਲ ਨੇ ਵਧੇਰੇ ਵਿਸਥਾਰ ਨਾਲ ਦੱਸਿਆ ਕਿ ਪ੍ਰਿਆਸ਼ ਬਾਂਸਲ ਨੇ 'ਬਿਲਡ ਇਕਸਟਰੈਕਟਿੰਗ ਹਾਈ ਐਨਰਜੀ ਫਰਾਮ ਫੇਜ਼ ਸ਼ਿਫਟ ਇਨ ਵਾਟਰ' ਦਾ ਪ੍ਰੋਜੈਕਟ




ਤਿਆਰ ਕਰਨਾ ਹੈ। ਉਨ੍ਹਾਂ ਨੇ ਦੱਸਿਆ ਕਿ ਇਹ ਪ੍ਰੋਜੈਕਟ ਸਰਕਾਰ ਵੱਲੋਂ ਦਿੱਤੀ ਮਿਤੀ ਦੇ ਅਨੁਸਾਰ ਬਠਿੰਡਾ ਵਿਖੇ ਡਿਸਪਲੇਅ ਕੀਤੇ ਜਾਵੇਗਾ। ਵਰਣਨਯੋਗ ਹੈ ਕਿ ਦਿੱਲੀ ਦੀ ਇਸ ਸੰਸਥਾ ਵੱਲੋਂ 10,000 ਰੁਪਏ ਇਸ ਵਿਦਿਆਰਥੀ ਦਾ ਹੌਸਲਾ ਅਫਜਾਈ ਕਰਦੇ ਹੋਏ ਉਸ ਨੂੰ ਬੈਂਕ ਖ਼ਾਤੇ ਰਾਹੀ ਇਨਾਮ ਵਜੋਂ ਭੇਜੇ ਗਏ ਜਨ ਤਾਂ ਜੋ ਉਹ ਇਸ ਪ੍ਰੋਜੈਕਟ ਨੂੰ ਬਣਾਉਣ ਦਾ ਕੰਮ ਸ਼ੁਰੂ ਕਰ ਸਕੇ।

ਸਕੂਲ ਦੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਨੇ ਵਿਦਿਆਰਥੀ ਦੀ ਇਸ ਪ੍ਰਾਪਤੀ ਤੇ ਖੁਸ਼ੀ ਪ੍ਰਗਟ ਕਰਦਿਆਂ ਬਾਕੀ ਵਿਦਿਆਰਥੀਆਂ ਨੂੰ ਵੀ ਇਸ ਵਿਦਿਆਰਥੀ ਤੋਂ ਪ੍ਰੇਰਨਾ ਲੈਣ ਲਈ ਪ੍ਰੇਰਿਤ ਕੀਤਾ ਤੇ ਲੈਬ ਇੰਚਾਰਜ ਨੂੰ ਵੀ ਵਧਾਈ ਦਿੱਤੀ। ਇਸ ਸਮੇਂ ਸਕੂਲ ਦੇ ਚੇਅਰਮੈਨ ਹਰਗੁਰਪ੍ਰੀਤ ਸਿੰਘ ਗਗਨ ਬਰਾੜ ਤੇ ਗੁਰਮੀਤ ਸਿੰਘ ਗਿੱਲ (ਪ੍ਰਧਾਨ) ਨੇ ਵਿਦਿਆਰਥੀ ਪ੍ਰਿਆਸ਼ ਬਾਂਸਲ ਨੂੰ ਵਧਾਈ ਤੇ ਹੱਲਾਸ਼ੇਰੀ ਦਿੰਦੇ ਹੋਏ ਦੂਜੇ ਵਿਦਿਆਰਥੀਆਂ ਨੂੰ ਵੀ ਸਾਇੰਸ ਦੇ ਖੇਤਰ ਵਿੱਚ ਅੱਗੇ ਆਉਣ ਲਈ ਕਿਹਾ। ਉਹਨਾਂ ਇਹ ਵੀ ਕਿਹਾ ਕਿ ਅਜਿਹੇ ਗਿਆਨ ਵਧਾਊ ਪ੍ਰੋਗਰਾਮਾਂ ਵਿੱਚ ਹਰ ਸਮੇ, ਹਰ ਪ੍ਰਕਾਰ ਦੇ ਸਹਿਯੋਗ ਲਈ ਉਹ ਹਮੇਸ਼ਾ ਵਿਦਿਆਰਥੀਆਂ ਤੇ ਅਧਿਆਪਕਾਂ ਦੀ ਟੀਮ ਨਾਲ ਖੜ੍ਹੇ ਹਨ। ਇਸ ਸਮੇਂ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਮੈਂਬਰ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ), ਪਰਮਪਾਲ ਸਿੰਘ 'ਸ਼ੈਰੀ ਢਿੱਲੋਂ' (ਵਾਈਸ ਚੇਅਰਮੈਨ) ਨੇ ਵੀ ਇਸ ਕਾਰਗੁਜ਼ਾਰੀ ਦੀ ਸ਼ਲਾਘਾ ਕੀਤੀ।

# ਬੀੜ ਤਾਲਾਬ 'ਚ ਨਜਾਇਜ਼ ਸ਼ਰਾਬ ਦੀ ਫੈਕਟਰੀ ਫੜੀ ਅੰਡਰਗਰਾਊਂਡ ਪਾਈਪਾਂ ਰਾਹੀਂ ਨਿਕਲ ਰਹੀ ਸੀ 'ਲਾਹਣ'

ਬਠਿੰਡਾ, 10 ਮਾਰਚ (ਦੀਪਕ ਸ਼ਰਮਾ): ਬਠਿੰਡਾ ਦੇ ਬੀੜ ਤਾਲਾਬ ਇਲਾਕੇ ਵਿੱਚ ਨਜਾਇਜ਼ ਸ਼ਰਾਬ ਦਾ ਧੰਦਾ ਕਰਨ ਵਾਲਿਆਂ ਨੇ ਪੁਲਿਸ ਦੀਆਂ ਅੱਖਾਂ ਵਿੱਚ ਘੱਟਾ ਪਾਉਣ ਲਈ ਅਜਿਹਾ ਜੁਗਾੜ ਲਗਾਇਆ ਸੀ ਕਿ ਦੇਖਣ ਵਾਲੇ ਵੀ ਦੰਗ ਰਹਿ ਗਏ। ਖੇਤਾਂ ਵਿੱਚ ਬਣੇ ਇੱਕ ਘਰ ਅੰਦਰ ਪਸ਼ੂਆਂ ਦੇ ਵਾੜੇ ਦੀ ਆੜ ਵਿੱਚ ਸ਼ਰਾਬ



ਕੱਢਣ ਦੀ ਪੂਰੀ ਫੈਕਟਰੀ ਚੱਲ ਰਹੀ ਸੀ। ਐਕਸਾਈਜ਼ ਵਿਭਾਗ ਅਤੇ ਪੁਲਿਸ ਦੀ ਸਾਂਝੀ ਟੀਮ ਨੇ ਜਦੋਂ ਇੱਥੇ ਛਾਪੇਮਾਰੀ ਕੀਤੀ ਤਾਂ 100 ਲੀਟਰ ਤਿਆਰ ਨਜਾਇਜ਼ ਸ਼ਰਾਬ ਸਮੇਤ ਭਾਰੀ ਮਾਤਰਾ ਵਿੱਚ ਸ਼ਰਾਬ ਬਣਾਉਣ ਵਾਲਾ ਸਾਮਾਨ ਬਰਾਮਦ ਹੋਇਆ ਹੈ। ਹਾਲਾਂਕਿ, ਮੁੱਖ ਮੁਲਜ਼ਮ ਪੁਲਿਸ ਦੀ ਭਿਣਕ ਲੱਗਦਿਆਂ ਹੀ ਮੌਕੇ ਤੋਂ ਫਰਾਰ ਹੋਣ ਵਿੱਚ ਕਾਮਯਾਬ ਹੋ ਗਿਆ। ਐਕਸਾਈਜ਼ ਇੰਸਪੈਕਟਰ ਭੁਪਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਬੀੜ ਤਾਲਾਬ ਬਸਤੀ ਨੰਬਰ 3 ਦੇ ਬਾਹਰਵਾਰ ਖੇਤਾਂ ਵਿੱਚ ਸਥਿਤ ਇੱਕ ਘਰ ਵਿੱਚ ਵੱਡੇ ਪੱਧਰ 'ਤੇ ਨਜਾਇਜ਼ ਸ਼ਰਾਬ ਕੱਢੀ ਜਾ ਰਹੀ ਹੈ। ਜਦੋਂ ਪੁਲਿਸ ਨੇ ਮੁਲਜ਼ਮ ਅਜੀਤ ਸਿੰਘ ਦੇ ਘਰ ਦਸਤਕ ਦਿੱਤੀ ਤਾਂ ਪਤਾ ਲੱਗਿਆ ਕਿ ਉਸ ਨੇ ਪਸ਼ੂਆਂ ਵਾਲੇ ਬਰਾਮਦੇ ਵਿੱਚ ਜ਼ਮੀਨ ਦੇ ਅੰਦਰ ਪਾਈਪਾਂ ਵਿਛਾ ਕੇ ਸ਼ਰਾਬ ਕੱਢਣ ਦਾ ਪੱਕਾ ਪ੍ਰਬੰਧ ਕੀਤਾ ਹੋਇਆ ਸੀ। ਇਹ ਸਾਰਾ ਸੈੱਟਅੱਪ ਇੰਨੀ ਚਲਾਕੀ ਨਾਲ ਲਗਾਇਆ ਗਿਆ ਸੀ ਕਿ ਬਾਹਰੋਂ ਕਿਸੇ ਨੂੰ ਸ਼ੱਕ ਨਾ ਹੋ ਸਕੇ। ਛਾਪੇਮਾਰੀ ਦੌਰਾਨ ਪੁਲਿਸ ਨੇ 100 ਲੀਟਰ ਨਜਾਇਜ਼ ਸ਼ਰਾਬ ਤੋਂ ਇਲਾਵਾ ਸ਼ਰਾਬ ਸਟੋਰ ਕਰਨ ਵਾਲੇ ਕਈ ਵੱਡੇ ਡਰੱਮ, ਸ਼ਰਾਬ ਕੱਢਣ ਵਾਲੀ ਭੱਠੀ, ਪਾਈਪਾਂ ਤੇ ਹੋਰ ਲਾਹਣ ਬਰਾਮਦ ਕੀਤੀ ਹੈ। ਪੁਲਿਸ ਦੇ ਪਹੁੰਚਣ ਤੋਂ ਪਹਿਲਾਂ ਹੀ ਮੁਲਜ਼ਮ ਅਜੀਤ ਸਿੰਘ ਖੇਤਾਂ ਦੇ ਰਸਤੇ ਫਰਾਰ ਹੋ ਗਿਆ।

ਥਾਣਾ ਪੁਲਿਸ ਨੇ ਸਾਰਾ ਸਾਮਾਨ ਕਬਜ਼ੇ ਵਿੱਚ ਲੈ ਕੇ ਮੁਲਜ਼ਮ ਖ਼ਿਲਾਫ਼ ਐਕਸਾਈਜ਼ ਐਕਟ ਤਹਿਤ ਮਾਮਲਾ ਦਰਜ ਕਰ ਲਿਆ ਹੈ। ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਮੁਲਜ਼ਮ ਦੇ ਸੰਭਾਵੀ ਟਿਕਾਣਿਆਂ 'ਤੇ ਛਾਪੇਮਾਰੀ ਕੀਤੀ ਜਾ ਰਹੀ ਹੈ ਅਤੇ ਜਲਦ ਹੀ ਉਸ ਨੂੰ ਕਾਬੂ ਕਰ ਲਿਆ ਜਾਵੇਗਾ। ਇਸ ਗੱਲ ਦੀ ਵੀ ਜਾਂਚ ਕੀਤੀ ਜਾ ਰਹੀ ਹੈ ਕਿ ਇਹ ਸ਼ਰਾਬ ਕਿੱਥੇ-ਕਿੱਥੇ ਸਪਲਾਈ ਕੀਤੀ ਜਾਣੀ ਸੀ।



# ਪਟਿਆਲਾ-ਆਸ/ਪਾਸ



## ਭੱਠਾ ਮਾਲਕ ਐਸੋਸੀਏਸ਼ਨ ਦੀ ਵਿਸ਼ੇਸ਼ ਮੀਟਿੰਗ

### ➢ਸਮੇਂ ਤੋਂ ਪਹਿਲਾਂ ਭੱਠੇ ਬੰਦ ਕਰਨ ਦੀ ਦਿੱਤੀ ਚਿਤਾਵਨੀ
### ➢ਕੋਇਲੇ ਦੀ ਸਪਲਾਈ ਲਈ ਢੁਕਵੇਂ ਕਦਮ ਚੁੱਕੇ ਸਰਕਾਰ : ਹਰਸ਼ ਗੁਪਤਾ



ਸਮਾਣਾ, 10 ਮਾਰਚ (ਵਿਜੇ ਕੁਮਾਰ): ਜ਼ਿਲ੍ਹਾ ਪਟਿਆਲਾ ਭੱਠਾ ਮਾਲਿਕ ਐਸੋਸੀਏਸ਼ਨ ਦੀ ਜਨਰਲ ਬਾਡੀ ਮੀਟਿੰਗ ਸੰਸਥਾ ਦੇ ਚੇਅਰਮੈਨ ਯਸ਼ਪਾਲ ਸਿੰਗਲਾ ਦੀ ਅਗਵਾਈ 'ਚ ਹੋਈ। ਜਿਸ ਵਿੱਚ ਜ਼ਿਲ੍ਹੇ ਭਰ ਤੋਂ ਭੱਠਾ ਮਾਲਕਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਭੱਠਾ ਉਦਯੋਗ ਦੀਆਂ ਦਰਪੇਸ਼ ਸਮੱਸਿਆ, ਖਾਸ ਕਰਕੇ ਕੋਇਲੇ ਦੀ ਘਾਟ ਅਤੇ ਕੇਂਦਰ ਸਰਕਾਰ ਦੀਆਂ ਨੀਤੀਆਂ ਕਾਰਨ ਕੋਇਲੇ ਦੀ ਸਪਲਾਈ ਵਿੱਚ ਆ ਰਹੀਆਂ ਮੁਸਕਲਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲਾ ਪ੍ਰਧਾਨ ਹਰਸ਼ ਗੁਪਤਾ ਅਤੇ ਜਨਰਲ ਸੈਕਟਰੀ ਅਨੂਪ ਸਿੰਗਲਾ ਨੇ ਕਿਹਾ ਕਿ ਕੋਇਲੇ ਦੀ ਲਗਾਤਾਰ ਕਮੀ ਅਤੇ ਉੱਚੇ ਰੇਟਾਂ ਕਾਰਨ ਭੱਠਾ ਉਦਯੋਗ ਉੱਤੇ ਬਹੁਤ ਵੱਡਾ ਆਰਥਿਕ ਬੋਝ ਪੈ ਰਿਹਾ ਹੈ। ਮੌਜੂਦਾ ਹਾਲਾਤਾਂ ਵਿੱਚ ਭੱਠਾ ਚਲਾਉਣਾ ਹਰ ਭੱਠਾ ਮਾਲਕ ਲਈ ਬਹੁਤ ਮੁਸਕਿਲ ਹੋ ਗਿਆ ਹੈ। ਇਨ੍ਹਾਂ ਹਾਲਾਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਮੀਟਿੰਗ ਵਿੱਚ ਇਹ ਮਹੱਤਵਪੂਰਨ ਫੈਸਲਾ ਲਿਆ ਗਿਆ ਕਿ ਚਲਦੇ ਸੀਜਨ ਵਿੱਚ ਭੱਠੇ ਆਮ ਸਮੇਂ ਤੋਂ ਇੱਕ ਮਹੀਨਾ ਪਹਿਲਾਂ ਬੰਦ ਕਰ ਦਿੱਤੇ ਜਾਣਗੇ, ਜਦਕਿ ਆਉਣ ਵਾਲੇ ਸੀਜ਼ਨ ਵਿੱਚ ਭੱਠੇ ਆਮ ਸਮੇਂ ਤੋਂ ਲਗਭਗ ਦੋ ਮਹੀਨੇ ਬਾਅਦ ਹੀ ਸ਼ੁਰੂ ਕੀਤੇ ਜਾਣਗੇ। ਇਸ ਦੇ ਨਾਲ ਹੀ ਮੀਟਿੰਗ ਵਿੱਚ ਇਹ ਵੀ ਐਲਾਨ ਕੀਤਾ ਕਿ ਕੋਇਲੇ ਅਤੇ ਹੋਰ ਖਰਚਿਆਂ ਵਿੱਚ ਹੋ ਰਹੇ ਵਾਧੇ ਕਾਰਨ ਇੱਟ ਦੀ ਉਤਪਾਦਨ ਲਾਗਤ ਕਾਫੀ ਵਧ ਗਈ ਹੈ, ਜਿਸ ਕਰਕੇ ਇੱਟ ਦੇ ਰੇਟਾਂ ਵਿੱਚ ਵਾਧਾ ਕਰਨਾ ਵੀ ਲਾਜ਼ਮੀ ਹੋ ਗਿਆ ਹੈ। ਮੀਟਿੰਗ ਵਿੱਚ ਮੌਜੂਦ ਸਾਰੇ ਮੈਂਬਰਾਂ ਨੇ ਇਸ ਫੈਸਲੇ ਦਾ ਸਮਰਥਨ ਕੀਤਾ ਅਤੇ ਜ਼ਿਲ੍ਹੇ ਦੀਆਂ ਸਾਰੀਆਂ ਤਹਿਸੀਲਾਂ ਦੇ ਪ੍ਰਧਾਨਾਂ ਵੱਲੋਂ ਵੀ ਇਸ ਫੈਸਲੇ ਨੂੰ ਪੁਰਜ਼ੋਰ ਹਮਾਇਤ ਦਿੱਤੀ ਗਈ। ਐਸੋਸੀਏਸ਼ਨ ਦੇ ਅਹੁਦੇਦਾਰਾਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਭੱਠਾ ਇੰਡਸਟਰੀ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਦੇਖਦੇ ਹੋਏ ਕੋਇਲੇ ਦੀ ਸਪਲਾਈ ਅਤੇ ਰੇਟਾਂ ਦੇ ਮਾਮਲੇ ਵਿੱਚ ਤੁਰੰਤ ਢੁਕਵੇਂ ਕਦਮ ਚੁੱਕੇ ਜਾਣ, ਤਾਂ ਜੋ ਭੱਠਾ ਇੰਡਸਟਰੀ ਨੂੰ ਬਚਾਇਆ ਜਾ ਸਕੇ।

## ਸੜਕ ਹਾਦਸੇ 'ਚ ਯੋਗਾ ਅਧਿਆਪਕ ਦੀ ਮੌਤ



ਸਮਾਣਾ, 10 ਮਾਰਚ (ਵਿਜੇ ਕੁਮਾਰ) : ਮੰਗਲਵਾਰ ਸਵੇਰੇ ਸਮਾਣਾ-ਸ਼ੁਤਰਾਣਾ ਸੜਕ 'ਤੇ ਪਿੰਡ ਜੈਖਰ ਦੇ ਨੇੜੇ ਪਰਾਲੀ ਦੀਆਂ ਗੰਢਾਂ ਨਾਲ ਭਰੀ ਇੱਕ ਟ੍ਰੈਕਟਰ-ਟਰਾਲੀ ਵੱਲੋਂ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ ਗਈ। ਇਸ ਹਾਦਸੇ ਵਿੱਚ ਮੋਟਰਸਾਈਕਲ ਸਵਾਰ ਇੱਕ ਨੌਜਵਾਨ ਯੋਗਾ ਅਧਿਆਪਕ ਦੀ ਮੌਤ ਹੋ ਗਈ, ਜਿਸ ਦੀ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਸਮਾਣਾ ਲਿਆਂਦਾ ਗਿਆ।ਮਾਮਲੇ ਦੀ ਜਾਂਚ ਕਰ ਰਹੇ ਬਾਦਸ਼ਾਹਪੁਰ ਪੁਲਿਸ ਚੌਕੀ ਦੇ ਏ.ਐਸ.ਆਈ. ਪਰਮਜੀਤ ਸਿੰਘ ਨੇ ਦੱਸਿਆ ਕਿ ਮ੍ਰਿਤਕ ਵਿਕਰਮਜੀਤ ਸਿੰਘ (28), ਨਿਵਾਸੀ ਪਿੰਡ ਚੀਚੜਵਾਲ ਦੇ ਪਿਤਾ ਚਰਨ ਦਾਸ ਵੱਲੋਂ ਦਰਜ ਕਰਵਾਈ ਸ਼ਿਕਾਇਤ ਅਨੁਸਾਰ, ਵਿਕਰਮਜੀਤ ਸਿੰਘ ਰੋਜ਼ਾਨਾ ਦੀ ਤਰ੍ਹਾਂ ਯੋਗਾ ਕਲਾਸ ਲੈਣ ਲਈ ਸਕੂਲ ਜਾ ਰਿਹਾ ਸੀ। ਜਦੋਂ ਉਹ ਪਿੰਡ ਜੈਖਰ ਨੇੜੇ ਪਹੁੰਚਿਆ ਤਾਂ ਇੱਕ ਤੇਜ਼ ਰਫ਼ਤਾਰ ਟ੍ਰੈਕਟਰ-ਟਰਾਲੀ ਚਾਲਕ ਨੇ ਲਾਪਰਵਾਹੀ ਨਾਲ ਉਸ ਦੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ। ਟੱਕਰ ਇੰਨੀ ਜ਼ਬਰਦਸਤ ਸੀ ਕਿ ਨੌਜਵਾਨ ਸੜਕ 'ਤੇ ਡਿੱਗ ਕੇ ਗੰਭੀਰ ਜ਼ਖ਼ਮੀ ਹੋ ਗਿਆ ਅਤੇ ਮੌਕੇ 'ਤੇ ਹੀ ਉਸ ਦੀ ਮੌਤ ਹੋ ਗਈ। ਹਾਦਸੇ ਤੋਂ ਤੁਰੰਤ ਬਾਅਦ ਚਾਲਕ ਟ੍ਰੈਕਟਰ-ਟਰਾਲੀ ਛੱਡ ਕੇ ਮੌਕੇ ਤੋਂ ਫ਼ਰਾਰ ਹੋ ਗਿਆ। ਪੁਲਿਸ ਅਧਿਕਾਰੀਆਂ ਅਨੁਸਾਰ ਦੁਰਘਟਨਾਗ੍ਰਸਤ ਟ੍ਰੈਕਟਰ-ਟਰਾਲੀ ਨੂੰ ਕਬਜ਼ੇ ਵਿੱਚ ਲੈ ਲਿਆ ਗਿਆ ਹੈ। ਅਣਪਛਾਤੇ ਚਾਲਕ ਖ਼ਿਲਾਫ਼ ਮਾਮਲਾ ਦਰਜ ਕਰਕੇ ਉਸ ਦੀ ਭਾਲ ਸ਼ੁਰੂ ਕਰ ਦਿੱਤੀ ਗਈ ਹੈ। ਪੋਸਟਮਾਰਟਮ ਤੋਂ ਬਾਅਦ ਲਾਸ਼ ਵਾਰਸਾਂ ਦੇ ਹਵਾਲੇ ਕਰ ਦਿੱਤੀ ਗਈ ਹੈ।

## ਮਾਈ ਭਾਗੋ ਬ੍ਰਿਗੇਡ ਵੱਲੋਂ ਮਹਿਲਾ ਦਿਵਸ 'ਤੇ ਸੈਮੀਨਾਰ ਅਤੇ ਸਨਮਾਨ ਸਮਾਰੋਹ



ਪਟਿਆਲਾ, 10 ਮਾਰਚ (ਚ.ਨ.ਸ.) : ਸ਼ਹਿਰ ਦੀ ਨਾਮਵਰ ਸਮਾਜਸੇਵੀ ਸੰਸਥਾ ਮਾਈ ਭਾਗੋ ਬ੍ਰਿਗੇਡ ਵਲੋਂ ਨਾਰੀ ਦਿਹਾੜੇ ਤੇ ਇਕ ਯਾਦਗਾਰੀ ਸੈਮੀਨਾਰ ਤੇ ਸਨਮਾਨ ਸਮਾਰੋਹ ਆਯੋਜਿਤ ਕੀਤਾ ਗਿਆ, ਜਿਸ ਵਿਚ ਵੱਖ-ਵੱਖ ਸਕੂਲਾਂ ਦੇ 8 ਸਮਰਪਿਤ ਅਧਿਆਪਕਾ ਤੇ ਕੁਝ ਬਹੁਤ ਸਮਾਜਸੇਵੀ ਡਾਕਟਰਾਂ ਦਾ ਸਨਮਾਨ ਕੀਤਾ ਗਿਆ । ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ , ਸ੍ਰੀ ਗੁਰੂ ਹਰਿਗੋਬਿੰਦ ਮਿਸ਼ਨ ਸਕੂਲ, ਸ੍ਰੀ ਗੁਰੂ ਨਾਨਕ ਚੈਰੀਟੇਬਲ ਸਕੂਲ ,ਢੁਡਿਆਲ ਖਾਲਸਾ ਸਕੂਲ, ਕੇ.ਕੇ. ਇੰਟਰਨੈਸ਼ਨਲ ਸਕੂਲ, ਮਸਤੀ ਕੀ ਪਾਠਸ਼ਾਲਾ ,ਬੀ ਐਨ ਖਾਲਸਾ ਸਕੂਲ ਅਤੇ ਅਨੰਤ ਪਬਲਿਕ ਸਕੂਲ ਦੇ ਅਧਿਆਪਕਾ, ਕ੍ਰਮਵਾਰ ਬੀਬਾ ਗੁਰਪ੍ਰੀਤ ਕੌਰ ,ਬੀਬੀ ਬਲਵਿੰਦਰ ਕੌਰ ,ਬੀਬਾ ਸਬੀਨਾ ਬੀਬਾ ਅਮਨਪ੍ਰੀਤ ,ਸ੍ਰੀਮਤੀ ਰਾਜ ਕੁਮਾਰੀ ,ਬੀਬੀ ਰਵਿੰਦਰ ਕੌਰ ਰਾਣਾ ,ਬੀਬੀ ਜਤਿੰਦਰ ਕੌਰ ਤੇ ਬੀਬਾ ਜਸਲੀਨ ਸਾਹਨੀ , ਅਧਿਆਪਕ ਵਰਗ ਚੋਂ ਡਾ ਅਲਕਾ ਗਰਗ ,ਦੰਦਾਂ ਦੇ ਡਾਕਟਰ ਤੇ ਬੀਬੀ ਗੁਰਸ਼ਰਨ ਕੌਰ ਖਾਲਸਾ ,ਉੱਦਮੀ ਔਰਤ ਵਜੋਂ ਸਨਮਾਨੇ ਗਏ । ਇਸ ਮੌਕੇ ਪ੍ਰਿੰਸੀਪਲ ਸੁਰਿੰਦਰ ਕੌਰ, ਪ੍ਰਿੰਸੀਪਲ ਸਤਵਿੰਦਰ ਕੌਰ, ਪ੍ਰਿੰਸੀਪਲ ਸਤਿਨਾਮ ਕੌਰ, ਪ੍ਰੋ. ਗੁਰਪ੍ਰੀਤ ਕੌਰ, ਪ੍ਰਿੰਸੀਪਲ ਜਸਲੀਨ ਕੌਰ ਪ੍ਰਧਾਨ ਕਸ਼ਮੀਰੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸਕੂਲੀ ਸਟਾਫ ਤੇ ਕਲੋਨੀ ਵਾਸੀ ਸ਼ਾਮਲ ਹੋਏ ।ਡਾ ਕੁਲਵੰਤ ਕੌਰ ਨੇ ਸਭਨਾਂ ਦੀਆਂ ਪ੍ਰਾਪਤੀਆਂ ਨਾਲ ਤੁਆਰਫ ਕਰਾਇਆ ।ਸ਼ਬਦ ਕੀਰਤਨ ਨਾਲ ਸ਼ੁਰੂ ਹੋਏ ਸਮਾਗਮ ਵਿਚ ,ਵਖ ਵਖ ਬੁਲਾਰਿਆਂ ਨੇ ਔਰਤ ਦੀ ਦਸ਼ਾ ਤੇ ਦਿਸ਼ਾ ਦਾ ਜਿਕਰ ਕੀਤਾ ਤੇ ਮਾਈ ਭਾਗੋ ਜੀ ਦੇ ਪੂਰਨਿਆਂ ਤੇ ਤੁਰਦਿਆ, ਸਮਾਜ ਨੂੰ ਨਰੋਈ ਸੇਧ ਦੇਣ ਦਾ ਅਹਿਦ ਲਿਆ । ਇਸ ਮੌਕੇ ਸਾਰੀਆਂ ਸ਼ਖ਼ਸੀਅਤਾਂ ਦਾ ਸਨਮਾਨ ਕੀਤਾ ਗਿਆ।

## ਪੰਜਾਬੀ ਸਾਹਿਤ ਸਭਾ ਤੇ ਕੇਂਦਰੀ ਪੰਜਾਬੀ ਮਿੰਨੀ ਕਹਾਣੀ ਲੇਖਕ ਮੰਚ ਵੱਲੋਂ ਰਘਬੀਰ ਸਿੰਘ ਮਹਿਮੀ 26ਵੇਂ 'ਮਾਤਾ ਮਾਨ ਕੌਰ ਮਿੰਨੀ ਕਹਾਣੀ ਯਾਦਗਾਰੀ ਪੁਰਸਕਾਰ' ਨਾਲ ਸਨਮਾਨਿਤ



ਪਟਿਆਲਾ, 10 ਮਾਰਚ (ਚ.ਨ.ਸ.) : ਪੰਜਾਬੀ ਸਾਹਿਤ ਸਭਾ (ਰਜਿ.) ਪਟਿਆਲਾ ਵੱਲੋਂ ਕੇਂਦਰੀ ਪੰਜਾਬੀ ਮਿੰਨੀ ਕਹਾਣੀ ਲੇਖਕ ਮੰਚ ਦੇ ਸਹਿਯੋਗ ਨਾਲ ਅੰਤਰਰਾਸ਼ਟਰੀ ਨਾਰੀ ਦਿਵਸ ਅਤੇ ਸਭਾ ਦੇ ਸਰਪ੍ਰਸਤ ਡਾ. ਗੁਰਬਚਨ ਸਿੰਘ ਰਾਹੀ ਦੀ ਨਿੱਘੀ ਯਾਦ ਨੂੰ ਸਮਰਪਿਤ ਯਾਦਗਾਰੀ ਅਤੇ ਵਿਸ਼ਾਲ ਸਾਹਿਤਕ ਸਮਾਗਮ ਭਾਸ਼ਾ ਵਿਭਾਗ, ਪੰਜਾਬ, ਸ਼ੇਰਾਂ ਵਾਲਾ ਗੇਟ, ਪਟਿਆਲਾ ਵਿਖੇ ਕਰਵਾਇਆ ਗਿਆ. ਇਸ ਸਮਾਗਮ ਦੀ ਪ੍ਰਧਾਨਗੀ ਪੰਜਾਬੀ ਯੂਨੀਵਰਸਿਟੀ,ਪਟਿਆਲਾ ਦੇ ਪੰਜਾਬੀ ਵਿਭਾਗ ਅਤੇ ਪ੍ਰੋ. ਗੁਰਦਿਆਲ ਸਿੰਘ ਚੇਅਰ ਦੇ ਮੁਖੀ ਡਾ. ਰਾਜਵੰਤ ਕੌਰ 'ਪੰਜਾਬੀ ਨੇ ਕੀਤੀ. ਮੁੱਖ ਮਹਿਮਾਨ ਵਜੋਂ ਮਿੰਨੀ ਕਹਾਣੀ ਲੇਖਕ ਬੀਰ ਇੰਦਰ ਸਿੰਘ ਬਨਭੌਰੀ ਸਨ। ਇਸ ਸਮਾਗਮ ਦੇ ਪ੍ਰਧਾਨਗੀ ਮੰਡਲ ਵਿਚ ਸਭਾ ਦੇ ਪ੍ਰਧਾਨ ਡਾ. ਦਰਸ਼ਨ ਸਿੰਘ 'ਆਸ਼ਟ', ਕੇਂਦਰੀ ਪੰਜਾਬੀ ਮਿੰਨੀ ਕਹਾਣੀ ਲੇਖਕ ਮੰਚ ਦੇ ਪ੍ਰਧਾਨ ਡਾ. ਹਰਪ੍ਰੀਤ ਸਿੰਘ ਰਾਣਾ, ਉੱਘੇ ਸਮਾਜ ਸੇਵੀ ਭਗਵਾਨ ਦਾਸ ਗੁਪਤਾ,ਮਿੰਨੀ ਕਹਾਣੀ ਲੇਖਿਕਾ ਸੀਮਾ ਵਰਮਾ (ਲੁਧਿਆਣਾ) ਸ਼ਾਮਿਲ ਹੋਏ. ਇਸ ਦੌਰਾਨ ਮਿੰਨੀ ਕਹਾਣੀ ਲੇਖਕ ਰਘਬੀਰ ਸਿੰਘ ਮਹਿਮੀ ਨੂੰ 26ਵੇਂ 'ਮਾਤਾ ਮਾਨ ਕੌਰ ਮਿੰਨੀ ਕਹਾਣੀ ਯਾਦਗਾਰੀ ਪੁਰਸਕਾਰ' ਨਾਲ ਸਨਮਾਨਿਤ ਕੀਤਾ ਗਿਆ. ਇਸ ਪੁਰਸਕਾਰ ਵਿਚ ਉਨ੍ਹਾਂ ਨੂੰ ਨਗਦ ਰਾਸ਼ੀ ਤੋਂ ਇਲਾਵਾ ਸ਼ਾਲ ਅਤੇ ਕਲਮਾਂ ਦਾ ਜੋੜਾ ਆਦਿ ਭੇਂਟ ਕੀਤੇ ਗਏ। ਉਨ੍ਹਾਂ ਦੀ ਮਿੰਨੀ ਕਹਾਣੀ ਕਲਾ ਬਾਰੇ ਸਰਬਾਂਗੀ ਲੇਖਕ ਸੁਖਦੇਵ ਸਿੰਘ ਸ਼ਾਂਤ ਨੇ ਭਾਵਪੂਰਤ ਪਰਚਾ ਪੜ੍ਹਿਆ। ਉਨ੍ਹਾਂ ਬਾਰੇ ਸਨਮਾਨ ਪੱਤਰ ਬਲਬੀਰ ਸਿੰਘ ਦਿਲਦਾਰ ਨੇ ਪ੍ਰਸਤੁੱਤ ਕੀਤਾ ਜਦੋਂ ਕਿ ਜਨਰਲ ਸਕੱਤਰ ਦਵਿੰਦਰ ਪਟਿਆਲਵੀ ਨੇ ਇਸ ਸਨਮਾਨ ਬਾਰੇ ਚਰਚਾ ਕੀਤੀ. ਸਮਾਗਮ ਦੇ ਆਰੰਭ ਵਿਚ ਡਾ. ਦਰਸ਼ਨ ਸਿੰਘ ਆਸ਼ਟ ਨੇ ਪੁੱਜੇ ਲੇਖਕਾਂ ਦਾ ਸੁਆਗਤ ਕੀਤਾ। ਉਪਰੰਤ ਡਾ. ਰਾਜਵੰਤ ਕੌਰ ਪੰਜਾਬੀ ਨੇ ਕਿਹਾ ਕਿ ਵਰਤਮਾਨ ਦੌਰ ਵਿਚ ਯੂਨੀਵਰਸਿਟੀਆਂ ਵਰਗੇ ਅਦਾਰਿਆਂ ਵਿਚ ਮੌਲਿਕ ਅਤੇ ਖੋਜ ਖੇਤਰ ਦੇ ਹਵਾਲੇ ਨਾਲ ਮਿੰਨੀ ਕਹਾਣੀ ਦੇ ਵਿਕਾਸ ਦੀਆਂ ਭਰਪੂਰ ਸੰਭਾਵਨਾਵਾਂ ਮੌਜੂਦ ਹਨ ਅਤੇ ਇਹ ਵਿਧਾ ਥੋੜ੍ਹੇ ਸ਼ਬਦਾਂ ਵਿਚ ਭਰਪੂਰ ਊਰਜਾ ਨਾਲ ਆਪਣੇ ਮਕਸਦ ਦਾ ਬਿਆਨ ਕਰਦੀ ਹੈ. ਡਾ. ਹਰਪ੍ਰੀਤ ਸਿੰਘ ਰਾਣਾ ਨੇ ਕਿਹਾ ਕਿ ਉਹਨਾਂ ਵੱਲੋਂ ਆਪਣੀ ਮਾਤਾ ਜੀ ਦੀ ਨਿੱਘੀ ਯਾਦ ਵਿਚ ਪਿਛਲੇ 26 ਸਾਲਾਂ ਤੋਂ ਮਿੰਨੀ ਕਹਾਣੀ ਲੇਖਕਾਂ ਨੂੰ ਪੁਰਸਕਾਰ ਪ੍ਰਦਾਨ ਕਰਨ ਦੀ ਰਵਾਇਤ ਮੱਠੀ ਨਹੀਂ ਪਵੇਗੀ ਕਿਉਂਕਿ ਇਸ ਵਿਧਾ ਨਾਲ ਕਲਮਕਾਰਾਂ ਦਾ ਇਕ ਮਜ਼ਬੂਤ ਕਾਫ਼ਲਾ ਜੁੜ ਚੁੱਕਾ ਹੈ। ਬੀਰ ਇੰਦਰ ਸਿੰਘ ਬਨਭੌਰੀ ਦਾ ਕਹਿਣਾ ਸੀ ਕਿ ਸਾਹਿਤ ਸਭਾ ਅਤੇ ਮਿੰਨੀ ਕਹਾਣੀ ਲੇਖਕ ਮੰਚ ਦੇ ਅਜਿਹੇ ਸਾਂਝੇ ਉਪਰਾਲੇ ਪੰਜਾਬੀ ਮਾਂ ਬੋਲੀ ਦੀ ਤਰੱਕੀ ਦੇ ਨਿਰੰਤਰ ਵਿਕਾਸ ਦਾ ਸੂਚਕ ਹਨ.ਭਗਵਾਨ ਦਾਸ ਗੁਪਤਾ ਨੇ ਕਿਹਾ ਕਿ ਸਾਹਿਤ ਦੇ ਦੀਪਕ ਸਮਾਜ ਨੂੰ ਚੇਤਨਾ ਦੇ ਚਾਨਣ ਨਾਲ ਰੌਸ਼ਨੀ ਪ੍ਰਦਾਨ ਕਰਦੇ ਰਹਿੰਦੇ ਹਨ. ਸੀਮਾ ਵਰਮਾ, ਡਾ. ਜਗਜੀਤ ਸਿੰਘ, ਤ੍ਰਿਲੋਕ ਸਿੰਘ ਢਿੱਲੋਂ ਅਤੇ ਕੁਲਵੰਤ ਸਿੰਘ ਨਾਰੀਕੇ ਨੇ ਵੀ ਸੰਵਾਦ ਰਚਾਇਆ. ਅੰਤ ਵਿਚ ਰਘਬੀਰ ਸਿੰਘ ਮਹਿਮੀ ਨੇ ਮਿਲੇ ਸਨਮਾਨ ਲਈ ਸਭਾ ਅਤੇ ਮੰਚ ਦਾ ਧੰਨਵਾਦ ਕਰਦਿਆਂ ਰਚਨਾ ਪ੍ਰਕਿਰਿਆ ਬਾਰੇ ਚਰਚਾ ਕੀਤੀ.ਇਸ ਤੋਂ ਇਲਾਵਾ ਨਿਰਮਲਾ ਗਰਗ (ਲਹਿਰਾਗਾਗਾ),ਸਤਨਾਮ ਚੌਹਾਨ,ਅਮਰ ਗਰਗ ਕਲਮਦਾਨ (ਧੂਰੀ), ਜਗਤਾਰ ਸਿੰਘ ਸ਼ਹਿਰੀ (ਯੂ.ਕੇ.), ਨਾਇਬ ਸਿੰਘ ਬਦੇਸ਼ਾ, ਅਨਹਦ ਕੌਰ, ਬਚਨ ਸਿੰਘ ਗੁਰਮ, ਕਾਜਲ ਗੋਇਲ, ਜੋਗਾ ਸਿੰਘ ਪੰਜਾਬੀ, ਕਰਮਜੀਤ ਕੌਰ ਬੱਗਾ, ਕੁਲਵਿੰਦਰ ਕੁਮਾਰ ਬਹਾਦਰਗੜ੍ਹ, ਜੱਗਾ ਰੰਗੂਵਾਲ, ਐਡਵੋਕੇਟ ਗੁਰਦਰਸ਼ਨ ਸਿੰਘ ਗੁਸੀਲ ਆਦਿ ਨੇ ਵੰਨ-ਸੁਵੰਨੇ ਵਿਸ਼ਿਆਂ ਵਾਲੀਆਂ ਰਚਨਾਵਾਂ ਸੁਣਾਈਆਂ। ਇਸ ਸਮਾਗਮ ਵਿਚ ਅਮਰਜੀਤ ਸਿੰਘ ਵਾਲੀਆ, ਅੰਮ੍ਰਿਤਪਾਲ ਸਿੰਘ ਸ਼ੈਦਾ, ਗੁਰਚਰਨ ਸਿੰਘ ਪੱਬਾਰਾਲੀ, ਹਰਬੰਸ ਸਿੰਘ ਮਾਨਕਪੁਰੀ, ਰਣਜੀਤ ਕੌਰ ਆਂਸੂ, ਮਾਸਟਰ ਹਰਦੇਵ ਸਿੰਘ ਪ੍ਰੀਤ (ਪਾਤੜਾਂ), ਬਲਵਿੰਦਰ ਕੌਰ ਸੋਨੀਆ, ਕਿਰਨਦੀਪ ਕੌਰ, ਹਰਦੀਪ ਸਿੰਘ ਭੱਟੀ, ਤੇਜਿੰਦਰ ਸਿੰਘ ਅਨਜਾਨਾ, ਐਸ.ਐਨ. ਚੌਧਰੀ, ਸੁਖਦੇਵ ਸਿੰਘ ਚਹਿਲ, ਬਲਦੇਵ ਸਿੰਘ ਬਿੰਦਰਾ (ਚੰਡੀਗੜ੍ਹ),ਰਾਜੇਸ਼ਵਰ ਕੁਮਾਰ, ਸਾਬਕਾ ਡੀ.ਐਸ.ਪੀ. ਨਾਹਰ ਸਿੰਘ, ਜੈਮਲ, ਐਮ.ਐਸ.ਜੱਗੀ, ਕੁਲਦੀਪ ਪਟਿਆਲਵੀ, ਜਸਵੰਤ ਕੌਰ, ਅਰਸ਼ਦੀਪ ਸਿੰਘ, ਰੰਗਕਰਮੀ ਗੋਪਾਲ ਸ਼ਰਮਾ, ਬਜਿੰਦਰ ਠਾਕੁਰ, ਰਾਜੇਸ਼ ਕੋਟੀਆ, ਸੁਖਵਿੰਦਰ ਕੌਰ,ਲਕਸ਼ਦੀਪ ਕੌਰ, ਦਲਜੀਤ ਕੌਰ,ਨਮਨਪ੍ਰੀਤ ਕੌਰ, ਕਾਮਰੇਡ ਸੁਰਜੀਤ ਸਿੰਘ,ਅਮਰਜੀਤ ਸਿੰਘ, ਸੁਰਿੰਦਰ ਕੌਰ,ਕੁਲਦੀਪ ਕੌਰ, ਵਿਜੇ ਕੁਮਾਰ, ਦੀਵਾਂਸ਼ੂ ਵਰਮਾ ਆਦਿ ਲੇਖਕਾਂ ਅਤੇ ਸਾਹਿਤ-ਪ੍ਰੇਮੀ ਆਦਿ ਵੱਡੀ ਗਿਣਤੀ ਵਿਚ ਸ਼ਾਮਿਲ ਸਨ. ਮੰਚ ਸੰਚਾਲਨ ਮਿੰਨੀ ਕਹਾਣੀ ਲੇਖਕ ਦਵਿੰਦਰ ਪਟਿਆਲਵੀ ਨੇ ਬਾਖ਼ੂਬੀ ਨਿਭਾਇਆ।

## ਘੇਰ ਕੇ ਕੀਤੀ ਕੁੱਟਮਾਰ, ਮਾਮਲਾ ਦਰਜ

ਪਟਿਆਲਾ, 10 ਮਾਰਚ (ਵਿਨੋਦ ਸ਼ਰਮਾ) : ਥਾਣਾ ਪਸਿਆਣਾ ਪੁਲਿਸ ਕੋਲ ਗਿਆਨ ਸਿੰਘ ਪੁੱਤਰ ਅਮਰ ਸਿੰਘ ਵਾਸੀ ਹਰੀਨਗਰ ਖੇੜਕੀ ਨੇ ਕਥਿਤ ਦੋਸ਼ੀਆਂ ਗੁਰਸੇਵਕ ਸਿੰਘ, ਸੁਖਵੀਰ ਸਿੰਘ ਪੁੱਤਰਾਨ ਮੰਗਾ ਸਿੰਘ, ਕਮਲੇਸ਼ ਕੌਰ ਪਤਨੀ ਮੰਗਾ ਸਿੰਘ, ਮਿੱਠਾ ਸਿੰਘ ਪੁੱਤਰ ਗੁਲਜਾਰ ਸਿੰਘ ਵਾਸੀ ਪਿੰਡ ਹਰੀਨਗਰ ਖੇੜਕੀ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਹ ਆਪਣੇ ਖੇਤਾਂ ਵਿੱਚੋਂ ਕੰਮਕਾਰ ਕਰਕੇ ਘਰ ਆਇਆਂ ਤਾਂ ਉਕਤ ਕਥਿਤ ਦੋਸ਼ੀਆਂ ਵੱਲੋਂ ਉਸ ਦੇ ਘਰ ਦੇ ਬਾਹਰ ਮੁਦਈ ਦੀ ਘੇਰ ਕੇ ਕੁੱਟਮਾਰ ਕੀਤੀ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਵੀ ਦਿੱਤੀਆਂ। ਪੁਲਿਸ ਨੇ ਧਾਰਾ 115(2). 126(2), 351(2), 191(3), 190 ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਬਲਾਕ ਸੰਮਤੀ ਸ਼ੇਰਪੁਰ ਦੇ ਨਵੇਂ ਚੁਣੇ ਚੇਅਰਮੈਨ ਚਰਨ ਸਿੰਘ ਖੇੜੀ ਦਾ ਸਨਮਾਨ



ਸ਼ੇਰਪੁਰ, 10 ਮਾਰਚ (ਬਲਜੀਤ ਸਿੰਘ ਟਿੱਬਾ) : ਬਲਾਕ ਸੰਮਤੀ ਸ਼ੇਰਪੁਰ ਦੇ ਨਵੇਂ ਚੁਣੇ ਗਏ ਚੇਅਰਮੈਨ ਚਰਨ ਸਿੰਘ ਖੇੜੀ ਦਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂਆਂ ਵੱਲੋਂ ਸਿਰੋਪਾਓ ਦੇ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਸਾਬਕਾ ਸਰਪੰਚ ਬਲਵਿੰਦਰ ਸਿੰਘ ਭੋਲਾ ਟਿੱਬਾ ਅਤੇ 'ਆਪ' ਆਗੂ ਹਰਪ੍ਰੀਤ ਸਿੰਘ ਟਿੱਬਾ ਨੇ ਵਿਸ਼ੇਸ਼ ਤੌਰ 'ਤੇ ਨਵ-ਨਿਯੁਕਤ ਚੇਅਰਮੈਨ ਨੂੰ ਸਿਰੋਪਾਓ ਦੇ ਕੇ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਅਗਵਾਈ ਹੇਠ ਬਲਾਕ ਸੰਮਤੀ ਸ਼ੇਰਪੁਰ ਦੇ ਖੇਤਰ ਵਿੱਚ ਵਿਕਾਸ ਦੇ ਨਵੇਂ ਕੰਮ ਹੋਣਗੇ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਹਮੇਸ਼ਾਂ ਹੀ ਲੋਕਾਂ ਦੀ ਭਲਾਈ ਅਤੇ ਖੇਤਰ ਦੇ ਵਿਕਾਸ ਲਈ ਵਚਨਬੱਧ ਹੈ। ਇਸ ਮੌਕੇ ਚੇਅਰਮੈਨ ਚਰਨ ਸਿੰਘ ਖੇੜੀ ਨੇ ਆਗੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਲੋਕਾਂ ਦੇ ਵਿਸ਼ਵਾਸ 'ਤੇ ਖਰਾ ਉਤਰਨ ਲਈ ਪੂਰੀ ਇਮਾਨਦਾਰੀ ਅਤੇ ਨਿਭਾਵ ਨਾਲ ਕੰਮ ਕਰਨਗੇ ਅਤੇ ਖੇਤਰ ਦੇ ਸਰਬਪੱਖੀ ਵਿਕਾਸ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ। ਇਸ ਸਮੇਂ ਸਾਬਕਾ ਪੰਚ ਵਿਜੇ ਸਿੰਘ ਟਿੱਬਾ ਤੋਂ ਇਲਾਵਾ ਪਾਰਟੀ ਵਰਕਰ ਅਤੇ ਇਲਾਕੇ ਦੇ ਮਾਣਯੋਗ ਵਿਅਕਤੀ ਮੌਜੂਦ ਸਨ।

## 4800 ਨਸ਼ੀਲੀਆਂ ਗੋਲੀਆਂ ਬ੍ਰਾਮਦ

ਘਨੌਰ, 10 ਮਾਰਚ (ਮਦਨ ਲਾਲ) : ਥਾਣਾ ਸਦਰ ਰਾਜਪੁਰਾ ਪੁਲਿਸ ਨੇ ਕਥਿਤ ਦੋਸ਼ੀ ਬਹਾਦਰ ਖਾਨ ਪੁੱਤਰ ਕਾਕਾ ਖਾਨ ਵਾਸੀ ਪਿੰਡ ਕਕਰਾਲਾ ਵਿਰੁੱਧ ਧਾਰਾ 22, 61,85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਅਮਰਜੀਤ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾ ਦੇ ਸਬੰਧ ਵਿੱਚ ਏ.ਜੀ.ਐਮ. ਰਿਜ਼ੋਰਟ ਬਸੰਤਪੁਰਾ ਪਾਸ ਮੌਜੂਦ ਸੀ, ਜੋ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ 4800 ਨਸ਼ੀਲੀਆ ਗੋਲੀਆਂ ਬ੍ਰਾਮਦ ਹੋਈਆਂ।

## ਲੁੱਟਾਂ-ਖੋਹਾਂ ਕਰਨ ਵਾਲਾ ਲੁਟੇਰਾ ਪੁਲਿਸ ਵੱਲੋਂ ਕਾਬੂ

ਪਟਿਆਲਾ, 10 ਮਾਰਚ (ਚ.ਨ.ਸ.): ਪਟਿਆਲਾ ਪੁਲਿਸ ਨੇ ਲੁੱਟਾਂ-ਖੋਹਾਂ ਤੇ ਸਨੈਚਿੰਗ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ ਸ਼ਾਤਰ ਅਪਰਾਧੀਆਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਇਕ ਅਹਿਮ ਸਫਲਤਾ ਹਾਸਲ ਕੀਤੀ ਹੈ। ਥਾਣਾ ਲਾਹੌਰੀ ਗੇਟ ਪੁਲਿਸ ਨੇ ਇਕ ਅਜਿਹੇ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਹੈ , ਜੋ ਸ਼ਹਿਰ ਵਿਚ ਦਹਿਸ਼ਤ ਦਾ ਪਰਛਾਵਾਂ ਬਣਿਆ ਹੋਇਆ ਸੀ ਤੇ ਔਰਤਾਂ ਤੇ ਬਜ਼ੁਰਗਾਂ ਨੂੰ ਆਪਣਾ ਸ਼ਿਕਾਰ ਬਣਾਉਂਦਾ ਸੀ। ਫੜੇ ਗਏ ਮੁਲਜ਼ਮ ਦੀ ਪਛਾਣ ਹਰਵਿੰਦਰ ਸਿੰਘ ਵਾਸੀ ਤਫੱਜਲਪੁਰਾ ਵਜੋਂ ਹੋਈ ਹੈ। ਡੀਐਸਪੀ ਸਤਨਾਮ ਸਿੰਘ ਮੁਤਾਬਕ ਹਰਵਿੰਦਰ ਸਿੰਘ ਬਹੁਤ ਹੀ ਸ਼ਾਤਰ ਤਰੀਕੇ ਨਾਲ ਵਾਰਦਾਤਾਂ ਨੂੰ ਅੰਜਾਮ ਦਿੰਦਾ ਸੀ ।ਉਹ ਪਟਿਆਲਾ ਦੇ ਵੱਖ -ਵੱਖ ਇਲਾਕਿਆਂ ਵਿਚ ਚੋਰੀ ਅਤੇ ਖੋਹ ਦੀਆਂ ਘਟਨਾਵਾਂ ਕਰਕੇ ਤੁਰੰਤ ਅੰਮ੍ਰਿਤਸਰ ਫਰਾਰ ਹੋ ਜਾਂਦਾ ਸੀ। ਮੁਲਜ਼ਮ ਦਾ ਮੰਨਣਾ ਹੈ ਕਿ ਉਹ ਸ਼ਹਿਰ ਬਦਲ ਲੈਣ ਨਾਲ ਉਹ ਪੁਲਿਸ ਦੀ ਨਜ਼ਰ ਤੋਂ ਬਚਿਆ ਰਹੇਗਾ ਪਰ ਪੁਲਿਸ ਦੀ ਤਫਤੀਸ਼ੀ ਟੀਮ ਨੇ ਤਕਨੀਕੀ ਮਦਦ ਤੇ ਗੁਪਤ ਸੂਚਨਾਵਾਂ ਨੂੰ ਆਧਾਰ 'ਤੇ ਉਸਦਾ ਪਿੱਛਾ ਕਰਕੇ ਉਸਨੂੰ ਕਾਬੂ ਕਰ ਲਿਆ। ਮੁੱਢਲੀ ਪੁਛਗਿੱਛ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਮੁਲਜ਼ਮ ਨੇ ਪਟਿਆਲਾ ਦੇ ਪਾਸ਼ ਇਲਾਕਿਆਂ ਨੂੰ ਆਪਣਾ ਨਿਸ਼ਾਨਾ ਬਣਾਇਆ ਹੋਇਆ ਸੀ। ਐਸ.ਐਸ.ਟੀ.ਨਗਰ, ਸਿਵਲ ਲਾਈਨਜ਼, ਬਿਸ਼ਨ ਨਗਰ ਸਮੇਤ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿਚ 6 ਤੋਂ ਵੱਧ ਵਾਰਦਾਤਾਂ ਕਰਨ ਦੀ ਗੱਲ ਕਬੂਲੀ ਹੈ। ਪੁਲਿਸ ਮੁਤਾਬਕ ਮੁਲਜ਼ਮ ਨੇ ਇਕ ਮਹਿਲਾ ਕੋਲੋਂ ਸੋਨੇ ਦੀ ਚੇਨੀ ਖੋਹੀ ਸੀ, ਜਿਸ ਨੂੰ ਉਸਨੇ ਅੰਮ੍ਰਿਤਸਰ ਦੇ ਇਕ ਸੁਨਿਆਰੇ ਨੂੰ ਵੇਚ ਦਿੱਤਾ ਸੀ। ਪੁਲਿਸ ਨੇ ਕਾਰਵਾਈ ਕਰਦਿਆਂ ਉਸ ਸੁਨਿਆਰੇ ਕੋਲੋਂ 1 ਲੱਖ 20 ਹਜ਼ਾਰ ਰੁਪਏ ਦੀ ਰਿਕਵਰੀ ਕਰ ਲਈ ਹੈ। ਡੀ.ਐਸ.ਪੀ. ਸਤਨਾਮ ਸਿੰਘ ਨੇ ਦੱਸਿਆ ਕਿ ਮੁਲਜ਼ਮ ਹਰਵਿੰਦਰ ਸਿੰਘ ਨਸ਼ੇ ਦਾ ਬੁਰੀ ਤਰ੍ਹਾਂ ਆਦੀ ਹੈ। ਆਪਣੇ ਨਸ਼ੇ ਦੀ ਪੂਰਤੀ ਲਈ ਅਤੇ ਮਹਿੰਗੇ ਸ਼ੌਕ ਕਰਨ ਲਈ ਉਹ ਬੇਖੌਫ ਹੋ ਕੇ ਇਨ੍ਹਾਂ ਵਾਰਦਾਤਾਂ ਨੂੰ ਅੰਜਾਮ ਦੇ ਰਿਹਾ ਸੀ। ਨਸ਼ੇ ਨੇ ਉਸਨੂੰ ਜੁਰਮ ਦੀ ਦੁਨੀਆਂ ਵਿਚ ਧੱਕ ਦਿੱਤਾ ਸੀ। ਪੁਲਿਸ ਨੇ ਮੁਲਜ਼ਮ ਖ਼ਿਲਾਫ਼ ਮਾਮਲਾ ਦਰਜ ਕਰਕੇ ਅਦਾਲਤ ਵਿਚ ਪੇਸ਼ ਕੀਤਾ ਹੈ। ਡੀ.ਐਸ.ਪੀ. ਨੇ ਕਿਹਾ ਕਿ ਮੁਲਜ਼ਮ ਦਾ ਰਿਮਾਂਡ ਹਾਸਲ ਕਰਕੇ ਡੂੰਘਾਈ ਨਾਲ ਪੁਛਗਿੱਛ ਕੀਤੀ ਜਾਵੇਗੀ, ਜਿਸ ਵਿਚ ਹੋਰ ਵੀ ਕਈ ਵੱਡੇ ਖੁਲਾਸੇ ਅਤੇ ਵਾਰਦਾਤਾਂ ਦੇ ਸੁਲਝਣ ਦੀ ਉਮੀਦ ਹੈ।

## ਮਾਵਾਂ-ਧੀਆਂ ਸਤਿਕਾਰ ਯੋਜਨਾ ਔਰਤਾਂ ਦੀ ਆਰਥਿਕ ਮਜ਼ਬੂਤੀ ਵੱਲ ਵੱਡਾ ਕਦਮ : ਇੰਦਰਜੀਤ ਸਿੰਘ ਸੰਧੂ



ਸਨੌਰ, 10 ਮਾਰਚ (ਪ੍ਰਥਮ ਕੁਮਾਰ) : ਹਲਕਾ ਸਨੌਰ ਦੇ ਸੀਨੀਅਰ ਆਮ ਆਦਮੀ ਪਾਰਟੀ ਦੇ ਆਗੂ ਅਤੇ ਵਾਈਸ ਚੇਅਰਮੈਨ ਇੰਦਰਜੀਤ ਸਿੰਘ ਸੰਧੂ ਨੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦਾ ਸਵਾਗਤ ਕਰਦਿਆਂ ਇਸਨੂੰ ਸੂਬੇ ਦੀਆਂ ਔਰਤਾਂ ਲਈ ਇਤਿਹਾਸਕ ਕਦਮ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨਾਲ ਕੀਤੇ ਚੋਣ ਵਾਅਦੇ ਪੂਰੇ ਕਰਨ ਲਈ ਵਚਨਬੱਧ ਹੈ ਅਤੇ ਇਹ ਯੋਜਨਾ ਉਸਦਾ ਵੱਡਾ ਸਬੂਤ ਹੈ। ਇੰਦਰਜੀਤ ਸਿੰਘ ਸੰਧੂ ਨੇ ਕਿਹਾ ਕਿ ਇਸ ਯੋਜਨਾ ਤਹਿਤ ਪੰਜਾਬ ਭਰ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1000 ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਵੇਗੀ, ਜਦਕਿ ਅਨੁਸੂਚਿਤ ਜਾਤੀ ਭਾਈਚਾਰੇ ਦੀਆਂ ਔਰਤਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਮਿਲਣਗੇ। ਇੰਦਰਜੀਤ ਸਿੰਘ ਸੰਧੂ ਨੇ ਦੱਸਿਆ ਕਿ ਇਸ ਯੋਜਨਾ ਲਈ ਰਜਿਸਟ੍ਰੇਸ਼ਨ ਪ੍ਰਕਿਰਿਆ ਵਿਸਾਖੀ ਤੋਂ ਸ਼ੁਰੂ ਹੋਵੇਗੀ ਅਤੇ 18 ਸਾਲ ਤੋਂ ਵੱਧ ਉਮਰ ਦੀ ਹਰ ਲੜਕੀ ਅਤੇ ਔਰਤ ਇਸ ਸਕੀਮ ਦਾ ਲਾਭ ਲੈ ਸਕੇਗੀ। ਅੰਤ ਵਿੱਚ ਸੰਧੂ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਇਹ ਲੋਕ-ਕੇਂਦ੍ਰਿਤ ਬਜਟ ਸੂਬੇ ਦੀ ਤਰੱਕੀ ਅਤੇ ਲੋਕਾਂ ਦੀ ਖੁਸ਼ਹਾਲੀ ਲਈ ਮੀਲ ਪੱਥਰ ਸਾਬਤ ਹੋਵੇਗਾ। ਉਨ੍ਹਾਂ ਇਸ ਯੋਜਨਾ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦਾ ਧੰਨਵਾਦ ਕੀਤਾ।

## ਫੀਲਖਾਨਾ ਵਿਖੇ ਅੰਤਰਰਾਸ਼ਟਰੀ ਇਸਤਰੀ ਦਿਵਸ ਮਨਾਇਆ



ਪਟਿਆਲਾ, 10 ਮਾਰਚ (ਰੁਪਾਨਾ) : ਸਟੇਟ ਐਵਾਰਡੀ ਪ੍ਰਿੰਸੀਪਲ ਡਾ. ਰਜਨੀਸ਼ ਗੁਪਤਾ ਦੀ ਅਗਵਾਈ ਦੇ ਵਿੱਚ ਸਕੂਲ ਆਫ ਐਮੀਨੈਂਸ ਫੀਲਖਾਨਾ ਪਟਿਆਲਾ ਵਿਖੇ ਅੰਤਰਰਾਸ਼ਟਰੀ ਇਸਤਰੀ ਦਿਵਸ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਐਨਐਸਐਸ ਵਲੰਟੀਅਰਸ ਅਤੇ ਐਨਐਸਐਸ ਵਿੱਚ ਵਿਲੱਖਣ ਭੂਮਿਕਾ ਅਦਨ ਅਦਾ ਕਰਨ ਵਾਲੀਆਂ ਅਧਿਆਪਕਾਂਵਾਂ ਨੂੰ ਸਨਮਾਨਿਤ ਕੀਤਾ ਗਿਆ। ਪ੍ਰੋਗਰਾਮ ਵਿੱਚ ਬੋਲਦਿਆ ਡਾ. ਰਜਨੀਸ਼ ਗੁਪਤਾ ਨੇ ਕਿਹਾ ਕਿ ਜਿਸ ਘਰ ਦੇ ਵਿੱਚ ਮਾਂ, ਭੈਣ, ਪਤਨੀ ਅਤੇ ਪੁੱਤਰੀ ਦਾ ਸਨਮਾਨ ਹੁੰਦਾ ਹੈ ਉਸ ਮੁਲਕ ਦੀ ਤਰੱਕੀ ਨੂੰ ਕੋਈ ਨਹੀਂ ਰੋਕ ਸਕਦਾ। ਪ੍ਰੋਗਰਾਮ ਆਫਿਸਰ ਮਨੋਜ ਥਾਪਰ ਨੇ ਅੰਤਰਰਾਸ਼ਟਰੀ ਇਸਤਰੀ ਦਿਵਸ ਦੇ ਇਤਿਹਾਸ, ਮਹੱਤਵ ਅਤੇ 2026 ਦੇ ਥੀਮ ਉੱਤੇ ਆਪਣੇ ਵਿਚਾਰ ਪ੍ਰਗਟ ਕੀਤੇ ।ਇਹ ਪ੍ਰੋਗਰਾਮ ਮਾਤਾ ਸਵਿਤਰੀ ਬਾਈ ਫੂਲੇ ਜੀ ਦੀ ਪੁੰਨ ਤਿਥੀ ਨੂੰ ਸਮਰਪਿਤ ਕੀਤਾ ਗਿਆ ।ਮਾਤਾ ਸਵਿਤਰੀ ਬਾਈ ਫੂਲੇ ਦੀ ਜੀਵਨੀ ਜਾਣਕਾਰੀ ਸਕੂਲ ਦੇ ਮੀਡੀਆ ਕੋਆਰਡੀਨੇਟਰ ਸ੍ਰੀ ਅਕਸ਼ੇ ਖਨੌਰੀ ਵੱਲੋਂ ਦਿੱਤੀ ਗਈ। ਇਸ ਮੌਕੇ ਮੰਚ ਸੰਚਾਲਨ ਕਰਦਿਆਂ ਡਾ. ਸਪਨਾ ਸੇਠੀ ਨੇ ਔਰਤਾਂ ਦੇ ਹਰ ਖੇਤਰ ਵਿੱਚ ਨਵੀਆਂ ਪੁਲਾਂਘਾਂ ਪੱਟਣ ਬਾਰੇ ਆਪਣੇ ਵਿਚਾਰ ਪੇਸ਼ ਕੀਤੇ। ਪ੍ਰੋਗਰਾਮ ਦੇ ਵਿੱਚ ਵਿਸ਼ੇਸ਼ ਤੌਰ ਤੇ ਲੈਕਚਰਾਰ ਬਲਵਿੰਦਰ ਕੌਰ, ਮੈਡਮ ਕਰਮਜੀਤ ਕੌਰ,ਮੈਡਮ ਨੀਤੂ ,ਮੈਡਮ ਗਗਨਜੀਤ ਕੌਰ, ਐਨਐਸਐਸ ਵਲੰਟੀਅਰਜ ਮੋਦਨਾ ਗੁਪਤਾ ,ਰਮਨਜੋਤ ਕੌਰ ਪੂਨਮ ਅਤੇ ਵਰਿੰਦਰ ਕੌਰ ਨੂੰ ਸਰਟੀਫਿਕੇਟ ਅਤੇ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਪ੍ਰੋਗਰਾਮ ਦੇ ਵਿੱਚ ਸਟੇਟ ਅਵਾਰਡੀ ਅਧਿਆਪਕ ਕਮ ਪ੍ਰੋਗਰਾਮ ਆਫਿਸਰ ਐਨਐਸਐਸ ਸ. ਪ੍ਰਗਟ ਸਿੰਘ ਅਤੇ ਉਹਨਾਂ ਦੀ ਟੀਮ ਵੱਲੋਂ ਔਰਤਾਂ ਦੇ ਹੱਕ ਵਿੱਚ ਇੱਕ ਗੀਤ ਦੀ ਪੇਸ਼ਕਾਰੀ ਕੀਤੀ ਗਈ। ਇਸ ਮੌਕੇ ਸੀਨੀਅਰ ਲੈਕਚਰਾਰ ਕੰਵਰਜੀਤ ਸਿੰਘ ਧਾਲੀਵਾਲ, ਸਟਾਫ ਸਕੱਤਰ ਲਖਵੀਰ ਕੌਰ, ਚਰਨਜੀਤ ਸਿੰਘ, ਹਰਪ੍ਰੀਤ, ਮੈਡਮ ਸਿਮਰਨਪ੍ਰੀਤ ਕੌਰ, ਮੈਡਮ ਰਿਤੂ ਸਿੰਘਲ, ਮੈਡਮ ਡਾ. ਮੋਨਾ ਦੇਵਗਨ, ਰਵਦੀਪ ਕੌਰ, ਮੈਡਮ ਰਵਿੰਦਰ ਕੌਰ, ਗਗਨਦੀਪ ਸਿੰਘ ਆਦਿ ਨੇ ਸ਼ਮੂਲੀਅਤ ਕੀਤੀ।

## ਸ਼ਰਧਾ ਭਾਵਨਾ ਨਾਲ ਬਾਸੜੀਆਂ ਦਾ ਤਿਉਹਾਰ ਮਨਾਇਆ



ਸਮਾਣਾ, 10 ਮਾਰਚ (ਵਿਜੇ ਕੁਮਾਰ) : ਅਗਰਵਾਲ ਧਰਮਸ਼ਾਲਾ ਸਮਾਣਾ ਵਿਚ ਸਥਿਤ ਪ੍ਰਾਚੀਨ ਸੀਤਲਾ ਮਾਤਾ ਮੰਦਿਰ ਵਿਚ ਬਾਸੜੀਆਂ ਦਾ ਸ਼ੁਭ ਤਿਉਹਾਰ ਸੰਸਥਾ ਪ੍ਰਧਾਨ ਮਦਨ ਮਿੱਤਲ ਅਤੇ ਸਮੂਹ ਮੈਂਬਰਾਂ ਦੀ ਅਗਵਾਈ 'ਚ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਅੱਧੀ ਰਾਤ ਤੋਂ ਹੀ ਮੱਥਾ ਟੇਕਣ ਵਾਲੇ ਸ਼ਰਧਾਲੂਆਂ ਦੀਆਂ ਲੰਮੀਆਂ ਲਾਇਨਾਂ ਲੱਗ ਗਈਆਂ। ਇਸ ਮੌਕੇ ਕਮੇਟੀ ਪ੍ਰਧਾਨ ਮਦਨ ਮਿੱਤਲ ਅਤੇ ਸਮੂਹ ਕਮੇਟੀ ਮੈਬਰਾਂ ਨੇ ਕਿਹਾ ਕਿ ਇਸ ਤਿਉਹਾਰ ਮੌਕੇ ਮਾਵਾਂ ਆਪਣੇ ਬੱਚਿਆਂ ਦੀ ਤੰਦਰੁਸਤੀ ਅਤੇ ਸਲਾਮਤੀ ਲਈ ਕਾਮਨਾਂ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਮਾਤਾ ਸੀਤਲਾ ਚੇਚਕ ਅਤੇ ਖਸਰਾ ਵਰਗੀਆਂ ਬਿਮਾਰੀਆਂ ਨੂੰ ਠੀਕ ਕਰਨ ਵਾਲੀ ਮੰਨੀ ਜਾਂਦੀ ਹੈ। ਇਸ ਦਿਨ ਮਾਤਾ ਸੀਤਲਾ ਦੀ ਪੂਜਾ ਕਰਨ ਅਤੇ ਬਾਸੀ ਭੋਜਨ ਖਾਣ ਦਾ ਵਿਧਾਨ ਹੈ। ਇਸ ਮੌਕੇ ਮਮਤਾ ਜਿੰਦਲ, ਸ਼ਸ਼ੀ ਬਾਲਾ, ਡੌਲੀ ਕਾਂਸਲ, ਕਿਰਨਾ ਰਾਣੀ, ਜੋਤੀ ਮਿੱਤਲ, ਊਸ਼ਾ ਰਾਣੀ, ਰੋਮੀਆ ਗਰਗ ਅਤੇ ਪਤਵੰਤੇ ਵੀ ਮੌਜੂਦ ਸਨ।

## ਜਸਵੰਤ ਸਿੰਘ ਕੌਲੀ ਦੀ ਅਗਵਾਈ ਹੇਠ ਇਸਤਰੀ ਦਿਵਸ ਮਨਾਇਆ



ਪਟਿਆਲਾ, 10 ਮਾਰਚ (ਚ.ਨ.ਸ.) : ਹੈਲਥ ਅਵੇਅਰਨੈਸ ਸੁਸਾਇਟੀ ਬਾਰਾਦਰੀ ਗਾਰਡਨਜ਼ ਅਤੇ ਯੋਗਾ ਪਰਿਵਾਰ ਗਰੁੱਪ ਵਲੋਂ ਅੰਤਰ ਰਾਸ਼ਟਰੀ ਇਸਤਰੀ ਦਿਵਸ ਜਸਵੰਤ ਸਿੰਘ ਕੌਲੀ ਦੀ ਅਗਵਾਈ ਹੇਠ ਮਨਾਇਆ ਗਿਆ। ਇਸ ਸਮਾਗਮ ਦੀ ਮੁੱਖ ਮਹਿਮਾਨ ਡਾ. ਕਰਾਂਤੀ ਗਰਗ ਪ੍ਰੋਫੈਸਰ ਟੀ.ਬੀ. ਹਸਪਤਾਲ ਸਨ। ਇਸ ਸਮਾਗਮ ਵਿੱਚ 19 ਔਰਤਾਂ ਨੂੰ ਬਾਰਾਦਰੀ ਗਾਰਡਨਜ਼ ਦੇ ਵੱਖ—ਵੱਖ 24 ਗਰੁਪਾਂ 'ਚੋਂ ਚੋਣ ਕੀਤੀ ਗਈਅਤੇ ਸਨਮਾਨਿਤ ਕੀਤਾ ਗਿਆ। ਹਰ ਔਰਤ ਨੂੰ ਫੁੱਲਾਂ ਦਾ ਹਾਰ, ਸ਼ਾਲ ਅਤੇ ਯਾਦਗਾਰੀ ਚਿੰਨ ਨਾਲ ਨਿਵਾਜਿਆ ਗਿਆ। ਸਨਮਾਨਿਤ ਔਰਤਾਂ ਵਿੱਚ ਡਾ. ਕਰਾਂਤੀ ਗਰਗ, ਹਰਜੀਤ ਕੌਰ ਰੌਜੀ, ਇੰਦਰਜੀਤ ਕੌਰ, ਜ਼ਸਵਿੰਦਰ ਕੌਰ, ਸੋਨੀਆ ਵਰਮਾ, ਹਰਪ੍ਰੀਤ ਕੌਰ ਅੱਜੀ, ਨਰਾਇਨ ਬਾਲਾ, ਸੁਮਨ, ਮਿਸਿਜ਼ ਉਬਰਾਏ, ਰਾਜ ਕੌਰ, ਮਮਤਾ ਮਲਹੋਤਰਾ, ਸਿੰਮੀ ਭਾਟੀਆ, ਰਾਧਾ ਰਾਨੀ, ਦਰਸ਼ਨਾ ਗੋਗੀਆ, ਜਗਜੀਤ ਕੌਰ, ਗਗਨਦੀਪ ਕੌਰ, ਆਸ਼ੂ ਬਾਂਸਲ, ਮਿਸਿਜ਼ ਪੂਰਨ ਸਵਾਮੀ, ਆਦਿ ਹਾਜ਼ਰ ਸਨ।ਇਸ ਸਮਾਗਮ ਵਿੱਚ ਡਾ. ਹਰਿੰਦਰਪਾਲ ਸਿੰਘ ਅਸਿਸਟੈਂਟ ਡਾਇਰੈਕਟਰ ਬਾਗਬਾਨੀ ਵਿਭਾਗ, ਵਿਨੋਦ ਸ਼ਰਮਾ ਜਨਰਲ ਸਕੱਤਰ ਜਨਹਿੱਤ, ਐਡਵੋਕੇਟ ਤਾਰਾ ਸਿੰਘ ਭਮਰਾ, ਡਾ. ਜੀ.ਐਸ. ਆਨੰਦ ਸਾਬਕਾ ਡਾਇਰੈਕਟਰ ਐਨ. ਆਈ. ਐਸ., ਐਮ.ਐਸ. ਜੱਗੀ ਕਵੀ, ਉਪਕਾਰ ਸਿੰਘ ਡੀ.ਈ.ਓ. ਰਿਟਾਇਰਡ, ਵਿਸ਼ੇਸ਼ ਮਹਿਮਾਨ ਤੌਰ 'ਤੇ ਹਾਜ਼ਰ ਹੋਏ। ਇਸ ਪ੍ਰੋਗਰਾਮ ਨੂੰ ਨੇਪਰੇ ਚਾੜ੍ਹਨ ਲਈ ਐਡਵੋਕੇਟ ਤਾਰਾ ਸਿੰਘ ਭਮਰਾ ਦਾ ਪੂਰਾ ਯੋਗਦਾਨ ਰਿਹਾ।

## ਸੇਂਟ ਥਰੇਸਾ ਸਕੂਲ 'ਚ ਨਵੇਂ ਸੈਸ਼ਨ ਦਾ ਸ਼ੁਭ ਆਰੰਭ



ਸਮਾਣਾ, 10 ਮਾਰਚ (ਜਵੰਦਾ) : ਸੇਂਟ ਥਰੇਸਾ ਕਾਨਵੈਂਟ ਸਕੂਲ ਵਿੱਚ ਨਵੇਂ ਸੈਸ਼ਨ ਦੀ ਸ਼ੁਰੂਆਤ ਉਤਸ਼ਾਹਪੂਰਨ ਮਾਹੌਲ ਵਿੱਚ ਹੋਈ। ਸਕੂਲ ਦੇ ਪਹਿਲੇ ਦਿਨ, ਜਿੱਥੇ ਪੁਰਾਣੇ ਵਿਦਿਆਰਥੀ ਆਪਣੇ ਮਿਤਰਾਂ ਨੂੰ ਮਿਲ ਕੇ ਖੁਸ਼ ਹੋਏ, ਉਥੇ ਨਵੇਂ ਵਿਦਿਆਰਥੀ ਵੀ ਨਵੇਂ ਸਕੂਲ ਦੇ ਅਨੁਭਵ ਨੂੰ ਲੈ ਕੇ ਉਤਸ਼ਾਹਿਤ ਦਿਖਾਈ ਦਿੱਤੇ।ਸਕੂਲ ਪਰਿਸਰ ਨੂੰ ਵਿਸ਼ੇਸ਼ ਤੌਰ 'ਤੇ ਸਜਾਇਆ ਗਿਆ, ਅਤੇ ਵਿਦਿਆਰਥੀਆਂ ਦੇ ਸੁਆਗਤ ਲਈ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ। ਪ੍ਰਿੰਸੀਪਲ ਅਤੇ ਅਧਿਆਪਕਾਂ ਨੇ ਦੀਵਾ ਜਲਾ ਕੇ ਨਵੇਂ ਸੈਸ਼ਨ ਦੀ ਸ਼ੁਰੂਆਤ ਕੀਤੀ। ਨਵੇਂ ਵਿਦਿਆਰਥੀਆਂ ਦਾ ਸੁਆਗਤ ਕੀਤਾ ਗਿਆ। ਪ੍ਰਿੰਸੀਪਲ ਸਿਸਟਰ ਸੁਨੀਥਾ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਮਿਹਨਤ, ਲਗਨ, ਅਤੇ ਇਮਾਨਦਾਰੀ ਨਾਲ ਅੱਗੇ ਵਧਣ ਦੀ ਪ੍ਰੇਰਨਾ ਦਿੱਤੀ। ਉਨ੍ਹਾਂ ਨੇ ਕਿਹਾ ਕਿ ਇਹ ਸਕੂਲ ਵਿਦਿਆਰਥੀਆਂ ਦੀ ਵਿਦਿਆ ਦੇ ਨਾਲ-ਨਾਲ ਸੰਸਕਾਰਾਂ ਤੇ ਵਿਅਕਤੀਗਤ ਵਿਕਾਸ 'ਤੇ ਵੀ ਧਿਆਨ ਦੇਵੇਗਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਚੰਗੇ ਨਤੀਜਿਆਂ ਲਈ ਵਧਾਈ ਦਿੱਤੀ।

## ਰੋਟਰੀ ਕਲੱਬ ਵੱਲੋਂ ਅਸ਼ੋਕ ਲੂਥਰਾ ਦੀ ਯਾਦ 'ਚ ਖ਼ੂਨਦਾਨ ਕੈਂਪ




ਸਮਾਣਾ, 10 ਮਾਰਚ (ਵਿਜੇ ਕੁਮਾਰ/ਜਵੰਦਾ): ਰੋਟਰੀ ਕਲੱਬ ਸਮਾਣਾ ਵੱਲੋਂ ਕਲੱਬ ਪ੍ਰਧਾਨ ਅਰੁਣ ਬਾਂਸਲ, ਸੈਕਟਰੀ ਸੁਮਿਤ ਗੋਇਲ, ਕੈਸ਼ੀਅਰ ਗੌਰਵ ਜਿੰਦਲ, ਪ੍ਰਾਜੈਕਟ ਚੇਅਰਮੈਨ ਜੀ.ਸੀ. ਗੋਇਲ, ਅਮਿਤ ਗਰਗ (ਗੁਰਦਾਸ) ਦੀ ਅਗਵਾਈ 'ਚ ਥੈਲੇਸੀਮੀਆ ਤੋਂ ਪੀੜ੍ਹਤ ਬੱਚਿਆਂ ਲਈ ਖ਼ੂਨਦਾਨ ਕੈਂਪ ਲਗਾਇਆ ਗਿਆ। ਸਥਾਨਕ ਰੋਟਰੀ ਭਵਨ 'ਚ ਕਲੱਬ ਮੈਂਬਰ ਸਵ: ਅਸ਼ੋਕ ਕੁਮਾਰ ਲੂਥਰਾ ( ਸਾਬਕਾ ਐਮ.ਸੀ )ਦੀ ਪੰਜਵੀ ਬਰਸੀ ਮੌਕੇ ਲਗਾਏ ਗਏ ਇਸ ਖ਼ੂਨਦਾਨ ਕੈਂਪ ਦਾ ਉਦਘਾਟਨ ਉਨ੍ਹਾਂ ਦੀ ਧਰਮ ਪਤਨੀ ਕਾਂਤਾ ਲੂਥਰਾ,ਪੁੱਤਰ ਰਟੋਰੀਅਨ ਅਮਿਤ ਲੂਥਰਾ ਤੇ ਚੰਦਨ ਲੂਥਰਾ, ਨੂੰਹ ਸਾਕਸੀ ਤੇ ਮਹਿਮਾ ਲੂਥਰਾ ਨੇ ਕਲੱਬ ਮੈਂਬਰਾਂ ਨਾਲ ਸਾਂਝੇ ਤੌਰ ਤੇ ਖ਼ੂਨਦਾਨੀਆਂ ਨੂੰ ਅਸ਼ੀਰਵਾਦ ਦੇ ਕੇ ਕੀਤਾ। ਇਸ ਤੋਂ ਪਹਿਲਾ ਜੋਤੀ ਪ੍ਰਚੰਡ ਦੀ ਰਸਮ ਵੀ ਅਦਾ ਕੀਤੀ ਗਈ। ਕਲੱਬ ਪ੍ਰਧਾਨ ਅਰੁਣ ਬਾਂਸਲ ਨੇ ਦੱਸਿਆ ਕਿ ਰਾਜਿੰਦਰਾ ਹਸਪਤਾਲ ਪਟਿਆਲਾ ਦੇ ਬਲੱਡ ਬੈਂਕ ਤੋਂ ਡਾ: ਲਵਲੀਨ ਭਾਰਤੀ ਦੀ ਅਗਵਾਈ ਵਿਚ ਆਈ ਡਾਕਟਰਾਂ ਦੀ ਟੀਮ ਵੱਲੋਂ ਖ਼ੂਨਦਾਨੀਆਂ ਤੋਂ 112 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਸ ਕੈਂਪ ਨੂੰ ਲੂਥਰਾ ਪ੍ਰੀਵਾਰ ਵੱਲੋਂ ਸਪਾਂਸਰ ਕੀਤਾ ਗਿਆ ਹੈ। ਇਸ ਮੌਕੇ ਜਿਲਾ ਰੋਟਰੀ ਗਵਰਨਰ ਸੀ.ਏ. ਅਮਿਤ ਸਿੰਗਲਾ, ਸਾਬਕਾ ਗਵਰਨਰ ਡਾ: ਕੇ.ਕੇ. ਜੌਹਰੀ, ਸ਼ਾਮ ਸਿਗਲਾ ਨੇ ਖ਼ੂਨਦਾਨੀਆਂ ਨੂੰ ਅਸ਼ੀਰਵਾਦ ਦਿੰਦੇ ਹੋਏ ਕਿਹਾ ਕਿ ਤੁਹਾਡੇ ਵੱਲੋਂ ਦਿੱਤਾ ਗਿਆ ਖ਼ੂਨ ਕਿਸੇ ਜ਼ਰੂਰਤਮੰਦ ਵਿਅਕਤੀ ਦੀ ਜਾਨ ਬੱਚਾ ਸਕਦਾ ਹੈ। ਇਸ ਮੌਕੇ ਥੈਲੇਸੀਮੀਆਂ ਚਿਲਡਰਨ ਵੈਲਫੇਅਰ ਐਸੋ: ਦੇ ਪ੍ਰਧਾਨ ਵਿਜੇ ਪਾਹਵਾ ਨੇ ਦੱਸਿਆਂ ਕਿ ਥੈਲੇਸੀਮੀਆ ਤੋਂ ਪੀੜ੍ਹਤ ਬੱਚਿਆਂ ਨੂੰ 10 ਤੋਂ 15 ਦਿਨਾਂ ਬਾਅਦ ਖ਼ੂਨ ਚੜਾਉਣਾ ਪੈਂਦਾ ਹੈ, ਜਿਸ ਕਰਕੇ ਖ਼ੂਨ ਦੀ ਕਾਫੀ ਲੋੜ ਰਹਿੰਦੀ ਹੈ। ਇਸ ਮੌਕੇ ਕਲੱਬ ਅਹੁਦੇਦਾਰ ਨਰੇਸ਼ ਮਿੱਤਲ, ਯਸ਼ਪਾਲ ਗਰਗ, ਰਾਜੀਵ ਸਿੰਗਲਾ, ਸਤੀਸ਼ ਸਿੰਗਲਾ, ਬਲਜਿੰਦਰ ਮੋਦਗਿਲ, ਪ੍ਰੋ: ਵਿਕਰਮ ਗੁਪਤਾ, ਸੰਦੀਪ ਸਿੰਗਲਾ ਟਵਿੰਕਲ, ਜਗਦੀਸ਼ ਬਾਂਸਲ,ਸਤਿਸੰਗ ਮੰਦਿਰ ਕਮੇਟੀ ਪ੍ਰਧਾਨ ਦਲੀਪ ਪਾਹਵਾ, ਕੌਂਸਲਰ ਦਰਸ਼ਨ ਮਿੱਤਲ, ਅਨੀਲ ਗਰਗ, ਅਜੇ ਮਿੱਤਲ, ਮੰਕੁਸ਼ ਅਗਰਵਾਲ, ਰਾਜੀਵ ਗਰਗ, ਅਸ਼ਵਨੀ ਗੁਪਤਾ, ਅਸ਼ੀਸ਼ ਬਾਂਸਲ, ਜਿੰਮੀ ਗਰਗ, ਸੁਮਿਤ ਸਿੰਗਲਾ( ਨਿਸ਼ੂ),ਪੁਨੀਤ ਬਾਂਸਲ, ਪ੍ਰਦਮਨ ਅਗਰਵਾਲ, ਅਜੇ ਗਰਗ, ਕੇ.ਪੀ.ਗਰਗ, ਕ੍ਰਿਸ਼ਨ ਜਿੰਦਲ, ਸੁਨੀਲ ਗਰਗ, ਰਮਨ ਗੁਪਤਾ, ਅਮਿਤ ਕਾਂਸਲ, ਅਮਿਤ ਗੁਪਤਾ, ਤਰਸੇਮ ਗੋਇਲ ਆਦਿ ਵੀ ਮੌਜੂਦ ਰਹੇ।

## ਬਿਜਲੀ ਕਾਮਿਆਂ ਨੇ ਬਿਜਲੀ ਬਿੱਲ ਵਿਰੁੱਧ ਸਬ-ਡਵੀਜ਼ਨ ਪੱਧਰ 'ਤੇ ਰੈਲੀਆਂ ਕਰਕੇ ਕਾਪੀਆਂ ਸਾੜੀਆਂ

ਪਟਿਆਲਾ, 10 ਮਾਰਚ (ਰੁਪਾਨਾ) : ਟੈਕਨੀਕਲ ਸਰਵਿਸ ਯੂਨੀਅਨ ਸਰਕਲ ਪਟਿਆਲਾ ਦੇ ਪ੍ਰਧਾਨ ਹਰਜੀਤ ਸਿੰਘ ਸੇਖੋਂ ਅਤੇ ਸਰਕਲ ਸਕੱਤਰ ਬਿਰੇਸ਼ ਕੁਮਾਰ ਨੇ ਬਿਆਨ ਰਾਹੀ ਦੱਸਿਆ ਕਿ ਨੈਸ਼ਨਲ ਕੁਆਰਡੀਨੇਸ਼ਨ ਕਮੇਟੀ ਅਤੇ ਟੈਕਨੀਕਲ ਸਰਵਿਸ ਯੂਨੀਅਨ ਪੰਜਾਬ ਦੇ ਸੱਦੇ 'ਤੇ ਬਿਜਲੀ ਬਿੱਲ 2025 ਜੋ ਕਿ ਭਰੋਸੇਯੋਗ ਸੂਤਰਾਂ ਤੋਂ ਪਤਾ ਲੱਗਾ ਹੈ ਕਿ ਮੋਦੀ ਸਰਕਾਰ ਸ਼ੈਸ਼ਨ ਵਿੱਚ ਪੇਸ਼ ਕਰ ਰਹੀ ਹੈ। ਉਸ ਵਿਰੁੱਧ ਸਾਰੀਆਂ ਸਬ ਡਵੀਜਨਾਂ ਵਿੱਚ ਰੈਲੀਆਂ ਕੀਤੀਆਂ ਗਈਆਂ ਅਤੇ ਕਾਪੀਆਂ ਸਾੜੀਆਂ ਗਈਆਂ। ਸਿਵਲ ਲਾਇਨ ਸਬ ਡਵੀਜਨ ਪਟਿਆਲਾ ਵਿੱਚ ਜਤਿੰਦਰ ਸਿੰਘ ਚੱਢਾ, ਵਿਜੇ ਕੁਮਾਰ ਨੇ ਅਗਵਾਈ ਕੀਤੀ, ਨੌਰਥ ਸਬ ਡਵੀਜਨ ਪਟਿਆਲਾ ਵਿੱਚ ਇੰਦਰਜੀਤ ਸਿੰਘ ਅਤੇ ਮੰਗਲ ਸਿੰਘ ਨੇ ਅਗਵਾਈ ਕੀਤੀ। ਵੈਸਟ ਸਬ ਡਵੀਜਨ ਪਟਿਆਲਾ ਵਿੱਚ ਦਰਸ਼ਨ ਕੁਮਾਰ ਅਤੇ ਦਲਬੀਰ ਸਿੰਘ ਨੇ ਅਗਵਾਈ ਕੀਤੀ। ਈਸਟ ਟੈਕ ਸਬ ਡਵੀਜਨ ਪਟਿਆਲਾ ਵਿੱਚ ਮਹੇਸ਼ ਕੁਮਾਰ ਨੇ ਅਗਵਾਈ ਕੀਤੀ। ਗੀਠਖੇੜੀ, ਬਲਬੇੜਾ, ਬਹਾਦਰਗੜ੍ਹ, ਦੇਵੀਗੜ੍ਹ, ਕੈਂਟ ਸਬ ਡਵੀਜਨ ਪਟਿਆਲਾ ਵਿਖੇ ਪਟਿਆਲਾ ਦੇ ਬਿਜਲੀ ਕਾਮਿਆਂ ਨੇ ਨਹਿਰੂ ਪਾਰਕ ਵਿੱਚ ਮੀਟਿੰਗ ਕਰਨ ਉਪਰੰਤ ਈਸਟ ਡਵੀਜਨ ਪਟਿਆਲਾ ਅੱਗੇ ਇਕੱਠੇ ਹੋ ਕੇ ਬਿਜਲੀ ਬਿੱਲ ਸੋਧ ਦੀ ਕਾਪੀ ਸਾੜੀ। ਇਸ ਦੀ ਅਗਵਾਈ ਹਰਜੀਤ ਸਿੰਘ ਸੇਖੋਂ, ਬਿਰੇਸ਼ ਕੁਮਾਰ, ਕਰਮਜੀਤ ਸਿੰਘ, ਵਿਜੇ ਦੇਵ, ਬਿੱਕਰ ਸਿੰਘ, ਹਰਮੀਤ ਸਿੰਘ ਨੇ ਕੀਤੀ। ਕੇਂਦਰ ਸਰਕਾਰ ਨੂੰ ਤਾੜਨਾ ਕੀਤੀ ਕਿ ਜੇਕਰ ਬਿਜਲੀ ਬਿੱਲ 2025 ਲਿਆਂਦਾ ਗਿਆ ਤਾਂ ਬਿਜਲੀ ਕਾਮੇ ਲੰਬਾ ਸੰਘਰਸ਼ ਉਲੀਕਣ ਲਈ ਅਤੇ ਹੜਤਾਲ ਕਰਨ ਲਈ ਮਜਬੂਰ ਹੋਣਗੇ।



# ਪਟਿਆਲਾ-ਆਸ/ਪਾਸ



## ਔਰਤਾਂ ਬਾਰੇ ਅਪਮਾਨਜਨਕ ਟਿੱਪਣੀ ਕਰਨ 'ਤੇ 'ਆਪ' ਦੇ ਵਰਕਰਾਂ ਨੇ ਸੁਖਪਾਲ ਸਿੰਘ ਖਹਿਰਾ ਦਾ ਪੁਤਲਾ ਫੂਕਿਆ

ਨਾਭਾ, 10 ਮਾਰਚ (ਬਲਜਿੰਦਰ ਮਾਨ) : ਰਿਆਸਤੀ ਸ਼ਹਿਰ ਨਾਭਾ ਵਿਖੇ ਆਮ ਆਦਮੀ ਪਾਰਟੀ ਦੇ ਸਰਕਲ ਨਾਭਾ ਵੱਲੋਂ ਅੱਜ ਪਟਿਆਲਾ ਗੇਟ ਨਾਭਾ ਵਿਖੇ ਕਾਂਗਰਸ ਦੇ ਵਿਧਾਇਕ ਸੁਖਪਾਲ ਸਿੰਘ ਖਹਿਰਾ ਦਾ ਪੁਤਲਾ ਸਾੜ ਕੇ ਤਿੱਖਾ ਵਿਰੋਧ ਕੀਤਾ ਗਿਆ। ਇਹ ਪ੍ਰਦਰਸ਼ਨ ਗੁਰਦੇਵ ਸਿੰਘ ਦੇ ਮਾਨ ਐਮਐਲਏ ਨਾਭਾ ਦੀ ਅਗਵਾਈ ਹੇਠ ਕੀਤਾ ਗਿਆ,ਜਿਸ ਵਿੱਚ ਵੱਡੀ ਗਿਣਤੀ ਵਿੱਚ ਪਾਰਟੀ ਵਰਕਰਾਂ ਅਤੇ ਔਰਤਾਂ ਨੇ ਭਾਗ ਲਿਆ। ਇਸ ਮੌਕੇ ਆਗੂਆਂ ਨੇ ਦੋਸ਼ ਲਾਇਆ ਕਿ ਸੁਖਪਾਲ ਸਿੰਘ ਖਹਿਰਾ ਵੱਲੋਂ ਪੰਜਾਬ ਦੀਆਂ ਔਰਤਾਂ ਬਾਰੇ ਅਪਮਾਨਜਨਕ ਟਿੱਪਣੀਆਂ ਕੀਤੀਆਂ ਗਈਆਂ ਹਨ। ਉਹਨਾਂ ਕਿਹਾ ਕਿ ਖਹਿਰਾ ਨੇ ਕਿਹਾ ਹੈ ਕਿ ਪੰਜਾਬ ਦੀਆਂ ਔਰਤਾਂ ਇੱਕ ਹਜ਼ਾਰ ਰੁਪਏ ਪਿੱਛੇ ਗਿੱਧਾ ਭੰਗੜੇ ਪਾਉਂਦੀਆਂ



ਫਿਰਦੀਆਂ ਹਨ, ਇਹ ਕੀ ਸੂਰਮੇ ਜੰਮਣਗੀਆਂ। ਆਗੂਆਂ ਨੇ ਕਿਹਾ ਕਿ ਇਸ ਤਰ੍ਹਾਂ ਦੇ ਸ਼ਬਦ ਵਰਤ ਕੇ ਖਹਿਰਾ ਨੇ ਔਰਤਾਂ ਪ੍ਰਤੀ ਆਪਣੀ ਸੋਚ ਨੂੰ ਬੇਨਕਾਬ ਕਰ ਦਿੱਤਾ ਹੈ। ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਇਹ ਬਿਆਨ ਪੰਜਾਬ ਦੀਆਂ ਮਹਿਲਾਵਾਂ ਦੀ ਤੌਹੀਨ ਹੈ ਅਤੇ ਇਸ ਤਰ੍ਹਾਂ ਦੀ ਭਾਸ਼ਾ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਨੇ ਮੰਗ ਕੀਤੀ ਕਿ ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਵੱਲੋਂ ਐਸੇ ਵਿਚਾਰਾਂ ਵਾਲੇ ਵਿਅਕਤੀ ਨੂੰ ਪਾਰਟੀ ਵਿਚੋਂ ਬਾਹਰ ਕੱਢਿਆ ਜਾਵੇ। ਪ੍ਰਦਰਸ਼ਨ ਦੌਰਾਨ ਆਗੂਆਂ ਅਤੇ ਵਰਕਰਾਂ ਨੇ ਖਹਿਰਾ ਦੇ ਖਿਲਾਫ ਜ਼ੋਰਦਾਰ ਨਾਰੇਬਾਜ਼ੀ ਵੀ ਕੀਤੀ ਅਤੇ ਔਰਤਾਂ ਦੀ ਇੱਜ਼ਤ ਅਤੇ ਸਨਮਾਨ ਦੀ ਰੱਖਿਆ ਕਰਨ ਦੀ ਗੱਲ ਕਹੀ। ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਕਪਿਲ ਮਾਨ, ਮਨਪ੍ਰੀਤ ਧਾਰੋਕੀ, ਤਜਿੰਦਰ ਖਹਿਰਾ ਦੀਪਾ ਰਾਮਗੜ੍ਹ, ਹਰਮੀਕ ਬਾਜਵਾ, ਭਪਿੰਦਰ ਕੱਲਰਮਾਜਰੀ, ਬੀਬੀਆਂ ਭੈਣਾਂ ਅਤੇ ਵਰਕਰ ਮੌਜੂਦ ਸਨ।

## ਪੰਜਾਬ 'ਚ ਅਵਾਰਾ ਕੁੱਤਿਆਂ ਦਾ ਕਹਿਰ

# ਸਾਲ 2025 'ਚ 3.34 ਲੱਖ ਲੋਕ ਹੋਏ ਸ਼ਿਕਾਰ

ਪਟਿਆਲਾ, 10 ਮਾਰਚ (ਚ.ਨ.ਸ.) : ਪੰਜਾਬ ਵਿੱਚ ਅਵਾਰਾ ਕੁੱਤਿਆਂ ਦੀ ਵਧਦੀ ਦਹਿਸ਼ਤ ਹੁਣ ਜਨਤਕ ਸੁਰੱਖਿਆ ਲਈ ਇੱਕ ਵੱਡਾ ਖ਼ਤਰਾ ਬਣ ਚੁੱਕੀ ਹੈ। ਸਾਲ 2025 ਦੇ ਅੰਕੜਿਆਂ ਨੇ ਸੂਬਾ ਸਰਕਾਰ ਅਤੇ ਪ੍ਰਸ਼ਾਸਨ ਦੇ ਦਾਅਵਿਆਂ ਦੀ ਫੂਕ ਕੱਢ ਦਿੱਤੀ ਹੈ, ਜਿਸ ਵਿੱਚ ਸੂਬੇ ਭਰ ਵਿੱਚ ਕੁੱਤਿਆਂ ਦੇ ਵੱਢਣ ਦੇ ਕੁੱਲ 3.34 ਲੱਖ ਮਾਮਲੇ ਦਰਜ ਕੀਤੇ ਗਏ ਹਨ। ਖਾਸ ਤੌਰ 'ਤੇ ਸੰਗਰੂਰ ਜ਼ਿਲ੍ਹਾ ਇਸ ਸਮੇਂ ਗੰਭੀਰ ਸੰਕਟ ਵਿੱਚ ਹੈ, ਜਿੱਥੇ ਰੋਜ਼ਾਨਾ ਸੈਂਕੜੇ ਲੋਕ ਇਨ੍ਹਾਂ ਅਵਾਰਾ ਜਾਨਵਰਾਂ ਦਾ ਸ਼ਿਕਾਰ ਹੋ ਰਹੇ ਹਨ। ਚਾਲੂ ਸਾਲ 2026 ਦੇ ਸ਼ੁਰੂਆਤੀ ਮਹੀਨਿਆਂ ਵਿੱਚ ਹੀ 50,000 ਤੋਂ ਵੱਧ ਮਾਮਲੇ ਸਾਹਮਣੇ ਆ ਚੁੱਕੇ ਹਨ, ਜਿਨ੍ਹਾਂ ਵਿੱਚ ਸੰਗਰੂਰ ਤੋਂ ਇਲਾਵਾ ਪਟਿਆਲਾ, ਲੁਧਿਆਣਾ ਅਤੇ ਜਲੰਧਰ ਵਰਗੇ ਵੱਡੇ ਸ਼ਹਿਰ ਸ਼ਾਮਲ ਹਨ। ਇਸ ਦਹਿਸ਼ਤ ਦਾ ਅਸਰ ਆਮ ਜਨਜੀਵਨ 'ਤੇ ਸਾਫ਼ ਦੇਖਿਆ ਜਾ ਰਿਹਾ ਹੈ। ਕਈ ਕਸਬਿਆਂ ਵਿੱਚ ਲੋਕਾਂ ਨੇ ਆਪਣੇ ਬੱਚਿਆਂ ਅਤੇ ਬਜ਼ੁਰਗਾਂ ਨੂੰ ਇਕੱਲੇ ਘਰੋਂ ਬਾਹਰ ਕੱਢਣਾ ਬੰਦ ਕਰ ਦਿੱਤਾ ਹੈ। ਭਵਾਨੀਗੜ੍ਹ ਦੀ ਰਹਿਣ ਵਾਲੀ ਨੌਂ ਸਾਲਾ ਦੀਪਾ ਦੇ ਪਰਿਵਾਰ ਨੇ ਉਸ ਨੂੰ ਕਿਸੇ ਵੱਡੇ ਦੇ ਸਾਥ ਤੋਂ ਬਿਨਾਂ ਬਾਹਰ ਜਾਣ ਤੋਂ ਮਨਾ ਕਰ ਦਿੱਤਾ ਹੈ। ਇਸੇ ਤਰ੍ਹਾਂ ਨਾਭਾ ਵਿੱਚ ਖੁਸ਼ਵੀਰ ਸਿੰਘ ਦੇ ਪਰਿਵਾਰ ਨੇ ਆਪਣੀ ਬਜ਼ੁਰਗ ਮਾਤਾ ਨੂੰ ਸਵੇਰ ਦੀ ਸੈਰ ਅਤੇ ਗੁਰਦੁਆਰਾ ਸਾਹਿਬ ਜਾਣ ਤੋਂ ਇਸ ਲਈ ਰੋਕ ਦਿੱਤਾ ਹੈ, ਕਿਉਂਕਿ ਰਸਤੇ ਵਿੱਚ ਅਵਾਰਾ ਕੁੱਤਿਆਂ ਦੇ ਝੁੰਡ ਖੜ੍ਹੇ



ਹੁੰਦੇ ਹਨ। ਨਾਭਾ ਦੇ ਵਸਨੀਕ ਜਸਪਾਲ ਜੋਨੇਜਾ ਅਨੁਸਾਰ ਉਨ੍ਹਾਂ ਦੀ ਗਲੀ ਵਿੱਚ ਹੀ ਤਿੰਨ ਲੋਕਾਂ ਨੂੰ ਕੁੱਤਿਆਂ ਨੇ ਵੱਢ ਲਿਆ ਹੈ, ਪਰ ਪ੍ਰਸ਼ਾਸਨਿਕ ਪੱਧਰ 'ਤੇ ਕੋਈ ਕਾਰਵਾਈ ਨਹੀਂ ਹੋ ਰਹੀ। ਦੂਜੇ ਪਾਸੇ, ਪੀੜਤਾਂ ਨੂੰ ਦਿੱਤੇ ਜਾਣ ਵਾਲੇ ਮੁਆਵਜ਼ੇ ਕਾਰਨ ਸਰਕਾਰੀ ਖਜ਼ਾਨੇ 'ਤੇ ਵੀ ਭਾਰੀ ਵਿੱਤੀ ਬੋਝ ਪੈ ਰਿਹਾ ਹੈ। ਪੰਜਾਬ ਦੀ ਮੁਆਵਜ਼ਾ ਨੀਤੀ ਅਨੁਸਾਰ ਕੁੱਤੇ ਦੇ ਵੱਢਣ ਨਾਲ ਲੱਗੇ ਜ਼ਖ਼ਮ ਦੇ ਪ੍ਰਤੀ 0.2 ਸੈਂਟੀਮੀਟਰ ਹਿੱਸੇ ਲਈ 20,000 ਰੁਪਏ ਦੇਣ ਦਾ ਨਿਯਮ ਹੈ। ਪਰ ਸਿਹਤ ਵਿਭਾਗ ਵੱਲੋਂ ਜ਼ਖ਼ਮਾਂ ਨੂੰ ਮਾਪਣ ਲਈ ਕੋਈ ਸਪੱਸ਼ਟ ਐਸ.ਓ.ਪੀ. ਜਾਰੀ ਨਾ ਹੋਣ ਕਾਰਨ ਮੁਆਵਜ਼ਾ ਪ੍ਰਕਿਰਿਆ ਵਿੱਚ ਦੇਰੀ ਹੋ ਰਹੀ ਹੈ। ਮਾਹਿਰਾਂ ਦਾ ਅਨੁਮਾਨ ਹੈ ਕਿ ਜੇਕਰ ਹਰ ਪੀੜਤ ਨੂੰ ਸਹੀ ਢੰਗ ਨਾਲ ਮੁਆਵਜ਼ਾ ਦਿੱਤਾ ਜਾਵੇ ਤਾਂ ਇਹ ਦੇਣਦਾਰੀ 2,000 ਕਰੋੜ ਰੁਪਏ ਨੂੰ ਪਾਰ ਕਰ ਸਕਦੀ ਹੈ। ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਨੇ ਇਸ ਗੰਭੀਰ ਸਥਿਤੀ ਦਾ ਸਖ਼ਤ ਨੋਟਿਸ ਲਿਆ ਹੈ। ਕਮਿਸ਼ਨ ਨੇ ਸੰਗਰੂਰ ਦੇ ਡਿਪਟੀ ਕਮਿਸ਼ਨਰ ਅਤੇ ਮਿਉਂਸਪਲ ਕੌਂਸਲ ਨੂੰ ਨੋਟਿਸ ਜਾਰੀ ਕਰਦਿਆਂ ਹੁਣ ਤੱਕ ਕੀਤੀ ਗਈ ਕਾਰਵਾਈ ਦੀ ਰਿਪੋਰਟ ਤਲਬ ਕੀਤੀ ਹੈ। ਹਾਲਾਂਕਿ ਸਰਕਾਰ ਦਾ ਕਹਿਣਾ ਹੈ ਕਿ ਸਰਕਾਰੀ ਹਸਪਤਾਲਾਂ ਅਤੇ ਆਮ ਆਦਮੀ ਕਲੀਨਿਕਾਂ ਵਿੱਚ ਐਂਟੀ-ਰੇਬੀਜ਼ ਟੀਕੇ ਅਤੇ ਇਲਾਜ ਦੇ ਪੁਖ਼ਤਾ ਪ੍ਰਬੰਧ ਹਨ ਅਤੇ ਕੁੱਤਿਆਂ ਲਈ ਸ਼ੈਲਟਰ ਹੋਮ ਬਣਾਉਣ ਲਈ ਸਰਕਾਰੀ ਜ਼ਮੀਨਾਂ ਦੀ ਪਛਾਣ ਕੀਤੀ ਜਾ ਰਹੀ ਹੈ, ਪਰ ਜ਼ਮੀਨੀ ਪੱਧਰ 'ਤੇ ਲੋਕਾਂ ਨੂੰ ਅਜੇ ਵੀ ਰਾਹਤ ਦੀ ਉਡੀਕ ਹੈ।

## ਨਸ਼ੀਲੀਆਂ ਗੋਲ਼ੀਆਂ ਸਮੇਤ ਨੌਜਵਾਨ ਕਾਬੂ

ਸਮਾਣਾ, 10 ਮਾਰਚ (ਵਿਜੇ ਕੁਮਾਰ) : ਸਦਰ ਪੁਲਿਸ ਨੇ ਇੱਕ ਨੌਜਵਾਨ ਨੂੰ 100 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕਰਕੇ ਉਸ ਦੇ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜ਼ਮ ਦੀ ਪਛਾਣ ਅਮਨਪ੍ਰੀਤ ਸਿੰਘ ਨਿਵਾਸੀ ਪਿੰਡ ਮਰੌੜੀ ਵਜੋਂ ਹੋਈ ਹੈ। ਸਦਰ ਪੁਲਿਸ ਮੁਖੀ ਇੰਸਪੈਕਟਰ ਅਜੇ ਪਰੋਚਾ ਨੇ ਦੱਸਿਆ ਕਿ ਮਵੀਕਲਾਂ ਪੁਲਿਸ ਚੌਕੀ ਦੇ ਇੰਚਾਰਜ ਏ.ਐਸ.ਆਈ. ਬਲਕਾਰ ਸਿੰਘ ਪੁਲਿਸ ਪਾਰਟੀ ਸਮੇਤ ਗਸ਼ਤ ਦੌਰਾਨ ਬੱਸ ਅੱਡਾ ਪਿੰਡ ਧਨੇਠਾ ਵਿਖੇ ਮੌਜੂਦ ਸਨ। ਗੁਪਤ ਸੂਚਨਾ ਦੇ ਆਧਾਰ 'ਤੇ ਪਿੰਡ ਅਰਾਈਮਾਜਰਾ ਨੂੰ ਜਾਂਦੇ ਕੱਚੇ ਰਸਤੇ @ਤੇ ਨਾਕਾਬੰਦੀ ਕਰਕੇ ਮੁਲਜ਼ਮ ਨੂੰ ਸ਼ੱਕ ਦੇ ਆਧਾਰ 'ਤੇ ਰੋਕਿਆ ਗਿਆ। ਤਲਾਸ਼ੀ ਦੌਰਾਨ ਨਸ਼ੀਲੀਆਂ ਗੋਲੀਆਂ ਬਰਾਮਦ ਹੋਣ 'ਤੇ ਉਸ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਮੁਲਜ਼ਮ 'ਤੇ ਪਹਿਲਾਂ ਵੀ ਅਪਰਾਧਿਕ ਮਾਮਲਾ ਦਰਜ ਹੈ। ਅਧਿਕਾਰੀ ਅਨੁਸਾਰ ਮੁਲਜ਼ਮ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁੱਛਗਿੱਛ ਲਈ ਰਿਮਾਂਡ ਹਾਸਲ ਕੀਤਾ ਜਾਵੇਗਾ।

## ਨਸ਼ੀਲਾ ਪਦਾਰਥ ਰੱਖਣ ਵਾਲੇ ਨੂੰ ਦਸ ਸਾਲ ਦੀ ਕੈਦ

ਪਟਿਆਲਾ, 10 ਮਾਰਚ (ਵਿਨੋਦ ਸ਼ਰਮਾ) : ਨਸ਼ੀਲਾ ਪਦਾਰਥ ਰੱਖਣ ਦੇ ਮਾਮਲੇ ਵਿੱਚ ਵਧੀਕ ਸੈਸ਼ਨ ਜੱਜ ਅਵਤਾਰ ਸਿੰਘ ਬਰੜਾ ਦੀ ਅਦਾਲਤ ਨੇ ਦੋਸ਼ੀ ਮੁਨੀਸ਼ ਕੁਮਾਰ ਵਾਸੀ ਸੰਜੇ ਕਲੋਨੀ ਪਟਿਆਲਾ ਨੂੰ ਦਸ ਸਾਲ ਦੀ ਸਜ਼ਾ ਸੁਣਾਈ ਹੈ ਅਤੇ ਇੱਕ ਲੱਖ ਜੁਰਮਾਨਾ ਕੀਤਾ ਹੈ। ਜੁਰਮਾਨਾ ਨਾ ਭਰਨ ਦੀ ਸੂਰਤ ਵਿਚ ਉਕਤ ਵਿਅਕਤੀਆਂ ਨੂੰ ਇੱਕ ਸਾਲ ਦੀ ਵੱਖਰੀ ਸਜ਼ਾ ਭੁਗਤਣੀ ਪਏਗੀ। ਪੁਲਿਸ ਨੇ ਉਕਤ ਵਿਅਕਤੀ ਨੂੰ ਰੋਕ ਕੇ ਉਸ ਦੇ ਕਬਜ਼ੇ ਵਿੱਚੋਂ 60 ਗ੍ਰਾਮ ਨਸ਼ੀਲਾ ਪਾਊਡਰ ਬ੍ਰਾਮਦ ਕਰਕੇ ਥਾਣਾ ਕੋਤਵਾਲੀ ਵਿਖੇ ਮਾਮਲਾ ਦਰਜ ਕੀਤਾ ਸੀ।

## ਤੇਜਿੰਦਰ ਮਹਿਤਾ ਵੱਲੋਂ ਸ਼ੈੱਡ ਲਈ ਫੰਡ ਦੇਣ ਦਾ ਭਰੋਸਾ

### ➢ਸ਼ਿਵਾ ਚੈਰੀਟੇਬਲ ਟਰੱਸਟ ਨੇ ਦਿੱਤਾ ਮੰਗ ਪੱਤਰ

ਪਟਿਆਲਾ, 10 ਮਾਰਚ (ਰੁਪਾਣਾ) : ਸ਼ਿਵਾ ਚੈਰੀਟੇਬਲ ਟਰੱਸਟ ਦੇ ਵਫ਼ਦ ਨੇ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਤੇਜਿੰਦਰ ਮਹਿਤਾ ਨੂੰ ਮੰਗ ਪੱਤਰ ਦੇ ਕੇ ਤੇਜ ਬਾਗ ਕਲੋਨੀ ਸਥਿਤ ਸ਼ਿਵ ਆਸ਼ਰਮ ਵਿੱਚ ਸ਼ੈਡ ਪਾਉਣ ਲਈ ਧਨ ਰਾਸ਼ੀ ਮੁਹੱਈਆ ਕਰਵਾਉਣ ਦੀ ਅਪੀਲ ਕੀਤੀ। ਵਫ਼ਦ ਨੇ ਦੱਸਿਆ ਕਿ ਤੇਜ ਬਾਗ ਕਲੋਨੀ ਦਾ ਸ਼ਿਵ ਆਸ਼ਰਮ ਇਲਾਕੇ ਦੇ ਲੋਕਾਂ ਦਾ ਸਾਂਝਾ ਸਥਾਨ ਹੈ, ਜਿੱਥੇ ਅਕਸਰ ਗਰੀਬ ਪਰਿਵਾਰਾਂ ਦੇ ਵਿਆਹ-ਸ਼ਾਦੀਆਂ, ਭੋਗ ਅਤੇ ਹੋਰ ਧਾਰਮਿਕ ਅਤੇ ਸਮਾਜਿਕ ਸਮਾਗਮ ਕਰਵਾਏ ਜਾਂਦੇ ਹਨ। ਆਸ਼ਰਮ ਦੇ



ਅੰਦਰ ਇੱਕ ਖਾਲੀ ਥਾਂ ਹੈ, ਜਿੱਥੇ ਸ਼ੈਡ ਬਣਾਉਣਾ ਬਹੁਤ ਜ਼ਰੂਰੀ ਹੈ, ਤਾਂ ਜੋ ਮੀਂਹ ਜਾਂ ਖ਼ਰਾਬ ਮੌਸਮ ਦੌਰਾਨ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਮੰਗ ਪੱਤਰ ਵਿੱਚ ਦਰਸਾਇਆ ਗਿਆ ਕਿ ਸ਼ੈਡ ਬਣਾਉਣ ਲਈ ਲਗਭਗ 12 ਤੋਂ 15 ਲੱਖ ਰੁਪਏ ਦਾ ਖ਼ਰਚਾ ਆ ਸਕਦਾ ਹੈ। ਇਸ ਦੌਰਾਨ ਤੇਜਿੰਦਰ ਮਹਿਤਾ ਨੇ ਕਿਹਾ ਕਿ ਟਰੱਸਟ ਵੱਲੋਂ ਕੀਤੀ ਗਈ ਮੰਗ ਬਹੁਤ ਵਾਜਿਬ ਹੈ। ਜਲਦ ਹੀ ਸ਼ਿਵ ਆਸ਼ਰਮ ਵਿੱਚ ਸ਼ੈਡ ਬਣਾਉਣ ਲਈ ਜ਼ਿਲ੍ਹਾ ਯੋਜਨਾ ਕਮੇਟੀ ਵੱਲੋਂ ਫੰਡ ਉਪਲੱਬਧ ਕਰਵਾਕੇ ਇਸ ਮੰਗ ਨੂੰ ਪੂਰਾ ਕੀਤਾ ਜਾਵੇਗਾ, ਤਾਂ ਜੋ ਇਲਾਕੇ ਦੇ ਲੋਕਾਂ ਨੂੰ ਸੁਵਿਧਾ ਮਿਲ ਸਕੇ। ਇਸ ਮੌਕੇ ਟਰੱਸਟ ਦੇ ਪ੍ਰਧਾਨ ਪਵਨ ਸਿੰਗਲਾ, ਉਪ ਪ੍ਰਧਾਨ ਅਸ਼ੋਕ ਕੁਮਾਰ ਗੁਪਤਾ, ਵਿੱਤ ਸਕੱਤਰ ਵਿਨੋਦ ਗੋਇਲ, ਮੈਂਬਰ ਜਸਵਿੰਦਰ ਸਿੰਘ, ਨਿਸ਼ਚਲ ਅਗਰਵਾਲ, ਪ੍ਰਦੀਪ ਸਿੰਗਲਾ ਅਤੇ ਰੋਹਿਤ ਸਿੰਗਲਾ ਮੌਜੂਦ ਸਨ।

## ਸ਼ੀਤਲਾ ਮਾਤਾ ਮੰਦਰ ਸੀਲ ਵਿਖੇ ਬਾਸੜਿਆਂ ਦਾ ਮੇਲਾ ਸ਼ਰਧਾ ਨਾਲ ਮਨਾਇਆ, ਕੁਸ਼ਤੀ ਮੁਕਾਬਲੇ ਕਰਵਾਏ

ਘਨੌਰ, 10 ਮਾਰਚ (ਰਾਜਿੰਦਰ ਸਿੰਘ ਕੰਬੋਜ) : ਪਿੰਡ ਸੀਲ ਵਿਖੇ ਸਥਿਤ ਪ੍ਰਾਚੀਨ ਸੀਤਲਾ ਮਾਤਾ ਮੰਦਰ ਵਿਚ ਬਾਸੜਿਆ ਦਾ ਸਾਲਾਨਾ ਮੇਲਾ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਇਲਾਕੇ ਦੇ ਦੂਰ-ਦਰਾਜ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਸ਼ਰਧਾਲੂ ਮਾਤਾ ਦੇ ਦਰਸ਼ਨ ਕਰਨ ਲਈ ਪਹੁੰਚੇ ਅਤੇ ਮੱਥਾ ਟੇਕ ਕੇ ਆਪਣੇ ਪਰਿਵਾਰ ਦੀ ਸੁੱਖ-ਸਮ੍ਰਿੱਧੀ ਲਈ ਅਰਦਾਸਾਂ ਕੀਤੀਆਂ। ਸਵੇਰੇ ਤੋਂ ਹੀ ਮੰਦਰ ਪ੍ਰੰਗਣ ਵਿੱਚ ਭਗਤਾਂ ਦੀ ਭੀੜ ਲੱਗਣੀ ਸ਼ੁਰੂ ਹੋ ਗਈ ਸੀ। ਸ਼ਰਧਾਲੂਆਂ ਵੱਲੋਂ ਮਾਤਾ ਨੂੰ ਚੁੰਨੀ, ਪ੍ਰਸਾਦ ਅਤੇ ਫੁੱਲ ਭੇਟ ਕਰਕੇ ਨਮਸਕਾਰ ਕੀਤਾ ਗਿਆ। ਮੰਦਰ ਵਿੱਚ ਕੀਰਤਨ ਅਤੇ ਭਜਨਾਂ ਦੀ ਗੂੰਜ ਨਾਲ ਸਾਰਾ ਮਾਹੌਲ ਭਗਤੀਮਈ ਬਣਿਆ ਰਿਹਾ। ਮੇਲੇ ਦੌਰਾਨ ਲੰਗਰ ਦਾ ਵੀ ਵਿਸ਼ੇਸ਼ ਪ੍ਰਬੰਧ ਕੀਤਾ ਗਿਆ, ਜਿਸ



ਵਿੱਚ ਸੈਂਕੜਿਆਂ ਸ਼ਰਧਾਲੂਆਂ ਨੇ ਪ੍ਰਸਾਦ ਗ੍ਰਹਿਣ ਕੀਤਾ। ਇਸ ਤੋਂ ਇਲਾਵਾ ਮੇਲੇ ਵਿੱਚ ਵੱਖ-ਵੱਖ ਪ੍ਰਕਾਰ ਦੇ ਝੂਲੇ ਅਤੇ ਖਾਣ-ਪੀਣ ਦੇ ਸਟਾਲ ਵੀ ਲਗੇ ਹੋਏ ਸਨ, ਜਿੱਥੇ ਬੱਚਿਆਂ ਅਤੇ ਨੌਜਵਾਨਾਂ ਨੇ ਖੂਬ ਮੌਜ-ਮਸਤੀਆਂ ਕੀਤੀਆਂ। ਮੰਦਰ ਕਮੇਟੀ ਅਤੇ ਪਿੰਡ ਵਾਸੀਆਂ ਵੱਲੋਂ ਆਏ ਹੋਏ ਸ਼ਰਧਾਲੂਆਂ ਲਈ ਸੁਚੱਜੇ ਪ੍ਰਬੰਧ ਕੀਤੇ ਗਏ ਸਨ। ਸੇਵਾਦਾਰਾਂ ਨੇ ਸਫਾਈ ਅਤੇ ਪ੍ਰਬੰਧ ਨੂੰ ਸੁਚਾਰੂ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਇਸ ਮੌਕੇ ਮੰਦਰ ਕਮੇਟੀ ਮੈਂਬਰਾਂ ਅਤੇ ਇਲਾਕਾ ਨਿਵਾਸੀਆਂ ਨੇ ਦੱਸਿਆ ਕਿ ਸੀਤਲਾ ਮਾਤਾ ਦਾ ਇਹ ਮੇਲਾ ਹਰ ਸਾਲ ਬੜੀ ਸ਼ਰਧਾ ਨਾਲ ਮਨਾਇਆ ਜਾਂਦਾ ਹੈ ਅਤੇ ਇਲਾਕੇ ਦੇ ਲੋਕਾਂ ਲਈ ਆਸਥਾ ਦਾ ਵੱਡਾ ਕੇਂਦਰ ਹੈ। ਮੇਲੇ ਵਿੱਚ ਇੱਕ ਕੁਸਤੀ ਦੰਗਲ ਵੀ ਕਰਵਾਇਆ ਗਿਆ, ਜਿਸ ਵਿੱਚ ਦੂਰੋਂ-ਦੂਰੋਂ ਆ ਕੇ ਪਹਿਲਵਾਨਾਂ ਨੇ ਕੁਸਤੀ ਦੰਗਲ ਵਿਚ ਭਾਗ ਲਿਆ।ਜੈਤੂ ਪਹਿਲਵਾਨਾਂ ਨੂੰ ਮੇਲਾ ਪ੍ਰਬੰਧਕ ਕਮੇਟੀ ਨੇ ਸਨਮਾਨਿਤ ਕੀਤਾ। ਇਸ ਮੌਕੇ ਕਾਕਾ ਹਰਬਿੰਦਰ ਸਿੰਘ ਸੀਲ, ਭਿੰਦਰ ਸਿੰਘ ਨਸੀਰਪੁਰ, ਪਰਮਿੰਦਰ ਸਿੰਘ, ਭੁਪਿੰਦਰ ਸਿੰਘ ਨਾਗਰਾ, ਉਜਾਗਰ ਸਿੰਘ, ਹਰਨੇਕ ਸਿੰਘ ਤੋਂ ਇਲਾਵਾ ਇਲਾਕਾ ਨਿਵਾਸੀ ਹਾਜ਼ਰ ਸਨ।

## ਮਾਸਟਰ ਹਰਜੰਟ ਸਿੰਘ ਲੁਬਾਣਾ ਟੇਕੂ ਵੱਲੋਂ ਸਿਮਰਨਦੀਪ ਕੌਰ ਦਾ ਸਨਮਾਨ



ਭਾਦਸੋਂ, 10 ਮਾਰਚ (ਭਰਪੂਰ ਸਿੰਘ ਮੱਟਰਾਂ) : ਪਿੰਡ ਬਿਰੜਵਾਲ ਦੀ ਕਿਸਾਨ ਪਰਿਵਾਰ ਦੀ ਧੀ ਸਿਮਰਨਦੀਪ ਕੌਰ ਨੇ ਸਿਵਲ ਸਰਵਿਸਿਜ਼ ਦੀ ਪ੍ਰੀਖਿਆ ਵਿੱਚ ਆਪਣੀ ਮਿਹਨਤ ਨਾਲ ਪੰਦਰਵੇਂ ਨੰਬਰ 'ਤੇ ਬਾਜ਼ੀ ਮਾਰੀ। ਪੰਜਾਬ ਵਿੱਚ ਅਤੇ ਇਲਾਕੇ ਵਿੱਚ ਆਪਣੇ ਮਾਪਿਆਂ ਦਾ ਨਾਮ ਰੋਸ਼ਨ ਕੀਤਾ ਇਸ ਸਮੇਂ ਮਾਸਟਰ ਹਰਜੰਟ ਸਿੰਘ ਲੁਬਾਣਾ ਟੇਕੂ ਸਮਾਜ ਸੇਵਕ ਨੇ ਹਰਮਨ ਪਿਆਰੀ ਬੇਟੀ ਸਿਮਰਨਦੀਪ ਕੌਰ ਆਈ.ਏ.ਐਸ ਨੂੰ ਘਰ ਜਾ ਕੇ ਸਨਮਾਨਿਤ ਕੀਤਾ ਅਤੇ ਪ੍ਰੀਵਾਰ ਨੂੰ ਵਧਾਈਆਂ ਦਿੱਤੀਆਂ! ਇਸ ਸਮੇਂ ਸਿਮਰਨਦੀਪ ਕੌਰ ਦਾ ਪਿਤਾ ਕੁਲਦੀਪ ਸਿੰਘ, ਮਾਤਾ ਅਮਨਦੀਪ ਕੌਰ, ਚਾਚਾ ਜਗਦੀਪ ਸਿੰਘ, ਦਾਦੀ ਜਸਵੰਤ ਕੌਰ ਅਤੇ ਭਰਾ ਹਰਜੋਤ ਸਿੰਘ ਤੇ ਮਾਸਟਰ ਹਰਜੰਟ ਸਿੰਘ ਦਾ ਪੋਤਾ ਸਮਰਵੀਰ ਸਿੰਘ ਯੂਵੀ ਹਾਜ਼ਰ ਸਨ।

## ਡੀ.ਸੀ. ਵੱਲੋਂ ਕੌਮਾਂਤਰੀ ਔਰਤ ਦਿਵਸ ਮੌਕੇ ਵਧੀਆ ਕਾਰਗੁਜ਼ਾਰੀ ਵਾਲੀਆਂ 23 ਔਰਤਾਂ ਦਾ ਸਨਮਾਨ

### ➢ਮਹਿਲਾ ਸ਼ਕਤੀ ਸਾਡੇ ਲੋਕਤੰਤਰ ਨੂੰ ਮਜ਼ਬੂਤ ਕਰਨ ਲਈ ਅਹਿਮ : ਵਰਜੀਤ ਵਾਲੀਆ

ਪਟਿਆਲਾ, 10 ਮਾਰਚ (ਰੁਪਾਣਾ/ਦੀਪਕ ਜੈਦਕਾ) : ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਰਜੀਤ ਵਾਲੀਆ ਨੇ ਕੌਮਾਂਤਰੀ ਔਰਤ ਦਿਵਸ ਨੂੰ ਸਮਰਪਿਤ ਜ਼ਿਲ੍ਹੇ ਦੇ ਸਾਰੇ ਵਿਧਾਨ ਸਭਾ ਹਲਕਿਆਂ ਦੀਆਂ 23 ਬੂਥ ਲੈਵਲ ਅਫ਼ਸਰ (ਬੀ.ਐਲ.ਓਜ) ਨੂੰ ਸਨਮਾਨਤ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਹਾ, ਲੋਕਤੰਤਰ ਦੀਆਂ ਜੜ੍ਹਾਂ ਚੋਣਾਂ 'ਚ ਤੇ ਚੋਣਾਂ ਦਾ ਕੰਮ ਬਿਹਤਰ ਢੰਗ ਨਾਲ ਕਰਨ ਵਾਲਿਆਂ ਦਾ ਦੇਸ਼ ਦੀ ਬੁਨਿਆਦ ਨੂੰ ਮਜ਼ਬੂਤ 'ਚ ਯੋਗਦਾਨ ਸ਼ਲਾਘਾਯੋਗ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਏ.ਡੀ.ਸੀ. ਸਿਮਰਪ੍ਰੀਤ ਕੌਰ ਤੇ ਚੋਣ ਤਹਿਸੀਲਦਾਰ ਵਿਜੇ ਕੁਮਾਰ ਚੌਧਰੀ ਵੀ ਮੌਜੂਦ ਸਨ।



ਵਰਜੀਤ ਵਾਲੀਆ ਨੇ ਦੱਸਿਆ ਕਿ ਦੇਸ਼ ਦੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਤੇ ਪੰਜਾਬ ਦੇ ਮੁੱਖ ਚੋਣ ਅਫ਼ਸਰ ਦੇ ਨਿਰਦੇਸ਼ਾਂ ਮੁਤਾਬਕ ਕੌਮਾਂਤਰੀ ਔਰਤ ਦਿਵਸ ਮੌਕੇ ਜ਼ਿਲ੍ਹੇ ਦੇ ਹਰ ਵਿਧਾਨ ਸਭਾ ਹਲਕੇ ਵਿੱਚੋਂ ਚੋਣਾਂ ਦਾ ਕੰਮ ਕਰਨ ਵਾਲੀਆਂ ਤਿੰਨ-ਤਿੰਨ ਬਿਤਹਰ ਔਰਤ ਬੀ.ਐਲ.ਓਜ ਦੀ ਚੋਣ ਸਬੰਧਤ ਐਸ.ਡੀ.ਐਮਜ ਵੱਲੋਂ ਕੀਤੀ ਗਈ, ਜਿਨ੍ਹਾਂ ਨੂੰ ਅੱਜ ਸਨਮਾਨਤ ਕੀਤਾ ਗਿਆ ਹੈ। ਡਿਪਟੀ ਕਮਿਸ਼ਨਰ ਨੇ ਸਨਮਾਨਿਤ ਹੋਣ ਵਾਲੀਆਂ ਔਰਤ ਬੀ.ਐਲ.ਓਜ ਨੂੰ ਵਧਾਈ ਦਿੱਤੀ। ਇਸ ਮੌਕੇ ਸਵੀਪ ਇੰਚਾਰਜ ਨਰਿੰਦਰ ਸਿੰਘ ਢੀਂਡਸਾ ਤੇ ਮੋਹਿਤ ਕੌਸ਼ਲ ਸਮੇਤ ਸਨਮਾਨਤ ਹੋਣ ਵਾਲੀਆਂ ਬੀ.ਐਲ.ਓਜ ਅੰਮ੍ਰਿਤਬੀਰ ਕੌਰ, ਬੇਅੰਤ ਕੌਰ, ਆਗਿਆਪਾਲ ਕੌਰ, ਜਸਪ੍ਰੀਤ ਕੌਰ, ਵੰਦਨਾ ਰਾਣੀ, ਗੁਰਪ੍ਰੀਤ ਕੌਰ, ਪਰਵਿੰਦਰ ਕੌਰ, ਮੀਨੂ ਜੈਨ, ਰਾਜਨਜੀਤ ਕੌਰ, ਰਜਨੀ ਕੌਰ, ਅਮਨਦੀਪ ਕੌਰ, ਹਰਬੰਸ ਕੌਰ, ਰਾਜਵੰਤ ਕੌਰ, ਜਸਵਿੰਦਰ ਕੌਰ, ਕੁਸਮ ਲਤਾ, ਕਿਰਨ ਰਾਣੀ, ਨੀਲਮ ਸ਼ਰਮਾ, ਪੂਜਾ ਰਾਣੀ, ਊਸ਼ਾ ਰਾਣੀ, ਸੁਰਿੰਦਰ ਕੌਰ, ਮਨਦੀਪ ਕੌਰ, ਪੁਸ਼ਪਾ ਕੁਮਾਰੀ ਤੇ ਸੰਦੀਪ ਕੌਰ ਵੀ ਮੌਜੂਦ ਸਨ।

## 'ਆਪ' ਨੇ ਚੋਣ ਮੈਨੀਫੈਸਟੋ ਦੌਰਾਨ ਦਿੱਤੀਆਂ ਸਾਰੀਆਂ ਗਰੰਟੀਆਂ ਪੂਰੀਆਂ ਕੀਤੀਆਂ : ਸੰਜੀਵ ਕੁਮਾਰ ਸੋਨੂ

ਭਾਦਸੋਂ, 10 ਮਾਰਚ (ਭਰਪੂਰ ਸਿੰਘ ਮੱਟਰਾਂ) : ਸੀਨੀਅਰ 'ਆਪ' ਆਗੂ ਸੰਜੀਵ ਕੁਮਾਰ ਸੋਨੂ ਸੂਦ ਨੇ ਆਪਣੇ ਦਫਤਰ ਭਾਦਸੋਂ ਵਿਖੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਵੱਲੋਂ ਪੇਸ਼ ਕੀਤਾ ਗਿਆ ਬਜਟ ਇਤਿਹਾਸਕ ਬਜਟ ਹੈ, ਜਿਸ ਵਿੱਚ ਸੂਬੇ ਦੀ ਜਨਤਾ 'ਤੇ ਕੋਈ ਵਾਧੂ ਟੈਕਸ ਨਹੀਂ ਲਾਇਆ ਗਿਆ ਤੇ ਹਰ ਵਰਗ ਦਾ ਖਾਸ ਖਿਆਲ ਰੱਖਿਆ ਗਿਆ ਹੈ ਉਹਨਾਂ ਅੱਗੇ ਕਿਹਾ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣ ਲਈ ਪ੍ਰਤੀ ਮਹੀਨਾ ਹਜ਼ਾਰ ਰੁਪਏ ਸਨਮਾਨ ਰਾਸ਼ੀ ਦੇਣ ਦੀ ਗਰੰਟੀ ਵੀ ਪੂਰੀ ਕੀਤੀ ਜਾ ਚੁੱਕੀ ਹੈ ਤੇ ਬਜਟ ਹਰ ਵਰਗ ਨੂੰ ਰਾਹਤ ਦੇਣ ਵਾਲਾ



ਬਜਟ ਹੈ ਸੋਨੂ ਸੂਦ ਨੇ ਅੱਗੇ ਕਿਹਾ ਕਿ ਬਿਨਾਂ ਕਿਸੇ ਭੇਦ ਭਾਵ ਸ਼ੁਰੂ ਕੀਤੀ 10 ਲੱਖ ਰੁਪਏ ਦੀ ਮੁਫ਼ਤ ਇਲਾਜ ਦੀ ਸਹੂਲਤ ਲੋਕਾਂ ਲਈ ਵਰਦਾਨ ਸਾਬਤ ਹੋ ਰਹੀ ਹੈ, ਜਿਸ ਦਾ ਲਾਹਾ ਹਰ ਪਰਿਵਾਰ ਨੂੰ ਮਿਲ ਰਿਹਾ ਹੈ। ਉਹਨਾਂ ਨੇ ਅੱਗੇ ਕਿਹਾ ਕਿ ਸਰਕਾਰ ਵੱਲੋਂ ਆਪਣੇ ਚੋਣ ਮੈਨੀਫੈਸਟੋ ਦੌਰਾਨ ਕੀਤੇ ਵਾਅਦੇ ਪੂਰੇ ਕੀਤੇ ਜਾ ਰਹੇ ਹਨ ਤੇ ਸਰਕਾਰ ਦੀਆਂ ਨੀਤੀਆਂ ਤੋਂ ਲੋਕ ਬਾਗੋਬਾਗ ਹਨ।

## ਔਰਤ ਨੇ ਆਪਣੇ ਹਰ ਰੂਪ ਨੂੰ ਬੜੀ ਸ਼ਿੱਦਤ ਨਾਲ ਨਿਭਾਇਆ: ਹਰਲੀਨ ਕੌਰ ਮੋਹਾਲੀ



ਨਾਭਾ, 10 ਮਾਰਚ (ਬਲਜਿੰਦਰ ਮਾਨ ) : ਨਾਰੀ ਨਾਮ ਹੈ ਸ਼ਕਤੀ ਦਾ, ਉਸ ਸੋਚ ਦਾ ਜੋ ਸਮਾਜ ਸਿਰਜਕ ਹੀ ਨਹੀਂ ਸਗੋਂ ਸਮਾਜ ਪਾਲਕ ਅਤੇ ਰੱਖਿਅਕ ਵੀ ਹੈ। ਸੰਸਾਰ ਦੀ ਹੋਂਦ ਨਾਰੀ ਤੋਂ ਬਿਨਾਂ ਅਸੰਭਵ ਹੈ। ਔਰਤ ਦੀ ਭੂਮਿਕਾ ਧੀ, ਮਾਂ, ਭੈਣ ਅਤੇ ਪਤਨੀ ਦੇ ਰੂਪ 'ਚ ਹਮੇਸ਼ਾ ਹੀ ਆਦਰਸ਼ ਸਿਰਜਕ ਰਹੀ ਹੈ। ਉਸ ਨੇ ਆਪਣੇ ਹਰ ਰੂਪ ਨੂੰ ਬੜੀ ਸ਼ਿੱਦਤ ਨਾਲ ਨਿਭਾਇਆ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਅੱਜ ਇੱਥੇ ਨਾਰੀ ਦਿਵਸ ਮੌਕੇ ਪ੍ਰਸਿੱਧ ਸਮਾਜਿਕ ਸੰਸਥਾ 'ਦੀ ਨਵੀਂ ਰਾਹ' ਫਾਉਂਡੇਸ਼ਨ ਦੇ ਮੁੱਖ ਸੰਸਥਾਪਕ ਹਰਲੀਨ ਕੌਰ ਮੋਹਾਲੀ ਨੇ ਕਿਹਾ ਕਿ ਔਰਤ ਨੇ ਹਮੇਸ਼ਾ ਆਪਣੀਆਂ ਇੱਛਾਵਾਂ ਨੂੰ ਪਾਸੇ ਰੱਖ ਕੇ ਆਪਣੇ ਪਰਿਵਾਰ ਪ੍ਰਤੀ ਪਹਿਲਾਂ ਆਪਣੇ ਫਰਜ਼ ਅਦਾ ਕੀਤੇ ਹਨ। ਅੱਜ ਨਾਰੀ ਦਿਵਸ 'ਤੇ ਸਾਨੂੰ ਉਨ੍ਹਾਂ ਮਹਾਨ ਔਰਤਾਂ ਦੀਆਂ ਕਾਰਗੁਜ਼ਾਰੀਆਂ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ ਅਤੇ ਜਿੱਥੋਂ ਤੱਕ ਹੋ ਸਕੇ ਉਨਾ ਦੀ ਹਾਂ ਪੱਖੀ ਸੋਚ ਨੂੰ ਆਪਣੇ ਜੀਵਨ ਦਾ ਅੰਗ ਬਣਾਉਣਾ ਚਾਹੀਦਾ ਹੈ। ਸੰਸਥਾ ਦੀ ਪ੍ਰਮੁੱਖ ਆਗੂ ਰਮਨਦੀਪ ਕੌਰ ਨੇ ਕਿਹਾ ਕਿ ਅੱਜ ਦੀ ਔਰਤ ਸਿਰਫ ਪਰਿਵਾਰ ਦੀ ਮਜਬੂਤੀ ਨਹੀਂ ਸਗੋਂ ਸਮਾਜ ਅਤੇ ਦੇਸ਼ ਦੀ ਤਰੱਕੀ ਦੀ ਪ੍ਰੇਰਕ ਤਾਕਤ ਬਣ ਚੁੱਕੀ ਹੈ। ਹਰਲੀਨ ਮੋਹਾਲੀ ਨੇ ਕਿਹਾ ਕਿ ਅੱਜ ਲੋੜ ਇਸ ਗੱਲ ਦੀ ਹੈ ਕਿ ਔਰਤਾਂ ਨੂੰ ਸਿਰਫ ਅਧਿਕਾਰ ਹੀ ਨਾ ਦਿੱਤੇ ਜਾਣ ਸਗੋਂ ਉਹਨਾਂ ਨੂੰ ਫੈਸਲੇ ਲੈਣ ਸਮੇਤ ਅਗਵਾਈ ਕਰਨ ਦੇ ਮੌਕੇ ਵੀ ਦਿੱਤੇ ਜਾਣ। ਅੰਤ 'ਚ ਪ੍ਰਸਿੱਧ ਸਮਾਜ ਸੇਵਿਕਾ ਹਰਲੀਨ ਮੋਹਾਲੀ ਨੇ ਸਮੁੱਚੇ ਸਮਾਜ ਨੂੰ ਅਪੀਲ ਕੀਤੀ ਕਿ ਅਸੀਂ ਸਭ ਮਿਲ ਕੇ ਐਸਾ ਵਾਤਾਵਰਨ ਬਣਾਈਏ ਜਿੱਥੇ ਹਰ ਬੇਟੀ ਆਪਣੇ ਸੁਪਨੇ ਪੂਰੇ ਕਰਨ ਲਈ ਖੁਦ ਨੂੰ ਆਜ਼ਾਦ, ਸੁਰੱਖਿਤ ਅਤੇ ਪ੍ਰੇਰਿਤ ਮਹਿਸੂਸ ਕਰੇ ਕਿਉਂਕਿ ਸਸ਼ਕਤ ਨਾਰੀ ਹੀ ਸਸ਼ਕਤ ਸਮਾਜ ਅਤੇ ਸਸ਼ਕਤ ਦੇਸ ਦੀ ਅਸਲੀ ਪਛਾਣ ਹੈ।

## ਬਸੰਤ ਰਿਤੂ ਕਲੱਬ ਨੇ ਜ਼ਰੂਰਤਮੰਦਾਂ ਦੇ ਮੋਤੀਆ ਬਿੰਦ ਦੇ ਆਪ੍ਰੇਸ਼ਨ ਕਰਵਾਏ

ਪਟਿਆਲਾ, 10 ਮਾਰਚ (ਚ.ਨ.ਸ.) : ਬਸੰਤ ਰਿਤੂ ਯੂਥ ਕਲੱਬ ਤ੍ਰਿਪੜੀ ਪਟਿਆਲਾ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਅੱਖਾਂ ਦੇ ਹਸਪਤਾਲ ਸਾਹਮਣੇ ਦੂਖਨਿਵਾਰਨ ਸਾਹਿਬ ਪਟਿਆਲਾ ਵਿਖੇ ਅੱਖਾਂ ਦਾ ਮੁਫ਼ਤ ਉਪਰੇਸ਼ਨ ਕੈਂਪ ਆਯੋਜਿਤ ਕੀਤਾ ਗਿਆ। ਜਿਸ ਦੀ ਪ੍ਰਧਾਨਗੀ ਸੰਤੋਸ਼ ਕੁਮਾਰ ਲਾਲਵਾਨੀ ਨੇ ਕੀਤੀ। ਇਸ ਕੈਂਪ ਵਿੱਚ ਡਾ. ਆਸ਼ਾ ਪ੍ਰਿਤਪਾਲ ਕੌਰ ਆਈ ਸਰਜਨ ਵੱਲੋਂ ਮਰੀਜ਼ਾਂ ਦਾ ਨਿਰੀਖਣ ਕਰਕੇ ਜ਼ਰੂਰਤਮੰਦਾਂ ਦੇ ਉਪਰੇਸ਼ਨ ਕੀਤੇ ਗਏ। ਕਲੱਬ ਦੇ ਪ੍ਰਧਾਨ ਇੰਜੀ: ਆਕਰਸ਼ ਸ਼ਰਮਾ ਨੇ ਦੱਸਿਆ ਕਿ ਬਸੰਤ ਰਿਤੂ ਯੂਥ ਕਲੱਬ ਤ੍ਰਿਪੜੀ ਪਟਿਆਲਾ ਵੱਲੋਂ ਹਰ ਮਹੀਨੇ ਜ਼ਰੂਰਤਮੰਦ ਬੰਦਿਆਂ ਦੇ ਅੱਖਾਂ ਦੇ ਮੋਤੀਆਂ ਬਿੰਦ ਦੇ ਉਪਰੇਸ਼ਨ ਮੁਫ਼ਤ ਕਰਵਾਏ ਜਾਂਦੇ ਹਨ। ਕਲੱਬ ਦੇ ਸੰਸਥਾਪਕ ਰਾਜੇਸ਼ ਸ਼ਰਮਾ ਰਾਮਟੱਟਵਾਲੀ ਨੇ ਆਖਿਆ ਕਿ ਪਿਛਲੇ ਤਿੰਨ ਸਾਲਾਂ ਤੋਂ ਲਗਾਤਾਰ ਚੱਲ ਰਹੇ ਅੱਖਾਂ ਦੇ ਮੋਤੀਆਬਿੰਦ ਦੇ ਲੈਂਜ ਵਾਲੇ ਉਪਰੇਸ਼ਨ ਤਹਿਤ ਹੁਣ ਤੱਕ ਲਗਭਗ 300 ਲੋਕਾਂ ਦੇ ਉਪਰੇਸ਼ਨ ਕਰਵਾਏ ਜਾ ਚੁੱਕੇ ਹਨ। ਇਸ ਕੈਂਪ ਵਿੱਚ ਅਵਤਾਰ ਸਿੰਘ, ਮੇਹਰਵਾਨ ਸਿੰਘ ਮਾਗੋ, ਅਸ਼ੋਕ ਨਾਸਰਾ, ਨੀਵ ਨਾਸਰਾ, ਹਰਸ਼ਪ੍ਰੀਤ ਸਿੰਘ, ਜਗਤਾਰ ਸਿੰਘ ਆਦਿ ਨੇ ਭਾਗ ਲਿਆ।



## ਭਾਕਿਯੂ ਵੱਲੋਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਵਿਦਿਆਰਥੀਆਂ ਨੂੰ ਸਮਰਥਨ

ਨਾਭਾ, 10 ਮਾਰਚ (ਬਲਜਿੰਦਰ ਮਾਨ) : ਭਾਰਤੀ ਕਿਸਾਨੀ ਯੂਨੀਅਨ ਕਾਦੀਆਂ ਦੇ ਕੌਮੀ ਪ੍ਰਧਾਨ ਹਰਮੀਤ ਸਿੰਘ ਕਾਦੀਆਂ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਭਾਕਿਯੂ ਜ਼ਿਲ੍ਹਾ ਪਟਿਆਲਾ ਪ੍ਰਧਾਨ ਅਬਜਿੰਦਰ ਸਿੰਘ ਗਰੇਵਾਲ ਜੋਗੀ ਨਾਨੋਕੀ ਵੱਲੋਂ ਯੂਨੀਵਰਸਿਟੀ ਦੇ ਵਿਦਿਆਰਥੀਆਂ ਦੇ ਸਮਰਥਨ 'ਚ ਇਕ ਹੰਗਾਮੀ ਪ੍ਰੈਸ ਕਾਨਫਰੰਸ ਕਰਦਿਆਂ ਦੱਸਿਆ ਕਿ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਚ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਅਤੇ ਦਰਸ਼ਨ 'ਤੇ ਆਯੋਜਿਤ ਕੀਤੇ ਗਏ ਸੈਮੀਨਾਰ 'ਚ ਭਾਜਪਾ ਨਾਲ ਜੁੜੇ ਇੱਕ ਵੱਡੇ ਨੇਤਾ ਇਕਬਾਲ ਸਿੰਘ ਲਾਲਪੁਰਾ ਨੂੰ ਮੁੱਖ ਬੁਲਾਰੇ ਵਜੋਂ ਅਤੇ ਰਾਸ਼ਟਰੀ ਸਵੈਮ ਸੇਵਕ ਸੰਘ ਦੇ ਸੀਨੀਅਰ ਕਾਰਜਕਾਰੀ ਨੁਮਾਇੰਦੇ ਬਨਵੀਰ ਸਿੰਘ ਨੂੰ ਮੁੱਖ ਮਹਿਮਾਨ ਵਜੋਂ ਸੱਦਾ ਦਿੱਤਾ। ਇਸ ਦੇ ਵਿਰੋਧ 'ਚ ਵਿਦਿਆਰਥੀ ਜਥੇਬੰਦੀ ਨੇ ਪੰਜਾਬ ਯੂਨੀਵਰਸਿਟੀ 'ਚ ਵਿਰੋਧ ਪ੍ਰਦਰਸ਼ਨ ਕੀਤਾ । ਪ੍ਰਧਾਨ ਜੋਗੀ ਨੇ ਦੱਸਿਆ ਕਿ ਆਰ.ਐਸ.ਐਸ ਨੂੰ ਸ਼੍ਰੀ



ਅਕਾਲ ਤਖਤ ਦੇ ਜਥੇਦਾਰ ਜੋਗਿੰਦਰ ਸਿੰਘ ਵਿਦਾਨਤੀ ਜੀ ਵੱਲੋਂ 2004, ਜਥੇਦਾਰ ਗਿਆਨੀ ਗੁਰਬਚਨ ਸਿੰਘ ਜੀ 2017 ਅਤੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ 2019 'ਚ ਸਿੱਖਾਂ ਨੂੰ ਹੁਕਮ ਕਰਿਆ ਸੀ ਕਿ ਇਹਨਾਂ ਤੋਂ ਦੂਰੀ ਬਣਾ ਕੇ ਰੱਖੋ ਪ੍ਰੰਤੂ ਜਿੱਥੇ ਆਰ.ਐਸ.ਐਸ ਅਤੇ ਭਾਜਪਾ 'ਚ ਵੱਡੀ ਗਿਣਤੀ 'ਚ ਸਿੱਖ ਭਰਤੀ ਹੋ ਕੇ ਸਹਿਯੋਗ ਕਰ ਰਹੇ ਹਨ ਉੱਥੇ ਦੂਜੇ ਪਾਸੇ ਨਵੀਂ ਪਨੀਰੀ ਇਸ ਪ੍ਰਤੀ ਸੁਹਿਰਦ ਹੈ ਅਤੇ ਉਹਨਾਂ ਦਾ ਪੰਜਾਬ ਯੂਨੀਵਰਸਿਟੀ 'ਚ ਪਹੁੰਚੇ ਇਕਬਾਲ ਸਿੰਘ ਲਾਲਪੁਰਾ ਤੇ ਬਨਵੀਰ ਸਿੰਘ ਦਾ ਵਿਰੋਧ ਕਰਨਾ ਇੱਕ ਮਾਣ ਦੀ ਗੱਲ ਹੈ। ਪ੍ਰਧਾਨ ਜੋਗੀ ਨਾਨੋਕੀ ਨੇ ਕਿਹਾ ਕਿ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਪੰਜਾਬ ਯੂਨੀਵਰਸਿਟੀ ਪ੍ਰਸ਼ਾਸਨ ਅਤੇ ਚੰਡੀਗੜ੍ਹ ਪੁਲਿਸ ਦੀ ਇਸ ਘਟੀਆ ਹਰਕਤ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ ਕਰਦੀ ਹੈ। ਇਸ ਮੌਕੇ ਪ੍ਰਧਾਨ ਦਰਸ਼ਨ ਸਿੰਘ ਧਾਰਨੀ, ਬਿੱਲੂ ਭਲਵਾਨ, ਹਰਦੀਪ ਸਿੰਘ ਘੁਲਾ, ਜੋਗੀ ਅੜਕ, ਕੁਲਦੀਪ ਸਿੰਘ, ਦਲਜੀਤ ਸਿੰਘ, ਜੈਲਦਾਰ ਮੱਲੇਵਾਲ ਨੇ ਵੀ ਉਕਤ ਘਟਨਾ ਦੀ ਨਿੰਦਾ ਕੀਤੀ।

## ਚੇਅਰਮੈਨ ਬਰਾੜ ਵੱਲੋਂ 'ਆਪ' ਆਗੂ ਕਾਕਾ ਸਿੰਘ ਦੁਗਾਲ ਦਾ ਸਨਮਾਨ



ਪਾਤੜਾਂ, 10 ਮਾਰਚ (ਹਰਮਿੰਦਰ ਕਰਤਾਰਪੁਰ) : ਬਲਾਕ ਸੰਮਤੀ ਪਾਤੜਾਂ ਦੀ ਚੇਅਰਪਰਸਨ ਪ੍ਰਮਜੀਤ ਕੌਰ ਦੁਗਾਲ ਦੇ ਪਤੀ ਅਤੇ 'ਆਪ' ਦੇ ਸੀਨੀਅਰ ਆਗੂ ਕਾਕਾ ਸਿੰਘ ਦੁਗਾਲ ਦਾ ਅੱਜ ਮਾਰਕੀਟ ਕਮੇਟੀ ਪਾਤੜਾਂ ਦੇ ਚੇਅਰਮੈਨ ਮਹਿੰਗਾ ਸਿੰਘ ਬਰਾੜ ਵਲੋਂ ਸਨਮਾਨ ਕੀਤਾ ਗਿਆ।ਇਸ ਮੌਕੇ 'ਆਪ' ਦੇ ਸੀਨੀਅਰ ਆਗੂ ਅਤੇ ਬਲਾਕ ਪਾਤੜਾਂ ਦੇ ਪ੍ਰਧਾਨ ਪ੍ਰੀਤ ਗਿੱਲ ਵਿਸ਼ੇਸ਼ ਤੌਰ ਤੇ ਹਜ਼ਾਰ ਰਹੇ। ਮੀਡੀਆ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਮਹਿੰਗਾ ਸਿੰਘ ਬਰਾੜ ਨੇ ਕਿਹਾ ਕਿ ਸੂਬੇ ਦੀ ਭਗਵੰਤ ਮਾਨ ਸਰਕਾਰ ਵਲੋਂ ਮਹਿਲਾਵਾਂ ਨੂੰ ਸਨਮਾਨ ਦੇਣ ਵਿੱਚ ਕੋਈ ਕਮੀਂ ਨਹੀਂ ਛੱਡੀ ਜਾ ਰਹੀ ਇਸ ਦੀ ਤਾਜ਼ਾ ਉਦਾਹਰਣ ਬਲਾਕ ਸੰਮਤੀ ਪਾਤੜਾਂ ਦੀ ਚੇਅਰਪਰਸਨ ਪ੍ਰਮਜੀਤ ਕੌਰ ਦੁਗਾਲ ਅਤੇ ਵਾਇਸ ਚੇਅਰਪਰਸਨ ਸੁਖਜਿੰਦਰ ਕੌਰ ਕੁਲਾਰਾਂ ਹਨ। ਉਨ੍ਹਾਂ ਕਿਹਾ ਕਿ ਸੂਬੇ ਦੀਆਂ ਸਾਰੀਆਂ ਜਰਨਲ ਬਾਲਗ ਮਹਿਲਾਵਾਂ ਇੱਕ ਹਜ਼ਾਰ ਰੁਪਏ ਜਦਕਿ ਦਲਿਤ ਮਹਿਲਾਵਾਂ ਨੂੰ ਪੰਦਰਾਂ ਸੌ ਰੁਪਏ ਹਰ ਮਹੀਨੇ ਭੱਤਾ ਰਾਸ਼ੀ ਦੇਣ ਦੀ ਸ਼ੁਰੂਆਤ ਭਗਵੰਤ ਮਾਨ ਸਰਕਾਰ ਵੱਲੋਂ ਸ਼ੁਰੂ ਕਰ ਦਿੱਤੀ ਗਈ ਹੈ,ਜਿਸ ਦੀ ਰਜਿਸਟ੍ਰੇਸ਼ਨ ਵਿਸਾਖੀ ਦੇ ਪਵਿੱਤਰ ਦਿਹਾੜੇ ਤੋਂ ਕੀਤੀ ਜਾ ਰਹੀ ਹੈ। ਉਨ੍ਹਾਂ ਅਕਾਲੀ ਦਲ, ਕਾਂਗਰਸ ਅਤੇ ਭਾਜਪਾ ਉੱਪਰ ਤਿੱਖਾ ਸ਼ਬਦੀ ਹਮਲਾ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਸਰਕਾਰ ਬਣਨ ਤੋਂ ਬਾਅਦ ਕਦੇ ਵੀ ਮਹਿਲਾਵਾਂ ਦੀ ਸਾਰ ਨਹੀਂ ਲਈ ਜਦ ਕਿ ਸੂਬੇ ਦੀ ਭਗਵੰਤ ਮਾਨ ਹਰ ਫਰੰਟ ਉੱਪਰ ਮਹਿਲਾਵਾਂ ਨੂੰ ਸਨਮਾਨ ਦੇਣ ਵਿੱਚ ਮੋਹਰੀ ਨਿਕਲ ਚੁੱਕੀ ਹੈ।ਇਸ ਮੌਕੇ ਉਨ੍ਹਾਂ ਨਾਲ ਮਨਜੀਤ ਸਿੰਘ ਕੁੱਕੂ, ਸੰਦੀਪ ਸਿੰਘ ਵਿਰਕ ਅਤਾਲਾ,ਮਦਨ ਲਾਲ ਗੋਇਲ ਸਿਟੀ ਪ੍ਰਧਾਨ, ਸਰਪੰਚ ਮਹਿੰਗਾ ਸਿੰਘ ਗੁਰਾਇਆ, ਨੰਬਰਦਾਰ ਅਮਨਦੀਪ ਸਿੰਘ, ਹਰਮੀਤ ਸਿੰਘ ਸੈਕਟਰੀ, ਰਜਿੰਦਰ ਸਿੰਘ, ਸਰਪੰਚ ਹਰਦੀਪ ਸਿੰਘ ਦੁਗਾਲ ਆਦਿ ਪ੍ਰਮੁੱਖ ਤੌਰ 'ਤੇ ਹਾਜ਼ਰ ਸਨ।

## ਰਣਜੋਧ ਸਿੰਘ ਹਡਾਨਾ ਵੱਲੋਂ ਦਰਜ਼ਨਾਂ ਪਿੰਡਾਂ ਨੂੰ ਜੋੜਨ ਵਾਲੀਆਂ ਨਵੀਆਂ ਸੜਕਾਂ ਦੇ ਉਦਘਾਟਨ

### ਸੜਕਾਂ ਦੇ ਨਿਰਮਾਣ ਨਾਲ ਪਿੰਡਾਂ ਦੇ ਲੋਕਾਂ ਦਾ ਸਫ਼ਰ ਸੁਖਾਲਾ ਹੋਵੇਗਾ : ਹਡਾਨਾ

ਦੇਵੀਗੜ੍ਹ, 10 ਮਾਰਚ (ਗੁਰਜੀਤ ਸਿੰਘ ਢੌਟ) : ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 'ਪਿੰਡਾਂ ਦਾ ਵਿਕਾਸ ਹੀ ਪੰਜਾਬ ਦਾ ਵਿਕਾਸ' ਨਾਅਰੇ ਨੂੰ ਸਾਰਥਕ ਕਰਦਿਆਂ ਅੱਜ ਹਲਕਾ ਸਨੌਰ ਵਿੱਚ ਵਿਕਾਸ ਕਾਰਜਾਂ ਦੀ ਲੜੀ ਨੂੰ ਹੋਰ ਤੇਜ਼ ਕੀਤਾ ਗਿਆ। ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਨਾ ਵੱਲੋਂ ਅੱਜ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਸੜਕਾਂ ਦੇ ਨਵੀਨੀਕਰਨ ਦੇ ਕੰਮਾਂ ਦੇ ਉਦਘਾਟਨ ਕੀਤੇ ਗਏ। ਇਸ ਮੌਕੇ ਲੋਕਾਂ ਦੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਸ. ਹਡਾਨਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਜੋ ਕਹਿੰਦੀ ਹੈ, ਉਹ ਕਰਕੇ ਦਿਖਾਉਂਦੀ ਹੈ। ਦੱਸਣਯੋਗ ਹੈ ਕਿ ਹਡਾਨਾ ਵੱਲੋਂ ਇਨ੍ਹਾਂ ਉਦਘਾਟਨਾ ਵਿੱਚ ਪਟਿਆਲਾ-ਰਾਜਪੁਰਾ ਲਿੰਕ ਰੋਡ ਤੋਂ ਗੁਰਦੁਆਰਾ ਨਿੰਮ ਸਾਹਿਬ ਵਾਇਆ ਦੌਣ ਕਲਾਂ ਦੀ ਸੜਕ, ਬੋਹੜਪੁਰ ਤੋਂ ਮਾਜਰੀ ਕਲਾਂ ਵਾਇਆ ਦੌਣ ਖੁਰਦ, ਫਰੀਦਪੁਰ, ਮਿਰਜ਼ਾਪੁਰ, ਭੱਟੇੜੀ ਅਤੇ ਰਸੂਲਪੁਰ ਜੌੜਾ ਫਤਿਹਪੁਰ ਜੱਟਾਂ ਦੀ ਮਹੱਤਵਪੂਰਨ ਸੜਕ , ਕੌਲੀ ਤੋਂ ਬਾਰਨ ਅਤੇ ਸਨੌਰ ਤੋਂ ਬੇਸਰ ਕਲਾਂ ਦੀਆਂ ਸੜਕਾਂ ਇਲਾਕਾ ਨਿਵਾਸੀਆਂ



ਨੂੰ ਸਮਰਪਿਤ ਕੀਤੀਆਂ ਗਈਆਂ। ਸ. ਹਡਾਨਾ ਨੇ ਦੱਸਿਆ ਕਿ ਇਹਨਾਂ ਸੜਕਾਂ ਦੇ ਨਿਰਮਾਣ ਨਾਲ ਦਰਜਨਾਂ ਪਿੰਡਾਂ ਦੇ ਲੋਕਾਂ ਦਾ ਸਫ਼ਰ ਸੁਖਾਲਾ ਹੋਵੇਗਾ। ਹਲਕਾ ਇੰਚਾਰਜ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਸਿਰਫ਼ ਸੜਕਾਂ ਹੀ ਨਹੀਂ, ਸਗੋਂ ਪਿੰਡਾਂ ਨੂੰ ਸ਼ਹਿਰਾਂ ਵਰਗੀਆਂ ਸਹੂਲਤਾਂ ਦੇਣ ਲਈ ਸੀਵਰੇਜ਼ ਸਿਸਟਮ ਵਰਗੇ ਪ੍ਰੋਜੈਕਟ ਵੀ ਤੇਜ਼ੀ ਨਾਲ ਮੁਕੰਮਲ ਕੀਤੇ ਜਾ ਰਹੇ ਹਨ, ਜਿਵੇਂ ਕਿ ਪਿੰਡ ਪੂਨੀਆ ਜੱਟਾਂ ਵਿੱਚ ਅੱਜ ਸ਼ਾਮ 5 ਵਜੇ ਸੀਵਰੇਜ ਦਾ ਉਦਘਾਟਨ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਵਿਰੋਧੀ ਪਾਰਟੀਆਂ ਸਿਰਫ਼ ਗੱਲਾਂ ਕਰਦੀਆਂ ਸਨ, ਪਰ ਮਾਨ ਸਰਕਾਰ ਨੇ ਅਸਲ ਵਿੱਚ ਵਿਕਾਸ ਕਰਕੇ ਦਿਖਾਇਆ ਹੈ। ਇਸ ਮੌਕੇ ਇਲਾਕਾ ਨਿਵਾਸੀਆਂ ਨੇ ਮਾਨ ਸਰਕਾਰ ਅਤੇ ਰਣਜੋਧ ਸਿੰਘ ਹਡਾਨਾ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਪ੍ਰਦੀਪ ਜੋਸਨ ਪ੍ਰਧਾਨ ਨਗਰ ਕੌਂਸਲ ਸਨੌਰ, ਹੈਪੀ ਪਹਾੜੀਪੁਰ ਚੇਅਰਮੈਨ ਬਲਾਕ ਸਮਿਤੀ, ਹਰਪ੍ਰੀਤ ਘੁੰਮਣ ਬਲਾਕ ਪ੍ਰਧਾਨ, ਵਾਈਸ ਚੇਅਰਮੈਨ ਸਿਮਰਜੀਤ ਸੋਹਲ, ਗੁਰਪ੍ਰੀਤ ਸਿੰਘ ਸਰਪੰਚ ਰਿਸ਼ੀ ਕਲੋਨੀ ਅਤੇ ਬਲਾਕ ਪ੍ਰਧਾਨ, ਰਮਿੰਦਰ ਜਮਨਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਦੌਰਾਨ ਪਾਰਟੀ ਦੇ ਸੀਨੀਅਰ ਆਗੂ, ਪੰਚ-ਸਰਪੰਚ ਅਤੇ ਹਜ਼ਾਰਾਂ ਦੀ ਗਿਣਤੀ ਵਿੱਚ ਵਰਕਰ ਮੌਜੂਦ ਸਨ।

## ਨਸ਼ੇ ਦਾ ਸੇਵਨ ਕਰਨ ਦੇ ਵੱਖ-ਵੱਖ ਮਾਮਲੇ ਦਰਜ

ਪਟਿਆਲਾ, 10 ਮਾਰਚ (ਵਿਨੋਦ ਸ਼ਰਮਾ) : ਥਾਣਾ ਸਿਵਲ ਲਾਇਨ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਸੰਜੇ ਵਾਸੀ ਰਾਜਾ ਫਾਰਮ ਬਹਾਦਰਗੜ੍ਹ ਵਿਰੁੱਧ ਧਾਰਾ 27, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਹੌਲਦਾਰ ਗੁਰਪ੍ਰੀਤ ਸਿੰਘ ਸਮੇਤ ਪੁਲਿਸ ਪਾਰਟੀ ਮੜ੍ਹੀਆ ਰੋਡ ਬਡੂੰਗਰ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ ਉਸਦਾ ਨਸ਼ਾ ਕੀਤਾ ਜਾਪਦਾ ਪਾਇਆ ਗਿਆ, ਜੋ ਡੋਪ ਟੈਸਟ ਕਰਾਉਣ ਪਰ ਪਾਜ਼ੀਟਿਵ ਆਇਆ। ਇਸੇ ਤਰ੍ਹਾਂ ਥਾਣਾ ਅਨਾਜ ਮੰਡੀ ਪਟਿਆਲਾ ਨੇ ਕਥਿਤ ਦੋਸ਼ੀ ਸਾਹਿਲ ਵਾਸੀ ਕਿਰਾਏਦਾਰ ਨੇੜੇ ਮੂੰਗਫਲੀ ਫੈਕਟਰੀ ਮਥੁਰਾ ਕਲੋਨੀ ਪਟਿਆਲਾ ਵਰੁੱਧ ਧਾਰਾ 27,61,85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਗੁਰਬੇਜ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾ ਦੇ ਸਬੰਧ ਵਿੱਚ ਬੰਨਾ ਰੋਡ ਰੇਲਵੇ ਲਾਇਨਾ ਪਾਸ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ ਉਸਦਾ ਨਸ਼ਾ ਕੀਤਾ ਜਾਪਦਾ ਪਾਇਆ ਗਿਆ, ਜੋ ਡੋਪ ਟੈਸਟ ਕਰਾਉਣ ਪਰ ਪਾਜ਼ੀਟਿਵ ਆਇਆ।

## ਕਾਂਗਰਸ ਦੀ ਮਹੀਨਾਵਾਰ ਮੀਟਿੰਗ



ਪਟਿਆਲਾ, 10 ਮਾਰਚ (ਰੁਪਾਣਾ) :ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਸ. ਅਮਰਿੰਦਰ ਸਿੰਘ ਰਾਜਾ ਵਾੜਿੰਗ ਦੇ ਦਿਸ਼ਾ ਨਿਰਦੇਸ਼ ਅਨੁਸਾਰ ਕਿਲ੍ਹਾ ਮੁਬਾਰਕ ਪਟਿਆਲਾ ਸ਼ਹਿਰੀ ਦੇ ਬਲਾਕ ਪ੍ਰਧਾਨ ਸ਼੍ਰੀ ਰਾਜੇਸ਼ ਮੰਡੋਰਾ ਦੀ ਅਗਵਾਈ ਹੇਠ ਬਲਾਕ ਕਿਲਾ ਮੁਬਾਰਕ ਪਟਿਆਲਾ ਸ਼ਹਿਰੀ ਦੀ ਮਹੀਨੇ ਵਾਰ ਮੀਟਿੰਗ ਕੀਤੀ ਗਈ । ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਜ਼ਿਲ੍ਹਾ ਕਾਂਗਰਸ ਕਮੇਟੀ ਦੇ ਪ੍ਰਧਾਨ ਸ਼੍ਰੀ ਨਰੇਸ਼ ਕੁਮਾਰ ਦੁੱਗਲ ਜੀ ਨੇ ਸ਼ਮੂਲੀਅਤ ਕੀਤੀ।ਇਸ ਮੌਕੇ ਰਾਜੇਸ਼ ਮੰਡੋਰਾ ਕਿਹਾ ਕੇ ਆਉਣ ਵਾਲੀ 2027 ਵਿਧਾਨ ਸਭਾ ਚੋਣਾਂ ਲਈ ਵਰਕਰ ਵਿੱਚ ਪੂਰਾ ਜੋਸ਼ ਹੈ। ਇਸ ਮੌਕੇ ਮਦਨ ਲਾਲ ਭਾਵਾਰੀ (ਸਾਬਕਾ ਕੌਂਸਲਰ), ਰਾਜੇਸ਼ ਬੱਗਣ (ਵਾਈਸ ਪ੍ਰਧਾਨ), ਵਿਕਾਸ ਗਿੱਲ (ਸਾਬਕਾ ਯੂਥ ਪ੍ਰਧਾਨ), ਅਸਲਮ ਸੈਫੀ (ਚੇਅਰਮੈਨ ਮੈਨੋਰਿਟੀ ਸੈੱਲ) ਨੇ ਸੰਬੋਧਨ ਕੀਤਾ । ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਪਹੁਚੇ ਜ਼ਿਲ੍ਹਾ ਪ੍ਰਧਾਨ ਨਰੇਸ਼ ਕੁਮਾਰ ਦੁੱਗਲ ਨੇ ਕਿਹਾ ਕਿ ਜਿਹੜੇ ਕਾਂਗਰਸ ਪਾਰਟੀ ਵਿੱਚ ਆਏ ਹੈ ਹਨ ਉਨ੍ਹਾਂ ਦਾ ਮੈ ਸਵਾਗਤ ਕਰਦਾ ਅਤੇ ਜਿਹੜੇ ਆਉਣਾ ਚਾਹੁੰਦੇ ਹਨ ਉਹਨਾਂ ਲਈ ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਸ਼ਹਿਰੀ ਦੇ ਦਰਵਾਜ਼ੇ ਹਮੇਸ਼ਾ ਲਈ ਖੁੱਲ੍ਹੇ ਹਨ, ਜੋ ਵੀ ਉਹਨਾਂ ਦਾ ਬਣਦਾ ਮਾਣ ਸਤਿਕਾਰ ਹੈ ਪਾਰਟੀ ਵੱਲੋਂ ਕੀਤਾ ਜਾਊਗਾ । ਇਸ ਮੌਕੇ ਰਾਕੇਸ਼ ਕੁਮਾਰ ਕੇਸ਼ੀ ਪੰਡਿਤ, ਕ੍ਰਿਸ਼ਨ ਸਿੰਗਲਾ, ਵਿਨੋਦ ਮਲਹੋਤਰਾ, ਅਸ਼ੋਕ ਸ਼ਰਮਾ, ਸੁਭਾਸ਼ ਚੰਦ, ਜਿੰਮੀ ਗੁਪਤਾ, ਮੋਹਿਤ ਸ਼ਰਮਾ, ਅਜੇ ਹੰਸ, ਗੌਤਮ ਸਲੂਜਾ( ਆਈ ਟੀ ਸੈੱਲ), ਦੀਪ ਟੰਡਨ(ਸੋਸ਼ਲ ਮੀਡੀਆ ਇੰਚਾਰਜ), ਸੁਮਿਤ ਠਾਕੁਰ, ਗੌਰਵੇ ਗੋਇਲ, ਵਿੱਕੀ ਵਰਮਾ, ਅਮਿਤ ਕਪੂਰ, ਵਿਕਾਸ ਸਿਆਲ, ਗਗਨ ਗਰਗ, ਰੋਹਿਤ ਸ਼ਰਮਾ, ਦਲਜੀਤ, ਪਰਮਵੀਰ ਸ਼ਰਮਾ, ਮਲਵਿੰਦਰ ਸਿੰਘ ਲਚਕਨੀ, ਆਦਿ ਹਾਜ਼ਰ ਰਹੇ ।